ਸ਼ੁੱਕਰਵਾਰ, 18 ਅਕਤੂਬਰ, 2024
2 ਕੱਤਕ { ਨਾਨਕਸ਼ਾਹੀ 556 / ਬਿਕਰਮੀ 2081
ਜਿਲਦ/VOL. : 73
ਅੰਕ/NO. : 138

# ਨਵਾਂ ਜ਼ਮਾਨਾ

DAILY NAWAN ZAMANA • FRIDAY, 18 OCTOBER, 2024 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਗਿਆਨੀ ਹਰਪ੍ਰੀਤ ਸਿੰਘ ਦੀਆਂ ਸੇਵਾਵਾਂ ਦੀ ਬਹੁਤ ਲੋੜ : ਧਾਮੀ

**ਅੰਮ੍ਰਿਤਸਰ** : ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਤਖਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਵੱਲੋਂ ਦਿੱਤੇ ਗਏ ਅਸਤੀਫੇ ਨੂੰ ਨਾਮਨਜ਼ੂਰ ਕਰ ਦਿੱਤਾ ਹੈ ਅਤੇ ਉਨ੍ਹਾ ਨੂੰ ਪਹਿਲਾਂ ਵਾਂਗ ਹੀ ਸੇਵਾਵਾਂ ਜਾਰੀ ਰੱਖਣ ਲਈ ਅਪੀਲ ਕੀਤੀ ਹੈ।

ਇਸੇ ਦੌਰਾਨ ਸ਼੍ਰੋਮਣੀ ਅਕਾਲੀ ਦਲ ਦੇ ਕਾਰਜਕਾਰੀ ਪ੍ਰਧਾਨ ਬਲਵਿੰਦਰ ਸਿੰਘ ਭੂੰਦੜ, ਡਾ. ਦਲਜੀਤ ਸਿੰਘ ਚੀਮਾ ਤੇ ਹੋਰ ਆਗੂਆਂ ਨੇ ਸ੍ਰੀ ਅਕਾਲ ਤਖਤ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੂੰ ਮਿਲ ਕੇ ਵਾਪਰੇ ਸਮੁੱਚੇ ਘਟਨਾਕ੍ਰਮ ਵਾਸਤੇ ਸ਼੍ਰੋਮਣੀ ਅਕਾਲੀ ਦਲ ਵੱਲੋਂ ਮੁਆਫੀ ਮੰਗੀ ਹੈ। ਬੁੱਧਵਾਰ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਅਕਾਲੀ ਆਗੂ ਵਿਰਸਾ ਸਿੰਘ ਵਲਟੋਹਾ 'ਤੇ ਗੰਭੀਰ ਦੋਸ਼ ਲਾਉਂਦਿਆਂ ਆਪਣੇ ਅਹੁਦੇ ਤੋਂ ਅਸਤੀਫਾ ਦੇ ਦਿੱਤਾ ਸੀ।

ਸ੍ਰੀ ਅਕਾਲ ਤਖਤ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਨੂੰ ਆਦੇਸ਼ ਦਿੱਤਾ ਸੀ ਕਿ ਉਹ ਗਿਆਨੀ ਹਰਪ੍ਰੀਤ ਸਿੰਘ ਦਾ ਅਸਤੀਫਾ ਪ੍ਰਵਾਨ ਨਾ ਕਰਨ ਅਤੇ ਜੇ ਉਨ੍ਹਾ ਅਸਤੀਫਾ ਪ੍ਰਵਾਨ ਕੀਤਾ ਤਾਂ ਬਾਕੀ ਸਿੰਘ ਸਾਹਿਬਾਨ ਵੀ ਅਸਤੀਫੇ ਦੇ ਦੇਣਗੇ ।

## ਅਕਾਲੀ ਵਫ਼ਦ ਅਕਾਲ ਤਖ਼ਤ ਦੇ ਜਥੇਦਾਰ ਨੂੰ ਮਿਲਿਆ, ਸੁਖਬੀਰ ਬਾਦਲ ਬਾਰੇ ਕਾਰਵਾਈ ਛੇਤੀ ਕਰਨ ਦੀ ਅਪੀਲ

ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡਾ. ਚੀਮਾ ਨੇ ਕਿਹਾ ਕਿ ਅਕਾਲੀ ਦਲ ਨੇ ਸਿੰਘ ਸਾਹਿਬਾਨ ਨੂੰ ਭਰੋਸਾ ਦਿੱਤਾ ਹੈ ਕਿ ਸਮੁੱਚਾ ਅਕਾਲੀ ਦਲ ਸ੍ਰੀ ਅਕਾਲ ਤਖਤ ਨੂੰ ਸਮਰਪਤ ਹੈ। ਜੇ ਕੋਈ ਵੀ ਅਕਾਲੀ ਆਗੂ ਜਥੇਦਾਰ ਸਾਹਿਬਾਨ ਤੇ ਅਕਾਲ ਤਖਤ ਦੀ ਮਰਿਆਦਾ ਬਾਰੇ ਕੋਈ ਟਿੱਪਣੀ ਕਰਦਾ ਹੈ ਤਾਂ ਉਸ ਦੇ ਖਿਲਾਫ ਪਾਰਟੀ ਵੱਲੋਂ ਸਖਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾ ਸਮੁੱਚੇ ਅਕਾਲੀ ਦਲ ਵੱਲੋਂ ਅਤੇ ਪਾਰਟੀ ਛੱਡ ਚੁੱਕੇ ਵਿਰਸਾ ਸਿੰਘ ਵਲਟੋਹਾ ਵੱਲੋਂ ਵੀ ਸਿੰਘ ਸਾਹਿਬਾਨ ਕੋਲੋਂ ਮੁਆਫੀ ਮੰਗੀ ਹੈ। ਆਗੂਆਂ ਨੇ ਦੱਸਿਆ ਕਿ ਜਥੇਦਾਰ ਕੋਲ ਅਕਾਲੀ ਦਲ ਨਾਲ ਸੰਬੰਧਤ ਮਾਮਲੇ ਵੀ ਰੱਖੇ ਹਨ, ਜਿਸ 'ਚ ਸੁਖਬੀਰ ਸਿੰਘ ਬਾਦਲ ਖਿਲਾਫ ਸ੍ਰੀ ਅਕਾਲ ਤਖਤ ਵੱਲੋਂ ਜਲਦੀ ਕਾਰਵਾਈ ਦੀ ਅਪੀਲ ਕੀਤੀ ਹੈ। ਉਨ੍ਹਾ ਦੋਸ਼ ਲਾਇਆ ਕਿ ਕੁਝ ਪੰਥ ਵਿਰੋਧੀ ਤਾਕਤਾਂ ਸ਼੍ਰੋਮਣੀ ਅਕਾਲੀ ਦਲ ਦੇ ਖਿਲਾਫ ਸਾਜ਼ਿਸ਼ਾਂ ਘੜ ਰਹੀਆਂ ਹਨ ਅਤੇ ਪਾਰਟੀ ਦੀ ਮਾਨਤਾ ਰੱਦ ਕਰਾਉਣਾ ਚਾਹੁੰਦੀਆਂ ਹਨ।

ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੇ ਪ੍ਰੈੱਸ ਕਾਨਫਰੰਸ 'ਚ ਦੱਸਿਆ ਕਿ ਸ਼੍ਰੋਮਣੀ ਕਮੇਟੀ ਨੇ ਗਿਆਨੀ ਹਰਪ੍ਰੀਤ ਸਿੰਘ ਦਾ ਅਸਤੀਫਾ ਨਾਮਨਜ਼ੂਰ ਕਰ ਦਿੱਤਾ ਹੈ। ਸ਼੍ਰੋਮਣੀ ਕਮੇਟੀ ਤਖਤਾਂ ਦੇ ਜਥੇਦਾਰਾਂ ਦੇ ਨਾਲ ਹੈ ਅਤੇ ਉਨ੍ਹਾਂ ਦਾ ਪੂਰਾ ਮਾਣ-ਸਤਿਕਾਰ ਕਰਦੀ ਹੈ ਅਤੇ ਹਰ ਆਦੇਸ਼ ਦੀ ਵੀ ਪਾਲਣਾ ਕਰਦੀ ਹੈ। ਉਨ੍ਹਾ ਕਿਹਾ ਕਿ ਸ਼੍ਰੋਮਣੀ ਕਮੇਟੀ ਨੂੰ ਗਿਆਨੀ ਹਰਪ੍ਰੀਤ ਸਿੰਘ ਦੀਆਂ ਸੇਵਾਵਾਂ ਦੀ ਬਹੁਤ ਲੋੜ ਹੈ।

# ਨਾਇਬ ਸਿੰਘ ਸੈਣੀ ਨੇ ਦੂਜੀ ਵਾਰ ਮੁੱਖ ਮੰਤਰੀ ਵਜੋਂ ਹਲਫ ਲਿਆ




**ਪੰਚਕੂਲਾ (ਕ੍ਰਿਸ਼ਨ ਗਰਗ)**

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਹਾਜ਼ਰੀ 'ਚ ਰਾਜਪਾਲ ਬੰਡਾਰੂ ਦੱਤਾਤ੍ਰੇਅ ਨੇ ਵੀਰਵਾਰ ਨਾਇਬ ਸਿੰਘ ਸੈਣੀ ਨੂੰ ਹਰਿਆਣਾ ਦੇ ਮੁੱਖ ਮੰਤਰੀ ਵਜੋਂ ਸਹੁੰ ਚੁਕਾਈ। ਇਸ ਤਰ੍ਹਾਂ ਸੈਣੀ ਦੂਜੀ ਵਾਰ ਹਰਿਆਣਾ ਦੇ ਮੁੱਖ ਮੰਤਰੀ ਬਣ ਗਏ।

ਇਸ ਉਪਰੰਤ ਅੰਬਾਲਾ ਕੈਂਟ ਤੋਂ ਵਿਧਾਇਕ ਅਨਿਲ ਵਿੱਜ, ਸਰਾਣਾ ਤੋਂ ਵਿਧਾਇਕ ਕ੍ਰਿਸ਼ਨ ਲਾਲ ਕੁਮਾਰ, ਬਾਦਸ਼ਾਹਪੁਰ ਤੋਂ ਵਿਧਾਇਕ ਰਾਓ ਨਰਵੀਰ, ਪਾਣੀਪਤ ਦਿਹਾਤੀ ਤੋਂ ਵਿਧਾਇਕ ਮਹੀਪਾਲ ਢਾਂਡਾ, ਫਰੀਦਾਬਾਦ ਤੋਂ ਵਿਧਾਇਕ ਵਿਪੁਲ ਗੋਇਲ, ਗੋਹਾਣਾ ਤੋਂ ਵਿਧਾਇਕ ਅਰਵਿੰਦ ਸ਼ਰਮਾ, ਰਾਦੌਰ ਤੋਂ ਵਿਧਾਇਕ ਸ਼ਾਮ ਸਿੰਘ ਰਾਣਾ, ਬਰਵਾਲਾ ਤੋਂ ਵਿਧਾਇਕ ਰਣਵੀਰ ਗੰਗਵਾ, ਨਰਵਾਨਾ ਤੋਂ ਵਿਧਾਇਕ ਕ੍ਰਿਸ਼ਨ ਕੁਮਾਰ ਬੇਦੀ, ਤੋਸ਼ਾਮ ਤੋਂ ਵਿਧਾਇਕ ਸ਼ਰੂਤੀ ਚੌਧਰੀ, ਅਟੇਲੀ ਤੋਂ ਵਿਧਾਇਕ ਆਰਤੀ ਸਿੰਘ ਰਾਓ, ਪਲਵਲ ਤੋਂ ਵਿਧਾਇਕ ਗੌਰਵ ਗੌਤਮ ਅਤੇ ਤਿਗਾਓਂ ਤੋਂ ਵਿਧਾਇਕ ਰਾਜੇਸ਼ ਨਾਗਰ ਨੇ ਸਹੁੰ ਚੁੱਕੀ। ਇਸ ਮੌਕੇ ਕੇਂਦਰੀ ਮੰਤਰੀ ਅਮਿਤ ਸ਼ਾਹ, ਰਾਜਨਾਥ ਸਿੰਘ, ਨਿਤਿਨ ਗਡਕਰੀ ਅਤੇ ਕਈ ਰਾਜਾਂ ਦੇ ਮੁੱਖ ਮੰਤਰੀ ਮੌਜੂਦ ਸਨ।

## ਚੀਫ ਜਸਟਿਸ ਵਜੋਂ ਸੰਜੀਵ ਖੰਨਾ ਦਾ ਨਾਂਅ ਤਜਵੀਜ਼



**ਨਵੀਂ ਦਿੱਲੀ** : ਭਾਰਤ ਦੇ ਚੀਫ ਜਸਟਿਸ ਡੀ ਵਾਈ ਚੰਦਰਚੂੜ ਨੇ ਰਸਮੀ ਤੌਰ 'ਤੇ ਸੁਪਰੀਮ ਕੋਰਟ ਦੇ ਦੂਜੇ ਸਭ ਤੋਂ ਸੀਨੀਅਰ ਜੱਜ ਜਸਟਿਸ ਸੰਜੀਵ ਖੰਨਾ ਨੂੰ ਆਪਣੇ ਉੱਤਰਾਧਿਕਾਰੀ ਵਜੋਂ ਪ੍ਰਸਤਾਵਤ ਕੀਤਾ ਹੈ। ਕੇਂਦਰ ਸਰਕਾਰ ਨੂੰ ਭੇਜੇ ਪੱਤਰ 'ਚ ਚੀਫ ਜਸਟਿਸ ਚੰਦਰਚੂੜ ਨੇ ਕਿਹਾ ਕਿ ਕਿਉਂਕਿ ਉਹ 10 ਨਵੰਬਰ ਨੂੰ ਅਹੁਦਾ ਛੱਡ ਰਹੇ ਹਨ, ਜਸਟਿਸ ਖੰਨਾ ਉਨ੍ਹਾ ਦੇ ਉੱਤਰਾਧਿਕਾਰੀ ਹੋਣਗੇ। ਸਰਕਾਰ ਵੱਲੋਂ ਮਨਜ਼ੂਰੀ ਮਿਲਣ ਤੋਂ ਬਾਅਦ ਜਸਟਿਸ ਖੰਨਾ ਭਾਰਤ ਦੇ 51ਵੇਂ ਚੀਫ ਜਸਟਿਸ ਬਣ ਜਾਣਗੇ। ਚੀਫ ਜਸਟਿਸ ਰਿਟਾਇਰ ਹੋਣ ਤੋਂ ਪਹਿਲਾਂ ਦੂਜੇ ਸਭ ਤੋਂ ਸੀਨੀਅਰ ਜੱਜ ਨੂੰ ਉੱਤਰਾਧਿਕਾਰੀ ਨਾਮਜ਼ਦ ਕਰਦੇ ਹਨ। ਜਸਟਿਸ ਚੰਦਰਚੂੜ ਨੇ 9 ਨਵੰਬਰ 2022 ਨੂੰ ਚੀਫ ਜਸਟਿਸ ਵਜੋਂ ਅਹੁਦਾ ਸੰਭਾਲਿਆ ਸੀ। ਚੀਫ ਜਸਟਿਸ ਉਨ੍ਹਾਂ ਬੈਂਚਾਂ ਦਾ ਹਿੱਸਾ ਰਹੇ ਹਨ, ਜਿਨ੍ਹਾਂ ਚੋਣ ਬਾਂਡ ਸਕੀਮ, ਰਾਮ ਜਨਮ ਭੂਮੀ, ਸਬਰੀਮਾਲਾ ਕੇਸ, ਸਮਲਿੰਗੀ ਵਿਆਹ ਕੇਸ ਅਤੇ ਜੰਮੂ-ਕਸ਼ਮੀਰ ਦੇ ਵਿਸ਼ੇਸ਼ ਦਰਜੇ ਨੂੰ ਰੱਦ ਕਰਨ ਵਰਗੇ ਇਤਿਹਾਸਕ ਫੈਸਲੇ ਦਿੱਤੇ ਸਨ।

## ਸ਼ੇਖ ਹਸੀਨਾ ਸਣੇ 46 ਖਿਲਾਫ ਵਾਰੰਟ ਗ੍ਰਿਫਤਾਰੀ

**ਢਾਕਾ** : ਬੰਗਲਾਦੇਸ਼ ਦੇ ਕੌਮਾਂਤਰੀ ਅਪਰਾਧ ਟ੍ਰਿਬਿਊਨਲ ਨੇ ਵੀਰਵਾਰ ਜਨਤਕ ਵਿਦਿਆਰਥੀ ਅੰਦੋਲਨ ਦੌਰਾਨ ਮਨੁੱਖਤਾ ਵਿਰੁੱਧ ਕਥਿਤ ਅਪਰਾਧਾਂ ਦੇ ਸੰਬੰਧ 'ਚ ਸਾਬਕਾ ਪ੍ਰਧਾਨ ਮੰਤਰੀ ਸ਼ੇਖ ਹਸੀਨਾ ਅਤੇ ਅਵਾਮੀ ਲੀਗ ਦੇ ਚੋਟੀ ਦੇ ਨੇਤਾਵਾਂ ਸਮੇਤ 45 ਹੋਰਨਾਂ ਖਿਲਾਫ ਗ੍ਰਿਫਤਾਰੀ ਵਾਰੰਟ ਜਾਰੀ ਕੀਤੇ ਹਨ। ਟ੍ਰਿਬਿਊਨਲ ਨੇ ਸੰਬੰਧਤ ਅਧਿਕਾਰੀਆਂ ਨੂੰ ਹਸੀਨਾ ਸਮੇਤ 46 ਵਿਅਕਤੀਆਂ ਨੂੰ 18 ਨਵੰਬਰ ਤੱਕ ਗ੍ਰਿਫਤਾਰ ਕਰਕੇ ਪੇਸ਼ ਕਰਨ ਦੇ ਨਿਰਦੇਸ਼ ਦਿੱਤੇ ਹਨ। ਹਸੀਨਾ ਸਰਕਾਰ ਦੇ ਪਤਨ ਤੋਂ ਬਾਅਦ ਦੇਸ਼ ਭਰ 'ਚ ਭੜਕੀ ਹਿੰਸਾ ਦੀਆਂ ਘਟਨਾਵਾਂ 'ਚ 230 ਤੋਂ ਵੱਧ ਲੋਕ ਮਾਰੇ ਗਏ ਸਨ, ਜਿਸ ਨਾਲ ਪਹਿਲੀ ਵਾਰ ਸਰਕਾਰੀ ਨੌਕਰੀਆਂ 'ਚ ਇੱਕ ਵਿਵਾਦਪੂਰਨ ਕੋਟਾ ਪ੍ਰਣਾਲੀ ਦੇ ਖਿਲਾਫ ਵਿਦਿਆਰਥੀਆਂ ਦੇ ਵੱਡੇ ਵਿਰੋਧ ਪ੍ਰਦਰਸ਼ਨ ਤੋਂ ਬਾਅਦ ਮਰਨ ਵਾਲਿਆਂ ਦੀ ਗਿਣਤੀ 600 ਤੋਂ ਵੱਧ ਹੋ ਗਈ ਸੀ।

## ਕਾਂਸੀ ਦਾ ਤਮਗਾ ਜਿੱਤਿਆ



**ਨਵੀਂ ਦਿੱਲੀ** : ਆਈ ਐੱਸ ਐੱਸ ਐੱਫ ਨਿਸ਼ਾਨੇਬਾਜ਼ੀ ਵਿਸ਼ਵ ਕੱਪ ਦੇ ਫਾਈਨਲ 'ਚ ਪੁਰਸ਼ਾਂ ਦੇ ਸਕੀਟ ਮੁਕਾਬਲੇ 'ਚ ਅਨੰਤਜੀਤ ਸਿੰਘ ਨਰੂਕਾ ਨੇ ਕਾਂਸੀ ਦਾ ਤਮਗਾ ਜਿੱਤਿਆ ਹੈ। ਰਾਜਸਥਾਨ ਦੇ 26 ਸਾਲਾਂ ਦੇ ਨਰੂਕਾ ਨੇ ਛੇ ਖਿਡਾਰੀਆਂ ਦੇ ਫਾਈਨਲ 'ਚ 43 ਦਾ ਸਕੋਰ ਕੀਤਾ। ਇਟਲੀ ਦੇ ਤਾਮਾਰੋ ਕਾਸਾਂਦਰੋ ਨੇ 57 ਸਕੋਰ ਨਾਲ ਸੋਨੇ ਅਤੇ ਗੈਬ੍ਰਿਏਲੋ ਰੋਸੇਤੀ ਨੇ 56 ਸਕੋਰ ਨਾਲ ਚਾਂਦੀ ਦਾ ਤਗਮਾ ਜਿੱਤਿਆ।

## ਚੀਫ ਜਸਟਿਸ ਦਾ ਭਰੋਸਾ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਵੀਰਵਾਰ ਕਿਹਾ ਕਿ ਉਹ ਤੈਅ ਸਮੇਂ ਦੇ ਅੰਦਰ ਜੰਮੂ-ਕਸ਼ਮੀਰ ਦਾ ਸੂਬੇ ਦਾ ਦਰਜਾ ਬਹਾਲ ਕਰਨ ਦੀ ਅਪੀਲ ਕਰਦੀ ਪਟੀਸ਼ਨ ਨੂੰ ਸੁਣਵਾਈ ਲਈ ਸੂਚੀਬੱਧ ਕਰਨ 'ਤੇ ਵਿਚਾਰ ਕਰੇਗੀ। ਪਟੀਸ਼ਨਰਾਂ ਵੱਲੋਂ ਪੇਸ਼ ਹੋਏ ਸੀਨੀਅਰ ਵਕੀਲ ਗੋਪਾਲ ਸ਼ੰਕਰਨਾਰਾਇਣਨ ਨੇ ਚੀਫ ਜਸਟਿਸ ਡੀ ਵਾਈ ਚੰਦਰਚੂੜ, ਜਸਟਿਸ ਜੇ ਬੀ ਪਾਰਦੀਵਾਲਾ ਤੇ ਜਸਟਿਸ ਮਨੋਜ ਮਿਸ਼ਰਾ ਦੀ ਬੈਂਚ ਨੂੰ ਅਪੀਲ ਕੀਤੀ ਕਿ ਪਟੀਸ਼ਨ 'ਤੇ ਤੁਰੰਤ ਕਾਰਵਾਈ ਦੀ ਲੋੜ ਹੈ। ਇਸ 'ਤੇ ਚੀਫ ਜਸਟਿਸ ਨੇ ਕਿਹਾ—ਮੈਂ ਇਸ ਨੂੰ ਦੇਖਾਂਗਾ।

# ਕੇਂਦਰ ਤੇ ਪੰਜਾਬ ਸਰਕਾਰ ਕਰਿਆਨਾ ਵਪਾਰੀਆਂ ਦੇ ਮਸਲੇ ਤੁਰੰਤ ਹੱਲ ਕਰਨ : ਸੀ ਪੀ ਆਈ

**ਚੰਡੀਗੜ੍ਹ** : ਪੰਜਾਬ ਰਿਟੇਲ ਕਰਿਆਨਾ ਐਸੋਸੀਏਸ਼ਨ ਦੀ ਅਗਵਾਈ ਵਿਚ ਉਠਾਈਆਂ ਗਈਆਂ ਮੰਗਾਂ 'ਤੇ ਪ੍ਰਤੀਕਰਮ ਕਰਦਿਆਂ ਪੰਜਾਬ ਸੀ ਪੀ ਆਈ ਨੇ ਕਿਹਾ ਕਿ ਕੇਂਦਰ ਵੱਲੋਂ ਥੋਪੇ ਗਏ ਜੀ ਐੱਸ ਟੀ ਵਰਗੇ ਕਾਨੂੰਨਾਂ ਅਤੇ ਨੌਕਰਸ਼ਾਹੀ ਵੱਲੋਂ ਕੀਤੀਆਂ ਜਾ ਰਹੀਆਂ ਵਧੀਕੀਆਂ ਕਾਰਨ ਪੰਜਾਬ ਦੇ ਕਰਿਆਨਾ ਵਪਾਰੀ ਬੁਰੀ ਤਰ੍ਹਾਂ ਆਰਥਿਕ ਸੰਕਟ ਦਾ ਸ਼ਿਕਾਰ ਹੋ ਰਹੇ ਹਨ। ਜੀ ਐੱਸ ਟੀ ਅਤੇ ਫੂਡ ਸੇਫਟੀ ਲਾਇਸੈਂਸ ਵਰਗੇ ਕਾਨੂੰਨਾਂ ਨੂੰ ਲਾਗੂ ਕਰਨ ਲਈ ਦੁਕਾਨਦਾਰਾਂ ਨੂੰ ਕਾਨੂੰਨੀ ਅਤੇ ਆਰਥਕ ਮਾਹਰਾਂ ਨੂੰ ਫੀਸਾਂ ਦੇਣੀਆਂ ਪੈਂਦੀਆਂ ਹਨ ਤੇ ਜੇ ਕਿਤੇ ਮਾੜੀ ਜਿਹੀ ਵੀ ਦੇਰੀ ਜਾਂ ਗਲਤੀ ਹੋ ਜਾਵੇ ਤਾਂ ਨੌਕਰਸ਼ਾਹੀ ਉਹਨਾਂ 'ਤੇ 20,000 ਰੁਪਏ ਦਾ ਜੁਰਮਾਨਾ ਠੋਕ ਦਿੰਦੀ ਹੈ। ਪੰਜਾਬ ਸੀ ਪੀ ਆਈ ਦੇ ਸਕੱਤਰ ਬੰਤ ਸਿੰਘ ਬਰਾੜ ਨੇ ਕਰਿਆਨਾ ਵਪਾਰੀਆਂ ਦੀਆਂ ਮੰਗਾਂ ਦਾ ਸਮਰਥਨ ਕਰਦਿਆਂ ਆਖਿਆ ਕਿ ਫੂਡ ਸੇਫਟੀ ਲਾਇਲੈਂਸ ਹਰ ਸਾਲ ਬਣਾਉਣਾ ਪੈਂਦਾ ਹੈ, ਜਿਹੜਾ ਸਰਾਸਰ ਧੱਕਾ ਹੈ। ਅਸਲ ਵਿਚ ਇਹ ਲਾਇਸੈਂਸ ਇਕ ਵਾਰ ਹੀ ਬਣਨਾ ਚਾਹੀਦਾ ਹੈ।

ਉਹਨਾ ਆਖਿਆ ਕਿ ਜਿਸ ਪੈਦਾਵਾਰੀ ਚੀਜ਼ ਦਾ ਸੈਂਪਲ ਭਰਿਆ ਜਾਂਦਾ ਹੈ, ਉਸ ਦੀ ਜ਼ਿੰਮੇਵਾਰੀ ਪੈਦਾਵਾਰ ਕਰਨ ਵਾਲੀ ਕੰਪਨੀ ਦੀ ਹੋਣੀ ਚਾਹੀਦੀ ਹੈ, ਨਾ ਕਿ ਦੁਕਾਨਦਾਰ ਦੀ। ਸਾਥੀ ਬਰਾੜ ਨੇ ਵਪਾਰੀਆਂ ਦੀ ਇਸ ਮੰਗ ਦਾ ਵੀ ਭਰਪੂਰ ਸਮਰਥਨ ਕੀਤਾ ਕਿ ਜਿਹੜੀ ਵਸਤੂ ਦੀ ਵਿਕਰੀ 'ਤੇ ਪਾਬੰਦੀ ਲਾਉਣੀ ਹੋਵੇ, ਉਸ ਦੀ ਪਾਬੰਦੀ ਵੀ ਪੈਦਾਵਾਰ ਕਰਨ ਵਾਲੀ ਫੈਕਟਰੀ ਤੋਂ ਹੀ ਲੱਗਣੀ ਚਾਹੀਦੀ ਹੈ। ਉਹਨਾ ਅਖਿਆ ਕਿ ਵਪਾਰੀਆਂ ਦੀ ਮੰਗ ਹੈ ਕਿ ਬੱਚਿਆਂ ਦੀਆਂ ਕਾਪੀਆਂ, ਪੈਨਸਲਾਂ, ਕਿਤਾਬਾਂ ਆਦਿ 'ਤੇ ਲੱਗਣ ਵਾਲੇ 18 ਫੀਸਦੀ ਜੀ ਐੱਸ ਟੀ ਨੂੰ ਤੁਰੰਤ ਬੰਦ ਕਰਨਾ ਚਾਹੀਦਾ ਹੈ। ਉਹਨਾ ਕੇਂਦਰ ਸਰਕਾਰ 'ਤੇ ਦੋਸ਼ ਲਾਇਆ ਕਿ ਅਜੀਬ ਗੱਲ ਹੈ ਕਿ ਕਾਪੀਆਂ, ਪੈਨਸਲਾਂ 'ਤੇ 18 ਫੀਸਦੀ ਜੀ ਐੱਸ ਟੀ ਹੈ ਅਤੇ ਸੋਨੇ, ਚਾਂਦੀ ਦੇ ਗਹਿਣਿਆਂ 'ਤੇ ਸਿਰਫ 3 ਫੀਸਦੀ ਹੈ। ਉਨ੍ਹਾ ਮੰਗ ਕੀਤੀ ਕਿ ਕਰਿਆਨਾ ਵਪਾਰੀਆਂ ਨੂੰ 5 ਲੱਖ ਤੱਕ ਦਾ ਕਰਜ਼ਾ ਬਿਨਾਂ ਵਿਆਜ 'ਤੇ ਦਿੱਤਾ ਜਾਵੇ ਅਤੇ ਦੁਕਾਨ 'ਤੇ ਅੱਗ ਲੱਗਣ ਜਾਂ ਹੋਰ ਕਾਰਨ 'ਤੇ ਹੋਏ ਨੁਕਸਾਨ ਲਈ ਸਰਕਾਰਾਂ ਵੱਲੋਂ ਉਚਿਤ ਮੁਆਵਜ਼ੇ ਦਾ ਪ੍ਰਬੰਧ ਕਰਨਾ ਚਾਹੀਦਾ ਹੈ।

ਸੀ ਪੀ ਆਈ ਨੇ ਕੇਂਦਰ ਅਤੇ ਪੰਜਾਬ ਸਰਕਾਰ ਨੂੰ ਬੇਨਤੀ ਕੀਤੀ ਹੈ ਕਿ ਸੰਕਟ ਵਿਚ ਫਸੇ ਕਰਿਆਨਾ ਵਪਾਰੀਆਂ ਦੇ ਮਸਲਿਆਂ ਨੂੰ ਉਹਨਾਂ ਦੀ ਐਸੋਸੀਏਸ਼ਨ ਨਾਲ ਗੱਲਬਾਤ ਰਾਹੀਂ ਤੁਰੰਤ ਨਿਪਟਾਉਣਾ ਚਾਹੀਦਾ ਹੈ। ਸਾਥੀ ਬਰਾੜ ਨੇ ਕਿਹਾ ਕਿ ਸੀ ਪੀ ਆਈ ਕਰਿਆਨਾ ਵਪਾਰੀਆਂ ਦੀਆਂ ਸਾਰੀਆਂ ਮੰਗਾਂ ਦਾ ਪੂਰਨ ਸਮਰਥਨ ਕਰਦੀ ਹੋਈ ਐਸੋਸੀਏਸ਼ਨ ਨੂੰ ਉਹਨਾਂ ਵੱਲੋਂ ਸੰਘਰਸ਼ ਵਿੱਢਣ ਦਾ ਪੂਰਨ ਸਮਰਥਨ ਕਰਨ ਦਾ ਵਿਸ਼ਵਾਸ ਦੁਆਉਂਦੀ ਹੈ।

# ਕੁਲ ਸਕੋਰ 46, ਪੰਜ ਖਿਡਾਰੀ ਤਾਂ ਖਾਤਾ ਵੀ ਨਹੀਂ ਖੋਲ੍ਹ ਸਕੇ



**ਬੇਂਗਲੁਰੂ** : ਇੱਥੇ ਚੱਲ ਰਹੇ ਪਹਿਲੇ ਟੈਸਟ ਮੈਚ ਦੇ ਦੂਜੇ ਦਿਨ ਵੀਰਵਾਰ ਵਿਲੀਅਮ ਓ ਰਾਊਰਕੀ ਦੀ ਅਗਵਾਈ 'ਚ ਨਿਊ ਜ਼ੀਲੈਂਡ ਦੇ ਤੇਜ਼ ਗੇਂਦਬਾਜ਼ਾਂ ਨੇ ਸਿਰਫ 46 ਦੌੜਾਂ 'ਤੇ ਭਾਰਤ ਦੀ ਟੀਮ ਨੂੰ ਆਊਟ ਕਰ ਦਿੱਤਾ। ਇਹ ਭਾਰਤੀ ਟੀਮ ਦਾ ਆਪਣੇ ਘਰੇਲੂ ਮੈਦਾਨ 'ਤੇ ਸਭ ਤੋਂ ਘੱਟ ਸਕੋਰ ਹੈ। ਭਾਰਤੀ ਬੱਲੇਬਾਜ਼ ਯਸ਼ਸਵੀ ਜੈਸਵਾਲ ਨੇ 13 ਦੌੜਾਂ, ਰੋਹਿਤ ਸ਼ਰਮਾ ਨੇ ਸਿਰਫ ਦੋ ਦੌੜਾਂ ਬਣਾਈਆਂ, ਜਦਕਿ ਵਿਰਾਟ ਕੋਹਲੀ ਤੇ ਸਰਫਰਾਜ਼ ਸਿਫਰ 'ਤੇ ਆਊਟ ਹੋ ਗਏ। ਰਿਸ਼ਭ ਪੰਤ ਨੇ 20 ਦੌੜਾਂ ਬਣਾਈਆਂ। ਕੇ ਐੱਲ ਰਾਹੁਲ, ਰਵਿੰਦਰ ਜਡੇਜਾ, ਰਵੀਚੰਦਰਨ ਅਸ਼ਵਿਨ ਸਿਫਰ 'ਤੇ ਆਊਟ ਹੋ ਗਏ। ਕੁਲਦੀਪ ਯਾਦਵ ਨੇ ਦੋ, ਜਸਪ੍ਰੀਤ ਬੁਮਰਾਹ ਨੇ ਇਕ ਅਤੇ ਮੁਹੰਮਦ ਸਿਰਾਜ ਨੇ ਚਾਰ ਦੌੜਾਂ ਬਣਾਈਆਂ। ਨਿਊ ਜ਼ੀਲੈਂਡ ਨੇ ਤਿੰਨ ਵਿਕਟਾਂ 'ਤੇ 180 ਦੌੜਾਂ ਬਣਾ ਕੇ 134 ਦੀ ਲੀਡ ਲੈ ਲਈ ਸੀ। ਤਿੰਨ ਟੈਸਟਾਂ ਦੀ ਸੀਰੀਜ਼ ਦਾ ਪਹਿਲਾ ਦਿਨ ਬੁੱਧਵਾਰ ਮੀਂਹ ਦੇ ਲੇਖੇ ਲੱਗ ਗਿਆ ਸੀ। ਇਸ ਤੋਂ ਪਹਿਲਾਂ ਭਾਰਤੀ ਟੀਮ ਨੂੰ ਵੈੱਸਟ ਇੰਡੀਜ਼ ਨੇ 1987 ਦੇ ਦਿੱਲੀ ਟੈਸਟ 'ਚ 75 ਦੌੜਾਂ 'ਤੇ ਆਊਟ ਕੀਤਾ ਸੀ। ਉਂਜ ਵਿਦੇਸ਼ੀ ਦੌਰਿਆਂ ਦੌਰਾਨ ਭਾਰਤੀ ਟੀਮ ਇਸ ਤੋਂ ਵੀ ਘੱਟ ਦੌੜਾਂ 'ਤੇ ਆਊਟ ਹੁੰਦੀ ਰਹੀ ਹੈ। ਆਸਟ੍ਰੇਲੀਆ ਨੇ 2020 ਦੇ ਐਡੀਲੇਡ ਟੈਸਟ 'ਚ 36 ਦੌੜਾਂ ਤੇ ਇੰਗਲੈਂਡ ਨੇ 1974 'ਚ ਲਾਰਡਜ਼ ਟੈਸਟ 'ਚ 42 ਦੌੜਾਂ 'ਤੇ ਆਊਟ ਕੀਤਾ ਸੀ।

## ਗੈਰ-ਕਾਨੂੰਨੀ ਪਰਵਾਸੀਆਂ ਬਾਰੇ ਧਾਰਾ ਵੈਧ ਕਰਾਰ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਵੀਰਵਾਰ 4:1 ਦੇ ਬਹੁਮਤ ਨਾਲ ਫੈਸਲਾ ਸੁਣਾਉਂਦੇ ਹੋਏ ਅਸਾਮ 'ਚ ਗੈਰਕਾਨੂੰਨੀ ਪਰਵਾਸੀਆਂ ਨੂੰ ਭਾਰਤੀ ਨਾਗਰਿਕਤਾ ਦੇਣ ਸੰਬੰਧੀ ਨਾਗਰਿਕਤਾ ਐਕਟ ਦੀ ਧਾਰਾ 6-ਏ ਦੀ ਸੰਵਿਧਾਨਕ ਵੈਧਤਾ ਬਰਕਰਾਰ ਰੱਖੀ। ਚੀਫ ਜਸਟਿਸ ਡੀ ਵਾਈ ਚੰਦਰਚੂੜ ਦੀ ਅਗਵਾਈ ਵਾਲੀ ਪੰਜ ਜੱਜਾਂ ਦੀ ਬੈਂਚ ਨੇ ਕਿਹਾ ਕਿ ਅਸਾਮ ਸਮਝੌਤਾ ਪਰਵਾਸ ਦੀ ਸਮੱਸਿਆ ਦੀ ਸਿਆਸਤ ਦਾ ਹੱਲ ਹੈ। ਚੀਫ ਜਸਟਿਸ ਚੰਦਰਚੂੜ, ਜਸਟਿਸ ਸੂਰੀਆਕਾਂਤ, ਜਸਟਿਸ ਐੱਮ ਐੱਮ ਸੁੰਦਰੇਸ਼ ਅਤੇ ਜਸਟਿਸ ਮਨੋਜ ਮਿਸ਼ਰਾ ਨੇ ਬਹੁਮਤ ਨਾਲ ਸੁਣਾਏ ਗਏ ਆਪਣੇ ਫੈਸਲੇ 'ਚ ਕਿਹਾ ਕਿ ਸੰਸਦ ਕੋਲ ਇਸ ਪ੍ਰਬੰਧ ਨੂੰ ਲਾਗੂ ਕਰਨ ਦੀ ਵਿਧਾਨਕ ਸਮਰੱਥਾ ਹੈ। ਜਸਟਿਸ ਜੇ ਬੀ ਪਾਰਦੀਵਾਲਾ ਨੇ ਅਸਹਿਮਤੀ ਜ਼ਾਹਰ ਕਰਦੇ ਹੋਏ ਧਾਰਾ 6-ਏ ਨੂੰ ਅਸੰਵਿਧਾਨਕ ਕਰਾਰ ਦਿੱਤਾ।

# ਵੱਡੇ ਕਰਜ਼ਿਆਂ 'ਤੇ ਮਹੀਨੇ ਲਈ ਪ੍ਰੋਸੈਸਿੰਗ ਫੀਸ ਨਾ ਲੈਣ ਦਾ ਐਲਾਨ

**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**

ਪੰਜਾਬ ਰਾਜ ਸਹਿਕਾਰੀ ਬੈਂਕ ਦੇ ਖਾਤਾ ਧਾਰਕਾਂ ਲਈ ਦੀਵਾਲੀ ਦਾ ਤੋਹਫ਼ਾ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਸਾਰੇ ਵੱਡੇ ਕਰਜ਼ਿਆਂ 'ਤੇ ਇਕ ਮਹੀਨੇ ਲਈ ਕੋਈ ਪ੍ਰੋਸੈਸਿੰਗ ਫੀਸ ਨਾ ਲੈਣ ਦਾ ਐਲਾਨ ਕੀਤਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਦੀਵਾਲੀ ਉਹ ਸਮਾਂ ਹੁੰਦਾ ਹੈ, ਜਦੋਂ ਲੋਕ ਖ਼ਰੀਦਦਾਰੀ ਕਰਦੇ ਹਨ ਅਤੇ ਇਹ ਪੇਸ਼ਕਸ਼ ਬੈਂਕ ਦੇ ਗਾਹਕਾਂ ਨੂੰ ਆਉਣ ਵਾਲੇ ਤਿਉਹਾਰਾਂ ਨੂੰ ਵੱਡੇ ਪੱਧਰ 'ਤੇ ਮਨਾਉਣ ਦੀ ਸਹੂਲਤ ਦੇਣ ਲਈ ਹੈ। ਇਸ ਕਦਮ ਦਾ ਉਦੇਸ਼ ਸਹਿਕਾਰੀ ਬੈਂਕਾਂ ਵਿੱਚ ਆਰਥਿਕ ਗਤੀਵਿਧੀਆਂ ਨੂੰ ਹੁਲਾਰਾ ਦੇਣਾ ਵੀ ਹੈ।

ਉਨ੍ਹਾ ਕਿਹਾ ਕਿ ਜ਼ੀਰੋ ਪ੍ਰੋਸੈਸਿੰਗ ਫੀਸ ਸੀਮਤ ਸਮੇਂ ਲਈ ਹੈ ਅਤੇ ਇਹ 15 ਅਕਤੂਬਰ ਤੋਂ 15 ਨਵੰਬਰ ਤੱਕ ਜਾਰੀ ਰਹੇਗੀ। ਮਾਨ ਨੇ ਕਿਹਾ ਕਿ ਇਹ ਪੇਸ਼ਕਸ਼ ਬੈਂਕ ਵੱਲੋਂ ਚੰਡੀਗੜ੍ਹ ਵਿੱਚ ਆਪਣੀਆਂ 18 ਸ਼ਾਖਾਵਾਂ ਰਾਹੀਂ ਆਪਣੇ ਗਾਹਕਾਂ ਨੂੰ ਪਰਸਨਲ, ਕੰਜ਼ਿਊਮਰ ਅਤੇ ਵਾਹਨ ਲੋਨ ਦੀ ਸਹੂਲਤ ਦੇਣ ਲਈ ਸ਼ੁਰੂ ਕੀਤੀ ਗਈ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਇਸ ਪੇਸ਼ਕਸ਼ ਤਹਿਤ ਪੰਜਾਬ ਰਾਜ ਸਹਿਕਾਰੀ ਬੈਂਕ ਵੱਲੋਂ ਤਿਉਹਾਰਾਂ ਦੌਰਾਨ ਗਾਹਕਾਂ ਨੂੰ ਇਨ੍ਹਾਂ ਕਰਜ਼ਿਆਂ 'ਤੇ ਪ੍ਰੋਸੈਸਿੰਗ ਫੀਸ/ਚਾਰਜ ਵਿੱਚ ਛੋਟ ਦੀ ਪੇਸ਼ਕਸ਼ ਕੀਤੀ ਜਾ ਰਹੀ ਹੈ। ਉਨ੍ਹਾ ਕਿਹਾ ਕਿ ਬੈਂਕ ਸਰਕਾਰੀ ਸੰਸਥਾਵਾਂ ਦੇ ਤਨਖ਼ਾਹਦਾਰ ਕਰਮਚਾਰੀਆਂ ਨੂੰ ਉਨ੍ਹਾਂ ਦੀਆਂ ਸਮਾਜਿਕ-ਆਰਥਿਕ ਲੋੜਾਂ ਪੂਰੀਆਂ ਕਰਨ ਅਤੇ ਘਰਾਂ ਲਈ ਖਪਤਕਾਰ ਟਿਕਾਊ ਵਸਤੂਆਂ ਦੀ ਖਰੀਦ ਲਈ ਪਰਸਨਲ ਅਤੇ ਕੰਜ਼ਿਊਮਰ ਲੋਨ ਮੁਹੱਈਆ ਕਰ ਰਿਹਾ ਹੈ। ਭਗਵੰਤ ਸਿੰਘ ਮਾਨ ਨੇ ਮਿਸਾਲ ਦਿੰਦਿਆਂ ਕਿਹਾ ਕਿ ਇਸ ਬੈਂਕ ਤੋਂ ਸਸਤੇ ਦਰਾਂ 'ਤੇ ਵਾਹਨ ਲੋਨ ਪ੍ਰਾਪਤ ਕਰਕੇ ਕੋਈ ਵੀ ਪਰਵਾਰ ਆਪਣੀ ਸੁਪਨਿਆਂ ਦੀ ਕਾਰ ਦੀ ਸਵਾਰੀ ਦਾ ਆਨੰਦ ਮਾਣ ਸਕਦਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਇਨ੍ਹਾਂ ਵਿੱਚੋਂ ਕੋਈ ਵੀ ਲੋਨ ਲੈਣ ਵਾਲੇ ਗਾਹਕ ਨੂੰ ਪੇਸ਼ਕਸ਼ ਦੀ ਮਿਆਦ ਦੌਰਾਨ ਪਰਸਨਲ ਲੋਨ, ਕੰਜ਼ਿਊਮਰ ਲੋਨ ਅਤੇ ਵਾਹਨ ਲੋਨ ਲਈ ਕੋਈ ਵੀ ਪ੍ਰੋਸੈਸਿੰਗ ਫੀਸ/ਚਾਰਜ ਅਦਾ ਨਹੀਂ ਕਰਨੇ ਪੈਣਗੇ। ਉਨ੍ਹਾ ਕਿਹਾ ਕਿ ਗਾਹਕ ਇਸ ਆਫਰ ਦਾ ਲਾਭ ਲੈਣ ਲਈ ਚੰਡੀਗੜ੍ਹ ਸਥਿਤ ਪੰਜਾਬ ਰਾਜ ਸਹਿਕਾਰੀ ਬੈਂਕ ਦੀਆਂ 18 ਬ੍ਰਾਂਚਾਂ ਵਿੱਚੋਂ ਕਿਸੇ ਨਾਲ ਵੀ ਸੰਪਰਕ ਕਰ ਸਕਦੇ ਹਨ। ਭਗਵੰਤ ਸਿੰਘ ਮਾਨ ਨੇ ਸਹਿਕਾਰੀ ਖੇਤਰ ਨੂੰ ਮਜ਼ਬੂਤ ਕਰਨ ਲਈ ਸੂਬਾ ਸਰਕਾਰ ਦੀ ਦ੍ਰਿੜ੍ਹ ਵਚਨਬੱਧਤਾ ਦੁਹਰਾਉਂਦਿਆਂ ਲੋਕਾਂ ਨੂੰ ਇਸ ਸਕੀਮ ਦਾ ਵੱਧ ਤੋਂ ਵੱਧ ਲਾਭ ਲੈਣ ਦੀ ਅਪੀਲ ਕੀਤੀ।

# ਟੀਚਰਾਂ ਦੀ ਫਿਨਲੈਂਡ ਫੇਰੀ ਮੀਲ ਪੱਥਰ ਸਾਬਤ ਹੋਵੇਗੀ : ਬੈਂਸ

**ਚੰਡੀਗੜ੍ਹ (ਗੁਰਜੀਤ ਬਿੱਲਾ)**



ਪੰਜਾਬ ਦੇ ਸਰਕਾਰੀ ਸਕੂਲਾਂ ਦੇ 72 ਅਧਿਆਪਕਾਂ ਨੂੰ ਸਿਖਲਾਈ ਲਈ ਫਿਨਲੈਂਡ ਭੇਜਣ 'ਤੇ ਸਿੱਖਿਆ ਮੰਤਰੀ ਹਰਜੋਤ ਬੈਂਸ ਨੇ ਕਿਹਾ ਕਿ ਪਿਛਲੇ ਢਾਈ ਸਾਲਾਂ ਵਿੱਚ ਪੰਜਾਬ ਦੀ ਸਿੱਖਿਆ ਪ੍ਰਣਾਲੀ ਵਿੱਚ ਬਹੁਤ ਸੁਧਾਰ ਹੋਇਆ ਹੈ। ਅੱਜ ਹਰ ਪਿੰਡ ਅਤੇ ਸ਼ਹਿਰ ਵਿੱਚ ਲੋਕ ਪੰਜਾਬ ਦੀ ਸਿੱਖਿਆ ਕ੍ਰਾਂਤੀ ਦੀ ਗੱਲ ਕਰ ਰਹੇ ਹਨ।

ਉਨ੍ਹਾ ਕਿਹਾ ਕਿ 2022 ਤੋਂ ਪਹਿਲਾਂ 8000 ਤੋਂ ਵੱਧ ਸਰਕਾਰੀ ਸਕੂਲਾਂ ਦੀਆਂ ਬਾਊਂਡਰੀਆਂ ਨਹੀਂ ਸਨ। ਅਸੀਂ ਉਨ੍ਹਾਂ ਸਾਰੇ ਸਕੂਲਾਂ ਵਿੱਚ ਲਗਭਗ 1400 ਕਿਲੋਮੀਟਰ ਲੰਮੀ ਬਾਊਂਡਰੀ ਬਣਾਈ ਹੈ। 10,000 ਤੋਂ ਵੱਧ ਨਵੇਂ ਕਲਾਸਰੂਮ ਬਣਾਏ ਅਤੇ ਬੱਚਿਆਂ ਦੀ ਪੜ੍ਹਾਈ ਲਈ ਡੈਸਕ ਮੁਹੱਈਆ ਕਰਵਾਏ ਗਏ। ਇਸ ਤੋਂ ਪਹਿਲਾਂ ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਫਰਨੀਚਰ ਨਾ ਹੋਣ ਕਾਰਨ ਇੱਕ ਲੱਖ ਦੇ ਕਰੀਬ ਬੱਚੇ ਫਰਸ਼ 'ਤੇ ਬੈਠ ਕੇ ਪੜ੍ਹਦੇ ਸਨ। ਅਸੀਂ ਇਸ ਸਮੱਸਿਆ ਦਾ ਹੱਲ ਕੀਤਾ ਹੈ। 1400 ਸਕੂਲਾਂ ਵਿੱਚ ਲੜਕੀਆਂ ਲਈ ਬਾਥਰੂਮ ਨਹੀਂ ਸਨ, ਅਸੀਂ ਉਹ ਵੀ ਬਣਾਏ। ਉਨ੍ਹਾ ਕਿਹਾ ਕਿ ਸਕੂਲ ਆਫ਼ ਐਮੀਨੈਂਸ ਦੇ ਨਾਲ-ਨਾਲ ਪੰਜਾਬ ਦੇ ਸਾਰੇ ਸਰਕਾਰੀ ਸਕੂਲਾਂ ਵਿੱਚ ਹੋਰ ਵੀ ਬਹੁਤ ਸਾਰੇ ਕੰਮ ਕੀਤੇ ਜਾ ਰਹੇ ਹਨ।

● ਬਾਕੀ ਸਫ਼ਾ 2 'ਤੇ

# ਟਰੂਡੋ ਦੇ ਲਾਪ੍ਰਵਾਹ ਰਵੱਈਏ ਕਰਕੇ ਸੰਬੰਧ ਵਿਗੜੇ : ਭਾਰਤ



**ਨਵੀਂ ਦਿੱਲੀ** : ਵਿਦੇਸ਼ ਮੰਤਰਾਲਾ ਨੇ ਵੀਰਵਾਰ ਕਿਹਾ ਕਿ ਕੈਨੇਡਾ ਦੇ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਦਾ ਆਪਣੇ ਦੇਸ਼ ਦੇ ਜਾਂਚ ਕਮਿਸ਼ਨ ਸਾਹਮਣੇ ਵੱਖਵਾਦੀ ਹਰਦੀਪ ਸਿੰਘ ਨਿੱਝਰ ਦੀ ਹੱਤਿਆ 'ਚ ਭਾਰਤ ਦੇ ਖਿਲਾਫ ਠੋਸ ਸਬੂਤਾਂ ਦੀ ਅਣਹੋਂਦ ਦੀ ਗੱਲ ਨੂੰ ਸਵੀਕਾਰਨਾ, ਇਸ ਗੱਲ ਦੀ ਪੁਸ਼ਟੀ ਕਰਦਾ ਹੈ ਕਿ ਕੈਨੇਡਾ ਨੇ ਭਾਰਤ ਅਤੇ ਭਾਰਤੀ ਡਿਪਲੋਮੈਟਾਂ ਵਿਰੁੱਧ ਲਾਏ ਗਏ ਗੰਭੀਰ ਦੋਸ਼ਾਂ ਸੰਬੰਧੀ ਸਾਨੂੰ ਕੋਈ ਠੋਸ ਸਬੂਤ ਨਹੀਂ ਦਿੱਤੇ। ਟਰੂਡੋ ਨੇ ਬੁੱਧਵਾਰ ਜਾਂਚ ਕਮਿਸ਼ਨ ਦੇ ਸਾਹਮਣੇ ਇਹ ਮੰਨਿਆ ਸੀ ਕਿ ਪਿਛਲੇ ਸਾਲ ਜਦੋਂ ਉਨ੍ਹਾ ਖਾਲਿਸਤਾਨੀ ਵੱਖਵਾਦੀ ਨਿੱਝਰ ਦੀ ਹੱਤਿਆ ਵਿਚ ਭਾਰਤ ਸਰਕਾਰ ਦੇ ਏਜੰਟਾਂ ਦੀ ਸ਼ਮੂਲੀਅਤ ਦਾ ਦੋਸ਼ ਲਾਇਆ ਸੀ, ਉਸ ਸਮੇਂ ਉਨ੍ਹਾ ਕੋਲ ਸਿਰਫ ਖੁਫੀਆ ਜਾਣਕਾਰੀ ਸੀ ਅਤੇ ਕੋਈ ਠੋਸ ਸਬੂਤ ਨਹੀਂ ਸਨ। ਵਿਦੇਸ਼ ਮੰਤਰਾਲੇ ਦੇ ਬੁਲਾਰੇ ਰਣਧੀਰ ਜੈਸਵਾਲ ਨੇ ਇਕ ਬਿਆਨ ਵਿਚ ਕਿਹਾ ਕਿ ਅੱਜ ਜੋ ਅਸੀਂ ਸੁਣਿਆ ਹੈ, ਉਸ ਨਾਲ ਸਾਡੀ ਉਸੇ ਗੱਲ ਦੀ ਪੁਸ਼ਟੀ ਹੁੰਦੀ, ਜੋ ਅਸੀਂ ਲਗਾਤਾਰ ਕਹਿੰਦੇ ਆ ਰਹੇ ਹਾਂ ਕਿ ਕੈਨੇਡਾ ਨੇ ਜੋ ਭਾਰਤੀ ਡਿਪਲੋਮੈਟਾਂ 'ਤੇ ਦੋਸ਼ ਲਾਏ ਹਨ, ਉਨ੍ਹਾਂ ਦੋਸ਼ਾਂ ਲਈ ਕੋਈ ਸਬੂਤ ਪੇਸ਼ ਨਹੀਂ ਕੀਤਾ ਹੈ।

ਮੰਤਰਾਲੇ ਨੇ ਕਿਹਾ ਕਿ ਇਸ ਲਾਪ੍ਰਵਾਹ ਵਿਹਾਰ ਨਾਲ ਭਾਰਤ-ਕੈਨੇਡਾ ਦੇ ਸੰਬੰਧਾਂ ਨੂੰ ਜੋ ਨੁਕਸਾਨ ਪੁੱਜਿਆ ਹੈ, ਉਸ ਦੀ ਜ਼ਿੰਮੇਵਾਰੀ ਇਕੱਲੇ ਪ੍ਰਧਾਨ ਮੰਤਰੀ ਟਰੂਡੋ ਦੀ ਹੋਵੇਗੀ।

## ਭਾਰਤੀ ਜਾਂਚ ਤੋਂ ਅਮਰੀਕਾ ਨੂੰ ਤਸੱਲੀ

**ਵਾਸ਼ਿੰਗਟਨ** : ਅਮਰੀਕਾ ਨੇ ਵੱਖਵਾਦੀ ਆਗੂ (ਗੁਰਪਤਵੰਤ ਸਿੰਘ ਪਨੂੰ) ਦੀ ਹੱਤਿਆ ਦੀ ਸਾਜ਼ਿਸ਼ 'ਚ ਭਾਰਤੀ ਅਧਿਕਾਰੀ ਦੀ ਸ਼ਮੂਲੀਅਤ ਦੇ ਦੋਸ਼ਾਂ ਦੀ ਜਾਂਚ ਲਈ ਗਠਿਤ ਭਾਰਤੀ ਜਾਂਚ ਕਮੇਟੀ ਦੇ ਦੇਸ਼ ਦੇ ਦੌਰੇ ਦੌਰਾਨ ਹੋਈ ਮੀਟਿੰਗ ਨੂੰ ਸਾਰਥਕ ਦੱਸਦੇ ਹੋਏ ਕਿਹਾ ਹੈ ਕਿ ਭਾਰਤ ਨੇ ਉਨ੍ਹਾਂ ਨੂੰ ਦੱਸਿਆ ਹੈ ਕਿ ਨਿਆਂ ਵਿਭਾਗ ਦੇ ਮੁਕੱਦਮੇ 'ਚ ਨਾਮਜ਼ਦ ਵਿਅਕਤੀ ਹੁਣ ਭਾਰਤ ਸਰਕਾਰ ਦਾ ਮੁਲਾਜ਼ਮ ਨਹੀਂ ਹੈ। ਅਮਰੀਕਾ ਨੇ ਕਿਹਾ ਕਿ ਉਹ ਭਾਰਤ ਵੱਲੋਂ ਮਿਲੇ ਸਹਿਯੋਗ ਤੋਂ ਸੰਤੁਸ਼ਟ ਹੈ। ਵਿਦੇਸ਼ ਮੰਤਰਾਲੇ ਦੇ ਤਰਜਮਾਨ ਮੈਥਿਊ ਮਿਲਰ ਨੇ ਆਪਣੀ ਰੋਜ਼ਾਨਾ ਦੀ ਪ੍ਰੈੱਸ ਕਾਨਫਰੰਸ 'ਚ ਕਿਹਾ—ਅਸੀਂ ਭਾਰਤ ਵੱਲੋਂ ਮਿਲ ਰਹੇ ਸਹਿਯੋਗ ਤੋਂ ਸੰਤੁਸ਼ਟ ਹਾਂ। ਇਹ ਇਕ ਲਗਾਤਾਰ ਚੱਲਣ ਵਾਲੀ ਪ੍ਰਕਿਰਿਆ ਹੈ। ਅਸੀਂ ਇਸ 'ਤੇ ਉਨ੍ਹਾਂ ਦੇ ਨਾਲ ਕੰਮ ਕਰਨਾ ਜਾਰੀ ਰੱਖਾਂਗੇ, ਜਿਵੇਂ ਅਸੀਂ ਉਨ੍ਹਾਂ ਨੂੰ ਆਪਣੀ ਜਾਂਚ ਬਾਰੇ ਅਪਡੇਟ ਕਰਦੇ ਰਹੇ ਹਾਂ, ਉਸੇ ਤਰ੍ਹਾਂ ਅਸੀਂ ਉਨ੍ਹਾਂ ਦੀ ਜਾਂਚ ਦੇ ਸੰਦਰਭ 'ਚ ਸਾਨੂੰ ਜਾਣਕਾਰੀ ਮੁਹੱਈਆ ਕਰਵਾਉਣ ਦੀ ਵੀ ਸ਼ਲਾਘਾ ਕਰਦੇ ਹਾਂ।

## ਬਹਿਰਾਈਚ ਹਿੰਸਾ ਦੇ ਸੰਬੰਧ 'ਚ ਮੁਕਾਬਲੇ 'ਚ ਪੰਜ ਫੜੇ

**ਬਹਿਰਾਈਚ** : ਯੂ ਪੀ ਦੇ ਬਹਿਰਾਈਚ 'ਚ ਹਿੰਸਾ ਮਾਮਲੇ 'ਚ ਪੰਜ ਸ਼ੱਕੀਆਂ ਨੂੰ ਵੀਰਵਾਰ ਪੁਲਸ ਨਾਲ ਮੁਕਾਬਲੇ ਤੋਂ ਬਾਅਦ ਗ੍ਰਿਫਤਾਰ ਕਰ ਲਿਆ ਗਿਆ, ਜਿਨ੍ਹਾਂ ਵਿੱਚੋਂ ਦੋ ਨੂੰ ਗੋਲੀ ਲੱਗੀ ਹੈ। ਇਕ ਸੀਨੀਅਰ ਅਧਿਕਾਰੀ ਨੇ ਕਿਹਾ ਕਿ ਮੁਲਜ਼ਮ ਨੇਪਾਲ ਭੱਜਣ ਦੀ ਕੋਸ਼ਿਸ਼ ਕਰ ਰਹੇ ਸਨ, ਜਿਸ ਦੀ ਸਰਹੱਦ ਬਹਿਰਾਈਚ ਨਾਲ ਲੱਗਦੀ ਹੈ। ਏ ਡੀ ਜੀ ਪੀ (ਕਾਨੂੰਨ ਵਿਵਸਥਾ) ਅਮਿਤਾਭ ਯਸ਼ ਨੇ ਕਿਹਾ ਕਿ ਬਹਿਰਾਈਚ 'ਚ ਇਕ ਵਿਅਕਤੀ ਦੀ ਹੱਤਿਆ ਤੇ ਉਸ ਤੋਂ ਬਾਅਦ ਹੋਈ ਹਿੰਸਾ ਦੇ ਮਾਮਲੇ 'ਚ ਜਾਂਚ ਕਰ ਰਹੀ ਬਹਿਰਾਈਚ ਪੁਲਸ ਨੇ ਪਹਿਲਾਂ ਹੀ ਨੇਪਾਲ 'ਚ ਇਕ ਮੁਲਜ਼ਮ ਦੇ ਲਿੰਕ ਹੋਣ ਦੀ ਪੁਸ਼ਟੀ ਕਰ ਲਈ ਹੈ। ਪਿਛਲੇ ਐਤਵਾਰ ਨੂੰ ਦੁਰਗਾ ਪੂਜਾ ਵੇਲੇ ਮੂਰਤੀ ਵਿਸਰਜਨ ਜਲੂਸ ਦੌਰਾਨ ਹਿੰਸਾ 'ਚ ਗੋਲੀ ਲੱਗਣ ਕਾਰਨ 22 ਸਾਲਾ ਰਾਮ ਗੋਪਾਲ ਮਿਸ਼ਰਾ ਦੀ ਮੌਤ ਹੋ ਗਈ ਸੀ।

## ਮੋਦੀ ਦੀ ਮਾਨ ਨੂੰ ਵਧਾਈ

**ਨਵੀਂ ਦਿੱਲੀ** : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਉਨ੍ਹਾ ਦੇ ਜਨਮ ਦਿਨ 'ਤੇ ਵਧਾਈ ਦਿੱਤੀ ਅਤੇ ਉਨ੍ਹਾ ਦੀ ਲੰਮੀ ਤੇ ਸਿਹਤਮੰਦ ਜ਼ਿੰਦਗੀ ਲਈ ਕਾਮਨਾ ਕੀਤੀ ਹੈ। ਮਾਨ ਵੀਰਵਾਰ 51 ਸਾਲਾਂ ਦੇ ਹੋ ਗਏ।

## 12 ਜਵਾਨ ਜ਼ਖਮੀ

**ਸ੍ਰੀਨਗਰ** : ਜੰਮੂ-ਕਸ਼ਮੀਰ ਦੇ ਬਡਗਾਮ ਜ਼ਿਲ੍ਹੇ 'ਚ ਸੀ ਆਰ ਪੀ ਐੱਫ ਦਾ ਵਾਹਨ ਵੀਰਵਾਰ ਸੜਕ ਤੋਂ ਤਿਲਕ ਕੇ ਖੱਡ 'ਚ ਡਿੱਗਣ ਕਾਰਨ 12 ਜਵਾਨ ਜ਼ਖਮੀ ਹੋ ਗਏ। ਖੈਗਾਮ ਇਲਾਕੇ 'ਚ ਇਹ ਘਟਨਾ ਵਾਪਰੀ।

## ਅੱਜ-ਨਾਮਾ

ਚੋਣ ਪੰਚਾਇਤ ਦੀ ਸਿਰੇ ਗਈ ਲੱਗ ਭਾਵੇਂ,
ਹਲਚਲ ਅਜੇ ਵੀ ਕਹਿੰਦੇ ਆ ਹੋਈ ਜਾਂਦੀ।
ਜਿਹੜੀ ਪਾਰਟੀ ਦਾ ਗਿਆ ਈ ਹਾਰ ਆਗੂ,
ਫੈਮਿਲੀ ਉਹਦੀ ਤਾਂ ਸੁਣੀ ਹੈ ਰੋਈ ਜਾਂਦੀ।
ਜਿੱਤਣ ਵਾਲੇ ਦੇ ਉੱਪਰ ਹਨ ਦੋਸ਼ ਲੱਗਦੇ,
ਮੀਡੀਏ ਤੀਕਰ ਵੀ ਹੋਈ ਬਦਖੋਈ ਜਾਂਦੀ।
ਜਿਹੜੇ ਦਾਅ ਕਈ ਵਰਤ ਸੀ ਜਿੱਤ ਜਿੱਤੀ,
ਅੰਦਰਲੀ ਉਹਦੀ ਵੀ ਗੱਲ ਲੁਕੋਈ ਜਾਂਦੀ।
ਚੱਲਦਾ ਦੌਰ ਸ਼ਿਕਾਇਤਾਂ ਦਾ ਨਵਾਂ ਕਹਿੰਦੇ,
ਲੱਗੇ ਕੁਝ ਗੇੜੇ ਵਕੀਲਾਂ ਦੇ ਲਾਉਣ ਬੇਲੀ।
ਚੱਲਣੇ ਕੇਸ, ਵਿਕਾਸ ਨਹੀਂ ਯਾਦ ਰਹਿਣਾ,
ਉਨ੍ਹਾਂ ਨੂੰ ਜਾਊਗਾ ਕੌਣ ਸਮਝਾਉਣ ਬੇਲੀ।

-ਤੀਸ ਮਾਰ ਖਾਂ

# ਭਗਵਾਨ ਵਾਲਮੀਕਿ ਜੀ ਪੈਨੋਰਮਾ ਲੋਕਾਈ ਨੂੰ ਸਮਰਪਿਤ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀਰਵਾਰ ਨੂੰ ਭਗਵਾਨ ਸ੍ਰੀ ਵਾਲਮੀਕਿ ਤੀਰਥ ਸਥਲ (ਰਾਮ ਤੀਰਥ) ਵਿਖੇ ਸਥਿਤ ਅਤਿ-ਆਧੁਨਿਕ ਭਗਵਾਨ ਵਾਲਮੀਕਿ ਜੀ ਪੈਨੋਰਮਾ ਲੋਕਾਈ ਨੂੰ ਸਮਰਪਿਤ ਕੀਤਾ।

ਮੁੱਖ ਮੰਤਰੀ ਨੇ ਕਿਹਾ ਕਿ ਵਿਸ਼ਵ ਦਾ ਪਹਿਲਾ ਮਹਾਂਕਾਵਿ ਰਾਮਾਇਣ ਆਦਿ ਕਵੀ ਭਗਵਾਨ ਵਾਲਮੀਕਿ ਜੀ ਵੱਲੋਂ ਲਿਖਿਆ ਗਿਆ ਸੀ, ਜਿਨ੍ਹਾਂ ਆਪਣੀ ਸਿਆਣਪ ਅਤੇ ਫਲਸਫ਼ੇ ਨਾਲ ਦੁਨੀਆ ਨੂੰ ਰੌਸ਼ਨ ਕੀਤਾ। ਉਨ੍ਹਾ ਕਿਹਾ ਕਿ ਆਪਣੀ ਕਿਸਮ ਦੇ ਇਸ ਪਹਿਲੇ ਪੈਨੋਰਮਾ ਵਿੱਚ ਤਕਨਾਲੋਜੀ ਦਾ ਜਾਦੂ ਡੂੰਘੇ ਬਿਰਤਾਂਤ ਨਾਲ ਮੇਲ ਖਾਂਦਾ ਹੈ, ਜਿਸ ਨਾਲ ਸੈਲਾਨੀਆਂ ਲਈ ਇਲਾਹੀ ਮਾਹੌਲ ਪੈਦਾ ਹੁੰਦਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਪੈਨੋਰਮਾ ਸ਼ਾਨ, ਸੁਹਜ ਅਤੇ ਆਰਕੀਟੈਕਚਰ ਦਾ ਸੰਪੂਰਨ ਸੁਮੇਲ ਹੈ ਅਤੇ ਇਹ ਸੂਬਾ ਸਰਕਾਰ ਵੱਲੋਂ ਭਗਵਾਨ ਸ੍ਰੀ ਵਾਲਮੀਕਿ ਜੀ ਨੂੰ ਨਿਮਰ ਸ਼ਰਧਾਂਜਲੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਪੈਨੋਰਮਾ ਕੰਪਲੈਕਸ 9 ਏਕੜ ਰਕਬੇ ਵਿੱਚ ਬਣਾਇਆ ਗਿਆ ਹੈ ਅਤੇ ਇਸ ਦੀ ਉਸਾਰੀ 32.78 ਕਰੋੜ ਰੁਪਏ ਦੀ ਲਾਗਤ ਨਾਲ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਪੈਨੋਰਮਾ ਭਗਵਾਨ ਸ੍ਰੀ ਵਾਲਮੀਕਿ ਜੀ ਨੂੰ ਸਮਰਪਿਤ ਹੈ ਅਤੇ ਮਹਾਂਕਾਵਿ ਦੀਆਂ ਤੁਕਾਂ ਦੇ ਨਾਲ ਉਨ੍ਹਾਂ ਦੇ ਜੀਵਨ ਦੀ ਕਹਾਣੀ ਨੂੰ ਦਰਸਾਉਂਦਾ ਹੈ। ਉਨ੍ਹਾਂ ਕਿਹਾ ਕਿ ਇਹ ਆਧੁਨਿਕ ਅਜਾਇਬਘਰ ਭਗਵਾਨ ਵਾਲਮੀਕਿ ਜੀ ਦੇ ਜੀਵਨ ਅਤੇ ਯੋਗਦਾਨ ਨੂੰ ਬਿਆਨ ਕਰਨ ਲਈ ਤਕਨਾਲੋਜੀ ਦੀ ਵਰਤੋਂ ਕਰਦਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਪੈਨੋਰਮਾ ਵਿੱਚ ਕੁੱਲ 14 ਗੈਲਰੀਆਂ ਹਨ ਅਤੇ ਹਰੇਕ ਗੈਲਰੀ ਭਗਵਾਨ ਸ੍ਰੀ ਵਾਲਮੀਕਿ ਜੀ ਦੇ ਜੀਵਨ ਅਤੇ ਰਾਮਾਇਣ ਦੇ ਵਿਸ਼ੇਸ਼ ਪਹਿਲੂ ਨੂੰ ਸਮਰਪਿਤ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਇਨ੍ਹਾਂ 14 ਗੈਲਰੀਆਂ ਵਿੱਚ ਰਿਸੈਪਸ਼ਨ ਏਰੀਆ,

● ਬਾਕੀ ਸਫ਼ਾ 2 'ਤੇ


## ਪਾਠ ਦਾ ਭੋਗ ਅਤੇ ਅੰਤਿਮ ਅਰਦਾਸ



*ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ ॥*
*ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ ॥*

ਆਪ ਜੀ ਨੂੰ ਬੜੇ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਸਾਡੇ ਸਤਿਕਾਰਯੋਗ

**ਸਰਦਾਰਨੀ ਅਮਰਜੀਤ ਕੌਰ ਬਰਾੜ**

ਸੁਪਤਨੀ ਸ. ਦਰਸ਼ਨ ਸਿੰਘ ਬਰਾੜ (ਸਾਬਕਾ ਮੰਤਰੀ ਪੰਜਾਬ) ਆਪਣੀ ਸੰਸਾਰਿਕ ਯਾਤਰਾ ਪੂਰੀ ਕਰਕੇ ਮਿਤੀ 08.10.2024 ਨੂੰ ਗੁਰੂ ਚਰਨਾਂ ਵਿਚ ਜਾ ਬਿਰਾਜੇ ਹਨ। ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਅਤੇ ਅੰਤਿਮ ਅਰਦਾਸ ਮਿਤੀ 18 ਅਕਤੂਬਰ, 2024, ਦਿਨ ਸ਼ੁੱਕਰਵਾਰ ਨੂੰ ਪਿੰਡ ਖੋਟੇ, ਜ਼ਿਲ੍ਹਾ ਮੋਗਾ ਵਿਖੇ ਹੋਵੇਗੀ। ਆਪ ਜੀ ਨੂੰ ਨਿਮਰਤਾ ਸਹਿਤ ਅੰਤਿਮ ਅਰਦਾਸ ਵਿਚ ਸ਼ਾਮਿਲ ਹੋਣ ਦੀ ਬੇਨਤੀ ਕੀਤੀ ਜਾਂਦੀ ਹੈ।

ਦੁਖੀ ਹਿਰਦੇ

ਦਰਸ਼ਨ ਸਿੰਘ ਬਰਾੜ (ਸਾਬਕਾ ਮੰਤਰੀ ਪੰਜਾਬ) (ਪਤੀ)
ਗੁਰਜੰਟ ਸਿੰਘ ਬਰਾੜ (ਸਪੁੱਤਰ), ਕਮਲਜੀਤ ਸਿੰਘ ਬਰਾੜ (ਸਪੁੱਤਰ)

ਮੋ. : 91528-00001, 98150-91619, 92792-00001

## ਭਗਵਾਨ ਵਾਲਮੀਕਿ ਦੀਆਂ ਸਿੱਖਿਆਵਾਂ 'ਤੇ ਚੱਲਣਾ ਸਮੇਂ ਦੀ ਲੋੜ : ਚੀਮਾ



**ਸੰਗਰੂਰ/ਦਿੜ੍ਹਬਾ (ਪ੍ਰਵੀਨ ਸਿੰਘ)**-ਭਗਵਾਨ ਵਾਲਮੀਕਿ ਜੀ ਦੇ ਪ੍ਰਗਟ ਦਿਵਸ ਦੇ ਮੌਕੇ 'ਤੇ ਪੰਜਾਬ ਦੇ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਦਿੜ੍ਹਬਾ ਵਿਖੇ ਭਗਵਾਨ ਵਾਲਮੀਕਿ ਮੰਦਰ ਵਿਖੇ ਨਤਮਸਤਕ ਹੋਏ ਤੇ ਸਮੂਹ ਸੰਗਤਾਂ ਨੂੰ ਮੁਬਾਰਕਬਾਦ ਭੇਟ ਕੀਤੀ। ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਭਗਵਾਨ ਵਾਲਮੀਕਿ ਜੀ ਦੇ ਪ੍ਰਗਟ ਦਿਵਸ ਮੌਕੇ ਸਾਰਿਆਂ ਨੂੰ ਆਪਸੀ ਭਾਈਚਾਰੇ ਨੂੰ ਹੋਰ ਮਜਬੂਤ ਕਰਨ ਦਾ ਪ੍ਰਣ ਕਰਨਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਭਗਵਾਨ ਵਾਲਮੀਕਿ ਜੀ ਦੀਆਂ ਸਿੱਖਿਆਵਾਂ ਉੱਤੇ ਚੱਲਣਾ ਸਮੇਂ ਦੀ ਅਹਿਮ ਲੋੜ ਹੈ।ਉਨ੍ਹਾਂ ਇਹ ਵੀ ਕਿਹਾ ਕਿ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਦਕਰ ਨੇ ਸਿੱਖਿਆ ਦੇ ਅਧਿਕਾਰ ਉੱਤੇ ਜ਼ੋਰ ਦਿੱਤਾ, ਇਸ ਲਈ ਸਿੱਖਿਆ ਨੂੰ ਵੱਧ ਤੋਂ ਵੱਧ ਗ੍ਰਹਿਣ ਕਰਕੇ ਬਰਾਬਰੀ ਤੇ ਭਾਈਚਾਰਕ ਸਾਂਝ ਦਾ ਚਾਨਣ ਫੈਲਾਉਣ ਲਈ ਯਤਨਸ਼ੀਲ ਰਹਿਣਾ ਚਾਹੀਦਾ ਹੈ।

## ਸਲਮਾ ਸੁਲਤਾਨ ਪੰਚਾਇਤ ਮੈਂਬਰ ਬਣੇ



**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**-ਪਿੰਡ ਘਨੌਰੀ ਕਲਾਂ ਦੇ ਵਾਰਡ ਨੰਬਰ 8 ਤੋਂ ਆਮ ਆਦਮੀ ਪਾਰਟੀ ਦੇ ਮੀਡੀਆ ਕੋਆਰਡੀਨੇਟਰ ਅਮਨ ਖਾਂ ਘਨੌਰੀ ਦੀ ਧਰਮ ਪਤਨੀ ਸਲਮਾ ਸੁਲਤਾਨ ਮੈਂਬਰ ਪੰਚਾਇਤ ਬਣੇ ਹਨ।ਉਨ੍ਹਾਂ ਆਪਣੀ ਜਿੱਤ ਦਾ ਸਿਹਰਾ ਪਿੰਡ ਵਾਸੀਆਂ ਨੂੰ ਦਿੰਦਿਆਂ ਕਿਹਾ ਕਿ ਪਿੰਡ ਵਾਸੀਆਂ ਨੇ ਉਨ੍ਹਾਂ ਨੂੰ ਜੋ ਜ਼ਿੰਮੇਵਾਰੀ ਸੌਂਪੀ ਹੈ, ਉਸਨੂੰ ਮਿਹਨਤ, ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਣਗੇ ਤੇ ਪਿੰਡ ਵਾਸੀਆਂ ਦੀਆਂ ਮੁਸ਼ਕਲਾਂ ਨੂੰ ਪਹਿਲ ਦੇ ਅਧਾਰ 'ਤੇ ਪੂਰਾ ਕਰਾਉਣ ਲਈ ਹਰ ਸੰਭਵ ਯਤਨ ਕਰਨਗੇ।ਉਨ੍ਹਾਂ ਕਿਹਾ ਕਿ ਉਹ ਪਿੰਡ ਦੇ ਵਿਕਾਸ ਕਾਰਜਾਂ ਨੂੰ ਲੈ ਕੇ ਧੜੇਬੰਦੀ ਤੋਂ ਉੱਪਰ ਉੱਠ ਕੇ ਵਿਕਾਸ ਕਾਰਜ ਕਰਵਾਉਣਗੇ ਤੇ ਵਿਕਾਸ ਕਾਰਜਾਂ ਵਿੱਚ ਕੋਈ ਕਸਰ ਬਾਕੀ ਨਹੀਂ ਛੱਡਣਗੇ ਤੇ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਤੋਂ ਪਿੰਡ ਦੇ ਵਿਕਾਸ ਲਈ ਗ੍ਰਾਂਟਾਂ ਲੈ ਕੇ ਆਉਣਗੇ।

## ਰੁਪਿੰਦਰਜੀਤ ਕੌਰ ਸਰਪੰਚ ਬਣੇ



**ਸੁਨਾਮ (ਹਾਕਮ ਸਿੰਘ ਭੱਟੀ, ਅਸ਼ੋਕ ਬਾਂਸਲ)**-ਪਿੰਡ ਰਟੋਲਾ ਤੋਂ ਰੁਪਿੰਦਰਜੀਤ ਕੌਰ ਪਤਨੀ ਗੁਰਸੇਵਕ ਸਿੰਘ ਨੇ ਸਰਪੰਚੀ 'ਚ ਸ਼ਾਨਦਾਰ ਜਿੱਤ ਹਾਸਲ ਕੀਤੀ। ਉਨ੍ਹਾਂ ਕਿਹਾ ਕਿ ਅਸੀਂ ਜੋ ਪਿੰਡ ਨਾਲ ਵਾਅਦੇ ਕੀਤੇ ਹਨ, ਉਹ ਪੂਰੇ ਕਰਾਂਗੇ। ਵਿਦਿਆ ਹਰ ਇਕ ਬੱਚੇ ਨੂੰ ਪੜ੍ਹਾਈ ਜਾਵੇ ਤੇ ਨਸ਼ੇ ਨੂੰ ਪਿੰਡ ਵਿੱਚੋਂ ਦੂਰ ਰੱਖਣ ਦੀ ਕੋਸ਼ਿਸ਼ ਕੀਤੀ ਜਾਵੇਗੀ ਤਾਂ ਜੁ ਸਾਡੀ ਪੀੜ੍ਹੀ ਨਸ਼ਾ ਰਹਿਤ ਹੋਵੇ।

## ਬੀ ਪੀ ਤੇ ਸ਼ੂਗਰ ਦਾ ਮੁਫਤ ਜਾਂਚ ਕੈਂਪ ਲਾਇਆ



**ਜਲਾਲਾਬਾਦ (ਜੀਤ ਕੁਮਾਰ)**-ਸਿਟੀਜ਼ਨ ਵੈਲਫੇਅਰ ਕੌਂਸਲ (ਰਜਿ.) ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਪ੍ਰਧਾਨ ਸਤੀਸ਼ ਕੁਮਾਰ ਚਰਾਇਆ ਦੀ ਪ੍ਰਧਾਨਗੀ ਹੇਠ ਬੀ.ਪੀ. ਤੇ ਸ਼ੂਗਰ ਜਾਂਚ ਲਈ ਮੁਫ਼ਤ ਕੈਂਪ ਸ਼ਹੀਦ ਊਧਮ ਸਿੰਘ ਪਾਰਕ ਵਿਖੇ ਲਾਇਆ ਗਿਆ। ਕੈਂਪ ਵਿੱਚ ਮੁੱਖ ਮਹਿਮਾਨ ਵਜੋਂ ਮਾਰਕਿਟ ਕਮੇਟੀ ਜਲਾਲਾਬਾਦ ਦੇ ਚੇਅਰਮੈਨ ਦੇਵ ਰਾਜ ਸ਼ਰਮਾ ਪੁੱਜੇ। ਕੈਂਪ ਵਿੱਚ ਡਾ. ਸਤਪਾਲ ਕੰਬੋਜ ਤੇ ਗੁਰਪ੍ਰੀਤ ਪੁਰੀ ਨੇ ਕਰੀਬ 200 ਮਰੀਜ਼ਾਂ ਦੇ ਬੀ.ਪੀ. ਦੀ ਜਾਂਚ ਕੀਤੀ ਗਈ ਤੇ ਡਾ. ਮੋਹਿਤ ਦੁੱਗਰ ਨੇ 150 ਲੋਕਾਂ ਦੀ ਸ਼ੂਗਰ ਚੈੱਕ ਕੀਤੀ ਗਈ। ਕੌਂਸਲ ਦੇ ਮੈਂਬਰਾਂ ਨੇ ਇਸ ਕੈਂਪ ਨੂੰ ਸਫ਼ਲ ਬਣਾਉਣ ਲਈ ਹਰ ਪੱਖੋਂ ਯੋਗਦਾਨ ਪਾਇਆ। ਕੈਂਪ ਦੇ ਮੁੱਖ ਮਹਿਮਾਨ ਦੇਵ ਰਾਜ ਸ਼ਰਮਾ ਨੇ ਆਪਣੀ ਨੇਕ ਕਮਾਈ ਵਿਚੋਂ ਯੋਗਦਾਨ ਪਾਇਆ ਤੇ ਡਾਕਟਰਾਂ ਅਤੇ ਮੁੱਖ ਮਹਿਮਾਨ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਤ ਕੀਤਾ ਗਿਆ।

## ਬੌਬੀ ਸਿੰਗਲਾ ਦਾ ਮਹਿਰਾਜ ਜਾਗਰਣ 'ਚ ਸਨਮਾਨ



**ਬਠਿੰਡਾ (ਰਾਜੀਵ ਗੋਇਲ)**-ਲੋਹ ਟਿੱਲਾ ਬਾਬਾ ਰੂਪ ਰਾਮ ਪ੍ਰਬੰਧਕ ਕਮੇਟੀ (ਪ੍ਰਾਚੀਨ ਜੈ ਦੁਰਗਾ ਸ਼ਕਤੀ ਮੰਦਰ) ਮਹਿਰਾਜ਼ ਵਿਖੇ ਕਮੇਟੀ ਤੇ ਇਲਾਕੇ ਦੇ ਸਹਿਯੋਗ ਵੱਲੋਂ ਕਰਵਾਏ ਗਏ ਮਹਾਂਮਾਈ ਦੇ ਜਾਗਰਣ ਵਿੱਚ ਕਸਬਾ ਭਗਤਾ ਭਾਈ ਕਾ ਸ਼ਹਿਰ ਦੇ ਉੱਘੇ ਸਮਾਜਸੇਵੀ ਬਬਲੇਸ਼ ਕੁਮਾਰ ਬੌਬੀ ਸਿੰਗਲਾ ਦਾ ਮੰਦਰ ਕਮੇਟੀ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਮਾਤਾ ਰਾਣੀ ਦਾ ਭੰਡਾਰਾ ਅਤੁੱਟ ਵਰਤਾਇਆ ਗਿਆ। ਸੰਗਤਾਂ ਵੱਲੋਂ ਵੱਡੀ ਗਿਣਤੀ ਵਿੱਚ ਹਾਜ਼ਰੀ ਭਰੀ ਗਈ। ਜਾਣਕਾਰੀ ਦਿੰਦਿਆਂ ਕਮੇਟੀ ਪ੍ਰਧਾਨ ਮੁਨੀਸ਼ ਬਾਂਸਲ ਨੇ ਦੱਸਿਆ ਕਿ ਕ੍ਰਿਸ਼ਨਾ ਜਾਗਰਣ ਮੰਡਲੀ ਵੱਲੋਂ ਮਾਤਾ ਦੀਆਂ ਭੇਟਾਂ ਦਾ ਗੁਣਗਾਨ ਕੀਤਾ ਗਿਆ ਤੇ ਯਸ਼ ਢੀਂਗਰਾ ਦੀਆਂ ਝਲਕੀਆਂ ਨੇ ਸਭਨਾਂ ਦਾ ਮਨ ਮੋਹ ਲਿਆ। ਇਸ ਮੌਕੇ ਰਾਮਪੁਰਾ ਸ਼ਹਿਰ ਦੇ ਮਸ਼ਹੂਰ ਜਸਕਰਨ ਬਾਂਸਲ ਉਰਫ ਜੱਸੀ ਬਾਬਾ ਵਿਸ਼ੇਸ਼ ਤੌਰ 'ਤੇ ਪਹੁੰਚੇ ਹੋਏ ਸਨ, ਜਿਨ੍ਹਾਂ ਵੱਲੋਂ ਮਹਾਂਮਾਈ ਦੀ ਜੋਤੀ ਪ੍ਰਚੰਡ ਦੀ ਰਸਮ ਅਦਾ ਕੀਤੀ ਗਈ।

## ਮੇਰੇ ਪਿੰਡ ਦਾ ਕੋਈ ਕੇਸ ਪੁਲਸ ਕੋਲ ਨਹੀਂ ਜਾਵੇਗਾ : ਸੁਰਿੰਦਰ ਕੌਰ



**ਬਠਿੰਡਾ (ਰਾਜੀਵ ਗੋਇਲ)**-'ਮੇਰੇ ਪਿੰਡ ਦਾ ਕੋਈ ਵੀ ਕੇਸ ਪੁਲਸ ਕੋਲ ਨਹੀਂ ਜਾਵੇਗਾ ਅਤੇ ਪਿੰਡ ਦੀ ਆਪਸੀ ਭਾਈਚਾਰਕ ਸਾਂਝ ਕਾਇਮ ਰੱਖੀ ਜਾਵੇਗੀ।' ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਭਗਤਾ ਬਲਾਕ ਦੇ ਪਿੰਡ ਦਿਆਲਪੁਰਾ ਮਿਰਜ਼ਾ ਤੋਂ ਨਵੇਂ ਚੁਣੇ ਗਏ ਸਰਪੰਚ ਮਾਤਾ ਸੁਰਿੰਦਰ ਕੌਰ ਵੱਲੋਂ ਇੱਕ ਵਿਸ਼ੇਸ਼ ਮਿਲਣੀ ਦਰਮਿਆਨ ਕੀਤਾ ਗਿਆ। ਉਨ੍ਹਾਂ ਕਿਹਾ ਕਿ ਮੇਰਾ ਸੁਪਨਾ ਹੈ ਕਿ ਪਿੰਡ ਵਿੱਚ ਲੜਕੀਆਂ ਲਈ ਸਿਲਾਈ ਸੈਂਟਰ ਖੋਲ੍ਹਿਆ ਜਾਵੇਗਾ ਤਾਂ ਕਿ ਸਾਡੇ ਪਿੰਡ ਦੀਆਂ ਧੀਆਂ ਆਤਮ ਨਿਰਭਰ ਬਣ ਸਕਣ। ਉਨ੍ਹਾਂ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਸਾਰੇ ਰਲ ਮਿਲ ਕੇ ਮਾਤਾ ਸੁਰਿੰਦਰ ਕੌਰ ਦੇ ਪਰਵਾਰ ਦਾ ਸਾਥ ਦੇਣ ਤਾਂ ਕਿ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਪਿੰਡ ਦੇ ਵਿਕਾਸ ਕਾਰਜਾਂ ਨੂੰ ਤਰਜੀਹ ਦਿੱਤੀ ਜਾ ਸਕੇ। ਇਸ ਮੌਕੇ ਉਨ੍ਹਾਂ ਦੇ ਸਪੁੱਤਰ ਗੁਰਸੇਵਕ ਸਿੰਘ ਸੋਨੀ, ਸੀਨੀਅਰ ਕਾਂਗਰਸੀ ਆਂਗੂ ਤੀਰਥ ਸਿੱਧੂ, ਯੂਥ ਆਗੂ ਸਿਮਰਜੀਤ ਸਿੰਘ ਸਮੇਤ ਪਿੰਡ ਦੇ ਹੋਰ ਵੀ ਮੋਹਤਵਰ ਲੋਕ ਸ਼ਾਮਲ ਸਨ।

## ਸੰਦੀਪ ਸਿੰਘ ਬਣੇ ਬੰਮਣਾ ਦੇ ਸਰਪੰਚ



**ਸਮਾਣਾ (ਇਕਬਾਲ ਸਿੰਘ ਬੱਲ)**-ਪੰਜਾਬ ਵਿੱਚ ਹੋਈਆਂ ਪੰਚਾਇਤੀ ਚੋਣਾਂ ਦੌਰਾਨ ਬਲਾਕ ਸਮਾਣਾ ਦੀਆਂ ਪੰਚਾਇਤੀ ਚੋਣਾਂ ਸ਼ਾਂਤੀਪੂਰਵਕ ਨੇਪਰੇ ਚੜ੍ਹੀਆਂ।ਸਮਾਣਾ ਬਲਾਕ ਦੇ ਪਿੰਡ ਬੰਮਣਾ ਦੇ ਸੰਦੀਪ ਸਿੰਘ ਆਪਣੇ ਵਿਰੋਧੀ ਉਮੀਦਵਾਰ ਨੂੰ ਵੱਡੇ ਫਰਕ ਨਾਲ ਹਰਾ ਕੇ ਸਰਪੰਚ ਦੀ ਚੋਣ ਜਿੱਤ ਗਏ। ਸੰਦੀਪ ਸਿੰਘ ਦੇ ਸਰਪੰਚ ਬਣਨ ਨਾਲ ਪਿੰਡ ਵਾਸੀਆਂ ਵਿੱਚ ਖੁਸ਼ੀ ਦੀ ਲਹਿਰ ਹੈ।ਨਵੇਂ ਬਣੇ ਸਰਪੰਚ ਸੰਦੀਪ ਸਿੰਘ ਨੇ ਪ੍ਰਮਾਤਮਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਜਿੱਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਆਸ਼ੀਰਵਾਦ ਸਦਕਾ ਹੋਈ ਹੈ, ਇਸ ਲਈ ਉਹ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ਼ੁਕਰਗੁਜ਼ਾਰ ਹਨ।ਉਨ੍ਹਾਂ ਕਿਹਾ ਕਿ ਉਹ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਤੇ ਪਿੰਡ ਵਾਸੀਆਂ ਦਾ ਵੀ ਦਿਲੋਂ ਧੰਨਵਾਦ ਕਰਦੇ ਹਨ, ਜਿਨ੍ਹਾਂ ਨੇ ਇੱਕ ਇੱਕ ਵੋਟ ਪਾ ਕੇ ਉਸ ਨੂੰ ਵੱਡੇ ਫਰਕ ਨਾਲ ਜਤਾਇਆ ਹੈ। ਉਨ੍ਹਾਂ ਕਿਹਾ ਕਿ ਉਹ ਪਿੰਡ ਦੇ ਸਾਂਝੇ ਕੰਮਾਂ ਨੂੰ ਬਿਨਾਂ ਕਿਸੇ ਵਿਤਕਰੇ ਤੇ ਬਿਨਾਂ ਕਿਸੇ ਪੱਖ-ਪਾਤ ਤੋਂ ਕਰਨਗੇ ਅਤੇ ਪਿੰਡ ਵਾਸੀਆਂ ਦੇ ਦੁੱਖ-ਸੁੱਖ ਵਿੱਚ ਸ਼ਰੀਕ ਹੋਣਗੇ। ਪਿੰਡ ਦੇ ਅਧੂਰੇ ਰਹਿੰਦੇ ਵਿਕਾਸ ਕਾਰਜਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਾਉਣ ਦੀ ਕੋਸ਼ਿਸ਼ ਕਰਨਗੇ।



ਪਟਿਆਲਾ ਜ਼ਿਲ੍ਹੇ ਦੇ ਪਿੰਡ ਹੱਸਨਪੁਰ ਕੰਬੋਆ ਵਿਖੇ ਨਵੇਂ ਚੁਣੇ ਗਏ ਸਰਪੰਚ ਜਸਵੀਰ ਸਿੰਘ ਜੱਸੀ ਨੂੰ ਸਨਮਾਨਿਤ ਕਰਦੇ ਪਿੰਡ ਵਾਸੀ। (ਫੋਟੋ ਤੇ ਵੇਰਵਾ : ਰਾਜਿੰਦਰ ਥਿੰਦ, ਪਟਿਆਲਾ)

## ਸਰਪੰਚ, ਪੰਚ, ਨੰਬਰਦਾਰ ਤੇ ਸਰਕਾਰੀ ਕਰਮਚਾਰੀ ਖਿਲਾਫ ਪਰਾਲੀ ਨੂੰ ਅੱਗ ਲਗਾਉਣ 'ਤੇ ਹੋਵੇਗੀ ਕਾਨੂੰਨੀ ਕਾਰਵਾਈ : ਡੀ ਸੀ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਝੋਨੇ ਦੀ ਕਟਾਈ ਦਾ ਸੀਜ਼ਨ ਚੱਲ ਰਿਹਾ ਹੈ ਤੇ ਪਿਛਲੇ ਸਮਿਆਂ ਵਿੱਚ ਕਿਸਾਨਾਂ ਵੱਲੋਂ ਅਕਸਰ ਹੀ ਆਪਣੀ ਫਸਲ ਦੀ ਰਹਿੰਦ-ਖੂੰਹਦ ਨੂੰ ਅੱਗ ਲਗਾ ਦਿੱਤੀ ਜਾਂਦੀ ਹੈ, ਜਿਸ ਨਾਲ ਵਾਤਾਵਰਣ ਤੇ ਆਮ ਜਨ-ਜੀਵਨ ਕਾਫ਼ੀ ਪ੍ਰਭਾਵਿਤ ਹੁੰਦਾ ਹੈ।ਇਸ ਸਬੰਧੀ ਸਰਕਾਰ ਤੇ ਨੈਸ਼ਨਲ ਗ੍ਰੀਨ ਟ੍ਰਿਬਿਊਨਲ ਵੱਲੋਂ ਸਖ਼ਤ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ ਕਿ ਖੇਤਾਂ ਵਿੱਚ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾਈ ਜਾਵੇ।ਪੰਜਾਬ ਰਾਜ ਵਿੱਚ ਝੋਨੇ ਦੀ ਪਰਾਲੀ ਨੂੰ ਸਾਂਭ-ਸੰਭਾਲ ਲਈ ਰਾਜ ਸਰਕਾਰ ਵੱਲੋਂ ਯੋਗ ਉਪਰਾਲੇ ਕੀਤੇ ਜਾ ਰਹੇ ਹਨ ਤੇ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਸਬੰਧੀ ਜਾਗਰੂਕ ਕੀਤਾ ਜਾ ਰਿਹਾ ਹੈ।ਇਸ ਤਹਿਤ ਰਾਜੇਸ਼ ਤ੍ਰਿਪਾਠੀ ਡਿਪਟੀ ਕਮਿਸ਼ਨਰ ਸ੍ਰੀ ਮੁਕਤਸਰ ਸਾਹਿਬ ਵੱਲੋਂ ਪਿੰਡਾਂ ਦੀਆਂ ਪੰਚਾਇਤਾਂ ਵਿੱਚ ਚੁਣੇ ਹੋਏ ਨੁਮਾਇੰਦਿਆਂ ਸਰਪੰਚ, ਪੰਚ ਸਮੇਤ ਨੰਬਰਦਾਰ ਤੇ ਸਰਕਾਰੀ ਕਰਮਚਾਰੀਆਂ ਨੂੰ ਹਦਾਇਤਾਂ ਜਾਰੀ ਕੀਤੀਆਂ ਹਨ ਕਿ ਉਹ ਇੱਕ ਜ਼ਿੰਮੇਵਾਰ ਨਾਗਰਿਕ ਹੋਣ ਦੇ ਨਾਤੇ ਸਮਾਜ ਵਿੱਚ ਇਹ ਸੁਨੇਹਾ ਦੇਣ ਕਿ ਪਰਾਲੀ ਨੂੰ ਅੱਗ ਨਾ ਲਗਾਈ ਜਾਵੇ ਤੇ ਪਰਾਲੀ ਦੀ ਸਾਂਭ-ਸੰਭਾਲ ਵਾਤਾਵਰਣ ਨੂੰ ਮੁੱਖ ਰੱਖਦੇ ਹੋਏ ਸੁਚੱਜੇ ਢੰਗ ਨਾਲ ਕੀਤੀ ਜਾਵੇ।ਚੁਣੇ ਹੋਏ ਨੁਮਾਇੰਦਿਆਂ ਤੇ ਸਰਕਾਰੀ ਕਰਮਚਾਰੀਆਂ ਵੱਲੋਂ ਇਹ ਯਕੀਨੀ ਬਣਾਇਆ ਜਾਵੇ ਕਿ ਉਹ ਆਪਣੀ ਮਾਲਕੀ ਵਾਲੇ ਖੇਤਾਂ ਵਿੱਚ ਪਰਾਲੀ ਨੂੰ ਅੱਗ ਨਾ ਲਗਾਉਣ।ਜੇਕਰ ਉਨ੍ਹਾਂ ਦੁਆਰਾ ਪਰਾਲੀ ਨੂੰ ਅੱਗ ਲਗਾਈ ਜਾਂਦੀ ਹੈ ਤਾਂ ਉਲੰਘਣਾ ਕਰਨ ਵਾਲਿਆਂ ਖਿਲਾਫ਼ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

# ਠੇਕਾ ਤੇ ਆਊਟਸੋਰਸ ਕਰਮਚਾਰੀਆਂ ਵੱਲੋਂ ਸੰਘਰਸ਼ ਦਾ ਐਲਾਨ

**ਧੂਰੀ (ਸੁਖਦੇਵ ਧੂਰੀ)**-ਪੰਜਾਬ ਵਾਟਰ ਵਰਕਸ ਤੇ ਸੀਵਰੇਜ ਬੋਰਡ ਸੰਘਰਸ਼ ਕਮੇਟੀ ਜ਼ਿਲ੍ਹਾ ਸੰਗਰੂਰ ਦੇ ਪ੍ਰਧਾਨ ਗੁਰਜੰਟ ਸਿੰਘ ਬੁਗਰਾ ਦੀ ਅਗਵਾਈ ਵਿੱਚ ਠੇਕਾ ਤੇ ਆਊਟਸੋਰਸ ਕਰਮਚਾਰੀਆਂ ਦੀਆਂ ਮੰਗਾਂ ਨੂੰ ਲੈ ਕੇ ਸਮੂਹ ਕਰਮਚਾਰੀ, ਸੰਗਰੂਰ, ਧੂਰੀ, ਮੂਨਕ ਲਹਿਰਾਗਾਗਾ, ਦਿੜ੍ਹਬਾ, ਚੀਮਾਂ, ਲੌਂਗੋਵਾਲ ਖਨੌਰੀ ਆਦਿ ਥਾਵਾਂ 'ਤੇ ਡਿਸਪੋਜ਼ਲ ਟਰੀਟਮੈਂਟ ਪਲਾਂਟ ਬੰਦ ਕਰਕੇ ਸੰਘਰਸ਼ 'ਤੇ ਚਲੇ ਗਏ ਹਨ। ਆਗੂਆਂ ਨੇ ਕਿਹਾ ਕਿ 19 ਸਤੰਬਰ ਨੂੰ ਨਿਗਰਾਨ ਇੰਜੀਨੀਅਰ ਹਲਕਾ ਪਟਿਆਲਾ, ਕਾਰਜਕਾਰੀ ਇੰਜੀਨੀਅਰ ਸੰਗਰੂਰ, ਨਿਗਰਾਨ ਇੰਜੀਨੀਅਰ ਪਟਿਆਲਾ, ਮੁੱਖ ਇੰਜੀਨੀਅਰ ਪਟਿਆਲਾ, ਉਪ ਮੰਡਲ ਇੰਜੀਨੀਅਰ ਸੰਗਰੂਰ, ਉਪ ਮੰਡਲ ਇੰਜੀਨੀਅਰ 2 ਸੰਗਰੂਰ, ਉਪ ਮੰਡਲ ਇੰਜੀਨੀਅਰ ਧੂਰੀ, ਸਮੇਤ ਕੰਪਨੀ ਦੇ ਨੁਮਾਇੰਦਿਆਂ ਨਾਲ ਮੀਟਿੰਗ ਵਿੱਚ ਮੰਗਾਂ ਸਬੰਧੀ ਫੈਸਲੇ ਕੀਤੇ ਗਏ ਸੀ।ਮੰਗਾਂ ਨੂੰ ਲਾਗੂ ਨਹੀਂ ਕੀਤਾ ਜਾ ਰਿਹਾ, ਜਿਸ ਕਰਕੇ ਮੁਲਾਜ਼ਮਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ।ਕਰਮਚਾਰੀਆਂ ਦੀ ਮਹੀਨਾ ਮਾਰਚ 2023 ਦੌਰਾਨ ਤਨਖਾਹ ਵਿੱਚੋਂ 3000 ਰੁਪਏ ਕੀਤੀ ਗਈ ਕਟੌਤੀ ਵਾਪਸ ਨਹੀਂ ਕੀਤੀ ਜਾ ਰਹੀ।ਸਾਲ 2019 ਤੋਂ 2021 ਤੱਕ ਵਧੀ ਤਨਖਾਹ ਦੀ ਬਕਾਇਆ ਰਾਸ਼ੀ ਜਾਰੀ ਨਹੀਂ ਕੀਤੀ ਜਾ ਰਹੀ, ਸੀਵਰਮੈਨਾਂ ਨੂੰ ਸਾਬਨ, ਤੇਲ ਤੇ ਲੋੜੀਂਦਾ ਸਾਮਾਨ ਨਹੀਂ ਦਿੱਤਾ ਜਾ ਰਿਹਾ।ਕਰਮਚਾਰੀਆਂ ਦੀ ਨਵੀਂ ਭਰਤੀ ਨਾ ਕਰਨਾ, ਕਰਮਚਾਰੀਆਂ ਨੂੰ ਬੋਨਸ ਦੀ ਅਦਾਇਗੀ ਨਹੀਂ ਕੀਤੀ ਜਾ ਰਹੀ, ਕੋਰੋਨਾ ਸਮੇਂ ਦੌਰਾਨ ਮੌਤ ਹੋ ਚੁੱਕੇ ਕਰਮਚਾਰੀਆਂ ਦੇ ਵਾਰਸਾਂ ਨੂੰ ਨੌਕਰੀ ਨਾ ਦੇਣਾ ਆਦਿ ਮੰਗਾਂ ਨੂੰ ਲਾਗੂ ਨਾ ਕਰਨਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਮੇਲਾ ਸਿੰਘ ਪੁੰਨਾਂਵਾਲ, ਇੰਦਰ ਸਿੰਘ ਚੇਅਰਮੈਨ, ਹੰਸ ਰਾਜ ਦੀਦਾਰਗੜ੍ਹ ਜਰਨਲ ਸਕੱਤਰ, ਸੰਜੀਵ ਕੁਮਾਰ, ਗੁਰਜੰਟ ਸਿੰਘ ਬੁਗਰਾ, ਹਰਬੰਸ ਸਿੰਘ, ਰਾਮ ਆਸਰਾ, ਨਿੱਕਾ ਸਿੰਘ, ਨਰੈਣ ਦੱਤ, ਅਮਰਿੰਦਰ ਸਿੰਘ ਗੋਗੀ ਆਦਿ ਆਗੂਆਂ ਨੇ ਸੰਬੋਧਨ ਕੀਤਾ।



## ਜਥੇਦਾਰ ਮਨਜੀਤ ਸਿੰਘ ਧੁੰਨਾ ਨੂੰ ਸਦਮਾ



**ਬਠਿੰਡਾ (ਰਾਜੀਵ ਗੋਇਲ)**-ਸਾਬਕਾ ਮੰਤਰੀ ਸਿਕੰਦਰ ਸਿੰਘ ਮਲੂਕਾ ਦੇ ਨੇੜਲੇ ਜਥੇਦਾਰ ਮਨਜੀਤ ਸਿੰਘ ਧੁੰਨਾ ਨੂੰ ਉਸ ਸਮੇਂ ਗਹਿਰਾ ਸਦਮਾ ਪੁੱਜਾ, ਜਦੋਂ ਉਨ੍ਹਾਂ ਦੇ ਤਾਏ ਦੇ ਪੁੱਤ ਤਰਸੇਮ ਸਿੰਘ ਧੁੰਨਾ (62) ਵਾਸੀ ਜ਼ੀਰਾ ਦੀ ਸੰਖੇਪ ਬਿਮਾਰੀ ਦੇ ਚਲਦਿਆਂ ਮੌਤ ਹੋ ਗਈ। ਇਸ ਦੁੱਖ ਦੀ ਘੜੀ ਵਿੱਚ ਸਮੂਹ ਧੁੰਨਾ ਪਰਵਾਰ ਨਾਲ ਸਾਬਕਾ ਮੰਤਰੀ ਗੁਰਪ੍ਰੀਤ ਸਿੰਘ ਕਾਂਗੜ, ਸਾਬਕਾ ਮੰਤਰੀ ਸਿਕੰਦਰ ਸਿੰਘ ਮਲੂਕਾ, ਹਲਕਾ ਇੰਚਾਰਜ ਹਰਿੰਦਰ ਸਿੰਘ ਮਹਿਰਾਜ, ਬੂਟਾ ਸਿੰਘ ਸਿੱਧੂ ਪ੍ਰਧਾਨ ਨਗਰ ਪੰਚਾਇਤ ਭਗਤਾ, ਗਗਨਦੀਪ ਗਰੇਵਾਲ ਸਾ. ਚੇਅਰਮੈਨ ਮਾਰਕੀਟ ਕਮੇਟੀ ਭਗਤਾ, ਸੁਖਜਿੰਦਰ ਸਿੰਘ ਕੌਂਸਲਰ, ਰਾਕੇਸ਼ ਕੁਮਾਰ ਗੋਇਲ ਸਾ. ਪ੍ਰਧਾਨ ਨਗਰ ਪੰਚਾਇਤ ਭਗਤਾ, ਜਗਮੋਹਨ ਲਾਲ ਕੌਂਸਲਰ, ਹਰਦੇਵ ਸਿੰਘ ਗੋਗੀ ਬਰਾੜ, ਗਮਦੂਰ ਸਿੰਘ, ਜਗਸੀਰ ਸਿੰਘ, ਗੁਰਬਿੰਦਰ ਸਿੰਘ ਭਾਜਪਾ ਆਗੂ, ਕੁਲਵੰਤ ਸਿੰਘ ਮਲੂਕਾ ਚੇਅਰਮੈਨ ਕਲੇਰ ਇੰਟਰਨੈਸ਼ਨਲ ਪਬਲਿਕ ਸਕੂਲ, ਰਾਜਿੰਦਰ ਸਿੰਘ ਸੈਕਟਰੀ, ਅਰਜਨ ਸਿੰਘ, ਪਰਮਜੀਤ ਬਿਦਰ, ਲਖਵੀਰ ਸਿੰਘ ਲੱਖਾ ਜਨਰਲ ਸੈਕਟਰੀ ਕਿਸਾਨ ਵਿੰਗ ਕਾਂਗਰਸ, ਅਵਤਾਰ ਸਿੰਘ ਢਿਪਾਲੀ ਜਨਰਲ ਸੈਕਟਰੀ ਕਿਸਾਨ ਵਿੰਗ ਕਾਂਗਰਸ, ਰਣਜੀਤ ਸਿੰਘ ਦਿਆਲਪੁਰਾ ਬਲਾਕ ਪ੍ਰਧਾਨ, ਬੇਅੰਤ ਸਿੰਘ ਸਲਾਬਤਪੁਰਾ, ਗੁਰਪ੍ਰੀਤ ਸਿੰਘ ਸਲਾਬਤਪੁਰਾ, ਅਮਨਦੀਪ ਸਿੰਘ, ਕੁਲਦੀਪ ਸਿੰਘ ਕੌਂਸਲਰ ਮਲੂਕਾ, ਜਗਸੀਰ ਸਿੰਘ ਪੂੰਨੂ, ਰਾਮ ਸਿੰਘ ਜਿਊਲਰ ਸਮੇਤ ਹਲਕੇ ਦੇ ਸਮੂਹ ਸਿਆਸੀ ਤੇ ਧਾਰਮਿਕ ਆਗੂਆਂ ਵੱਲੋਂ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ।

# ਮਾਤਾ ਜਸਮੇਲ ਕੌਰ ਧਾਲੀਵਾਲ ਨਮਿਤ ਸ਼ਰਧਾਂਜਲੀ ਸਮਾਗਮ ਹੋਇਆ



**ਮੋਗਾ (ਇਕਬਾਲ ਸਿੰਘ ਖਹਿਰਾ)**

ਪੰਜਾਬ ਪੁਲਸ ਦੇ ਇੰਸਪੈਕਟਰ ਪੁਸ਼ਪਿੰਦਰ ਸਿੰਘ ਪੱਪੀ, ਵੈਟਨਰੀ ਅਫ਼ਸਰ ਡਾ. ਰਵਿੰਦਰ ਸਿੰਘ ਧਾਲੀਵਾਲ (ਭਾਣਾ) ਤੇ ਜਸਵਿੰਦਰ ਸਿੰਘ ਦੇ ਮਾਤਾ ਜਸਮੇਲ ਕੌਰ ਧਾਲੀਵਾਲ (ਧਰਮਪਤਨੀ ਅਮਰ ਸਿੰਘ ਧਾਲੀਵਾਲ) ਜੋ ਫ਼ਾਨੀ ਸੰਸਾਰ ਨੂੰ ਅਲਵਿਦਾ ਆਖ ਕੇ ਗੁਰੂ ਚਰਨਾਂ ਵਿਚ ਜਾ ਬਿਰਾਜੇ ਸਨ, ਉਨ੍ਹਾਂ ਨਮਿਤ ਅੰਤਮ ਅਰਦਾਸ ਅਤੇ ਸ਼ਰਧਾਂਜਲੀ ਸਮਾਗਮ ਗੁਰਦੁਆਰਾ ਵਿਸ਼ਵਕਰਮਾ ਭਵਨ ਸਾਹਮਣੇ ਆਈ.ਟੀ.ਆਈ ਮੋਗਾ ਵਿਖੇ ਹੋਇਆ। ਸ੍ਰੀ ਸਹਿਜ ਪਾਠ ਦੇ ਭੋਗ ਉਪਰੰਤ ਰਾਗੀ ਸਿੰਘਾਂ ਨੇ ਵੈਰਾਗਮਈ ਕੀਰਤਨ ਕੀਤਾ। ਸ਼ਰਧਾਜਲੀ ਸਮਾਗਮ ਦੌਰਾਨ ਸੰਬੋਧਨ ਕਰਦਿਆਂ ਸਾਬਕਾ ਰਾਜ ਸੂਚਨਾ ਕਮਿਸ਼ਨਰ ਨਿਧੜਕ ਸਿੰਘ ਬਰਾੜ ਨੇ ਕਿਹਾ ਕਿ ਮਾਤਾ ਜਸਮੇਲ ਕੌਰ ਇਕ ਧਾਰਮਿਕ ਪ੍ਰਵਿਰਤੀ ਦੇ ਮਾਲਕ ਸਨ, ਜਿਨ੍ਹਾਂ ਦੀ ਸੂਝ-ਬੂਝ ਨਾਲ ਪਰਿਵਾਰ ਨੇ ਤਰੱਕੀ ਦੀਆਂ ਮੰਜ਼ਿਲਾਂ ਸਰ ਕੀਤੀਆਂ ਹਨ। ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਨੇ ਕਿਹਾ ਕਿ ਮਾਤਾ ਜਸਮੇਲ ਕੌਰ ਨੇ ਆਪਣੇ ਬੱਚਿਆਂ ਨੂੰ ਉੱਚ ਕੋਟੀ ਦੀ ਸਿੱਖਿਆ ਦੇ ਕੇ ਪੈਰਾਂ ਸਿਰ ਖੜ੍ਹੇ ਹੀ ਨਹੀਂ ਕੀਤਾ, ਸਗੋਂ ਸਮਾਜ ਵਿਚ ਵਿਚਰਨ ਲਈ ਚੰਗੇ ਗੁਣ ਵੀ ਦਿੱਤੇ। ਸ਼੍ਰੋਮਣੀ ਅਕਾਲੀ ਦਲ ਹਲਕਾ ਧਰਮਕੋਟ ਦੇ ਇੰਚਾਰਜ ਬਰਜਿੰਦਰ ਸਿੰਘ ਮੱਖਣ ਬਰਾੜ ਨੇ ਪਰਿਵਾਰ ਨਾਲ ਪੁਰਾਣੀ ਨਿੱਜੀ ਨੇੜਤਾ ਦੀਆਂ ਗੱਲਾਂ ਸਾਂਝੀਆਂ ਕਰਦਿਆਂ ਕਿਹਾ ਕਿ ਪਰਿਵਾਰ ਨੇ ਆਪਣੀ ਮਿਹਨਤ ਨਾਲ ਜੋ ਮੁਕਾਮ ਉਸ ਵਿਚ ਮਾਤਾ ਜੀ ਵੱਲੋਂ ਦਿੱਤੇ ਸੰਸਕਾਰ ਅਹਿਮ ਹਨ। ਹਲਕਾ ਖੇਮਕਰਨ ਦੇ ਵਿਧਾਇਕ ਸਵਰਨ ਸਿੰਘ ਧੁੰਨ, ਸਾਬਕਾ ਵਿਧਾਇਕ ਜਗਦੀਪ ਸਿੰਘ ਨਕਈ, ਮੰਚ ਸੰਚਾਲਕ ਜਸਬੀਰ ਸਿੰਘ ਜੱਸੀ ਫਰੀਦਕੋਟ ਨੇ ਕਿਹਾ ਕਿ ਮਾਤਾ ਨੇ ਪਰਿਵਾਰ ਧਾਰਮਿਕ ਅਤੇ ਸਮਾਜਿਕ ਤੌਰ 'ਤੇ ਵਿਚਰਨ ਲਈ ਚੰਗੇ ਗੁਣਾਂ ਦੇ ਧਾਰਨੀ ਬਣਾਇਆ। ਡਾ. ਰਵਿੰਦਰ ਸਿੰਘ ਧਾਲੀਵਾਲ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ।

## ਜਨ-ਸ਼ਕਤੀ ਐਂਬੂਲੈਂਸ ਕੀਤੀ ਲੋਕ ਅਰਪਣ

**ਬਰੇਟਾ (ਰੀਤਵਾਲ)**-ਆਸਰਾ ਫਾਊਂਡੇਸ਼ਨ ਬਰੇਟਾ ਵੱਲੋਂ ਬਰੇਟਾ ਇਲਾਕੇ ਦੇ ਲੋਕਾਂ ਦੇ ਸਹਿਯਿਗ ਨਾਲ ਲੋਕਾਂ ਦੀ ਸਭ ਤੋਂ ਵੱਡੀ ਜ਼ਰੂਰਤ ਜਨ-ਸ਼ਕਤੀ ਐਂਬੂਲੈਂਸ ਇਲਾਕਾ ਨਿਵਾਸੀਆਂ ਦੀ ਹਾਜ਼ਰੀ ਵਿੱਚ ਛੋਟੀ ਬੱਚੀ ਸਾਵੀ ਤੋਂ ਉਦਘਾਟਨ ਕਰਵਾ ਕੇ ਲੋਕ-ਅਰਪਣ ਕੀਤੀ ਗਈ। ਇਸ ਮੌਕੇ ਆਸਰਾ ਫਾਊਂਡੇਸ਼ਨ ਬਰੇਟਾ ਦੇ ਪ੍ਰਧਾਨ ਡਾ. ਗਿਆਨ ਚੰਦ ਆਜਾਦ ਨੇ ਇਲਾਕੇ ਦੇ ਲੋਕਾਂ ਦੀ ਇੰਨੇ ਵੱਡੇ ਸਹਿਯੋਗ ਲਈ ਸ਼ਲਾਘਾ ਕੀਤੀ ਤੇ ਕਿਹਾ ਕਿ ਜਨ-ਸ਼ਕਤੀ ਐਂਬੂਲੈਂਸ ਨੂੰ ਤਿਆਰ ਕਰਵਾਉਣ ਲਈ ਅਜੈਬ ਸਿੰਘ ਦੀ ਅਗਵਾਈ ਵਿੱਚ ਸਾਰੇ ਮੈਂਬਰਾਂ ਨੇ ਖੂਬ ਯੋਗਦਾਨ ਪਾਇਆ।

ਉਨ੍ਹਾਂ ਨੇ ਇਸ ਮੌਕੇ ਪਹੁੰਚੇ ਸਮੂਹ ਲੋਕਾਂ ਦਾ ਧੰਨਵਾਦ ਵੀ ਕੀਤਾ ਅਤੇ ਜਾਣਕਾਰੀ ਦਿੱਤੀ ਕਿ ਜਨ-ਸ਼ਕਤੀ ਐਂਬੂਲੈਂਸ ਵਿੱਚ ਦੋ ਮਰੀਜ਼ ਇਕੱਠੇ ਲੈ ਕੇ ਜਾਣ ਦਾ ਪ੍ਰਬੰਧ ਕੀਤਾ ਹੈ ਤੇ ਸੰਸਥਾ ਵੱਲੋਂ 24 ਘੰਟੇ ਲੋਕਾਂ ਦੀ ਸੇਵਾ ਲਈ ਹਾਜ਼ਰ ਰੱਖਿਆ ਜਾਵੇਗਾ। ਇਸ ਮੌਕੇ ਇਲਾਕਾ ਨਿਵਾਸੀ ਤੇ ਬੱਚੇ ਹੱਥਾਂ ਵਿੱਚ ਤਿਰੰਗਾ ਲੈ ਕੇ ਹਾਜ਼ਰ ਸਨ।

## ਸਰਪੰਚ ਪਰਵਿੰਦਰ ਕੌਰ ਨੇ ਵੋਟਰਾਂ ਦਾ ਕੀਤਾ ਧੰਨਵਾਦ



**ਸੁਨਾਮ (ਅਸ਼ੋਕ ਬਾਂਸਲ)**-ਪਿੰਡੀ ਸਤੀਪੁਰ ਲੌਂਗੋਵਾਲ ਜਿੱਥੇ ਕੁੱਲ 536 ਵੋਟਰ ਸਨ, ਜਿਸ ਵਿੱਚ ਸਰਪੰਚੀ ਦੇ ਉਮੀਦਵਾਰ ਦੋ ਕੈਂਡੀਡੇਟ ਸਨ, ਭਾਵੇਂ ਪਿੰਡ ਵਿੱਚ ਥੋੜ੍ਹਾ ਬਹੁਤ ਵੋਟਾਂ ਨੂੰ ਲੈ ਕੇ ਵਿਵਾਦ ਚੱਲਦਾ ਰਿਹਾ, ਪਰ ਵੋਟਰਾਂ ਨੇ ਆਪਣੀ ਸੂਝਬੂਝ ਦਾ ਪੂਰਾ ਧਿਆਨ ਰੱਖਿਆ, ਜਿਸ ਵਿੱਚ ਪਰਵਿੰਦਰ ਕੌਰ ਪਤਨੀ ਰਘਵੀਰ ਸਿੰਘ ਨੇ 70 ਵੋਟਾਂ ਨਾਲ ਲੀਡ ਲੈ ਕੇ ਜਿੱਤ ਹਾਸਲ ਕੀਤੀ, ਜੋ ਇੱਕ ਬਹੁਤ ਵੱਡੀ ਲੀਡ ਮੰਨੀ ਜਾਂਦੀ ਹੈ, ਜਿੱਥੇ ਵੋਟਰਾਂ ਦਾ ਧੰਨਵਾਦ ਕੀਤਾ ਗਿਆ, ਉੱਥੇ ਸਰਪੰਚ ਪਰਵਿੰਦਰ ਕੌਰ ਨੇ ਕਿਹਾ ਕਿ ਮੈਂ ਪਿੰਡ ਦੇ ਹਰ ਇੱਕ ਕੰਮ ਨੂੰ ਬਿਨਾਂ ਕਿਸੇ ਪੱਖਵਾਦ ਤੋਂ ਵੇਖਾਂਗੀ ਤੇ ਪਹਿਲ ਦੇ ਅਧਾਰ 'ਤੇ ਕੰਮ ਜਲਦੀ ਕੀਤੇ ਜਾਣਗੇ ਤੇ ਹਰ ਇੱਕ ਵੋਟਰ ਦਾ ਪੂਰਾ ਧਿਆਨ ਰੱਖਿਆ ਜਾਵੇਗਾ। ਉਨ੍ਹਾਂ ਸਾਰੇ ਹੀ ਪਿੰਡੀ ਸਤੀਪੁਰ ਦਾ ਦਿਲ ਦੀਆਂ ਗਹਿਰਾਈਆਂ ਤੋਂ ਵੋਟਰਾਂ ਦਾ ਧੰਨਵਾਦ ਕੀਤਾ।

## ਸਰਬਜੀਤ ਸਿੰਘ ਸਰਪੰਚੀ ਦੀ ਚੋਣ ਜਿੱਤੇ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪੰਚਾਇਤੀ ਚੋਣਾਂ 'ਚ ਮਹਿਲ ਕਲਾਂ ਸੋਢੇ ਤੋਂ ਉੱਘੇ ਸਮਾਜ ਸੇਵੀ ਤੇ ਦਰਵੇਸ਼ ਸ਼ਖ਼ਸੀਅਤ ਸਰਬਜੀਤ ਸਿੰਘ ਸੰਭੂ ਖੜਕੇ ਕੇ ਸਰਪੰਚੀ ਦੀ ਚੋਣ ਜਿੱਤ ਗਏ ਹਨ।ਸਰਬਜੀਤ ਸਿੰਘ ਸ਼ੰਭੂ ਨੇ ਆਪਣੇ ਵਿਰੋਧੀ ਉਮੀਦਵਾਰ ਸੁਖਦੇਵ ਕੌਰ ਬੈਨੀਪਾਲ ਨੂੰ ਹਰਾਇਆ।ਚੋਣ ਜਿੱਤਣ ਉਪਰੰਤ ਸਰਬਜੀਤ ਸਿੰਘ ਸੰਭੂ ਨੂੰ ਉਨ੍ਹਾਂ ਦੇ ਸਮਰਥਕਾਂ ਵੱਲੋਂ ਵੱਡੇ ਕਾਫਲੇ ਦੇ ਰੂਪ 'ਚ ਘਰ ਲਿਜਾਇਆ ਗਿਆ।ਇਸ ਮੌਕੇ ਲੋਕਾਂ ਵੱਲੋਂ ਵੱਖ-ਵੱਖ ਥਾਂਵਾਂ 'ਤੇ ਸਰਬਜੀਤ ਸਿੰਘ ਸੰਭੂ ਦਾ ਹਾਰ ਪਾ ਕੇ ਸਵਾਗਤ ਕੀਤਾ ਗਿਆ।ਸਰਬਜੀਤ ਸਿੰਘ ਸੰਭੂ ਨੇ ਕਿਹਾ ਕਿ ਉਨ੍ਹਾਂ ਦਾ ਪਰਵਾਰ ਪਿਛਲੇ ਲੰਮੇ ਸਮੇਂ ਤੋਂ ਪਿੰਡ ਦੀਆਂ ਸਮੱਸਿਆਵਾਂ ਤੇ ਲੋਕਾਂ ਦੇ ਦੁੱਖ ਦਰਦ ਨੂੰ ਚੰਗੀ ਤਰ੍ਹਾਂ ਜਾਣਦਾ ਹੈ। ਹੁਣ ਪਿੰਡ ਵਾਸੀਆਂ ਵੱਲੋਂ ਉਨ੍ਹਾਂ ਦੇ ਪਰਵਾਰ ਨੂੰ ਸੇਵਾ ਦਾ ਮੌਕਾ ਦਿੱਤਾ ਹੈ।ਉਨ੍ਹਾਂ ਕਿਹਾ ਪਿੰਡ ਅੰਦਰ ਵਿਕਾਸ ਕਾਰਜਾਂ ਦੇ ਨਾਲ ਨਾਲ ਭਾਈਚਾਰਕ ਸਾਂਝ ਨੂੰ ਮਜਬੂਤ ਰੱਖਿਆ ਜਾਵੇਗਾ।ਉਨ੍ਹਾਂ ਇਸ ਜਿੱਤ ਲਈ ਪਿੰਡ ਵਾਸੀਆਂ ਤੇ ਨੌਜਵਾਨਾਂ ਦਾ ਧੰਨਵਾਦ ਕੀਤਾ।ਬੀਬੀ ਕੁਲਦੀਪ ਕੌਰ ਵਾਰਡ ਨੰਬਰ 6 ਤੋਂ ਪੰਚੀ ਦੀ ਚੋਣ ਜਿੱਤ ਗਏ ਹਨ।

## ਵਿਆਹੁਤਾ ਨੂੰ ਕੁੱਟਮਾਰ ਕਰਕੇ ਘਰੋਂ ਕੱਢਿਆ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਵੋਮੈਨ ਫਿਰੋਜ਼ਪੁਰ ਪੁਲਸ ਨੇ ਇੱਕ ਵਿਆਹੁਤਾ ਦੀ ਸ਼ਿਕਾਇਤ 'ਤੇ ਉਸ ਦੇ ਸਹੁਰੇ ਪਰਵਾਰ ਦੇ ਚਾਰ ਮੈਂਬਰਾਂ ਖਿਲਾਫ 498-ਏ ਤੇ 406 ਆਈਪੀਸੀ ਤਹਿਤ ਮਾਮਲਾ ਦਰਜ ਕੀਤਾ ਹੈ।

ਸਹਾਇਕ ਥਾਣੇਦਾਰ ਬਲਵੀਰ ਸਿੰਘ ਨੇ ਦੱਸਿਆ ਕਿ ਸੰਦੀਪ ਕੌਰ ਨੇ ਦਰਖਾਸਤ ਯੂਆਈਡੀ ਨੰਬਰ 440982 ਰਾਹੀਂ ਸ਼ਿਕਾਇਤ ਕੀਤੀ ਕਿ ਉਸ ਦਾ ਵਿਆਹ ਰਣਜੀਤ ਸਿੰਘ ਨਾਲ 3 ਜੂਨ 2020 ਨੂੰ ਹੋਇਆ ਸੀ, ਜਿੱਥੇ ਉਸ ਦੇ ਮਾਤਾ-ਪਿਤਾ ਨੇ ਆਪਣੀ ਹੈਸੀਅਤ ਤੋਂ ਵੱਧ ਦਾਜ ਦਿੱਤਾ ਸੀ, ਪਰ ਦੋਸ਼ੀ ਰਣਜੀਤ ਸਿੰਘ, ਸੱਸ ਮਲਕੀਤ ਕੌਰ, ਕਰਮਜੀਤ ਸਿੰਘ ਤੇ ਬਲਜਿੰਦਰ ਕੌਰ ਨੇ ਉਸ ਤੋਂ ਹੋਰ ਦਾਜ ਦੀ ਮੰਗ ਕੀਤੀ ਅਤੇ ਉਸ ਨੂੰ ਤੰਗ-ਪ੍ਰੇਸ਼ਾਨ ਕਰਕੇ ਘਰੋਂ ਕੱਢ ਦਿੱਤਾ।ਪੁਲਸ ਨੇ ਇਸ ਸਬੰਧੀ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ।

## ਝਾੜ ਸਾਹਿਬ ਕਾਲਜ 'ਚ ਭੋਜਨ ਜਾਗਰੂਕਤਾ ਦਿਵਸ ਮਨਾਇਆ



**ਸਮਰਾਲਾ (ਸੁਰਜੀਤ ਸਿੰਘ)**-ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵਿਮੈਨ ਝਾੜ ਸਾਹਿਬ ਲੁਧਿਆਣਾ ਦੇ ਹੋਮ ਸਾਇੰਸ ਵਿਭਾਗ ਵੱਲੋਂ ਭੋਜਨ ਜਾਗਰੂਕਤਾ ਦਿਵਸ ਮਨਾਇਆ ਗਿਆ, ਜਿਸ ਤਹਿਤ ਵਿਦਿਆਰਥਣਾਂ ਵੱਲੋਂ ਪੋਸਟਰ ਬਣਾ ਕੇ ਭੋਜਨ ਸਬੰਧੀ ਜਾਗਰੂਕ ਕੀਤਾ ਗਿਆ।ਹੋਮ ਸਾਇੰਸ ਵਿਭਾਗ ਦੇ ਮੁਖੀ ਡਾ. ਰਣਜੀਤ ਕੌਰ ਨੇ ਵਿਦਿਆਰਥਣਾਂ ਨੂੰ ਸੰਬੋਧਤ ਹੁੰਦੇ ਹੋਏ ਕਿਹਾ ਕਿ ਜੇਕਰ ਪਰਵਾਰ ਵਿੱਚ ਔਰਤ ਸਿਹਤ ਤੇ ਭੋਜਨ ਸਬੰਧੀ ਜਾਗਰੂਕ ਹੋਵੇਗੀ ਤਾਂ ਹੀ ਪਰਵਾਰ ਦਾ ਸਹੀ ਪਾਲਣ ਪੋਸ਼ਣ ਕਰ ਸਕੇਗੀ।ਕਾਲਜ ਪ੍ਰਿੰਸੀਪਲ ਡਾਕਟਰ ਰਜਿੰਦਰ ਕੌਰ ਨੇ ਵਿਦਿਆਰਥਣਾਂ ਨੂੰ ਵਰਲਡ ਫੂਡ ਮੌਕੇ ਸੰਬੋਧਤ ਕਰਦੇ ਹੋਏ ਭੋਜਨ ਦੇ ਮਹੱਤਵ ਬਾਰੇ, ਭੋਜਨ ਦੀ ਪੌਸ਼ਟਿਕਤਾ ਬਾਰੇ ਜਾਗਰੂਕ ਕੀਤਾ।ਇਸ ਮੌਕੇ ਵਿਦਿਆਰਥਣਾਂ ਨੂੰ ਔਰਤ ਦੀ ਸਿਹਤ ਲਈ ਫਾਇਦੇਮੰਦ ਖਾਣਯੋਗ ਪਦਾਰਥਾਂ ਬਾਰੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਅਜੋਕੇ ਸਮੇਂ ਵਿੱਚ ਪ੍ਰਚਲਤ ਜੰਕ ਫੂਡ ਸਿਹਤ ਤੇ ਹਾਨੀਕਾਰਕ ਪ੍ਰਭਾਵ ਪਾਉਂਦਾ ਹੈ।ਇਸ ਦੀ ਥਾਂ ਕੁਦਰਤੀ ਖਾਣਯੋਗ ਪਦਾਰਥਾਂ ਨੂੰ ਆਪਣੇ ਭੋਜਨ ਵਿੱਚ ਸ਼ਾਮਲ ਕਰਨਾ ਚਾਹੀਦਾ ਹੈ।

## ਬਲਾਇੰਡ ਵਿਅਕਤੀ ਕੋਲੋਂ ਲੁੱਟਿਆ ਸਾਮਾਨ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਫਿਰੋਜ਼ਪੁਰ ਸ਼ਹਿਰ ਵਿੱਚ ਇੱਕ ਬਲਾਇੰਡ ਵਿਅਕਤੀ ਦੇ ਨਾਲ ਲੁੱਟ-ਖਸੁੱਟ ਦਾ ਮਾਮਲਾ ਸਾਹਮਣੇ ਆਇਆ ਹੈ।ਥਾਣਾ ਕੈਂਟ ਫਿਰੋਜ਼ਪੁਰ ਪੁਲਸ ਨੇ ਇਸ ਸੰਬੰਧੀ ਇੱਕ ਅਣਪਛਾਤੇ ਆਟੋ ਚਾਲਕ ਖਿਲਾਫ ਧਾਰਾ ਮਾਮਲਾ ਦਰਜ ਕੀਤਾ ਹੈ।ਕਰਨਵੀਰ ਸਿੰਘ, ਜੋ ਅੰਧ ਵਿਦਿਆਲਿਆ ਮਖੂ ਗੇਟ ਸਿਟੀ ਫਿਰੋਜ਼ਪੁਰ ਦੇ ਵਾਸੀ ਨੇ ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਦੱਸਿਆ ਕਿ 13 ਅਕਤੂਬਰ 2024 ਨੂੰ ਰਾਤ ਦੇ ਸਮੇਂ ਉਹ ਬੱਸ ਸਟੈਂਡ ਤੋਂ ਆਪਣੇ ਘਰ ਵੱਲ ਆਟੋ ਰਿਕਸ਼ੇ ਵਿੱਚ ਜਾ ਰਿਹਾ ਸੀ।ਬਲਾਇੰਡ ਹੋਣ ਕਰਕੇ, ਅਣਪਛਾਤੇ ਆਟੋ ਚਾਲਕ ਨੇ ਉਸ ਨੂੰ ਕਿਸੇ ਅਣਜਾਣ ਥਾਂ 'ਤੇ ਲਿਜਾ ਕੇ ਉਸ ਦੇ ਕੋਲੋਂ ਬੈਗ, ਮੋਬਾਇਲ ਫੋਨ ਤੇ ਹੋਰ ਕੀਮਤੀ ਸਾਮਾਨ ਲੁੱਟ ਲਿਆ।ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਰਮਨ ਕੁਮਾਰ ਨੇ ਦੱਸਿਆ ਕਿ ਕਰਨਵੀਰ ਸਿੰਘ ਦੇ ਬਿਆਨਾਂ 'ਤੇ ਮਾਮਲਾ ਦਰਜ ਕਰ ਲਿਆ ਹੈ।

## ਮਿੱਠੂ ਸਿੰਘ ਬਰਾੜ ਦੇ ਦੇਹਾਂਤ 'ਤੇ ਦੁੱਖ ਪ੍ਰਗਟ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਪਿੰਡ ਖੋਖਰ ਵਾਸੀ ਮਿੱਠੂ ਸਿੰਘ ਬਰਾੜ (59), ਜਿਨ੍ਹਾਂ ਦਾ ਬੀਤੇ ਦਿਨੀਂ ਦਿਹਾਂਤ ਹੋ ਗਿਆ ਸੀ।ਉਨ੍ਹਾਂ ਦੇ ਦਿਹਾਂਤ 'ਤੇ ਮ੍ਰਿਤਕ ਦੇ ਪਰਵਾਰ ਨਾਲ ਦੁੱਖ ਸਾਂਝਾ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਜਨਰਲ ਸਕੱਤਰ ਜਗਜੀਤ ਸਿੰਘ ਬਰਾੜ ਹਨੀ ਫੱਤਣਵਾਲਾ ਨੇ ਹਮਦਰਦੀ ਪ੍ਰਗਟ ਕੀਤੀ।ਮ੍ਰਿਤਕ ਦੇ ਬੇਟੇ ਜਗਮੀਤ ਸਿੰਘ ਨਾਲ ਅਫਸੋਸ ਪ੍ਰਗਟ ਕਰਦਿਆਂ ਹਨੀ ਫੱਤਣਵਾਲਾ ਨੇ ਕਿਹਾ ਕਿ ਮਿੱਠੂ ਸਿੰਘ ਬਰਾੜ ਇੱਕ ਬਹੁਤ ਹੀ ਵਧੀਆ ਤੇ ਮਿਲਣਸਾਰ ਵਿਅਕਤੀ ਸਨ। ਉਨ੍ਹਾਂ ਦੇ ਚਲੇ ਜਾਣ ਨਾਲ ਪਰਵਾਰ ਨੂੰ ਕਦੇ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ।ਇਸ ਮੌਕੇ ਮੋਹਣ ਸਿੰਘ, ਜਗਵੀਰ ਸਿੰਘ, ਇਕਬਾਲ ਸਿੰਘ ਸੰਗੂਧੌਣ, ਗੁਰਮੀਤ ਸਿੰਘ ਸਾਬਕਾ ਜ਼ਿਲ੍ਹਾ ਪ੍ਰੀਸ਼ਦ ਮੈਂਬਰ, ਜਗਸੀਰ ਸਿੰਘ, ਗੁਰਜੰਟ ਸਿੰਘ ਤੋਂ ਇਲਾਵਾ ਪਿੰਡ ਵਾਸੀ ਤੇ ਰਿਸ਼ਤੇਦਾਰ ਆਦਿ ਹਾਜ਼ਰ ਸਨ।

# ਸਤੌਜ 'ਚ ਮੁੱਖ ਮੰਤਰੀ ਭਗਵੰਤ ਮਾਨ ਦਾ ਜਨਮ ਦਿਨ ਮਨਾਇਆ



**ਚੀਮਾ ਮੰਡੀ (ਰਵਿੰਦਰ ਚੀਮਾ)**-ਪਿੰਡ ਸਤੌਜ ਵਿਖੇ ਮਾਤਾ ਹਰਪਾਲ ਕੌਰ ਨੇ ਮੁੱਖ ਮੰਤਰੀ ਭਗਵੰਤ ਮਾਨ ਦਾ ਜਨਮ ਦਿਨ ਜੱਦੀ ਘਰ ਵਿੱਚ ਮਨਾਇਆ। ਇਸ ਮੌਕੇ ਘਰ ਵਿੱਚ ਸੁਖਮਨੀ ਸਾਹਿਬ ਦੇ ਪਾਠ ਕਰਵਾਏ ਗਏ ਤੇ ਪ੍ਰਮਾਤਮਾ ਤੋਂ ਓਟ ਆਸਰਾ ਲਿਆ ਗਿਆ। ਇਸ ਮੌਕੇ ਕੀਰਤਨੀ ਸਿੰਘਾਂ ਨੇ ਰਸਭਿੰਨਾ ਕੀਰਤਨ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਉਸ ਤੋਂ ਬਾਅਦ ਘਰ ਵਿੱਚ ਗੁਰੂ ਕਾ ਅਤੁੱਟ ਲੰਗਰ ਵਰਤਿਆ। ਸਾਰੀਆਂ ਬਾਹਰੋਂ ਆਈਆਂ ਤੇ ਪਿੰਡ ਦੀਆਂ ਸੰਗਤਾਂ ਨੇ ਮਾਤਾ ਹਰਪਾਲ ਕੌਰ ਨੂੰ ਜਨਮ ਦਿਨ ਦੀਆਂ ਮੁਬਾਰਕਾਂ ਦਿੱਤੀਆਂ। ਇਸ ਮੌਕੇ ਮਾਤਾ ਹਰਪਾਲ ਕੌਰ ਨੇ ਸਾਰੀਆਂ ਸੰਗਤਾਂ ਦਾ ਧੰਨਵਾਦ ਕੀਤਾ। ਇਸ ਮੌਕੇ ਮੁੱਖ ਮੰਤਰੀ ਦੇ ਭੈਣ ਮਨਪ੍ਰੀਤ ਕੌਰ, ਰਾਜ ਕੌਰ, ਤਰਲੋਕ ਸਿੰਘ, ਰਵਿੰਦਰ ਬਾਂਸਲ ਚੇਅਰਮੈਨ ਮਾਡਰਨ ਕਲਜ ਬੀਰ ਕਲਾਂ, ਹਰਬੰਸ ਸਿੰਘ ਹੈਪੀ ਸਰਪੰਚ ਸਤੌਜ, ਚਰਨਾ ਸਿੰਘ ਸਾਬਕਾ ਸਰਪੰਚ, ਜਸਬੀਰ ਸਿੰਘ, ਦੀਪਾ ਸਿੰਘ ਤੇ ਸਮੁੱਚੇ ਪਿੰਡ ਵਾਸੀ ਹਾਜ਼ਰ ਸਨ।

## ਮਾਨ ਸਰਕਾਰ ਦੀ ਅਣਗਹਿਲੀ ਨੇ ਮੰਡੀਆਂ 'ਚ ਕਿਸਾਨ ਰੋਲੇ : ਡਾ. ਹਰਜੋਤ ਕਮਲ



**ਮੋਗਾ (ਇਕਬਾਲ ਸਿੰਘ ਖਹਿਰਾ)**-ਮੋਗਾ ਦੇ ਸਾਬਕਾ ਵਿਧਾਇਕ ਤੇ ਪੰਜਾਬ ਭਾਜਪਾ ਦੇ ਸੈਕਟਰੀ ਡਾ. ਹਰਜੋਤ ਕਮਲ ਨੇ ਪੰਜਾਬ ਦੀ ਮਾਨ ਸਰਕਾਰ ਨੂੰ ਕਰੜੇ ਹੱਥੀਂ ਲੈਂਦਿਆਂ ਕਿਹਾ ਕਿ ਕਿਸਾਨਾਂ ਦੀ ਹਮਦਰਦ ਕਹਾਉਣ ਵਾਲੀ ਸਰਕਾਰ ਨੇ ਹਾਲੇ ਤੱਕ ਕਿਸਾਨਾਂ ਦੀ ਮੰਡੀਆਂ ਵਿੱਚ ਪਈ ਫ਼ਸਲ ਦੀ ਸਾਰ ਨਹੀਂ ਲਈ ਹੈ, ਜਿਸ ਕਾਰਨ ਕਿਸਾਨ ਵੀਰ ਮੰਡੀਆਂ ਵਿੱਚ ਰੁਲਣ ਲਈ ਮਜਬੂਰ ਹੋ ਗਏ ਹਨ ਅਤੇ ਉਨ੍ਹਾਂ ਵਿੱਚ ਭਾਰੀ ਰੋਸ਼ ਪਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਕਿਸਾਨਾਂ ਦੀ ਫ਼ਸਲ ਦੀ ਖਰੀਦ ਹਰ ਸਾਲ ਪਹਿਲੀ ਅਕਤੂਬਰ ਨੂੰ ਸ਼ੁਰੂ ਹੋ ਜਾਂਦੀ ਹੈ ਜੋ ਕਿ ਇਸ ਵਾਰ ਖਰੀਦ ਨਾ ਹੋਣ ਕਾਰਨ ਕਿਸਾਨ ਪ੍ਰੇਸ਼ਾਨ ਹਨ ਅਤੇ ਮੰਡੀਆਂ ਵਿੱਚ ਝੋਨੇ ਦੇ ਅੰਬਾਰ ਲੱਗ ਗਏ ਹਨ। ਡਾ. ਹਰਜੋਤ ਕਮਲ ਨੇ ਕਿਹਾ ਕਿ ਬੂਹੇ ਆਈ ਜੰਞ ਵਿੰਨੋ ਕੁੜੇ ਦੇ ਕੰਨ ਵਾਲੀ ਕਹਾਵਤ ਪੰਜਾਬ ਦੀ ਆਪ ਪਾਰਟੀ ਦੀ ਸਰਕਾਰ ਤੇ ਬਿਲਕੁਲ ਢੁੱਕਦੀ ਹੈ, ਕਿਉਂਕਿ ਤਜਰਬੇ ਖੁਣੋਂ ਸੱਖਣੀ ਸਰਕਾਰ ਨੇ ਮੰਡੀਆਂ ਦੇ ਅਗਾਊਂ ਪ੍ਰਬੰਧ ਨਹੀਂ ਕੀਤੇ ਤੇ ਹੁਣ ਜਦੋਂ ਮੰਡੀਆਂ ਵਿੱਚ ਕਿਸਾਨਾਂ ਦੀ ਦਿਨ-ਰਾਤ ਇੱਕ ਕਰਕੇ ਪਾਲੀ ਫ਼ਸਲ ਆਉਣ ਲੱਗੀ ਹੈ ਤਾਂ ਸਰਕਾਰ ਹਫੜਾ-ਤਫੜੀ ਮਚਾ ਰਹੀ ਹੈ।

ਉਨ੍ਹਾਂ ਕਿਹਾ ਕਿ ਅੰਨਦਾਤਾ ਕਹਾਉਣ ਵਾਲੇ ਪੰਜਾਬ ਦੇ ਕਿਸਾਨ ਦੇ ਮਸਲਿਆਂ ਨੂੰ ਅਣਗੌਲਿਆ ਕਰਕੇ ਮਾਨ ਸਰਕਾਰ ਨੇ ਇਹ ਸਿੱਧ ਕਰ ਦਿੱਤਾ ਹੈ ਕਿ ਉਨ੍ਹਾਂ ਲਈ ਆਪਣੀ ਕੁਰਸੀ ਸਭ ਤੋਂ ਕੀਮਤੀ ਹੈ, ਕਿਸਾਨ ਚਾਹੇ ਮੰਡੀਆਂ ਵਿੱਚ ਰੁਲਣ ਉਨ੍ਹਾਂ ਨੂੰ ਕੋਈ ਫਰਕ ਨਹੀਂ ਪੈਂਦਾ। ਉਨ੍ਹਾਂ ਕਿਹਾ ਕਿ ਕਿਸਾਨਾਂ ਦੇ ਮਾਮਲਿਆਂ ਨੂੰ ਸੰਜੀਦਗੀ ਨਾਲ ਲੈਣਾ ਚਾਹੀਦਾ ਹੈ ਤੇ ਉਨ੍ਹਾਂ ਨੂੰ ਮੰਡੀਆਂ ਵਿੱਚ ਕਿਸੇ ਤਰ੍ਹਾਂ ਦੀ ਪ੍ਰੇਸ਼ਾਨੀ ਨਹੀਂ ਆਉਣੀ ਚਾਹੀਦੀ ਤਾਂ ਕਿ ਉਹ ਜਲਦ ਆਪਣੀ ਫ਼ਸਲ ਵੇਚ ਕੇ ਅਗਲੀ ਫ਼ਸਲ ਬੀਜਣ ਦੀ ਤਿਆਰੀ ਕਰ ਸਕਣ।

## ਵਾਲਮੀਕਿ ਜੈਅੰਤੀ ਮੌਕੇ ਡਾ. ਬਲਜੀਤ ਕੌਰ ਨੇ ਲਵਾਈ ਹਾਜ਼ਰੀ



**ਮਲੋਟ (ਗੁਰਮੀਤ ਸਿੰਘ ਮੱਕੜ)**-ਭਗਵਾਨ ਵਾਲਮੀਕਿ ਜੈਅੰਤੀ ਮਨਾਈ ਗਈ, ਜਿਸ ਵਿਚ ਹਲਕਾ ਮਲੋਟ ਤੋਂ ਵਿਧਾਇਕ ਅਤੇ ਕੈਬਨਿਟ ਮੰਤਰੀ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰੀ ਲਵਾਈ। ਉਨ੍ਹਾਂ ਦੇਸ਼ ਵਾਸੀਆਂ ਨੂੰ ਭਗਵਾਨ ਵਾਲਮੀਕਿ ਜੀ ਦੀ ਜੈਅੰਤੀ ਦੀ ਵਧਾਈ ਦਿੱਤੀ। ਉਨ੍ਹਾਂ ਪੰਚਾਇਤੀ ਚੋਣਾਂ ਵਿਚ ਬਲਾਕ ਮਲੋਟ ਵਿੱਚ 58 'ਚ 49 ਪਿੰਡਾਂ ਵਿਚ 'ਆਪ' ਦੀਆਂ ਪੰਚਾਇਤਾਂ ਬਣੀਆਂ ਹਨ। ਉਨ੍ਹਾਂ ਇਸ ਜਿੱਤ 'ਤੇ ਸਾਰਿਆਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਜਿਵੇਂ ਉਨ੍ਹਾਂ ਪੰਚਾਇਤੀ ਚੋਣਾਂ 'ਚ ਪਾਰਟੀ ਨੂੰ ਵਧੀਆ ਹੁੰਗਾਰਾ ਮਿਲਿਆ, ਉਸੇ ਤਰ੍ਹਾਂ ਉਮੀਦ ਹੈ ਕਿ ਇਨ੍ਹਾਂ ਜ਼ਿਮਨੀ ਚੋਣਾਂ ਵਿਚ ਵੀ ਵਧੀਆ ਹੁੰਗਾਰਾ ਰਹੇਗਾ। ਉਨ੍ਹਾਂ ਝੋਨੇ ਦੀ ਖਰੀਦ 'ਤੇ ਜਵਾਬ 'ਚ ਕਿਹਾ ਕਿ ਮੁੱਖ ਮੰਤਰੀ ਵੱਲੋਂ ਸਾਰੀਆਂ ਜਥੇਬੰਦੀਆਂ ਨਾਲ ਮੀਟਿੰਗਾਂ ਕੀਤੀਆਂ ਗਈਆਂ ਹਨ ਤੇ ਕਿਸਾਨਾਂ ਨੂੰ ਕਿਸੇ ਵੀ ਤਰ੍ਹਾਂ ਦੀ ਕੋਈ ਮੁਸ਼ਕਲ ਨਹੀਂ ਆਵੇਗੀ।

## ਪ੍ਰਧਾਨ ਗੁਰਜੀਤ ਸਿੰਘ ਜੰਡੀ ਮੈਂਬਰ ਪੰਚਾਇਤ ਚੁਣੇ ਗਏ



**ਚੌਂਕੀਮਾਨ (ਬਲਬੀਰ ਮਾਨ)**-ਪੰਚਾਇਤੀ ਚੋਣਾਂ ਦੌਰਾਨ ਬਲਾਕ ਸਿੱਧਵਾਂ ਬੇਟ ਅਧੀਨ ਆਉਂਦੇ ਪਿੰਡ ਜੰਡੀ ਦੇ ਜੁਝਾਰੂ ਕਾਂਗਰਸੀ ਆਗੂ ਪ੍ਰਧਾਨ ਗੁਰਜੀਤ ਸਿੰਘ ਜੰਡੀ, ਜੋ ਪਹਿਲਾਂ ਬੀਤੀਆਂ ਚੋਣਾਂ ਵਿੱਚ ਬਲਾਕ ਸੰਮਤੀ ਮੈਂਬਰ ਚੁਣੇ ਗਏ ਸਨ।ਇਸ ਵਾਰ ਪੰਚਾਇਤੀ ਚੋਣਾਂ ਵਿੱਚ ਵੀ ਉਹ ਆਪਣੇ ਵਿਰੋਧੀ ਨੂੰ ਵੱਡੇ ਫ਼ਰਕ ਨਾਲ ਹਰਾਕੇ ਪੰਚਾਇਤ ਮੈਂਬਰ ਦੀ ਚੋਣ ਜਿੱਤ ਗਏ।ਇਸ ਮੌਕੇ ਕਾਂਗਰਸ ਪਾਰਟੀ ਦੇ ਸੂਝਵਾਨ ਆਗੂ ਹਲਕਾ ਦਾਖਾ ਇੰਚਾਰਜ ਸੰਦੀਪ ਸੰਧੂ ਨੇ ਇਸ ਜਿੱਤ ਦੀ ਖ਼ੁਸ਼ੀ ਵਿੱਚ ਸਮੁੱਚੀ ਟੀਮ ਨੂੰ ਸ਼ਾਮਲ ਕਰਦਿਆਂ ਵਧਾਈ ਦਿੱਤੀ।ਇਸ ਮੌਕੇ ਬੋਲਦਿਆਂ ਚੇਅਰਮੈਨ ਮਨਜੀਤ ਸਿੰਘ ਭਰੋਵਾਲ ਨੇ ਕਿਹਾ ਕਿ ਪ੍ਰਧਾਨ ਗੁਰਜੀਤ ਸਿੰਘ ਜੰਡੀ ਪਹਿਲਾਂ ਦੀ ਤਰ੍ਹਾਂ ਹੋਰ ਬੁਲੰਦ ਹੌਸਲੇ ਨਾਲ ਕੰਮ ਕਰਨਗੇ।ਪੰਚਾਇਤ ਮੈਂਬਰ ਬਣਨ ਤੇ ਪ੍ਰਧਾਨ ਕਾਕਾ ਗਰੇਵਾਲ, ਸਾਬਕਾ ਮੈਂਬਰ ਦਰਸ਼ਨ ਸਿੰਘ, ਦਲਜੀਤ ਸਿੰਘ, ਮਾਸਟਰ ਸੁਖਦੇਵ ਸਿੰਘ, ਨੰਬਰਦਾਰ ਟਹਿਲ ਸਿੰਘ, ਚਰਨ ਸਿੰਘ, ਜਸਪਾਲ ਸਿੰਘ ਆਦਿ ਨਵੇਂ ਚੁਣੇ ਪੰਚਾਇਤ ਮੈਂਬਰਾਂ ਤੇ ਪਿੰਡ ਵਾਸੀਆਂ ਨੇ ਮੂੰਹ ਮਿੱਠਾ ਕਰਵਾ ਕੇ ਸਮੂਹ ਛੀਨਾ ਪ੍ਰੀਵਾਰ, ਰਿਸ਼ਤੇਦਾਰਾਂ, ਦੋਸਤਾਂ, ਮਿੱਤਰਾਂ ਨੂੰ ਇਸ ਜਿੱਤ ਦੀ ਖ਼ੁਸ਼ੀ ਮੌਕੇ ਵਧਾਈ ਦਿੱਤੀ।

## ਭਗਵਾਨ ਵਾਲਮੀਕਿ ਜੀ ਦਾ ਪ੍ਰਗਟ ਦਿਵਸ ਮਨਾਇਆ



**ਗੁਰੂ ਹਰਸਹਾਏ (ਫਕੀਰ ਚੰਦ ਸਿਕਰੀ)**-ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਗੁਰੂ ਹਰਸਹਾਏ ਸ਼ਹਿਰ ਦੇ ਆਦਰਸ਼ ਨਗਰ ਵਿਖੇ ਬਣੇ ਭਗਵਾਨ ਵਾਲਮੀਕਿ ਜੀ ਦੇ ਮੰਦਰ ਵਿੱਚ ਭਗਵਾਨ ਵਾਲਮੀਕਿ ਜੀ ਦਾ ਪ੍ਰਗਟ ਦਿਵਸ ਭਗਤਾਂ ਵੱਲੋਂ ਬੜੀ ਸ਼ਰਧਾ ਤੇ ਧੂਮਧਾਮ ਨਾਲ ਮਨਾਇਆ ਗਿਆ। ਇਸ ਪ੍ਰਗਟ ਦਿਵਸ ਸਬੰਧੀ ਜਾਣਕਾਰੀ ਦਿੰਦੇ ਹੋਏ ਵਾਲਮੀਕਿ ਮਹਾਂਪੰਚਾਇਤ ਦੇ ਪੰਜਾਬ ਪ੍ਰਧਾਨ ਸ਼ਾਮ ਲਾਲ ਬਿੱਟੂ, ਸਲਾਹਕਾਰ ਚਿਮਨ ਲਾਲ, ਵਾਇਸ ਪ੍ਰਧਾਨ ਨਗਰ ਕੌਂਸਲ ਜੈ ਗੋਪਾਲ, ਸੁਰਜੀਤ ਕੁਮਾਰ, ਅਵਤਾਰ ਕ੍ਰਿਸ਼ਨ ਪ੍ਰਧਾਨ, ਰਕੇਸ਼ ਕੁਮਾਰ, ਪਿਆਰੇ ਲਾਲ, ਰਾਜੀਵ ਕੁਮਾਰ ਮੁੱਖ ਸੇਵਾਦਾਰ, ਦੀਪਕ, ਸੰਜੇ, ਵਿਜੇ, ਮੁਨੂ, ਅਨੂ, ਸਿਕੰਦ, ਦੀਪਕ, ਗੌਰਵ, ਰਜਿੰਦਰ, ਕ੍ਰਿਸ, ਨਿਤੀਸ਼, ਸੌਰਭ, ਲਕੀ, ਸਹੀਲ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਹਰ ਸਾਲ ਹੀ ਭਗਵਾਨ ਵਾਲਮੀਕਿ ਮਹਾਰਾਜ ਜੀ ਦਾ ਪ੍ਰਗਟ ਦਿਵਸ ਮੰਦਰ ਵਿਖੇ ਮਨਾਇਆ ਜਾਂਦਾ ਹੈ, ਜੋਕਿ ਇਸ ਸਾਲ ਵੀ ਮਨਾਇਆ ਗਿਆ। ਇਸ ਮੌਕੇ ਉਨ੍ਹਾਂ ਦੱਸਿਆ ਕਿ ਅੱਜ ਉਨ੍ਹਾਂ ਵੱਲੋਂ ਜਿੱਥੇ ਹਵਨ ਯੱਗ ਕੀਤਾ ਗਿਆ। ਉਸ ਤੋਂ ਬਾਅਦ ਆਈ ਹੋਈ ਸੰਗਤ ਵੱਲੋਂ ਕੀਰਤਨ ਕਰਕੇ ਸੁੰਦਰ ਸੁੰਦਰ ਭਜਨ ਗਾਏ ਗਏ। ਇਸ ਮੌਕੇ ਉਨ੍ਹਾਂ ਦੱਸਿਆ ਕਿ ਮੰਦਰ ਕਮੇਟੀ ਵੱਲੋਂ ਆਈ ਹੋਈ ਸੰਗਤ ਦੇ ਲਈ ਲੰਗਰ ਦਾ ਵੀ ਵਿਸ਼ੇਸ਼ ਤੌਰ 'ਤੇ ਪ੍ਰਬੰਧ ਕੀਤਾ ਗਿਆ।

## ...ਸਫ਼ਾ 1 ਦੇ ਬਾਕੀ

### ਭਗਵਾਨ ਵਾਲਮੀਕਿ ਜੀ...

ਭਗਵਾਨ ਸ੍ਰੀ ਵਾਲਮੀਕਿ ਜੀ ਦੇ ਵਿਸ਼ੇਸ਼ ਗੁਣ, ਭਗਵਾਨ ਸ੍ਰੀ ਵਾਲਮੀਕਿ ਜੀ ਦਾ ਜਨਮ ਅਤੇ ਮੁੱਢਲਾ ਜੀਵਨ, ਆਦਿ ਕਵੀ (ਪਹਿਲੇ ਕਵੀ), ਪਹਿਲਾ ਮਹਾਂਕਾਵਿ, ਰਾਮਾਇਣ ਦੀ ਰਚਨਾ, ਰਾਮਾਇਣ ਦੀਆਂ ਵਿਸ਼ੇਸ਼ਤਾਵਾਂ, ਮਾਤਾ ਸੀਤਾ ਅਤੇ ਲਵ ਕੁਸ਼, ਯੋਗੇਸ਼ਵਰ ਅਤੇ ਸੰਗੀਤੇਸ਼ਵਰ, ਸੰਜੀਵਨੀ ਵਿਦਿਆਕੇ ਸਵਾਮੀ, ਅਸ਼ਵਮੇਧ ਯੱਗ, ਯੋਗ ਵਸ਼ਿਸ਼ਟ, ਭਗਵਾਨ ਵਾਲਮੀਕਿ ਜੀ ਨਾਮ ਮਾਲਾ ਅਤੇ ਭਗਵਾਨ ਵਾਲਮੀਕੀ ਜੀ ਦੀਆਂ ਸਿੱਖਿਆਵਾਂ ਸ਼ਾਮਲ ਹਨ। ਉਨ੍ਹਾਂ ਕਿਹਾ ਕਿ ਗੈਲਰੀਆਂ ਤੋਂ ਇਲਾਵਾ, ਪੈਨੋਰਮਾ ਵਿੱਚ ਆਉਣ ਵਾਲਿਆਂ ਦੇ ਤਜਰਬੇ ਨੂੰ ਵਿਆਪਕ ਕਰਨ ਲਈ ਕਈ ਸਹੂਲਤਾਂ ਮੁਹੱਈਆ ਕੀਤੀਆਂ ਗਈਆਂ ਹਨ, ਜਿਸ ਵਿੱਚ ਇੱਕ ਕੈਫੇਟੇਰੀਆ, ਸੋਵੀਨਰ ਸ਼ਾਪ, ਲਾਇਬ੍ਰੇਰੀ ਅਤੇ ਹੋਰ ਸ਼ਾਮਲ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਸਹੂਲਤਾਂ ਮਹਿਮਾਨਾਂ ਦੀ ਫੇਰੀ ਨੂੰ ਹੋਰ ਸੁਖਾਲਾ ਬਣਾਉਣਗੀਆਂ।ਮੁੱਖ ਮੰਤਰੀ ਨੇ ਕਿਹਾ ਕਿ ਭਗਵਾਨ ਵਾਲਮੀਕਿ ਜੀ ਪੈਨੋਰਮਾ ਇੱਕ ਮਹੱਤਵਪੂਰਨ ਸੱਭਿਆਚਾਰਕ ਅਤੇ ਇਤਿਹਾਸਕ ਸੁਮੇਲ ਹੈ ਅਤੇ ਇਸ ਨਾਲ ਭਗਵਾਨ ਸ੍ਰੀ ਵਾਲਮੀਕਿ ਜੀ ਦੇ ਜੀਵਨ ਤੇ ਯੋਗਦਾਨ ਅਤੇ ਰਾਮਾਇਣ ਦੇ ਮਹਾਂਕਾਵਿ ਵਿੱਚ ਦਿਲਚਸਪੀ ਰੱਖਣ ਵਾਲੇ ਸੈਲਾਨੀਆਂ ਨੂੰ ਆਕਰਸ਼ਿਤ ਕਰਨ ਦੀ ਉਮੀਦ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਪੈਨੋਰਮਾ ਇੰਜੀਨੀਅਰਿੰਗ ਦਾ ਲਾਜਵਾਬ ਨਮੂਨਾ ਹੈ, ਜੋ ਦੁਰਲੱਭ ਆਰਕੀਟੈਕਚਰ ਅਤੇ ਸੁਹਜ ਨਾਲ ਤਿਆਰ ਕੀਤਾ ਗਿਆ ਹੈ। ਉਨ੍ਹਾਂ ਆਸ ਪ੍ਰਗਟਾਈ ਕਿ ਇਹ ਪਹਿਲਕਦਮੀ ਨਾ ਸਿਰਫ਼ ਸੱਭਿਆਚਾਰਕ ਵਿਰਸੇ ਨੂੰ ਸੰਭਾਲੇਗੀ ਅਤੇ ਉਤਸ਼ਾਹਿਤ ਕਰੇਗੀ, ਸਗੋਂ ਆਉਣ ਵਾਲੇ ਲੋਕਾਂ ਲਈ ਵਿੱਦਿਅਕ ਅਨੁਭਵ ਵੀ ਪ੍ਰਦਾਨ ਕਰੇਗੀ।ਭਗਵਾਨ ਸ੍ਰੀ ਵਾਲਮੀਕਿ ਤੀਰਥ ਸਥਲ (ਰਾਮ ਤੀਰਥ) ਅੰਮ੍ਰਿਤਸਰ ਵਿਖੇ ਨਤਮਸਤਕ ਹੋਣ ਤੋਂ ਬਾਅਦ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਦੁਹਰਾਇਆ ਕਿ ਭਗਵਾਨ ਵਾਲਮੀਕਿ ਜੀ ਸੰਸਕ੍ਰਿਤ ਭਾਸ਼ਾ ਦੇ ਪਿਤਾਮਾ ਅਤੇ ਵਿਸ਼ਵ ਦੇ ਪਹਿਲੇ ਕਵੀ ਜਾਂ ਆਦਿ ਕਵੀ ਸਨ, ਜਿਨ੍ਹਾ ਆਪਣੀ ਅਮਰ ਅਤੇ ਮਹਾਨ ਰਚਨਾ 'ਰਾਮਾਇਣ' ਰਾਹੀਂ ਬੁਰਾਈ ਉੱਤੇ ਚੰਗਿਆਈ ਦੀ ਜਿੱਤ ਦਾ ਸੰਦੇਸ਼ ਦਿੱਤਾ।

ਮੁੱਖ ਮੰਤਰੀ ਨੇ ਕਿਹਾ ਕਿ ਇਸ ਅਸਥਾਨ ਦੇ ਹੋਰ ਸੁੰਦਰੀਕਰਨ ਲਈ ਹਰ ਸੰਭਵ ਕਦਮ ਚੁੱਕੇ ਜਾਣਗੇ, ਤਾਂ ਜੋ ਭਗਵਾਨ ਵਾਲਮੀਕਿ ਜੀ ਦੇ ਜੀਵਨ ਤੇ ਫ਼ਲਸਫ਼ੇ ਦਾ ਪ੍ਰਚਾਰ ਹੋ ਸਕੇ। ਉਨ੍ਹਾ ਕਿਹਾ ਕਿ ਸੂਬਾ ਸਰਕਾਰ ਸਮਾਜ ਦੇ ਹਰ ਵਰਗ ਦੀ ਭਲਾਈ ਯਕੀਨੀ ਬਣਾਉਣ ਲਈ ਭਗਵਾਨ ਵਾਲਮੀਕਿ ਜੀ ਦੇ ਨਕਸ਼ੇ ਕਦਮਾਂ 'ਤੇ ਚੱਲ ਰਹੀ ਹੈ।

### ਟੀਚਰਾਂ ਦੀ ਫਿਨਲੈਂਡ...

18,000 ਸਕੂਲਾਂ ਵਿੱਚ ਵਾਈ-ਫਾਈ ਲਗਾਇਆ ਗਿਆ ਹੈ। ਸਕੂਲਾਂ ਵਿੱਚ ਸੁਰੱਖਿਆ ਗਾਰਡ ਅਤੇ ਕੈਂਪਸ ਮੈਨੇਜਰ ਨਿਯੁਕਤ ਕੀਤੇ ਗਏ ਹਨ। 'ਆਪ' ਸਰਕਾਰ ਤੋਂ ਪਹਿਲਾਂ ਸਰਕਾਰੀ ਸਕੂਲਾਂ ਨੂੰ ਸਫਾਈ ਲਈ ਇਕ ਰੁਪਿਆ ਵੀ ਨਹੀਂ ਮਿਲਦਾ ਸੀ, ਹੁਣ 3000 ਤੋਂ ਲੈ ਕੇ 50,000 ਰੁਪਏ ਪ੍ਰਤੀ ਮਹੀਨਾ ਤੱਕ ਮਿਲ ਰਿਹਾ ਹੈ।

ਇਸ ਸਭ ਦੇ ਬਾਵਜੂਦ ਚੰਗੀ ਸਿੱਖਿਆ ਲਈ ਸਭ ਤੋਂ ਜ਼ਰੂਰੀ ਹੈ ਅਧਿਆਪਕਾਂ ਦੀ ਸਿਖਲਾਈ। ਅਸੀਂ ਸਾਰੇ ਸਕੂਲ ਆਫ਼ ਐਮੀਨੈਂਸ ਅਤੇ ਪੰਜਾਬ ਦੇ ਹੋਰ ਸਕੂਲਾਂ ਦੇ ਪ੍ਰਿੰਸੀਪਲਾਂ ਨੂੰ ਸਿੰਗਾਪੁਰ ਤੋਂ ਸਿਖਲਾਈ ਦਿੱਤੀ। ਅਸੀਂ ਹੁਣ ਤੱਕ 202 ਪ੍ਰਿੰਸੀਪਲਾਂ ਨੂੰ ਸਿੰਗਾਪੁਰ ਭੇਜ ਚੁੱਕੇ ਹਾਂ। ਅਹਿਮਦਾਬਾਦ ਤੋਂ 152 ਹੈੱਡਮਾਸਟਰਾਂ ਨੂੰ ਸਿਖਲਾਈ ਦਿੱਤੀ ਗਈ ਹੈ। ਹੁਣ 72 ਅਧਿਆਪਕਾਂ ਨੂੰ ਸਿਖਲਾਈ ਲਈ ਫਿਨਲੈਂਡ ਭੇਜਿਆ ਜਾ ਰਿਹਾ ਹੈ।

ਪਿਛਲੇ ਮਹੀਨੇ ਪੰਜਾਬ ਦੇ ਸਿੱਖਿਆ ਵਿਭਾਗ ਨੇ ਸਿਖਲਾਈ ਲਈ ਫਿਨਲੈਂਡ ਦੀ ਟੁਰਕੂ ਯੂਨੀਵਰਸਿਟੀ ਨਾਲ ਸਮਝੌਤਾ ਕੀਤਾ ਹੈ। ਦਿੱਲੀ ਵਿੱਚ ਫਿਨਲੈਂਡ ਦੇ ਰਾਜਦੂਤ ਦੀ ਮੌਜੂਦਗੀ ਵਿੱਚ ਐੱਮ ਓ ਯੂ ਉੱਤੇ ਹਸਤਾਖਰ ਕੀਤੇ ਗਏ। ਸਿਖਲਾਈ ਤਿੰਨ ਹਫ਼ਤਿਆਂ ਲਈ ਹੋਵੇਗੀ। ਅਗਲਾ ਬੈਚ ਫਰਵਰੀ-ਮਾਰਚ 2025 ਵਿੱਚ ਭੇਜਿਆ ਜਾਵੇਗਾ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: Chand Singh @ Chand Fatehpuri

ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

18-Oct-PAGE-3-Majha-2024.qxd 10/17/2024 9:50 PM Page 1



# ਪੰਜਾਬ ਦੇ ਸਾਰੇ ਟੋਲ ਪਲਾਜ਼ਾ ਤੇ ਵਿਧਾਇਕਾਂ ਦੇ ਘਰਾਂ ਅੱਗੇ ਪੱਕੇ ਮੋਰਚੇ ਲਾਏ ਜਾਣਗੇ : ਸਿੱਧਵਾਂ ਪੱਟੀ



ਪੱਟੀ (ਸ਼ਮਸ਼ੇਰ ਸਿੰਘ ਯੋਧਾ)-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਜਥੇਬੰਦੀ ਦੇ ਸੂਬਾ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ ਦੇ ਨਿਰਦੇਸ਼ ਅਨੁਸਾਰ ਜ਼ਿਲ੍ਹਾ ਤਰਨ ਤਾਰਨ ਵਲੋਂ ਜ਼ਿਲ੍ਹਾ ਪ੍ਰਧਾਨ ਗੁਰਬਾਜ਼ ਸਿੰਘ ਸਿੱਧਵਾਂ, ਭੁਪਿੰਦਰ ਸਿੰਘ ਠੱਠੀਆਂ, ਹਰਦੀਪ ਸਿੰਘ ਜੌੜਾ, ਜਥੇਦਾਰ ਸੁਲੱਖਣ ਸਿੰਘ ਮਡਾਲਾ ਅਤੇ ਜਥੇਦਾਰ ਸੰਤੋਖ ਸਿੰਘ ਪੱਟੀ ਨੇ ਪ੍ਰੈਸ ਬਿਆਨ ਰਾਹੀਂ ਦੱਸਿਆ ਕਿ 18 ਅਕਤੂਬਰ ਨੂੰ ਸਾਰੇ ਪੰਜਾਬ ਦੇ ਸਾਰੇ ਵਿਧਾਇਕਾਂ ਦੇ ਘਰਾਂ ਅੱਗੇ ਪੱਕੇ ਮੋਰਚੇ ਲਾਏ ਜਾ ਰਹੇ ਹਨ ਅਤੇ ਪੰਜਾਬ ਦੇ ਸਾਰੇ ਟੋਲ ਪਲਾਜ਼ੇ 17 ਅਕਤੂਬਰ ਨੂੰ ਫਰੀ ਕੀਤੇ ਗਏ ਹਨ। ਇਹ ਉਦੋਂ ਤੱਕ ਘਿਰਾਓ ਜਾਰੀ ਰਹੇਗਾ ਜਦੋਂ ਤੱਕ ਝੋਨੇ ਦਾ ਦਾਣਾ ਦਾਣਾ ਮੰਡੀਆਂ ਵਿੱਚੋਂ ਸਰਕਾਰ ਖਰੀਦ ਸਹੀ ਢੰਗ ਨਾਲ ਸ਼ੁਰੂ ਨਹੀਂ ਕਰਦੀ ਅਤੇ ਪਰਾਲੀ ਦਾ ਕੋਈ ਹੱਲ ਨਹੀਂ ਕੱਢਦੀ। ਆਗੂਆਂ ਦੱਸਿਆ ਕਿ ਐਸ ਕੇ ਐਮ ਵੱਲੋਂ ਪੰਜਾਬ ਦੇ ਮੁੱਖ ਮੰਤਰੀ ਦੀ ਕੋਠੀ ਦਾ ਘਿਰਾਓ ਹੋਣਾ ਹੈ ਅਤੇ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵਲੋਂ ਪੰਜਾਬ ਦੇ ਸਾਰੇ ਟੋਲ ਪਲਾਜ਼ੇ ਫਰੀ ਕੀਤੇ ਗਏ। ਇਸ ਲਈ ਕਿਸਾਨਾਂ ਤੇ ਮਜ਼ਦੂਰਾਂ ਅਤੇ ਆੜ੍ਹਤੀਆਂ, ਸ਼ੈਲਰ ਮਾਲਕਾਂ ਅਤੇ ਨੌਜਵਾਨਾਂ ਅਤੇ ਮਤਾਵਾਂ, ਭੈਣਾਂ ਨੂੰ ਆਪਣੇ ਬਾਲਕ ਦੀ ਡਿਊਟੀ, ਹਲਕਾ ਤਰਨ ਤਾਰਨ ਦੇ ਪਿੰਡ ਉਸਮਾਂ ਟੋਲ ਪਲਾਜ਼ਾ ਤੇ ਪੱਕੇ ਮੋਰਚੇ 'ਤੇ ਲੱਗੀ ਹੈ ਇਸ ਲਈ ਹਰ ਪਿੰਡ ਵਿਚੋਂ ਸ਼ਹਿਰ ਵਿਚੋਂ ਵੱਧ ਤੋਂ ਵੱਧ ਗਿਣਤੀ ਲੈ ਕੇ ਪਹੁੰਚਣ ਦੀ ਅਪੀਲ ਕੀਤੀ, ਦੁੱਧ ਵੀ ਵੱਧ ਤੋਂ ਵੱਧ ਲੈ ਕੇ ਆਉਣ ਦੀ ਕਿਰਪਾ ਕਰਨੀ ਅਤੇ ਆਪਣੇ ਪਿੰਡਾਂ ਦੇ ਹਰ ਕਿਸਾਨ ਤੇ ਮਜ਼ਦੂਰਾਂ ਤੱਕ ਪਚਾਉਣ ਦੀ ਕਿਰਪਾ ਕਰਨੀ ਤਾਂ ਜੋ ਝੋਨੇ ਤੇ ਪਰਾਲੀ ਦਾ ਹੱਲ ਹੋ ਸਕੇ। ਸਰਕਾਰ ਕੁੰਭਕਰਨ ਦੀ ਨੀਂਦ ਸੁੱਤੀ ਪਈ ਹੈ। ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਜ਼ਿਲ੍ਹਾ ਤਰਨ ਤਾਰਨ ਵੱਲੋਂ ਦਰਬਾਰਾ ਸਿੰਘ ਵਲਟੋਹਾ, ਮੇਹਰ ਸਿੰਘ ਸਖੀਰਾ, ਇੰਦਰਜੀਤ ਸਿੰਘ ਮਾੜੀਮੇਘਾ, ਤਰਸੇਮ ਸਿੰਘ ਕੁਹਾੜਕਾ, ਕਰਮਜੀਤ ਸਿੰਘ ਸਭਰਾ, ਕਰਨੈਲ ਸਿੰਘ ਸਭਰਾ, ਕਸ਼ਮੀਰ ਸਿੰਘ ਠੱਠੀਆਂ, ਸਰਬਜੀਤ ਸਿੰਘ ਨੱਥੂਚੱਕ, ਪ੍ਰਿਥੀਪਾਲ ਸਿੰਘ ਦੋਹਲ, ਬਖਸ਼ਿਸ਼ ਸਿੰਘ ਬਹਾਦਰ ਨਗਰ, ਕਸ਼ਮੀਰ ਸਿੰਘ ਲੌਹਕਾ, ਬਲਵਿੰਦਰ ਸਿੰਘ ਮਜ਼ਾਲ ਠੱਠੀਆਂ, ਸੁਖਦੇਵ ਸਿੰਘ ਕੈਰੋਂ, ਕੁਲਦੀਪ ਸਿੰਘ ਕੈਰੋਂ, ਹਰਜਿੰਦਰ ਸਿੰਘ ਜੌੜਾ, ਮੀਨਾ ਸਿੰਘ ਜੋੜਾ, ਪ੍ਰਧਾਨ ਸੁੱਚਾ ਸਿੰਘ, ਅਰਜਨ ਸਿੰਘ, ਹਰਦੇਵ ਸਿੰਘ ਬੂਹ, ਗੁਰਪ੍ਰੀਤ ਸਿੰਘ ਕਿਰਤੋਵਾਲ, ਮੱਸਾ ਸਿੰਘ ਮਾਣੋਚਾਹਲ ਆਦਿ ਕਿਸਾਨ ਆਗੂ ਹਾਜ਼ਰ ਸਨ।

# ਜਥੇਬੰਦਕ ਆਗੂ ਜ਼ਿਮਨੀ ਚੋਣਾਂ ਵਾਲੇ ਹਲਕਿਆਂ 'ਚ ਰੋਸ ਮਾਰਚ ਕਰਨਗੇ

ਵੇਰਕਾ (ਰਾਣਾ)-ਪੰਜਾਬ ਗੌਰਮਿੰਟ ਪੈਨਸ਼ਨਰ ਜੁਆਇੰਟ ਫਰੰਟ ਦੀ ਆਨਲਈਨ ਮੀਟਿੰਗ ਕਰਮ ਸਿੰਘ ਧਨੋਆ ਦੀ ਅਗਵਾਈ ਹੇਠ ਹੋਈ। ਜਿਸ ਵਿੱਚ ਵੱਖ-ਵੱਖ ਜਥੇਬੰਦਕ ਆਗੂ ਹਾਜ਼ਰ ਹੋਏ। ਇਸ ਦੌਰਾਨ ਜਥੇਬੰਦਕ ਆਗੂਆਂ 'ਚ ਸੁਰਿੰਦਰ ਰਾਮ ਕੁੱਸਾ, ਦਲੀਪ ਸਿੰਘ ਲਾਬਾ, ਨਿਰਮਲ ਸਿੰਘ ਲਲਤੋਂ, ਹਰਜੀਤ ਸਿੰਘ, ਬੀ. ਐਸ. ਸੈਣੀ, ਅਵਿਨਾਸ਼ ਸ਼ਰਮਾ, ਧਨਵੰਤ ਸਿੰਘ ਭੱਠਲ, ਸ਼ਵਿੰਦਰਪਾਲ ਮੋਲੋਵਾਲੀ ਆਦਿ ਸ਼ਾਮਲ ਸਨ। ਇਸ ਮੌਕੇ ਮੀਟਿੰਗ ਸਰਬਸੰਮਤੀ ਨਾਲ ਕੀਤੇ ਫੈਸਲੇ ਅਨੁਸਾਰ 22 ਅਕਤੂਬਰ ਨੂੰ ਮੁਹਾਲੀ ਵਿਖੇ ਹੋਣ ਵਾਲੀ ਰੈਲੀ ਨੂੰ ਮੁਲਤਵੀ ਕਰਨ ਦਾ ਫੈਸਲਾ ਕੀਤਾ ਗਿਆ। ਮੀਟਿੰਗ ਦੌਰਾਨ ਉਕਤ ਆਗੂਆਂ ਨੇ ਨਿਕਟ ਭਵਿੱਖ ਵਿੱਚ ਹੋਣ ਵਾਲੀਆਂ ਚਾਰ ਵਿਧਾਨ ਸਭਾ ਹਲਕਿਆਂ ਵਿੱਚ ਜ਼ਿਮਨੀ ਚੋਣਾਂ ਦੌਰਾਨ 3 ਨਵੰਬਰ ਨੂੰ ਵਿਧਾਨ ਸਭਾ ਹਲਕਾ ਚੱਬੇਵਾਲ, 5 ਨਵੰਬਰ ਨੂੰ ਬਰਨਾਲਾ, 7 ਨਵੰਬਰ ਨੂੰ ਗਿੱਦੜਬਾਹਾ ਅਤੇ 9 ਨਵੰਬਰ ਨੂੰ ਡੇਰਾ ਬਾਬਾ ਨਾਨਕ ਵਿਖੇ ਕਾਲੇ ਝੰਡਿਆਂ ਨਾਲ ਰੋਸ ਪਰਦਰਸ਼ਨ ਕਰਨ ਦਾ ਫੈਸਲਾ ਕੀਤਾ ਗਿਆ। ਇਸ ਉਪਰੰਤ ਫਿਰ 13 ਨਵੰਬਰ ਤੋਂ ਬਾਅਦ ਫਿਜ਼ੀਕਲ ਮੀਟਿੰਗ ਕਰਕੇ ਅਗਲੇ ਸੰਘਰਸ਼ ਸਬੰਧੀ ਨਿਰਣਾ ਲਿਆ ਜਾਵੇਗਾ। ਇਸ ਮੌਕੇ ਅਵਿਨਾਸ਼ ਚੰਦਰ ਸ਼ਰਮਾ, ਕੁਆਰਡੀਨੇਟਰ ਕਮ ਕਨਵੀਨਰ ਤੇ ਸੂਬਾ ਪ੍ਰਧਾਨ, ਧਨਵੰਤ ਸਿੰਘ ਭੱਠਲ ਜਨਰਲ ਸਕੱਤਰ ਪੈਨਸ਼ਨਰਜ਼ ਐਸੋਸੀਏਸ਼ਨ ਪੰਜਾਬ ਵੀ ਸ਼ਾਮਲ ਸਨ। ਉਕਤ ਸੰਬੰਧੀ ਪ੍ਰੈੱਸ ਨੂੰ ਜਾਣਕਾਰੀ ਸੇਵਾਮੁਕਤ ਪਸ਼ੂ ਪਾਲਣ ਡਾਕਟਰ ਬਲਕਾਰ ਨਈਅਰ ਅੰਮ੍ਰਿਤਸਰ ਨੇ ਦਿੱਤੀ।

# ਕਿਸਾਨਾਂ ਨੂੰ 28 ਕਰੋੜ 81 ਲੱਖ ਰੁਪਏ ਦੀ ਕੀਤੀ ਅਦਾਇਗੀ

ਗੁਰਦਾਸਪੁਰ (ਜਨਕ ਮਹਾਜਨ)- ਡਿਪਟੀ ਕਮਿਸ਼ਨਰ ਉਮਾ ਸ਼ੰਕਰ ਗੁਪਤਾ ਨੇ ਦੱਸਿਆ ਕਿ ਮੰਡੀਆਂ ਵਿੱਚ ਖਰੀਦ ਕੀਤੇ ਝੋਨੇ ਦੀ ਮਿਥੇ ਸਮੇਂ ਵਿੱਚ ਅਦਾਇਗੀ ਵੀ ਕੀਤੀ ਜਾ ਰਹੀ ਹੈ ਅਤੇ ਖਰੀਦੇ ਝੋਨੇ ਬਦਲੇ ਕਿਸਾਨਾਂ ਨੂੰ 28 ਕਰੋੜ 81 ਲੱਖ ਰੁਪਏ ਦੀ ਅਦਾਇਗੀ ਕੀਤੀ ਜਾ ਚੁੱਕੀ ਹੈ। ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਸੁੱਕਾ ਝੋਨਾ ਹੀ ਮੰਡੀਆਂ ਵਿੱਚ ਲੈ ਕੇ ਆਉਣ ਤਾਂ ਜੋ ਉਨ੍ਹਾਂ ਨੂੰ ਫਸਲ ਵੇਚਣ ਵਿਚ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਅੱਗੇ ਕਿਹਾ ਕਿ ਮੰਡੀਆਂ ਵਿੱਚ ਕਿਸਾਨਾਂ ਦੀ ਸਹੂਲਤ ਲਈ ਸੁਚਾਰੂ ਢੰਗ ਨਾਲ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਅਪੀਲ ਕੀਤੀ ਕਿ ਝੋਨੇ ਦੀ ਫਸਲ ਕੱਟਣ ਉਪਰੰਤ ਪਰਾਲੀ ਨਾ ਸਾੜੀ ਜਾਵੇ ਅਤੇ ਪਰਾਲੀ ਪ੍ਰਬੰਧਨ ਲਈ ਖੇਤੀ ਮਸ਼ੀਨਰੀ ਵਰਤੀ ਜਾਵੇ। ਉਨ੍ਹਾਂ ਦੱਸਿਆ ਕਿ ਪਨਗਰੇਨ ਵਲੋਂ 6949 ਮੀਟਰਕ ਟਨ, ਮਾਰਕਫੈੱਡ ਵਲੋਂ 4908 ਮੀਟਰਕ ਟਨ, ਪਨਸਪ ਵਲੋਂ 5861 ਮੀਟਰਕ ਟਨ, ਪੰਜਾਬ ਸਟੇਟ ਵੇਅਰ ਹਾਊਸ ਕਾਰਪੋਰੇਸ਼ਨ ਵਲੋਂ 1964 ਮੀਟਰਕ ਟਨ ਝੋਨੇ ਦੀ ਖਰੀਦ ਕੀਤੀ ਗਈ। ਜ਼ਿਲ੍ਹੇ ਭਰ ਦੀਆਂ ਮੰਡੀਆਂ ਵਿੱਚ ਬੀਤੀ ਦੇਰ ਸ਼ਾਮ ਤੱਕ ਸਰਕਾਰੀ ਖਰੀਦ ਏਜੰਸੀਆਂ ਵਲੋਂ 19682 ਮੀਟਰਕ ਟਨ ਝੋਨੇ ਦੀ ਖਰੀਦ ਕੀਤੀ ਜਾ ਚੁੱਕੀ ਹੈ।

# ਰਾਜਨੀਤਕ ਆਗੂਆਂ ਵੱਲੋਂ ਸਿੰਘ ਸਾਹਿਬਾਨ ਪ੍ਰਤੀ ਵਰਤੀ ਮੰਦੀ ਸ਼ਬਦਾਵਲੀ ਅਤੀ ਨਿੰਦਣਯੋਗ : ਬਾਬਾ ਬਲਬੀਰ ਸਿੰਘ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)- ਮੌਜੂਦਾ ਧਾਰਮਿਕ ਰਾਜਨੀਤਕ ਸਮਾਜਿਕ ਹਾਲਤਾਂ 'ਤੇ ਸਖ਼ਤ ਟਿੱਪਣੀ ਕਰਦਿਆਂ ਸਮੂਹ ਨਿਹੰਗ ਸਿੰਘ ਜਥੇਬੰਦੀਆਂ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਪੰਜਵਾਂ ਤਖ਼ਤ ਚਲਦਾ ਵਹੀਰ ਦੇ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਅਤੇ ਸਮੁੱਚੇ ਨਿਹੰਗ ਸਿੰਘਾਂ ਨੇ ਕਿਹਾ ਕਿ ਗੁਰੂ ਸਾਹਿਬਾਨ ਦੇ ਤਖ਼ਤਾਂ 'ਤੇ ਸੁਭਾਏਮਾਨ ਜਥੇਦਾਰ ਸਾਹਿਬਾਨਾਂ ਨੂੰ ਇਤਿਹਾਸ ਤੋਂ ਸੇਧ ਲੈਂਦਿਆਂ ਇਤਿਹਾਸਕ ਤੌਰ 'ਤੇ ਕੌਮ ਦੀ ਬਿਗੜੀ ਨੂੰ ਸੰਵਾਰਨ ਵਾਲੇ ਬਿਨਾਂ ਕਿਸੇ ਲਗਲਗਾ ਅਤੇ ਬਿਨਾਂ ਕਿਸੇ ਭੈਅ ਦੇ ਨਿਰਪੱਖਤਾ ਵਾਲੇ ਫੈਸਲੇ ਖੁੱਲ੍ਹਦਿਲੀ ਨਾਲ ਲੈਣ ਚਾਹੀਦੇ ਹਨ, ਸਮੁੱਚੀਆਂ ਨਿਹੰਗ ਸਿੰਘ ਜਥੇਬੰਦੀਆਂ ਅਤੇ ਪੂਰੀ ਕੌਮ ਉਨ੍ਹਾਂ ਨੂੰ ਪੂਰਨ ਸਹਿਯੋਗ ਕਰੇਗੀ। ਉਨ੍ਹਾਂ ਕਿਹਾ ਕਿ ਬੁੱਢਾ ਦਲ ਦੇ ਛੇਵੇਂ ਮੁਖੀ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਅਕਾਲੀ ਬਾਬਾ ਫੂਲਾ ਸਿੰਘ ਵੱਲੋਂ ਲਏ ਫੈਸਲਿਆਂ ਨੂੰ ਸਨਮੁਖ ਰੱਖ ਕੇ ਗੁਰੂ ਦੇ ਤਖ਼ਤ ਸਾਹਿਬਾਨ ਦੀ ਅਜਮਤ ਤੇ ਸਤਿਕਾਰ ਨੂੰ ਸਭ ਤੋਂ ਉਪਰ ਰੱਖ ਕੇ ਫੈਸਲੇ ਕਰਨੇ ਤੇ ਸਣਾਉਣੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿਸੇ ਵਿਸ਼ੇਸ਼ ਵਿਅਕਤੀ ਦੇ ਇਸ਼ਾਰੇ ਜਾਂ ਪ੍ਰਭਾਵ ਥੱਲੇ ਲਿਆ ਫੈਸਲਾ ਕੌਮੀ ਤੌਰ 'ਤੇ ਘਾਤਕ ਸਿੱਧ ਹੋਵੇਗਾ। ਉਨ੍ਹਾਂ ਕਿਹਾ ਕਿ ਪਿਛਲੇ ਕੁਝ ਦਿਨਾਂ ਤੋਂ ਜੋ ਘਟਨਾਕ੍ਰਮ ਵਾਪਰਿਆ ਹੈ ਉਸ ਤੋਂ ਸਾਡਾ ਹਰ ਸਿੱਖ ਦਾ ਹਿਰਦਾ ਦੁਖੀ ਹੋਇਆ ਹੈ। ਸਾਡੀ ਕਿਸੇ ਨਾਲ ਨਿੱਜੀ ਰੰਜਸ਼ ਜਾਂ ਦੁਸ਼ਮਣੀ ਤਾਂ ਨਹੀਂ ਹੈ, ਪਰ ਮਰਯਾਦਾ ਅਤੇ ਅਕਾਲ ਤਖ਼ਤ ਸਾਹਿਬ ਦੀ ਸਰਬਉਚਤਾ ਨੂੰ ਢਾਅ ਨਹੀਂ ਲੱਗਣੀ ਚਾਹੀਦੀ। ਉਨ੍ਹਾਂ ਕਿਹਾ ਰਾਜਨੀਤਕ ਆਗੂਆਂ ਵੱਲੋਂ ਸੌੜੀ ਰਾਜਨੀਤੀ ਕਰਨਾ, ਕਿਸੇ ਵਿਸ਼ੇਸ਼ ਵਿਅਕਤੀ ਨੂੰ ਬਿਨਾਂ ਵਜ੍ਹਾ ਨਿਸ਼ਾਨਾ ਬਣਾਉਣਾ ਉਚਿਤ ਨਹੀਂ । ਉਨ੍ਹਾਂ ਕਿਹਾ ਕਿ ਮਨਮਰਜ਼ੀ ਦੇ ਫੈਸਲੇ ਕਰਾਉਣ ਲਈ ਜਥੇਦਾਰ ਸਾਹਿਬ ਦੀ ਕਿਰਦਾਰਕੁਸ਼ੀ ਕਰਨੀ ਉਨ੍ਹਾਂ ਦੇ ਪਰਵਾਰਾਂ ਨੂੰ ਧਮਕੀਆਂ ਦੇਣੀਆਂ, ਰਾਜਨੀਤਕ ਗੁੰਡਾਗਰਦੀ ਹੈ। ਸ਼੍ਰੋਮਣੀ ਕਮੇਟੀ ਦੀ ਦਬੀ ਜ਼ੁਬਾਨ ਵੀ ਕਈ ਤਰ੍ਹਾਂ ਦੇ ਸ਼ੰਕੇ ਖੜ੍ਹੇ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪਿਛਲੇ ਕਈ ਦਹਾਕਿਆਂ ਤੋਂ ਅਕਾਲੀ ਦਲ ਨੇ ਸਿੱਖ ਧਰਮ ਅਤੇ ਇਸ ਦੀਆਂ ਸ਼ਾਨਾਮੱਤੀਆਂ, ਬੇਸ਼ਕੀਮਤੀ ਰਹੁਰੀਤਾਂ, ਪਰੰਪਰਾਵਾਂ ਨੂੰ ਵੱਡੀ ਢਾਅ ਲਾਈ ਹੈ, ਜਿਸ ਕਾਰਨ ਆਮ ਜਨਤਾ ਖਾਸ ਕਰ ਸਿੱਖ ਕੌਮ ਦਾ ਬਹੁਤ ਭਾਰੀ ਨੁਕਸਾਨ ਹੋਇਆ ਹੈ। ਉਨ੍ਹਾਂ ਕਿਹਾ ਵਿਸ਼ਵ ਪੱਧਰ ਤੇ ਵੱਸੇ ਸਿੱਖ ਅਕਾਲੀ ਕਹਾਉਣ 'ਚ ਫ਼ਖ਼ਰ ਮਹਿਸੂਸ ਕਰਦੇ ਸਨ, ਅੱਜ ਅਕਾਲੀ ਦਲ ਦੇ ਕਾਰਕੁੰਨਾਂ ਨੂੰ ਵੀ ਭਾਰੀ ਨਮੋਸ਼ੀ ਤੇ ਨਿਰਾਸ਼ਤਾ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

ਉਨ੍ਹਾਂ ਕਿਹਾ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਵੱਲੋਂ ਅਕਾਲੀ ਦਲ ਨੂੰ ਆਦੇਸ਼ ਦਿੱਤਾ ਗਿਆ ਸੀ ਕਿ ਵਿਰਸਾ ਸਿੰਘ ਵਲਟੋਹਾ ਨੂੰ 24 ਘੰਟੇ ਦੇ ਅੰਦਰ ਪਾਰਟੀ 'ਚੋਂ ਖਾਰਜ ਕੀਤਾ ਜਾਵੇ ਪਰ ਉਲਟ ਦਿਸ਼ਾ ਵਿੱਚ ਉਸ ਦਾ ਅਸਤੀਫਾ ਪ੍ਰਵਾਨ ਕੀਤਾ ਗਿਆ ਹੈ। ਇਹ ਅਕਾਲੀ ਦਲ ਦੇ ਪ੍ਰਧਾਨ ਵੱਲੋਂ ਮਰਯਾਦਾ ਦਾ ਉਲੰਘਣ ਹੈ। ਜੇ ਅਕਾਲੀ ਦਲ ਤੇ ਸ਼੍ਰੋਮਣੀ ਕਮੇਟੀ ਹੀ ਅਕਾਲ ਤਖ਼ਤ ਸਾਹਿਬ ਦੇ ਹੁਕਮ-ਆਦੇਸ਼-ਸੰਦੇਸ਼ ਪਾਲਣ ਨਹੀਂ ਕਰੇਗੀ ਫਿਰ ਹੋਰ ਕੌਣ ਕਰੇਗਾ। ਉਨ੍ਹਾਂ ਕਿਹਾ ਕਿ ਇਸ ਮਾਮਲੇ ਤੇ ਅਕਾਲ ਤਖ਼ਤ ਸਾਹਿਬ ਫੌਰੀ ਤੌਰ 'ਤੇ ਸਮੁੱਚੀਆਂ ਪੰਥਕ ਜਥੇਬੰਦੀਆਂ ਦੀ ਇੱਕਤਰਤਾ ਸੱਦ ਕੇ ਸਮੁੱਚੀ ਰਾਏ ਲੈ ਕੇ ਗੁਰਮਤਾ ਕਰਨ। ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਾਹਿਬ ਨੂੰ ਖਾਲਸਾ ਪੰਥ ਦੀ ਬਖਸ਼ੀ ਮਰਯਾਦਾ 'ਚ ਅਤੇ ਅਕਾਲ ਪੁਰਖ ਦੀ ਭੈਅ ਭਾਵਨੀ 'ਚ ਲੋਕ-ਪੱਖੀ, ਕੌਮ-ਪੱਖੀ, ਚੜ੍ਹਦੀ ਕਲਾ ਵਾਲੇ ਨਿਰਪੱਖ, ਗੁਰੂ ਸੋਭਾ ਨੂੰ ਵਧਾਉਣ ਵਾਲੇ ਬੇਖੌਫ ਫੈਸਲੇ ਲੈਣੇ ਚਾਹੀਦੇ ਹਨ।

# ਝਬਾਲ ਪੁਖਤਾ ਤੋਂ ਚੇਅਰਮੈਨ ਰਮਨ ਕੁਮਾਰ ਨੇ ਜਿੱਤੀ ਸਰਪੰਚੀ



ਝਬਾਲ (ਹਰਜਿੰਦਰ ਸਿੰਘ ਸੋਨੀ)-ਕਸਬਾ ਝਬਾਲ ਦੀ ਅਹਿਮ ਗ੍ਰਾਮ ਪੰਚਾਇਤ ਝਬਾਲ ਪੁਖਤਾ ਵਿੱਚ ਬੀਤੇ ਦਿਨ ਹੋਈਆਂ ਪੰਚਾਇਤੀ ਚੋਣਾਂ ਮੌਕੇ ਉੱਘੇ ਸਮਾਜ ਸੇਵਕ ਤੇ ਸੀਨੀ. ਕਾਂਗਰਸੀ ਆਗੂ ਚੇਅਰਮੈਨ ਰਮਨ ਕੁਮਾਰ ਝਬਾਲ ਨੇ ਨੌਂ ਪੰਚਾਇਤ ਮੈਂਬਰਾਂ ਸਮੇਤ ਵੱਡੀ ਜਿੱਤ ਹਾਸਲ ਕਰਦਿਆਂ 20 ਸਾਲਾਂ ਤੋਂ ਝਬਾਲ ਪੁਖਤਾ 'ਤੇ ਕਾਬਜ਼ ਰਹੇ

ਵਿਰੋਧੀ ਗਰੁੱਪ ਨੂੰ ਪਛਾੜਦਿਆਂ ਸਰਪੰਚੀ ਜਿੱਤ ਲਈ।ਇਸ ਮੌਕੇ ਚੇਅਰਮੈਨ ਰਮਨ ਕੁਮਾਰ ਝਬਾਲ, ਸਰਪੰਚ ਬੀਬੀ ਕਵਿਤਾ ਸ਼ਰਮਾ, ਗੁਰਜੰਟ ਸਿੰਘ ਰਾਜੂ, ਪ੍ਰਗਟ ਸਿੰਘ, ਬੂਟਾ ਸਿੰਘ, ਸਵਰਨ ਸਿੰਘ ਸੋਨੂੰ, ਸੋਨੂੰ ਸਿੰਘ ਜੌਂਟੀ, ਬੀਬੀ ਮਧੂ ਬਾਲਾ,ਬੀਬੀ ਜਿੰਦਰ ਕੌਰ, ਬੀਬੀ ਸੁਖਰਾਜ ਕੌਰ, ਬੀਬੀ ਬਲਵਿੰਦਰ ਕੌਰ ਨੂੰ ਪਿੰਡ ਵਾਸੀਆਂ ਤੇ ਪਰਵਾਰਕ ਮੈਂਬਰਾਂ ਵੱਲੋਂ ਢੋਲ ਢਮੱਕੇ ਨਾਲ ਫੁੱਲਾਂ ਦੇ ਹਾਰ ਪਾ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਸਰਪੰਚ ਪ੍ਰਗਟ ਸਿੰਘ ਮਲਵਈ, ਇੰਸਪੈਕਟਰ ਦਿਲਬਾਗ ਸਿੰਘ ਐਸ ਜੀ ਪੀ ਸੀ, ਭਾਈ ਮਨਜੀਤ ਸਿੰਘ ਝਬਾਲ, ਬਾਬਾ ਵਰਿਆਮ ਸਿੰਘ, ਪਿੰਕਾ ਝਬਾਲ, ਬੌਬੀ ਝਬਾਲ, ਪੰਮਾ ਮੋਟਰਸਾਈਕਲ ਵਰਕਸ, ਹਰਜੀਤ ਸਿੰਘ ਝਬਾਲ, ਪੂਰਨ ਸਿੰਘ ਝਬਾਲ, ਨਿੱਪੀ ਸੂਦ, ਪੰਮਾ ਸਪੇਅਰ ਪਾਰਟਸ, ਕੁਸ਼ਲ ਸ਼ਰਮਾ, ਕਾਮਰੇਡ ਦਵਿੰਦਰ ਸੋਹਲ, ਕਾਮਰੇਡ ਅਸ਼ੋਕ ਕੁਮਾਰ ਸੋਹਲ,ਕਾਮਰੇਡ ਜਗਤਾਰ ਸਿੰਘ, ਜੱਗਾ, ਹਰਜਿੰਦਰ ਸਿੰਘ ਲਾਲਾ, ਹਰਦੀਪ ਸਿੰਘ, ਸੁਖਜਿੰਦਰ ਸਿੰਘ, ਬਚਿੱਤਰ ਸਿੰਘ, ਕਿਸਾਨ ਆਗੂ ਗੁਰਪਿੰਦਰ ਸਿੰਘ ਨਾਥੂ,ਕਸ਼ਮੀਰ ਸਿੰਘ ਸਾਇਕਲਾਂ ਵਾਲੇ,ਸਾਬਕਾ ਸਰਪੰਚ ਗੁਰਦੀਪ ਸਿੰਘ, ਕੁਲਦੀਪ ਸਿੰਘ ਨੰਦਾ, ਬਲਵਿੰਦਰ ਹੀ ਮਿੰਟੂ, ਗੁੱਜਰ ਮੈਡੀਕਲ ਸਟੋਰ, ਬਿੱਟੂ ਕੇਬਲ ਵਾਲਾ, ਮਾਂਝੀ ਝਬਾਲ, ਹੀਰਾ ਸਿੰਘ ਝਬਾਲ, ਸੁੱਚਾ ਸਿੰਘ ਲੁੱਟ, ਹੀਰਾ ਸਿੰਘ ਚੈਅਰਮੈਨ, ਲਵਪ੍ਰੀਤ ਸਿੰਘ ਲਵ, ਗੁਰਪਾਲ ਸਿੰਘ ਪਾਲੀ, ਹੈਪੀ ਝਬਾਲ, ਸੰਨੀ ਸੋਨੀ, ਗੁਰਲਾਲ ਸਿੰਘ ਲਾਲੀ, ਜਸਵੰਤ ਸਿੰਘ ਕਾਲੂ, ਰਜਵੰਤ ਸਿੰਘ, ਬਲਦੇਵ ਸਿੰਘ ਝਬਾਲ ਕੋਰੀਅਰ ਵਾਲੇ, ਹੈਪੀ ਕਸੇਲ,ਰੂਬੀ ਝਬਾਲ,ਭੂਸ਼ਨ ਝਬਾਲ,ਸੁਰਿਦਰ ਸਿੰਘ, ਅਵਤਾਰ ਸਿੰਘ ਗੁੱਗ ਮੈਂਬਰ, ਦਲਬੀਰ ਸਿੰਘ ਗੰਜੂ, ਸਾਹਿਬ ਸਿੰਘ, ਉਂਕਾਰ ਸਿੰਘ ਬਾਬਾ, ਸੋਨਾ ਸਿੰਘ ਲੱਕੜੀ ਸਤਨਾਮ ਸੁਰਮੀ, ਬਲਕਾਰ ਸਿੰਘ ਸਮੇਤ ਵੱਡੀ ਗਿਣਤੀ 'ਚ ਨੌਜਵਾਨ ਤੇ ਪਿੰਡ ਪੁਖਤਾ ਵਾਸੀ ਵੀ ਹਾਜ਼ਰ ਸਨ।

# ਪਿੰਡ ਭੀਲੋਵਾਲ ਤੋਂ ਜਗਦੀਸ਼ ਸਿੰਘ ਕਾਲੂ ਸਰਪੰਚ ਬਣੇ



ਤਰਸਿੱਕਾ (ਤਰਸੇਮ ਸਿੰਘ ਸਾਧਪੁਰ)-ਵਿਧਾਨ ਸਭਾ ਹਲਕਾ ਮਜੀਠਾ ਦੇ ਪਿੰਡ ਭੀਲੋਵਾਲ ਵਿੱਚ ਬਹੁਤ ਹੀ ਜ਼ਬਰਦਸਤ ਮੁਕਾਬਲੇ ਦੌਰਾਨ ਆਮ ਆਦਮੀ ਪਾਰਟੀ ਦੇ ਉਮੀਦਵਾਰ ਜਗਦੀਸ਼ ਸਿੰਘ ਸਰਪੰਚ ਬਣਨ ਵਿੱਚ ਕਾਮਯਾਬ ਹੋਏ ਹਨ ਜਿਨਾਂ ਦੇ ਨਾਲ ਪੰਜ ਮੈਂਬਰ ਵੀ ਬਣੇ ਹਨ। ਪਿੰਡ ਭੀਲੋਵਾਲ ਤੋਂ ਆਮ ਆਦਮੀ ਪਾਰਟੀ ਵੱਲੋਂ ਜਗਦੀਸ਼ ਸਿੰਘ ਕਾਲੂ ਅਤੇ ਕਾਂਗਰਸ ਤੇ ਅਕਾਲੀ ਦਲ ਵੱਲੋਂ ਸਾਂਝੇ ਉਮੀਦਵਾਰ ਸ਼ਿਵਰਾਜ ਸਿੰਘ ਸ਼ਿਵ ਮੈਦਾਨ ਵਿੱਚ ਸਨ ਜਿਸ ਨੂੰ ਜਗਦੀਸ਼ ਸਿੰਘ ਨੇ 140 ਦੇ ਕਰੀਬ ਵੱਧ ਵੋਟਾਂ ਦੇ ਫਰਕ ਨਾਲ ਹਰਾ ਕੇ ਸਰਪੰਚੀ ਜਿੱਤ ਲਈ ਅਤੇ ਨਾਲ ਹੀ ਉਨ੍ਹਾਂ ਦੀ ਤਰਫੋਂ ਮੈਂਬਰ ਪੰਚਾਇਤ ਦੀ ਚੋਣ ਲੜ ਰਹੇ ਮੋਨਾ ਪਤਨੀ ਨਰਿੰਦਰ ਸਿੰਘ, ਸੁਖਪਾਲ ਸਿੰਘ ਪੁੱਤਰ ਰਾਮ ਸਿੰਘ, ਸੁਰਜੀਤ ਸਿੰਘ ਪੁੱਤਰ ਬਲਵੰਤ ਸਿੰਘ, ਵਿਜੇ ਕੁਮਾਰ ਪੁੱਤਰ ਓਮ ਪ੍ਰਕਾਸ਼, ਮਨਦੀਪ ਕੌਰ ਪਤਨੀ ਰਵਿੰਦਰ ਬਾਠ ਦੀ ਚੋਣ ਜਿੱਤਣ ਵਿੱਚ ਕਾਮਯਾਬ ਹੋਏ ਹਨ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਰਪੰਚ ਜਗਦੀਸ਼ ਸਿੰਘ ਨੇ ਕਿਹਾ ਕਿ ਇਹ ਉਨ੍ਹਾਂ ਦੀ ਖੁਸ਼ਕਿਸਮਤੀ ਹੈ ਕਿ ਪਿੰਡ ਵਾਸੀਆਂ ਨੇ ਉਨ੍ਹਾਂ ਨੂੰ ਸੇਵਾ ਕਰਨ ਦਾ ਮੌਕਾ ਦਿੱਤਾ ਹੈ ਅਤੇ ਉਹ ਪਿੰਡ ਵਾਸੀਆਂ ਦੀ ਸੇਵਾ ਕਰਨ ਵਿੱਚ ਕੋਈ ਕਸਰ ਬਾਕੀ ਨਹੀਂ ਛੱਡਣਗੇ। ਉਨ੍ਹਾਂ ਕਿਹਾ ਕਿ ਪਿੰਡ ਦੇ ਵਿਕਾਸ ਬਿਨਾਂ ਵਿਤਕਰੇ ਕੀਤਾ ਜਾਵੇਗਾ।

ਇਸ ਮੌਕੇ ਉਨ੍ਹਾਂ ਦੇ ਹਮਾਇਤੀ ਕੁਲਦੀਪ ਸਿੰਘ ਸਾਬਕਾ ਸਰਪੰਚ, ਇਕਬਾਲ ਸਿੰਘ, ਬਲਬੀਰ ਸਿੰਘ, ਸਿਕੰਦਰ ਸਿੰਘ, ਅਜੀਤ ਸਿੰਘ ਤੇ ਹੋਰ ਆਗੂ ਵੀ ਹਾਜ਼ਰ ਸਨ। ਚੋਣ ਜਿੱਤਣ ਲਈ ਜਗਦੀਸ਼ ਸਿੰਘ ਤੇ ਉਨ੍ਹਾਂ ਦੇ ਸਾਥੀਆਂ ਨੂੰ ਆਮ ਆਦਮੀ ਪਾਰਟੀ ਹਲਕਾ ਮਜੀਠਾ ਦੇ ਇੰਚਾਰਜ ਜਗਵਿੰਦਰ ਪਾਲ ਸਿੰਘ ਜੱਗਾ ਵੱਲੋਂ ਵਧਾਈ ਦਿੰਦਿਆਂ ਉਨ੍ਹਾਂ ਨੂੰ ਹਰ ਪੱਖ ਤੋਂ ਸਹਿਯੋਗ ਦੇਣ ਦਾ ਭਰੋਸਾ ਦਿੱਤਾ ਗਿਆ। ਬਾਅਦ ਵਿੱਚ ਸਰਪੰਚ ਜਗਦੀਸ਼ ਸਿੰਘ ਤੇ ਉਨ੍ਹਾਂ ਦੀ ਟੀਮ ਨੇ ਗੁਰਦੁਆਰਾ ਗੁਰੂ ਨਾਨਕ ਦੂਖ ਨਿਵਾਰਨ ਸਾਹਿਬ ਖੁਜਾਲਾ ਵਿਖੇ ਵੀ ਮੱਥਾ ਟੇਕਿਆ। ਜਿੱਥੇ ਬਾਬਾ ਗੁਰਦੀਪ ਸਿੰਘ ਵੱਲੋਂ ਪੰਚਾਇਤ ਤੇ ਹੋਰ ਆਗੂਆਂ ਨੂੰ ਸਰੋਪੇ ਦੇ ਕੇ ਸਨਮਾਨਤ ਕੀਤਾ ਗਿਆ ।

# ਜਸਵੰਤ ਸਿੰਘ ਇੱਕ ਵੋਟ ਦੇ ਫਰਕ ਨਾਲ ਰਹੇ ਜੇਤੂ



ਧਾਰੀਵਾਲ (ਮਨਦੀਪ ਸਿੰਘ ਵਿੱਕੀ)- ਧਾਰੀਵਾਲ ਬਲਾਕ ਅਧੀਨ ਪੈਂਦੇ ਪਿੰਡ ਦੂਲੂਆਣਾ ਦੇ ਪੰਚਾਇਤੀ ਚੋਣਾਂ ਵਿੱਚ ਫਸਵੇਂ ਮੁਕਾਬਲੇ ਵਿੱਚ ਇਕ ਵੋਟ ਦੇ ਫਰਕ ਨਾਲ ਆਮ ਆਦਮੀ ਪਾਰਟੀ ਦੇ ਉਮੀਦਵਾਰ ਸਰਵਪਾਲ ਸਿੰਘ ਨੂੰ ਹਰਾ ਕੇ ਕਾਂਗਰਸ ਪਾਰਟੀ ਨਾਲ ਸਬੰਧਤ ਜਸਵੰਤ ਸਿੰਘ ਪਿੰਡ ਦੂਲੂਆਣਾ ਦਾ ਸਰਪੰਚ ਬਣਿਆ ਹੈ।

ਪੰਚਾਂ ਦੀਆਂ ਵਾਰਡਾਂ ਵਿੱਚ ਉਮੀਦਵਾਰਾਂ ਦੀਆਂ ਬਰਾਬਰ ਵੋਟਾਂ ਹੋਣ ਕਾਰਨ ਟਾਸ 'ਤੇ ਦੋ ਔਰਤਾਂ ਮਾਇਆ ਕੌਰ ਅਤੇ ਬੇਵੀ ਕੌਰ ਪੰਚ ਬਣੀਆਂ ਬਣੀਆਂ ਹਨ। ਜਦਕਿ ਸ਼ਮਸ਼ੇਰ ਸਿੰਘ ਤੇ ਜਰਨੈਲ ਸਿੰਘ ਦੋਵੇਂ ਜਣੇ ਚੋਣ ਜਿੱਤ ਕੇ ਪੰਚ ਬਣੇ ਹਨ ਅਤੇ ਗੁਰਮੀਤ ਸਿੰਘ ਨੂੰ ਸਰਬਸੰਮਤੀ ਨਾਲ ਪਿੰਡ ਵਾਸੀਆਂ ਨੇ ਪਹਿਲਾਂ ਹੀ ਪੰਚ ਚੁਣ ਲਿਆ ਸੀ।

ਦੱਸਣਯੋਗ ਹੈ ਕਿ ਨਵੇਂ ਬਣੇ ਸਰਪੰਚ ਜਸਵੰਤ ਸਿੰਘ, ਪੰਚ ਮਾਇਆ ਕੌਰ, ਪੰਚ ਸਮਸ਼ੇਰ ਸਿੰਘ ਅਤੇ ਪੰਚ ਜਰਨੈਲ ਸਿੰਘ (ਸਾਰੇ) ਕਾਂਗਰਸ ਪਾਰਟੀ ਨਾਲ ਸਬੰਧਤ ਹਨ ਅਤੇ ਬਹੁਮਤ ਹੋਣ ਕਰਕੇ ਪਿੰਡ ਦੂਲੂਆਣਾ ਦੀ ਪੰਚਾਇਤ ਵੀ ਕਾਂਗਰਸ ਪਾਰਟੀ ਦੇ ਖੇਮੇ ਦੀ ਬਣੀ ਹੈ। ਇਸ ਮੌਕੇ ਨਵੀਂ ਬਣੀ ਪੰਚਾਇਤ ਨੇ ਆਪਣੇ ਸਮਰਥਕਾਂ ਮਲਕੀਤ ਸਿੰਘ ਧਾਲੀਵਾਲ, ਕਮਲਜੀਤ ਸਿੰਘ, ਹਰਦੇਵ ਸਿੰਘ, ਹਰਵਿੰਦਰ ਸਿੰਘ, ਗੁਰਵੇਲ ਸਿੰਘ, ਰਣਜੀਤ ਸਿੰਘ, ਮਿੰਟਾ ਧਾਲੀਵਾਲ ਆਦਿ ਪਿੰਡ ਵਾਸੀਆਂ ਦੀ ਮੌਜੂਦਗੀ ਵਿੱਚ ਕਿਹਾ ਉਹ ਪਾਰਟੀਬਾਜ਼ੀ ਤੋਂ ਉਪਰ ਉੱਠ ਕੇ ਪਿੰਡ ਦੇ ਸਰਬਪੱਖੀ ਵਿਕਾਸ ਕਾਰਜਾਂ ਲਈ ਯਤਨਸ਼ੀਲ ਰਹਿਣਗੇ ਅਤੇ ਕਿਸੇ ਨਾਲ ਕੋਈ ਭੇਦਭਾਵ ਨਹੀਂ ਕੀਤਾ ਜਾਵੇਗਾ।

# ਪਟਾਕਿਆਂ ਦੀ ਵਿਕਰੀ ਲਈ ਅਸਥਾਈ ਲਾਇਸੰਸ ਲਈ 19 ਤੱਕ ਜਮ੍ਹਾਂ ਹੋ ਸਕਦੇ ਹਨ ਫਾਰਮ



ਅਜਨਾਲਾ (ਸੁਖਤਿੰਦਰ ਸਿੰਘ ਰਾਜੂ)-ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਦੀਆਂ ਹਦਾਇਤਾਂ ਅਨੁਸਾਰ ਦੀਵਾਲੀ/ਗੁਰਪੁਰਬ ਦੇ ਤਿਉਹਾਰ 'ਤੇ ਪਟਾਕਿਆਂ ਦੀ ਵਿਕਰੀ ਲਈ ਅਸਥਾਈ ਲਾਇਸੰਸ ਜਾਰੀ ਕੀਤੇ ਜਾਣੇ ਹਨ। ਇਸ ਸਬੰਧੀ ਚਾਹਵਾਨ ਵਿਅਕਤੀ ਆਪਣੀਆਂ ਦਰਖਾਸਤਾਂ 19 ਅਕਤੂਬਰ ਸ਼ਾਮ 5-00 ਵਜੇ ਤੱਕ ਸੇਵਾ ਕੇਂਦਰ, ਦਫਤਰ ਉਪ ਮੰਡਲ ਮੈਜਿਸਟਰੇਟ ਅਜਨਾਲਾ ਵਿਖੇ ਜਮ੍ਹਾਂ ਕਰਵਾ ਸਕਦੇ ਹਨ। ਨਿਰਧਾਰਤ ਪ੍ਰੋਫਾਰਮੇ ਪੰਜਾਬ ਸਰਕਾਰ ਦੀ ਵੈਬਸਾਈਟ ਅਤੇ ਸੇਵਾ ਕੇਂਦਰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿੱਚ ਉਪਲਬੱਧ ਹਨ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਉਪ ਮੰਡਲ ਮੈਜਿਸਟਰੇਟ ਅਜਨਾਲਾ ਰਵਿੰਦਰ ਸਿੰਘ ਅਰੋੜਾ ਨੇ ਦੱਸਿਆ ਕਿ ਜਿਨ੍ਹਾਂ ਵਿਅਕਤੀਆਂ ਦੀ ਅਰਜ਼ੀ ਡਰਾਅ ਰਾਹੀਂ ਚੁਣੀ ਜਾਵੇਗੀ ਉਨ੍ਹਾਂ ਵਿਅਕਤੀਆਂ ਦੇ ਨਾਂਅ 'ਤੇ ਹੀ ਪਟਾਕਿਆਂ ਦੀ ਵਿਕਰੀ ਸਬੰਧੀ ਆਰਜ਼ੀ ਲਾਇਸੰਸ ਜਾਰੀ ਕੀਤੇ ਜਾਣੇ ਹਨ।ਇਸ ਲਈ ਕੁੱਲ ਪ੍ਰਾਪਤ ਹੋਈਆਂ ਦਰਖਾਸਤਾਂ ਵਿਚੋਂ ਡਰਾਅ ਆਮ ਪਬਲਿਕ ਦੀ ਹਾਜ਼ਰੀ ਵਿੱਚ 21 ਅਕਤੂਬਰ ਨੂੰ 4-00 ਵਜੇ ਤਹਿਸੀਲ ਕੰਪਲੈਕਸ ਅਜਨਾਲਾ ਦੇ ਮੀਟਿੰਗ ਹਾਲ, ਦਫਤਰ ਉਪ ਮੰਡਲ ਮੈਜਿਸਟਰੇਟ ਅਜਨਾਲਾ ਵਿਖੇ ਕੱਢਿਆ ਜਾਵੇਗਾ।

# ਬੇਰੁਜ਼ਗਾਰ ਸਾਂਝੇ ਮੋਰਚੇ ਦੀ ਮੀਟਿੰਗ ਤਰਨ ਤਾਰਨ ਵਿਖੇ ਹੋਈ




ਝਬਾਲ (ਹਰਜਿੰਦਰ ਸਿੰਘ ਸੋਨੀ)- ਬੇਰੁਜ਼ਗਾਰ ਸਾਂਝੇ ਮੋਰਚੇ ਵੱਲੋਂ ਬੀਐੱਡ ਟੈੱਟ ਪਾਸ ਅਧਿਆਪਕ ਯੂਨੀਅਨ ਜ਼ਿਲਾ ਤਰਨ ਤਾਰਨ ਦੀ ਇੱਕ ਅਹਿਮ ਮੀਟਿੰਗ 17 ਅਕਤੂਬਰ ਨੂੰ ਸੂਬਾ ਕਨਵੀਨਰ ਸੁਖਵਿੰਦਰ ਸਿੰਘ ਢਿਲਵਾਂ, ਬੇਰੁਜ਼ਗਾਰ ਸਾਂਝਾ ਮੋਰਚਾ ਦੀ ਪ੍ਰਧਾਨਗੀ ਹੇਠ ਗਾਂਧੀ ਪਾਰਕ ਤਰਨ ਤਾਰਨ ਵਿਖੇ ਕੀਤੀ ਗਈ। ਮੀਟਿੰਗ ਸੰਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਪ੍ਰਧਾਨ ਹਰਨੰਦ ਸਿੰਘ ਬੱਲਿਆਂਵਾਲਾ ਨੇ ਦੱਸਿਆ ਕਿ ਨਵੀਆਂ ਪੋਸਟਾਂ ਦੀ ਭਰਤੀ ਸਬੰਧੀ, ਉਮਰ ਹੱਦ ਵਿੱਚ ਛੋਟ ਸਬੰਧੀ, 55 ਫ਼ੀਸਦੀ ਦੀ ਸ਼ਰਤ ਰੱਦ ਕਰਵਾਉਣ ਸਬੰਧੀ ਅਤੇ ਨਵੀਂ ਬਣੀ ਸਰਕਾਰ ਵੱਲੋਂ ਚੋਣਾਂ ਤੋਂ ਪਹਿਲਾਂ ਕੀਤੇ ਗਏ ਵਾਅਦਿਆਂ ਨੂੰ ਪੂਰਾ ਕਰਵਾਉਣ ਲਈ ਸਾਂਝੇ ਮੋਰਚੇ ਵੱਲੋਂ ਲਗਾਤਾਰ ਸੰਘਰਸ਼ ਕੀਤਾ ਜਾਂ ਰਿਹਾ ਹੈ। ਇਸ ਸਬੰਧੀ ਤਰਨ ਤਾਰਨ ਦੇ ਨਵੇਂ ਸਾਥੀਆਂ ਨੂੰ ਜਾਣੂ ਕਰਵਾਇਆ ਗਿਆ ਅਤੇ ਸਾਂਝੇ ਮੋਰਚੇ ਵੱਲੋਂ ਚੱਲ ਰਹੇ ਸੰਘਰਸ਼ ਲਈ ਲਾਮਬੰਦੀ ਕਰਨ ਲਈ ਕਿਹਾ ਗਿਆ। ਸੂਬਾ ਕਨਵੀਨਰ ਸੁਖਵਿੰਦਰ ਸਿੰਘ ਢਿਲਵਾਂ ਨੇ ਦੱਸਿਆ ਕਿ ਸਰਕਾਰ ਮੋਰਚੇ ਦੇ ਆਗੂਆਂ ਨੂੰ ਮੀਟਿੰਗਾਂ ਲਈ ਬੁਲਾ ਕੇ ਹਰ ਵਾਰ ਖੱਜਲ ਖੁਆਰ ਕਰ ਰਹੀ ਹੈ ਅਤੇ ਢਾਈ ਸਾਲ ਦਾ ਸਮਾਂ ਬੀਤ ਜਾਣ ਦੇ ਬਾਵਜੂਦ ਸਰਕਾਰ ਵੱਲੋਂ ਮੋਰਚੇ ਦੀਆਂ ਮੰਗਾਂ ਦਾ ਕੋਈ ਹੱਲ ਨਹੀਂ ਕੀਤਾ ਗਿਆ ਅਤੇ ਨਾ ਹੀ ਅਜੇ ਤੱਕ ਕੋਈ ਨਵੀਂ ਭਰਤੀ ਦਾ ਇਸ਼ਤਿਹਾਰ ਜਾਰੀ ਕੀਤਾ ਗਿਆ ਹੈ। ਦੂਜੇ ਪਾਸੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਹਰ ਸਟੇਜ ਤੋਂ ਬੇਰੁਜ਼ਗਾਰਾਂ ਦੀਆਂ ਸਮੱਸਿਆਂਵਾਂ ਦਾ ਹੱਲ ਕਰਨ ਅਤੇ ਉਮਰ ਹੱਦ ਵਿੱਚ ਛੋਟ ਦੇਣ ਦੀ ਗੱਲ ਕਰਦੇ ਆ ਰਹੇ ਹਨ। ਇਸ ਤੋਂ ਇਲਾਵਾ ਉਨ੍ਹਾਂ ਨੇ ਸਾਥੀਆਂ ਨੂੰ ਸਾਲਾਂਬੱਧੀ ਕੀਤੇ ਜਾਂ ਰਹੇ ਯੂਨੀਅਨ ਦੇ ਸੰਘਰਸ਼ ਦੀ ਵਿਸਥਾਰ ਸਹਿਤ ਜਾਣਕਾਰੀ ਦਿੱਤੀ ਅਤੇ 27 ਅਕਤੂਬਰ ਨੂੰ ਮੁੱਖ ਮੰਤਰੀ ਦੇ ਸੰਗਰੂਰ ਧਰਨੇ ਵਿੱਚ ਸ਼ਾਮਲ ਹੋਣ ਲਈ ਕਿਹਾ। ਜ਼ਿਲ੍ਹੇ ਦੇ ਮੀਤ ਪ੍ਰਧਾਨ ਗੁਰਪ੍ਰੀਤ ਸਿੰਘ ਹਰੀਕੇ ਨੇ ਦੱਸਿਆ ਕਿ 21 ਅਤੇ 22 ਅਕਤੂਬਰ ਨੂੰ ਸਿੱਖਿਆ ਮੰਤਰੀ ਅਤੇ ਮੁੱਖ ਮੰਤਰੀ ਵੱਲੋਂ ਬਣਾਈ ਗਈ ਸਬ-ਕਮੇਟੀ ਨਾਲ ਮੋਰਚੇ ਦੇ ਆਗੂਆਂ ਨੂੰ ਮੀਟਿੰਗ ਲਈ ਬੁਲਾਇਆ ਗਿਆ ਹੈ।

ਜੇਕਰ ਮੀਟਿੰਗ ਵਿੱਚ ਕੋਈ ਪੁਖਤਾ ਹੱਲ ਨਾ ਨਿਕਲਿਆ ਤਾਂ ਜਿਮਨੀ ਚੋਣਾਂ ਮੌਕੇ ਹਰ ਥਾਂ ਸਰਕਾਰ ਦਾ ਵਿਰੋਧ ਕੀਤਾ ਜਾਏਗਾ। ਅੰਤ ਵਿੱਚ ਗੁਰਪ੍ਰੀਤ ਸਿੰਘ ਬਾਗੜੀਆ ਵੱਲੋਂ ਮੀਟਿੰਗ ਵਿੱਚ ਪਹੁੰਚੇ ਸਾਰੇ ਸਾਥੀਆਂ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਕਰਨਬੀਰ ਸਿੰਘ, ਰਣਜੀਤ ਸਿੰਘ, ਇੰਦਰਜੀਤ ਸਿੰਘ, ਗੁਰਜਿੰਦਰ ਸਿੰਘ, ਬਲਗੇਰ ਸਿੰਘ, ਜਗਰੂਪ ਸਿੰਘ, ਮਨਦੀਪ ਕੌਰ, ਰਮਨਦੀਪ ਕੌਰ, ਕੁਲਬੀਰ ਕੌਰ, ਨਰਿੰਦਰ ਪਾਲ ਸ਼ਰਮਾ,ਸੰਦੀਪ ਸਿੰਘ, ਅੰਮ੍ਰਿਤਪਾਲ ਸਿੰਘ, ਪ੍ਰਿਸ਼ਪਾਲ ਸਿੰਘ, ਕਰਮਬੀਰ ਸਿੰਘ, ਰੁਪਿੰਦਰ ਸਿੰਘ, ਰਣਜੀਤ ਸਿੰਘ, ਮੁਹਿੰਦਰ ਸਿੰਘ, ਸੁਰਿੰਦਰ ਸਿੰਘ, ਜਗਰੂਪ ਸਿੰਘ ਬੁਰਜ ਆਦਿ ਮੈਂਬਰ ਹਾਜ਼ਰ ਸਨ।

# ਚੋਣਾਂ 'ਚ ਹੋਏ ਝਗੜੇ 'ਚ ਇੱਕ ਜ਼ਖ਼ਮੀ, ਮਾਮਲਾ ਦਰਜ

ਗੁਰਦਾਸਪੁਰ (ਜਨਕ ਮਹਾਜਨ)- ਥਾਣਾ ਸਦਰ ਗੁਰਦਾਸਪੁਰ ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਰਤਨ ਸਿੰਘ ਪੁੱਤਰ ਬਹਾਦਰ ਸਿੰਘ ਵਾਸੀ ਗੋਸਲ ਨੇ ਦੱਸਿਆ ਕਿ 12 ਅਕਤੂਬਰ ਨੂੰ ਸ਼ਾਮ 6 ਵਜੇ ਦੇ ਕਰੀਬ ਮੇਰਾ ਬਲਵਿੰਦਰ ਸਿੰਘ, ਕੁਲਵਿੰਦਰ ਸਿੰਘ, ਸੁਖਵਿੰਦਰ ਸਿੰਘ ਪੁੱਤਰਾਨ ਰਘਬੀਰ ਸਿੰਘ, ਜਸ਼ਨਪ੍ਰੀਤ ਸਿੰਘ ਪੁੱਤਰ ਬਲਵਿੰਦਰ ਸਿੰਘ, ਕਰਨਪ੍ਰੀਤ ਸਿੰਘ ਪੁੱਤਰ ਹਰਜਿੰਦਰ ਸਿੰਘ ਸਾਰੇ ਵਾਸੀ ਗੋਸਲ ਨਾਲ ਝਗੜਾ ਹੋਇਆ ਸੀ ਜਿਸ ਤੋਂ ਬਾਅਦ ਮੈਂ ਸਿਵਲ ਹਸਪਤਾਲ ਬਬਰੀ ਗੁਰਦਾਸਪੁਰ ਵਿਖੇ ਦਾਖਲ ਹੋ ਗਿਆ। ਉਕਤ ਵਿਅਕਤੀਆਂ ਨੇ ਮਿਤੀ 12/13 ਅਕਤੂਬਰ ਦੀ ਦਰਮਿਆਨੀ ਰਾਤ ਨੂੰ ਸਿਵਲ ਹਸਪਤਾਲ ਬਬਰੀ ਗੁਰਦਾਸਪੁਰ ਵਿਖੇ ਫਿਰ ਮੇਰੇ ਉਪਰ ਹਮਲਾ ਕਰ ਦਿੱਤਾ। ਥਾਣਾ ਸਦਰ ਗੁਰਦਾਸਪੁਰ ਪੁਲਸ ਨੇ ਉਕਤ ਬਿਆਨਾਂ 'ਤੇ ਕਾਰਵਾਈ ਕਰਦਿਆਂ ਕਥਿਤ ਦੋਸ਼ੀਆਂ ਖਿਲਾਫ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

# ਜਾਗਰੂਕਤਾ ਵੈਨਾਂ ਰਾਹੀਂ ਕਿਸਾਨਾਂ ਨੂੰ ਕੀਤਾ ਜਾ ਰਿਹਾ ਜਾਗਰੂਕ

ਬਟਾਲਾ (ਡਾਕਟਰ ਮਲਵਿੰਦਰ ਸਿੰਘ)-ਡਿਪਟੀ ਕਮਿਸ਼ਨਰ ਗੁਰਦਾਸਪੁਰ ਉਮਾ ਸ਼ੰਕਰ ਗੁਪਤਾ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਪਰਾਲੀ ਨਾ ਸਾੜਨ ਅਤੇ ਪਰਾਲੀ ਦੇ ਨੁਕਸਾਨਾਂ ਬਾਰੇ ਜਾਗਰੂਕ ਕਰਨ ਦੇ ਮੰਤਵ ਨਾਲ ਜਾਗਰੂਕਤਾ ਵੈਨਾਂ ਚਲਾਈਆਂ ਗਈਆਂ ਹਨ, ਜੋ ਅੱਜ ਬਟਾਲਾ ਬਲਾਕ ਦੇ ਵੱਖ- ਵੱਖ ਪਿੰਡਾਂ ਵਿੱਚ ਪਹੁੰਚੀਆਂ ਤੇ ਲੋਕਾਂ/ਕਿਸਾਨਾਂ ਨੂੰ ਪਰਾਲੀ ਨਾ ਸਾੜਨ ਅਤੇ ਵਾਤਾਵਰਣ ਨੂੰ ਪ੍ਰਦੂਸ਼ਣ ਰਹਿਤ ਬਣਾਉਣ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਦਾ ਸਾਥ ਦੇਣ ਲਈ ਜਾਗਰੂਕ ਕੀਤਾ।ਇਸ ਸਬੰਧੀ ਏ.ਡੀ.ਓ. ਡਾ. ਪਰਮਬੀਰ ਕੌਰ ਕਾਹਲੋਂ ਨੇ ਦੱਸਿਆ ਕਿ ਕਿਸਾਨਾਂ ਨੂੰ ਫਸਲਾਂ ਦੀ ਰਹਿੰਦ-ਖੂੰਹਦ ਸਾੜਨ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨ ਲਈ ਤਿੰਨ ਪ੍ਰਚਾਰ ਵੈਨਾਂ ਚੱਲ ਰਹੀਆਂ ਹਨ ਅਤੇ ਜਾਗਰੂਕਤਾ ਵੈਨਾਂ ਰਾਹੀਂ ਝੋਨੇ ਦੀ ਪਰਾਲੀ ਨਾ ਸਾੜਨ ਦੇ ਨਾਲ ਪਰਾਲੀ ਦੇ ਸੁਚੱਜੇ ਪ੍ਰਬੰਧਨ ਲਈ ਵੀ ਜਾਗਰੂਕ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਕਿਸਾਨ ਦੀ ਸਹੂਲਤ ਲਈ ਹੈਲਪ ਲਾਈਨ ਨੰਬਰ 1800-180-1852 ਵੀ ਜਾਰੀ ਕੀਤਾ ਹੋਇਆ ਹੈ।

# ਤਖਤ ਸਾਹਿਬਾਨ ਦੇ ਗੌਰਵ ਤੇ ਸਿਧਾਂਤਾਂ ਨੂੰ ਬਚਾਉਣਾ ਸਮੇਂ ਦੀ ਲੋੜ : ਜਥੇਦਾਰ ਹਵਾਰਾ ਕਮੇਟੀ



ਅੰਮ੍ਰਿਤਸਰ ( ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)- ਜਥੇਦਾਰ ਜਗਤਾਰ ਸਿੰਘ ਹਵਾਰਾ ਕਮੇਟੀ ਨੇ ਪਿਛਲੇ ਕੁਝ ਸਮੇਂ ਤੋਂ ਸ਼ਬਦੀ ਜੰਗ ਅਤੇ ਇੱਕ ਦੂਸਰੇ 'ਤੇ ਗੰਭੀਰ ਦੂਸ਼ਣਬਾਜ਼ੀ ਤੋਂ ਉਪਜੀ ਵਿਸਫੋਟਕ ਸਥਿਤੀ ਨੂੰ ਪੰਥ ਲਈ ਨਿਰਾਸ਼ਾਜਨਕ ਅਤੇ ਮੰਦਭਾਗੀ ਦੱਸਿਆ ਹੈ। ਹਵਾਰਾ ਕਮੇਟੀ ਦੇ ਆਗੂ ਪ੍ਰੋਫੈਸਰ ਬਲਜਿੰਦਰ ਸਿੰਘ ਅਤੇ ਬਾਪੂ ਗੁਰਚਰਨ ਸਿੰਘ ਨੇ ਕਿਹਾ ਕਿ ਵਿਦੇਸ਼ਾਂ ਵਿੱਚ ਸੰਘਰਸ਼ੀ ਯੋਧਿਆਂ ਦੇ ਕਤਲ ਅਤੇ ਭਾਰਤ ਵਿੱਚ ਸਿੱਖ ਵਿਰੋਧੀ ਸ਼ਕਤੀਆਂ ਦੀ ਸਾਜ਼ਿਸ਼ੀ ਘੇਰਾਬੰਦੀ ਦੇ ਬਾਵਜੂਦ ਅਸੀਂ ਚੇਤੰਨ ਨਹੀਂ ਹੋਏ। ਅੱਜ ਸਾਰੇ ਹੀ ਤਖ਼ਤ ਸਾਹਿਬਾਨ ਦੇ ਗੌਰਵ ਅਤੇ ਸਿਧਾਂਤਾਂ ਨੂੰ ਲੱਗ ਰਹੀ ਢਾਅ ਸਮੁੱਚੀ ਕੌਮ ਲਈ ਚਿੰਤਾ ਦਾ ਵਿਸ਼ਾ ਹੈ ਅਤੇ ਇਸ ਦੀ ਮਰਯਾਦਾ ਨੂੰ ਬਚਾ ਕੇ ਰੱਖਣਾ ਹਰ ਸਿੱਖ ਦੀ ਜ਼ੁੰਮੇਵਾਰੀ ਹੈ।

ਹਵਾਰਾ ਕਮੇਟੀ ਆਗੂਆਂ ਨੇ ਕਿਹਾ ਕਿ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਦੇ ਬਿਆਨ ਮੁਤਾਬਕ ਉਨ੍ਹਾਂ ਦੇ ਪਰਵਾਰ ਨੂੰ ਮਿਲੀਆਂ ਧਮਕੀਆਂ ਦੇ ਬਾਅਦ ਦਿੱਤੇ ਗਏ ਅਸਤੀਫੇ ਤੋਂ ਇਹ ਸਪਸ਼ਟ ਹੋ ਜਾਂਦਾ ਹੈ ਕਿ ਅਤੀਤ ਵਿਚ ਵੀ ਤਖ਼ਤਾਂ ਦੇ ਜਥੇਦਾਰਾਂ 'ਤੇ ਸਿਆਸੀ ਦਬਾਅ ਪਾ ਕੇ ਆਪਣੀ ਮਨਮਰਜ਼ੀ ਦੇ ਫੈਸਲੇ ਕਰਵਾਉਣ ਦੇ ਯਤਨ ਹੁੰਦੇ ਰਹੇ ਹਨ। ਵਰਤਮਾਨ ਦੀ ਵਿਗੜੀ ਪੰਥਕ ਸਥਿਤੀ ਦਾ ਮੂਲ ਕਾਰਨ ਅਕਾਲੀ ਦਲ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਅਤੇ ਹੋਰ ਸਿੰਘ ਸਾਹਿਬਾਨਾਂ ਨੂੰ ਨਿੱਜੀ ਹਿਤਾਂ ਲਈ ਵਰਤਣਾ ਸੀ। ਸਮਾਂ ਆ ਗਿਆ ਹੈ ਕਿ ਇਨ੍ਹਾਂ ਦੇ ਚੁੰਗਲ ਤੋਂ ਬਾਹਰ ਨਿਕਲ ਕੇ ਪੰਥ ਨੂੰ ਸਮਰਪਤ ਹੋਇਆ ਜਾਵੇ।

ਪੰਥਕ ਪਾਰਟੀ ਤੋਂ ਪੰਜਾਬੀ ਪਾਰਟੀ ਬਣਿਆ ਅਕਾਲੀ ਦਲ ਆਪਣੀ ਸਿਆਸੀ ਜ਼ਮੀਨ ਦੀ ਤਲਾਸ਼ ਕਰਦਾ ਹੋਇਆ ਇਕ ਵਾਰ ਫਿਰ ਤਖਤਾਂ ਦੇ ਰਾਜਨੀਤੀਕਰਨ ਦੇ ਇਲਜ਼ਾਮ ਵਿਚ ਘਿਰ ਗਿਆ ਹੈ। ਪ੍ਰੋ. ਬਲਜਿੰਦਰ ਸਿੰਘ ਅਤੇ ਬਾਪੂ ਗੁਰਚਰਨ ਸਿੰਘ ਨੇ ਕਿਹਾ ਕਿ ਜਥੇਦਾਰ ਜਗਤਾਰ ਸਿੰਘ ਹਵਾਰਾ ਨੂੰ ਸਰਬਤ ਖਾਲਸਾ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਜਥੇਦਾਰ ਬਣਾਇਆ ਸੀ। ਅਸੀਂ ਇਸ ਫੈਸਲੇ 'ਤੇ ਅੱਜ ਵੀ ਖੜ੍ਹੇ ਹਾਂ ਪਰ ਜਦ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਬਉਚਤਾ, ਗੌਰਵ, ਮਰਯਾਦਾ ਅਤੇ ਪ੍ਰਭੁਸੱਤਾ 'ਤੇ ਬਾਹਰੀ ਜਾਂ ਅੰਦਰੂਨੀ ਹਮਲੇ ਹੁੰਦੇ ਹਨ ਤਾਂ ਅਸੀਂ ਮੂਕ ਦਰਸ਼ਕ ਬਣ ਕੇ ਤਮਾਸ਼ਾ ਨਹੀਂ ਦੇਖ ਸਕਦੇ। ਗਿਆਨੀ ਹਰਪ੍ਰੀਤ ਸਿੰਘ ਦੇ ਪਰਵਾਰ, ਵਿਸ਼ੇਸ਼ ਤੌਰ 'ਤੇ ਬੇਟੀਆਂ ਨੂੰ ਕਿਰਦਾਰ ਵਿਹੂਣਿਆਂ ਵੱਲੋਂ ਡਰਾਉਣਾ ਸਿੱਖ ਆਚਰਨ ਦਾ ਹਿੱਸਾ ਨਹੀਂ, ਅਸੀ ਇਸ ਦੀ ਨਿੰਦਾ ਕਰਦੇ ਹਾਂ ਪਰ ਨਾਲ ਇਹ ਵੀ ਦੱਸ ਦੇਈਦੇ ਕਿ ਸ਼ਸਤਰਧਾਰੀ ਹੋ ਕੇ ਡਰ ਜਾਣਾ ਵੀ ਚੰਗੀ ਗੱਲ ਨਹੀਂ ਹੈ। ਅਸੀ ਭਵਿੱਖ ਵਿੱਚ ਸਮੂਹ ਸਿੰਘ ਸਾਹਿਬਾਨ ਨੂੰ ਅਸਤੀਫ਼ੇ ਦੀ ਥਾਂ ਖਾਲਸਾਈ ਵੰਗਾਰ ਨੂੰ ਤਰਜੀਹ ਦੇਣ ਦੀ ਸਲਾਹ ਦੇਂਦੇ ਹਾਂ।

ਬਿਆਨ ਜਾਰੀ ਕਰਦੇ ਹੋਏ ਮਹਾਬੀਰ ਸਿੰਘ ਸੁਲਤਾਨਵਿੰਡ, ਬਲਦੇਵ ਸਿੰਘ ਨਵਾਂਪਿੰਡ, ਡਾ. ਸੁਖਦੇਵ ਸਿੰਘ ਬਾਬਾ ਅਤੇ ਸੁਖਰਾਜ ਸਿੰਘ ਵੇਰਕਾ ਨੇ ਕਿਹਾ ਕਿ ਗਿਆਨੀ ਗੁਰਬਚਨ ਸਿੰਘ ਨੂੰ ਆਪਣੀ ਆਤਮਾ ਤੋਂ ਭਾਰ ਹਟਾਉਣ ਲਈ ਬਾਦਲ ਪਰਵਾਰ ਵੱਲੋਂ ਪਾਏ ਗਏ ਸਿਆਸੀ ਦਬਾਅ ਨੂੰ ਕੌਮ ਦੇ ਸਾਹਮਣੇ ਨਸ਼ਰ ਕਰ ਦੇਣਾ ਚਾਹੀਦਾ ਹੈ।

ਉਨ੍ਹਾ ਸੰਬੰਧਤ ਧਿਰਾਂ ਨੂੰ ਸਲਾਹ ਦਿੱਤੀ ਕਿ ਵਿਸਫੋਟਕ ਹਾਲਾਤ ਨੂੰ ਫੈਲਣ ਤੋਂ ਬਚਾਉਣ ਲਈ ਭਾਸ਼ਾ ਦਾ ਇਸਤੇਮਾਲ ਮਰਯਾਦਾ ਵਿੱਚ ਰਹਿ ਕੇ ਕਰਨ।

# ਪਿੰਡ ਬੁਤਾਲਾ ਤੋਂ ਮਹਿਲਾ ਉਮੀਦਵਾਰ ਜੇਤੂ



ਬੁਤਾਲਾ ( ਨਿਰਮਲ ਸਿੰਘ ਸੰਘਾ)- ਪਿੰਡ ਬੁਤਾਲਾ ਤੋਂ ਬੀਬੀ ਕੁਲਜੀਤ ਕੌਰ ਸਰਪੰਚੀ ਦੇ ਉਮੀਦਵਾਰ 403 ਵੋਟ ਦੀ ਲੀਡ ਨਾਲ ਜੇਤੂ ਰਹੇ। ਇਸੇ ਤਰ੍ਹਾਂ ਪਿੰਡ ਕੰਮੋਕੇ 'ਚ ਬੀਬੀ ਕੁਲਦੀਪ ਕੌਰ, ਠਾਣੇਵਾਲ ਤੋਂ ਬੀਬੀ ਜਸ਼ਨਪ੍ਰੀਤ ਕੌਰ, ਬੁੱਧ ਸਿੰਘ ਨਗਰ (ਸਠਿਆਲਾ) ਤੋਂ ਬੀਬੀ ਸੁਖਵਿੰਦਰ ਕੌਰ, ਪਿੰਡ ਛਾਪਿਆਂਵਾਲੀ ਤੋਂ ਬੀਬੀ ਅਮਨਜੀਤ ਕੌਰ, ਨਾਨਕਸਰ (ਸਠਿਆਲਾ) ਤੋਂ ਗੁਰਜਿੰਦਰ ਸਿੰਘ ਗਿੰਦਾ, ਸਠਿਆਲਾ ਤੋਂ ਚਰਨਜੀਤ ਸਿੰਘ ਭੱਟੀ, ਜਮਾਲਪੁਰ ਤੋਂ ਡਾਕਟਰ ਪ੍ਰਭਜੀਤ ਸਿੰਘ, ਪਿੰਡ ਰਾਜਪੁਰ ਤੋਂ ਤੇਜਿੰਦਰ ਸਿੰਘ, ਪਿੰਡ ਨਰੰਗਪੁਰ ਤੋਂ ਡਾਕਟਰ ਐਮ ਪੀ ਦੀ ਧਰਮ ਪਤਨੀ, ਪਿੰਡ ਭੈਣੀ ਤੋਂ ਸੁਖਦੇਵ ਸਿੰਘ ਅਤੇ ਪਿੰਡ ਬਲਸਰਾਂ ਤੋਂ ਅਰਸ਼ਦੀਪ ਸਿੰਘ ਸਰਪੰਚ ਬਣੇ। ਬੀਬੀ ਕੁਲਜੀਤ ਕੌਰ ਬੁਤਾਲਾ ਦੇ ਸਰਪੰਚ ਬਣਨ 'ਤੇ ਸ਼ੁਕਰਾਨਾ ਕਰਨ ਲਈ ਸੁਖਵਿੰਦਰ ਸਿੰਘ ਸੁੱਖਾ ਆਪਣੇ ਨਵੇਂ ਚੁਣੇ ਮੈਂਬਰਾਂ ਨਾਲ ਗੁਰਦੁਆਰਾ ਬਾਬਾ ਪੱਲ੍ਹਾ ਸਾਹਿਬ ਵਿਖੇ ਆਏ ਅਤੇ ਗੁਰੂ ਜੀ ਦਾ ਅਸ਼ੀਰਵਾਰ ਲਿਆ। ਗੁਰਦੁਆਰਾ ਸਾਹਿਬ ਦੇ ਹੈਡ ਗ੍ਰੰਥੀ ਭਾਈ ਬਲਜੀਤ ਸਿੰਘ ਨੇ ਸਾਰਿਆਂ ਨੂੰ ਸਿਰੋਪਾਓ ਦੇ ਕੇ ਨਿਵਾਜਿਆ।

ਇਸ ਮੌਕੇ ਸੁਖਵਿੰਦਰ ਸਿੰਘ ਨੇ ਸਾਰੇ ਵੋਟਰਾਂ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਉਹ ਪਿੰਡ ਦੇ ਵਿਕਾਸ ਲਈ ਹਰ ਸੰਭਵ ਕੋਸ਼ਿਸ਼ ਕਰਨਗੇ। ਪਿੰਡ ਦਾ ਕੋਈ ਵੀ ਕੰਮ ਸਾਰਿਆਂ ਦੀ ਸਲਾਹ ਨਾਲ ਕੀਤਾ ਜਾਵੇਗਾ। ਬਰਸਾਤ ਵਿੱਚ ਹੜ੍ਹਾਂ ਵਰਗੀ ਸਥਿਤੀ ਬਣ ਜਾਂਦੀ ਹੈ ਨੂੰ ਰੋਕਣ ਲਈ ਡਰੇਨ ਦੀ ਸਫਾਈ ਕਰਵਾਈ ਜਾਵੇਗੀ। ਦਾਣਾ ਮੰਡੀ ਵਿੱਚ ਸ਼ੈਡ ਬਣਵਾਇਆ ਜਾਏਗਾ।ਇਸ ਮੌਕੇ ਉਨ੍ਹਾਂ ਨਾਲ ਸਾਰੇ ਮੈਂਬਰ ਮੌਜੂਦ ਸਨ।

# ਵਿਧਾਇਕ ਪਾਹੜਾ ਨੇ ਭੁੱਲੇਚੱਕ ਦੀ ਨਵ-ਨਿਯੁਕਤ ਪੰਚਾਇਤ ਦਾ ਕੀਤਾ ਸਨਮਾਨ



ਗੁਰਦਾਸਪੁਰ, (ਜਨਕ ਮਹਾਜਨ)- ਪੰਚਾਇਤੀ ਚੋਣਾਂ ਵਿੱਚ ਪਿੰਡ ਭੁੱਲੇਚੱਕ ਤੋਂ ਲਖਵਿੰਦਰ ਸਿੰਘ ਖਾਲਸਾ ਸਰਪੰਚ ਬਣੇ ਹਨ ਜਦੋਂ ਕਿ ਪਿੰਡ ਦੇ ਵੱਖ-ਵੱਖ ਵਾਰਡਾਂ ਤੋਂ ਪੰਚ ਬਣਾਏ ਗਏ ਹਨ। ਜਿੱਤਣ ਤੋਂ ਬਾਅਦ ਨਵ-ਨਿਯੁਕਤ ਸਰਪੰਚ ਅਤੇ ਪੰਚ ਹਲਕਾ ਵਿਧਾਇਕ ਬਰਿੰਦਰਮੀਤ ਸਿੰਘ ਪਾਹੜਾ ਦੀ ਰਿਹਾਇਸ਼ 'ਤੇ ਪੁੱਜੇ ਜਿੱਥੇ ਵਿਧਾਇਕ ਪਾਹੜਾ ਨੇ ਉਨ੍ਹਾਂ ਨੂੰ ਵਧਾਈ ਦਿੱਤੀ ਅਤੇ ਸਨਮਾਨਤ ਵੀ ਕੀਤਾ। ਵਿਧਾਇਕ ਪਾਹੜਾ ਨੇ ਦੱਸਿਆ ਕਿ ਪਿੰਡ ਖਾਲਸਾ ਦੇ ਲਖਵਿੰਦਰ ਸਿੰਘ ਦੇ ਸਰਪੰਚ ਬਣਨ ਦੇ ਨਾਲ ਹੀ ਵਾਰਡ ਨੰਬਰ ਇੱਕ ਤੋਂ ਕਰਤਾਰ ਸਿੰਘ, ਵਾਰਡ ਨੰਬਰ ਦੋ ਤੋਂ ਲਖਬੀਰ ਸਿੰਘ, ਵਾਰਡ ਨੰਬਰ ਤਿੰਨ ਤੋਂ ਸੱਤਾ, ਵਾਰਡ ਨੰਬਰ ਚਾਰ ਤੋਂ ਕਿਸ਼ੋਰ ਚੰਦ, ਵਾਰਡ ਨੰਬਰ ਪੰਜ ਤੋਂ ਸੰਦੀਪ ਕੌਰ, ਵਾਰਡ ਨੰਬਰ ਛੇ ਤੋਂ ਸੁਖਵਿੰਦਰ ਕੌਰ, ਵਾਰਡ ਨੰਬਰ ਸੱਤ ਤੋਂ ਨਰਿੰਦਰ ਕੌਰ, ਵਾਰਡ ਨੰਬਰ ਅੱਠ ਤੋਂ ਕੁਲਵੰਤ ਕੌਰ, ਵਾਰਡ ਨੰਬਰ ਨੌਂ ਤੋਂ ਭੋਲੀ ਪੰਚ ਬਣੇ ਹਨ। ਉਨ੍ਹਾਂ ਨਵ-ਨਿਯੁਕਤ ਪੰਚਾਇਤ ਨੂੰ ਵਧਾਈ ਦਿੱਤੀ।

ਉਨ੍ਹਾਂ ਕਿਹਾ ਕਿ ਕਾਂਗਰਸ ਸਰਕਾਰ ਦੌਰਾਨ ਸ਼ਹਿਰ ਦੇ ਨਾਲ-ਨਾਲ ਪੇਂਡੂ ਖੇਤਰਾਂ ਵਿੱਚ ਵੀ ਰਿਕਾਰਡ ਤੋੜ ਵਿਕਾਸ ਹੋਇਆ ਹੈ ਜਿਸ ਦਾ ਨਤੀਜਾ ਇਹ ਨਿਕਲਿਆ ਕਿ ਲੋਕਾਂ ਨੇ ਵਿਰੋਧੀ ਪਾਰਟੀਆਂ ਨੂੰ ਨਕਾਰ ਕੇ ਕਾਂਗਰਸ ਦੇ ਉਮੀਦਵਾਰਾਂ ਨੂੰ ਆਪਣੇ ਪ੍ਰਤੀਨਿਧ ਵਜੋਂ ਚੁਣਿਆ। ਉਨ੍ਹਾਂ ਕਿਹਾ ਕਿ ਪਿੰਡ ਭੁੱਲੇਚੱਕ ਦਾ ਹੋਰ ਵਿਕਾਸ ਕੀਤਾ ਜਾਵੇਗਾ। ਉਨ੍ਹਾਂ ਨਵ-ਨਿਯੁਕਤ ਪੰਚਾਇਤ ਨੂੰ ਤਨਦੇਹੀ ਨਾਲ ਕੰਮ ਕਰਨ ਲਈ ਪ੍ਰੇਰਿਤ ਕੀਤਾ ਅਤੇ ਪਿੰਡ ਦੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਲਈ ਕਿਹਾ। ਉਨ੍ਹਾਂ ਕਿਹਾ ਕਿ ਲੋਕ ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਨਰਾਜ਼ ਹਨ ਕਿਉਂਕਿ ਉਨ੍ਹਾਂ ਦੀ ਸਰਕਾਰ ਦੌਰਾਨ ਕੋਈ ਵੀ ਵਿਕਾਸ ਕਾਰਜ ਨਹੀਂ ਹੋ ਰਿਹਾ।

ਉਨ੍ਹਾਂ ਕਿਹਾ ਕਿ ਲੋਕ ਆਉਣ ਵਾਲੀਆਂ ਚੋਣਾਂ ਵਿੱਚ ਇਸ ਸਰਕਾਰ ਨੂੰ ਪੂਰੀ ਤਰ੍ਹਾਂ ਨਕਾਰ ਦੇਣਗੇ। ਨਵ-ਨਿਯੁਕਤ ਪੰਚਾਇਤ ਨੇ ਭਰੋਸਾ ਦਿੱਤਾ ਕਿ ਉਹ ਪਿੰਡ ਦੀ ਤਰੱਕੀ ਲਈ ਕੰਮ ਕਰਨਗੇ। ਵਿਕਾਸ ਕਾਰਜਾਂ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

# ਵਿਕਰਮ ਸਿੰਘ ਢਿੱਲੋਂ ਦੀ ਪੂਰੀ ਪੰਚਾਇਤ ਨੇ ਜਿੱਤੀ ਵੱਡੀ ਲੀਡ ਨਾਲ ਚੋਣ



ਝਬਾਲ (ਹਰਜਿੰਦਰ ਸਿੰਘ ਸੋਨੀ)-ਕਸਬਾ ਝਬਾਲ ਦੀ ਗ੍ਰਾਮ ਪੰਚਾਇਤ ਝਬਾਲ ਖਾਮ ਵਿਖੇ ਸੀਨੀਅਰ ਕਾਂਗਰਸੀ ਆਗੂ ਵਿਕਰਮ ਸਿੰਘ ਢਿੱਲੋਂ ਦੀ ਪੂਰੀ ਪੰਚਾਇਤ ਨੇ ਵੱਡੀ ਲੀਡ ਨਾਲ ਜਿੱਤ ਪ੍ਰਾਪਤ ਕਰਦਿਆਂ ਸਰਪੰਚੀ ਦੀ ਚੋਣ ਜਿੱਤ ਲਈ।ਇਸ ਮੌਕੇ ਸਰਪੰਚ ਚੁਣੀ ਗਈ ਬੀਬੀ ਰਾਜ ਕੌਰ ਸਮੇਤ ਸਮੂੰਹ ਪੰਚਾਇਤ ਮੈਂਬਰਾ ਨੂੰ ਫੁੱਲਾਂ ਦੇ ਹਾਰ ਅਤੇ ਸਿਰੋਪਾਉ ਪਾ ਕੇ ਢੋਲ ਦੇ ਡੱਗਿਆਂ ਨਾਲ ਪਰਵਾਰਕ ਮੈਂਬਰਾਂ ਤੇ ਵੋਟਰਾਂ ਸਪੋਟਰਾਂ ਵੱਲੋਂ ਲਿਆਂਦਾ ਗਿਆ।ਇਸ ਮੌਕੇ ਵਿਕਰਮ ਢਿੱਲੋਂ ਅਤੇ ਸਰਪੰਚ ਬੀਬੀ ਰਾਜ ਕੌਰ ਨੇ ਆਪਣੀ ਜਿੱਤ ਨੂੰ ਝਬਾਲ ਖਾਮ ਵਾਸੀਆਂ ਦੀ ਜਿੱਤ ਦੱਸਦਿਆਂ ਪਿੰਡ ਦੇ ਸਰਵਪੱਖੀ ਵਿਕਾਸ ਕਰਵਾਉਣ ਦਾ ਯਕੀਨ ਦਿਵਾਇਆ।ਇਸ ਮੌਕੇ ਮੈਂਬਰ ਗੁਰਮੀਤ ਕੌਰ ਵਾਰਡ ਨੰਬਰ 1, ਮਨਦੀਪ ਕੌਰ ਵਾਰਡ ਨੰਬਰ 2, ਜਗਤਾਰ ਸਿੰਘ ਵਾਰਡ ਨੰਬਰ3, ਸੁਰਜੀਤ ਸਿੰਘ ਵਾਰਡ ਨੰਬਰ4, ਵਿਕਰਮ ਸਿੰਘ ਢਿੱਲੋਂ ਵਾਰਡ ਨੰਬਰ 5, ਬਚਿੱਤਰ ਸਿੰਘ ਵਾਰਡ ਨੰਬਰ 6, ਬਲਜਿੰਦਰ ਕੌਰ ਵਾਰਡ 7, ਸਰਬਜੀਤ ਕੌਰ ਵਾਰਡ ਨੰਬਰ 8, ਸੁਰਜੀਤ ਸਿੰਘ ਵਾਰਡ ਨੰਬਰ 9, ਪ੍ਰਗਟ ਸਿੰਘ ਜੱਗੂ ਹਵੇਲੀ ਵਾਲੇ, ਸਾਬਕਾ ਸਰਪੰਚ ਕੁਲਦੀਪ ਸਿੰਘ, ਥਾਣੇਦਾਰ ਅਜੀਤ ਸਿੰਘ, ਥਾਣੇਦਾਰ ਅਜਮੇਰ ਸਿੰਘ, ਥਾਣੇਦਾਰ ਬਲਵਿੰਦਰ ਸਿੰਘ, ਥਾਣੇਦਾਰ ਹਰਦੀਪ ਸਿੰਘ,ਸੁਖਦੇਵ ਸਿੰਘ, ਪ੍ਰਗਟ ਸਿੰਘ, ਸੁਖਰਾਜ ਸਿੰਘ, ਬਲਰਾਜ ਸਿੰਘ ਢਿੱਲੋਂ ਹੈਪੀ, ਪੂਰਨ ਸਿੰਘ ਬੰਬੇ ਵਾਲੇ ਪ੍ਰਧਾਨ ਸੰਤੋਖ ਸਿੰਘ ਝਬਾਲ, ਅਵਤਾਰ ਸਿੰਘ ਢਿੱਲੋਂ, ਮਨਜੀਤ ਸਿੰਘ ਕੇਬਲ ਵਾਲੇ, ਕਾਮਰੇਡ ਬਖਸ਼ੀਸ਼ ਸਿੰਘ ਢਿੱਲੋਂ, ਨੰਬਰਦਾਰ ਦਿਲਬਾਗ ਸਿੰਘ,ਨੰਬਰਦਾਰ ਗੁਰਮੇਜ ਸਿੰਘ,ਤਰਲੋਚਨ ਸਿੰਘ, ਪ੍ਰਧਾਨ ਸੰਤੋਖ ਸਿੰਘ ਮਿਸਤਰੀ,ਕਾਮਰੇਡ ਬਖਸ਼ੀਸ਼ ਸਿੰਘ, ਕਸ਼ਮੀਰ ਸਿੰਘ ਫੌਜੀ, ਕਰਤਾਰ ਸਿੰਘ ਲਾਲੀ ਢਿੱਲੋਂ, ਮਿਨਕੀ ਝਬਾਲ,ਹਰਭਾਲ ਸਿੰਘ ਭਾਲਾ, ਠੇਕੇਦਾਰ ਮਨਜੀਤ ਸਿੰਘ, ਮਿੱਠੂ, ਕਰਤਾਰ ਸਿੰਘ ਲਾਲੀ, ਸਾਹਿਬ ਸਿੰਘ ਚਿਕਨ ਵਾਲੇ, ਹਰਜੀਤ ਸਿੰਘ ਜੀਤਾ, ਹਰਪ੍ਰੀਤ ਸਿੰਘ, ਭੱਲੂ ਸਬਜ਼ੀ ਵਾਲੇ, ਰੋਸ਼ਨ ਸੋਨੀ, ਸੰਨੀ ਸੋਨੀ, ਪ੍ਰਗਟ ਸਿੰਘ, ਜਤਿੰਦਰ ਸਿੰਘ, ਸਮੇਤ ਵੱਡੀ ਗਿਣਤੀ ਵਿਚ ਨੌਜਵਾਨ ਸਮਰਥਕ ਤੇ ਪਿੰਡ ਵਾਸੀ ਹਾਜ਼ਰ ਸਨ।

# ਮੈਂਬਰ ਪੰਚਾਇਤ ਕੁਲਦੀਪ ਕੌਰ ਨੂੰ ਮੁਹੱਲਾ ਵਾਸੀਆਂ ਕੀਤਾ ਸਨਮਾਨਤ



ਝਬਾਲ (ਹਰਜਿੰਦਰ ਸਿੰਘ ਸੋਨੀ)-ਪੰਚਾਇਤੀ ਚੋਣਾਂ ਵਿੱਚ ਅੱਡਾ ਝਬਾਲ ਤੋਂ ਪਹਿਲੀ ਵਾਰ ਮੈਂਬਰ ਪੰਚਾਇਤ ਵਾਰਡ ਨੰਬਰ 6 ਤੋਂ ਚੁਣੇ ਜਾਣ 'ਤੇ ਕੁਲਦੀਪ ਕੌਰ ਪਤਨੀ ਕਿਰਪਾਲ ਸਿੰਘ ਸੋਹਲ ਪੱਤਰਕਾਰ ਨੂੰ ਸਮੂਹ ਮੁਹੱਲਾ ਵਾਸੀਆਂ ਨੇ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਪਾ ਕੇ ਸਨਮਾਨਤ ਕੀਤਾ।ਇਸ ਮੌਕੇ ਨਵੇਂ ਚੁਣੀ ਮੈਂਬਰ ਪੰਚਾਇਤ ਕੁਲਦੀਪ ਕੌਰ ਨੇ ਸਮੂਹ ਮਹੱਲਾ ਵਾਸੀਆਂ ਦਾ ਧੰਨਵਾਦ ਕੀਤਾ ਅਤੇ ਵਿਸ਼ਵਾਸ ਦਿਵਾਇਆ ਕਿ ਮੁਹੱਲਾ ਵਾਸੀਆਂ ਦਾ ਜੋ ਵੀ ਕੰਮ ਹੋਵੇਗਾ, ਬੇਸ਼ੱਕ ਕਿਸੇ ਦਾ ਘਰੇਲੂ ਮਸਲਾ ਹੋਵੇ ਜਾਂ ਵਿਕਾਸ ਸਬੰਧੀ ਕੋਈ ਵੀ ਕੰਮ ਹੋਵੇ, ਉਹ ਪਹਿਲ ਦੇ ਆਧਾਰ 'ਤੇ ਕੀਤਾ ਜਾਵੇਗਾ, ਬੇਸ਼ੱਕ ਉਹ ਕਿਸੇ ਵੀ ਪਾਰਟੀ ਨਾਲ ਸਬੰਧ ਰੱਖਦਾ ਹੋਵੇ।

ਇਸ ਮੌਕੇ ਉਨ੍ਹਾਂ ਸਮੂਹ ਮੁਹੱਲਾ ਵਾਸੀਆਂ ਦਾ ਧੰਨਵਾਦ ਕੀਤਾ।ਇਸ ਮੌਕੇ ਡਾਕਟਰ ਤਸਬੀਰ ਕੌਰ, ਸੁਨੀਤਾ ਰਾਣੀ, ਸਤੀਸ਼ ਕੁਮਾਰ, ਗੁਰਜੰਟ ਸਿੰਘ, ਸੁਖਵੰਤ ਸਿੰਘ, ਬਿਕਰਮਜੀਤ ਸਿੰਘ, ਮੁਖਤਾਰ ਸਿੰਘ, ਵਰਿੰਦਰਜੀਤ ਸਿੰਘ, ਅਵਤਾਰ ਸਿੰਘ, ਵਿਜੇ ਠਾਕੁਰ, ਅਜੇ ਠਾਕੁਰ, ਹਰਪ੍ਰੀਤ ਸਿੰਘ ਹੈਪੀ, ਸੈਮੀ ਡੇਅਰੀ ਵਾਲਾ, ਗੁਰਲਾਲ ਸਿੰਘ, ਰਣਜੀਤ ਸਿੰਘ, ਨਵਜੋਤ ਕੌਰ ਝਬਾਲ, ਮਨਜੀਤ ਸਿੰਘ, ਬਲਜਿੰਦਰ ਸਿੰਘ, ਰਾਜਿੰਦਰ ਸਿੰਘ, ਦਵਿੰਦਰ ਕੌਰ, ਕੰਚਨ ਧਵਨ, ਦਿਲਬਾਗ ਸਿੰਘ, ਗੁਰਮੀਤ ਕੌਰ ਚੱਕੀ ਵਾਲੀ, ਮਹਿਕਦੀਪ ਸਿੰਘ, ਤਸਵੀਰ ਸਿੰਘ ਆਰੇ ਵਾਲੇ, ਗੁਰਨਾਮ ਸਿੰਘ ਜਸਬੀਰ ਕੌਰ, ਅਮਨਦੀਪ ਕੌਰ ਅਤੇ ਸਮੂਹ ਬਾਬਾ ਲੰਗਾਹ ਐਵੀਨਿਊ ਵਾਸੀ ਹਾਜ਼ਰ ਸਨ।

# ਤਰਸੇਮ ਸਿੰਘ ਪਿੰਡ ਨਾਗਕਲਾਂ ਦੇ ਸਰਪੰਚ ਬਣੇ



ਮਜੀਠਾ (ਸੋਇਮ ਆਨੰਦ)- ਬਲਾਕ ਮਜੀਠਾ ਅਧੀਨ ਪੈਂਦੇ ਪਿੰਡ ਨਾਗਕਲਾਂ ਦੀ ਸ਼੍ਰੋਮਣੀ ਅਕਾਲੀ ਨਾਲ ਸਬੰਧਤ ਪੰਚਾਇਤੀ ਚੋਣਾਂ ਵਿੱਚ ਬਣੀ ਪੰਚਾਇਤ 'ਚ ਤਰਸੇਮ ਸਿੰਘ ਨਾਗ ਸਰਪੰਚ ਚੁਣੇ ਗਏ ਤੇ ਇਨ੍ਹਾਂ ਤੋਂ ਇਲਾਵਾ ਵਾਰਡ ਨੰਬਰ 2 ਤੋਂ ਬੀਬੀ ਵੀਰੋ, ਵਾਰਡ ਨੰਬਰ 6 ਤੋਂ ਬੀਬੀ ਆਸ਼ਾ, ਵਾਰਡ ਨੰਬਰ 8 ਤੋਂ ਵਿਪਨ ਕੁਮਾਰ, ਵਾਰਡ ਨੰਬਰ 5 ਤੋਂ ਬਲਵਿੰਦਰ ਸਿੰਘ, ਵਾਰਡ ਨੰਬਰ 9 ਤੋਂ ਜਸਵੰਤ ਸਿੰਘ ਤੇ ਵਾਰਡ ਨੰਬਰ 10 ਤੋਂ ਬੀਬੀ ਰਜਵੰਤ ਕੌਰ ਮੈਂਬਰ ਚੁਣੇ ਗ਼ਏ, ਜਿਨ੍ਹਾਂ ਨੂੰ ਅੱਜ ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ ਵਲੋਂ ਸਿਰਪਾਓ ਦੇ ਕੇ ਸਨਮਾਨਤ ਕੀਤਾ ਗਿਆ।

ਪਿੰਡ ਨਾਗਕਲਾਂ ਦੀ ਅਕਾਲੀ ਦਲ ਨਾਲ ਸਬੰਧਤ ਬਣੀ ਪੰਚਾਇਤ ਨੂੰ ਸ਼੍ਰੋਮਣੀ ਅਕਾਲੀ ਦਲ ਦੇ ਸਰਕਲ ਪ੍ਰਧਾਨ ਸੀਨੀਅਰ ਅਕਾਲੀ ਆਗੂ ਸਰਬਜੀਤ ਸਿੰਘ ਨਾਗਕਲਾਂ, ਸਾਬਕਾ ਚੇਅਰਮੈਨ ਚੇਅਰਮਨ ਮਾਰਕਿਟ ਕਮੇਟੀ ਮਜੀਠਾ ਹਰਕੀਰਤ ਸਿੰਘ ਸ਼ਹੀਦ, ਸਾਬਕਾ ਸਰਪੰਚ ਨੱਥਾ ਸਿੰਘ, ਪ੍ਰਧਾਨ ਬੀਰਾ ਵਾਰਡ ਨੰਬਰ 6, ਮੁੱਖਰਾਜ ਸਿੰਘ, ਦਿਲਬਾਗ ਸਿੰਘ, ਸਰਦੂਲ ਮਸੀਹ, ਅਮਨ, ਦੀਪੀ, ਲੀਡਰ ਕੇਵਲ, ਬਲਵਿੰਦਰ ਸਿੰਘ ਚੰਦੀ, ਮਾਸਟਰ ਨਾਗਕਲਾਂ, ਕੇਵਲ ਪ੍ਰਧਾਨ ਵਾਰਡ ਨੰ: 2, ਪੀਟਰ ਮਸੀਹ ਆਦਿ ਆਗੂਆਂ ਵਲੋਂ ਸਹਿਯੋਗ ਦਿੱਤਾ ਗਿਆ ।

# ਬਹੁਪੱਖੀ ਵਿਕਾਸ ਲਈ ਡਿਪਟੀ ਕਮਿਸ਼ਨਰ ਵੱਲੋਂ 'ਫੁਲਕਾਰੀ' ਨਾਲ ਸਮਝੌਤਾ



ਅੰਮ੍ਰਿਤਸਰ (ਨਰਿੰਦਰ ਜੀਤ ਸਿੰਘ)-ਡਿਪਟੀ ਕਮਿਸ਼ਨਰ ਸ਼ਾਕਸੀ ਸਾਹਨੀ ਨੇ ਅੰਮ੍ਰਿਤਸਰ ਦੀ ਗੈਰ ਸਰਕਾਰੀ ਸੰਸਥਾ ਫੁਲਕਾਰੀ ਨਾਲ ਜ਼ਿਲ੍ਹੇ ਦੇ ਬਹੁਪੱਖੀ ਵਿਕਾਸ ਲਈ ਇਕ ਵਿਸ਼ੇਸ਼ ਸਮਝੌਤਾ ਕੀਤਾ ਹੈ। ਇਸ ਸਹਿਮਤੀ ਪੱਤਰ ਦਾ ਉਦੇਸ਼ ਫੁਲਕਾਰੀ ਅਤੇ ਜ਼ਿਲ੍ਹਾ ਕੁਲੈਕਟਰ ਦੇ ਦਫਤਰ ਵਿਚਕਾਰ ਵਿੱਦਿਅਕ, ਸਿਹਤ, ਸੱਭਿਆਚਾਰਕ ਅਤੇ ਵਾਤਾਵਰਣ ਦੀਆਂ ਪਹਿਲਕਦਮੀਆਂ ਨੂੰ ਉਤਸ਼ਾਹਤ ਕਰਨ ਲਈ ਫੁਲਕਾਰੀ ਮੈਂਬਰਾਂ ਅਤੇ ਜ਼ਿਲ੍ਹਾ ਪ੍ਰਸ਼ਾਸਨ ਵਿਚਾਲੇ ਬਿਹਤਰ ਤਾਲਮੇਲ ਪੈਦਾ ਕਰਨਾ ਹੈ, ਜੋ ਕਿ ਅੰਮ੍ਰਿਤਸਰ ਦੇ ਸਮੁੱਚੇ ਵਿਕਾਸ ਵਿੱਚ ਯੋਗਦਾਨ ਪਾਵੇਗਾ। ਸਮਝੌਤੇ ਤਹਿਤ ਕਮਜ਼ੋਰ ਔਰਤਾਂ ਅਤੇ ਨੌਜਵਾਨਾਂ ਲਈ ਕਿੱਤਾਮੁਖੀ ਸਿਖਲਾਈ ਪ੍ਰੋਗਰਾਮ ਪ੍ਰਦਾਨ ਕਰਨ ਲਈ ਮੌਕੇ ਪੈਦਾ ਕੀਤੇ ਜਾਣਗੇ। ਜਿਸ ਵਿੱਚ ਵਿੱਚ ਦਸਤਕਾਰੀ, ਆਪਣਾ ਕਾਰੋਬਾਰ ਸ਼ੁਰੂ ਕਰਨਾ, ਡਿਜੀਟਲ ਸਾਖਰਤਾ ਅਤੇ ਹੋਰ ਖੇਤਰਾਂ ਵਿੱਚ ਹੁਨਰ-ਨਿਰਮਾਣ ਵਰਕਸ਼ਾਪਾਂ ਲਗਾਈਆਂ ਜਾਣਗੀਆਂ। ਅਜਿਹੇ ਪ੍ਰੋਗਰਾਮਾਂ ਨੂੰ ਸਰਕਾਰੀ ਵਿਭਾਗ ਅਤੇ ਅੰਮ੍ਰਿਤਸਰ ਦੀਆਂ ਫੁਲਕਾਰੀ ਔਰਤਾਂ ਵੱਲੋਂ ਸਾਂਝੇ ਤੌਰ ਕੀਤਾ ਜਾਵੇਗਾ। ਇਸ ਤੋਂ ਇਲਾਵਾ ਘੱਟ ਆਮਦਨੀ ਵਾਲੇ ਪਰਵਾਰਾਂ ਦੀਆਂ ਲੜਕੀਆਂ ਲਈ ਵਜ਼ੀਫਾ, ਉਨਾਂ ਦੇ ਭਵਿੱਖ ਨੂੰ ਤਰਾਸ਼ਣ ਲਈ ਕੈਰੀਅਰ ਦੀ ਯੋਜਨਾਬੰਦੀ ਵਿੱਚ ਮਾਰਗਦਰਸ਼ਨ ਅਤੇ ਉੱਚ-ਸਿੱਖਿਆ ਦੇ ਮੌਕੇ ਪੈਦਾ ਕੀਤੇ ਜਾਣਗੇ। ਫੁਲਕਾਰੀ ਦੀਆਂ ਔਰਤਾਂ ਸਰਕਾਰੀ ਸਕੂਲਾਂ ਅਤੇ ਕਾਲਜਾਂ ਲਈ ਸਲਾਹਕਾਰ ਅਤੇ ਵਿਜ਼ਿਟਿੰਗ ਫੈਕਲਟੀ ਵਜੋਂ ਵੀ ਕੰਮ ਕਰਨਗੀਆਂ। ਇਸ ਤੋਂ ਇਲਾਵਾ ਉਹ ਸਥਾਨਕ ਪ੍ਰਸ਼ਾਸਨ ਲਈ 'ਥਿੰਕ ਟੈਂਕ' ਵਜੋਂ ਕੰਮ ਕਰਨਗੀਆਂ।

ਸਾਂਝੇ ਤੌਰ 'ਤੇ ਲਾਇਬ੍ਰੇਰੀਆਂ ਦੀ ਸਥਾਪਨਾ ਅਤੇ ਸਰਕਾਰੀ ਸਕੂਲਾਂ ਵਿੱਚ ਡਿਜੀਟਲ ਲਰਨਿੰਗ, ਔਰਤਾਂ ਲਈ ਲੀਡਰਸ਼ਿਪ ਪ੍ਰੋਗਰਾਮ, ਪੇਂਡੂ ਅਤੇ ਸਹਿਰੀ ਖੇਤਰਾਂ ਵਿੱਚ ਮੁਫਤ ਜਾਂ ਸਬਸਿਡੀ ਵਾਲੇ ਸਰਵਾਈਕਲ ਕੈਂਸਰ ਸਕ੍ਰੀਨਿੰਗ ਕੈਂਪਾਂ ਦਾ ਆਯੋਜਨ, ਸਿਹਤ ਜਾਗਰੂਕਤਾ ਮੁਹਿੰਮ, ਵਾਤਾਵਰਣ ਸਥਿਰਤਾ ਲਈ ਰੀਸਾਈਕਲਿੰਗ ਨੂੰ ਯਕੀਨੀ ਬਣਾਉਣਾ ਅਤੇ ਵਾਤਾਵਰਣ ਅਨੁਕੂਲ ਆਦਤਾਂ ਨੂੰ ਉਤਸ਼ਾਹਤ ਕਰਨਾ ਇਸ ਸਮਝੌਤੇ ਦਾ ਹਿੱਸਾ ਹੈ। ਇਸ ਤੋਂ ਇਲਾਵਾ ਲਿੰਗ ਸਮਾਨਤਾ, ਔਰਤਾਂ ਦੇ ਅਧਿਕਾਰਾਂ, ਸਿਹਤ, ਸਹਿਰ ਦੀ ਯੋਜਨਾਬੰਦੀ ਸ਼ਹਿਰੀ ਵਿਕਾਸ, ਅਤੇ ਸਿੱਖਿਆ 'ਤੇ ਕੇਂਦਰਿਤ ਨੀਤੀ ਸੁਧਾਰਾਂ ਅਤੇ ਪਹਿਲਕਦਮੀਆਂ 'ਤੇ ਇਕੱਠੇ ਕੰਮ ਕੀਤਾ ਜਾਵੇਗਾ।

18-Oct-PAGE-4.qxd 10/17/2024 9:50 PM Page 1



# ਬਹਿਰਾਈਚ ਦੀ ਫਿਰਕੂ ਹਿੰਸਾ

*ਕੀ ਯੂ ਪੀ ਦੇ ਬਹਿਰਾਈਚ ਵਿਚ ਦੰਗਿਆਂ ਦੌਰਾਨ ਮਾਰੇ ਗਏ ਰਾਮ ਗੋਪਾਲ ਮਿਸ਼ਰਾ ਨੂੰ ਲੈ ਕੇ ਮੁੱਖ ਧਾਰਾ ਦੇ ਮੀਡੀਆ ਨੇ ਫਿਰਕੂ ਸਦਭਾਵਨਾ ਵਿਗਾੜਨ ਲਈ ਫੇਕ ਪੋਸਟ-ਮਾਰਟਮ ਰਿਪੋਰਟ ਫੈਲਾਈ। ਆਖਰ ਉਸ ਨੇ ਕਿਸ ਆਧਾਰ 'ਤੇ ਦਾਅਵਾ ਕਰ ਦਿੱਤਾ ਕਿ ਮਿਸ਼ਰਾ ਨੂੰ ਕਰੰਟ ਲਾ ਕੇ, ਤਲਵਾਰਾਂ ਮਾਰ ਕੇ ਤੇ ਨਹੁੰ ਉਖਾੜ ਕੇ ਮਾਰਿਆ ਗਿਆ? ਕੀ ਦੇਸ਼ ਦੇ ਹੋਰਨਾਂ ਹਿੱਸਿਆਂ ਵਾਂਗ ਯੂ ਪੀ 'ਚ ਅਸੰਬਲੀ ਹਲਕਿਆਂ ਦੀਆਂ ਜ਼ਿਮਨੀ ਚੋਣਾਂ ਤੋਂ ਪਹਿਲਾਂ ਅਜਿਹਾ ਜਾਣਬੁੱਝ ਕੇ ਕੀਤਾ ਗਿਆ? ਘਟਨਾਕ੍ਰਮ ਇਹੀ ਇਸ਼ਾਰਾ ਕਰਦਾ ਹੈ ਕਿ ਇਸ ਘਟਨਾ ਨੂੰ ਚੋਣ ਲਾਹੇ ਲਈ ਵਰਤਿਆ ਗਿਆ, ਜਿਵੇਂ ਅਖੌਤੀ ਹਿੰਦੂਵਾਦੀ ਜਥੇਬੰਦੀਆਂ ਅਕਸਰ ਕਰਦੀਆਂ ਹਨ ਅਤੇ ਮੁੱਖ ਧਾਰਾ ਦੇ ਮੀਡੀਆ ਨੇ ਉਨ੍ਹਾਂ ਦਾ ਸਾਥ ਦਿੱਤਾ।*

*ਪੁਲਸ ਨੇ ਕਿਹਾ ਹੈ ਕਿ ਬਹਿਰਾਈਚ ਦੇ ਹਰਦੀ ਥਾਣਾ ਦੇ ਮਹਾਰਾਜਗੰਜ ਕਸਬੇ ਵਿਚ 22 ਸਾਲਾ ਹਿੰਦੂ ਨੌਜਵਾਨ ਦੀ ਹੱਤਿਆ ਨੂੰ ਲੈ ਕੇ ਮੀਡੀਆ 'ਚ ਫਿਰਕੂ ਸਦਭਾਵਨਾ ਵਿਗਾੜਨ ਦੇ ਉਦੇਸ਼ ਨਾਲ ਕਰੰਟ ਲਾਉਣ, ਤਲਵਾਰਾਂ ਨਾਲ ਵਾਰ ਕਰਨ ਤੇ ਨਹੁੰ ਉਖਾੜਨ ਵਰਗੀ ਗੁੰਮਰਾਹਕੁੰਨ ਸੂਚਨਾ ਪ੍ਰਸਾਰਤ ਕਰਨ 'ਚ ਕੋਈ ਸਚਾਈ ਨਹੀਂ ਹੈ। ਪੋਸਟ-ਮਾਰਟਮ ਰਿਪੋਰਟ ਮੁਤਾਬਕ ਮੌਤ ਗੋਲੀ ਲੱਗਣ ਨਾਲ ਹੋਈ ਹੈ। ਪੁਲਸ ਨੇ ਇਹ ਬਿਆਨ ਕਾਫੀ ਲੇਟ ਦਿੱਤਾ, ਕਿਉਂਕਿ ਉਦੋਂ ਤੱਕ ਫਿਰਕੂ ਨਫਰਤਬਾਜ਼ਾਂ ਨੇ ਆਪਣਾ ਕੰਮ ਪੂਰਾ ਕਰ ਲਿਆ। ਪੁਲਸ ਨੇ ਆਪਣਾ ਬਣਦਾ ਫਰਜ਼ ਸਮੇਂ ਸਿਰ ਨਹੀਂ ਨਿਭਾਇਆ। 13 ਅਕਤੂਬਰ ਨੂੰ ਦੁਰਗਾ ਦੀ ਮੂਰਤੀ ਦੇ ਵਿਸਰਜਨ ਲਈ ਕੱਢੀ ਗਈ ਸ਼ੋਭਾ ਯਾਤਰਾ ਨੂੰ ਇਕ ਥਾਂ ਰੋਕ ਕੇ ਜ਼ੋਰ-ਜ਼ੋਰ ਨਾਲ ਡੀ ਜੇ 'ਤੇ ਇਹ ਗੀਤ ਵਜਾਇਆ ਗਿਆ—ਚਾਹੇ ਜਿਤਨਾ ਜ਼ੋਰ ਲਗਾ ਲੋ, ਚਾਹੇ ਜਿਤਨਾ ਸ਼ੋਰ ਮਚਾ ਲੋ, ਜੀਤੇਗੀ ਬੀ ਜੇ ਪੀ, ਯੂ ਪੀ ਮੇਂ ਤੋ ਜੀਤ ਕੇ ਆਏਂਗੇ ਫਿਰ ਯੋਗੀ ਜੀ। ਦੁਰਗਾ ਪੂਜਾ ਨਾਲ ਜੁੜੇ ਕਿਸੇ ਸ਼ਾਸਤਰ ਵਿਚ ਅਜਿਹਾ ਸ਼ਲੋਕ ਤੇ ਭਜਨ ਨਹੀਂ ਹੈ, ਜਿਸ 'ਚ ਭਾਜਪਾ ਦੀ ਜਿੱਤ ਦੀ ਕਾਮਨਾ ਕੀਤੀ ਗਈ ਹੋਵੇ। ਸਪੱਸ਼ਟ ਹੈ ਕਿ ਮਹਾਰਾਜਗੰਜ ਵਿਚ ਮੂਰਤੀ ਵਿਸਰਜਨ ਦੇ ਬਹਾਨੇ ਭਾਜਪਾ ਤੇ ਆਰ ਐੱਸ ਐੱਸ ਦੇ ਲੋਕ ਆਪਣਾ ਸ਼ਕਤੀ-ਪ੍ਰਦਰਸ਼ਨ ਕਰ ਰਹੇ ਸਨ ਤੇ ਸਿਆਸੀ ਵਿਰੋਧੀਆਂ ਨੂੰ ਲਲਕਾਰ ਰਹੇ ਸਨ। ਇਹ ਸਿੱਧਾ-ਸਿੱਧਾ ਧਰਮ ਤੇ ਤਿਉਹਾਰ ਦੇ ਸਿਆਸੀ ਇਸਤੇਮਾਲ ਦਾ ਮਾਮਲਾ ਸੀ। ਨਤੀਜੇ ਵਜੋਂ ਇਕ ਨੌਜਵਾਨ ਨੂੰ ਜਾਨ ਗੁਆਉਣੀ ਪਈ ਅਤੇ ਵੱਡੀ ਗਿਣਤੀ 'ਚ ਦੁਕਾਨਾਂ ਫੂਕ ਦਿੱਤੀਆਂ ਗਈਆਂ। ਹਸਪਤਾਲਾਂ ਤੱਕ ਨੂੰ ਫੂਕ ਦਿੱਤਾ ਗਿਆ। ਬਹਿਰਾਈਚ 'ਚ ਜੋ ਨੁਕਸਾਨ ਹੋਇਆ, ਉਹ ਸਮਾਜ, ਪ੍ਰਦੇਸ਼ ਤੇ ਦੇਸ਼ ਦਾ ਹੋਇਆ, ਪਰ ਇਸ ਤੋਂ ਸਿਆਸੀ ਫਾਇਦਾ ਲੈਣ ਦੀ ਸ਼ਰਮਨਾਕ ਕੋਸ਼ਿਸ਼ ਕਿਸ ਨੇ ਕੀਤੀ, ਇਹ ਵੀ ਸਾਫ ਹੈ। 14 ਅਕਤੂਬਰ ਨੂੰ ਫਿਰਕੂ ਹਿੰਸਾ ਦੀ ਅੱਗ ਪਿੰਡਾਂ ਤੱਕ ਪੁੱਜ ਗਈ, ਘੱਟ ਗਿਣਤੀਆਂ ਦੀਆਂ ਸੰਪਤੀਆਂ ਨੂੰ ਅੱਗਾਂ ਲਾ ਦਿੱਤੀਆਂ ਗਈਆਂ, ਪਰ ਪ੍ਰਸ਼ਾਸਨ ਤੇ ਪੁਲਸ ਨੇ ਇਹ ਸਭ ਹੋਣ ਦਿੱਤਾ। ਇਹ ਇਕ ਤਰ੍ਹਾਂ ਨਾਲ ਵੋਟਾਂ ਬਟੋਰਨ ਲਈ ਭਾਜਪਾ ਦੇ 'ਗੁਜਰਾਤ ਮਾਡਲ' ਦਾ ਦੁਹਰਾਅ ਹੀ ਸੀ। ਯੋਗੀ ਆਦਿੱਤਿਆਨਾਥ ਤਾਂ ਹਰਿਆਣਾ ਚੋਣਾਂ ਤੋਂ ਹੀ ਕਹਿ ਰਹੇ ਹਨ 'ਬੰਟੋਗੇ ਤੋ ਕਟੋਗੇ'। ਬਹਿਰਾਈਚ ਦੀ ਅੱਗ ਨੇ ਉਨ੍ਹਾਂ ਦੀ ਸੋਚ ਨੂੰ ਹੀ ਅੱਗੇ ਵਧਾਇਆ ਹੈ। ਮੁੱਖ ਧਾਰਾ ਦੇ ਮੀਡੀਆ ਤੇ ਪੁਲਸ ਨੇ ਇਸ 'ਚ 'ਇਮਾਨਦਾਰੀ' ਨਾਲ ਆਪਣਾ ਫਰਜ਼ ਨਿਭਾਇਆ।*

# ਭਾਰਤ-ਕੈਨੇਡਾ ਦੇ ਬਣਦੇ ਵਿਗੜਦੇ ਰਿਸ਼ਤੇ



ਮੁਹੰਮਦ ਅੱਬਾਸ ਧਾਲੀਵਾਲ

ਪਿਛਲੇ ਕੁੱਝ ਸਮੇਂ ਤੋਂ ਭਾਰਤ ਅਤੇ ਕੈਨੇਡਾ ਦੇ ਸੰਬੰਧਾਂ 'ਚ ਬਹੁਤ ਨਿਘਾਰ ਆਇਆ ਹੈ ਅਤੇ ਹਾਲ ਦੀ ਘੜੀ ਇਨ੍ਹਾਂ ਦੋਹਾਂ ਵਿਚਾਲੇ ਕੂਟਨੀਤਕ ਸੰਬੰਧ ਵਿਚਲੀ ਖਾਈ ਹੋਰ ਵਧੇਰੇ ਡੂੰਘਾਈ ਅਖਤਿਆਰ ਕਰ ਗਈ ਹੈ।

ਦਰਅਸਲ ਇਨ੍ਹਾਂ ਤਲਖ ਹੋ ਰਹੇ ਸੰਬੰਧਾਂ ਦਾ ਮੁੜ ਉਸ ਸਮੇਂ ਬੱਝਣਾ ਸ਼ੁਰੂ ਹੋ ਗਿਆ ਸੀ, ਜਦੋਂ ਕੈਨੇਡਾ ਨੇ ਹਰਦੀਪ ਸਿੰਘ ਨਿੱਝਰ ਦੇ ਕਤਲ ਮਾਮਲੇ ਵਿੱਚ ਭਾਰਤੀ ਅਧਿਕਾਰੀਆਂ ਦੇ ਹੱਥ ਹੋਣ ਦਾ ਦਾਅਵਾ ਕੀਤਾ ਸੀ। ਹੈ। ਇਨ੍ਹਾਂ ਦੋਸਾਂ ਤੋਂ ਬਾਅਦ ਕੈਨੇਡਾ ਅਤੇ ਭਾਰਤ ਵਿਚਾਲੇ ਕੂਟਨੀਤਕ ਪੱਧਰ 'ਤੇ ਜੋ ਤਣਾਅ ਵਧਿਆ ਸੀ, ਉਹ ਹੁਣ ਇੱਕ ਤਰ੍ਹਾਂ ਨਾਲ ਸਿਖਰਾਂ 'ਤੇ ਪੁੱਜ ਗਿਆ ਹੈ।

ਉਥੇ ਹੀ ਇਨ੍ਹਾਂ ਦੋਸ਼ਾਂ ਨੂੰ ਸਿਰੇ ਤੋਂ ਖਾਰਜ ਕਰਦਿਆਂ ਭਾਰਤ ਨੇ ਨਾ ਸਿਰਫ ਕੈਨੇਡਾ ਤੋਂ ਆਪਣੇ ਹਾਈ ਕਮਿਸ਼ਨਰ ਨੂੰ ਵਾਪਸ ਬੁਲਾ ਲਿਆ ਹੈ, ਸਗੋਂ ਨਵੀਂ ਦਿੱਲੀ ਤੋਂ ਉਸ ਦੇ 6 ਡਿਪਲੋਮੈਟਾਂ ਨੂੰ ਵੀ ਕੱਢ ਦਿੱਤਾ ਗਿਆ ਹੈ।

ਜੇਕਰ ਇਤਿਹਾਸ 'ਤੇ ਝਾਤ ਮਾਰੀਏ ਤਾਂ ਸਾਲ 1974 ਵਿੱਚ ਭਾਰਤ ਨੇ ਪਰਮਾਣੂ ਪ੍ਰੀਖਣ ਕਰਕੇ ਦੁਨੀਆ ਨੂੰ ਹੈਰਾਨ ਕਰ ਦਿੱਤਾ ਸੀ, ਜਿਸ ਕਾਰਨ ਕੈਨੇਡਾ ਵਿੱਚ ਨਾਰਾਜ਼ਗੀ ਫੈਲ ਗਈ ਸੀ।

ਉਸ ਵੇਲੇ ਕੈਨੇਡਾ ਨੇ ਰਿਐਕਟਰ ਤੋਂ ਪਲੂਟੋਨੀਅਮ ਕੱਢਣ ਦਾ ਇਲਜ਼ਾਮ ਲਗਾਇਆ ਸੀ, ਜੋ ਸਿਰਫ ਸ਼ਾਂਤਮਈ ਢੰਗ ਨਾਲ ਵਰਤੋਂ ਕਰਨ ਲਈ ਸੀ। ਇਸ ਉਪਰੰਤ ਉਨ੍ਹਾਂ ਸਮਿਆਂ ਦੌਰਾਨ ਵੀ ਦੋਵਾਂ ਦੇਸ਼ਾਂ ਵਿਚਾਲੇ ਰਿਸ਼ਤੇ ਕਾਫੀ ਫਿੱਕੇ ਪੈ ਗਏ ਸਨ ਅਤੇ ਕੈਨੇਡਾ ਨੇ ਭਾਰਤ ਦੇ ਪਰਮਾਣੂ ਊਰਜਾ ਪ੍ਰੋਗਰਾਮ ਨੂੰ ਸਮਰਥਨ ਦੇਣਾ ਬੰਦ ਕਰ ਦਿੱਤਾ ਸੀ।

ਜੇਕਰ ਮੌਜੂਦਾ ਤਣਾਅ ਦੀ ਗੱਲ ਕਰੀਏ ਤਾਂ ਇਹ ਤਣਾਅ ਪਿਛਲੇ ਸਾਲ ਜੂਨ ਵਿੱਚ ਉਦੋਂ ਤੋਂ ਸ਼ੁਰੂ ਹੋਇਆ, ਜਦੋਂ ਕੈਨੇਡਾ ਦੀ ਧਰਤੀ 'ਤੇ ਕਤਲ ਕੀਤੇ ਗਏ ਖਾਲਿਸਤਾਨੀ ਸਮਰਥਕ ਹਰਦੀਪ ਨਿੱਝਰ ਦਾ ਕਤਲ ਹੋਇਆ ਸੀ, ਜਦੋਂ ਕਿ ਇੱਧਰ ਸਿੱਖ ਵੱਖਵਾਦੀ ਆਗੂ ਹਰਦੀਪ ਸਿੰਘ ਨਿੱਝਰ ਨੂੰ ਭਾਰਤ ਨੇ ਅੱਤਵਾਦੀ ਐਲਾਨਿਆ ਹੋਇਆ ਸੀ। ਕੂਟਨੀਤਕਾਂ ਨੂੰ ਕੱਢਣ ਦਾ ਇਹ ਕਦਮ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਦੇ ਇਸ ਦਾਅਵੇ ਤੋਂ ਬਾਅਦ ਹੋਈ ਕਾਰਵਾਈ ਹੈ, ਜਿਸ ਵਿੱਚ ਉਨ੍ਹਾ ਨੇ ਕਿਹਾ ਸੀ ਕਿ ਕੈਨੇਡਾ ਦੀ ਪੁਲਸ ਜੂਨ 2023 ਦੇ ਕਤਲ ਵਿੱਚ ਭਾਰਤੀ ਏਜੰਟਾਂ ਦੀ ਸਿੱਧੀ ਸ਼ਮੂਲੀਅਤ ਦੇ ਇਲਜ਼ਾਮਾਂ ਦੀ ਜਾਂਚ ਕਰ ਰਹੀ ਹੈ।

ਉਧਰ ਬੀ ਬੀ ਸੀ ਦੀ ਇੱਕ ਰਿਪੋਰਟ ਵਿੱਚ ਅਮਰੀਕੀ ਥਿੰਕਟੈਂਕ, ਵਿਲਸਨ ਸੈਂਟਰ ਦੇ ਮਾਈਕਲ ਕੁਗੇਲਮਨ ਦਾ ਕਹਿਣਾ ਹੈ, "ਇਹ ਰਿਸ਼ਤੇ ਕਈ ਸਾਲਾਂ ਤੋਂ ਢਲਾਣ ਵੱਲ ਸਨ, ਪਰ ਹੁਣ ਇਹ ਬਹੁਤ ਜ਼ਿਆਦਾ ਹੀ ਫਿੱਕੇ ਪੈ ਗਏ ਹਨ।"

"ਜਨਤਕ ਤੌਰ 'ਤੇ ਬੇਹੱਦ ਗੰਭੀਰ ਅਤੇ ਵਿਸਥਾਰਤ ਇਲਜ਼ਾਮ ਲਗਾਉਣਾ, ਸਫੀਰਾਂ ਤੇ ਮੋਹਰੀ ਕੂਟਨੀਤਕਾਂ ਨੂੰ ਵਾਪਸ ਬੁਲਾਉਣਾ, ਤਿੱਖੀ ਭਾਸ਼ਾ ਵਿੱਚ ਕੂਟਨੀਤਕ ਬਿਆਨ ਜਾਰੀ ਕਰਨਾ, ਇਹ ਸਭ ਜੋ ਹੋ ਰਿਹਾ ਹੈ, ਉਹ ਸੋਚ ਤੋਂ ਪਰ੍ਹੇ ਦੀ ਗੱਲ ਹੈ ਅਤੇ ਚਿੰਤਾ ਦਾ ਵਿਸ਼ਾ ਹੈ।"

ਜਦੋਂ ਕਿ ਇਸੇ ਉਕਤ ਰਿਪੋਰਟ ਵਿਚ ਕੋਨਫਲਿਕਟਿੰਗ ਵਿਜਨਸ, ਕੈਨੇਡਾ ਐਂਡ ਇੰਡੀਆ ਇਨ ਦਿ ਕੋਲਡ ਵਾਰ ਵਰਲਡ ਦੇ ਰਿਆਨ ਤੌਹੇ ਦਾ ਕਹਿਣਾ ਹੈ, "ਇਹ ਟਰੂਡੋ ਸਰਕਾਰ ਦੇ ਰਾਜ ਅਧੀਨ ਕੈਨੇਡਾ ਅਤੇ ਭਾਰਤ ਵਿਚਾਲੇ ਰਿਸ਼ਤਿਆਂ ਵਿੱਚ ਆਈ ਅਹਿਮ ਗਿਰਾਵਟ ਨੂੰ ਦਰਸਾਉਂਦਾ ਹੈ।" ਉਹ ਇਹ ਵੀ ਕਹਿੰਦੇ ਹਨ ਕਿ ਸਾਬਕਾ ਪ੍ਰਧਾਨ ਮੰਤਰੀ ਸਟੀਫਨ ਹਾਰਪਰ ਸਰਕਾਰ ਦੀ ਇੱਕ ਅਹਿਮ ਸਫਲਤਾ ਇਹ ਸੀ ਕਿ ਉਨ੍ਹਾਂ ਨੇ ਖਾਲਿਸਤਾਨ ਅਤੇ ਪਰਮਾਣੂ ਪ੍ਰਸਾਰ ਦੀਆਂ




ਸ਼ਿਕਾਇਤਾਂ ਨੂੰ ਪਿੱਛੇ ਛੱਡ ਕੇ ਭਾਰਤ-ਕੈਨੇਡਾ ਦੇ ਰਿਸ਼ਤੇ ਵਿਚਾਲੇ ਲੰਬੇ ਸਮੇਂ ਤੱਕ ਮੇਲ-ਜੋਲ ਨੂੰ ਵਧਾਇਆ। "ਇਸ ਦੀ ਬਜਾਇ ਕੈਨੇਡਾ ਨੇ ਵੱਡੀ ਗਿਣਤੀ ਵਿੱਚ ਭਾਰਤੀ ਪਰਵਾਸੀਆਂ ਦੀ ਗਿਣਤੀ ਨੂੰ ਦੇਖਦੇ ਹੋਏ ਵਪਾਰ, ਸਿੱਖਿਆ ਅਤੇ ਲੋਕਾਂ ਦੇ ਮੇਲ-ਜੋਲ ਦੇ ਮਹੱਤਵ 'ਤੇ ਧਿਆਨ ਕੇਂਦਰਿਤ ਕੀਤਾ।"

"ਇਹ ਵੀ ਦੱਸਣਾ ਜ਼ਰੂਰੀ ਹੈ ਕਿ ਮਿਲੇਨੀਅਮ ਸਦੀ ਦੀ ਸ਼ੁਰੂਆਤ ਵਿੱਚ ਖਾਲਿਸਤਾਨ ਦਾ ਮੁੱਦਾ ਗਾਇਬ ਜਿਹਾ ਹੋ ਗਿਆ ਸੀ, ਪਰ ਹੁਣ ਇਹ ਫਿਰ ਉੱਭਰ ਆਇਆ ਹੈ।"

ਦੂਜੇ ਪਾਸੇ ਇਹ ਵੀ ਗੱਲ ਧਿਆਨ ਦੇਣਯੋਗ ਹੈ ਕਿ ਕੈਨੇਡਾ ਦੇ ਉਕਤ ਇਲਜ਼ਾਮ ਅਜਿਹੇ ਸਮੇਂ ਸਾਹਮਣੇ ਆਏ ਹਨ, ਜਦੋਂ ਟਰੂਡੋ ਆਪਣੇ ਦੇਸ਼ ਵਿੱਚ ਸੱਤਾ ਵਿਰੋਧੀ ਲਹਿਰ ਨਾਲ ਜੂਝ ਰਹੇ ਹਨ ਅਤੇ ਚੋਣਾਂ ਵਿੱਚ ਮੁਸ਼ਕਲ ਨਾਲ ਇੱਕ ਹੀ ਸਾਲ ਦਾ ਸਮਾਂ ਬਚਿਆ ਹੈ।

ਇਸ ਸੰਦਰਭ ਵਿੱਚ ਇਪਸੋਸ ਦੇ ਇੱਕ ਨਵੇਂ ਸਰਵੇਖਣ ਤੋਂ ਪਤਾ ਲੱਗਦਾ ਹੈ ਕਿ 28 ਫੀਸਦ ਵਿੱਚ ਲੋਕ ਟਰੂਡੋ ਦੇ ਹੱਕ ਵਿੱਚ ਹਨ ਅਤੇ 26 ਫੀਸਦ ਲੋਕ ਲਿਬਰਵਜ ਨੂੰ ਵੋਟ ਦੇਣਗੇ।

ਇਧਰ ਭਾਰਤੀ ਵਿਦੇਸ਼ ਮੰਤਰਾਲੇ ਨੇ ਸੋਮਵਾਰ ਨੂੰ ਤਿੱਖੀ ਟਿੱਪਣੀ ਕਰਦੇ ਹੋਏ ਟਰੂਡੋ ਦੇ ਇਲਜ਼ਾਮਾਂ ਨੂੰ ਟਰੂਡੋ ਸਰਕਾਰ ਦਾ ਸਿਆਸੀ ਏਜੰਡਾ ਦੱਸਿਆ, ਜੋ ਵੋਟ ਬੈਂਕ ਸਿਆਸਤ ਤੋਂ ਪ੍ਰੇਰਿਤ ਹੈ।

ਸਾਲ 2016 ਵਿੱਟ ਟਰੂਡੋ ਨੇ ਪੱਤਰਕਾਰਾਂ ਨੂੰ ਦੱਸਿਆ ਸੀ ਕਿ ਉਨ੍ਹਾਂ ਦੀ ਕੈਬਨਿਟ ਵਿੱਚ ਚਾਰ ਸਿੱਖ ਹਨ, ਜੋ ਭਾਰਤੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਕੈਬਨਿਟ ਨਾਲੋਂ ਜ਼ਿਆਦਾ ਹਨ।

ਇੱਥੇ ਜ਼ਿਕਰਯੋਗ ਹੈ ਕਿ ਸਾਲ 2020 ਵਿੱਚ ਟਰੂਡੋ ਨੇ ਭਾਰਤ ਵਿੱਚ ਕਿਸਾਨ ਅੰਦੋਲਨ ਨੂੰ ਲੈ ਕੇ ਆਪਣੀ ਚਿੰਤਾ ਜ਼ਾਹਿਰ ਕੀਤੀ ਸੀ, ਜਿਸ ਦੀ ਦਿੱਲੀ ਨੇ ਕਾਫੀ ਆਲੋਚਨਾ ਕੀਤੀ।

ਤੌਹੇ ਦਾ ਅੱਗੇ ਕਹਿਣਾ ਹੈ, "ਮੋਟੇ ਤੌਰ 'ਤੇ ਮੈਨੂੰ ਇਸ ਸੰਕਟ ਤੋਂ ਇਹ ਅਹਿਸਾਸ ਹੋ ਗਿਆ ਹੈ ਕਿ ਇਹ ਪ੍ਰਧਾਨ ਮੰਤਰੀ ਦੂਜੀ ਵਾਰ ਹਾਰਨ ਦੇ ਰਾਹ ਤੇ ਹੈ। ਖਾਸ ਤੌਰ ਤੇ ਇੰਡੋ-ਕੈਨੇਡੀਅਨ ਭਾਈਚਾਰੇ ਵਿੱਚ ਇਸ ਨਾਲ ਜ਼ਿਆਦਾ ਦੁੱਖ ਪਹੁੰਚ ਸਕਦਾ ਹੈ।"

ਤੌਹੇ ਦਾ ਇਹ ਵੀ ਮੰਨਣਾ ਹੈ ਕਿ ਕੈਨੇਡਾ ਵਿੱਚ ਖਾਲਿਸਤਾਨ ਪੱਖੀ ਤੱਤਾਂ ਬਾਰੇ ਭਾਰਤੀ ਚਿੰਤਾਵਾਂ 'ਤੇ ਧਿਆਨ ਦੇਣ ਲਈ ਕੈਨੇਡਾ ਦੀਆਂ ਸਰਕਾਰਾਂ ਨਾਲ ਦਹਾਕਿਆਂ ਤੱਕ ਬੇਨਤੀਆਂ ਕਰਨ ਤੋਂ ਬਾਅਦ ਹੁਣ ਉਨ੍ਹਾਂ ਨੂੰ ਲੱਗਦਾ ਹੈ ਕਿ ਉਹ ਫਿਰ ਤੋਂ ਸ਼ੁਰੂਆਤੀ ਹਾਲਾਤ ਵਿੱਚ ਆ ਗਏ ਹਨ।"

ਜਦੋਂ ਕਿ ਦੂਜੇ ਪਾਸੇ ਕੁਗੇਲਮਨ ਦਾ ਮੰਨਣਾ ਹੈ, "ਦੁਵੱਲੇ ਰਿਸ਼ਤਿਆਂ ਵਿੱਚ ਤੇਜ਼ੀ ਨਾਲ ਆਈ ਗਿਰਾਵਟ ਦੇ ਪਿੱਛੇ ਕਈ ਕਾਰਨ ਹਨ। ਇਸ ਵਿੱਚ ਇੱਕ ਬੁਨਿਆਦੀ ਤੌਰ 'ਤੇ ਵੱਖ ਹੋਣਾ ਵੀ ਸ਼ਾਮਲ ਹੈ।"

"ਭਾਰਤ ਜਿਸ ਨੂੰ ਇੱਕ ਖਤਰਨਾਕ ਖਤਰੇ ਵਜੋਂ ਪੇਸ਼ ਕਰਦਾ ਹੈ, ਕੈਨੇਡਾ ਉਸ ਨੂੰ ਸਿਰਫ ਰੋਸ ਮੁਜ਼ਾਹਰੇ ਮੰਨਦਾ ਹੈ ਅਤੇ ਇਸ ਨੂੰ ਪ੍ਰਗਟਾਵੇ ਦੀ ਆਜ਼ਾਦੀ ਤਹਿਤ ਅਸਹਿਮਤੀ ਵਜੋਂ ਲੈਂਦਾ ਹੈ ਅਤੇ ਦੋਵਾਂ ਵਿੱਚੋਂ ਕੋਈ ਵੀ ਰਿਆਇਤ ਕਰਨ ਲਈ ਤਿਆਰ ਨਹੀਂ ਹੈ।"

ਦੋਹਾਂ ਦੇਸ਼ਾਂ ਦਾ ਲੰਬਾ ਰਿਸ਼ਤਾ ਰਿਹਾ ਹੈ। ਕੈਨੇਡਾ ਵਿੱਚ ਭਾਰਤੀ ਮੂਲ ਦੇ ਭਾਈਚਾਰਿਆਂ ਦੀ ਵੱਡੀ ਆਬਾਦੀ ਹੈ, ਜਿਸ ਵਿੱਚ 13 ਲੱਖ ਨਿਵਾਸੀ ਅਤੇ ਇਹ ਕੈਨੇਡਾ ਦੀ ਕੁੱਲ ਆਬਾਦੀ ਦਾ 4 ਫੀਸਦ ਹਨ।

ਪਰ ਫਿਰ ਵੀ ਤਸੱਲੀ ਵਾਲੀ ਗੱਲ ਇਹ ਹੈ ਕਿ ਇਸ ਤਣਾਅ ਦਾ ਹਾਲੇ ਤੱਕ ਦੋਵਾਂ ਦੇਸ਼ਾਂ ਦੇ ਵਪਾਰਕ ਸੰਬੰਧਾਂ 'ਤੇ ਹਾਲ ਦੀ ਘੜੀ ਕੋਈ ਅਸਰ ਵੇਖਣ ਨੂੰ ਨਹੀਂ ਮਿਲ ਰਿਹਾ ਹੈ।

ਲੇਕਿਨ ਮਾਹਿਰਾਂ ਦਾ ਕਹਿਣਾ ਹੈ ਕਿ ਜੇਕਰ ਇਹ ਮਾਮਲਾ ਲੰਮਾ ਸਮਾਂ ਲਟਕਦਾ ਰਿਹਾ ਤਾਂ ਇਸ ਦਾ ਦੋਵਾਂ ਦੇਸ਼ਾਂ ਦੇ ਵਪਾਰਕ ਸੰਬੰਧਾਂ 'ਤੇ ਅਸਰ ਪੈ ਸਕਦਾ ਹੈ।

ਇੱਥੇ ਜ਼ਿਕਰਯੋਗ ਹੈ ਕਿ ਪਿਛਲੇ ਲੰਮੇ ਸਮੇਂ ਤੋਂ ਭਾਰਤ ਅਤੇ ਕੈਨੇਡਾ ਦੇ ਮਜ਼ਬੂਤ ਆਰਥਿਕ ਸੰਬੰਧ ਰਹੇ ਹਨ। 2023-24 ਵਿੱਚ ਭਾਰਤ ਨੇ ਕੈਨੇਡਾ ਤੋਂ 4.6 ਅਰਬ ਡਾਲਰ ਦਾ ਆਯਾਤ ਕੀਤਾ, ਜਦੋਂਕਿ ਕੈਨੇਡਾ ਨੂੰ 3.8 ਅਰਬ ਡਾਲਰ ਦਾ ਨਿਰਯਾਤ ਕੀਤਾ। ਇਹ ਸਪੱਸ਼ਟ ਹੈ ਕਿ ਵਪਾਰ ਸੰਤੁਲਨ ਕੈਨੇਡਾ ਦੇ ਪੱਖ ਵਿੱਚ ਹੈ। ਇਸ ਦੌਰਾਨ ਦੋਵਾਂ ਦੇਸ਼ਾਂ ਵਿਚਕਾਰ ਦੁਵੱਲਾ ਵਪਾਰਕ ਵਪਾਰ 8.4 ਅਰਬ ਡਾਲਰ ਤੱਕ ਪਹੁੰਚ ਗਿਆ। ਇੱਕ ਰਿਪੋਰਟ ਅਨੁਸਾਰ ਅਪ੍ਰੈਲ 2000 ਅਤੇ ਜੂਨ 2024 ਦੇ ਵਿਚਕਾਰ ਭਾਰਤ ਨੂੰ ਐੱਫ.ਡੀ.ਆਈ. ਦੇ ਰੂਪ ਵਿੱਚ ਕੈਨੇਡਾ ਤੋਂ 4 ਅਰਬ ਡਾਲਰ ਦਾ ਨਿਵੇਸ਼ ਮਿਲਿਆ। ਕੈਨੇਡਾ ਦੇ ਪੈਨਸ਼ਨ ਫੰਡਸ ਨੇ ਭਾਰਤ ਵਿੱਚ 75 ਅਰਬ ਡਾਲਰ ਤੋਂ ਵੱਧ ਦਾ ਨਿਵੇਸ਼ ਕੀਤਾ ਹੈ।

ਇੱਕ ਰਿਪੋਰਟ ਅਨੁਸਾਰ 30 ਸਤੰਬਰ ਤੱਕ ਭਾਰਤ ਦੇ ਸ਼ੇਅਰ ਬਾਜ਼ਾਰ ਵਿੱਚ ਕੈਨੇਡਾ ਦੇ ਕੁੱਲ ਨਿਵੇਸ਼ ਦਾ ਮੁੱਲ ਲੱਗਭੱਗ 24 ਅਰਬ ਡਾਲਰ ਯਾਨੀ ਲੱਗਭੱਗ 2 ਲੱਖ ਕਰੋੜ ਰੁਪਏ ਸੀ। ਅਮਰੀਕਾ, ਸਿੰਗਾਪੁਰ, ਲਕਸਮਬਰਗ, ਆਇਰਲੈਂਡ, ਮਾਰੀਸਸ, ਯੂ ਕੇ, ਨਾਰਵੇ ਅਤੇ ਜਾਪਾਨ ਤੋਂ ਬਾਅਦ ਕੈਨੇਡਾ ਭਾਰਤੀ ਸ਼ੇਅਰ ਬਾਜ਼ਾਰ ਵਿੱਚ ਨੌਵਾਂ ਸਭ ਤੋਂ ਵੱਡਾ ਨਿਵੇਸ਼ਕ ਹੈ।

ਜਦੋਂ ਕਿ ਦੂਜੇ ਪਾਸੇ ਵਿਦੇਸ਼ ਮੰਤਰਾਲਾ ਦੇ ਅੰਕੜਿਆਂ ਅਨੁਸਾਰ ਭਾਰਤ ਵਿੱਚ 600 ਤੋਂ ਵੱਧ ਕੈਨੇਡੀਅਨ ਕੰਪਨੀਆਂ ਮੌਜੂਦ ਹਨ। ਇਸੇ ਤਰ੍ਹਾਂ ਕਈ ਭਾਰਤੀ ਕੰਪਨੀਆਂ ਵੀ ਕੈਨੇਡਾ ਵਿੱਚ ਕਾਰੋਬਾਰ ਕਰ ਰਹੀਆਂ ਹਨ। ਇਨ੍ਹਾਂ ਵਿੱਚ ਆਈ.ਟੀ., ਸਾਫਟਵੇਅਰ, ਸਟੀਲ, ਕੁਦਰਤੀ ਸਰੋਤ ਅਤੇ ਬੈਂਕਿੰਗ ਸੈਕਟਰ ਦੀਆਂ ਕੰਪਨੀਆਂ ਸ਼ਾਮਲ ਹਨ।

**# ਸੰਪਰਕ : 98552-59650**

# ਪਰਾਲੀ ਦੀ ਸਮੱਸਿਆ ਤੇ ਇਸ ਦਾ ਸਹੀ ਪ੍ਰਬੰਧਨ ਕਿਉਂ ਜ਼ਰੂਰੀ ?



ਜਸਵਿੰਦਰ ਪਾਲ ਸ਼ਰਮਾ

ਪਰਾਲੀ ਸਾੜਨ ਦੀ ਸਮੱਸਿਆ, ਖਾਸ ਤੌਰ 'ਤੇ ਭਾਰਤ ਵਰਗੇ ਖੇਤਰਾਂ ਵਿੱਚ, ਇਸ ਦੇ ਨੁਕਸਾਨਦੇਹ ਵਾਤਾਵਰਣ ਅਤੇ ਸਿਹਤ ਪ੍ਰਭਾਵਾਂ ਦੇ ਕਾਰਨ ਇਸ ਸਮੱਸਿਆ ਵੱਲ ਮਹੱਤਵਪੂਰਨ ਧਿਆਨ ਦਿੱਤਾ ਜਾ ਰਿਹਾ ਹੈ। ਪਰਾਲੀ ਦਾ ਅਰਥ ਹੈ ਫਸਲਾਂ ਦੀ ਬਚੀ ਹੋਈ ਰਹਿੰਦ-ਖੂੰਹਦ, ਜਿਵੇਂ ਕਿ ਝੋਨਾ ਜਾਂ ਕਣਕ, ਵਾਢੀ ਤੋਂ ਬਾਅਦ ਖੇਤ ਵਿੱਚ ਛੱਡ ਦਿੱਤਾ ਜਾਂਦਾ ਹੈ। ਇਹਨਾਂ ਰਹਿੰਦ-ਖੂੰਹਦ ਦਾ ਪ੍ਰਬੰਧਨ ਕਰਨਾ ਵਾਤਾਵਰਣ ਦੀ ਸਥਿਰਤਾ ਅਤੇ ਮਨੁੱਖੀ ਭਲਾਈ ਦੋਵਾਂ ਲਈ ਮਹੱਤਵਪੂਰਨ ਬਣ ਗਿਆ ਹੈ।

ਹੇਠਾਂ ਕਈ ਕਾਰਨ ਦੱਸੇ ਗਏ ਹਨ ਕਿ ਪਰਾਲੀ ਦਾ ਸਹੀ ਪ੍ਰਬੰਧਨ ਕਿਉਂ ਜ਼ਰੂਰੀ ਹੈ:

**ਹਵਾ ਪ੍ਰਦੂਸ਼ਣ ਨੂੰ ਰੋਕਣਾ** : ਪਰਾਲੀ ਸਾੜਨ ਨਾਲ ਵਾਤਾਵਰਣ ਵਿੱਚ ਹਾਨੀਕਾਰਕ ਪ੍ਰਦੂਸ਼ਕ ਨਿਕਲਦੇ ਹਨ, ਜਿਸ ਵਿੱਚ ਕਣ ਪਦਾਰਥ (PMB.E ਅਤੇ PM10), ਕਾਰਬਨ ਮੋਨੋਆਕਸਾਈਡ, ਨਾਈਟ੍ਰੋਜਨ ਆਕਸਾਈਡ, ਅਤੇ ਅਸਥਿਰ ਜੈਵਿਕ ਮਿਸ਼ਰਣ (VOCs) ਸ਼ਾਮਲ ਹਨ। ਇਹ ਪ੍ਰਦੂਸ਼ਕ ਧੂੰਏਂ ਦੇ ਨਿਰਮਾਣ ਵਿੱਚ ਯੋਗਦਾਨ ਪਾਉਂਦੇ ਹਨ, ਜੋ ਹਵਾ ਦੀ ਗੁਣਵੱਤਾ ਅਤੇ ਦਿੱਖ ਨੂੰ ਘਟਾਉਂਦਾ ਹੈ ਅਤੇ ਖਾਸ ਤੌਰ 'ਤੇ ਸ਼ਹਿਰੀ ਕੇਂਦਰਾਂ ਵਿੱਚ ਗੰਭੀਰ ਸਿਹਤ ਜੋਖਮ ਪੈਦਾ ਕਰਦਾ ਹੈ। ਸਾਹ ਦੀਆਂ ਬਿਮਾਰੀਆਂ ਵਿੱਚ ਮੌਸਮੀ ਵਾਧਾ, ਜਿਸ ਵਿੱਚ ਦਮਾ ਅਤੇ ਪੁਰਾਣੀ ਰੁਕਾਵਟ ਪਲਮਨਰੀ ਬਿਮਾਰੀ (ਸੀਓਪੀਡੀ), ਦਿੱਲੀ ਵਰਗੇ ਸ਼ਹਿਰਾਂ ਵਿੱਚ, ਅਕਸਰ ਗੁਆਂਢੀ ਖੇਤੀਬਾੜੀ ਰਾਜਾਂ ਵਿੱਚ ਪਰਾਲੀ ਸਾੜਨ ਨਾਲ ਜੁੜਿਆ ਹੁੰਦਾ ਹੈ।

**ਜਲਵਾਯੂ ਤਬਦੀਲੀ ਨੂੰ ਘਟਾਉਣਾ** : ਫਸਲਾਂ ਦੀ ਰਹਿੰਦ-ਖੂੰਹਦ ਨੂੰ ਸਾੜਨ ਨਾਲ ਵੱਡੀ ਮਾਤਰਾ ਵਿੱਚ ਕਾਰਬਨ ਡਾਈਆਕਸਾਈਡ ਅਤੇ ਮੀਥੇਨ ਦੋਵੇਂ ਸ਼ਕਤੀਸ਼ਾਲੀ ਗ੍ਰੀਨਹਾਊਸ ਗੈਸਾਂ ਨਿਕਲਦੀਆਂ ਹਨ, ਜੋ ਗਲੋਬਲ ਵਾਰਮਿੰਗ ਵਿੱਚ ਯੋਗਦਾਨ ਪਾਉਂਦੀਆਂ ਹਨ। ਖਾਦ ਜਾਂ ਬਾਇਓਚਾਰ ਉਤਪਾਦਨ ਵਰਗੇ ਵਿਕਲਪਾਂ ਰਾਹੀਂ ਪਰਾਲੀ ਦਾ ਪ੍ਰਬੰਧਨ ਕਰਕੇ, ਇਸ ਕਾਰਬਨ ਨਿਕਾਸ ਨੂੰ ਘਟਾਇਆ ਜਾ ਸਕਦਾ ਹੈ, ਜਿਸ ਨਾਲ ਜਲਵਾਯੂ ਪਰਿਵਰਤਨ 'ਤੇ ਸਮੁੱਚੇ ਪ੍ਰਭਾਵ ਨੂੰ ਘਟਾਉਣ ਵਿੱਚ ਮਦਦ ਮਿਲਦੀ ਹੈ।

**ਮਿੱਟੀ ਦੀ ਸਿਹਤ ਵਿੱਚ ਸੁਧਾਰ** : ਪਰਾਲੀ ਵਿੱਚ ਜੈਵਿਕ ਪਦਾਰਥ ਅਤੇ ਨਾਈਟ੍ਰੋਜਨ, ਫਾਸਫੋਰਸ ਅਤੇ ਪੋਟਾਸ਼ੀਅਮ ਵਰਗੇ ਜ਼ਰੂਰੀ ਪੌਸ਼ਟਿਕ ਤੱਤ ਹੁੰਦੇ ਹਨ, ਜੋ ਮਿੱਟੀ ਦੀ ਉਪਜਾਊ ਸ਼ਕਤੀ ਲਈ ਫਾਇਦੇਮੰਦ ਹੁੰਦੇ ਹਨ। ਜਦੋਂ ਪਰਾਲੀ ਨੂੰ ਸਾੜ ਦਿੱਤਾ ਜਾਂਦਾ ਹੈ, ਤਾਂ ਇਹ ਪੌਸ਼ਟਿਕ ਤੱਤ ਖਤਮ ਹੋ ਜਾਂਦੇ ਹਨ ਅਤੇ ਮਿੱਟੀ ਦੀ ਬਣਤਰ ਨੂੰ ਬਿਹਤਰ ਬਣਾਉਣ ਵਾਲੇ ਜੈਵਿਕ ਪਦਾਰਥ ਨਸ਼ਟ ਹੋ ਜਾਂਦੇ ਹਨ। ਵਿਕਲਪ ਜਿਵੇਂ ਕਿ ਮਲਚਿੰਗ, ਪਰਾਲੀ ਨੂੰ ਮਿੱਟੀ ਵਿੱਚ ਸ਼ਾਮਲ ਕਰਨਾ ਜਾਂ ਇਸ ਨੂੰ ਜੈਵਿਕ ਖਾਦ ਵਜੋਂ ਵਰਤਣਾ ਮਿੱਟੀ ਦੀ ਸਿਹਤ ਨੂੰ ਬਣਾਈ ਰੱਖਣ ਜਾਂ ਵਧਾਉਣ ਵਿੱਚ ਮਦਦ ਕਰਦਾ ਹੈ, ਜਿਸ ਨਾਲ ਲੰਬੇ ਸਮੇਂ ਦੀ ਬਿਹਤਰ ਖੇਤੀ ਉਤਪਾਦਕਤਾ ਹੁੰਦੀ ਹੈ।

**ਜੈਵ ਵਿਭਿੰਨਤਾ ਦੀ ਸੰਭਾਲ** : ਪਰਾਲੀ ਨੂੰ ਸਾੜਨ ਨਾਲ ਨਾ ਸਿਰਫ਼ ਫ਼ਸਲਾਂ ਦੀ ਬਚੀ ਰਹਿੰਦ-ਖੂੰਹਦ ਨੂੰ ਨਸ਼ਟ ਕੀਤਾ ਜਾਂਦਾ ਹੈ, ਸਗੋਂ ਮਿੱਟੀ ਵਿਚ ਰਹਿਣ ਵਾਲੇ ਸੂਖਮ ਜੀਵਾਂ, ਕੀੜੇ-ਮਕੌੜਿਆਂ ਅਤੇ ਹੋਰ ਛੋਟੇ ਜੀਵਾਂ 'ਤੇ ਵੀ ਬੁਰਾ ਅਸਰ ਪੈਂਦਾ ਹੈ। ਇਹ ਜੀਵ ਜੈਵਿਕ ਪਦਾਰਥਾਂ ਨੂੰ ਸੜਨ ਅਤੇ ਪੌਸ਼ਟਿਕ ਤੱਤਾਂ ਨੂੰ ਰੀਸਾਈਕਲ ਕਰਨ ਵਿੱਚ ਇੱਕ ਮਹੱਤਵਪੂਰਣ ਭੂਮਿਕਾ ਨਿਭਾਉਂਦੇ ਹਨ। ਇਸ ਤੋਂ ਇਲਾਵਾ ਸੜਨ ਕਾਰਨ ਨਿਵਾਸ ਸਥਾਨ ਦਾ ਨੁਕਸਾਨ ਪੰਛੀਆਂ ਅਤੇ ਛੋਟੇ ਥਣਧਾਰੀ ਜੀਵਾਂ ਸਮੇਤ ਸਥਾਨਕ ਜੰਗਲੀ ਜੀਵਨ ਨੂੰ ਵਿਗਾੜਦਾ ਹੈ।

**ਜਲ ਸਰੋਤਾਂ ਦੀ ਰੱਖਿਆ** : ਪਰਾਲੀ ਸਾੜਨ ਨਾਲ ਨਿਕਲਣ ਵਾਲੇ ਪ੍ਰਦੂਸ਼ਕ ਪਾਣੀ ਦੇ ਭੰਡਾਰਾਂ ਵਿੱਚ ਸੈਟਲ ਹੋ ਸਕਦੇ ਹਨ, ਜਿਸ ਨਾਲ ਗੰਦਗੀ ਹੋ ਸਕਦੀ ਹੈ। ਇਸ ਦੇ ਨਤੀਜੇ ਵਜੋਂ ਪਾਣੀ ਦੀ ਸਪਲਾਈ ਵਿੱਚ ਜ਼ਹਿਰੀਲੇ ਮਿਸ਼ਰਣ ਬਣ ਸਕਦੇ ਹਨ, ਜਿਸ ਨਾਲ ਜਲ-ਜੀਵਨ ਪ੍ਰਣਾਲੀਆਂ ਅਤੇ ਮਨੁੱਖੀ ਖਪਤ ਲਈ ਉਪਲੱਬਧ ਪਾਣੀ ਦੀ ਗੁਣਵੱਤਾ ਦੋਵਾਂ ਨੂੰ ਪ੍ਰਭਾਵਿਤ ਕੀਤਾ ਜਾ ਸਕਦਾ ਹੈ। ਪਰਾਲੀ ਦਾ ਵਾਤਾਵਰਣ-ਅਨੁਕੂਲ ਤਰੀਕਿਆਂ ਨਾਲ ਪ੍ਰਬੰਧਨ ਕਰਕੇ, ਜਿਵੇਂ ਕਿ ਬਾਇਓ-ਕੰਪੋਸਟਿੰਗ ਦੁਆਰਾ ਜਾਂ ਜੈਵਿਕ ਈਂਧਨ ਦੇ ਉਤਪਾਦਨ ਵਿੱਚ ਇਸ ਦੀ ਵਰਤੋਂ ਕਰਕੇ, ਇਸ ਪਾਣੀ ਦੇ ਦੂਸ਼ਿਤ ਹੋਣ ਨੂੰ ਰੋਕਿਆ ਜਾ ਸਕਦਾ ਹੈ।

**ਅੱਗ ਦੇ ਖਤਰਿਆਂ ਨੂੰ ਘਟਾਉਣਾ**: ਪਰਾਲੀ ਸਾੜਨ ਨਾਲ ਬੇਕਾਬੂ ਅੱਗ ਲੱਗਣ ਦਾ ਖਤਰਾ ਵਧ ਜਾਂਦਾ ਹੈ, ਖਾਸ ਕਰਕੇ ਖੁਸ਼ਕ ਅਤੇ ਹਵਾ ਵਾਲੇ ਹਾਲਾਤ ਵਿੱਚ। ਇਹ ਅੱਗ ਤੇਜ਼ੀ ਨਾਲ ਫੈਲ ਸਕਦੀ ਹੈ, ਨੇੜਲੇ ਘਰਾਂ, ਬੁਨਿਆਦੀ ਢਾਂਚੇ ਅਤੇ ਹੋਰ ਖੇਤੀਬਾੜੀ ਖੇਤਰਾਂ ਨੂੰ ਖ਼ਤਰੇ ਵਿੱਚ ਪਾ ਸਕਦੀ ਹੈ। ਇਸ ਦੇ ਉਲਟ, ਟਿਕਾਊ ਪਰਾਲੀ ਪ੍ਰਬੰਧਨ ਅਭਿਆਸਾਂ ਜਿਵੇਂ ਕਿ ਬਾਲਿੰਗ (ਪਸ਼ੂ ਫੀਡ ਜਾਂ ਬਾਇਓਮਾਸ ਊਰਜਾ ਦੇ ਤੌਰ 'ਤੇ ਵਰਤੋਂ ਲਈ) ਕਿਸਾਨਾਂ ਲਈ ਵਾਧੂ ਆਰਥਿਕ ਮੌਕੇ ਪ੍ਰਦਾਨ ਕਰਦੇ ਹੋਏ ਇਸ ਜੋਖਮ ਨੂੰ ਮਹੱਤਵਪੂਰਨ ਤੌਰ 'ਤੇ ਘਟਾ ਸਕਦੇ ਹਨ।

ਕਿਸਾਨਾਂ ਲਈ ਆਰਥਿਕ ਲਾਭ: ਪਰਾਲੀ ਦਾ ਸਹੀ ਪ੍ਰਬੰਧਨ ਆਰਥਿਕ ਮੌਕੇ ਵੀ ਪੇਸ਼ ਕਰ ਸਕਦਾ ਹੈ। ਉਦਾਹਰਨ ਲਈ, ਪਰਾਲੀ ਨੂੰ ਬਾਇਓਫਿਊਲ, ਕਾਗਜ਼ ਅਤੇ ਨਿਰਮਾਣ ਸਮੱਗਰੀ ਪੈਦਾ ਕਰਨ ਲਈ ਕੱਚੇ ਮਾਲ ਵਜੋਂ ਵਰਤਿਆ ਜਾ ਸਕਦਾ ਹੈ, ਜਿਸ ਨਾਲ ਕਿਸਾਨਾਂ ਲਈ ਆਮਦਨ ਦਾ ਵਿਕਲਪਕ ਸਰੋਤ ਬਣ ਸਕਦਾ ਹੈ। ਇਸ ਤੋਂ ਇਲਾਵਾ ਪਰਾਲੀ ਸਾੜਨ ਲਈ ਸਰਕਾਰਾਂ ਦੁਆਰਾ ਲਗਾਏ ਗਏ ਜੁਰਮਾਨਿਆਂ ਅਤੇ ਜੁਰਮਾਨਿਆਂ ਤੋਂ ਬਚਣ ਨਾਲ ਕਿਸਾਨਾਂ ਦੇ ਪੈਸੇ ਦੀ ਬੱਚਤ ਹੁੰਦੀ ਹੈ, ਜਦੋਂ ਕਿ ਟਿਕਾਊ ਅਭਿਆਸ ਲੰਬੇ ਸਮੇਂ ਲਈ ਮਿੱਟੀ ਦੀ ਉਤਪਾਦਕਤਾ ਵਿੱਚ ਸੁਧਾਰ ਕਰਦੇ ਹਨ, ਰਸਾਇਣਕ ਖਾਦਾਂ ਦੀ ਲੋੜ ਨੂੰ ਘਟਾਉਂਦੇ ਹਨ।

**ਵਾਤਾਵਰਣ ਨਿਯਮਾਂ ਦੀ ਪਾਲਣਾ ਕਰਨਾ** : ਭਾਰਤ ਸਮੇਤ ਕਈ ਦੇਸ਼ਾਂ ਨੇ ਇਸ ਦੇ ਵਾਤਾਵਰਨ ਅਤੇ ਸਿਹਤ 'ਤੇ ਮਾੜੇ ਪ੍ਰਭਾਵਾਂ ਕਾਰਨ ਪਰਾਲੀ ਸਾੜਨ ਨੂੰ ਰੋਕਣ ਲਈ ਸਖ਼ਤ ਨਿਯਮ ਬਣਾਏ ਹਨ। ਪਾਲਣਾ ਕਰਨ ਵਿੱਚ ਅਸਫਲ ਰਹਿਣ ਦੇ ਨਤੀਜੇ ਵਜੋਂ ਜੁਰਮਾਨੇ, ਕਾਨੂੰਨੀ ਕਾਰਵਾਈ ਅਤੇ ਖੇਤੀਬਾੜੀ ਸੈਕਟਰ ਲਈ ਨਕਾਰਾਤਮਕ ਨਤੀਜੇ ਹੋ ਸਕਦੇ ਹਨ। ਸਹੀ ਪ੍ਰਬੰਧਨ ਵਿਧੀਆਂ, ਜਿਵੇਂ ਕਿ ਹੈਪੀ ਸੀਡਰ ਜਾਂ ਜ਼ੀਰੋ-ਟਿਲ ਪਲਾਂਟਰ ਵਰਗੀ ਤਕਨਾਲੋਜੀ ਦੀ ਵਰਤੋਂ, ਕਿਸਾਨਾਂ ਨੂੰ ਉਤਪਾਦਕਤਾ ਬਣਾਈ ਰੱਖਣ ਦੌਰਾਨ ਇਹਨਾਂ ਨਿਯਮਾਂ ਦੀ ਪਾਲਣਾ ਕਰਨ ਦੀ ਇਜਾਜ਼ਤ ਦਿੰਦੀ ਹੈ। ਸਿੱਟਾ ਸਿਹਤਮੰਦ ਵਾਤਾਵਰਣ, ਟਿਕਾਊ ਖੇਤੀ ਅਤੇ ਆਰਥਿਕ ਸਥਿਰਤਾ ਲਈ ਢੁਕਵੀਂ ਪਰਾਲੀ ਪ੍ਰਬੰਧਨ ਬਹੁਤ ਜ਼ਰੂਰੀ ਹੈ। ਸਾੜਨ ਦੀ ਬਜਾਏ, ਹਵਾ ਦੇ ਪ੍ਰਦੂਸ਼ਣ ਨੂੰ ਘਟਾਉਣ, ਮਿੱਟੀ ਦੀ ਸਿਹਤ ਵਿੱਚ ਸੁਧਾਰ ਕਰਨ ਅਤੇ ਵਾਤਾਵਰਣ ਅਤੇ ਕਿਸਾਨਾਂ ਦੋਵਾਂ ਲਈ ਲੰਬੇ ਸਮੇਂ ਦੇ ਲਾਭ ਪ੍ਰਦਾਨ ਕਰਨ ਲਈ ਮਲਚਿੰਗ, ਕੰਪੋਸਟਿੰਗ ਅਤੇ ਪਰਾਲੀ ਨੂੰ ਬਾਇਓਐਨਰਜੀ ਵਿੱਚ ਬਦਲਣ ਵਰਗੇ ਨਵੀਨਤਮ ਅਭਿਆਸਾਂ ਨੂੰ ਅਪਣਾਇਆ ਜਾਣਾ ਚਾਹੀਦਾ ਹੈ। ਜਿਵੇਂ-ਜਿਵੇਂ ਜਾਗਰੂਕਤਾ ਵਧਦੀ ਹੈ, ਉਵੇਂ ਹੀ ਕਿਸਾਨਾਂ ਨੂੰ ਟਿਕਾਊ ਪਰਾਲੀ ਪ੍ਰਬੰਧਨ ਅਭਿਆਸਾਂ ਨੂੰ ਅਪਣਾਉਣ ਲਈ ਉਤਸ਼ਾਹਿਤ ਕਰਨ ਅਤੇ ਸਮਰਥਨ ਦੇਣ ਦੇ ਯਤਨ ਵੀ ਹੋਣੇ ਚਾਹੀਦੇ ਹਨ।

**# ਸੰਪਰਕ : 79860-27454**

# ਸਿਹਤਮੰਦ ਜੀਵਨ ਲਈ ਪੌਸ਼ਟਿਕ ਭੋਜਨ ਤੇ ਸਰੀਰਕ ਸਰਗਰਮੀ ਜ਼ਰੂਰੀ



ਨਰਿੰਦਰ ਸਿੰਘ

ਅਜੋਕੇ ਸਮੇਂ ਤੇਜ਼ ਰਫ਼ਤਾਰ ਜ਼ਿੰਦਗੀ ਨੇ ਲੋਕਾਂ ਦੀ ਜੀਵਨ ਸ਼ੈਲੀ ਨੂੰ ਬਹੁਤ ਪ੍ਰਭਾਵਿਤ ਕੀਤਾ ਹੈ। ਇਸ ਨਾਲ ਲੋਕਾਂ ਦੇ ਰਹਿਣ-ਸਹਿਣ ਅਤੇ ਖਾਣ-ਪੀਣ ਦੀਆਂ ਆਦਤਾਂ ਵਿੱਚ ਬਹੁਤ ਬਦਲਾਅ ਆਇਆ ਹੈ। ਗਲਤ ਖਾਣ-ਪੀਣ ਕਈ ਤਰ੍ਹਾਂ ਦੇ ਰੋਗਾਂ ਨੂੰ ਵਧਾਉਂਦਾ ਹੈ। ਜ਼ੰਕ ਫੂਡ ਦੀ ਲਗਾਤਾਰ ਵਰਤੋਂ ਸਾਡੀ ਹਾਜ਼ਮਾ ਪ੍ਰਣਾਲੀ 'ਤੇ ਪ੍ਰਭਾਵ ਪਾਉਂਦੀ ਹੈ। ਸਮੋਸਾ, ਬ੍ਰੈੱਡ ਪਕੋੜਾ, ਪਕੌੜਾ, ਟਿੱਕੀ, ਨੂਡਲਜ਼, ਸਪ੍ਰਿੰਗ ਰੋਲਜ਼, ਪੀਜ਼ਾ, ਬਰਗਰ ਆਦਿ ਖਾਣ ਵਿੱਚ ਬਹੁਤ ਮਜ਼ਾ ਆਉਂਦਾ ਹੈ। ਲੋਕ ਚਟਨੀ, ਦਹੀਂ, ਪਾਣੀ ਦੀ ਵੀ ਵਰਤੋਂ ਕਰਦੇ ਹਨ। ਪਤਾ ਨਹੀਂ ਪਾਣੀ ਸ਼ੁੱਧ ਹੈ ਜਾਂ ਨਹੀਂ। ਚਟਨੀ ਪੁਰਾਣੀ ਵੀ ਹੋ ਸਕਦੀ ਹੈ।

ਇਨ੍ਹਾਂ ਦੀ ਵਰਤੋਂ ਕਰਨ ਨਾਲ ਸਾਹ ਲੈਣ ਵਿੱਚ ਮੁਸ਼ਕਲ, ਸਿਰ ਦਰਦ, ਪੇਟ ਦਰਦ, ਪੇਟ ਵਿੱਚ ਸੜਨ ਆਦਿ ਸਮੱਸਿਆਵਾਂ ਆਮ ਪੈਦਾ ਹੁੰਦੀਆਂ ਹਨ। ਪੇਟ ਵਿੱਚ ਗੈਸ ਬਣਦੀ ਹੈ। ਡੱਬਾ ਬੰਦ ਖਾਣ-ਪੀਣ ਵਾਲੀਆਂ ਚੀਜ਼ਾਂ ਜਿਵੇਂ ਚਿਪਸ, ਜੂਸ, ਫਲ, ਮਠਿਆਈਆਂ ਆਦਿ ਦੀ ਵਰਤੋਂ ਵੀ ਸਿਹਤ ਲਈ ਠੀਕ ਨਹੀਂ ਹੈ। ਜੂਸ ਵਿੱਚ ਕੈਲੋਰੀ ਦੀ ਮਾਤਰਾ ਕਈ ਗੁਣਾ ਹੁੰਦੀ ਹੈ ਅਤੇ ਗੈਰ ਕੁਦਰਤੀ ਰੰਗ ਹੁੰਦੇ ਹਨ। ਚਿਪਸ ਆਦਿ ਵੀ ਮੋਟਾਪਾ ਕਰਦੇ ਹਨ। ਡੱਬਾ ਬੰਦ ਖਾਣ ਵਾਲੇ ਪਦਾਰਥਾਂ ਨੂੰ ਪ੍ਰਿਜ਼ਰਵ ਕਰਨ ਲਈ ਕੈਮੀਕਲਜ਼ ਦੀ ਵਰਤੋਂ ਸਿਹਤ ਲਈ ਠੀਕ ਨਹੀਂ ਹੈ। ਪੀਜ਼ਾ ਅਤੇ ਬਰਗਰ ਖਾਣ ਨਾਲ ਪੇਟ ਵਧਣਾ ਸ਼ੁਰੂ ਹੋ ਜਾਂਦਾ ਹੈ। ਮੈਦੇ ਤੋਂ ਬਣੇ ਹੋਣ ਕਾਰਨ ਸਰੀਰ ਨੂੰ ਰੇਸ਼ਾ ਨਹੀਂ ਮਿਲਦਾ ਤੇ ਕਬਜ਼ ਦੀ ਸ਼ਿਕਾਇਤ ਹੋ ਜਾਂਦੀ ਹੈ।

ਗਲਤ ਖਾਣ-ਪੀਣ ਦੀ ਵਜ੍ਹਾ ਕਾਰਨ ਹੀ ਪਿਛਲੇ ਕੁਝ ਸਾਲਾਂ ਵਿੱਚ ਦਿਲ ਦੀਆਂ ਬਿਮਾਰੀਆਂ ਵਿੱਚ ਬਹੁਤ ਵਾਧਾ ਹੋਇਆ ਹੈ। ਦੁਨੀਆ ਭਰ ਵਿੱਚ ਦਿਲ ਦੀਆਂ ਬਿਮਾਰੀਆਂ ਨਾਲ ਮਰਨ ਵਾਲੇ ਲੋਕਾਂ ਦੀ ਗਿਣਤੀ ਵਿੱਚ ਕਾਫੀ ਵਾਧਾ ਹੋਇਆ ਹੈ। ਸਭ ਮਾਹਿਰਾਂ ਦਾ ਇਹ ਮੰਨਣਾ ਹੈ ਕਿ ਖਾਣ-ਪੀਣ ਤੇ ਰਹਿਣ-ਸਹਿਣ ਦੀਆਂ ਆਦਤਾਂ ਵਿੱਚ ਸੁਧਾਰ ਲਿਆ ਕੇ ਦਿਲ ਦੇ ਰੋਗਾਂ ਦੀ ਸੰਭਾਵਨਾ ਨੂੰ ਘੱਟ ਕੀਤਾ ਜਾ ਸਕਦਾ ਹੈ। ਉਂਝ ਜ਼ਿਆਦਾ ਚਰਬੀ ਵਾਲੇ ਭੋਜਨ ਦੀ ਵਰਤੋਂ, ਸਰੀਰਕ ਮਿਹਨਤ ਦੀ ਘਾਟ, ਅਲਕੋਹਲ ਦੀ ਵਰਤੋਂ, ਤਣਾਅ, ਗਲਤ ਖਾਣ-ਪੀਣ, ਬਲੱਡ ਪ੍ਰੈਸ਼ਰ ਆਦਿ ਇਨ੍ਹਾਂ ਸਭ ਕਾਰਨਾਂ 'ਤੇ ਕੰਟਰੋਲ ਕਰਕੇ ਅਸੀਂ ਨਾ ਸਿਰਫ ਦਿਲ ਦੇ ਰੋਗਾਂ, ਸਗੋਂ ਹੋਰ ਵੀ ਬਹੁਤ ਸਾਰੀਆਂ ਬਿਮਾਰੀਆਂ 'ਤੇ ਕਾਬੂ ਪਾ ਸਕਦੇ ਹਾਂ ਅਤੇ ਸਿਹਤਮੰਦ ਰਹਿ ਸਕਦੇ ਹਨ।

ਅੱਜ-ਕੱਲ੍ਹ ਮਨੁੱਖ ਨੂੰ ਭੁੱਖ ਵੀ ਘੱਟ ਲੱਗਦੀ ਹੈ ਅਤੇ ਨੀਂਦ ਵੀ ਘੱਟ ਆਉਂਦੀ ਹੈ। ਕਈ ਤਾਂ ਉਨੀਂਦਰਾ ਰੋਗ ਤੋਂ ਪੀੜਤ ਹਨ ਅਤੇ ਉਨ੍ਹਾਂ ਨੂੰ ਰਾਤ ਭਰ ਨੀਂਦ ਨਹੀਂ ਆਉਂਦੀ। ਅਜਿਹੀ ਸਥਿਤੀ ਵਿੱਚ ਮੇਥੀ ਦਾਣਾ ਖਾਣਾ ਬਹੁਤ ਜ਼ਰੂਰੀ ਹੈ। ਮੇਥੀ ਦੀ ਭਾਜੀ, ਮੇਥੀ ਦਾਲ, ਦਹੀਂ ਮੇਥੀ, ਪਾਪੜ ਮੇਥੀ, ਮੇਥੀ ਦਾਣੇ ਦਾ ਬਘਾਰ ਲੱਗੀ ਸਬਜ਼ੀ ਆਦਿ ਖਾਣੀ ਸਿਹਤ ਲਈ ਬਹੁਤ ਫ਼ਾਇਦੇਮੰਦ ਹੈ। ਮੇਥੀ ਦਾਣਾ ਇੱਕ ਸਸਤਾ ਅਤੇ ਵਧੀਆ ਖ਼ੂਨ ਸਾਫ ਕਰਨ ਵਾਲਾ ਕਬਜ਼ ਨਿਵਾਰਕ, ਪੌਸ਼ਟਿਕ ਸ਼ਕਤੀ ਅਤੇ ਚੁਸਤੀ-ਫੁਰਤੀ ਦਾ ਟਾਨਿਕ ਹੈ। ਹਰ ਰੋਜ਼ ਸਵੇਰੇ-ਰਾਤ ਨੂੰ ਪਾਣੀ ਵਿੱਚ ਭਿਊਂ ਕੇ ਰੱਖਿਆ ਮੇਥੀ ਦਾਣਾ ਇੱਕ ਛੋਟਾ ਚਮਚ ਭਰ ਕੇ ਪਾਣੀ ਨਾਲ ਖਾ ਲੈਣਾ ਚਾਹੀਦਾ ਹੈ। ਮੇਥੀ ਦਾਣਾ ਸਾਡੇ ਸਰੀਰ ਅਤੇ ਸਿਹਤ ਦਾ ਚੰਗਾ ਮਿੱਤਰ ਹੈ।

ਸਿਹਤਮੰਦ ਜੀਵਨ ਲਈ ਮਨੁੱਖ ਨੂੰ ਪੌਸ਼ਟਿਕ ਭੋਜਨ ਦੀ ਵਰਤੋਂ ਕਰਨੀ ਚਾਹੀਦੀ ਹੈ, ਜਿਸ ਵਿੱਚ ਪ੍ਰੋਟੀਨ, ਕੈਲਸ਼ੀਅਮ, ਚਰਬੀ ਅਤੇ ਖਣਿਜ ਹੋਵੇ। ਭੋਜਨ ਵਿੱਚ ਕੜੀ ਪੱਤਾ, ਕਰੇਲਾ, ਪੁਦੀਨਾ, ਮੇਥੀ ਦਾਣਾ, ਅਦਰਕ, ਲਸਣ, ਹਿੰਗ, ਧਨੀਆਂ, ਅਜਵਾਇਨ ਆਦਿ ਨੂੰ ਥਾਂ ਦੇਣੀ ਚਾਹੀਦੀ ਹੈ। ਇਹ ਸਭ ਚੀਜ਼ਾਂ ਸਿਹਤ ਦੀ ਰਖਵਾਲੀ ਕਰਦੀਆਂ ਹਨ। ਖਾਣਾ ਹਮੇਸ਼ਾ ਸਮੇਂ ਸਿਰ ਖਾਣਾ ਚਾਹੀਦਾ ਹੈ। ਖਾਣਾ ਖਾਣ ਤੋਂ ਇੱਕ ਘੰਟਾ ਪਹਿਲਾਂ ਪਾਣੀ ਪੀਣਾ ਚਾਹੀਦਾ ਹੈ ਜਾਂ ਫਿਰ ਖਾਣਾ ਖਾਣ ਤੋਂ ਅੱਧਾ ਘੰਟਾ ਬਾਅਦ ਪਾਣੀ ਪੀਣਾ ਚਾਹੀਦਾ ਹੈ। ਖਾਣਾ ਖਾਂਦੇ ਸਮੇਂ ਪਾਣੀ ਨਾ ਪੀਣ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ। ਤਾਜ਼ੇ ਫਲ ਖਾਓ ਤੇ ਤਾਜ਼ੇ ਫਲਾਂ ਦਾ ਜੂਸ ਪੀਓ, ਜੋ ਸਿਹਤ ਲਈ ਬਹੁਤ ਗੁਣਕਾਰੀ ਹੈ। ਭੋਜਨ ਵਿੱਚ ਰੇਸ਼ੇ ਦਿਲ ਰੋਗਾਂ ਤੋਂ ਬਚਾਅ ਕਰਦੇ ਹਨ। ਅਨਾਜ, ਫਲ ਤੇ ਸਬਜ਼ੀਆਂ ਰੇਸ਼ੇ ਦੇ ਚੰਗੇ ਸਰੋਤ ਹਨ। ਬੋਸਟਨ ਵਿੱਚ ਹਾਲ ਹੀ ਵਿੱਚ ਕੀਤੀ ਗਈ ਇੱਕ ਖੋਜ ਤੋਂ ਪਤਾ ਲੱਗਿਆ ਹੈ ਕਿ ਦਿਲ ਦੇ ਰੋਗਾਂ ਦੀ ਸੰਭਾਵਨਾ ਨੂੰ ਘੱਟ ਕਰਨ ਲਈ ਭੋਜਨ ਵਿੱਚ ਰੇਸ਼ੇਦਾਰ ਪਦਾਰਥਾਂ ਦੀ ਮਾਤਰਾ ਵਧਾ ਦੇਣੀ ਚਾਹੀਦੀ ਹੈ। ਇਹ ਖੋਜ 68000 ਔਰਤਾਂ 'ਤੇ ਕੀਤੀ ਗਈ ਅਤੇ ਪਾਇਆ ਗਿਆ ਕਿ ਜਿਨ੍ਹਾਂ ਨੇ ਰੇਸ਼ੇਦਾਰ ਮਾਤਰਾ ਜ਼ਿਆਦਾ ਲਈ, ਉਨ੍ਹਾਂ ਵਿੱਚ ਦਿਲ ਦੇ ਰੋਗ ਹੋਣ ਦੀ ਸੰਭਾਵਨਾ ਬਹੁਤ ਘੱਟ ਪਾਈ ਗਈ ਹੈ। ਇਸ ਦੇ ਨਾਲ-ਨਾਲ ਉਨ੍ਹਾਂ ਵਿੱਚ ਕਲੇਸਟ੍ਰੋਲ ਦੀ ਮਾਤਰਾ ਵੀ ਕੰਟਰੋਲ ਵਿੱਚ ਰਹਿੰਦੀ ਹੈ ਅਤੇ ਖੂਨ ਵਿੱਚ ਸ਼ੂਗਰ ਦਾ ਪੱਧਰ ਵੀ ਘੱਟ ਰਹਿੰਦਾ ਹੈ।

ਭਾਰਤੀ ਖਾਣ-ਪੀਣ ਵਿੱਚ ਦੁੱਧ ਕਈ ਰੂਪਾਂ ਵਿੱਚ ਵਰਤਿਆ ਜਾਂਦਾ ਹੈ। ਦੁੱਧ ਨੂੰ ਇੱਕ ਸੰਪੂਰਨ ਭੋਜਨ ਦੇ ਰੂਪ ਵਿੱਚ ਸਵੀਕਾਰ ਕੀਤਾ ਗਿਆ ਹੈ। ਇੱਥੇ ਮਾਂ ਦੇ ਦੁੱਧ ਤੋਂ ਬਾਅਦ ਗਾਂ, ਬੱਕਰੀ, ਭੇਡ, ਮੱਝ ਦੇ ਦੁੱਧ ਦੀ ਵਰਤੋਂ ਕੀਤੀ ਜਾਂਦੀ ਹੈ। ਗਾਂ ਦੇ ਦੁੱਧ ਨੂੰ ਮਾਂ ਦੇ ਦੁੱਧ ਦੇ ਬਰਾਬਰ ਮੰਨਿਆ ਜਾਂਦਾ ਹੈ। ਗਾਂ ਦਾ ਦੁੱਧ ਮੱਝ ਤੇ ਹੋਰ ਪਸ਼ੂਆਂ ਦੇ ਮੁਕਾਬਲੇ ਪਤਲਾ ਹੁੰਦਾ ਹੈ, ਪਰ ਗਾਂ ਦਾ ਦੁੱਧ ਜ਼ਿਆਦਾ ਗੁਣਕਾਰੀ ਹੁੰਦਾ ਹੈ। ਗਾਂ, ਮੱਝ, ਬੱਕਰੀ, ਭੇਡ ਸਭ ਦੇ ਦੁੱਧ ਵਿੱਚ ਰੋਗਾਂ ਨਾਲ ਲੜਨ ਦੇ ਅਨੇਕ ਰਸਾਇਣ ਮੌਜੂਦ ਹੁੰਦੇ ਹਨ। ਸਰੀਰਕ ਤੇ ਮਾਨਸਿਕ ਤੰਦਰੁਸਤੀ ਲਈ ਸਾਨੂੰ ਹਰ ਰੋਜ਼ ਦੁੱਧ ਦੀ ਵਰਤੋਂ ਜ਼ਰੂਰ ਕਰਨੀ ਚਾਹੀਦੀ ਹੈ।

ਸਵੇਰ ਦਾ ਨਾਸ਼ਤਾ ਵੀ ਬੇਹੱਦ ਜ਼ਰੂਰੀ ਹੈ, ਪਰੰਤੂ ਅਜੋਕੇ ਸਮੇਂ ਬੱਚੇ, ਨੌਜਵਾਨ ਅਤੇ ਕੰਮ-ਕਾਜੀ ਔਰਤਾਂ-ਪੁਰਸ਼ ਸਵੇਰ ਦੇ ਨਾਸ਼ਤੇ ਨੂੰ ਨਜ਼ਰਅੰਦਾਜ਼ ਕਰਕੇ ਸਕੂਲ, ਕਾਲਜ ਜਾਂ ਫਿਰ ਦਫ਼ਤਰ ਚਲੇ ਜਾਂਦੇ ਹਨ। ਦਰਅਸਲ ਰਾਤ ਦੇ ਭੋਜਨ ਤੋਂ ਬਾਅਦ ਲੱਗਭੱਗ 8-10 ਘੰਟੇ ਨੀਂਦ ਪੂਰੀ ਕਰਨ ਤੋਂ ਬਾਅਦ ਜਦੋਂ ਅਸੀਂ ਸਵੇਰੇ ਉੱਠਦੇ ਹਾਂ ਤਾਂ ਉਸ ਸਮੇਂ ਸਰੀਰ ਵਿੱਚ ਰਾਤ ਦਾ ਖਾਣਾ ਪਚ ਚੁੱਕਾ ਹੁੰਦਾ ਹੈ। ਅਜਿਹੀ ਸਥਿਤੀ ਵਿੱਚ ਸਰੀਰ ਨੂੰ ਸਵੇਰੇ ਊਰਜਾ ਹਾਸਲ ਕਰਨ ਲਈ ਨਾਸ਼ਤੇ ਦੀ ਬੇਹੱਦ ਲੋੜ ਹੁੰਦੀ ਹੈ। ਜੇਕਰ ਅਸੀਂ ਸਵੇਰ ਦਾ ਨਾਸ਼ਤਾ ਛੱਡ ਦਿੰਦੇ ਹਾਂ ਤਾਂ ਖਾਲੀ ਪੇਟ ਰਹਿਣ ਨਾਲ ਸਰੀਰ ਵਿੱਚ ਮੌਜੂਦ ਗੁਲੂਕੋਜ਼ 'ਤੇ ਹੀ ਸਾਨੂੰ ਨਿਰਭਰ ਰਹਿਣਾ ਪੈਂਦਾ ਹੈ, ਜਿਸ ਨਾਲ ਖੂਨ ਵਿਚਲਾ ਗੁਲੂਕੋਜ਼ ਅਸੰਤੁਲਨ ਹੋਣ ਲੱਗਦਾ ਹੈ। ਸਾਰਾ ਦਿਨ ਕੰਮ ਕਰਨਾ ਬਹੁਤ ਹੀ ਮੁਸ਼ਕਲ ਹੋ ਜਾਂਦਾ ਹੈ ਅਤੇ ਕਮਜ਼ੋਰੀ, ਚੱਕਰ ਆਉਣਾ, ਥਕਾਵਟ, ਘਬਰਾਹਟ ਆਦਿ ਸਮੱਸਿਆਵਾਂ ਪੈਦਾ ਹੋਣ ਲੱਗਦੀਆਂ ਹਨ। ਸਵੇਰ ਦਾ ਨਾਸ਼ਤਾ ਸਾਰਾ ਦਿਨ ਚੁਸਤ ਰੱਖਦਾ ਹੈ। ਇਸ ਲਈ ਇਸ ਦਾ ਪੋਸ਼ਕ ਅਤੇ ਸੰਤੁਲਿਤ ਹੋਣਾ ਬਹੁਤ ਜ਼ਰੂਰੀ ਹੈ।

ਥੋੜ੍ਹਾ ਖਾਣਾ, ਸਾਰਾ ਦਿਨ ਸਰਗਰਮ ਰਹਿਣਾ, ਇਧਰ-ਉਧਰ ਤੋਰਾ-ਫੇਰਾ ਚੱਲਦਾ ਰੱਖਣਾ, ਮੇਲ-ਜੋਲ ਅਤੇ ਭਾਈਚਾਰਾ ਬਣਾ ਕੇ ਰੱਖਣਾ, ਇੱਕ-ਦੂਸਰੇ ਦੀ ਮਦਦ ਕਰਨਾ, ਕੁਦਰਤੀ ਵਾਤਾਵਰਨ ਵਿੱਚ ਰਹਿਣਾ, ਵਰਤਮਾਨ ਵਿੱਚ ਜਿਉਣਾ, ਰੋਜ਼ਾਨਾ ਕਸਰਤ ਕਰਨਾ, ਲੰਮੀ ਨੀਂਦ ਲਹਿਣਾ, ਵਧੇਰੇ ਕਰਕੇ ਫਲ, ਸਬਜ਼ੀਆਂ, ਡਰਾਈ ਫਰੂਟ, ਦੱਧ ਅਤੇ ਪਨੀਰ ਦਾ ਸੇਵਨ ਕਰਨਾ ਆਦਿ ਚੰਗੀ ਸਿਹਤ ਦਾ ਰਾਜ਼ ਹੈ। ਭਾਈਚਾਰੇ ਨਾਲ ਸ਼ਾਂਤ ਤੇ ਨਿੱਘੇ ਸੰਬੰਧ ਮਨੁੱਖ ਦਾ ਜੀਵਨ ਲੰਮੇਰਾ ਕਰਨ ਵਿੱਚ ਸਹਾਈ ਹੁੰਦੇ ਹਨ। ਅਰਥ ਭਰਭੂਰ ਸਿਹਤਮੰਦ ਤਾਲਮੇਲ, ਮਦਦ ਲੈਣ ਅਤੇ ਮਦਦ ਕਰਨ ਦੀ ਭਾਵਨਾ ਤੇ ਉਤਸ਼ਾਹ ਮਨੁੱਖ ਦੀ ਮਾਨਸਿਕ ਤੇ ਸਰੀਰਕ ਸਿਹਤ ਨੂੰ ਸਹੀ ਰੱਖਣ ਵਿੱਚ ਯੋਗਦਾਨ ਪਾਉਂਦੇ ਹਨ। ਰੂਹਾਨੀਅਤ ਦਾ ਵੀ ਸਿਹਤ 'ਤੇ ਹਾਂ-ਪੱਖੀ ਪ੍ਰਭਾਵ ਪੈਂਦਾ ਹੈ। ਮਨੁੱਖ ਆਪਣੀਆਂ ਜੜ੍ਹਾਂ ਨਾਲ, ਆਪਣੀ ਧਰਤੀ ਨਾਲ ਅਤੇ ਆਪਣੇ ਆਲੇ-ਦੁਆਲੇ ਨਾਲ ਜੁੜਿਆ ਮਹਿਸੂਸ ਕਰਦਾ ਹੈ।

ਖੋਜਾਂ ਦੱਸਦੀਆਂ ਹਨ ਕਿ ਇਕੱਲੇ ਤੇ ਅਲੱਗ-ਥਲੱਗ ਰਹਿਣ ਨਾਲ ਮਨੁੱਖ ਦੀ ਸਿਹਤ ਦਾ ਨੁਕਸਾਨ ਹੁੰਦਾ ਹੈ। ਅਕਸਰ ਵੇਖਣ ਵਿੱਚ ਆਉਂਦਾ ਹੈ ਕਿ ਵਡੇਰੀ ਉਮਰ ਵਿੱਚ ਮਨੁੱਖ ਗੰਭੀਰ ਬਿਮਾਰੀਆਂ ਦਾ ਸ਼ਿਕਾਰ ਹੋ ਜਾਂਦਾ ਹੈ। ਅਜਿਹੀਆਂ ਬਿਮਾਰੀਆਂ ਮਾਰਦੀਆਂ ਵੀ ਨਹੀਂ ਅਤੇ ਜ਼ਿੰਦਗੀ ਦੀ ਗੁਣਵੱਤਾ ਵੀ ਖੋਹ ਲੈਂਦੀਆਂ ਹਨ। ਅਜਿਹਾ ਕਮਜ਼ੋਰ ਇਮਿਊਨਿਟੀ ਕਾਰਨ ਵਾਪਰਦਾ ਹੈ। ਮਜ਼ਬੂਤ ਇਮਿਊਨਿਟੀ ਦੇ ਮਾਲਕ ਲੋਕ ਬਿਮਾਰੀਆਂ ਤੋਂ ਬਚੇ ਰਹਿੰਦੇ ਹਨ। ਆਨੰਦ ਪ੍ਰਦਾਨ ਕਰਨ ਵਾਲੀਆਂ ਮਨੋਰੰਜਕ ਸਰਗਰਮੀਆਂ ਅਤੇ ਆਦਤਾਂ ਮਨੁੱਖ ਨੂੰ ਹਲਕਾ-ਫੁਲਕਾ ਅਤੇ ਤਰੋ-ਤਾਜ਼ਾ ਰੱਖਦੀਆਂ ਹਨ।

ਹਲਕੀ ਕਸਰਤ ਮਨੁੱਖ ਨੂੰ ਚੁਸਤ-ਦਰੁੱਸਤ ਬਣਾਉਂਦੀ ਹੈ। ਮਾਹਿਰਾਂ ਅਨੁਸਾਰ 50 ਸਾਲ ਤੋਂ ਵਡੇਰੀ ਉਮਰ ਦੇ ਲੋਕਾਂ ਨੂੰ ਲਗਾਤਾਰ ਕਸਰਤ ਨਾਲ ਉਨ੍ਹਾਂ ਚੁਸਤ-ਦਰੁੱਸਤ ਬਣਾਇਆ ਜਾ ਸਕਦਾ ਹੈ, ਜਿੰਨਾ ਉਹ 20 ਸਾਲ ਦੀ ਉਮਰ ਵਿੱਚ ਸੀ। ਉਮਰ ਵਧਣ ਨਾਲ ਸਰੀਰਕ ਸਰਗਰਮੀ ਘੱਟ ਹੋ ਜਾਂਦੀ ਹੈ ਅਤੇ ਸਰੀਰ ਦੇ ਵੱਖ-ਵੱਖ ਅੰਗਾਂ ਵਿੱਚ ਚਰਬੀ ਦਾ ਜਮਾਅ ਵਧਣ ਲੱਗਦਾ ਹੈ। ਇਸ ਖੋਜ ਵਿੱਚ 50 ਸਾਲ ਤੋਂ ਜ਼ਿਆਦਾ ਉਮਰ ਵਾਲੇ ਕੁਝ ਲੋਕਾਂ ਨੂੰ ਹਫ਼ਤੇ ਵਿੱਚ ਪੰਜ ਵਾਰ ਇੱਕ-ਇੱਕ ਘੰਟੇ ਤੱਕ ਲਗਾਤਾਰ ਕਸਰਤ ਕਰਨ ਨੂੰ ਕਿਹਾ ਗਿਆ। ਛੇ ਮਹੀਨੇ ਬਾਅਦ ਇਨ੍ਹਾਂ ਲੋਕਾਂ ਦੀ ਔਰੋਬਿਕ ਸ਼ਕਤੀ ਦੀ ਜਾਂਚ ਕੀਤੀ ਗਈ ਅਤੇ ਪਾਇਆ ਗਿਆ ਕਿ ਇਨ੍ਹਾਂ ਦੀ ਸ਼ਕਤੀ 20 ਸਾਲ ਦੇ ਵਿਅਕਤੀ ਜਿੰਨੀ ਹੋ ਚੁੱਕੀ ਸੀ।

ਖੋਜ ਵਿੱਚ ਜਿੱਥੋਂ ਤੱਕ ਵੀ ਪਾਇਆ ਗਿਆ ਹੈ ਕਿ ਜੇਕਰ 20 ਸਾਲ ਦੇ ਵਿਅਕਤੀ ਨੂੰ ਤਿੰਨ ਹਫ਼ਤੇ ਤੱਕ ਬੈੱਡ ਰੈਸਟ ਕਰਵਾਈ ਜਾਵੇ ਤਾਂ ਉਸ ਦੇ ਸਰੀਰ ਨੂੰ 30 ਸਾਲ ਤੱਕ ਦੀ ਉਮਰ ਤੱਕ ਉਮਰ ਵਾਧਾ ਹੋਣ ਵਾਲੀ ਹਾਨੀ ਦੇ ਮੁਕਾਬਲੇ ਜ਼ਿਆਦਾ ਹਾਨੀ ਹੁੰਦੀ ਹੈ। ਇਸ ਲਈ ਸਿਹਤਮੰਦ ਰਹਿਣ ਵਾਸਤੇ ਸਰਗਰਮ ਜੀਵਨ ਸ਼ੈਲੀ ਨੂੰ ਕਦੇ ਵੀ ਮਨੁੱਖ ਨੂੰ ਛੱਡਣਾ ਨਹੀਂ ਚਾਹੀਦਾ। ਤੋਰੇ ਫੇਰੇ ਅਤੇ ਸਰੀਰਕ ਸਰਗਰਮੀ ਕਾਰਨ ਮਾਸ ਅਤੇ ਹੱਡੀਆਂ ਮਜ਼ਬੂਤ ਰਹਿੰਦੀਆਂ ਹਨ। ਸਰੀਰਕ ਸਰਗਰਮੀ ਦੀ ਘਾਟ ਕਾਰਨ ਮਾਸਪੇਸ਼ੀਆਂ ਨਰਮ, ਕਮਜ਼ੋਰ ਅਤੇ ਠੰਢੀਆਂ ਪੈ ਜਾਂਦੀਆਂ ਹਨ। ਸਰੀਰਕ ਸਰਗਰਮੀ ਹਰ ਉਮਰ ਦੇ ਵਿਅਕਤੀ ਲਈ ਜ਼ਰੂਰੀ ਹੈ। ਜੇਕਰ ਤੁਸੀਂ ਉਮਰ ਦੇ ਕਿਸੇ ਵੀ ਪੜਾਅ ਵਿੱਚ ਚੁਸਤ-ਦਰੁਸਤ ਰਹਿਣਾ ਚਾਹੁੰਦੇ ਹੋ ਤਾਂ ਆਪਣੇ ਸਰੀਰਕ ਅੰਗਾਂ ਤੋਂ ਹਮੇਸ਼ਾ ਕੰਮ ਕਰਵਾਉਂਦੇ ਰਹੋ।

ਸਿਹਤਮੰਦ ਆਦਤਾਂ ਵੀ ਵਿਅਕਤੀ ਦੇ ਜੀਵਨ ਨੂੰ ਬਿਮਾਰੀਆਂ ਮੁਕਤ ਬਣਾਉਂਦੀਆਂ ਹਨ। ਹਾਲ ਹੀ ਵਿੱਚ ਕੀਤੀ ਗਈ ਇੱਕ ਖੋਜ ਅਨੁਸਾਰ ਸਿਹਤ ਸੰਬੰਧੀ ਆਦਤਾਂ ਵਿਅਕਤੀ ਦੀ ਉਮਰ ਵੀ ਲੰਮੀ ਕਰਦੀਆਂ ਹਨ। ਇਨ੍ਹਾਂ ਮਾਹਿਰਾਂ ਨੇ ਆਪਣੀ ਖੋਜ ਵਿੱਚ ਲੱਗਭੱਗ 1700 ਲੋਕਾਂ ਦੀਆਂ ਆਦਤਾਂ 'ਤੇ ਖੋਜ ਦੀ ਵਿਸਤ੍ਰਿਤ ਜਾਂਚ ਕੀਤੀ ਅਤੇ ਇਸ ਨਤੀਜੇ 'ਤੇ ਪਹੁੰਚੇ ਕਿ ਜੋ ਲੋਕ ਰੋਜ਼ ਕਸਰਤ ਕਰਦੇ ਹਨ, ਨਸ਼ਿਆਂ ਤੋਂ ਦੂਰ ਰਹਿੰਦੇ ਹਨ, ਸਹੀ ਖਾਣ-ਪੀਣ ਕਰਦੇ ਹਨ, ਉਹ ਜ਼ਿਆਦਾ ਉਮਰ ਜਿਉਂਦੇ ਹਨ ਅਤੇ ਜੀਵਨ ਸ਼ੈਲੀ ਨਾਲ ਸੰਬੰਧਤ ਬਿਮਾਰੀਆਂ ਜਿਵੇਂ ਦਿਲ ਰੋਗ, ਬਲੱਡ ਪ੍ਰੈਸ਼ਰ ਆਦਿ ਤੋਂ ਸੁਰੱਖਿਅਤ ਰਹਿੰਦੇ ਹਨ, ਜਦਕਿ ਗਲਤ ਜੀਵਨ ਸ਼ੈਲੀ ਤੇ ਸਿਹਤ ਸੰਬੰਧੀ ਚੰਗੀਆਂ ਆਦਤਾਂ ਨੂੰ ਨਾ ਅਪਣਾਉਣ ਵਾਲੇ ਵਿਅਕਤੀ ਬਿਮਾਰੀਆਂ ਦਾ ਸ਼ਿਕਾਰ ਤਾਂ ਬਣਦੇ ਹਨ, ਨਾਲ ਹੀ ਆਪਣੀ ਉਮਰ ਵੀ ਘੱਟ ਕਰ ਲੈਂਦੇ ਹਨ। ਇਸ ਲਈ ਜੇਕਰ ਤੁਸੀਂ ਬਿਮਾਰੀਆਂ ਤੋਂ ਬਚਣਾ ਚਾਹੁੰਦੇ ਹੋ ਤੇ ਲੰਮੀ ਉਮਰ ਜਿਊਣਾ ਚਾਹੁੰਦੇ ਹੋ ਤਾਂ ਅੱਜ ਤੋਂ ਹੀ ਆਪਣੀਆਂ ਆਦਤਾਂ ਨੂੰ ਸੁਧਾਰੋ।

**# ਸੰਪਰਕ : 98146-62260**

## ਕਾਤਰਾਂ

### ਗੋਪੀ ਰੰਧਾਵਾ ਪਿੰਡ ਮੀਮਸਾ ਦੇ ਸਰਪੰਚ ਬਣੇ



**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**-ਹਾਲ ਹੀ ਦੌਰਾਨ ਸੰਪੰਨ ਹੋਈਆਂ ਪੰਚਾਇਤੀ ਚੋਣਾਂ ਦੇ ਮੁਕਾਬਲੇ ਵਿੱਚ ਨੇੜਲੇ ਪਿੰਡ ਮੀਮਸਾ ਵਿਖੇ ਹੋਏ ਚਹੁਕੋਣੇ ਮੁਕਾਬਲੇ ਵਿੱਚ ਗੁਰਪ੍ਰੀਤ ਸਿੰਘ ਗੋਪੀ ਰੰਧਾਵਾ ਨੇ ਬਾਕੀ ਵਿਰੋਧੀਆਂ ਨੂੰ ਹਰਾ ਕੇ ਸਰਪੰਚੀ ਦੀ ਚੋਣ ਜਿੱਤ ਲਈ ਹੈ।ਉਨ੍ਹਾਂ ਆਪਣੀ ਜਿੱਤ ਦਾ ਸਿਹਰਾ ਪਿੰਡ ਵਾਸੀਆਂ ਨੂੰ ਦਿੰਦਿਆਂ ਪਿੰਡ ਵਾਸੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਿੰਡ ਵਾਸੀਆਂ ਨੇ ਉਨ੍ਹਾਂ ਨੂੰ ਜੋ ਜ਼ਿੰਮੇਵਾਰੀ ਸੌਂਪੀ ਹੈ, ਉਸ ਨੂੰ ਮਿਹਨਤ, ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਣਗੇ ਤੇ ਪਿੰਡ ਵਾਸੀਆਂ ਦੀਆਂ ਮੁਸ਼ਕਲਾਂ ਨੂੰ ਪਹਿਲ ਦੇ ਅਧਾਰ 'ਤੇ ਪੂਰਾ ਕਰਾਉਣ ਲਈ ਹਰ ਸੰਭਵ ਯਤਨ ਕਰਨਗੇ।ਉਨ੍ਹਾਂ ਕਿਹਾ ਕਿ ਉਹ ਪਿੰਡ ਦੇ ਵਿਕਾਸ ਕਾਰਜਾਂ ਨੂੰ ਲੈ ਕੇ ਧੜੇਬੰਦੀ ਤੋਂ ਉੱਪਰ ਉੱਠ ਕੇ ਵਿਕਾਸ ਕਾਰਜ ਕਰਾਉਣਗੇ ਅਤੇ ਵਿਕਾਸ ਕਾਰਜਾਂ ਵਿੱਚ ਕੋਈ ਕਸਰ ਬਾਕੀ ਨਹੀਂ ਛੱਡਣਗੇ।

### ਮੁਲਜ਼ਮਾਂ ਨੂੰ ਫੜਨ ਗਈ ਪੁਲਸ ਪਾਰਟੀ 'ਤੇ ਹਮਲਾ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪਿੰਡ ਕਰਮਗੜ੍ਹ (ਬਰਨਾਲਾ) ਵਿਖੇ ਇਕ ਉਮੀਦਵਾਰ ਉੱਪਰ ਹਮਲਾ ਕਰਨ ਵਾਲੇ ਮੁਲਜ਼ਮਾਂ ਨੂੰ ਫੜਨ ਗਈ ਠੁੱਲੀਵਾਲ ਪੁਲਸ ਪਾਰਟੀ ਉਪਰ ਮੁਲਜ਼ਮਾਂ ਵੱਲੋਂ ਹਮਲਾ ਕਰ ਦੇਣ ਬਾਰੇ ਪਤਾ ਲੱਗਿਆ ਹੈ।ਪੰਚਾਇਤੀ ਚੋਣਾਂ ਤੋਂ ਇੱਕ ਰਾਤ ਪਹਿਲਾਂ ਪੰਚ ਉਮੀਦਵਾਰ ਗੁਰਜੰਟ ਸਿੰਘ ਉਪਰ ਕੁੱਝ ਲੋਕਾਂ ਨੇ ਹਮਲਾ ਕਰਕੇ ਜ਼ਖ਼ਮੀ ਕਰ ਦਿੱਤਾ ਸੀ।ਇਸ ਸਬੰਧੀ ਥਾਣਾ ਠੁੱਲ੍ਹੀਵਾਲ ਪੁਲਸ ਨੇ 20 ਦੇ ਕਰੀਬ ਲੋਕਾਂ ਉੱਪਰ ਇਰਾਦਾ ਕਤਲ ਦਾ ਕੇਸ ਦਰਜ ਕੀਤਾ।ਇਸੇ ਸੰਬੰਧ ਵਿੱਚ ਪੁਲਸ ਪਾਰਟੀ ਜਦੋਂ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਨ ਗਈ ਤਾਂ ਮੁਲਜ਼ਮਾਂ ਤੇ ਉਨ੍ਹਾਂ ਦੇ ਸਮਰੱਥਕਾਂ ਨੇ ਪੁਲਸ ਦੀ ਗੱਡੀ ਉੱਪਰ ਹਮਲਾ ਕਰ ਦਿੱਤਾ, ਜਿਸ ਨਾਲ ਜਿੱਥੇ ਪੁਲਸ ਦੀ ਗੱਡੀ ਨੂੰ ਨੁਕਸਾਨ ਪੁੱਜਿਆ, ਉਥੇ ਇੱਕ ਪੁਲਸ ਮੁਲਾਜ਼ਮ ਦੀ ਵਰਦੀ ਵੀ ਪਾੜ ਦੇਣ ਬਾਰੇ ਦੱਸਿਆ ਗਿਆ।ਇਸ ਸੰਬੰਧੀ ਥਾਣਾ ਮੁਖੀ ਸਰੀਫ਼ ਖ਼ਾਨ ਨੇ ਦੱਸਿਆ ਕਿ ਇਹ ਮਾਮਲਾ ਉੱਚ ਅਧਿਕਾਰੀਆਂ ਦੇ ਧਿਆਨ ਵਿੱਚ ਲਿਆ ਦਿੱਤਾ ਹੈ। ਪੁਲਸ ਇਸ ਮਾਮਲੇ ਦੀ ਪੜਤਾਲ ਕਰਕੇ ਅਗਲੀ ਕਾਰਵਾਈ ਅਮਲ ਵਿੱਚ ਲਿਆਵੇਗੀ।

### ਪਾਰਟੀ ਅਹੁਦੇਦਾਰਾਂ ਦੇ ਪਿੰਡਾਂ 'ਚੋਂ ਹਾਰੀ 'ਆਪ' : ਜਸਵੰਤ ਸਿੰਘ

**ਜੈਤੋ (ਸਤੀਸ਼ ਕੁਮਾਰ ਭੀਰੀ)**-ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਤੇ ਬਲਾਕ ਪ੍ਰਧਾਨ ਜਸਵੰਤ ਸਿੰਘ ਨੇ ਕਿਹਾ ਕਿ ਪਾਰਟੀ ਵੱਲੋਂ ਥੋਪੇ ਗਏ ਵੱਖ-ਵੱਖ ਚੇਅਰਮੈਨ ਆਪਣੇ ਪਿੰਡ ਵਿੱਚ ਪਾਰਟੀ ਉਮੀਦਵਾਰ ਨੂੰ ਪੰਚ ਵੀ ਜਿਤਾਉਣ ਵਿੱਚ ਕਾਮਯਾਬ ਨਹੀਂ ਹੋ ਸਕੇ।ਜਸਵੰਤ ਸਿੰਘ ਨੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਕਿਹਾ ਕਿ ਪਾਰਟੀ ਵੱਲੋਂ ਦਿੱਤੀ ਨੁਮਾਇੰਦਗੀ ਕਰਦੇ ਚੇਅਰਮੈਨ ਜੋ ਆਪਣਾ ਅਸਰ ਰਸੂਖ ਬਿਲਕੁਲ ਗੁਆ ਚੁੱਕੇ ਹਨ ਤੇ ਆਪਣੀ ਪਾਰਟੀ ਦੇ ਸਰਪੰਚ ਤਾਂ ਬਹੁਤ ਦੂਰ ਦੀ ਗੱਲ ਹੈ, ਸਗੋਂ ਪੰਚ ਵੀ ਨਹੀਂ ਜਿਤਾ ਸਕੇ, ਉਹ ਆਉਣ ਵਾਲੀਆਂ ਬਲਾਕ ਸੰਮਤੀ ਚੋਣਾਂ ਤੇ ਜ਼ਿਲ੍ਹਾ ਪ੍ਰੀਸ਼ਦ ਚੋਣਾਂ ਮੌਕੇ ਫਿਸੱਡੀ ਸਾਬਤ ਹੋ ਸਕਦੇ ਹਨ, ਉਨ੍ਹਾਂ ਨੂੰ ਦਿੱਤੇ ਗਏ ਅਹੁਦੇ ਅਤੇ ਜ਼ਿੰਮੇਵਾਰੀ ਤੋਂ ਮੁਕਤ ਕੀਤਾ ਜਾਵੇ ਤੇ ਯੋਗ ਪਾਰਟੀ ਵਰਕਰਾਂ ਨੂੰ ਜ਼ੁੰਮੇਵਾਰੀ ਨਿਭਾਉਣ ਲਈ ਅੱਗੇ ਲਿਆਂਦਾ ਜਾਵੇ।

# ਝੋਨੇ ਦੀ ਬੇਕਦਰੀ ਵਿਰੁੱਧ ਭਾਕਿਯੂ ਏਕਤਾ ਉਗਰਾਹਾਂ ਵੱਲੋਂ 25 ਟੋਲ ਪਲਾਜ਼ੇ ਅਣਮਿੱਥੇ ਸਮੇਂ ਲਈ ਫ਼ਰੀ

## ਅੱਜ ਤੋਂ ਭਾਜਪਾ ਦੇ ਮੁੱਖ ਆਗੂਆਂ ਤੇ 'ਆਪ' ਦੇ ਵਿਧਾਇਕਾਂ/ਸਾਂਸਦਾਂ/ਮੰਤਰੀਆਂ ਦੇ ਘਰਾਂ ਅੱਗੇ ਪੱਕੇ ਮੋਰਚੇ ਲਾਏ ਜਾਣਗੇ : ਉਗਰਾਹਾਂ



ਪਟਿਆਲਾ



ਮਲੋਟ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)** : ਭਾਰਤੀ ਕਿਸਾਨ ਯੂਨੀਅਨ (ਏਕਤਾ-ਉਗਰਾਹਾਂ) ਵੱਲੋਂ ਝੋਨੇ ਦੀ ਮੰਡੀਆਂ ਵਿੱਚ ਬੇਕਦਰੀ ਵਿਰੁੱਧ ਅੱਜ ਪੰਜਾਬ ਦੇ 14 ਜ਼ਿਲ੍ਹਿਆਂ ਵਿੱਚ 25 ਟੋਲ ਪਲਾਜੇ ਫ੍ਰੀ ਕਰਨ ਦੇ ਲਗਾਤਾਰ ਮੋਰਚੇ ਸ਼ੁਰੂ ਕੀਤੇ ਗਏ, ਜਿਨ੍ਹਾਂ ਵਿੱਚ 4 ਹੋਰ ਗੁਆਂਢੀ ਜ਼ਿਲ੍ਹਿਆਂ ਦੇ ਕਿਸਾਨ ਵੀ ਸ਼ਾਮਲ ਹੋਏ, ਜਿੱਥੇ ਟੋਲ ਪਲਾਜੇ ਨਹੀਂ ਹਨ।ਇਹ ਜਾਣਕਾਰੀ ਦਿੰਦਿਆਂ ਜਥੇਬੰਦੀ ਦੇ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ ਤੇ ਜਨਰਲ ਸਕੱਤਰ ਸੁਖਦੇਵ ਸਿੰਘ ਕੋਕਰੀ ਕਲਾਂ



ਤਲਵੰਡੀ ਸਾਬੋ

ਨੇ ਦੱਸਿਆ ਕਿ ਇਨ੍ਹਾਂ ਮੋਰਚਿਆਂ ਵਿੱਚ ਕੁੱਲ ਮਿਲਾ ਕੇ ਸੈਂਕੜੇ ਔਰਤਾਂ ਤੇ ਨੌਜਵਾਨਾਂ ਸਮੇਤ ਹਜ਼ਾਰਾਂ ਦੀ ਗਿਣਤੀ ਵਿੱਚ ਕਿਸਾਨ ਮਜ਼ਦੂਰ ਸ਼ਾਮਲ ਹੋਏ। ਜਥੇਬੰਦੀ ਦੇ ਫੈਸਲੇ ਅਨੁਸਾਰ ਜੇਕਰ ਮੰਡੀਆਂ ਵਿੱਚ ਝੋਨੇ ਦੀ ਨਿਰਵਿਘਨ ਖ੍ਰੀਦ ਤੇ ਨਾਲੋ ਨਾਲ ਚੁਕਾਈ ਤੁਰੰਤ ਚਾਲੂ ਨਹੀਂ ਕੀਤੀ ਜਾਂਦੀ ਤਾਂ ਕੱਲ੍ਹ ਤੋਂ ਭਾਜਪਾ ਦੇ ਮੁੱਖ ਆਗੂਆਂ ਸਮੇਤ ਆਪ ਪਾਰਟੀ ਦੇ ਵੱਧ ਤੋਂ ਵੱਧ ਵਿਧਾਇਕਾਂ/ਸਾਂਸਦਾਂ ਤੇ ਮੰਤਰੀਆਂ ਦੇ ਘਰਾਂ ਅੱਗੇ ਵੀ ਲਗਾਤਾਰ ਮੋਰਚੇ ਲਾਏ ਜਾਣਗੇ।ਇਹ ਦੋਨੋਂ ਕਿਸਮਾਂ ਦੇ ਮੋਰਚੇ ਮੰਗਾਂ ਮੰਨੇ ਜਾਣ ਤੱਕ ਦਿਨੇ ਰਾਤ ਲਗਾਤਾਰ ਜਾਰੀ ਰਹਿਣਗੇ। ਅੱਜ ਦੇ ਮੋਰਚਿਆਂ ਨੂੰ ਸੰਬੋਧਨ ਕਰਨ ਵਾਲੇ ਹੋਰ ਮੁੱਖ ਬੁਲਾਰਿਆਂ ਵਿੱਚ ਝੰਡਾ ਸਿੰਘ ਜੇਠੂਕੇ, ਸ਼ਿੰਗਾਰਾ ਸਿੰਘ ਮਾਨ, ਰੂਪ ਸਿੰਘ ਛੰਨਾਂ, ਹਰਦੀਪ ਸਿੰਘ ਟੱਲੇਵਾਲ, ਜਗਤਾਰ ਸਿੰਘ ਕਾਲਾਝਾੜ, ਜਨਕ ਸਿੰਘ ਭੁਟਾਲ, ਹਰਿੰਦਰ ਕੌਰ ਬਿੰਦੂ, ਕਮਲਜੀਤ ਕੌਰ ਬਰਨਾਲਾ ਤੇ ਕੁਲਦੀਪ ਕੌਰ ਕੁੱਸਾ ਤੋਂ ਇਲਾਵਾ ਜ਼ਿਲ੍ਹਾ ਬਲਾਕ ਪੱਧਰੇ ਆਗੂ ਸ਼ਾਮਲ ਸਨ।ਬੁਲਾਰਿਆਂ ਨੇ ਜ਼ੋਰ ਦਿੱਤਾ ਕਿ ਝੋਨੇ ਦੀ ਪੂਰੇ ਐੱਮ ਐੱਸ ਪੀ 'ਤੇ ਨਿਰਵਿਘਨ ਖ੍ਰੀਦ ਚਾਲੂ ਕਰਨ ਤੋਂ ਇਲਾਵਾ ਹੁਣ ਤੱਕ ਘੱਟ ਮੁੱਲ 'ਤੇ ਵਿਕੇ ਝੋਨੇ ਦੀ ਕਮੀ ਪੂਰਤੀ ਕੀਤੀ ਜਾਵੇ, ਸਰਕਾਰੀ ਸਿਫਾਰਸ਼ ਅਨੁਸਾਰ ਪਾਣੀ ਦੀ ਬੱਚਤ ਲਈ ਬੀਜੀ ਗਈ ਪੀ ਆਰ 126 ਕਿਸਮ ਦੇ ਪੂਸਾ 44 ਨਾਲੋਂ ਘੱਟ ਝਾੜ ਦੀ ਤੇ ਐੱਮ ਐੱਸ ਪੀ ਤੋਂ ਘੱਟ ਮਿਲੇ ਮੁੱਲ ਦੀ ਕਮੀ ਪੂਰਤੀ ਕੀਤੀ ਜਾਵੇ, ਬਾਸਮਤੀ ਦਾ ਲਾਭਕਾਰੀ ਐੱਮ ਐੱਸ ਪੀ ਮਿਥਿਆ ਜਾਵੇ ਤੇ ਹੁਣ ਪਿਛਲੇ ਸਾਲ ਵਾਲੇ ਔਸਤ ਰੇਟ 'ਤੇ ਖ੍ਰੀਦ ਕਰਨ ਤੋਂ ਇਲਾਵਾ ਹੁਣ ਤੱਕ ਪੈ ਚੁੱਕੇ ਘਾਟੇ ਦੀ ਕਮੀ ਪੂਰਤੀ ਕੀਤੀ ਜਾਵੇ, ਝੋਨੇ ਦੀ ਵੱਧ ਤੋਂ ਵੱਧ ਨਮੀ 22% ਕੀਤੀ ਜਾਵੇ ਤੇ ਦਾਗੀ ਦਾਣਿਆਂ ਵਰਗੀਆਂ ਹੋਰ ਸ਼ਰਤਾਂ ਨਰਮ ਕੀਤੀਆਂ ਜਾਣ, ਮੰਡੀ ਮਜ਼ਦੂਰਾਂ ਦੀ ਮਜ਼ਦੂਰੀ ਉਨ੍ਹਾਂ ਦੀ ਮੰਗ ਅਨੁਸਾਰ ਮਿੱਥੀ ਜਾਵੇ ਅਤੇ ਹੋਰ ਹੱਕੀ ਮੰਗਾਂ ਮੰਨੀਆਂ ਜਾਣ, ਪੁਆੜੇ ਦੀ ਜੜ੍ਹ ਸੰਸਾਰ ਵਪਾਰ ਸੰਸਥਾ ਦੀ ਖੁੱਲ੍ਹੀ ਮੰਡੀ ਦੀ ਨੀਤੀ ਰੱਦ ਕੀਤੀ ਜਾਵੇ ਤੇ ਇਸ ਸੰਸਥਾ 'ਚੋਂ ਬਾਹਰ ਆਇਆ ਜਾਵੇ, ਨਵੇਂ ਚੌਲਾਂ ਦੀ ਸਟੋਰੇਜ ਲਈ ਸ਼ੈਲਰ ਮਾਲਕਾਂ ਦੇ ਜਮ੍ਹਾਂ ਪਏ ਚੌਲਾਂ ਦੀ ਚੁਕਾਈ ਤੇਜ਼ੀ ਨਾਲ ਕੀਤੀ ਜਾਵੇ, ਪਰਾਲ਼ੀ ਸਾੜਨ ਤੋਂ ਬਗੈਰ ਨਿਪਟਾਰੇ ਲਈ 200 ਰੁਪਏ ਪ੍ਰਤੀ ਕੁਇੰਟਲ ਬੋਨਸ ਦਿੱਤਾ ਜਾਵੇ। ਜਥੇਬੰਦੀ ਦੇ ਸੂਬਾ ਪ੍ਰਧਾਨ ਪਰਗਟ ਸਿੰਘ ਤੇ ਹੋਰ ਆਗੂਆਂ ਨੇ ਵੀ ਮੋਰਚਿਆਂ ਨੂੰ ਸੰਬੋਧਨ ਕੀਤਾ।

**ਤਲਵੰਡੀ ਸਾਬੋ (ਜਗਦੀਪ ਗਿੱਲ)** : ਭਾਰਤੀ ਕਿਸਾਨ ਯੂਨੀਅਨ (ਏਕਤਾ-ਉਗਰਾਹਾਂ) ਬਲਾਕ ਤਲਵੰਡੀ ਸਾਬੋ ਵੱਲੋਂ ਪੂਰੀ ਝੋਨਾ ਖ੍ਰੀਦ ਅਤੇ ਚੁਕਾਈ ਲਈ 17 ਅਕਤੂਬਰ ਤੋਂ ਸ਼ੇਖਪੁਰਾ ਟੋਲ ਫਰੀ ਕੀਤਾ ਗਿਆ। ਇਹ ਜਾਣਕਾਰੀ ਦਿੰਦਿਆਂ ਜ਼ਿਲਾ ਆਗੂ ਜਗਦੇਵ ਸਿੰਘ ਜੋਗੇਵਾਲਾ ਤੇ ਜਸਵੀਰ ਸਿੰਘ ਨੇ ਟੀਮ ਦੇ ਫ਼ੈਸਲੇ ਅਨੁਸਾਰ 17 ਅਕਤੂਬਰ ਤੋਂ ਟੋਲ ਫਰੀ ਤੇ 18 ਅਕਤੂਬਰ ਤੋਂ ਐੱਮ ਐੱਲ ਏ ਬਲਜਿੰਦਰ ਕੌਰ ਤੇ ਐੱਮ ਐੱਲ ਏ ਸੁਖਵੀਰ ਮਾਈਸਰ ਖਾਨਾ ਆਪ ਪਾਰਟੀ ਦੇ ਵਿਧਾਇਕਾਂ ਦੇ ਘਰਾਂ ਅੱਗੇ ਮੋਰਚੇ ਕਿਸਾਨਾਂ ਮਜ਼ਦੂਰਾਂ ਦੀਆਂ ਮੰਗਾਂ ਮੰਨੇ ਜਾਣ ਤੱਕ ਲਗਾਤਾਰ ਦਿਨੇ ਰਾਤ ਜਾਰੀ ਰੱਖੇ ਜਾਣਗੇ।ਇਸ ਮੌਕੇ ਸਾਬਕਾ ਸੈਨਿਕ ਕ੍ਰਾਂਤੀਕਾਰੀ ਯੂਨੀਅਨ ਪੰਜਾਬ ਦੇ ਜ਼ਿਲ੍ਹਾ ਮੀਤ ਪ੍ਰਧਾਨ ਜਗਤਾਰ ਸਿੰਘ ਵੱਲੋਂ ਭਰਵੀ ਹਮਾਇਤ ਕੀਤੀ ਗਈ ਤੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਅਸੀਂ ਸਾਰੇ ਪੰਜਾਬ ਦੇ ਸੈਨਿਕਾਂ ਨੂੰ ਇਕੱਠੇ ਕਰਕੇ ਕਿਸਾਨਾਂ ਮਜ਼ਦੂਰਾਂ ਦੀ ਡੱਟਵੀਂ ਹਮਾਇਤ ਕਰਾਂਗੇ। ਇਸ ਮੌਕੇ ਤਲਵੰਡੀ ਸਾਬੋ ਦੇ ਬਲਾਕ ਆਗੂ ਜਨਰਲ ਸੈਕਟਰੀ ਕਾਲਾ ਸਿੰਘ ਚੱਠੇਵਾਲਾ, ਮੀਤ ਪ੍ਰਧਾਨ ਕੁਲਵਿੰਦਰ ਸਿੰਘ ਗਿਆਨਾ ਤੇ ਮੌੜ ਬਲਾਕ ਦੇ ਆਗੂ ਰਾਵਿੰਦਰ ਸਿੰਘ ਰਾਮਨਗਰ, ਗੁਰਦੀਪ ਸਿੰਘ ਮਾਈਸਰ ਖਾਨਾ, ਭੋਲਾ ਸਿੰਘ ਮਾੜੀ, ਭਿੰਦਰ ਸਿੰਘ ਭਾਈ ਬਖਤੌਰ, ਗੁਰਜੀਤ ਸਿੰਘ ਬੰਗੇਹਰ ਤੇ ਦੋਨਾਂ ਬਲਾਕਾਂ ਦੇ ਕਿਸਾਨ ਮਜ਼ਦੂਰ ਮੋਰਚੇ ਵਿੱਚ ਸ਼ਾਮਲ ਸਨ।

**ਮਲੋਟ (ਗੁਰਮੀਤ ਸਿੰਘ ਮੱਕੜ)** : ਪੰਜਾਬ ਵਿਚ ਝੋਨੇ ਦੀ ਖਰੀਦ ਸ਼ੁਰੂ ਨਾ ਹੋਣ ਦੇ ਰੋਸ ਵੱਜੋਂ ਅੱਜ ਕਿਸਾਨ ਯੂਨੀਅਨ ਉਗਰਾਹਾਂ ਵੱਲੋਂ ਡੱਬਵਾਲੀ-ਮਲੋਟ ਨੈਸ਼ਨਲ ਹਾਈਵੇ 'ਤੇ ਪਿੰਡ ਅਬੁੱਲਖੁਰਾਣਾ ਦੇ ਟੋਲ 'ਤੇ ਧਰਨਾ ਦੇ ਕੇ ਰੋਸ ਪ੍ਰਗਟ ਕੀਤਾ ਗਿਆ। ਇਸ ਮੌਕੇ ਯੂਨੀਅਨ ਦੇ ਆਗੂ ਗੁਰਪਾਸ਼ ਸਿੰਘ ਨੇ ਦੱਸਿਆ ਕਿ ਪੰਜਾਬ ਵਿਚ ਇੱਕ ਅਕਤੂਬਰ ਤੋਂ ਸਰਕਾਰੀ ਖਰੀਦ ਸ਼ੁਰੂ ਹੋ ਚੁੱਕੀ ਹੈ ਤੇ ਝੋਨਾ ਪੂਰੀ ਤਰ੍ਹਾਂ ਮੰਡੀਆਂ ਵਿਚ ਆ ਚੁੱਕਾ ਹੈ ਅਤੇ ਕਿਸਾਨ ਖੱਜਲ ਖੁਆਰ ਹੋ ਰਹੇ ਹਨ, ਪ੍ਰੰਤੂ ਸਰਕਾਰਾਂ ਦਾ ਇਸ ਪਾਸੇ ਕੋਈ ਧਿਆਨ ਨਹੀਂ। ਇਸ ਦੇ ਰੋਸ ਵਜੋਂ ਅੱਜ ਪੂਰੇ ਪੰਜਾਬ ਦੇ ਟੋਲ ਪਲਾਜ਼ਾ ਬੰਦ ਕਰਕੇ ਰੋਸ ਪ੍ਰਗਟ ਕੀਤਾ ਜਾ ਰਿਹਾ ਹੈ ਅਤੇ ਨਾਲ ਹੀ ਆਪ ਪਾਰਟੀ ਦੇ ਮੰਤਰੀਆਂ ਤੇ ਵਿਧਾਇਕਾਂ ਦਾ ਘਿਰਾਓ ਲਗਾਤਾਰ ਕੀਤਾ ਜਾਵੇਗਾ। ਇਸ ਤੋਂ ਇਲਾਵਾ ਭਾਜਪਾ ਆਗੂਆ ਦੇ ਘਰ ਵੀ ਘੇਰਨ ਦਾ ਫੈਸਲਾ ਲਿਆ ਗਿਆ ਹੈ।

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)** : ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਦਿੱਤੇ ਗਏ ਸੱਦੇ ਉੱਤੇ ਮੰਡੀਆਂ ਵਿੱਚ ਚੱਲ ਰਹੀ ਝੋਨੇ ਦੀ ਢਿੱਲੀ ਖਰੀਦ, ਡੀਏਪੀ ਖਾਦ ਦੀ ਕਮੀ ਤੇ ਹੋਰ ਕਿਸਾਨੀ ਮੰਗਾਂ ਨੂੰ ਲੈ ਕੇ ਦਿੱਲੀ-ਸੰਗਰੂਰ ਕੌਮੀ ਮੁੱਖ ਮਾਰਗ 'ਤੇ ਧਰਨਾ ਦੇ ਕੇ ਨੈਸ਼ਨਲ ਹਾਈਵੇ ਤੋਂ ਲੰਘਣ ਵਾਲੇ ਰਾਹੀਆਂ ਲਈ ਟੋਲ ਪਲਾਜਾ ਮੁਫਤ ਕਰ ਦਿੱਤਾ ਗਿਆ ਹੈ। ਇਸ ਦੌਰਾਨ ਇਕੱਤਰ ਵੱਡੀ ਗਿਣਤੀ ਵਿੱਚ ਕਿਸਾਨਾਂ ਨੇ ਕੇਂਦਰ ਤੇ ਪੰਜਾਬ ਸਰਕਾਰ ਦੀਆਂ ਕਿਸਾਨ ਵਿਰੋਧੀ ਨੀਤੀਆਂ ਖਿਲਾਫ ਜੰਮ ਕੇ



ਪਾਤੜਾਂ

ਨਾਅਰੇਬਾਜ਼ੀ ਕੀਤੀ।ਰੋਸ ਪ੍ਰਦਰਸ਼ਨ ਨੂੰ ਸੰਬੋਧਨ ਕਰਦਿਆਂ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਬਲਾਕ ਪ੍ਰਧਾਨ ਅਮਰੀਕ ਸਿੰਘ ਘੱਗਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਝੋਨੇ ਦੀ ਫਸਲ ਦੀ ਬਜਾਈ ਵਕਤ ਪਾਣੀ ਦੀ ਬੱਚਤ ਲਈ ਘੱਟ ਸਮਾਂ ਲੈਣ ਵਾਲੀ ਝੋਨੇ ਦੀ ਕਿਸਮ ਪੀਆਰ 126 ਦੀ ਬਿਜਾਈ ਕਰਨ ਲਈ ਲੋਕਾਂ ਨੂੰ ਉਤਸ਼ਾਹਤ ਕੀਤਾ ਸੀ, ਹੁਣ ਸੈਲਰ ਮਾਲਕਾਂ ਵੱਲੋਂ ਪੀਆਰ 126 ਦੀ ਖਰੀਦ ਕਰਨ ਤੋਂ ਪਾਸਾ ਵੱਟਿਆ ਜਾ ਰਿਹਾ ਹੈ। ਮੰਡੀਆਂ ਵਿੱਚ ਕਿਸਾਨਾਂ ਦੀ ਪੁੱਤਾਂ ਵਾਂਗ ਪਾਲੀ ਝੋਨੇ ਦੀ ਫਸਲ ਰੁਲ ਰਹੀ ਹੈ।ਉਨ੍ਹਾਂ ਪੰਜਾਬ ਤੇ ਕੇਂਦਰ ਸਰਕਾਰ ਨੂੰ ਕਿਸਾਨ ਵਿਰੋਧੀ ਐਲਾਨਦਿਆਂ ਕਿਹਾ ਕਿ ਕਣਕ ਦੀ ਬਜਾਈ ਵਿੱਚ ਕੁਝ ਹੀ ਦਿਨ ਬਾਕੀ ਹਨ, ਪਰ ਡੀਏਪੀ ਖਾਦ ਕਿਸਾਨਾਂ ਨੂੰ ਨਹੀਂ ਮਿਲ ਰਹੀ। ਉਨ੍ਹਾਂ ਦੱਸਿਆ ਕਿ ਹਲਕਾ ਸ਼ੁਤਰਾਣਾ ਵਿੱਚ 60 ਹਜ਼ਾਰ ਗੱਟੇ ਡੀਏਪੀ ਖਾਦ ਦੀ ਜ਼ਰੂਰਤ ਹੈ, ਪਰ ਆਲਮ ਇਹ ਹੈ ਕਿ ਹਾਲੇ ਤੱਕ ਸਿਰਫ ਦੋ ਢਾਈ ਹਜ਼ਾਰ ਦੇ ਕਰੀਬ ਗੱਟਾ ਹੀ ਡੀਏਪੀ ਖਾਦ ਦੀ ਸਪਲਾਈ ਹੋਈ ਹੈ।



ਮੋਗਾ

**ਮੋਗਾ (ਇਕਬਾਲ ਸਿੰਘ ਖਹਿਰਾ)** : ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਜ਼ਿਲ੍ਹਾ ਕਮੇਟੀ ਮੋਗਾ ਵੱਲੋਂ ਸੂਬਾ ਕਮੇਟੀ ਦੇ ਫੈਸਲੇ ਅਨੁਸਾਰ ਟੋਲ ਪਲਾਜਾ ਦਾਰਾਪੁਰ ਵਿਖੇ ਜ਼ਿਲ੍ਹਾ ਪ੍ਰਧਾਨ ਅਮਰਜੀਤ ਸਿੰਘ ਸੇਦੋਕੇ ਦੀ ਪ੍ਰਧਾਨਗੀ ਹੇਠ ਧਰਨਾ ਲਾ ਕੇ ਟੋਲ ਫਰੀ ਕੀਤਾ ਗਿਆ। ਧਰਨੇ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਜਰਨਲ ਸਕੱਤਰ ਗੁਰਮੀਤ ਸਿੰਘ ਕਿਸ਼ਨਪੁਰਾ ਤੇ ਜ਼ਿਲ੍ਹਾ ਵਿੱਤ ਸਕੱਤਰ ਬਲੌਰ ਸਿੰਘ ਘੱਲ ਕਲਾਂ ਨੇ ਕਿਹਾ ਕਿ ਅੱਜ ਝੋਨੇ ਦੀ ਕਟਾਈ ਜ਼ੋਰਾਂ 'ਤੇ ਹੈ, ਕਿਸਾਨ ਮੰਡੀਆਂ ਵਿੱਚ ਝੋਨਾ ਲੈ ਕੇ ਜਾਂਦੇ ਹਨ, ਕਿਸਾਨਾਂ ਨੂੰ ਝੋਨਾ ਵੇਚਣ ਲਈ ਕਈ-ਕਈ ਦਿਨ ਮੰਡੀਆਂ ਵਿੱਚ ਰੁਲਣਾ ਪੈਂਦਾ ਹੈ। ਉਨ੍ਹਾਂ ਕਿਹਾ ਕਿ ਸਰਕਾਰੀ ਏਜੰਸੀਆਂ ਸਹੀ ਢੰਗ ਨਾਲ ਝੋਨੇ ਦੀ ਖਰੀਦ ਨਹੀਂ ਕਰ ਰਹੀਆਂ ਤੇ ਜੋ ਵੀ ਝੋਨਾ ਵਿਕਦਾ ਹੈ, ਉਹ ਮੰਡੀਆਂ ਵਿੱਚੋਂ ਚੁੱਕਿਆ ਨਹੀਂ ਜਾਂਦਾ। ਉਨ੍ਹਾਂ ਕਿਹਾ ਕਿ ਝੋਨੇ ਦੀ ਸਰਕਾਰੀ ਖਰੀਦ ਨਾ-ਮਾਤਰ ਹੋਣ ਕਰਕੇ ਵਪਾਰੀ ਸਸਤੇ ਭਾਅ ਝੋਨਾ ਖਰੀਦ ਕੇ ਕਿਸਾਨਾਂ ਦੀ ਲੁੱਟ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਜੇਕਰ ਕਿਸਾਨਾਂ ਦੀਆਂ ਮੰਗਾਂ ਨਾ ਮੰਨੀਆਂ ਗਈਆਂ ਤਾਂ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ, ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ, ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਦੇ ਘਰ ਅੱਗੇ ਪੱਕੇ ਤੌਰ 'ਤੇ ਦਿਨ-ਰਾਤ ਦੇ ਧਰਨੇ ਲਗਾਏ ਜਾਣਗੇ। ਇਸ ਧਰਨੇ ਵਿੱਚ ਸੂਬਾ ਜਨਰਲ ਸਕੱਤਰ ਸੁਖਦੇਵ ਸਿੰਘ ਕੋਕਰੀ ਕਲਾਂ, ਕੁਲਦੀਪ ਕੌਰ ਕੁੱਸਾ, ਬੂਟਾ ਸਿੰਘ ਭਾਗੀਕੇ, ਜਗਸੀਰ ਸਿੰਘ, ਜਗਜੀਤ ਸਿੰਘ ਮਧੇਕੇ, ਜਗਜੀਤ ਸਿੰਘ ਕੋਕਰੀ, ਗੁਰਦੇਵ ਸਿੰਘ, ਜਸਵਿੰਦਰ ਸਿੰਘ, ਰਸਪਾਲ ਸਿੰਘ, ਸਾਬਕਾ ਸੈਨਿਕ ਕ੍ਰਾਂਤੀਕਾਰੀ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਅਰਜੁਨ ਸਿੰਘ, ਹਰਬੰਸ ਕੌਰ, ਗੁਰਦੇਵ ਸਿੰਘ, ਅਮਰਜੀਤ ਸਿੰਘ, ਅਜੀਤ ਸਿੰਘ ਡੇਮਰੂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਕਿਸਾਨ ਹਾਜ਼ਰ ਸਨ।

# ਹਾਰੀ ਧਿਰ ਨੂੰ ਜੇਤੂ ਕਰਾਰ ਦੇਣਾ ਐੱਸ ਡੀ ਐੱਮ ਦਾ ਲੋਕਤੰਤਰ ਤੇ ਜਮਹੂਰੀਅਤ ਵਿਰੋਧੀ ਐਲਾਨ : ਕੁਲਦੀਪ ਭੋਲਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਪਿੰਡ ਬੱਧਨੀ ਖੁਰਦ ਬਲਾਕ ਨਿਹਾਲ ਸਿੰਘ ਵਾਲਾ (ਮੋਗਾ) ਦੀ ਪੰਚਾਇਤ ਚੋਣ ਦੌਰਾਨ ਪ੍ਰਜ਼ਾਇਡਿੰਗ ਅਫ਼ਸਰ ਵੱਲੋਂ ਪੰਚਾਇਤ ਮੈਂਬਰ ਵਜੋਂ ਹਾਰੀ ਐਲਾਨੀ ਗਈ ਧਿਰ ਵੱਲੋਂ ਜੇਤੂ ਐਲਾਨੀ ਗਈ, ਧਿਰ ਦੀਆਂ ਦੋ ਵੋਟਾਂ ਨੂੰ ਰੱਦ ਕਰਨ ਦੀ ਮੰਗ ਨੂੰ ਗੈਰ-ਵਾਜਬ ਮੰਨਦਿਆਂ ਸਮੁੱਚੀ ਪੋਲਿੰਗ ਪਾਰਟੀ ਦੀ ਆਪਸੀ ਸਹਿਮਤੀ ਨਾਲ ਐਲਾਨ ਕੀਤਾ ਗਿਆ ਸੀ ਕਿ ਵਾਰਡ ਨੰਬਰ 2 ਤੋਂ ਸੁਖਦੇਵ ਸਿੰਘ ਚੋਣ ਨਿਸ਼ਾਨ 'ਕੈਂਚੀ' 80, (ਅੱਸੀ) ਵੋਟਾਂ ਲੈ ਕੇ ਭਗਵਾਨ ਸਿੰਘ ਚੋਣ ਨਿਸ਼ਾਨ 'ਡਰਿੱਲ' ਤੋਂ 78 (ਅਠੱਤਰ) ਦੇ ਮੁਕਾਬਲੇ 2 (ਦੋ) ਵੋਟਾਂ ਨਾਲ ਜੇਤੂ ਹੈ ਅਤੇ ਪ੍ਰਜ਼ਾਇਡਿੰਗ ਅਫ਼ਸਰ ਆਪਣੇ ਹੇਠ ਸੁਖਦੇਵ ਸਿੰਘ ਨੂੰ 'ਮੈਂਬਰ ਪੰਚਾਇਤ' ਦਾ ਸਰਟੀਫਿਕੇਟ ਵੀ ਜਾਰੀ ਕਰ ਦਿੱਤਾ ਸੀ। ਵਿਰੋਧੀ ਧਿਰ ਵੱਲੋਂ ਇਸ ਐਨਾਲ ਨੂੰ ਅਪ੍ਰਵਾਨ ਕਰਦਿਆਂ ਪੋਲਿੰਗ ਪਾਰਟੀ ਨੂੰ ਬੰਦੀ ਬਣਾ ਲਿਆ ਗਿਆ। ਬੱਧਨੀ ਖੁਰਦ ਵਿਖੇ ਬਣੀ ਇਸ ਨਾਜ਼ੁਕ ਸਥਿਤੀ ਕਾਰਨ ਐੱਸ.ਡੀ.ਐੱਮ. ਨਿਹਾਲ ਸਿੰਘ ਵਾਲਾ ਨੂੰ ਵੀ ਮੌਕੇ ਉੱਪਰ ਆਉਣਾ ਪਿਆ। ਐੱਸ.ਡੀ.ਐੱਮ. ਵੱਲੋਂ ਉਕਤ ਚੋਣ ਹਾਰੀ ਧਿਰ ਦੇ ਦਬਾਅ ਹੇਠ ਜੇਤੂ ਪੰਚਾਇਤ ਮੈਂਬਰ ਸੁਖਦੇਵ ਸਿੰਘ ਦੇ ਘਰ ਰਾਤ ਨੂੰ ਪੁਲਸ ਪਾਰਟੀ ਭੇਜ ਕੇ ਧੱਕੇ ਨਾਲ ਸਰਟੀਫਿਕੇਟ ਵੀ ਵਾਪਸ ਕਰਵਾ ਲਿਆ ਗਿਆ ਅਤੇ ਵੋਟਾਂ ਦੀ ਦੁਬਾਰਾ ਤੋਂ ਗਿਣਤੀ ਕਰਵਾਉਣ ਦਾ ਗੈਰ-ਤਾਰਕਿਕ ਐਲਾਨ ਕਰ ਦਿੱਤਾ। ਜੇਤੂ ਧਿਰ ਦੇ ਆਗੂ ਕਾਮਰੇਡ ਕੁਲਵੰਤ ਸਿੰਘ ਸਰਪੰਚ ਤੇ ਪੀੜਤ ਸੁਖਦੇਵ ਸਿੰਘ ਵੱਲੋਂ ਅਜਿਹਾ ਕਰਨ ਦੀ ਬਜਾਏ ਝਗੜੇ ਦਾ ਕਾਰਨ ਬਣੀਆਂ ਵੋਟਾਂ ਦੀ ਪੜਚੋਲ ਕਰਨ ਦੀ ਕੀਤੀ ਅਪੀਲ ਨੂੰ ਦਰਕਿਨਾਰ ਕਰ ਦਿੱਤਾ ਗਿਆ। ਜਦਕਿ ਨਿਆਂ ਵਾਲੀ ਗੱਲ ਇਹ ਸੀ ਕਿ ਵਿਰੋਧੀ ਧਿਰ ਵੱਲੋਂ ਜਿਨ੍ਹਾਂ ਦੋ ਵੋਟਾਂ ਬਾਰੇ ਇਤਰਾਜ਼ ਪ੍ਰਗਟ ਕੀਤਾ ਗਿਆ ਸੀ, ਐੱਸ ਡੀ ਐੱਮ ਉਨ੍ਹਾਂ ਦੋ ਵੋਟਾਂ ਬਾਰੇ ਆਪਣਾ ਤੱਥ ਪੇਸ਼ ਕਰਦੀ ਕਿ ਕੀ ਉਹ ਦੋ ਵੋਟਾਂ ਮੰਨਣ ਯੋਗ ਹਨ ਜਾਂ ਰੱਦ ਕਰਨ ਯੋਗ ਹਨ, ਪਰ ਐੱਸ.ਡੀ.ਐੱਮ. ਮੈਡਮ ਨੇ ਪੋਲਿੰਗ ਪਾਰਟੀ ਨੂੰ ਬੰਦੀ ਬਣਾਉਣ ਵਾਲੀ ਧਿਰ ਵਿਰੁੱਧ ਕਨੂੰਨੀ ਕਾਰਵਾਈ ਕਰਨ ਦੀ ਬਜਾਏ ਮੁੜ ਤੋਂ ਗਿਣਤੀ ਕਰਵਾਉਣ ਦਾ ਤਾਨਾਸ਼ਾਹੀ ਫਰਮਾਨ ਹੀ ਜਾਰੀ ਨਹੀਂ, ਬਲਕਿ ਪੋਲਿੰਗ ਪਾਰਟੀ ਵੱਲੋਂ ਪਹਿਲਾਂ ਕਰਵਾਈ ਗਿਣਤੀ ਦੌਰਾਨ ਜੇਤੂ ਐਲਾਨੀ ਧਿਰ ਦੀਆਂ ਦੋ ਹੋਰ ਵੋਟਾਂ ਵੀ ਰੱਦ ਕਰਕੇ 80 (ਅੱਸੀ) ਤੋਂ 76 (ਛਿਅੱਤਰ) ਕਰ ਦਿੱਤੀਆਂ, ਜਦਕਿ ਪੋਲਿੰਗ ਪਾਰਟੀ ਵੱਲੋਂ ਹਾਰੀ ਐਲਾਨੀ ਧਿਰ ਵੀ ਸਹਿਮਤ ਸੀ ਕਿ ਜੇਤੂ ਐਲਾਨੀ ਧਿਰ ਦੀਆਂ ਵਾਜਿਬ ਵੋਟਾਂ ਅਠੱਤਰ ਹਨ। ਵਾਰਡ ਦੇ ਵੋਟਰ ਕਾਮਰੇਡ ਕੁਲਦੀਪ ਸਿੰਘ ਭੋਲਾ ਦੀ ਅਗਵਾਈ ਹੇਠ ਪਿੰਡ ਵਾਸੀਆਂ ਨੇ ਐੱਸ ਡੀ ਐੱਮ ਮੈਡਮ ਸਵਾਤੀ ਵੱਲੋਂ ਤਾਨਾਸ਼ਾਹੀ ਢੰਗ ਨਾਲ ਲੋਕਤੰਤਰ ਤੇ ਜਮਹੂਰੀਅਤ ਵਿਰੋਧੀ ਕੀਤੇ ਇੱਕ ਪਾਸੜ ਐਲਾਨ ਦੀ ਨਿਖੇਧੀ ਕਰਦਿਆਂ ਡਿਪਟੀ ਕਮਿਸ਼ਨਰ ਮੋਗਾ ਨੂੰ ਅਪੀਲ ਕਰਦਿਆਂ ਮੰਗ ਕੀਤੀ ਕਿ ਇਸ ਮਾਮਲੇ ਦੀ ਜਾਂਚ ਕਰਵਾ ਕੇ ਪੋਲਿੰਗ ਪਾਰਟੀ ਵੱਲੋਂ ਸੁਖਦੇਵ ਸਿੰਘ ਦੇ ਹੱਕ ਵਿੱਚ ਕੀਤੇ ਫੈਸਲੇ ਨੂੰ ਲਾਗੂ ਕਰਵਾਇਆ ਜਾਵੇ ਅਤੇ ਸੁਖਦੇਵ ਸਿੰਘ ਦੇ ਹੱਕ ਵਿੱਚ ਮਤਦਾਨ ਕਰਨ ਵਾਲੇ ਵੋਟਰਾਂ ਦੇ ਫੈਸਲੇ ਨੂੰ ਸਨਮਾਨ ਦਿੱਤਾ ਜਾਵੇ।

ਇਸ ਮੌਕੇ ਕਾਮਰੇਡ ਬਲਰਾਜ ਸਿੰਘ, ਕਾਮਰੇਡ ਚਮਕੌਰ ਸਿੰਘ ਸੈਕਟਰੀ, ਗੁਰਦੀਪ ਸਿੰਘ, ਗੁਰਪ੍ਰੀਤ ਸਿੰਘ ਗੁਰਤਾ, ਗੁਰਦੀਪ ਸਿੰਘ ਦੀਪੀ, ਗੁਰਮੇਲ ਸਿੰਘ ਮੇਲੂ, ਕੁਲਵੰਤ ਸਿੰਘ ਬਾਬਾ, ਨਿੰਦਰ ਸਿੰਘ ਨਿੰਦਾ, ਜਸਵਿੰਦਰ ਸਿੰਘ ਕਾਕਾ, ਗਿਆਨ ਸਿੰਘ ਗਿਆਨੀ, ਬੂਟਾ ਸਿੰਘ ਪਰੇਮੀ, ਬੂਟਾ ਸਿੰਘ, ਦਵਿੰਦਰ ਸਿੰਘ ਸੀ ਓ, ਤੇਜ ਸਿੰਘ, ਹਰਪ੍ਰੀਤ ਸਿੰਘ ਪੀਤਾ, ਸੁਖਜੀਵਨ ਸਿੰਘ ਨਿੱਕਾ, ਕੁਲਵੰਤ ਸਿੰਘ ਪੱਪੂ ਸਮੇਤ ਵੱਡੀ ਗਿਣਤੀ ਵਿੱਚ ਵੋਟਰ ਸ਼ਾਮਲ ਸਨ।

### ਬੂਟਾ ਸਿੰਘ ਆੜ੍ਹਤੀਏ ਦੀ ਜਲਾਲ 'ਚ ਬੱਲੇ-ਬੱਲੇ, ਸਰਪੰਚ ਅਮਰਜੀਤ ਕੌਰ ਸਮੇਤ 10 ਮੈਂਬਰ ਜਿੱਤੇ

**ਬਠਿੰਡਾ (ਰਾਜੀਵ ਗੋਇਲ)**

ਜ਼ਿਲ੍ਹੇ ਦੇ ਕਸਬਾ ਭਗਤਾ ਭਾਈ ਕਾ ਦੇ ਨੇੜਲੇ ਪਿੰਡ ਜਲਾਲ ਵਿਖੇ ਟਕਸਾਲੀ ਆਮ ਆਦਮੀ ਪਾਰਟੀ ਆਗੂ ਤੇ ਉੱਘੇ ਆੜ੍ਹਤੀਏ ਦੀ ਝੰਡੀ ਰਹੀ, ਜਿਨ੍ਹਾਂ ਵੱਲੋਂ ਆਪਣੇ ਦਮ 'ਤੇ ਖੜੀ ਕੀਤੀ ਗਈ ਮਹਿਲਾ ਸਰਪੰਚ ਦੀ ਉਮੀਦਵਾਰ ਸ੍ਰੀਮਤੀ ਅਮਰਜੀਤ ਕੌਰ ਨੇ ਆਪਣੇ ਵਿਰੋਧੀ ਨੂੰ 535 ਵੋਟਾਂ ਦੇ ਫਰਕ ਨਾਲ ਜਿਤਾ ਕੇ ਸਰਪੰਚੀ ਹਾਸਲ ਕੀਤੀ ਹੈ।

ਦੱਸਣਾ ਬਣਦਾ ਹੈ ਕਿ ਪ੍ਰਸਿੱਧ ਕਬੱਡੀ ਕਮੈਂਟਰ ਰੁਪਿੰਦਰ ਜਲਾਲ ਵੱਲੋਂ ਵੀ ਬੂਟਾ ਸਿੰਘ ਵੱਲੋਂ ਖੜ੍ਹੇ ਕੀਤੇ ਗਏ ਉਮੀਦਵਾਰਾਂ ਦੇ ਹੱਕ ਵਿੱਚ ਚੋਣ ਪ੍ਰਚਾਰ ਕੀਤਾ ਗਿਆ ਸੀ, ਪਰ ਕੁਝ ਵੀ ਹੋਵੇ ਇੱਕ ਵਾਰ ਮੁੜ ਤੋਂ ਹਲਕਾ ਵਿਧਾਇਕ ਬਲਕਾਰ ਸਿੱਧੂ ਦੇ ਗੜ੍ਹ ਵਿੱਚ ਪਿਛਲੇ ਦਹਾਕੇ ਤੋਂ ਝੰਡਾ ਚੁੱਕੀ ਫਿਰਦੇ ਬੂਟਾ ਸਿੰਘ ਜਲਾਲ ਨੇ ਬਾਜ਼ੀ ਮਾਰੀ ਹੈ।

ਸੂਤਰਾਂ ਮੁਤਾਬਕ ਇਹ ਵੀ ਗੱਲ ਸਾਹਮਣੇ ਆਈ ਹੈ ਕਿ ਆਉਂਦੀਆਂ ਚੋਣਾਂ ਵਿੱਚ ਹਲਕਾ ਰਾਮਪੁਰਾ ਫੂਲ ਤੋਂ ਬੂਟਾ ਸਿੰਘ ਚੋਣ ਵੀ ਲੜ ਸਕਦੇ ਹਨ। ਹੋਰ ਜਾਣਕਾਰੀ ਦਿੰਦਿਆਂ ਬੂਟਾ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੇ ਦਸ ਮੈਂਬਰ ਵੀ ਜਿੱਤ ਹਾਸਲ ਕਰ ਚੁੱਕੇ ਹਨ। ਇਸ ਮੌਕੇ ਜਲਾਲ ਵੱਲੋਂ ਸਾਰੇ ਹੀ ਪਿੰਡ ਵਾਸੀਆਂ ਦਾ ਸਾਥ ਦੇਣ 'ਤੇ ਧੰਨਵਾਦ ਕੀਤਾ ਗਿਆ ਹੈ।

# ਸਰਕਾਰ ਮੁਲਾਜ਼ਮਾਂ ਤੇ ਪੈਨਸ਼ਨਰਾਂ ਲਈ ਡੀ ਏ ਦਾ ਐਲਾਨ ਕਰੇ : ਜੀ ਟੀ ਯੂ ਪੰਜਾਬ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਇੱਕ ਪਾਸੇ ਤਾਂ ਪੰਜਾਬ ਸਰਕਾਰ ਰਾਜ ਦੇ ਵਿੱਤੀ ਹਾਲਾਤ ਠੀਕ ਹੋਣ ਦੇ ਵੱਡੇ-ਵੱਡੇ ਦਾਅਵੇ ਕਰ ਰਹੀ ਹੈ, ਪਰ ਉੱਥੇ ਹੀ ਪੰਜਾਬ ਦੇ ਲੱਖਾਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਦਾ ਕੇਂਦਰ ਸਰਕਾਰ ਦੀ ਤਰਜ 'ਤੇ 16 ਪ੍ਰਤੀਸ਼ਤ ਡੀ ਏ ਦਾ ਬਕਾਇਆ ਦੇਣ ਤੇ ਪੇ ਕਮਿਸ਼ਨ ਦੇ ਬਕਾਏ ਦੇਣ ਦਾ ਐਲਾਨ ਨਾ ਕਰਨ ਨਾਲ ਪੰਜਾਬ ਦੇ ਸਮੂਹ ਮੁਲਾਜ਼ਮ ਤੇ ਪੈਨਸ਼ਨਰ ਗੁੱਸੇ ਅਤੇ ਰੋਹ ਵਿੱਚ ਹਨ।ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਕਰਦੇ ਹੋਏ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਇਕਾਈ ਫ਼ਿਰੋਜ਼ਪੁਰ ਦੇ ਪ੍ਰਧਾਨ ਰਾਜੀਵ ਕੁਮਾਰ ਹਾਂਡਾ ਤੇ ਜਨਰਲ ਸਕੱਤਰ ਜਗਸੀਰ ਸਿੰਘ ਗਿੱਲ ਨੇ ਕਿਹਾ ਕਿ ਪੰਜਾਬ ਦੇ ਗੁਆਂਢੀ ਸੂਬੇ ਹਿਮਾਚਲ ਪ੍ਰਦੇਸ਼ ਵਿੱਚ ਸਰਕਾਰ ਪੰਜਾਬ ਸਰਕਾਰ ਤੋਂ ਬਾਅਦ ਵਿੱਚ ਬਣੀ ਹੈ, ਪਰ ਆਪਣੀ ਮਜ਼ਬੂਤ ਇੱਛਾ ਸ਼ਕਤੀ ਨੂੰ ਦਿਖਾਉਂਦਿਆਂ ਉਨ੍ਹਾਂ ਨੇ ਆਪਣੇ ਕਰਮਚਾਰੀਆਂ ਨੂੰ ਐੱਨ ਪੀ ਐੱਸ ਰੱਦ ਕਰਕੇ ਪੁਰਾਣੀ ਪੈਨਸ਼ਨ ਲਾਗੂ ਕਰ ਦਿੱਤੀ ਹੈ।ਭਾਵੇਂ ਪੰਜਾਬ ਸਰਕਾਰ ਹਿਮਾਚਲ ਦੀ ਸਰਕਾਰ ਤੋਂ ਦੋ ਸਾਲ ਪਹਿਲਾਂ ਬਣੀ ਹੈ ਪਰ ਆਪਣੀ ਮਜ਼ਬੂਤ ਇੱਛਾ ਸ਼ਕਤੀ ਦੀ ਘਾਟ ਕਾਰਨ ਉਹ ਪੁਰਾਣੀ ਪੈਨਸ਼ਨ ਬਹਾਲ ਕਰਨ ਨੂੰ ਅਮਲੀ ਜਾਮਾ ਨਹੀਂ ਪਹਿਨਾ ਸਕੀ।ਸੂਬਾ ਜਥੇਬੰਦਕ ਸਕੱਤਰ ਬਲਵਿੰਦਰ ਸਿੰਘ ਭੁੱਟੋ ਤੇ ਜ਼ਿਲ੍ਹਾ ਵਿੱਤ ਸਕੱਤਰ ਬਲਵਿੰਦਰ ਸਿੰਘ ਸੰਧੂ ਨੇ ਕਿਹਾ ਕਿ ਪੰਜਾਬ ਦੇ ਸਮੂਹ ਮੁਲਾਜ਼ਮ ਤੇ ਪੈਨਸ਼ਨ ਅੱਜ ਆਪਣੇ ਆਪ ਨੂੰ ਠੱਗਿਆ ਮਹਿਸੂਸ ਕਰ ਰਹੇ ਹਨ, ਕਿਉਂਕਿ ਉਹ ਪਿਛਲੀਆਂ ਸਰਕਾਰਾਂ ਵੱਲੋਂ ਤਿਉਹਾਰਾਂ ਮੌਕੇ ਡੀ ਏ ਦੇ ਐਲਾਨ ਹੁੰਦੇ ਦੇਖਦੇ ਆਏ ਹਨ, ਪਰ ਮੌਜੂਦਾ ਸਰਕਾਰ ਦੀ ਇਸ ਸਬੰਧੀ ਧਾਰੀ ਚੁੱਪੀ ਕਾਰਨ ਉਹ ਨਾਰਾਜ਼ ਹਨ।ਇਸ ਮੌਕੇ ਪੰਜਾਬ ਸਰਕਾਰ ਤੋਂ ਅੱਤ ਦੀ ਮਹਿੰਗਾਈ ਕਾਰਨ ਤਿਉਹਾਰਾਂ ਮੌਕੇ ਡੀ ਏ ਤੇ ਪੇ ਕਮਿਸ਼ਨ ਦੇ ਬਕਾਏ ਦੇਣ ਦਾ ਐਲਾਨ ਤੇ ਇਸ ਨੂੰ ਲਾਗੂ ਕਰਨ ਦੀ ਉਨ੍ਹਾਂ ਵੱਲੋਂ ਮੰਗ ਕੀਤੀ ਗਈ।ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਉਹ ਤਿਉਹਾਰਾਂ ਨੂੰ ਦੇਖਦੇ ਹੋਏ ਇਸ ਵਾਰ 25 ਅਕਤੂਬਰ ਨੂੰ ਮੁਲਾਜ਼ਮਾਂ ਦੀ ਤਨਖਾਹ ਪਾਉਣ ਦੇ ਹੁਕਮ ਜਾਰੀ ਕਰੇ।ਇਸ ਮੌਕੇ ਗੁਰਚਰਨ ਸਿੰਘ ਕਲਸੀ, ਗੌਰਵ ਮੁੰਜ਼ਾਲ, ਹਰਪਾਲ ਸਿੰਘ, ਰਣਜੀਤ ਸਿੰਘ ਖਾਲਸਾ, ਭੁਪਿੰਦਰ ਸਿੰਘ, ਦਇਆ ਸਿੰਘ, ਬਲਜੀਤ ਸਿੰਘ, ਕਾਹਨ ਸਿੰਘ, ਜਤਿੰਦਰ ਸਿੰਘ, ਪਵਨ ਕੁਮਾਰ, ਹਰਜਿੰਦਰ ਸਿੰਘ, ਸ਼ਹਿਨਾਜ਼ ਨਰੂਲਾ, ਬਲਵਿੰਦਰ ਕੌਰ ਬਹਿਲ, ਸੰਦੀਪ ਸਹਿਗਲ, ਸੁਖਵਿੰਦਰ ਸਿੰਘ, ਸੰਜੀਵ ਨਰੂਲਾ, ਸੰਜੇ ਕੁਮਾਰ, ਤੀਰਥ ਸਿੰਘ ਤੇ ਸੰਜੀਵ ਧਵਨ ਆਦਿ ਹਾਜ਼ਰ ਸਨ।

### ਕਾਕਾ ਬਰਾੜ ਨੇ ਨਵੀਆਂ ਪੰਚਾਇਤਾਂ ਨੂੰ ਦਿੱਤੀ ਵਧਾਈ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਬੀਤੇ ਦਿਨੀਂ ਲੰਘੀਆਂ ਸਰਪੰਚੀ ਚੋਣਾਂ ਦੌਰਾਨ ਹਲਕੇ ਵਿੱਚ ਆਮ ਆਦਮੀ ਪਾਰਟੀ ਦੀਆਂ 43 ਪੰਚਾਇਤਾਂ ਬਿਨਾਂ ਧੱਕੇ, ਬਿਨਾਂ ਲੜਾਈ ਤੇ ਬਿਨਾਂ ਪਰਚੇ ਤੋਂ ਬਣਾਉਣ ਦਾ ਰਿਕਾਰਡ ਬਣਿਆ ਹੈ।ਇਹ ਪਹਿਲੀ ਵਾਰੀ ਹੋਇਆ ਕਿ ਕਿਸੇ ਨੂੰ ਵੀ ਕੋਈ ਤਕਲੀਫ ਜਾਂ ਪ੍ਰੇਸ਼ਾਨੀ ਨਹੀਂ ਆਈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੂਬਾ ਵਾਈਸ ਪ੍ਰਧਾਨ ਤੇ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੇ ਨਵੀਆਂ ਬਣੀਆਂ ਪੰਚਾਇਤਾਂ ਨੂੰ ਵਧਾਈ ਦੇਣ ਉਪਰੰਤ ਕੀਤਾ।

ਇਸ ਮੌਕੇ ਵਿਧਾਇਕ ਕਾਕਾ ਬਰਾੜ ਨੇ ਆਖਿਆ ਕਿ ਬੀਤੇ ਦਿਨੀਂ ਲੰਘੀਆਂ ਸਰਪੰਚੀ ਦੀਆਂ ਚੋਣਾਂ ਦੌਰਾਨ ਲੋਕਾਂ ਨੇ ਆਮ ਆਦਮੀ ਪਾਰਟੀ ਦੇ ਹੱਕ ਵਿੱਚ ਫਤਵਾ ਦਿੱਤਾ ਹੈ।ਉਨ੍ਹਾ ਕਿਹਾ ਕਿ ਹਲਕਾ ਸ੍ਰੀ ਮੁਕਤਸਰ ਸਾਹਿਬ ਵਿੱਚ ਪਿਛਲੀਆਂ ਸਰਕਾਰਾਂ ਦੌਰਾਨ ਹੋਈ ਸਰਪੰਚੀ ਚੋਣਾਂ ਦੌਰਾਨ ਲੋਕਾਂ 'ਤੇ ਪਰਚੇ, ਲੜਾਈ ਤੇ ਧੱਕੇ ਹੁੰਦੇ ਸਨ, ਪ੍ਰੰਤੂ ਇਸ ਵਾਰ ਕਿਸੇ ਵੀ ਕੋਈ ਪ੍ਰੇਸ਼ਾਨੀ, ਤਕਲੀਫ ਜਾਂ ਕਿਸੇ 'ਤੇ ਵੀ ਕੋਈ ਪਰਚਾ ਧੱਕਾ ਨਹੀਂ ਹੋਇਆ।ਇਸ ਗੱਲ ਦਾ ਮੈਨੂੰ ਮਾਣ ਹੈ।ਉਨ੍ਹਾਂ ਕਿਹਾ ਕਿ ਬਿਨਾਂ ਡਰ ਤੋਂ ਪਿੰਡ ਵਾਸੀਆਂ ਨੇ ਆਮ ਆਦਮੀ ਪਾਰਟੀ ਦੇ ਹੱਕ ਵਿੱਚ ਫਤਵਾ ਦਿੱਤਾ ਤੇ ਪੂਰਨ ਬਹੁਮੱਤ ਨਾਲ ਪੰਚਾਇਤਾਂ ਚੁਣੀਆਂ।ਉਨ੍ਹਾ ਪੂਰੇ ਪ੍ਰਸ਼ਾਸਨ ਤੇ ਪੁਲਸ ਵਿਭਾਗ ਦੇ ਅਧਿਕਾਰੀਆਂ ਦਾ ਵੀ ਧੰਨਵਾਦ ਕੀਤਾ, ਜਿਨ੍ਹਾਂ ਨੇ ਆਪਣੀ ਡਿਊਟੀ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਈ।ਨਵੀਆਂ ਪੰਚਾਇਤਾਂ ਬਨਣ ਤੋਂ ਬਾਅਦ ਸਾਰੇ ਸਰਪੰਚ ਤੇ ਮੈਂਬਰ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਦੇ ਗ੍ਰਹਿ ਵਿਖੇ ਪਹੁੰਚੇ, ਜਿੱਥੇ ਵਿਧਾਇਕ ਵੱਲੋਂ ਸਾਰੇ ਸਰਪੰਚਾਂ ਤੇ ਮੈਂਬਰਾਂ ਦਾ ਹਾਰ ਪਾ ਕੇ ਸਵਾਗਤ ਕੀਤਾ, ਉੱਥੇ ਮੂੰਹ ਮਿੱਠਾ ਕਰਵਾ ਕੇ ਵਧਾਈ ਦਿੱਤੀ।

# ਪੰਚਾਇਤ ਮੰਤਰੀ ਨੇ ਹਲਕੇ 'ਚ ਬਣੀਆਂ ਪੰਚਾਇਤਾਂ ਨੂੰ ਕੀਤਾ ਸਨਮਾਨਤ

## ਪੰਜਾਬ ਦੇ 80 ਫੀਸਦੀ ਤੋਂ ਵੱਧ ਪਿੰਡਾਂ 'ਚ 'ਆਪ' ਸਮਰਥਕ ਜਿੱਤੀਆਂ ਪੰਚਾਇਤਾਂ : ਸੌਂਦ

**ਖੰਨਾ (ਸੁਖਵਿੰਦਰ ਸਿੰਘ ਭਾਦਲਾ, ਪਰਮਿੰਦਰ ਸਿੰਘ ਮੋਨੂੰ)**-ਪੰਜਾਬ ਵਿੱਚ ਪੰਚਾਇਤੀ ਚੋਣਾਂ ਤੋਂ ਬਾਅਦ ਸੂਬੇ ਦੇ ਪੰਚਾਇਤ ਮੰਤਰੀ ਤਰੁਣਪ੍ਰੀਤ ਸਿੰਘ ਸੌਂਦ ਨੇ ਆਪਣੇ ਹਲਕਾ ਖੰਨਾ ਵਿੱਚ ਨਵੀਆਂ ਬਣੀਆਂ ਪੰਚਾਇਤਾਂ ਨੂੰ ਸਨਮਾਨਤ ਕੀਤਾ।ਜੀ. ਟੀ. ਰੋਡ 'ਤੇ ਸ਼ਨੀਦੇਵ ਮੰਦਰ ਸਾਹਮਣੇ ਪਾਰਟੀ ਦਫ਼ਤਰ ਵਿਖੇ ਸਨਮਾਨ ਸਮਾਰੋਹ ਕਰਵਾਇਆ ਗਿਆ। ਇਸ ਦੌਰਾਨ ਮੰਤਰੀ ਵੱਲੋਂ ਨਵ-ਨਿਯੁਕਤ ਸਰਪੰਚਾਂ ਤੇ ਪੰਚਾਂ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਤ ਕੀਤਾ ਗਿਆ ਅਤੇ ਉਨ੍ਹਾਂ ਦਾ ਮੂੰਹ ਮਿੱਠਾ ਵੀ ਕਰਵਾਇਆ ਗਿਆ।ਮੰਤਰੀ ਨੇ ਆਪਣੇ ਹਲਕਾ ਖੰਨਾ ਦੇ ਕੁੱਲ 67 ਪਿੰਡਾਂ ਵਿੱਚੋਂ 50 ਵਿੱਚ 'ਆਪ' ਸਮਰਥਤ ਪੰਚਾਇਤਾਂ ਬਣਾਉਣ ਦਾ ਦਾਅਵਾ ਕੀਤਾ।ਇਸ ਦੇ ਨਾਲ ਹੀ ਪੰਜਾਬ ਭਰ ਦੇ 80 ਫੀਸਦੀ ਤੋਂ ਵੱਧ ਪਿੰਡਾਂ ਵਿੱਚ ਜਿੱਤ ਦੀ ਚਰਚਾ ਸੀ।

ਇਸ ਮੌਕੇ ਹਲਕਾ ਖੰਨਾ ਦੀਆਂ ਨਵੀਆਂ ਚੁਣੀਆਂ ਗਈਆਂ ਪੰਚਾਇਤਾਂ ਵਿੱਚ ਪਿੰਡ ਮਾਜਰਾ ਰਹੌਣ ਤੋਂ ਸਰਪੰਚ ਅਮਨਦੀਪ ਕੌਰ, ਪਿੰਡ ਅਸਗਰੀਪੁਰ ਤੋਂ ਸਰਪੰਚ ਰਾਜਵਿੰਦਰ ਕੌਰ, ਪਿੰਡ ਬੀਜਾਪੁਰ ਕੋਠੇ ਤੋਂ ਸਰਪੰਚ ਕਮਲਜੀਤ ਕੌਰ, ਪਿੰਡ ਤੁਰਮਰੀ ਤੋਂ ਸਰਪੰਚ ਪਰਮਜੀਤ ਕੌਰ, ਪਿੰਡ ਫਤਿਹਪੁਰ ਤੋਂ ਸਰਪੰਚ ਸਿਮਰਨ ਕੌਰ, ਪਿੰਡ ਬਾਊਪੁਰ ਤੋਂ ਸਰਪੰਚ



ਬਲਜਿੰਦਰ ਕੌਰ, ਪਿੰਡ ਗੱਗੜ ਮਾਜਰਾ ਤੋਂ ਸਰਪੰਚ ਦਿਲਬਾਗ ਸਿੰਘ, ਪਿੰਡ ਗੰਢੂਆਣਾ ਤੋਂ ਸਰਪੰਚ ਗੁਰਮੇਲ ਸਿੰਘ, ਪਿੰਡ ਲਿਬੜਾ ਤੋਂ ਸਰਪੰਚ ਜਸਦੀਪ ਸਿੰਘ, ਪਿੰਡ ਬਾਜ਼ੀਗਰ ਬਸਤੀ ਤੋਂ ਸਰਪੰਚ ਸੁਰਜੀਤ ਕੌਰ, ਪਿੰਡ ਸਾਹਿਬਪੁਰਾ ਤੋਂ ਸਰਪੰਚ ਹਰਪ੍ਰੀਤ ਸਿੰਘ, ਪਿੰਡ ਬੂਥਗੜ੍ਹ ਤੋਂ ਸਰਪੰਚ ਸੁਰਿੰਦਰਪਾਲ ਕੌਰ (ਸਰਬਸੰਮਤੀ ਨਾਲ ਚੁਣੇ ਗਏ ਸਰਪੰਚ) ਸਮੇਤ ਸਾਰੀਆਂ ਪੰਚਾਇਤਾਂ ਤੋਂ ਚੁਣੇ ਗਏ 'ਆਪ' ਸਮਰਥਕ ਪੰਚ ਵੀ ਹਾਜ਼ਰ ਸਨ।ਇਸ ਦੇ ਨਾਲ ਹੀ ਪਿੰਡ ਜਸਪਾਲੋਂ ਤੋਂ ਸਰਪੰਚ ਕੁਲਦੀਪ ਕੌਰ, ਪਿੰਡ ਮਲਕਪੁਰ ਤੋਂ ਸਰਪੰਚ ਜਸਵੀਰ ਕੌਰ, ਪਿੰਡ ਜਲਾਜਣ ਤੋਂ ਸਰਪੰਚ ਸੁਖਵਿੰਦਰ ਕੌਰ, ਪਿੰਡ ਪੰਜਰੁੱਖਾਂ ਤੋਂ ਸਰਪੰਚ ਸੁਖਵਿੰਦਰ ਸਿੰਘ, ਪਿੰਡ ਰਾਜੇਵਾਲ ਤੋਂ ਸਰਪੰਚ ਰਣਜੀਤ ਸਿੰਘ, ਪਿੰਡ ਰਤਨਹੇੜੀ ਤੋਂ ਸਰਪੰਚ ਅਮਰਜੀਤ ਸਿੰਘ, ਪਿੰਡ ਰਤਨਹੇੜੀ ਤੋਂ ਸਰਪੰਚ ਜਸਵੰਤ ਸਿੰਘ ਗਲਵੱਦੀ, ਪਿੰਡ ਭੁਮੱਦੀ ਤੋਂ ਸਰਪੰਚ ਹਰਮਨਦੀਪ ਸਿੰਘ, ਪਿੰਡ ਕੰਮਾ ਤੋਂ ਸਰਪੰਚ ਸਨਦੀਪ ਸਿੰਘ ਹਨੀ, ਪਿੰਡ ਬਘੌਰ ਤੋਂ ਸਰਪੰਚ ਦਲਜੀਤ ਕੌਰ, ਪਿੰਡ ਮੇਹਦੀਪੁਰ ਤੋਂ ਸਰਪੰਚ ਸੁਰਜੀਤ ਸਿੰਘ, ਪਿੰਡ ਬੀਬੀਪੁਰ ਤੋਂ ਸਰਪੰਚ ਗੁਰਮੀਤ ਸਿੰਘ ਨੀਟਾ, ਸਰਪੰਚ ਸੁਖਚੈਨ ਪਿੰਡ ਮਾਹੋਂ ਸਿੰਘ, ਪਿੰਡ ਕੌੜੀ ਤੋਂ ਸਰਪੰਚ ਜਗਦੀਪ ਕੌਰ, ਪਿੰਡ ਈਸੜੂ ਦੇ ਸਰਪੰਚ ਜਤਿੰਦਰਜੋਤ ਸਿੰਘ ਜੋਤੀ, ਪਿੰਡ ਗਾਜੀਪੁਰ ਤੋਂ ਸਰਪੰਚ ਕੁਲਵੰਤ ਸਿੰਘ, ਪਿੰਡ ਮਾਣਕਮਾਜਰਾ ਤੋਂ ਸਰਪੰਚ ਮਨਜੀਤ ਕੌਰ, ਪਿੰਡ ਗੋਹ ਤੋਂ ਸਰਪੰਚ ਕੁਲਦੀਪ ਸਿੰਘ, ਪਿੰਡ ਇਕੋਲਾਹੀ ਤੋਂ ਸਰਪੰਚ ਨਿਰਮਲ ਕੌਰ, ਸਰਪੰਚ ਸ. ਪਿੰਡ ਈਸ਼ਨਪੁਰ ਚੰਦ, ਪਿੰਡ ਮੰਡਿਆਲਾ ਕਲਾਂ ਤੋਂ ਸਰਪੰਚ ਹਰਜਿੰਦਰ ਕੌਰ, ਪਿੰਡ ਘੁੰਗਰਾਲੀ ਰਾਜਪੂਤਾਂ ਤੋਂ ਸਰਪੰਚ ਅੰਮ੍ਰਿਤਪਾਲ ਸਿੰਘ, ਪਿੰਡ ਇਕੋਲਾਹਾ ਤੋਂ ਸਰਪੰਚ ਹਰਪ੍ਰੀਤ ਸਿੰਘ ਹੈਪੀ, ਪਿੰਡ ਈਸੜੂ ਖੁਰਦ ਤੋਂ ਸਰਪੰਚ ਰਮਨਦੀਪ ਕੌਰ, ਪਿੰਡ ਟੌਂਸਾ ਦੀ ਸਰਪੰਚ ਹਰਪ੍ਰੀਤ ਕੌਰ, ਪਿੰਡ ਦੀ ਸਰਪੰਚ ਬਲਜੀਤ ਕੌਰ, ਇਸਮਾਈਲਪੁਰ ਤੋਂ ਸਰਪੰਚ ਹਰਮਿੰਦਰ ਸਿੰਘ, ਪਿੰਡ ਫੈਜ਼ਗੜ੍ਹ ਤੋਂ ਸਰਪੰਚ ਜਸਵੀਰ ਕੌਰ, ਪਿੰਡ ਦਹੇੜੂ ਤੋਂ ਸਰਪੰਚ ਸੁਰਿੰਦਰ ਕੌਰ ਪਤਨੀ ਹਰਪ੍ਰੀਤ ਸਿੰਘ ਭੋਲਾ ਤੇ ਪਿੰਡ ਚਕੋਹੀ ਤੋਂ ਸੈਂਕੜੇ 'ਆਪ' ਸਮਰਥਕ ਪੰਚ ਹਾਜ਼ਰ ਸਨ।ਇਸ ਮੌਕੇ ਕੈਬਨਿਟ ਮੰਤਰੀ ਤਰੁਣਪ੍ਰੀਤ ਸਿੰਘ ਸੌਂਦ ਦੇ ਪਿਤਾ ਭੁਪਿੰਦਰ ਸਿੰਘ ਸੌਂਦ, ਕਰਮਚੰਦ ਸ਼ਰਮਾ, ਮਾਸਟਰ ਅਵਤਾਰ ਸਿੰਘ ਦਹੇੜੂ, ਜਗਤਾਰ ਸਿੰਘ ਰਤਨਹੇੜੀ, ਹਰਬੰਸ ਸਿੰਘ ਰੋਸ਼ਾ, ਲਕਸ਼ਮਣ ਸਿੰਘ ਗਰੇਵਾਲ, ਜਤਿੰਦਰ ਪਾਠਕ, ਮਨਗੀਤ ਸਿੰਘ ਨਾਗਰਾ, ਪੀ ਏ ਮਹੇਸ਼ ਕੁਮਾਰ, ਅਮਰਦੀਪ ਸਿੰਘ ਪੁਰੇਵਾਲ, ਕਰੁਣ ਅਰੋੜਾ, ਮਲਕੀਤ ਸਿੰਘ ਮੀਤਾ, ਪ੍ਰਿੰਸੀਪਲ ਸੁਖਦੇਵ ਸਿੰਘ ਰਾਣਾ, ਯਾਦਵਿੰਦਰ ਸਿੰਘ ਲਿਬੜਾ, ਕੀਮਤੀ ਲਾਲ, ਕੁਲਵੰਤ ਸਿੰਘ ਮਹਿਮੀ, ਭੁਪਿੰਦਰ ਸਿੰਘ ਸਰਾਂ, ਸ਼ਮਸ਼ੇਰ ਸ਼ਰਮਾ, ਰਾਕੇਸ਼ ਕੁਮਾਰ ਬਿੱਟੂ, ਮਨੂ ਮਨੋਚਾ ਸਮੇਤ ਵੱਡੀ ਗਿਣਤੀ 'ਚ 'ਆਪ' ਆਗੂ ਤੇ ਵਰਕਰ ਹਾਜ਼ਰ ਸਨ।

# ਝੋਨੇ ਦੀ ਲਿਫਟਿੰਗ ਨਾ ਹੋਣ 'ਤੇ ਆੜ੍ਹਤੀਆਂ ਵੱਲੋਂ ਨਾਅਰੇਬਾਜ਼ੀ



**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**-ਫੈਡਰੇਸ਼ਨ ਆਫ਼ ਆੜ੍ਹਤੀਆ ਦੇ ਜ਼ਿਲ੍ਹਾ ਪ੍ਰਧਾਨ ਤੇ ਆੜ੍ਹਤੀਆ ਐਸੋਸੀਏਸ਼ਨ ਧੂਰੀ ਦੇ ਪ੍ਰਧਾਨ ਜਗਤਾਰ ਸਿੰਘ ਸਮਰਾ ਨੇ ਆਪਣੇ ਸਾਥੀਆਂ ਸਮੇਤ ਝੋਨੇ ਦੀ ਲਿਫਟਿੰਗ ਨਾ ਹੋਣ ਦੇ ਰੋਸ ਵਜੋਂ ਪ੍ਰਸ਼ਾਸਨ ਤੇ ਸਰਕਾਰ ਖਿਲਾਫ਼ ਨਾਅਰੇਬਾਜ਼ੀ ਕਰਦਿਆਂ ਝੋਨੇ ਦੀ ਲਿਫਟਿੰਗ ਜਲਦੀ ਕਰਵਾਉਣ ਦੀ ਮੰਗ ਕੀਤੀ।

ਉਨ੍ਹਾਂ ਸੰਬੋਧਨ ਕਰਦਿਆਂ ਕਿਹਾ ਕਿ 8 ਅਕਤੂਬਰ ਤੋਂ ਝੋਨੇ ਦੀ ਖਰੀਦ ਦੀ ਅੱਜ ਤੱਕ ਲਿਫਟਿਗ ਨਹੀਂ ਹੋਈ, ਜਿਸ ਕਾਰਨ ਮੰਡੀ ਵਿੱਚ ਝੋਨੇ ਦੀਆਂ ਬੋਰੀਆਂ ਦੇ ਅੰਬਾਰ ਲੱਗ ਰਹੇ ਹਨ, ਪਰ ਪ੍ਰਸ਼ਾਸਨ ਵੱਲੋਂ ਆੜ੍ਹਤੀਆ ਦੀਆਂ ਮੁਸ਼ਕਲਾਂ ਵੱਲ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ।ਉਨ੍ਹਾਂ ਕਿਹਾ ਕਿ ਝੋਨੇ ਦੀ ਬੋਲੀ ਹੋਣ ਤੋਂ ਬਾਅਦ ਮੌਸਮ ਦੀ ਵਜ੍ਹਾ ਕਾਰਨ ਵਜਨ ਵਿੱਚ ਕਮੀ ਆਉਣੀ ਸੁਭਾਵਿਕ ਹੈ, ਜਿਸ ਲਈ ਆੜ੍ਹਤੀਏ ਨੂੰ ਜ਼ਿੰਮੇਵਾਰ ਠਹਿਰਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਸਰਕਾਰਾਂ ਜਿੱਥੇ ਆੜ੍ਹਤੀਆਂ ਨੂੰ ਖ਼ਤਮ ਕਰਨ 'ਤੇ ਤੁਲੀਆਂ ਹੋਈਆਂ ਹਨ, ਉਥੇ ਕਿਸਾਨਾਂ ਤੇ ਆੜ੍ਹਤੀਆਂ ਦੇ ਸਦੀਆਂ ਤੋਂ ਚੱਲਦੇ ਆ ਰਹੇ ਪਰਿਵਾਰਕ ਰਿਸ਼ਤਿਆਂ ਵਿੱਚ ਸਰਕਾਰਾਂ ਵੱਲੋਂ ਕੁੜੱਤਣ ਪੈਦਾ ਕੀਤੀ ਜਾ ਰਹੀ ਹੈ।ਉਨ੍ਹਾਂ ਚੇਤਾਵਨੀ ਭਰੇ ਲਹਿਜੇ ਵਿੱਚ ਪ੍ਰਸ਼ਾਸਨ ਨੂੰ ਅਲਟੀਮੇਟ ਦਿੰਦਿਆਂ ਕਿਹਾ ਕਿ ਜੇਕਰ ਝੋਨੇ ਦੀ ਲਿਫਟਿੰਗ ਜਲਦੀ ਨਾ ਕਰਵਾਈ ਤਾਂ ਆੜ੍ਹਤੀਏ ਸ਼ਹਿਰ ਦੀਆਂ ਸੜਕਾਂ ਜਾਮ ਕਰਨ ਤੋਂ ਗੁਰੇਜ਼ ਨਹੀਂ ਕਰਨਗੇ।ਇਸ ਮੌਕੇ ਜਾਗ ਸਿੰਘ, ਧਰਮਪਾਲ ਜਿੰਦਲ, ਪ੍ਰਦੀਪ ਮਿੱਤਲ, ਗੁਰਬਚਨ ਸਿੰਘ ਮਾਨਾਂ, ਪ੍ਰੇਮ ਕੁਮਾਰ ਆਦਿ ਹਾਜ਼ਰ ਸਨ।

# ਕਾਈਲਾਕ ਭਾਰਤ 'ਚ ਡਿਜ਼ਾਇਨ ਤੇ ਇੰਜੀਨੀਅਰਿੰਗ 'ਚ ਇੱਕ ਗੇਮ ਚੇਂਜਰ ਹੋਵੇਗਾ

**ਅੰਮ੍ਰਿਤਸਰ**-ਸਕੋਡਾ ਆਟੋ ਨੇ ਇਸ ਸਾਲ ਫਰਵਰੀ ਵਿੱਚ ਇੱਕ ਸੰਖੇਪ ਐਸ ਯੂ ਵੀ ਦੀ ਘੋਸ਼ਣਾ ਦੇ ਨਾਲ ਭਾਰਤ ਵਿੱਚ ਬ੍ਰਾਂਡ ਨੂੰ ਵਧਾਉਣ ਦੀਆਂ ਆਪਣੀਆਂ ਇੱਛਾਵਾਂ ਨੂੰ ਸਪੱਸ਼ਟ ਕਰ ਦਿੱਤਾ ਸੀ। ਇੱਕ ਰਾਸ਼ਟਰ-ਵਿਆਪੀ ਨਾਮਕਰਨ ਮੁਹਿੰਮ ਨੇ ਕਾਈਲਾਕ ਨੂੰ ਇਸ ਦਾ ਨਾਮ ਦਿੱਤਾ, ਜਿਸ ਦਾ ਪ੍ਰੀਮੀਅਰ 6 ਨਵੰਬਰ, 2024 ਨੂੰ ਵਿਸ਼ਵ ਪੱਧਰ 'ਤੇ ਕੀਤਾ ਜਾਵੇਗਾ। ਕਾਈਲਾਕ ਦੇ ਨਾਲ, ਸਕੋਡਾ ਆਟੋ ਇੰਡੀਆ ਲਗਜ਼ਰੀ ਪੇਸ਼ਕਸ਼ ਕੋਡਿਆਕ ਅਤੇ ਸਕੋਡਾ ਆਟੋ ਦੇ ਇੰਡੀਆ 2.0 ਤੋਂ ਪਹਿਲੀ ਲਾਂਚ ਸਮੇਤ ਕਈ ਐਸ ਯੂ ਵੀਜ਼ ਦੀ ਪੇਸ਼ਕਸ਼ ਕਰੇਗੀ। ਪ੍ਰੋਜੈਕਟ, ਮੱਧ-ਆਕਾਰ ਦੀ ਐਸ ਯੂ ਵੀ , ਕੁਸ਼ਕ ਕਾਈਲਾਕ ਸਬ-ਡੀ ਐਮ ਖੰਡ ਵਿੱਚ ਮੌਜੂਦ ਸਕੋਡਾ ਆਟੋ ਨੂੰ ਦੇਖੇਗਾ, ਜੋ ਕੁੱਲ ਭਾਰਤੀ ਕਾਰ ਬਾਜ਼ਾਰ ਦਾ ਲਗਭਗ 30% ਹਿੱਸਾ ਰੱਖਦਾ ਹੈ ਅਤੇ ਭਾਰਤ ਵਿੱਚ ਸਭ ਤੋਂ ਤੇਜ਼ੀ ਨਾਲ ਵਧਣ ਵਾਲੇ ਖੰਡਾਂ ਵਿੱਚੋਂ ਇੱਕ ਹੈ।ਕਾਈਲਾਕ ਆਪਣੀ ਆਧੁਨਿਕ, ਬੋਲਡ ਅਤੇ ਮਾਸਕੂਲਰ ਸਟਾਈਲਿੰਗ, ਸਾਬਤ ਸਕੋਡਾ ਡ੍ਰਾਈਵਿੰਗ ਗਤੀਸ਼ੀਲਤਾ, ਬੇਰੋਕ ਸੁਰੱਖਿਆ ਅਤੇ ਵਿਸ਼ੇਸ਼ਤਾਵਾਂ ਦਾ ਇੱਕ ਵਧੀਆ ਮਿਸ਼ਰਣ ਇਸ ਨੂੰ ਇੱਕ ਪ੍ਰਭਾਵਸ਼ਾਲੀ ਮੁੱਲ ਦੀ ਪੇਸ਼ਕਸ਼ ਬਣਾਉਂਦੇ ਹੋਏ ਸੰਖੇਪ ਐਸ ਯੂ ਵੀ ਹਿੱਸੇ ਵਿੱਚ ਇੱਕ ਨਵਾਂ ਆਯਾਮ ਜੋੜਨ ਲਈ ਤਿਆਰ ਹੈ।ਕਾਈਲਾਕ ਦੀ ਸ਼ੁਰੂਆਤ ਭਾਰਤ ਵਿੱਚ ਸਕੋਡਾ ਆਟੋ ਨੂੰ ਇੱਕ 'ਨਵੇਂ ਯੁੱਗ' ਵਿੱਚ ਪ੍ਰਵੇਸ਼ ਕਰੇਗੀ, ਜੋ ਕਿ ਯੂਰਪ ਤੋਂ ਬਾਹਰ ਬ੍ਰਾਂਡ ਲਈ ਸਭ ਤੋਂ ਮਹੱਤਵਪੂਰਨ ਬਾਜ਼ਾਰ ਹੈ। ਪੀਯੂਸ਼ ਅਰੋੜਾ, ਮੈਨੇਜਿੰਗ ਡਾਇਰੈਕਟਰ ਅਤੇ ਸੀ ਈ ਓ, ਸਕੋਡਾ ਆਟੋ ਵੋਲਕਸਵੈਗਨ ਇੰਡੀਆ ਨੇ ਕਿਹਾ, ਮੈਨੂੰ ਸਕੋਡਾ ਇੰਡੀਆ ਦੀ ਪਹਿਲੀ ਸੰਖੇਪ ਐਸ ਯੂ ਵੀ ਕਾਈਲਾਕ ਪੇਸ਼ ਕਰਨ 'ਤੇ ਮਾਣ ਹੈ। ਕਾਈਲਾਕ ਨੂੰ ਉੱਚ ਪੱਧਰੀ ਸਥਾਨੀਕਰਨ ਦੇ ਨਾਲ ਡਿਜ਼ਾਇਨ ਅਤੇ ਬਣਾਇਆ ਗਿਆ ਹੈ, ਇਸ ਤਰ੍ਹਾਂ ਸਾਡੀ 'ਮੇਕ ਇਨ ਇੰਡੀਆ' ਪ੍ਰਤੀਬੱਧਤਾ ਨੂੰ ਮਜ਼ਬੂਤ ਕਰਦਾ ਹੈ। ਇਹ ਸਾਡੇ ਮੁੱਲ ਪ੍ਰਤੀ ਸੁਚੇਤ ਗਾਹਕਾਂ ਦੁਆਰਾ ਲੋੜੀਂਦੀਆਂ ਵਿਹਾਰਕ ਵਿਸ਼ੇਸ਼ਤਾਵਾਂ ਦੇ ਨਾਲ, ਗਤੀਸ਼ੀਲ, ਸੁਰੱਖਿਆ ਅਤੇ ਆਰਾਮ ਦੀ ਡਰਾਈਵਿੰਗ ਦੇ ਸਮੂਹ ਦੇ ਡੀ ਐਨ ਏ ਨੂੰ ਦਰਸਾਉਂਦਾ ਹੈ। ਮੈਨੂੰ ਯਕੀਨ ਹੈ ਕਿ ਉਤਪਾਦ ਭਾਰਤੀ ਗਾਹਕਾਂ ਦੀ ਮਾਨਸਿਕਤਾ ਨਾਲ ਗੂੰਜੇਗਾ। ਕਾਈਲਾਕ ਭਾਰਤ ਵਿੱਚ ਡਿਜ਼ਾਇਨ ਅਤੇ ਇੰਜੀਨੀਅਰਿੰਗ, ਭਾਰਤ ਲਈ ਇੱਕ ਗੇਮ ਚੇਂਜਰ ਹੋਵੇਗਾ।

## ਨਿਰੰਕਾਰੀ ਸਤਿਗੁਰੂ ਮਾਤਾ ਦਾ ਆਗਮਨ 20 ਨੂੰ

ਚੰਡੀਗੜ੍ਹ, (ਕ੍ਰਿਸ਼ਨ ਗਰਗ) ਸਤਿਗੁਰੂ ਮਾਤਾ ਸੁਦੀਕਸ਼ਾ ਮਹਾਰਾਜ ਅਤੇ ਨਿਰੰਕਾਰੀ ਰਾਜਪਿਤਾ ਦੀ ਛਤਰਛਾਇਆ ਹੇਠ 20 ਅਕਤੂਬਰ, ਦਿਨ ਐਤਵਾਰ, ਸੈਕਟਰ 34 ਮੇਲਾ ਗਰਾਊਂਡ, ਸ਼ਾਮ ਮਾਲ ਦੇ ਸਾਹਮਣੇ ਵਿਸ਼ਾਲ ਗਰਾਊਂਡ ਵਿੱਚ ਨਿਰੰਕਾਰੀ ਸੰਤ ਸਮਾਗਮ ਹੋਣ ਜਾ ਰਿਹਾ ਹੈ। ਜਿਸ ਦਾ ਸਮਾਂ ਬਾਅਦ ਵਿੱਚ ਦੁਪਹਿਰ 3 ਵਜੇ ਤੋਂ ਰਾਤ 8 ਵਜੇ ਤੱਕ ਹੋਵੇਗਾ।ਇਸ ਸਮਾਗਮ ਵਿੱਚ ਚੰਡੀਗੜ੍ਹ, ਪੰਚਕੂਲਾ, ਮੋਹਾਲੀ, ਜ਼ੀਰਕਪੁਰ, ਪੰਜਾਬ, ਹਰਿਆਣਾ, ਹਿਮਾਚਲ ਅਤੇ ਆਸ-ਪਾਸ ਦੇ ਇਲਾਕਿਆਂ ਤੋਂ ਵੱਡੀ ਗਿਣਤੀ ਵਿੱਚ ਸੰਗਤਾਂ ਪਹੁੰਚਕੇ ਇਸ ਇਲਾਹੀ ਸੰਤ ਸਮਾਗਮ ਦਾ ਆਨੰਦ ਮਾਨਣਗੀਆਂ ਅਤੇ ਸਤਿਗੁਰਾਂ ਦੀ ਬਖਸ਼ਿਸ਼ ਦਾ ਲਾਭ ਲੈਣਗੀਆਂ।

## COURT NOTICE

(U/o 5 Rule 20 CPC)
IN The Court oF
Ms. Gurpreet Kaur-II
Civil Judge Junior Division-2, Zira
CNR No. PBFZAO-000250-2023
Next Date:- 30-10-2024
Canara Bank
Vs.
Naseeb Singh
Publication Issued To :
Naseeb Singh
Father :-Pritam Singh Ward No. 6 Mallan Wala, Tehsil Zira, Fzr.

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 30-10-2024 at 10:00 a.m

For details logon to https://highcourtchd.gov.in/?trs=district_notice&district=Ferozepur

Civil Judge Junior Division-2, Zira
Dated this day of 14-10-2024

## COURT NOTICE

(U/o 5 Rule 20 CPC)
IN The Court
Ms. Gurpreet Kaur-II
Civil Judge Junior Division-2, Zira
CNR No. PBFZAO-000980-2022
Next Date:- 05-11-2024
Canara Bank
Vs.
Kamalpreet Kaur
Publication Issued To :
Kamalpreet Kaur
Spouse :-Milkha Singh S/O Mukhtiar Singh
Through Its Lrs.
1. Jatinder Kaur D/O Kamalpreet Kaur, 2. Parminder Kaur, 3. Lovepreet Singh S/o, 4 Harry Singh S/o Kamalpreet Kaur,
R/o Village Mallanwala Shamli, Tehsil Zira, Distt. Fzr.

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 05-11-2024 at 10:00 a.m

For details logon to https://highcourtchd.gov.in/?trs=district_notice&district=Ferozepur

Civil Judge Junior Division-2, Zira
Dated this day of 14-10-2024

## COURT NOTICE

(U/o 5 Rule 20 CPC)
(Succession Case)
In The Court of
Sh. Ashish Thathai
Civil Judge (Senior Division), Rupnagar
CNR No. PBRO02-001428-2024
Next Date: 05-11-2024
SUCC/21/2024
Jagjeet Singh son of Gurinder Singh resident of House No.64, Ward No.8, Morinda, Tehsil Morinda, District Rupnagar
Vs.
General Public and ors.
Application For Succession Certificate
Notice To:
General Public

In above titled case, the defendant(s)/ respondent(s) could not be served. It is ordered that defendant(s)/ respondent (s) should appear in person or through counsel on 05.11.2024 at 10:00 A.M.

For details logon to https://highcourtchd.gov.in/?trs=district_notice&district=Rupnagar

Civil Judge (Senior Division), Rupnagar
Dated this day of 11-10-2024

## ਸਨਮੁੱਖ ਸੁਖਜੀਤ ਸਿੰਘ ਜੌਲੀ ਐਡਵੋਕੇਟ ਦੇ ਸਾਲਸੀ ਟ੍ਰਿਬਿਊਨਲ/ਇਕਮਾਤਰ ਸਾਲਸੀ, ਜਲੰਧਰ

ਕੈਪੀਟਲ ਸਮਾਲ ਫਾਈਨਾਂਸ ਬੈਂਕ ਕੰਪਨੀਜ਼ ਐਕਟ 1956 ਤਹਿਤ ਇਕ ਕਾਰਪੋਰੇਟ ਅਦਾਰਾ, ਜਿਸ ਦਾ ਮੁੱਖ ਦਫਤਰ ਤੀਜੀ ਮੰਜ਼ਲ, ਮਿਡਾਸ ਕਾਰਪੋਰੇਟ ਪਾਰਕ, 37 ਜੀ ਟੀ ਰੋਡ ਜਲੰਧਰ ਵਿਖੇ ਹੈ ਅਤੇ ਇਸ ਦੀਆਂ ਹੋਰ ਸ਼ਾਖਾਵਾਂ 'ਚੋਂ ਇੱਕ ਸ਼ਾਖਾ ਦਫਤਰ ਜੰਡਿਆਲਾ ਗੁਰੂ, ਜ਼ਿਲ੍ਹਾ ਅੰਮ੍ਰਿਤਸਰ ਵਿਖੇ ਹੈ, ਵਿਧੀਗਤ ਗਠਿਤ ਅਟਾਰਨੀ ਰਾਹੀਂ। ਬਿਨੈਕਾਰ

ਬਨਾਮ

1. ਲਖਵਿੰਦਰ ਸਿੰਘ ਪੁੱਤਰ ਸ੍ਰੀ ਗੁਰਨਾਮ ਸਿੰਘ
2. ਕੁਲਵਿੰਦਰ ਕੌਰ ਪਤਨੀ ਲਖਵਿੰਦਰ ਸਿੰਘ
3. ਕਾਹਨ ਸਿੰਘ ਪੁੱਤਰ ਸ੍ਰੀ ਗੁਰਮੇਜ ਸਿੰਘ

ਸਾਰੇ ਵਾਸੀ ਪਿੰਡ ਖੱਖ, ਜ਼ਿਲ੍ਹਾ ਤਰਨ ਤਾਰਨ-143115

ਜਵਾਬਦੇਹ

ਉਕਤ ਪਾਰਟੀਆਂ ਵਿਚਾਲੇ ਵਿਵਾਦ ਦੇ ਚੱਲਦਿਆਂ ਜਵਾਬਦੇਹਾਂ ਨੂੰ ਰਜਿਸਟਰਡ ਡਾਕ ਰਾਹੀਂ ਨੋਟਿਸ ਭੇਜੇ ਗਏ ਸਨ। ਜਵਾਬ ਦੇਹਾਂ ਨੂੰ ਪਹਿਲੀ ਵਾਰ ਭੇਜੇ ਗਏ ਨੋਟਿਸ ਵਾਪਸ ਪ੍ਰਾਪਤ ਨਹੀਂ ਹੋਏ। ਦੂਜੀ ਵਾਰ ਜਵਾਬਦੇਹ ਨੂੰ ਭੇਜੇ ਗਏ ਨੋਟਿਸ ਇਨਕਾਰੀ ਟਿੱਪਣੀ ਨਾਲ ਵਾਪਸ ਪ੍ਰਾਪਤ ਹੋਏ ਅਤੇ ਹੋਰ ਜਵਾਬਦੇਹਾਂ ਨੂੰ ਭੇਜੇ ਗਏ ਨੋਟਿਸ ਜੋ ਕਿ ਲਿਫਾਫੇ ਅਤੇ ਵਾਪਸੀ ਰਸੀਦਾਂ ਸਨ, ਵਾਪਸ ਪ੍ਰਾਪਤ ਨਹੀਂ ਹੋਏ। ਜਿਸ ਤੋਂ ਸਪੱਸ਼ਟ ਹੈ ਕਿ ਜਵਾਬਦੇਹਾਂ ਨੇ ਬਕਾਇਦਾ ਨੋਟਿਸ ਪ੍ਰਾਪਤ ਕਰ ਲਏ ਹਨ ਅਤੇ ਜਾਣਬੁੱਝ ਕੇ ਟ੍ਰਿਬਿਊਨਲ ਸਾਹਮਣੇ ਪੇਸ਼ ਹੋਣ ਤੋਂ ਕੰਨੀ ਕਤਰਾ ਰਹੇ ਹਨ। ਬੇਸ਼ੱਕ ਸਾਰੇ ਜਵਾਬਦੇਹਾਂ ਨੂੰ ਇਕ ਹੋਰ ਮੌਕਾ ਦੇਣ ਲਈ ਇਹ ਹੁਕਮ ਦਿੱਤਾ ਜਾਂਦਾ ਹੈ ਕਿ ਉਨ੍ਹਾਂ ਨੂੰ ਵਿਵਾਦ ਦੇ ਮਾਮਲੇ 'ਚ ਆਪਣੇ ਦਾਅਵੇ ਅਤੇ ਇਤਰਾਜ਼ ਪੇਸ਼ ਕਰਨ ਲਈ ਇਹ ਅਖਬਾਰ 'ਚ ਪ੍ਰਕਾਸ਼ਨਾ ਰਾਹੀਂ ਸੂਚਿਤ ਕੀਤਾ ਜਾਵੇ। ਤੁਹਾਨੂੰ ਜਵਾਬਦੇਹਾਂ ਨੂੰ ਆਪਣੇ ਇਤਰਾਜ਼ ਅਤੇ ਦਾਅਵੇ, ਜੇਕਰ ਕੋਈ ਹਨ ਤਾਂ ਦਾਖਲ ਕਰਨ ਲਈ 25.11.2024 ਨੂੰ ਦੁਪਹਿਰ 1.00 ਵਜੇ ਖੁਦ ਜਾਂ ਆਪਣੇ ਪ੍ਰਤੀਨਿਧ ਜਾਂ ਵਕੀਲ ਰਾਹੀਂ ਸਾਲਸ ਸਨਮੁੱਖ ਚੈਂਬਰ ਨੰਬਰ 113, ਨਵੀਆਂ ਕਚਹਿਰੀਆਂ, ਜਲੰਧਰ ਵਿਖੇ ਪੇਸ਼ ਹੋਣ ਦੀ ਹਦਾਇਤ ਕੀਤੀ ਜਾਂਦੀ ਹੈ। ਅਸਫਲ ਰਹਿਣ 'ਤੇ ਤੁਹਾਡੇ ਵਿਰੁੱਧ ਇਕਤਰਫਾ ਕਾਰਵਾਈ ਕਰ ਦਿੱਤੀ ਜਾਵੇਗੀ।

ਮਿਤੀ : 18.10.2024 ਸੁਖਜੀਤ ਸਿੰਘ ਜੌਲੀ
ਜਲੰਧਰ ਸਾਲਸ

Notice to show cause (General Form) (Sch. 1. App. Form-4)
Process Paid Rs. 15
Date:14/10/2024.
Shri. M. M. Mahajan. Adv.

**In The Court of The Member, Motor Accident Claims Tribunal, Kolhapur. At-Kolhapur.**

MAC. Application. No. 344/2021
EXH. No. 20/D

1) Smt. Chaya Shrikant Vaddar, Applicants
Age. 50 years, Occu. House hold,
R/o. Soundalga, Tal. Nipani, Dist. Belgaum

V/s

1) Manager/Proprietor, Opponents
Surraj Logistics (I) Pvt. Ltd. R/o. Jind Road, Sangrur, Tehsil-Sangrur, State- Punjab. Pin-126102.

To
The Opponent No. 1 Resides as above.

Whereas the above named petitioners has made an application to this court, as per Sec. 166 and 140 of Motor Vehicle Act. 1988. You are hereby warned to appear in his court in person or by a Pleader duly instructed on the date of 28-11-2024 at 10:30 a.m. in the forenoon, to show cause against the said application failing in wherein, the said application will be heard and determined ex-party.

If you are intend to file written statement you must file it within 30 days or in extended period U/o. 8 Rule 1 of C.P.C. Also take notice in default of your filing on address for service on or before the date mentioned, you are liable to have defense stuck out If you have insufficient funds to meet out the court expenses and your income is not more than Rs. 20,000/- per year and you want to defend through an Advocate or legal practitioner. you can do so, through the Legal Aid Committee, which is at your District or Taluka place.

Given under my hand and the seal of the Tribunal this day of 28-11-2024.

Jr. Clerk. Asstt. Supdt. Distt Court, Kolhapur

## ਪਬਲੀਕੇਸ਼ਨ ਨੋਟਿਸ

ਬਾ ਅਦਾਲਤ ਸ਼੍ਰੀ ਪਰਦੀਪ ਕੁਮਾਰ ਸਹਾਇਕ ਕੁਲੈਕਟਰ ਦਰਜਾ ਅੱਵਲ ਤਹਿਸੀਲਦਾਰ ਨਕੋਦਰ।
ਮਿਸਲ ਨੰ: 15/ਟੀ/2024 ਵਾਕਿਆ ਰਕਬਾ : ਬਜੂਹਾ ਖੁਰਦ

1. ਸ੍ਰੀ ਸਰਬਜੀਤ ਸਿੰਘ ਪੁੱਤਰ ਕੇਵਲ ਸਿੰਘ ਪੁੱਤਰ ਮੋਹਨ ਸਿੰਘ ਵਾਸੀ ਪਿੰਡ ਬਜੂਹਾ ਖੁਰਦ, ਤਹਿਸੀਲ ਨਕੋਦਰ, ਜ਼ਿਲ੍ਹਾ ਜਲੰਧਰ। ਫਰੀਕ ਅੱਵਲ

ਬਨਾਮ

1. ਸੰਤੋਖ ਸਿੰਘ ਪੁੱਤਰ ਬਹਾਦਰ ਸਿੰਘ ਪੁੱਤਰ ਠਾਕਰ ਸਿੰਘ, 2. ਚਰਨਜੀਤ ਸਿੰਘ ਪੁੱਤਰ ਬਹਾਦਰ ਸਿੰਘ ਪੁੱਤਰ ਠਾਕਰ ਸਿੰਘ, 3. ਜੋਗਾ ਸਿੰਘ ਪੁੱਤਰ ਬਹਾਦਰ ਸਿੰਘ ਪੁੱਤਰ ਠਾਕਰ ਸਿੰਘ, 4. ਕੁਲਦੀਪ ਸਿੰਘ ਪੁੱਤਰ ਬਹਾਦਰ ਸਿੰਘ ਪੁੱਤਰ ਠਾਕਰ ਸਿੰਘ, 5. ਮੇਹਰ ਚੰਦ ਪੁੱਤਰ ਸ਼ਾਮਾ ਰਾਮ ਪੁੱਤਰ ਮੀਹਾਂ ਰਾਮ, 6. ਗੁਰਮੀਤ ਸਿੰਘ ਪੁੱਤਰ ਬਲਵੰਤ ਸਿੰਘ ਪੁੱਤਰ ਬੇਲਾ ਸਿੰਘ, 7. ਦਲਬੀਰ ਸਿੰਘ ਪੁੱਤਰ ਗੁਰਨਾਮ ਸਿੰਘ ਪੁੱਤਰ ਗੱਜਣ ਸਿੰਘ, 8. ਕੁਲਦੀਪ ਸਿੰਘ ਪੁੱਤਰ ਮਲਕੀਤ ਸਿੰਘ ਪੁੱਤਰ ਗੱਜਣ ਸਿੰਘ, 9. ਰਣਜੀਤ ਸਿੰਘ ਪੁੱਤਰ ਭਜਨ ਸਿੰਘ ਪੁੱਤਰ ਮਲਕੀਤ ਸਿੰਘ, 10. ਹਰਦੀਪ ਸਿੰਘ ਪੁੱਤਰ ਭਜਨ ਸਿੰਘ ਪੁੱਤਰ ਮਲਕੀਤ ਸਿੰਘ, 11. ਹੁਸਨ ਲਾਲ ਪੁੱਤਰ ਸੋਹਣ ਲਾਲ ਪੁੱਤਰ ਲੱਖਾ ਰਾਮ, 12. ਵਿਜੇ ਕੁਮਾਰ ਪੁੱਤਰ ਮੇਹਰ ਚੰਦ ਪੁੱਤਰ ਸ਼ਾਮਾ ਰਾਮ ਆਦਿ ਸਾਰੇ ਵਾਸੀਆਨ ਪਿੰਡ ਬਜੂਹਾ ਖੁਰਦ, ਤਹਿਸੀਲ ਨਕੋਦਰ, ਜ਼ਿਲ੍ਹਾ ਜਲੰਧਰ। 13. ਕੈਪੀਟਲ ਸਮਾਲ ਫਾਈਨਾਂਸ ਬੈਂਕ ਲਿਮਟਿਡ ਬਰਾਂਚ ਬਜੂਹਾ ਖੁਰਦ, 14. ਕੇਨਰਾ ਬੈਂਕ ਬਰਾਂਚ ਸ਼ੰਕਰ, 15. ਪੰਜਾਬ ਐਂਡ ਸਿੰਧ ਬੈਂਕ ਬਰਾਂਚ ਚੱਕ ਕਲਾਂ। ਫਰੀਕੈਨ ਦੋਇਮ

ਦਰਖਾਸਤ ਤਕਸੀਮ ਅਰਾਜ਼ੀ ਖੇਵਟ/ਖਤੌਨੀ ਨੰਬਰ 541/620, 542/623, 544/522, ਹਦਬਸਤ ਨੰਬਰ 7 ਵਾਕਿਆ ਰਕਬਾ ਪਿੰਡ ਬਜੂਹਾ ਖੁਰਦ ਤਹਿਸੀਲ ਨਕੋਦਰ, ਜ਼ਿਲ੍ਹਾ ਜਲੰਧਰ ਜਮ੍ਹਾਂਬੰਦੀ ਸਾਲ 2019-2020.

ਉਕਤ ਅਨੁਮਾਨ ਤਕਸੀਮ ਕੇਸ ਨਿਮਨ ਹਸਤਾਖਰ ਦੀ ਅਦਾਲਤ ਵਿੱਚ ਚੱਲ ਰਿਹਾ ਹੈ।ਇਸ ਅਦਾਲਤ ਨੂੰ ਯਕੀਨ ਹੋ ਚੁੱਕਾ ਹੈ ਕਿ ਫਰੀਕੈਨ ਦੋਮ ਦੀ ਤਲਬੀ ਆਸਾਨ ਤਰੀਕੇ ਨਾਲ ਨਹੀਂ ਹੋ ਸਕਦੀ।ਇਸ ਇਸ਼ਤਿਹਾਰ ਰਾਹੀਂ ਫਰੀਕੈਨ ਦੋਮ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਹ ਕੇਸ ਵਿੱਚ ਨਿਸ਼ਚਿਤ ਮਿਤੀ 24-10-2024 ਨੂੰ ਸਮਾਂ 3.00 ਵਜੇ ਦੁਪਹਿਰ ਨਿਮਨ-ਹਸਤਾਖਰ ਦੀ ਅਦਾਲਤ ਵਿੱਚ ਅਸਾਲਤਨ/ਵਕਾਲਤਨ ਜਾਂ ਕਿਸੇ ਮੁਖਤਾਰ ਰਾਹੀਂ ਹਾਜ਼ਰ ਹੋ ਕੇ ਆਪਣੇ ਕੇਸ ਦੀ ਪੈਰਵਾਈ ਕਰ ਸਕਦੇ ਹਨ। ਨਿਸ਼ਚਿਤ ਮਿਤੀ ਨੂੰ ਹਾਜ਼ਰ ਅਦਾਲਤ ਨਾ ਆਉਣ ਵਿੱਚ ਫਰੀਕੈਨ ਦੋਮ ਦੇ ਖਿਲਾਫ ਇਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਨੋਟਿਸ ਅੱਜ ਮਿਤੀ 23-09-2024 ਨੂੰ ਮੇਰੇ ਹਸਤਾਖਰ ਅਤੇ ਮੋਹਰ ਅਦਾਲਤ
ਨੰਬਰ: 352, ਮਿਤੀ : 25/09/2024 ਸਹਾਇਕ ਕੁਲੈਕਟਰ ਦਰਜਾ ਅੱਵਲ, ਤਹਿਸੀਲਦਾਰ ਨਕੋਦਰ।

## ਪਬਲੀਕੇਸ਼ਨ ਨੋਟਿਸ

ਬਾ ਅਦਾਲਤ ਸ਼੍ਰੀ ਪਰਦੀਪ ਕੁਮਾਰ ਸਹਾਇਕ ਕੁਲੈਕਟਰ ਦਰਜਾ ਅੱਵਲ ਤਹਿਸੀਲਦਾਰ ਨਕੋਦਰ।
ਮਿਸਲ ਨੰਬਰ : 35/ਟੀ/2023 ਪਿੰਡ ਹੇਰ

ਸ੍ਰੀ ਭਜਨ ਦਾਸ ਪੁੱਤਰ ਦਾਸ ਰਾਮ ਪੁੱਤਰ ਕਿਸ਼ਨ ਦਾਸ ਵਾਸੀ ਪਿੰਡ ਹੇਰ ਤਹਿਸੀਲ ਨਕੋਦਰ ਜ਼ਿਲ੍ਹਾ ਜਲੰਧਰ। ਫਰੀਕ ਅੱਵਲ

ਬਨਾਮ

1. ਸੁਖਵਿੰਦਰ ਸਿੰਘ ਹੇਅਰ ਪੁੱਤਰ ਪ੍ਰੇਮ ਦਾਸ ਪੁੱਤਰ ਦਾਸ ਰਾਮ, 2. ਲਖਵਿੰਦਰ ਸਿੰਘ ਪੁੱਤਰ ਪ੍ਰੇਮ ਦਾਸ ਪੁੱਤਰ ਦਾਸ ਰਾਮ, 3. ਸ਼ਰਨਜੀਤ ਕੌਰ ਪੁੱਤਰੀ ਪ੍ਰੇਮ ਦਾਸ ਪੁੱਤਰ ਦਾਸ ਰਾਮ, 4. ਮੰਗਲ ਸਿੰਘ ਪੁੱਤਰ ਜਗੀਰੀ ਪੁੱਤਰ ਭਾਨ ਸਿੰਘ, 5. ਹਰਬੰਸ ਸਿੰਘ ਪੁੱਤਰ ਭਾਨ ਸਿੰਘ ਪੁੱਤਰ ਰਾਜ ਮੱਲ, 6. ਅਜੀਤ ਸਿੰਘ ਪੁੱਤਰ ਚਰਨ ਦਾਸ ਪੁੱਤਰ ਕਿਸ਼ਨ ਦਾਸ, 7. ਗੁਰਪ੍ਰੀਤ ਸਿੰਘ ਪੁੱਤਰ ਸਾਧੂ ਰਾਮ ਪੁੱਤਰ ਚਰਨ ਦਾਸ, 8. ਗੁਰਮੀਤ ਕੌਰ ਮਾਤਾ ਜੋਗਿੰਦਰ ਸਿੰਘ ਪੁੱਤਰ ਜਗੀਰ ਸਿੰਘ, 9. ਚਰਨਜੀਤ ਕੌਰ ਵਿਧਵਾ ਜੋਗਿੰਦਰ ਸਿੰਘ ਪੁੱਤਰ ਜਗੀਰ ਸਿੰਘ, 10. ਜਸਵੀਰ ਕੌਰ ਵਿਧਵਾ ਹਰਬੰਸ ਲਾਲ ਪੁੱਤਰ ਦਾਸ ਰਾਮ, 11. ਹਰਦੀਪ ਕੁਮਾਰ ਪੁੱਤਰ ਹਰਬੰਸ ਲਾਲ ਪੁੱਤਰ ਦਾਸ ਰਾਮ, 12. ਗੁਰਦੀਪ ਕੁਮਾਰ ਪੁੱਤਰ ਹਰਬੰਸ ਲਾਲ ਪੁੱਤਰ ਦਾਸ ਰਾਮ, 13 ਜੀਤੋ ਮਾਤਾ ਹਰਬੰਸ ਲਾਲ ਪੁੱਤਰ ਦਾਸ ਰਾਮ, 14. ਦਰਬਾਰਾ ਸਿੰਘ ਉਰਫ ਦਿਲਬਾਗ ਸਿੰਘ ਪੁੱਤਰ ਰਾਮ ਸਿੰਘ, 15. ਚਰਨ ਦਾਸ ਪੁੱਤਰ ਕਿਸ਼ਨ ਦਾਸ ਚੇਲਾ ਪੁੱਤਰ ਪੂਰਨ ਦਾਸ, 16. ਰਣਜੀਤ ਸਿੰਘ ਪੁੱਤਰ ਰਤਨ ਸਿੰਘ ਪੁੱਤਰ ਅਮਰ ਸਿੰਘ, 17. ਤੇਜਪਾਲ ਸਿੰਘ ਪੁੱਤਰ ਜਗੀਰ ਸਿੰਘ ਪੁੱਤਰ ਅਮਰ ਸਿੰਘ, 18. ਦਾਸੋ ਵਿਧਵਾ ਨਰੰਜਣ ਦਾਸ ਪੁੱਤਰ ਕਿਸ਼ਨ ਦਾਸ, 19. ਛਿੰਦਰਪਾਲ ਪੁੱਤਰ ਨਰੰਜਣ ਦਾਸ ਪੁੱਤਰ ਕਿਸ਼ਨ ਦਾਸ, 20. ਸੁਖਦੇਵ ਸਿੰਘ ਪੁੱਤਰ ਨਰੰਜਣ ਦਾਸ ਪੁੱਤਰ ਕਿਸ਼ਨ ਦਾਸ, 21. ਬਹਾਦਰ ਸਿੰਘ ਪੁੱਤਰ ਕਰਮ ਸਿੰਘ ਪੁੱਤਰ ਮੁਨਸ਼ੀ, 22. ਕੁਲਛੇਤਰ ਸਿੰਘ ਪੁੱਤਰ ਕਰਮ ਸਿੰਘ ਪੁੱਤਰ ਮੁਨਸ਼ੀ ਸਾਰੇ ਵਾਸੀਆਨ ਪਿੰਡ ਹੇਰ ਤਹਿਸੀਲ ਨਕੋਦਰ ਜ਼ਿਲ੍ਹਾ ਜਲੰਧਰ।

23. ਪੰਜਾਬ ਨੈਸ਼ਨਲ ਬੈਂਕ ਬਰਾਂਚ ਹੇਰ, 24. ਕੈਪੀਟਲ ਲੋਕਲ ਏਰੀਆ ਬੈਂਕ ਬਰਾਂਚ ਸ਼ੰਕਰ। ਫਰੀਕੈਨ ਦੋਮ

ਦਰਖਾਸਤ ਤਕਸੀਮ ਅਰਾਜ਼ੀ ਖੇਵਟ/ਖਤੌਨੀ ਨੰਬਰ 4/5, 5/8, 14/18, 159/165, 231/240, 232/241, 233/243, 234/244, 235/245, 441/463, 446/469, 470/494, 524/549, 525/550, 526/551, 527/552, 528/553, 836/904,905, 940/1018, 951/1029, 1027/1138, 1029/1140, 1031/1142, 1033/1144, 1034/1145, 1036/1147 ਹਦਬਸਤ ਨੰਬਰ 135 ਵਾਕਿਆ ਰਕਬਾ ਪਿੰਡ ਹੇਰ, ਤਹਿਸੀਲ ਨਕੋਦਰ, ਜ਼ਿਲ੍ਹਾ ਜਲੰਧਰ ਜਮ੍ਹਾਂਬੰਦੀ ਸਾਲ 2019-2020.

ਉਕਤ ਅਨੁਮਾਨ ਤਕਸੀਮ ਕੇਸ ਨਿਮਨ ਹਸਤਾਖਰ ਦੀ ਅਦਾਲਤ ਵਿੱਚ ਚੱਲ ਰਿਹਾ ਹੈ।ਇਸ ਅਦਾਲਤ ਨੂੰ ਯਕੀਨ ਹੋ ਚੁੱਕਾ ਹੈ ਕਿ ਫਰੀਕੈਨ ਦੋਮ ਦੀ ਤਲਬੀ ਆਸਾਨ ਤਰੀਕੇ ਨਾਲ ਨਹੀਂ ਹੋ ਸਕਦੀ।ਇਸ ਇਸ਼ਤਿਹਾਰ ਰਾਹੀਂ ਫਰੀਕੈਨ ਦੋਮ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਹ ਕੇਸ ਵਿੱਚ ਨਿਸ਼ਚਿਤ ਮਿਤੀ 24-10-2024 ਨੂੰ ਸਮਾਂ 3.00 ਵਜੇ ਦੁਪਹਿਰ ਨਿਮਨ-ਹਸਤਾਖਰ ਦੀ ਅਦਾਲਤ ਵਿੱਚ ਅਸਾਲਤਨ/ਵਕਾਲਤਨ ਜਾਂ ਕਿਸੇ ਮੁਖਤਾਰ ਰਾਹੀਂ ਹਾਜ਼ਰ ਹੋ ਕੇ ਆਪਣੇ ਕੇਸ ਦੀ ਪੈਰਵਾਈ ਕਰ ਸਕਦੇ ਹਨ। ਨਿਸ਼ਚਿਤ ਮਿਤੀ ਨੂੰ ਹਾਜ਼ਰ ਅਦਾਲਤ ਨਾ ਆਉਣ ਵਿੱਚ ਫਰੀਕੈਨ ਦੋਮ ਦੇ ਖਿਲਾਫ ਇਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਨੋਟਿਸ ਅੱਜ ਮਿਤੀ 23-09-2024 ਨੂੰ ਮੇਰੇ ਹਸਤਾਖਰ ਅਤੇ ਮੋਹਰ ਅਦਾਲਤ
ਨੰਬਰ: 350, ਮਿਤੀ : 25/09/2024 ਸਹਾਇਕ ਕੁਲੈਕਟਰ ਦਰਜਾ ਅੱਵਲ, ਤਹਿਸੀਲਦਾਰ ਨਕੋਦਰ।

## UMMEED HOUSING FINANCE PVT. LTD

CIN:U65922HR2016PTC057984.
Registered office at: Unit 809-815,8th Floor, Tower –A, EMAAR Digital Greens Golf Course Extension Road,Sect-61, Gurugram (Haryana)-122002")

ਸਰਫੇਸੀ ਐਕਟ ਸੈਕਸ਼ਨ (13) 2 ਤਹਿਤ ਡਿਮਾਂਡ ਨੋਟਿਸ

ਜਦੋਂਕਿ ਕਰਜ਼ਾ ਖਾਤਾ ਐੱਨ ਪੀ ਏ ਹੋ ਗਿਆ ਹੈ, ਇਸ ਲਈ ਯੂ ਐੱਚ ਐੱਫ ਪੀ ਐੱਲ ਦੇ ਅਧਿਕਾਰਤ ਅਫਸਰ ਨੇ ਹੇਠਾਂ ਸਾਰਣੀ 'ਚ ਦਰਸਾਏ ਕਰਜ਼ਦਾਰ/ਬਿਨੈਕਾਰ/ਗਰੰਟਰ/ਰਹਿਣਕਾਰ ਨੂੰ ਸਕਿਊਰਿਟਾਈਜ਼ੇਸ਼ਨ ਐਂਡ ਰੀਕੰਸਟਰਕਸ਼ਨ ਆਫ ਫਾਇਨੈਂਸ਼ੀਅਲ ਐਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈਸਟ ਐਕਟ, 2002 ਦੇ ਸੈਕਸ਼ਨ 13 (2) ਤਹਿਤ ਡਿਮਾਂਡ ਨੋਟਿਸ ਜਾਰੀ ਕੀਤਾ ਹੈ। ਨੋਟਿਸ ਅਨੁਸਾਰ ਜੇਕਰ ਕਰਜ਼ਦਾਰ 60 ਦਿਨਾਂ ਦੇ ਅੰਦਰ ਸਾਰੀ ਰਕਮ ਜਮ੍ਹਾਂ ਨਹੀਂ ਕਰਵਾਉਂਦੇ ਤਾਂ ਰਕਮ ਹੇਠਾਂ ਦਰਸਾਈ ਰਹਿਣ ਕੀਤੀ ਜਾਇਦਾਦ/ਸਕਿਉਰਡ ਐੱਸਟਸ ਦੀ ਨਿਲਾਮੀ ਰਾਹੀਂ ਵਸੂਲ ਕੀਤੀ ਜਾਵੇਗੀ। ਇਸ ਲਈ ਕਰਜ਼ਦਾਰਾਂ ਨੂੰ ਸਾਰੀ ਰਕਮ ਸਮੇਤ ਭਵਿੱਖੀ ਵਿਆਜ ਅਤੇ ਖਰਚਿਆਂ ਦੇ ਡਿਮਾਂਡ ਨੋਟਿਸ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣ ਲਈ ਸੂਚਨਾ ਦਿੱਤੀ ਗਈ ਹੈ, ਨਹੀਂ ਤਾਂ ਉਕਤ ਐਕਟ ਦੇ ਸੈਕਸ਼ਨ 13 [4] ਅਤੇ 14 ਦੀਆਂ ਵਿਵਸਥਾਵਾਂ ਤਹਿਤ, ਅਧਿਕਾਰਤ ਅਫਸਰ ਹੇਠਾਂ ਦਰਸਾਈ ਰਹਿਣ ਜਾਇਦਾਦ/ਸਕਿਉਰਡ ਐੱਸਟਸ ਦੀ ਵਿਕਰੀ ਲਈ ਕਬਜ਼ਾ ਹਾਸਲ ਕਰ ਰਿਹਾ ਹੈ।

ਇਸ ਨੋਟਿਸ ਦੀ ਪ੍ਰਾਪਤੀ ਤੋਂ ਬਾਅਦ ਕਰਜ਼ਦਾਰ ਧਿਆਨ ਦੇਣ ਕਿ ਐਕਟ 2002 ਦੀਆਂ 13[13] ਸ਼ਰਤਾਂ ਅਨੁਸਾਰ ਤੁਹਾਡੇ 'ਤੇ ਸਕਿਉਰਡ ਕ੍ਰੈਡਿਟਰ ਦੀ ਅਗਾਊਂ ਲਿਖਤੀ ਮਨਜ਼ੂਰੀ ਤੋਂ ਬਿਨਾਂ ਕਿਸੇ ਵੀ ਸਕਿਉਰਡ ਐੱਸਟਸ ਦੀ ਵਿਕਰੀ, ਲੀਜ਼ ਜਾਂ ਕਿਸੇ ਹੋਰ ਢੰਗ ਨਾਲ ਤਬਦੀਲੀ ਕਰਨ 'ਤੇ ਰੋਕ ਅਤੇ ਪਾਬੰਦੀ ਹੈ।

ਕਰਜ਼ਦਾਰ ਦਾ ਧਿਆਨ ਸਕਿਊਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲ, 2002 ਐਕਟ ਦੇ ਸੈਕਸ਼ਨ 13 (8) ਆਰ/ਡਬਲਯੂ ਰੂਲ 3 (5) ਵੱਲ ਦਿਵਾਇਆ ਜਾਂਦਾ ਹੈ ਕਿ ਕਰਜ਼ਦਾਰ ਨਿਲਾਮੀ ਨੋਟਿਸ ਦੀ ਪ੍ਰਕਾਸ਼ਨਾ ਤੋਂ ਪਹਿਲਾਂ ਹੇਠਾਂ ਦਰਸਾਏ ਸਾਰੇ ਬਕਾਏ ਮੁਕੰਮਲ ਤੌਰ 'ਤੇ ਅਦਾ ਕਰਕੇ ਸਕਿਉਰਡ ਐੱਸਟਸ ਦਾ ਪੁਨਰਗ੍ਰਹਿਣ ਕਰ ਸਕਦੇ ਹਨ, ਜਿਸ ਦੀ ਬਾਅਦ 'ਚ ਹੱਕ ਖਤਮ ਹੋ ਜਾਵੇਗੀ।

| ਕਰਜ਼ਦਾਰ/ਬਿਨੈਕਾਰ/ਗਰੰਟਰ/ ਰਹਿਣਕਾਰ ਦਾ ਨਾਂਅ | 13 [2] ਸੈਕਸ਼ਨ ਅਧੀਨ ਡਿਮਾਂਡ ਨੋਟਿਸ 'ਚ ਰਕਮ ਅਤੇ ਮਿਤੀ | ਰਹਿਣ ਕੀਤੀ ਜਾਇਦਾਦ ਦਾ ਵੇਰਵਾ |
|---|---|---|
| (1) ਅਨਿਲ ਖੁਰਾਣਾ ਪੁੱਤਰ ਨੰਦ ਕਿਸ਼ੋਰ ਖੁਰਾਣਾ (ਕਰਜ਼ਦਾਰ) (2) ਪ੍ਰੇਰਨਾ ਖੁਰਾਣਾ ਪਤਨੀ ਅਨਿਲ ਖੁਰਾਣਾ (ਸਹਿ-ਕਰਜ਼ਦਾਰ) ਉਪਰੋਕਤ ਦੋਵੇਂ ਵਾਸੀ : ਫਲੈਟ ਨੰ. 5, ਧਰਾਤਲੀ ਮੰਜ਼ਲ, ਗ੍ਰਿਨੀਆ ਹੋਮਜ਼, ਨੇੜੇ ਲੈਜੈਂਟੀ ਰੈਸਟੋਰੈਂਟ, ਮੁੰਡੀ ਖਰੜ, ਖਰੜ, ਐੱਸ ਏ ਐੱਸ ਨਗਰ, ਮੋਹਾਲੀ, ਪੰਜਾਬ-140301 ਵਿਖੇ ਵੀ: ਮਕਾਨ ਨੰ. 2081, ਸੰਨੀ ਇਨਕਲੇਵ, ਦੇਸੂ ਮਾਜਰਾ, ਸੈਕਟਰ-125, ਤਹਿਸੀਲ ਖਰੜ, ਐੱਸ ਏ ਐੱਸ ਨਗਰ, ਮੋਹਾਲੀ, ਪੰਜਾਬ-140301 ਕਰਜ਼ਾ ਨੰ. ਐੱਲ ਐੱਕਸ ਸੀ ਐੱਚ ਡੀ 02320- | 08 ਅਕਤੂਬਰ 2024 ਰੁਪਏ 2,290,205.33/- ਅਤੇ ਰੁਪਏ 10.06,635.50/-ਕੁੱਲ ਰਕਮ ਰੁਪਏ 32,96,840.83/- (ਰੁਪਏ ਬੱਤੀ ਲੱਖ ਛਿਆਨਵੇਂ ਹਜ਼ਾਰ ਅੱਠ ਸੌ ਚਾਲੀ ਅਤੇ ਤਰਿਆਸੀ ਪੈਸੇ ਕੇਵਲ) ਮਿਤੀ 08 ਅਕਤੂਬਰ 2024 ਨੂੰ + ਮਿਤੀ 09 ਅਕਤੂਬਰ 2024 ਤੋਂ ਹੋਰ ਵਿਆਜ ਅਤੇ ਹੋਰ ਖਰਚੇ। | ਕਮਰਸ਼ੀਅਲ ਬੂਥ ਨੰ. 195 ਵਾਲੀ ਜਾਇਦਾਦ ਏਰੀਆ ਰਕਬਾ 10.74 ਵਰਗ ਗਜ਼, ਸੈਕਟਰ-19 ਸੀ, ਚੰਡੀਗੜ੍ਹ ਦੇ ਸਾਰੇ ਹਿੱਸੇ। ਮਿਤੀ 16.03.2021 ਦੀ ਤਕਨੀਕੀ ਰਿਪੋਰਟ ਅਨੁਸਾਰ ਹੱਦਾਂ : ਪੂਰਬ : ਹੋਰਨਾਂ ਦੀ ਜਾਇਦਾਦ, ਪੱਛਮ : ਪ੍ਰਵੇਸ਼, ਉੱਤਰ : ਬੂਥ ਨੰ. 194, ਦੱਖਣ : ਬੂਥ ਨੰ. 196 |
| 210011057 ਅਤੇ ਐੱਲ ਐੱਕਸ ਸੀ ਐੱਚ ਡੀ 02422-230017235, ਕਰਜ਼ਾ ਇਕਰਾਰਨਾਮਾ ਮਿਤੀ : 21.03.2021 ਅਤੇ 31.05.2022, ਕਰਜ਼ਾ ਰਾਸ਼ੀ ਰੁਪਏ 25,00,000/- ਅਤੇ ਰੁਪਏ 10,00,000/- | | |
| (1) ਅੰਕਿਤ ਪੁੱਤਰ ਰਾਜਵੀਰ (ਕਰਜ਼ਦਾਰ) (2) ਰਾਜਵੀਰ ਪੁੱਤਰ ਤੇਲ ((Tale) ਰਾਮ (ਕਰਜ਼ਦਾਰ) (3) ਲਕਸ਼ਮੀ ਦੇਵੀ ਪਤਨੀ (ਰਾਜਵੀਰ) (ਸਹਿ-ਕਰਜ਼ਦਾਰ) ਉਪਰੋਕਤ ਸਾਰੇ ਵਾਸੀ : ਪਿੰਡ ਤੇ ਡਾਕਖਾਨਾ ਕਾਈਨੌਰ, ਮੋਰਿੰਡਾ, ਰੂਪਨਗਰ, ਪੰਜਾਬ-140102, ਕਰਜ਼ਾ ਨੰ. ਐੱਲ ਐੱਕਸ ਸੀ ਐੱਚ ਡੀ 04122-230018517, ਕਰਜ਼ਾ ਇਕਰਾਰਨਾਮਾ ਮਿਤੀ : 31-07-22 ਕਰਜ਼ਾ ਰਾਸ਼ੀ : 10,00,000/- | 08 ਅਕਤੂਬਰ 2024 ਰੁਪਏ 960,554.36/- (ਰੁਪਏ ਨੌਂ ਲੱਖ ਸੱਠ ਹਜ਼ਾਰ ਪੰਜ ਸੌ ਚੁਰੰਜਾ ਅਤੇ ਛੱਤੀ ਪੈਸੇ ਕੇਵਲ) ਮਿਤੀ 08 ਅਕਤੂਬਰ 2024 ਨੂੰ + ਮਿਤੀ 09 ਅਕਤੂਬਰ 2024 ਤੋਂ ਹੋਰ ਵਿਆਜ ਅਤੇ ਹੋਰ ਖਰਚੇ | ਪਿੰਡ ਕਾਈਨੌਰ, ਤਹਿਸੀਲ ਮੋਰਿੰਡਾ ਜ਼ਿਲ੍ਹਾ ਰੂਪਨਗਰ, ਪੰਜਾਬ ਵਿਖੇ ਸਥਿਤ ਖੇਵਟ ਖਤੌਨੀ ਨੰ. 706/873 ਖਸਰਾ ਨੰ. 45//3/4/4 (0-4), ਹਦਬਸਤ ਨੰ. 235 ਵਾਲੀ ਜਾਇਦਾਦ 0 ਕਨਾਲ 4 ਮਰਲੇ ਦਾ 1/2 ਹਿੱਸਾ (0 ਕਨਾਲ 2 ਮਰਲੇ) ਦੇ ਸਾਰੇ ਹਿੱਸੇ। ਹੱਦਾਂ ਇੰਝ ਹਨ : ਪੂਰਬ : ਮੋਰਿੰਡਾ-ਰੋਪੜ ਰੋਡ, ਪੱਛਮ : ਬਾਕੀ ਹਿੱਸਾ, ਉੱਤਰ : ਸੁਰਿੰਦਰ ਕੁਮਾਰ, ਦੱਖਣ : ਪਾਲ ਸਿੰਘ। |

ਮਿਤੀ : 18 ਅਕਤੂਬਰ 2024 ਅਧਿਕਾਰਤ ਅਫਸਰ, ਸ੍ਰੀ ਗੌਰਵ ਤ੍ਰਿਪਾਠੀ ਮੋਬਾਈਲ -96500-55701
ਸਥਾਨ : ਗੁਰੂਗ੍ਰਾਮ ਉਮੀਦ ਹਾਊਸਿੰਗ ਫਾਇਨਾਂਸ ਪ੍ਰਾਈਵੇਟ ਲਿਮਟਿਡ

# ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਗੁਰਪੁਰਬ ਸੰਬੰਧੀ ਸ੍ਰੀ ਅਖੰਡ ਪਾਠ ਸਾਹਿਬ ਆਰੰਭ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਚੌਥੇ ਪਾਤਸ਼ਾਹ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਗੁਰਪੁਰਬ ਸੰਬੰਧੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਕੀਤੇ ਜਾਣ ਵਾਲੇ ਸਮਾਗਮਾਂ ਦੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। 19 ਅਕਤੂਬਰ ਨੂੰ ਮਨਾਏ ਜਾ ਰਹੇ ਪ੍ਰਕਾਸ਼ ਗੁਰਪੁਰਬ ਦੇ ਸਬੰਧ ਵਿਚ ਅੱਜ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕੀਤਾ ਗਿਆ, ਜਿਸ ਦਾ ਭੋਗ 19 ਅਕਤੂਬਰ ਨੂੰ ਪਾਇਆ ਜਾਵੇਗਾ। ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਮੌਕੇ ਸ਼੍ਰੋਮਣੀ ਕਮੇਟੀ ਦੇ ਸਕੱਤਰ ਪ੍ਰਤਾਪ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਭਗਵੰਤ ਸਿੰਘ ਧੰਗੇੜਾ, ਮੈਨੇਜਰ ਸਤਨਾਮ ਸਿੰਘ ਰਿਆੜ, ਸੁਪ੍ਰਡੰਟ ਨਿਸ਼ਾਨ ਸਿੰਘ, ਵਧੀਕ ਮੈਨੇਜਰ ਬਿਕਰਮਜੀਤ ਸਿੰਘ ਝੰਗੀ, ਮੀਤ ਮੈਨੇਜਰ ਅਜੈ ਸਿੰਘ ਹਾਜ਼ਰ ਸਨ। ਇਸ ਮੌਕੇ ਪ੍ਰਤਾਪ ਸਿੰਘ ਨੇ ਗੁਰਪੁਰਬ ਸਮਾਗਮਾਂ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ 18 ਅਕਤੂਬਰ ਨੂੰ ਵਿਸ਼ਾਲ ਨਗਰ ਕੀਰਤਨ ਸਜਾਇਆ ਜਾਵੇਗਾ, ਜੋ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਆਰੰਭ ਹੋ ਕੇ ਪਲਾਜ਼ਾ ਘੰਟਾ ਘਰ, ਜਲ੍ਹਿਆਂਵਾਲਾ ਬਾਗ, ਘਿਓ ਮੰਡੀ ਚੌਕ, ਸ਼ੇਰਾਂ ਵਾਲ ਗੇਟ, ਮਹਾਂ ਸਿੰਘ ਗੇਟ, ਚੌਕ ਰਾਮ ਬਾਗ, ਹਾਲ ਗੇਟ, ਹਾਥੀ ਗੇਟ, ਲੋਹਗੜ੍ਹ ਗੇਟ, ਲਾਹੌਰੀ ਗੇਟ, ਬੇਰੀ ਗੇਟ, ਖ਼ਜ਼ਾਨਾ ਗੇਟ, ਗੇਟ ਹਕੀਮਾਂ, ਭਗਤਾਂ ਵਾਲਾ ਚੌਕ, ਚਾਟੀਵਿੰਡ ਗੇਟ, ਸੁਲਤਾਨਵਿੰਡ ਗੇਟ, ਘਿਓ ਮੰਡੀ ਚੌਕ ਤੋਂ ਹੁੰਦਾ ਹੋਇਆ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪਹੁੰਚ ਕੇ ਸੰਪੂਰਨ ਹੋਵੇਗਾ। ਉਨ੍ਹਾਂ ਦੱਸਿਆ ਕਿ 18 ਅਕਤੂਬਰ ਨੂੰ ਰਾਤ ਸਮੇਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਰਾਗ ਦਰਬਾਰ/ਪੜਤਾਲ ਸ਼ਬਦ ਗਾਇਨ ਕੀਰਤਨ ਦਰਬਾਰ ਹੋਵੇਗਾ, ਜਿਸ ਵਿਚ ਪੰਥ ਦੇ ਪ੍ਰਸਿੱਧ ਰਾਗੀ ਜਥੇ ਸੰਗਤ ਨੂੰ ਰਾਗ ਅਧਾਰਿਤ ਕੀਰਤਨ ਸਰਵਣ ਕਰਵਾਉਣਗੇ। ਗੁਰਪੁਰਬ ਵਾਲੇ ਦਿਨ 19 ਅਕਤੂਬਰ ਨੂੰ ਜਿਥੇ ਸਾਰਾ ਦਿਨ ਧਾਰਮਿਕ ਦੀਵਾਨ ਸਜਣਗੇ, ਉਥੇ ਹੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਤੇ ਗੁਰਦੁਆਰਾ ਬਾਬਾ ਅਟਲ ਰਾਇ ਸਾਹਿਬ ਵਿਖੇ ਜਲੌ ਸਜਣਗੇ। ਸ੍ਰੀ ਦਰਬਾਰ ਸਾਹਿਬ ਵਿਖੇ ਸੁੰਦਰ ਦੀਪਮਾਲਾ ਤੇ ਆਤਿਸ਼ਬਾਜ਼ੀ ਵੀ ਹੋਵੇਗੀ।

# ਮੋਦੀ ਸਰਕਾਰ ਨੇ ਕਿਸਾਨਾਂ ਦੀਆਂ ਫਸਲਾਂ ਦੇ ਭਾਅ ਵਧਾ ਕੇ ਕਿਸਾਨ ਪੱਖੀ ਹੋਣ ਦਾ ਸਬੂਤ ਦਿੱਤਾ : ਡਾ. ਸੀਮਾਂਤ ਗਰਗ

**ਮੋਗਾ, (ਇਕਬਾਲ ਸਿੰਘ ਖਹਿਰਾ)**-ਕੇਂਦਰ ਦੀ ਮੋਦੀ ਸਰਕਾਰ ਨੇ 2014 ਵਿੱਚ ਸੱਤਾ ਸੰਭਾਲਦਿਆਂ ਹੀ ਕਿਸਾਨਾਂ ਦੀ ਆਮਦਨ ਦੁੱਗਣੀ ਕਰਨ ਦਾ ਵਾਅਦਾ ਕੀਤਾ ਸੀ, ਜਿਸ ਤਹਿਤ ਕੇਂਦਰ ਸਰਕਾਰ ਵੱਲੋਂ ਹਰ ਸਾਲ ਕਿਸਾਨਾਂ ਦੀਆਂ ਫ਼ਸਲਾਂ ਵਿੱਚ ਵਾਧਾ ਕੀਤਾ ਜਾ ਰਿਹਾ ਹੈ ਅਤੇ ਕਿਸਾਨਾਂ ਨੂੰ ਨਵੇਂ ਬੀਜ ਤੇ ਨਵੀਆਂ ਤਕਨੀਕਾਂ ਵੀ ਸਿਖਾਈਆਂ ਜਾ ਰਹੀਆਂ ਹਨ, ਤਾਂ ਜੋ ਕਿਸਾਨਾਂ ਦੇ ਫ਼ਸਲਾਂ 'ਤੇ ਹੋਣ ਵਾਲੇ ਖਰਚੇ ਨੂੰ ਘੱਟ ਕੀਤਾ ਜਾ ਸਕੇ ਤੇ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਕੀਤਾ ਜਾ ਸਕੇ। ਉਪਰੋਕਤ ਜਾਣਕਾਰੀ ਦਿੰਦਿਆਂ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਡਾ. ਸੀਮਾਂਤ ਗਰਗ ਨੇ ਬੀਤੇ ਦਿਨੀਂ ਕੇਂਦਰ ਸਰਕਾਰ ਵੱਲੋਂ ਖੇਤੀ ਫ਼ਸਲਾਂ ਦੇ ਭਾਅ ਵਿੱਚ ਕੀਤੇ ਵਾਧੇ 'ਤੇ ਪ੍ਰਤੀਕਰਮ ਪ੍ਰਗਟ ਕਰਦਿਆਂ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਕਣਕ ਦੇ ਘੱਟੋ-ਘੱਟ ਸਮਰਥਨ ਮੁੱਲ ਵਿੱਚ 150 ਰੁਪਏ ਦਾ ਵਾਧਾ ਕੀਤਾ ਗਿਆ ਹੈ, ਜਿਸ ਨਾਲ ਕਣਕ ਦੀ ਸਰਕਾਰੀ ਖਰੀਦ 2425 ਰੁਪਏ ਪ੍ਰਤੀ ਕੁਇੰਟਲ ਹੋ ਗਈ ਹੈ। ਇਸੇ ਤਰ੍ਹਾਂ ਜੌਂ ਦੀ ਫ਼ਸਲ ਦੇ ਭਾਅ ਵਿੱਚ 130 ਰੁਪਏ ਪ੍ਰਤੀ ਕੁਇੰਟਲ, ਛੋਲਿਆਂ ਦੀ ਫ਼ਸਲ ਵਿੱਚ 210 ਰੁਪਏ ਪ੍ਰਤੀ ਕੁਇੰਟਲ ਅਤੇ ਤੇਲ ਬੀਜਾਂ ਦੇ ਭਾਅ ਵਿੱਚ 300 ਰੁਪਏ ਪ੍ਰਤੀ ਕੁਇੰਟਲ ਦਾ ਵਾਧਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਕਿਸਾਨਾਂ ਦੀਆਂ ਫ਼ਸਲਾਂ ਵਿੱਚ ਵਾਧਾ ਹੋਣ ਨਾਲ ਕਿਸਾਨਾਂ ਦੀ ਆਮਦਨ ਵਿੱਚ ਹੋਰ ਵਾਧਾ ਹੋਵੇਗਾ। ਉਨ੍ਹਾਂ ਕਿਹਾ ਕਿ ਕਿਸਾਨਾਂ ਦੀਆਂ ਫ਼ਸਲਾਂ ਵਿੱਚ ਵਾਧਾ ਹੋਣ ਨਾਲ ਕਿਸਾਨਾਂ ਦੀ ਆਮਦਨ ਵਿੱਚ ਹੋਰ ਵਾਧਾ ਹੋਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਸਮੇਂ ਸਿਰ ਝੋਨੇ ਦੀ ਖਰੀਦ ਦੇ ਪ੍ਰਬੰਧ ਨਹੀਂ ਕੀਤੇ। ਕਿਉਂਕਿ ਪੰਜਾਬ ਦੇ ਮੁੱਖ ਮੰਤਰੀ ਕੋਲ ਪੰਜਾਬ ਲਈ ਸਮਾਂ ਨਹੀਂ ਸੀ ਉਹ ਹਰਿਆਣਾ ਚ ਚੋਣਾਂ ਕਰਵਾਉਣ ਵਿੱਚ ਰੁੱਝੇ ਹੋਏ ਸਨ, ਇਸ ਲਈ ਨਾ ਤਾਂ ਬਾਰਦਾਨੇ ਦੀ ਖਰੀਦ ਕੀਤੀ ਗਈ ਅਤੇ ਨਾ ਹੀ ਖਰੀਦੇ ਚੰਦੇ ਨੂੰ ਇਕੱਠਾ ਕਰਨ ਲਈ ਟੈਂਡਰ ਜਾਰੀ ਕੀਤੇ ਗਏ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸਭ ਤੋਂ ਨਿਕੰਮੀ ਸਰਕਾਰ ਸਾਬਿਤ ਹੋਈ ਹੈ, ਜਿਸ ਦੇ ਸ਼ਾਸਨ 'ਚ ਸੱਤਾ 'ਚ ਆਉਣ ਤੋਂ ਲੈਕੇ ਅੱਜ ਤੱਕ ਤਿੰਨ ਸਾਲਾਂ 'ਚ ਪੈਨਸ਼ਨਰਾਂ, ਮੁਲਾਜ਼ਮਾਂ, ਕੱਚੇ ਕਾਮਿਆਂ, ਵਪਾਰੀਆਂ, ਦੁਕਾਨਦਾਰਾਂ, ਉਦਯੋਗਪਤੀਆਂ ਆਦਿ ਮੰਗਾਂ ਨੂੰ ਅਣਗੌਲਿਆਂ ਕੀਤਾ ਗਿਆ ਹੈ, ਜਿਸ ਕਾਰਨ ਸਮੁੱਚੇ ਵਰਗ ਆਪਣੀਆਂ ਮੰਗਾਂ ਨੂੰ ਲੈ ਕੇ ਸੜਕਾਂ 'ਤੇ ਉੱਤਰੇ ਹਨ। ਉਨ੍ਹਾਂ ਕਿਹਾ ਕਿ ਪੰਚਾਇਤੀ ਚੋਣਾਂ ਵਿੱਚ ਧੱਕੇਸ਼ਾਹੀ ਕਰਕੇ ਚੋਣਾਂ ਨੂੰ ਜਿੱਤ ਦੀ ਬਜਾਏ ਲੁੱਟਣ ਦਾ ਕੰਮ ਕੀਤਾ ਹੈ। ਮੋਗਾ ਜ਼ਿਲ੍ਹੇ ਦੇ ਭਾਜਪਾ ਦੇ ਸਮੂਹ ਅਹੁਦੇਦਾਰਾਂ ਨੇ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਕਿਸਾਨਾਂ ਦੀਆਂ ਫਸਲਾਂ ਦੇ ਸਮਰਥਨ ਮੁੱਲ 'ਚ ਵਾਧੇ ਲਈ ਮੋਦੀ ਸਰਕਾਰ ਤੇ ਸਮੁੱਚੀ ਕੈਬਨਿਟ ਦਾ ਧੰਨਵਾਦ ਕੀਤਾ।



# ਫਗਵਾੜਾ ਪੱਤਰਕਾਰ ਸੰਗਠਨ ਨੇ ਜ਼ਰੂਰਤਮੰਦ ਔਰਤ ਦੀ ਕੀਤੀ ਮਦਦ



**ਫਗਵਾੜਾ, (ਜਸਵਿੰਦਰ ਢੱਡਾ)**-ਪੱਤਰਕਾਰੀ ਦੇ ਖੇਤਰ ਦੇ ਨਾਲ-ਨਾਲ ਸਮਾਜ ਸੇਵਾ ਚ ਆਪਣੀਆਂ ਪੈੜਾਂ ਅੱਗੇ ਵਧਾਉਂਦੇ ਹੋਏ ਫਗਵਾੜਾ ਪੱਤਰਕਾਰ ਸੰਗਠਨ (ਰਜਿ:) ਫਗਵਾੜਾ ਵੱਲੋਂ ਪ੍ਰਧਾਨ ਡਾ. ਰਮਨ ਸ਼ਰਮਾ ਦੀ ਦੂਰਅੰਦੇਸ਼ੀ ਅਤੇ ਪ੍ਰੇਰਣਾ ਸਦਕਾ ਐੱਨ ਆਰ ਆਈ ਸੁਦੇਸ਼ ਕੁਮਾਰ ਲੇਖੀ ਨੇ ਇੱਕ ਔਰਤ ਦੇ ਚੱਲ ਰਹੇ ਇਲਾਜ 'ਚ ਔਰਤ ਵੱਲੋਂ ਮਹਿੰਗਾ ਇਲਾਜ ਹੋਣ ਅਤੇ ਦਵਾਈਆਂ ਦਾ ਖਰਚਾ ਨਾ ਝੱਲੇ ਜਾਣ ਕਾਰਨ ਉਸ ਨੂੰ ਦਵਾਈ ਦੀ ਲੋੜ ਪੈਣ 'ਤੇ ਆਰਥਿਕ ਮਦਦ ਦਿੱਤੀ। ਇਹ ਮਦਦ ਉਨ੍ਹਾ ਦੇ ਭਰਾ ਮੁਕੇਸ਼ ਕੁਮਾਰ ਰੇਖੀ ਵਲੋਂ ਸੰਗਠਨ ਨੂੰ ਭੇਟ ਕੀਤੀ ਗਈ। ਇਸ ਮੌਕੇ ਪ੍ਰਧਾਨ ਡਾ ਰਮਨ ਨੇ ਆਖਿਆ ਕਿ ਸੰਗਠਨ ਜਿੱਥੇ ਪੱਤਰਕਾਰਾਂ ਦੇ ਹੱਕੀ ਮੰਗਾਂ ਲਈ ਯਤਨਸ਼ੀਲ ਹੈ, ਉੱਥੇ ਹੀ ਸਮਾਜ ਸੇਵੀ ਕੰਮਾਂ ਚ ਆਪਣਾ ਬਣਦਾ ਯੋਗਦਾਨ ਪਾਉਣ ਲਈ ਹਮੇਸ਼ਾ ਤਤਪਰ ਹੋ ਕੇ ਕੰਮ ਕਰੇਗਾ। ਇਸ ਮੌਕੇ ਜੀਵਨ ਸੰਘਾ, ਕਮਲਦੀਪ ਸਿੰਘ, ਜਸਵਿੰਦਰ ਭਗਤਪੁਰਾ ਨਰਿੰਦਰ ਪਾਲ ਸਿੰਘ ਮਾਹੀ , ਪ੍ਰਵੀਨ ਕਨੋਜੀਆ ਹਾਜ਼ਰ ਸਨ।




## Change of Name

I, Inderpal Singh S/o Harbans Singh R/o 19, Gali No 15, Gobindpura, Rayon & Silk Mill, Amritsar have declare that Inderpal is my Given name and Singh is my Surname.

I DHEERAJ S/O Rajinder Kumar house number 08, near Kali Mata Mandir , Vikramaditiya colony, flower enclave, Basant avenue, Ludhiana, Punjab. 141013. I have changed my name Dhiraj Dhawan to Dheeraj. All concerned noted.

I, Mitu Ram S/o Mara Ram R/o Village Lallian Khurd, PO. Lambra, Distt. Jalandhar Punjab-144026 have changed my name to Meetu Ram. (B)

I Jiven Lata W/o Sohan Lal Sharma R/o Mohalla Gujratian, Rahon, SBS Nagar -144517, Punjab, certified that both names Jiven Lata as well as Jiwan Lata belongs to one and same person.

I, Gurvinder Singh S/O Gurmail Singh R/O VPO. Chukhiara, Distt. Jalandhar, Punjab-144106, India Have Changed My Name From Gurvinder Singh Saroya To Gurvinder Singh. All Concerned Please Note.

I, Asha W/o Ravi Kumar R/o Village Dhilwan, Distt. Jalandhar-144023, Punjab have changed my daughter's name from Komal to Given Name Komal, Surname Komal. All concerned please note.

I, Jaskaran Kumar S/o Parminder Kumar R/o Mandi Distt.Jalandhar have changed my name from Jaskiran Kumar to Jaskaran Kumar, All note.

I, Vaneet Kumar Sharda s/o Gian Chand Sharda r/o 347-A Block, Near Water Tank, Adarsh Nagar, Phagwara, P.O. Satnampura, Kapurthala, Punjab-144402 Changed my name to Vanit Kumar. All Please Note.

I, Maninder Singh s/o Kulwinder Singh r/o Khakhan Wali Gali, VPO. Nadala, Tehsil Bholath, Kapurthala Changed my name to Maninder as Given Name & Singh as Surname. All Please Note.

I, Gurpreet s/o Bodh Raj r/o Moh. Randhawa, VPO.Mahal Teh. Phillaur, Distt. Jalandhar have changed my name to Gurpreet Kumar. All Please Note.

I, Ritu W/o Sukhwinder Singh R/o H.No. ER-106, Pacca Bagh, Jalandhar, Punjab have changed my name from Ritu to Ritu Vinayak. All Please Note.

## Change of Name

I, Neha Arora w/o Deepak Beri r/o H.No.21/2B, Shaheed Baba Deep Singh Nagar, Reru, Jalandhar have changed my name to Neha Beri, after marriage. All Please Note.

I, Deepak s/o Surinder Beri r/o H.No.21/2B, Shaheed Baba Deep Singh Nagar, Reru, Jalandhar have changed my name to Deepak Beri. All Please Note.

I, Sonali Gupta W/o Chetan Papneja R/o H.No. 29, Friends Colony, Lane No. 2, Wadala, Jalandhar-144003, Punjab have changed my name from Sonali Gupta to Sonali Papneja. All Please Note.

I, Harwinder Singh S/o Gurnam Singh R/o Village Khokhawal, Po. Bham, Tehsil Batala, Distt. Gurdaspur have changed my name to Given name as Harwinder & Surname as Singh. All Please Note.

I, Harinderpal S/o Santokh Singh R/o H.No.253, Basant Nagar, Majitha Road, Amritsar have changed my name from Harinderpal to Harinderpal Singh

I, Deepak Kumar S/o Chanan Ram R/o 9-S.F., Ranjit Avenue, Block-A, Amritsar Have Changed My Name from Deepak Kumar to Deepak Kumar Beri.

I, Navneet Singh S/o Surjit Singh R/o 14 Prem Nagar Khairabad Road Amritsar have changed my name from Navneet Singh to Given Name Navneet Surname Singh.

I, Jatinder Khurana S/o Sohan Lal R/o 3935 Tulsi Ram Street Muktsar Near Obc Bank District Sri Muktsar Sahib have changed my name from Jatinder Khurana to Jatinder Kumar

I, Kaleeb S/o Chander Mohan Resident of 680, Majitha Road, Green Field Avenue, Amritsar have changed my name from Kaleeb Dogra to Kaleeb.

I, Mudit alias Kashish Chopra S/o Sandeep Chopra R/o H.No.67 Back Side ENT Hospital, Sehaj Enclave, Mata Kaula Marg, Amritsar have changed my name from Mudit alias Kashish Chopra to Mudit Chopra

## Lost and Found

I, Santosh Kumari W/o Nishat Kumar R/o H.No. WT-282, Ghah Mandi, Basti Sheikh, Jalandhar, Punjab declare that I have lost the sale deed No. 3797 date 01.09.2010 While House Shifting. I have lodged the online complaint vide Lr No. 526917/2024. If anybody found the said property documents please contact us at said address. All Please Note.

## ਬੇਦਖਲੀ ਨੋਟਿਸ

ਮੈਂ ਪਰਮਜੀਤ ਕੁਮਾਰ ਪੁੱਤਰ ਪ੍ਰੀਤਮ ਰਾਮ ਮਕਾਨ ਨੰ.256 ਵਾਸੀ ਮੁਹ?ਲਾ ਬਲਜੋਤ ਨਗਰ ਕਰਤਾਰਪੁਰ(ਜਲੰਧਰ)ਦਾ ਹਾਂ। ਮੇਰਾ ਲੜਕਾ ਪੁਰਸ਼ੋਤਮ ਕੁਮਾਰ ਅਤੇ ਉਸਦੀ ਪਤਨੀ ਬੱਬੂ ਮੇਰੇ ਕਹਿਣੇ ਤੋਂ ਬਾਹਰ ਹਨ।ਇਸ ਲਈ ਮੈਂ ਇਹਨਾਂ ਦੋਵਾਂ ਨੂੰ ਆਪਣੀ ਚਲ-ਅਚਲ ਜਾਇਦਾਦ ਤੋਂ ਬੇਦਖਲ ਕਰ ਦਿ?ਤਾ ਹੈ।ਇਹਨਾਂ ਨਾਲ ਲੈਣ ਦੇਣ ਰੱਖਣ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।ਸੰਬੰਧਤ ਨੋਟ ਕਰਨ।

ਅਸੀਂ, ਬਿਕਰਮਜੀਤ ਸਿੰਘ ਪੁੱਤਰ ਨਛੱਤਰ ਸਿੰਘ, ਗੁਰਮੀਤ ਕੌਰ ਪਤਨੀ ਬਿਕਰਮਜੀਤ ਸਿੰਘ, ਵਾਸੀਆਨ ਜੋਗੀ ਬਸਤੀ ਧੂਰੀ (ਸੰਗਰੂਰ) ਆਪਣੇ ਲੜਕੇ ਸਤਨਾਮ ਸਿੰਘ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਉਨ੍ਹਾਂ ਨਾਲ ਲੈਣਦੇਣ ਕਰਨ ਅਤੇ ਸੰਬੰਧ ਰੱਖਣ ਵਾਲੇ ਖ਼ੁੱਦ ਜ਼ਿੰਮੇਵਾਰ ਹੋਣਗੇ।

ਮੈਂ ਮਨਜੀਤ ਰਾਣੀ ਪਤਨੀ ਬਲਵੀਰ ਕੁਮਾਰ ਵਾਸੀ ਪਿੰਡ ਤੇ ਡਾਕਖਾਨਾ ਸਕਰੂਲੀ ਤਹਿਸੀਲ ਗੜ੍ਹਸ਼ੰਕਰ ਜ਼ਿਲ੍ਹਾ ਹੁਸ਼ਿਆਰਪੁਰ ਬਿਆਨ ਕਰਦੀ ਹਾਂ ਕਿ ਮੇਰਾ ਸ਼ਾਦੀਸ਼ੁਦਾ ਲੜਕਾ ਗਗਨਦੀਪ ਕੁਮਾਰ ਅਤੇ ਉਸਦੀ ਪਤਨੀ ਕੋਮਲ ਰਾਣੀ ਉਨ੍ਹਾਂ ਦੀ ਲੜਕੀ ਰਿਧੀਮਾ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਕਰਕੇ ਮੈਂ ਉਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਹ ਆਪਣੇ ਕੀਤੇ ਚੰਗੇ ਮਾੜੇ ਕੰਮ ਦੇ ਖੁਦ ਜ਼ੁੰਮੇਵਾਰ ਹੋਣਗੇ।

ਮੈਂ, ਹਰਬੰਸ ਸਿੰਘ ਪੁੱਤਰ ਅਛਰ ਸਿੰਘ ਵਾਸੀ ਮਕਾਨ ਨੰ: 4028, ਬਸਤੀ 9, ਗਲੀ ਨੰ: 7, ਨਿਜਾਤਮ ਨਗਰ, ਜਲੰਧਰ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਜਸਵਿੰਦਰ ਕੌਰ ਪਤਨੀ ਗੁਰਚਰਨ ਸਿੰਘ ਅਤੇ ਲੜਕੇ ਗੁਰਮੀਤ ਸਿੰਘ ਮੇਰੇ ਕਹਿਣੇਕਾਰ ਨਹੀਂ ਹਨ। ਇਸ ਲਈ ਮੈਂ ਆਪਣੀ ਲੜਕੀ ਜਸਵਿੰਦਰ ਕੌਰ ਪਤਨੀ ਗੁਰਚਰਨ ਸਿੰਘ ਅਤੇ ਲੜਕਾ ਗੁਰਮੀਤ ਸਿੰਘ ਨੂੰ ਉਨ੍ਹਾਂ ਦੇ ਪਰਵਾਰ ਸਮੇਤ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰ ਦਿੱਤਾ ਹੈ। ਉਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਅਸੀਂ, ਜਸਬੀਰ ਸਿੰਘ ਜੌਲੀ ਪੁੱਤਰ ਹਰਬੰਸ ਸਿੰਘ ਜੌਲੀ ਅਤੇ ਨਰਿੰਦਰ ਕੌਰ ਜੌਲੀ ਪਤਨੀ ਜਸਬੀਰ ਸਿੰਘ ਜੌਲੀ ਵਾਸੀਆਨ ਮਕਾਨ ਨੰ. 93, ਬੰਨੋਜੀ ਨਗਰ, ਖੁਰਲਾ ਕਿੰਗਰਾ ਰੋਡ, ਜਲੰਧਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਹਰਪ੍ਰੀਤ ਸਿੰਘ ਜੌਲੀ ਜੋ ਕਿ ਸਾਡੇ ਕਹਿਣੇ ਤੋਂ ਬਾਹਰ ਹੈ। ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਸਾਡਾ ਅਤੇ ਸਾਡੇ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ ਉਹ ਆਪਣੇ ਨਫ਼ੇ ਨੁਕਸਾਨ ਦਾ ਆਪ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

## Public Notice

I Lalan Singh S/o Ladhai Singh,R/o H.No. NG : 294, Kot Baba Deep Singh Nagar, Jalandhar declare that my son Deepak Singh is out of my control. So,I disown him from my moveable and immoveable properties. Anybody deals with him at their own risk and responsibility.All Concerned may note.

I, Naresh Kumari W/o Sh. Chetan Dev R/o H. No. 101 Krishan Nagar Qadian (143516) Tehsil Batala, Punjab. Declare that is Known my name Raj Kumari and Naresh Kumari are one and same person.

I, Sunny Kumar S/o Shinder Kumar R/o Village Mokhe, PO. Sahowal, Distt. Gurdaspur, 143531 Punjab. Declare that my given name as Sunny and surname as Kumar.

I, Manpreet Singh S/o Jagdev Singh R/o Village Chak Alia, PO. Bhatoya, Distt. Gurdaspur, 143531 Punjab. Declare that my given name as Manpreet and my surname as Singh.

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

# ਵਿਧਾਨ ਸਭਾ ਹਲਕਾ ਚੱਬੇਵਾਲ 'ਚ ਆਦਰਸ਼ ਚੋਣ ਜ਼ਾਬਤਾ ਲਾਗੂ : ਡਿਪਟੀ ਕਮਿਸ਼ਨਰ




**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)** ਭਾਰਤ ਚੋਣ ਕਮਿਸ਼ਨ ਵੱਲੋਂ ਵਿਧਾਨ ਸਭਾ ਹਲਕਾ ਚੱਬੇਵਾਲ ਦੀ ਜ਼ਿਮਨੀ ਚੋਣ ਦੇ ਐਲਾਨ ਨਾਲ ਵਿਧਾਨ ਸਭਾ ਹਲਕਾ 44-ਚੱਬੇਵਾਲ (ਐਸਸੀ) ਵਿਚ ਆਦਰਸ਼ ਚੋਣ ਜ਼ਾਬਤਾ ਤੁਰੰਤ ਪ੍ਰਭਾਵ ਨਾਲ ਲਾਗੂ ਹੋ ਗਿਆ ਹੈ।ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਚੋਣ ਪ੍ਰਬੰਧਾਂ ਨੂੰ ਅਮਲ ਵਿਚ ਲਿਆਉਣ ਦਾ ਕਾਰਜ ਆਰੰਭ ਦਿੱਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਜ਼ਿਮਨੀ ਚੋਣ ਲਈ ਲੋੜੀਂਦੀਆਂ ਤਿਆਰੀਆਂ ਦੇ ਨਾਲ-ਨਾਲ ਵੱਖ-ਵੱਖ ਕਮੇਟੀਆਂ ਦਾ ਗਠਨ ਵੀ ਕੀਤਾ ਜਾ ਚੁੱਕਾ ਹੈ ਤਾਂ ਜੋ ਨਿਰਪੱਖ, ਪਾਰਦਰਸ਼ੀ ਅਤੇ ਸੁਚੱਜੇ ਢੰਗ ਨਾਲ ਚੋਣ ਅਮਲ ਨੂੰ ਨੇਪਰੇ ਚਾੜ੍ਹਿਆ ਜਾ ਸਕੇ।ਚੋਣ ਕਮਿਸ਼ਨ ਵਲੋਂ ਜਾਰੀ ਸ਼ਡਿਊਲ ਬਾਰੇ ਜਾਣਕਾਰੀ ਦਿੰਦਿਆਂ ਉਨ੍ਹਾਂ ਨੇ ਦੱਸਿਆ ਕਿ ਵਿਧਾਨ ਸਭਾ ਹਲਕਾ ਚੱਬੇਵਾਲ ਲਈ ਵੋਟਾਂ 13 ਨਵੰਬਰ 2024 ਨੂੰ ਪੈਣਗੀਆਂ ਅਤੇ 23 ਨਵੰਬਰ 2024 ਨੂੰ ਵੋਟਾਂ ਦੀ ਗਿਣਤੀ ਹੋਵੇਗੀ।ਨਾਮਜ਼ਦਗੀ ਪੱਤਰ 18 ਅਕਤੂਬਰ ਤੋਂ ਦਾਖਲ ਕੀਤੇ ਜਾ ਸਕਦੇ ਹਨ। ਨਾਮਜ਼ਦਗੀ ਪੱਤਰ ਦਾਖਲ ਕਰਨ ਦੀ ਆਖਰੀ ਮਿਤੀ 25 ਅਕਤੂਬਰ ਹੈ।ਨਾਮਜ਼ਦਗੀ ਪੱਤਰਾਂ ਦੀ ਪੜਤਾਲ 28 ਅਕਤੂਬਰ ਨੂੰ ਹੋਵੇਗੀ ਅਤੇ ਨਾਮਜ਼ਦਗੀ ਵਾਪਸ ਲੈਣ ਦੀ ਮਿਤੀ 30 ਅਕਤੂਬਰ 2024 ਹੈ। ਉਨ੍ਹਾਂ ਨੇ ਦੱਸਿਆ ਕਿ ਜ਼ਿਮਨੀ ਚੋਣ ਲਈ ਵਧੀਕ ਡਿਪਟੀ ਕਮਿਸ਼ਨਰ (ਜ) ਰਾਹੁਲ ਚਾਬਾ ਰਿਟਰਨਿੰਗ ਅਧਿਕਾਰੀ ਹੋਣਗੇ। ਨਾਮਜ਼ਦਗੀਆਂ ਉਨ੍ਹਾਂ ਦੇ ਦਫ਼ਤਰ ਵਿਚ ਨਿਰਧਾਰਿਤ ਦਿਨਾਂ ਦੌਰਾਨ ਸਵੇਰੇ 11 ਵਜੇ ਤੋਂ ਬਾਅਦ ਦੁਪਹਿਰ 3 ਵਜੇ ਤੱਕ ਲਈਆਂ ਜਾਣਗੀਆਂ। ਉਨ੍ਹਾਂ ਦੱਸਿਆ ਕਿ ਹਲਕੇ ਵਿਚ ਕੁੱਲ 205 ਪੋਲਿੰਗ ਸਟੇਸ਼ਨ ਹਨ ਅਤੇ ਵੋਟਰਾਂ ਦੀ ਗਿਣਤੀ 159141 ਹੈ, ਜਿਨ੍ਹਾਂ ਵਿਚ 83544 ਪੁਰਸ਼, 75593 ਮਹਿਲਾ, 4 ਟਰਾਂਸਜੈਂਡਰ, 21 ਐਨਆਰਆਈ ਅਤੇ 601 ਸਰਵਿਸ ਵੋਟਰ ਹਨ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ)-ਕਮ-ਰਿਟਰਨਿੰਗ ਅਫ਼ਸਰ ਰਾਹੁਲ ਚਾਬਾ, ਐਸ.ਪੀ. ਸਰਬਜੀਤ ਸਿੰਘ ਬਾਹੀਆ, ਚੋਣ ਤਹਿਸੀਲਦਾਰ ਸਰਬਜੀਤ ਸਿੰਘ ਤੋਂ ਇਲਾਵਾ ਵੱਖ-ਵੱਖ ਅਧਿਕਾਰੀ ਮੌਜੂਦ ਸਨ। ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਦੌਰਾਨ ਉਨ੍ਹਾਂ ਅਪੀਲ ਕੀਤੀ ਕਿ ਆਦਰਸ਼ ਚੋਣ ਜ਼ਾਬਤੇ ਦੀ ਪੂਰਨ ਪਾਲਣਾ ਨੂੰ ਯਕੀਨੀ ਬਣਾਇਆ ਜਾਵੇ। ਕਿਸੇ ਵੀ ਤਰ੍ਹਾਂ ਦੀ ਅਜਿਹੀ ਤਕਰੀਰ ਜਾਂ ਬਿਆਨਬਾਜ਼ੀ ਤੋਂ ਗੁਰੇਜ਼ ਕੀਤਾ ਜਾਵੇ ਜਿਸ ਨਾਲ ਮਾਹੌਲ ਖਰਾਬ ਹੁੰਦਾ ਹੋਵੇ।ਉਨ੍ਹਾਂ ਸਪੱਸ਼ਟ ਕੀਤਾ ਕਿ ਚੋਣ ਪ੍ਰਚਾਰ ਲਈ ਧਾਰਮਿਕ ਥਾਵਾਂ ਵੀ ਵਰਤੋਂ ਨਹੀਂ ਕੀਤੀ ਜਾ ਸਕਦੀ।ਜ਼ਿਲ੍ਹਾ ਪੱਧਰ 'ਤੇ ਕੰਟਰੋਲ ਰੂਮ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਕਮਰਾ ਨੰਬਰ 235 ਵਿਚ ਸਥਾਪਿਤ ਕੀਤਾ ਗਿਆ ਹੈ, ਜਿਸ ਦਾ ਨੰਬਰ 01882-225013 ਹੈ। ਉਨ੍ਹਾਂ ਕਿਹਾ ਕਿ ਚੋਣਾਂ ਨਾਲ ਸਬੰਧਤ ਕਿਸੇ ਵੀ ਤਰ੍ਹਾਂ ਦੇ ਸੁਝਾਅ, ਜਾਣਕਾਰੀ ਜਾਂ ਸ਼ਿਕਾਇਤ ਦੇ ਲਈ ਟੋਲ ਫਰੀ ਨੰਬਰ 1950 'ਤੇ ਸੰਪਰਕ ਕੀਤਾ ਜਾ ਸਕਦਾ ਹੈ।

## ਨੌਗੱਜਾ ਤੋਂ ਮੰਨਣ ਦਰਮਿਆਨ ਸੜਕ ਦਾ ਬੁਰਾ ਹਾਲ

**ਜਲੰਧਰ** : ਪਿੰਡ ਨੌਗੱਜਾ ਤੋਂ ਮੰਨਣ ਦਰਮਿਆਨ ਸੜਕ ਦਾ ਬੁਰਾ ਹਾਲ ਹੈ। ਥਾਂ-ਥਾਂ ਤੋਂ ਟੁੱਟੀ ਸੜਕ ਤੇ ਆਲੇ ਦੁਆਲੇ ਪਏ ਟੋਇਆਂ ਕਾਰਨ ਕਿਸੇ ਵੇਲੇ ਵੀ ਹਾਦਸਾ ਵਾਪਰਨ ਦਾ ਡਰ ਬਣਿਆ ਰਹਿੰਦਾ ਹੈ। ਜ਼ਿਕਰਯੋਗ ਹੈ ਕਿ ਇਸ ਸੜਕ ਤੋਂ ਸਕੂਲੀ ਬੱਸਾਂ ਲੰਘਦੀਆਂ ਹਨ ਤੇ ਕਿਸੇ ਵੇਲੇ ਵੀ ਹਾਦਸਾ ਹੋ ਸਕਦਾ ਹੈ। ਪਿੰਡ ਵਾਸੀਆਂ ਨੇ ਵਿਭਾਗ ਤੋਂ ਇਸ ਸੜਕ ਨੂੰ ਜਲਦ ਤੋਂ ਜਲਦ ਬਣਾਉਣ ਦੀ ਮੰਗ ਕੀਤੀ ਹੈ।

# ਰਾਸ਼ਟਰੀ ਹਿੰਦੂ ਚੇਤਨਾ ਮੰਚ ਦੀ ਅਹਿਮ ਮੀਟਿੰਗ

**ਅੰਮ੍ਰਿਤਸਰ**- ਰਾਸ਼ਟਰੀ ਹਿੰਦੂ ਚੇਤਨਾ ਮੰਚ ਦੀ ਇਕ ਅਹਿਮ ਮੀਟਿੰਗ ਸੂਬਾ ਪ੍ਰਧਾਨ ਅਨੁਜ ਖੇਮਕਾ ਦੀ ਪ੍ਰਧਾਨਗੀ ਹੇਠ ਧਰਮ ਸਿੰਘ ਮਾਰਕੀਟ ਵਿਖੇ ਬੁਲਾਈ ਗਈ। ਜਿਸ ਵਿਚ ਮੁੱਖ ਮਹਿਮਾਨ ਰਾਸ਼ਟਰੀ ਹਿੰਦੂ ਚੇਤਨਾ ਮੰਚ ਦੇ ਕੌਮੀ ਪ੍ਰਧਾਨ ਅਸ਼ੋਕ ਡਿੰਪੀ ਚੌਹਾਨ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ ।ਮੀਟਿੰਗ ਵਿੱਚ ਮੰਚ ਦੇ ਸਮੂਹ ਪਦਅਧਿਕਾਰੀਆਂ ਨੇ ਸ਼ਮੂਲੀਅਤ ਕੀਤੀ। ਮੰਚ ਦੀ ਮੀਟਿੰਗ ਵਿੱਚ ਜ਼ਿਲ੍ਹਾ ਪੱਧਰ 'ਤੇ ਨਿਯੁਕਤੀਆਂ ਕੀਤੀਆਂ ਗਈਆਂ। ਮੀਟਿੰਗ ਵਿੱਚ ਨਰੇਸ਼ ਮਹਾਜਨ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ, ਵਿਸ਼ਾਲ ਸ਼ਰਮਾ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ, ਜਸਪ੍ਰੀਤ ਜ਼ਿਲ੍ਹਾ ਜਾਇੰਟ ਸਕੱਤਰ, ਨਿਖਿਲ ਚੌਧਰੀ ਜ਼ਿਲ੍ਹਾ ਸਕੱਤਰ, ਪਾਰਸ ਸ਼ਰਮਾ ਜ਼ਿਲ੍ਹਾ ਮੀਤ ਪ੍ਰਧਾਨ, ਆਦੀਲ ਸ਼ੇਖ ਜ਼ਿਲ੍ਹਾ ਸਕੱਤਰ, ਰਾਹਿਲ ਮਹਾਜਨ ਜ਼ਿਲ੍ਹਾ ਮੀਤ ਪ੍ਰਧਾਨ, ਗੁਰਵਿੰਦਰ ਸਿੰਘ ਜ਼ਿਲ੍ਹਾ ਸਕੱਤਰ, ਅਨੁਸ਼ਅਲ ਨੂੰ ਜ਼ਿਲ੍ਹਾ ਸਕੱਤਰ ਨਿਯੁਕਤ ਕੀਤਾ ਗਿਆ । ਮੀਟਿੰਗ ਨੂੰ ਸੰਬੋਧਨ ਕਰਦਿਆਂ ਡਿੰਪੀ ਚੌਹਾਨ ਅਤੇ ਅਨੁਜ ਖੇਮਕਾ ਨੇ ਕਿਹਾ ਕਿ ਮੰਚ ਦਾ ਪਰਵਾਰ ਵਧਾਇਆ ਜਾ ਰਿਹਾ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਮੰਚ ਵਿੱਚ ਸੂਬਾ ਅਤੇ ਜ਼ਿਲ੍ਹਾ ਪੱਧਰ 'ਤੇ ਹੋਰ ਨਿਯੁਕਤੀਆਂ ਕੀਤੀਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਮੰਚ ਦਾ ਮੁੱਖ ਉਦੇਸ਼ ਸਮਾਜ ਦੀ ਸੇਵਾ ਕਰਨਾ, ਭ੍ਰਿਸ਼ਟਾਚਾਰ ਵਿਰੁੱਧ ਆਵਾਜ਼ ਬੁਲੰਦ ਕਰਨਾ ਹੈ। ਮੀਟਿੰਗ ਵਿੱਚ ਕੌਮੀ ਜਨਰਲ ਸਕੱਤਰ ਸੰਜੀਵ ਮਹਿਤਾ, ਪਦੇਸ਼ ਜਰਨਲ ਸਕੱਤਰ ਡੀ ਸੀ ਠਾਕੁਰ, ਅਮਨ ਜੋਸ਼ੀ, ਜੈਵਿਡ ਸ਼ੇਖ, ਪ੍ਰਦੀਪ ਸ਼ਰਮਾ, ਨਿਤਿਨ ਸਿੰਘ, ਰਾਕੇਸ਼ ਖੰਨਾ, ਸ਼ੰਕਰ ਅਰੋੜਾ, ਜੀਵਨ ਅਰੋੜਾ, ਗੋਲਡੀ ਲੂਥਰਾ, ਸਿੰਪਲ ਚੌਹਾਨ, ਭਾਵੇਸ਼ ਖੰਨਾ, ਲਵਲੀ ਸਿੰਘ, ਆਦਿ ਸਮੂਹ ਮੈਂਬਰਾਂ ਨੇ ਸ਼ਮੂਲੀਅਤ ਕੀਤੀ।

# ਸਰਪੰਚੀ ਦੀ ਚੋਣ ਪ੍ਰੇਮ ਰੱਕੜ ਨੇ ਵੱਡੇ ਫਰਕ ਨਾਲ ਜਿੱਤੀ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਅੱਜ ਪਿੰਡ ਰੱਕੜਾਂ ਢਾਹਾਂ ਵਿਖੇ ਪੰਚਾਇਤੀ ਚੋਣਾਂ ਦਾ ਅਮਲ ਅਮਨ ਅਮਾਨ ਢੰਗ ਨਾਲ ਨੇਪਰੇ ਚੜ੍ਹ ਗਿਆ।ਪਿੰਡ ਦੀ ਸਰਪੰਚੀ ਦੀ ਚੋਣ ਵਿੱਚ ਪ੍ਰੇਮ ਰੱਕੜ, ਸੋਢੀ ਰਾਮ ਦਰਮਿਆਨ ਸਿੱਧਾ ਮੁਕਾਬਲਾ ਹੋਇਆ।ਜਿਸ ਵਿੱਚ ਪ੍ਰੇਮ ਰੱਕੜ ਜੇਤੂ ਰਿਹਾ। ਪਿੰਡ ਦੀਆਂ ਕੁੱਲ ਵੋਟਾਂ ਪੋਲ ਵਿਚੋਂ 958 ਵੋਟਾਂ ਪੋਲ ਹੋਈਆਂ ਜਿਸ ਵਿਚੋਂ 514 ਵੋਟਾਂ ਲੈ ਕੇ ਪ੍ਰੇਮ ਰੱਕੜ ਨੇ ਜਿੱਤ ਪ੍ਰਾਪਤ ਕੀਤੀ ਅਤੇ ਉਸ ਦੇ ਵਿਰੋਧੀ ਸੋਢੀ ਰਾਮ ਨੂੰ 351 ਵੋਟਾਂ ਮਿਲੀਆਂ। ਕੁਲਵਿੰਦਰ ਕੌਰ, ਰਾਜਵਿੰਦਰ ਕੌਰ, ਰਾਜ ਕੁਮਾਰੀ, ਅੰਜਲ ਕੁਮਾਰ ਨਈਅਰ ਬਿਨਾਂ ਮੁਕਾਬਲਾ ਪੰਚ ਚੁਣੇ ਗਏ। ਸੰਦੀਪ ਕੌਰ 17 ਵੋਟਾਂ ਨਾਲ ਜੇਤੂ ਰਹੀ ।ਵਾਰਡ ਨੰਬਰ 3 ਵਿੱਚੋਂ ਉਮੀਦਵਾਰ ਮੁਕੇਸ਼ ਕੁਮਾਰ ਸ਼ੀਨਾ 30 ਵੋਟਾਂ ਲੈ ਕੇ ਜੇਤੂ ਰਿਹਾ ।ਵਾਰਡ ਨੰਬਰ 3 ਵਿੱਚੋਂ ਪਰਮਿੰਦਰ ਸਿੰਘ 18 ਵੋਟਾਂ ਲੈ ਕੇ ਜੇਤੂ ਰਿਹਾ।ਚੁਣੇ ਗਏ ਸਰਪੰਚ ਪ੍ਰੇਮ ਰੱਕੜ ਨੇ ਦੱਸਿਆ ਕਿ ਪਿੰਡ ਦੇ ਸਾਰੇ ਦੇ ਸਾਰੇ ਜੇਤੂ ਰਹੇ ਪੰਚ ਵੀ ਉਸ ਦੇ ਧੜੇ ਦੇ ਹਨ।ਉਨ੍ਹਾਂ ਇਸ ਜਿੱਤ ਲਈ ਪਿੰਡ ਵਾਸੀਆਂ ਦਾ ਧੰਨਵਾਦ ਕੀਤਾ।

# ਏਜੀਆਈ ਕਲਾ ਸੰਗੀਤ ਅਤੇ ਸੱਭਿਆਚਾਰਕ ਗਰੁੱਪ ਵੱਲੋਂ ਸੰਗੀਤਕ ਸ਼ਾਮ 25 ਨੂੰ

**ਜਲੰਧਰ ( ਰਾਜੇਸ਼ ਥਾਪਾ)** ਦੀਵਾਲੀ ਭਾਈਚਾਰਿਆਂ ਵਿੱਚ ਸਦਭਾਵਨਾ ਨੂੰ ਵਧਾਉਣ, ਪਰਿਵਾਰਕ ਬੰਧਨਾਂ ਨੂੰ ਮਜ਼ਬੂਤ ??ਕਰਨ ਦਾ ਤਿਉਹਾਰ ਹੈ।ਇਹ ਤਿਉਹਾਰ ਖੁਸ਼ੀ ਤੇ ਏਕਤਾ ਦੀ ਭਾਵਨਾ ਦਾ ਇੱਕ ਰੋਮਾਂਚਕ ਸਮਾਂ ਲਿਆਉਂਦਾ ਹੈ। ਲੋਕ ਤੋਹਫ਼ਿਆਂ ਦਾ ਆਦਾਨ-ਪ੍ਰਦਾਨ ਕਰਦੇ ਹਨ ਅਤੇ ਦੋਸਤਾਂ ਅਤੇ ਰਿਸ਼ਤੇਦਾਰਾਂ ਨੂੰ ਮਿਲਣ ਜਾਂਦੇ ਹਨ, ਜੋ ਵਧੇਰੇ ਸਮਾਜਿਕ ਸਦਭਾਵਨਾ ਪੈਦਾ ਕਰਦੇ ਹਨ।ਦੀਵਾਲੀ ਸਾਡੇ ਦੇਸ਼ ਵਿੱਚ ਸਭ ਤੋਂ ਮਹੱਤਵਪੂਰਨ ਤਿਉਹਾਰਾਂ ਵਿੱਚੋਂ ਇੱਕ ਹੈ। ਇਸ ਨੂੰ ਹਰ ਉਮਰ ਦੇ ਲੋਕਾਂ ਦੁਆਰਾ ਬਹੁਤ ਖੁਸ਼ੀ ਅਤੇ ਉਤਸ਼ਾਹ ਨਾਲ ਮਨਾਇਆ ਜਾਂਦਾ ਹੈ।ਇਸ ਸਾਲ ਏਜੀਆਈ ਆਰਟ ਮਿਊਜ਼ਿਕ ਐਂਡ ਕਲਚਰਲ ਗਰੁੱਪ 25 ਅਕਤੂਬਰ 2024 ਨੂੰ ਦੀਵਾਲੀ ਤੋਂ ਪਹਿਲਾਂ ਜਲੰਧਰ ਹਾਈਟਸ 1, ਕਲੱਬ ਦੇ ਬੈਂਕੁਏਟ ਹਾਲ ਵਿਖੇ ਇੱਕ ਸੰਗੀਤਕ ਸ਼ਾਮ ਦਾ ਆਯੋਜਨ ਕਰੇਗਾ। ਇਹ ਗਰੁੱਪ ਤਮਬੋਲਾ ਵਰਗੀਆਂ ਮੌਜ-ਮਸਤੀ ਦੀਆਂ ਖੇਡਾਂ ਦਾ ਆਯੋਜਨ ਵੀ ਕਰੇਗਾ ਅਤੇ ਜੇਤੂ ਖਿਡਾਰੀਆਂ ਨੂੰ ਬਹੁਤ ਹੀ ਆਕਰਸ਼ਕ ਇਨਾਮ ਵੀ ਦਿੱਤੇ ਜਾਣਗੇ।ਜੇਤੂਆਂ ਨੂੰ ਤੋਹਫ਼ੇ ਵਜੋਂ ਫਰਿੱਜ, ਟੀਵੀ ਆਦਿ ਦਿੱਤੇ ਜਾਣਗੇ ।ਇਸ ਮੌਕੇ ਕਲੱਬ ਵੱਲੋਂ ਆਪਣੇ ਰੈਸਟੋਰੈਂਟ ਵਿੱਚ ਇੱਕ ਵਿਸ਼ੇਸ਼ ਕਮਿਊਨਿਟੀ ਬੁਫੇ ਡਿਨਰ ਦਾ ਆਯੋਜਨ ਵੀ ਬਹੁਤ ਹੀ ਵਾਜਬ ਦਰਾਂ 'ਤੇ ਪੂਰਵ ਬੁਕਿੰਗ ਨਾਲ ਕੀਤਾ ਜਾਵੇਗਾ।ਇਨ੍ਹਾਂ ਸਮਾਗਮਾਂ ਵਿੱਚ ਸ਼ਮੂਲੀਅਤ ਕਰਨ ਲਈ ਸੁਸਾਇਟੀਆਂ ਦੇ ਵਸਨੀਕਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਭਾਗ ਲੈਣ ਲਈ ਆਪਣੀ ਰਜਿਸਟਰੇਸ਼ਨ ਕਰਵਾ ਰਹੇ ਹਨ।ਇਨ੍ਹਾਂ ਜਸ਼ਨਾਂ ਸਬੰਧੀ ਆਪਣੇ ਸੰਦੇਸ਼ ਵਿੱਚ ਏਜੀਆਈ ਇਨਫਰਾ ਲਿਮਟਿਡ ਦੇ ਮੈਨੇਜਿੰਗ ਡਾਇਰੈਕਟਰ ਸਰਦਾਰ ਸੁਖਦੇਵ ਸਿੰਘ ਨੇ ਕਿਹਾ ਕਿ ਅਜਿਹੇ ਸਮਾਗਮਾਂ ਦੇ ਆਯੋਜਨ ਨਾਲ ਸੁਸਾਇਟੀਆਂ ਇੱਕ ਖੁਸ਼ਹਾਲ ਮਾਹੌਲ ਸਿਰਜਦੀਆਂ ਹਨ, ਜਿੱਥੇ ਬੱਚਿਆਂ ਤੋਂ ਲੈ ਕੇ ਬਜ਼ੁਰਗਾਂ ਤੱਕ ਹਰ ਕੋਈ ਹਿੱਸਾ ਲੈ ਸਕਦਾ ਹੈ।ਇਹ ਕਮਿਊਨਿਟੀ ਦੇ ਅੰਦਰ ਮਜ਼ਬੂਤ ਰਿਸ਼ਤੇ ਬਣਾਉਣ ਵਿੱਚ ਮਦਦ ਕਰਦਾ ਹੈ ਅਤੇ ਦੀਵਾਲੀ ਵਰਗੇ ਤਿਉਹਾਰ ਨੂੰ ਹੋਰ ਵੀ ਖਾਸ ਬਣਾਉਂਦਾ ਹੈ। ਉਨ੍ਹਾਂ ਅੱਗੇ ਕਿਹਾ ਕਿ ਇਹ ਤਿਉਹਾਰ ਏਕਤਾ, ਖੁਸ਼ੀ ਅਤੇ ਸਾਂਝ ਨੂੰ ਵਧਾਵਾ ਦਿੰਦੇ ਹਨ, ਜੋ ਤਿਉਹਾਰ ਦਾ ਅਸਲ ਤੱਤ ਹਨ।



# ਐਸ ਐਚ ਓ ਸਿਟੀ ਬਲਾਚੌਰ ਨੇ ਰੂਲਾਂ ਦੀ ਉਲੰਘਣਾ ਕਰਨ 'ਤੇ ਕੀਤੇ ਚਲਾਨ



**ਬਲਾਚੌਰ (ਜਸਵਿੰਦਰ ਬੈਂਸ)**-ਭੁਲੇਖਾ ਚੌਕ ਗੜ੍ਹੀ ਕਾਨੂੰਗੋ (ਬਲਾਚੌਰ) ਵੱਲ ਆਉਣ ਜਾਣ ਵਾਲੇ ਮਨਚਲੇ ਅਤੇ ਟਰੈਫਿਕ ਨਿਯਮਾਂ ਦੀ ਉਲੰਘਣਾ ਕਰਕੇ ਵਾਹਨ ਚਲਾਉਣ ਵਾਲਿਆਂ ਵਿੱਚ ਉਸ ਮੌਕੇ ਹਫੜਾ ਦਫੜੀ ਮੱਚ ਗਈ ਜਦੋਂ ਸ਼ਾਮ ਹੁੰਦਿਆਂ ਹੀ ਐਸ ਐਚ ਓ ਸਿਟੀ ਬਲਾਚੌਰ ਸਤਨਾਮ ਸਿੰਘ ਵੱਲੋਂ ਸਮੇਤ ਪੁਲਸ ਪਾਰਟੀ ਨਾਕੇਬੰਦੀ ਕੀਤੀ ਗਈ। ਇਸ ਮੌਕੇ ਕਈ ਦੋਪਹੀਆ ਵਾਹਨ ਚਾਲਕ ਦੱਬੇ ਪੈਰੀਂ ਪਿੱਛੇ ਮੁੜਦੇ ਵੇਖੇ ਗਏ । ਮੁੱਖ ਥਾਣਾ ਅਫਸਰ ਸਿਟੀ ਸਤਨਾਮ ਸਿੰਘ ਦੀ ਟੀਮ ਵੱਲੋਂ ਕਈ ਦੋ ਪਹੀਆ ਵਾਹਨ ਚਾਲਕ ਬਗੈਰ ਹੈਲਮਟ ਜਿਹੜੇ ਇਧਰ ਉਧਰ ਨੂੰ ਖਿੰਡ ਰਹੇ ਸਨ, ਨੂੰ ਮੁਸਤੈਦੀ ਨਾਲ ਰੋਕਿਆ ਗਿਆ। ਰੂਲਾਂ ਦੀ ਉਲੰਘਣਾ ਕਰਕੇ ਵਾਹਨ ਚਲਾਉਣ ਵਾਲਿਆਂ ਅਤੇ ਪੁਲਸ ਵਿਚਕਾਰ ਫੜੋ ਫੜੀ ਦੇ ਚੱਲ ਰਹੇ ਇਸ ਦੌਰ ਨੂੰ ਵੇਖਣ ਤੇ ਇੰਝ ਲੱਗਾ ਜਿਵੇਂ ਪੁਲਸ ਵੱਲੋਂ ਕੋਈ ਵਿਸ਼ੇਸ਼ ਮੁਹਿੰਮ ਹੀ ਆਰੰਭੀ ਹੋਵੇ । ਸੜਕੀ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਦੇ ਚਲਾਨ ਕੱਟਦਿਆਂ ਐਸ ਐਚ ਓ ਸਿਟੀ ਸਤਨਾਮ ਸਿੰਘ ਨੇ ਕਿ ਆਖਿਆ ਕਿ ਉਨ੍ਹਾਂ ਵੱਲੋਂ ਜ਼ਿਲ੍ਹਾ ਪੁਲਸ ਮੁਖੀ ਡਾਕਟਰ ਮਹਿਤਾਬ ਸਿੰਘ ਅਤੇ ਡੀ ਐੱਸ ਪੀ ਸ਼ਾਮ ਸੁੰਦਰ ਸ਼ਰਮਾ ਦੇ ਦਿਸ਼ਾ ਨਿਰਦੇਸ਼ਾਂ ਹੇਠ ਸੜਕੀ ਨਿਯਮਾਂ ਨੂੰ ਇਨ ਬਿਨ ਲਾਗੂ ਕਰਨ ਲਈ ਅਤੇ ਤਿਉਹਾਰਾਂ ਦੇ ਸੀਜ਼ਨ ਨੂੰ ਮੁੱਖ ਰੱਖਦਿਆਂ ਵਿਸ਼ੇਸ਼ ਤੌਰ 'ਤੇ ਰੋਜ਼ਾਨਾ ਹੀ ਮੁਸਤੈਦੀ ਵਰਤਦਿਆਂ ਵੱਖ ਵੱਖ ਵਾਹਨਾਂ ਤੇ ਆਉਣ ਜਾਣ ਵਾਲੇ ਲੋਕ ਦੀ ਚੈਕਿੰਗ ਕੀਤੀ ਜਾ ਰਹੀ ਹੈ। ਜਿਹੜੇ ਜਿਹੜੇ ਵੀ ਵਾਹਨ ਚਾਲਕ ਸੜਕੀ ਨਿਯਮਾਂ ਦੀ ਉਲੰਘਣਾ ਕਰ ਰਹੇ ਹਨ, ਦੇ ਹੀ ਚਲਾਨ ਕੱਟੇ ਜਾ ਰਹੇ ਹਨ । ਉਨ੍ਹਾਂ ਦੱਸਿਆ ਕਿ ਕਿਸੇ ਨੂੰ ਵੀ ਸ਼ਖਸ ਨੂੰ ਟਰੈਫਿਕ ਨਿਯਮਾਂ ਦੀ ਨਿਯਮਾਂ ਦੀ ਉਲੰਘਣਾ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ ਅਤੇ ਜੇਕਰ ਕੋਈ ਵੀ ਵਾਹਨ ਚਾਲਕ ਨਿਯਮਾਂ ਦੀ ਉਲੰਘਣਾ ਕਰਦਾ ਹੋਇਆ ਕਾਬੂ ਆਇਆ ਤਾਂ ਉਸ ਨੂੰ ਬਖਸ਼ਿਆ ਨਹੀਂ ਜਾਵੇਗਾ । ਉਸ ਖਿਲਾਫ਼ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ ਭਾਵੇਂ ਉਹ ਕਿੰਨੀ ਵੀ ਪਹੁੰਚ ਵਾਲਾ ਕਿਉਂ ਨਾ ਹੋਵੇ । ਉਨ੍ਹਾਂ ਲੋਕਾਂ ਨੂੰ ਅਪੀਲ ਕਰਦਿਆਂ ਆਖਿਆ ਕਿ ਬਿਨਾਂ ਮਤਲਬ ਤੋਂ ਘਰ ਤੋਂ ਬਾਹਰ ਨਾ ਨਿਕਲੋ, ਸੜਕ ਉੱਪਰ ਚੱਲਣ ਸਮੇਂ ਨਿਯਮਾਂ ਦੀ ਪਾਲਣਾ ਕਰੋ, ਆਪਣੇ ਵਹੀਕਲਾਂ ਨੂੰ ਨਿਰਧਾਰਤ ਲਿਮਿਟ ਸਪੀਡ ਉੱਪਰ ਚਲਾਓ ਅਤੇ ਜ਼ਰੂਰਤ ਪੈਣ 'ਤੇ ਇੰਡੀਕੇਟਰਾਂ ਦੀ ਮਦਦ ਲਵੋ, ਸਫਰ ਸਮੇਂ ਆਪਣੀ ਅਤੇ ਦੂਜਿਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਓ।

## ਹੇਡੋਂ ਬੇਟ ਦੇ ਕਮਲਜੀਤ ਕੁਮਾਰ ਸਰਪੰਚ ਚੁਣੇ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਪਿੰਡ ਹੇਡੋਂ ਬੇਟ ਵਿਖੇ ਪੰਚਾਇਤੀ ਚੋਣਾਂ ਦੌਰਾਨ ਹੋਏ ਸਖ਼ਤ ਮੁਕਾਬਲੇ ਵਿੱਚ ਕਮਲਜੀਤ ਕੁਮਾਰ ਨੇ ਸਰਪੰਚ ਦੀ ਚੋਣ ਜਿੱਤੀ। ਇਕੱਤਰ ਕੀਤੀ ਜਾਣਕਾਰੀ ਮੁਤਾਬਿਕ ਕਮਲਜੀਤ ਕੁਮਾਰ ਨੇ ਆਪਣੇ ਵਿਰੋਧੀ ਚਮਨ ਲਾਲ ਨੂੰ 146 ਵੋਟਾਂ ਨਾਲ ਹਰਾਇਆ। ਪੰਚਾਂ ਦੀ ਚੋਣ ਵਿੱਚ ਵਾਰਡ ਨੰਬਰ 1 ਤੋਂ ਗੁਰਜੀਤ ਕੌਰ, ਵਾਰਡ ਨੰ. 2 ਤੋਂ ਜਸਵੀਰ ਸਿੰਘ, ਵਾਰਡ ਨੰਬਰ 3 ਤੋਂ ਗੁਰਵੀਰ ਸਿੰਘ, ਵਾਰਡ ਨੰਬਰ ਤੋਂ 4 ਅਸ਼ੋਕ ਕੁਮਾਰ, ਵਾਰਡ ਨੰਬਰ 5 ਤੋਂ ਹਰਪਾਲ ਕੌਰ, ਵਾਰਡ ਨੰ. 6 ਤੋਂ ਗੁਰਪਿੰਦਰ ਕੌਰ ਸੋਨੀ ਪਹਿਲਾਂ ਹੀ ਸਰਬਸੰਮਤੀ ਨਾਲ ਚੁਣੇ ਗਏ ਹਨ। ਇਸ ਤੋਂ ਇਲਾਵਾ ਵਾਰਡ ਨੰਬਰ 7 ਤੋਂ ਜਸਪ੍ਰੀਤ ਸਿੰਘ ਜੱਸਾ ਨੇ ਜਿੱਤ ਹਾਸਲ ਕੀਤੀ। ਜਿੱਤਣ ਤੋਂ ਬਾਅਦ ਸਮੂਹ ਪੰਚਾਇਤ ਨੇ ਗੁਰਦੁਆਰਾ ਸਾਹਿਬ ਮੱਥਾ ਟੇਕ ਕੇ ਗੁਰੂ ਦਾ ਸ਼ੁਕਰਾਨਾ ਕੀਤਾ। ਇਸ ਮੌਕੇ ਮੱਖਣ ਸਿੰਘ ਡਾਇਰੈਕਟਰ, ਸੁਰਿੰਦਰ ਸਿੰਘ ਯੂਐੱਸਏ ਸਾਬਕਾ ਸਰਪੰਚ, ਅੰਮ੍ਰਿਤ ਸਿੰਘ ਕੰਗ, ਸੱਜਣ ਸਿੰਘ, ਕੇਵਲ ਸਿੰਘ, ਜਸਵਿੰਦਰ ਸਿੰਘ ਧਾਂਦਲੀ ਨੰਬਰਦਾਰ, ਅਮਰ ਸਿੰਘ ਆੜ੍ਹਤੀ, ਪ੍ਰਿੰਸੀਪਲ ਸੁਰਜੀਤ ਸਿੰਘ, ਗੁਰਪਾਲ ਸਿੰਘ ਸਰਪੰਚ, ਬਾਬੂ ਸਤਪਾਲ, ਲਛਮਣ ਸਿੰਘ ਫੌਜੀ, ਬਾਬਾ ਪਰਮਾਨੰਦ, ਪੁਰਸ਼ੋਤਮ ਲਾਲ, ਇੰਦਰਜੀਤ ਸਿੰਘ, ਮਾਸਟਰ ਸੁਰਜੀਤ ਰਾਮ, ਜਗਦੀਸ਼ ਲਾਲ ਪ੍ਰਧਾਨ, ਮੀਤ ਪ੍ਰਧਾਨ ਕਸ਼ਮੀਰਾ ਸਿੰਘ, ਅਵਤਾਰ ਸਿੰਘ ਫੌਜੀ, ਹਰਦੀਪ ਸਿੰਘ ਮੌਜੂਦ ਸਨ।

## ਸਵਾਹਵਾਲਾ ਦੀ ਧੀ ਅਨੀਸ਼ਾ ਰਾਣੀ ਜੱਜ ਬਣੀ, ਪਿੰਡ 'ਚ ਖੁਸ਼ੀ ਦਾ ਮਾਹੌਲ



**ਜਲਾਲਾਬਾਦ (ਜੀਤ ਕੁਮਾਰ)**-ਜਲਾਲਾਬਾਦ ਸਬ-ਡਵੀਜ਼ਨ ਅਧੀਨ ਪੈਂਦੇ ਪਿੰਡ ਸਵਾਹਵਾਲਾ ਦੀ ਬੇਟੀ ਅਨੀਸ਼ਾ ਰਾਣੀ ਨੇ ਜੱਜ ਬਣ ਕੇ ਆਪਣੇ ਪਰਵਾਰ, ਪਿੰਡ ਤੇ ਇਲਾਕੇ ਦਾ ਨਾਂਅ ਰੌਸ਼ਨ ਕੀਤਾ ਹੈ। ਅਨੀਸ਼ਾ ਰਾਣੀ ਦਾ ਨਤੀਜਾ ਦੇਖ ਕੇ ਪਿੰਡ ਵਿੱਚ ਖੁਸ਼ੀ ਦਾ ਮਾਹੌਲ ਬਣ ਗਿਆ। ਪ੍ਰਾਪਤ ਜਾਣਕਾਰੀ ਅਨੁਸਾਰ ਜਲਾਲਾਬਾਦ ਸਬ-ਡਵੀਜ਼ਨ ਦੇ ਪਿੰਡ ਸਵਾਹਵਾਲਾ ਦੀ ਅਨੀਸ਼ਾ ਰਾਣੀ, ਹਰਿਆਣਾ ਨਿਆਇਕ ਸੇਵਾਵਾਂ ਦੀ ਪ੍ਰੀਖਿਆ ਵਿੱਚ 55ਵਾਂ ਰੈਂਕ ਪ੍ਰਾਪਤ ਕਰਕੇ ਜੱਜ ਬਣੀ ਹੈ। ਜਾਣਕਾਰੀ ਦਿੰਦਿਆਂ ਜੱਜ ਬਣੀ ਅਨੀਸ਼ਾ ਨੇ ਦੱਸਿਆ ਕਿ ਇਹ ਉਸ ਦੀ ਤੀਜੀ ਕੋਸ਼ਿਸ਼ ਸੀ ਤੇ ਪਹਿਲੀ ਵਾਰ ਉਸ ਨੇ ਹਰਿਆਣਾ ਜੁਡੀਸ਼ੀਅਲ ਸਰਵਿਸ ਦਾ ਟੈਸਟ ਦਿੱਤਾ ਸੀ, ਜਿਸ ਵਿੱਚ ਉਹ ਪੰਜਾਬ ਤੋਂ ਸਿਰਫ਼ 2 ਅੰਕ 'ਤੇ ਰਹਿ ਗਈ ਸੀ, ਹੁਣ ਤੀਸਰੀ ਵਾਰ ਸਰਵਿਸਿਜ਼ ਇਮਤਿਹਾਨ ਦਿੱਤਾ, ਜਿਸ ਨੂੰ ਉਸ ਨੇ ਪਾਸ ਕੀਤਾ ਅਤੇ 55ਵਾਂ ਰੈਂਕ ਹਾਸਲ ਕੀਤਾ। ਉਸ ਨੇ ਕਿਹਾ ਕਿ ਉਹ ਮੱਧ ਵਰਗੀ ਪਰਵਾਰ ਨਾਲ ਸਬੰਧਤ ਹੈ। ਉਸ ਦੇ ਪਿਤਾ ਇੱਕ ਵਰਕਸ਼ਾਪ ਵਿੱਚ ਕੰਮ ਕਰਦੇ ਸਨ ਤੇ ਉਸ ਕੋਲ ਸਿਰਫ਼ ਦੋ ਕਿੱਲੇ ਜ਼ਮੀਨ ਸੀ। ਉਸ ਨੇ ਦੱਸਿਆ ਕਿ ਉਸ ਦੇ ਪਿਤਾ ਨੂੰ ਹਾਦਸੇ ਵਿੱਚ ਬ੍ਰੇਨ ਹੈਮਰੇਜ ਹੋ ਗਿਆ ਸੀ ਤੇ ਇਸ ਦੌਰਾਨ ਉਸ ਨੂੰ ਆਪਣੀ ਪੜ੍ਹਾਈ ਨੂੰ ਕਾਇਮ ਰੱਖਣਾ ਬਹੁਤ ਮੁਸ਼ਕਲ ਹੋ ਗਿਆ ਸੀ। ਇਸ ਸਮੇਂ ਦੌਰਾਨ ਉਸ ਨੇ ਆਪਣੇ ਭਰਾ ਨਾਲ ਮਿਲ ਕੇ ਖੇਤਾਂ ਵਿੱਚ ਕੰਮ ਕੀਤਾ ਤੇ ਸਖ਼ਤ ਮਿਹਨਤ ਕਰਕੇ ਉਹ ਇਸ ਮੁਕਾਮ 'ਤੇ ਪਹੁੰਚੇ।

## ਲਗਾਤਾਰ ਸੱਤਵੀਂ ਵਾਰ ਜਾਤੀਵਾਲ 'ਚ ਅਕਾਲੀ ਪੱਖੀ ਪੰਚਾਇਤ ਬਣੀ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਬਲਾਕ ਮਾਛੀਵਾੜਾ ਅਧੀਨ ਪੈਂਦੇ ਪਿੰਡ ਜਾਤੀਵਾਲ ਜਿੱਥੇ ਕਿ ਲਗਾਤਾਰ ਸੱਤਵੀਂ ਵਾਰ ਸ਼੍ਰੋਮਣੀ ਅਕਾਲੀ ਦਲ ਪੱਖੀ ਪੰਚਾਇਤ ਬਣਾ ਇਸ ਪਿੰਡ ਨੇ ਨਵਾਂ ਇਤਿਹਾਸ ਸਿਰਜ ਦਿੱਤਾ ਹੈ। ਇਸ ਪਿੰਡ ਦੇ ਵਾਸੀ ਸ਼੍ਰੋਮਣੀ ਅਕਾਲੀ ਦਲ ਦੇ ਸਰਕਲ ਜਥੇਦਾਰ ਤੇ ਸਾਬਕਾ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਕੁਲਦੀਪ ਸਿੰਘ ਜਾਤੀਵਾਲ ਨੇ ਪੰਚਾਇਤ ਚੋਣਾਂ ਦੀ ਕਮਾਂਡ ਸੰਭਾਲੀ ਹੋਈ ਸੀ ਅਤੇ ਉਨ੍ਹਾਂ ਵਿਰੋਧੀਆਂ ਨੂੰ ਹਰਾ ਕੇ ਬਹੁਮੱਤ ਨਾਲ ਪਿੰਡ ਦੀ ਪੰਚਾਇਤ 'ਤੇ ਅਕਾਲੀ ਦਲ ਨੂੰ ਕਾਬਜ਼ ਕੀਤਾ। ਇਸ ਚੋਣ ਮੁਕਾਬਲੇ ਵਿੱਚ ਕੁਲਵੀਰ ਕੌਰ ਸਰਪੰਚ, ਕੁਲਦੀਪ ਸਿੰਘ, ਮਨਜੀਤ ਕੌਰ, ਰਜਿੰਦਰ ਸਿੰਘ, ਗਿਆਨ ਚੰਦ ਤੇ ਗੁਰਪ੍ਰੀਤ ਕੌਰ ਪੰਚਾਇਤ ਮੈਂਬਰ ਚੁਣੇ ਗਏ। ਇਸ ਮੌਕੇ ਸਮੂਹ ਚੁਣੀ ਗਈ ਪੰਚਾਇਤ ਨੇ ਗੁਰੂਘਰ ਵਿੱਚ ਨਤਮਸਤਕ ਹੋ ਸ਼ੁਕਰਾਨਾ ਕੀਤਾ ਤੇ ਸਰਕਲ ਜਥੇਦਾਰ ਕੁਲਦੀਪ ਸਿੰਘ ਜਾਤੀਵਾਲ ਨੇ ਨਵੀਂ ਚੁਣੀ ਪੰਚਾਇਤ ਨੂੰ ਸਿਰੋਪਾਓ ਪਾ ਕੇ ਸਨਮਾਨਤ ਕੀਤਾ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜਥੇਦਾਰ ਜਾਤੀਵਾਲ ਨੇ ਦੱਸਿਆ ਕਿ ਪਿੰਡ ਵਿੱਚ ਲਗਾਤਾਰ ਸੱਤਵੀਂ ਵਾਰ ਸ਼੍ਰੋਮਣੀ ਅਕਾਲੀ ਦਲ ਪੱਖੀ ਪੰਚਾਇਤ ਚੁਣੀ ਗਈ ਹੈ ਤੇ ਲੋਕਾਂ ਨੇ ਪਾਰਟੀ ਦੀਆਂ ਨੀਤੀਆਂ 'ਤੇ ਵਿਸ਼ਵਾਸ ਪ੍ਰਗਟਾਇਆ ਹੈ, ਜਿਸ ਲਈ ਉਹ ਉਨ੍ਹਾਂ ਦੇ ਧੰਨਵਾਦੀ ਹਨ।

## ਸੰਦੀਪ ਸਿੰਘ ਝਿੰਜਰ ਵੱਡੇ ਫ਼ਰਕ ਨਾਲ ਸਰਪੰਚ ਬਣੇ



**ਸਮਾਣਾ (ਇਕਬਾਲ ਸਿੰਘ ਬੱਲ)**-ਪੰਜਾਬ ਵਿੱਚ ਹੋਈਆਂ ਪੰਚਾਇਤੀ ਚੋਣਾਂ ਦੌਰਾਨ ਬਲਾਕ ਸਮਾਣਾ ਦੀਆਂ ਪੰਚਾਇਤੀ ਚੋਣਾਂ ਸ਼ਾਂਤੀਪੂਰਵਕ ਨੇਪਰੇ ਚੜ੍ਹੀਆਂ। ਪਿੰਡ ਬੰਮਣਾ ਦੇ ਸੰਦੀਪ ਸਿੰਘ ਝਿੰਜਰ ਆਪਣੇ ਵਿਰੋਧੀ ਉਮੀਦਵਾਰ ਨੂੰ ਵੱਡੇ ਫ਼ਰਕ ਨਾਲ ਹਰਾ ਕੇ ਸਰਪੰਚ ਦੀ ਚੋਣ ਜਿੱਤ ਗਏ।ਸੰਦੀਪ ਸਿੰਘ ਝਿੰਜਰ ਦੇ ਸਰਪੰਚ ਬਣਨ ਨਾਲ ਪਿੰਡ ਵਾਸੀਆਂ ਵਿੱਚ ਖੁਸ਼ੀ ਦੀ ਲਹਿਰ ਹੈ।ਨਵੇਂ ਬਣੇ ਸਰਪੰਚ ਸੰਦੀਪ ਸਿੰਘ ਝਿੰਜਰ ਤੇ ਮੈਂਬਰਾਂ ਲਵਪ੍ਰੀਤ ਕੌਰ, ਰਾਜਵੀਰ ਸਿੰਘ ਗੱਗੀ, ਗੁਰਸੇਵਕ ਸਿੰਘ ਦਲਿਓ, ਸਤਪਾਲ ਸਿੰਘ, ਗੁਰਜੰਟ ਸਿੰਘ ਜੰਟੀ, ਰਿੰਪੀ ਦੇਵੀ ਢਿੱਲੋਂ, ਮਨਪ੍ਰੀਤ ਕੌਰ ਕਾਲੇਕਾ ਨੇ ਪ੍ਰਮਾਤਮਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਜਿੱਤ ਗੁਰੂ ਗ੍ਰੰਥ ਸਾਹਿਬ ਜੀ ਦੇ ਆਸ਼ੀਰਵਾਦ ਸਦਕਾ ਹੋਈ ਹੈ। ਇਸ ਲਈ ਅਸੀਂ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਸ਼ੁਕਰਗੁਜ਼ਾਰ ਹਾਂ।ਉਨ੍ਹਾਂ ਕਿਹਾ ਕਿ ਉਹ ਸ੍ਰੀ ਗੁਰੂ ਗ੍ਰੰਥ ਸਾਹਿਬ ਤੇ ਪਿੰਡ ਵਾਸੀਆਂ ਦਾ ਤਹਿ ਦਿਲੋਂ ਧੰਨਵਾਦ ਕਰਦੇ ਹਨ, ਜਿਨ੍ਹਾਂ ਨੇ ਇੱਕ-ਇੱਕ ਵੋਟ ਪਾ ਕੇ ਉਸ ਨੂੰ ਵੱਡੇ ਫ਼ਰਕ ਨਾਲ ਜਿਤਾਇਆ ਹੈ। ਉਨ੍ਹਾਂ ਕਿਹਾ ਕਿ ਉਹ ਪਿੰਡ ਦੇ ਸਾਂਝੇ ਕੰਮਾਂ ਨੂੰ ਬਿਨਾਂ ਕਿਸੇ ਵਿਤਕਰੇ ਤੇ ਪੱਖਪਾਤ ਤੋਂ ਕਰਨਗੇ ਤੇ ਪਿੰਡ ਵਾਸੀਆਂ ਦੇ ਦੁੱਖ-ਸੁੱਖ ਵਿੱਚ ਸ਼ਰੀਕ ਹੋਣਗੇ। ਪਿੰਡ ਦੇ ਅਧੂਰੇ ਰਹਿੰਦੇ ਵਿਕਾਸ ਕਾਰਜਾਂ ਨੂੰ ਪਹਿਲ ਦੇ ਆਧਾਰ ਤੇ ਹੱਲ ਕਰਾਉਣ ਦੀ ਕੋਸ਼ਿਸ਼ ਕਰਨਗੇ।

## ਵਿਦਿਆਰਥੀਆਂ ਨੇ ਵੇਰਕਾ ਮਿਲਕ ਪਲਾਂਟ ਦਾ ਵਿੱਦਿਅਕ ਟੂਰ ਲਾਇਆ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਬਰੌਡਵੇ ਪਬਲਿਕ ਸਕੂਲ ਮਨਾਲ ਦੇ ਸਾਇੰਸ ਵਿਭਾਗ ਮੁਖੀ ਜਤਿੰਦਰ ਸਿੰਘ ਸ਼ਾਹੀ ਦੀ ਯੋਗ ਅਗਵਾਈ ਹੇਠ ਨੌਵੀਂ ਤੋਂ ਬਾਰ੍ਹਵੀਂ ਸ਼੍ਰੇਣੀ ਦੇ ਵਿਦਿਆਰਥੀਆਂ ਨੇ ਵੇਰਕਾ ਮਿਲਟ ਪਲਾਂਟ ਲੁਧਿਆਣਾ ਦਾ ਟੂਰ ਲਾਇਆ ਗਿਆ।ਇਸ ਟੂਰ ਦਾ ਮੁੱਖ ਮੰਤਵ ਵਿਦਿਆਰਥੀਆਂ ਲਈ ਪਲਾਂਟ ਵਿੱਚ ਕੰਮ ਕਰਨ ਵਾਲੇ ਵਾਤਾਵਰਣ ਦੀ ਵਿਹਾਰਕ ਸਮਝ ਪ੍ਰਾਪਤ ਕਰਨਾ ਸੀ, ਤਾਂ ਜੁ ਪੜ੍ਹਾਈ ਦੌਰਾਨ ਵਿਦਿਆਰਥੀਆਂ ਅੰਦਰ ਸਿਧਾਂਤਕ ਤੇ ਵਿਹਾਰਕ ਗਿਆਨ ਵਿਚਕਾਰ ਪਾੜੇ ਨੂੰ ਪੂਰਾ ਕੀਤਾ ਜਾ ਸਕੇ।ਇਹ ਦੌਰਾ ਬਹੁਤ ਅਰਥ ਭਰਪੂਰ ਰਿਹਾ।ਵਿਦਿਆਰਥੀਆਂ ਨੂੰ ਦੁੱਧ ਨੂੰ ਪੇਸਚਰਾਈਜੇਸ਼ਨ ਕਰਨ ਤੇ ਉਸ ਤੋਂ ਬਣਨ ਵਾਲੇ ਪਦਾਰਥਾਂ ਨੂੰ ਪੈਕਿੰਗ ਕਰਨ ਦੀ ਸਿੱਧੀ ਪ੍ਰਕਿਰਿਆ ਦਿਖਾ ਕੇ ਉਨ੍ਹਾਂ ਦੀ ਜਾਣਕਾਰੀ ਵਿੱਚ ਵਾਧਾ ਕੀਤਾ ਗਿਆ।ਸਕੂਲ ਚੇਅਰਮੈਨ ਰਣਜੀਤ ਸਿੰਘ ਚੀਮਾ, ਡਾਇਰੈਕਟਰ ਸ੍ਰੀਮਤੀ ਨਵਰੀਤ ਕੌਰ ਚੀਮਾ ਤੇ ਪ੍ਰਿੰਸੀਪਲ ਮੁਹੰਮਦ ਆਰਿਫ਼ ਸੈਫ਼ੀ ਨੇ ਸਾਇੰਸ ਵਿਭਾਗ ਦੇ ਇਸ ਉੱਦਮ ਦੀ ਸ਼ਲਾਘਾ ਕਰਦੇ ਹੋਏ ਭਵਿੱਖ ਵਿੱਚ ਵੀ ਅਜਿਹੇ ਵਿੱਦਿਅਕ ਦੌਰਿਆਂ ਦੀ ਯੋਜਨਾਬੰਦੀ ਕਰਨ ਲਈ ਪ੍ਰੇਰਤ ਕੀਤਾ।

## ਭਗਵਾਨ ਵਾਲਮੀਕ ਦਾ ਪ੍ਰਗਟ ਦਿਵਸ ਮਨਾਇਆ



**ਦਿੜ੍ਹਬਾ (ਜਸਵੀਰ ਲਾਡੀ)**-ਪਿੰਡ ਛਾਜਲੀ ਵਿਖੇ ਭਗਵਾਨ ਮਹਾਂਰਿਸ਼ੀ ਵਾਲਮੀਕ ਕਮੇਟੀ ਤੇ ਨੌਜਵਾਨ ਸਭਾ ਛਾਜਲੀ (ਰਜਿ: 9289) ਵੱਲੋਂ ਮਹਾਂਰਿਸ਼ੀ ਵਾਲਮੀਕ ਦਾ ਪ੍ਰਗਟ ਦਿਵਸ ਮਨਾਇਆ ਗਿਆ, ਜਿਸ ਵਿੱਚ ਸ਼੍ਰੀ ਗੁਰੂ ਗ੍ਰੰਥ ਸਾਹਿਬ ਦੇ ਆਖੰਡ ਪਾਠ ਦੇ ਭੋਗ ਪਾਏ ਗਏ।ਬਾਬਾ ਬਲਵੀਰ ਸਿੰਘ ਭਵਾਨੀਗੜ੍ਹ ਵਾਲਿਆਂ ਦੇ ਕੀਰਤਨ ਜਥੇ ਨੇ ਰਸਭਿੰਨਾ ਕੀਰਤਨ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ।ਅਮਰੀਕ ਸਿੰਘ ਛਾਜਲੀ ਦੇ ਕਵੀਸ਼ਰੀ ਜਥੇ ਰਿਸ਼ੀ ਵਾਲਮੀਕ ਦੀ ਉਪਮਾ ਕੀਤੀ।ਇਸ ਮੌਕੇ ਪੰਜਾਬ ਦੇ ਖ਼ਜ਼ਾਨਾ ਮੰਤਰੀ ਹਰਪਾਲ ਸਿੰਘ ਚੀਮਾ ਦੇ ਪੀ.ਏ. ਤੇਜਿੰਦਰ ਸਿੰਘ ਸੋਹੀ ਵਿਸ਼ੇਸ਼ ਤੌਰ 'ਤੇ ਪਹੁੰਚੇ।ਇਸ ਤੋਂ ਬਿਨਾਂ ਛੋਟੇ ਮਹੰਤ ਸ੍ਰੀ ਅਮਰਜੀਤ ਬਨ ਵੱਡਾ ਡੇਰਾ ਛਾਜਲੀ, ਅਮਰੀਕ ਸਿੰਘ ਧਾਲੀਵਾਲ ਪ੍ਰਧਾਨ ਆੜ੍ਹਤੀ ਐਸੋਸੀਏਸ਼ਨ, ਹਰਵਿੰਦਰ ਸਿੰਘ ਮੰਡੇਰ, ਇੰਦਰਜੀਤ ਸਿੰਘ ਬਾਵਾ, ਕਮੇਟੀ ਮੈਂਬਰ ਤੇ ਪਿੰਡ ਦੇ ਪਤਵੰਤੇ ਹਾਜ਼ਰ ਸਨ।

# ਚੋਣ ਕਮਿਸ਼ਨਰ ਦੇ ਮਾੜੇ ਪ੍ਰਬੰਧਾਂ ਕਰਕੇ ਵੋਟਰ ਰਾਤ ਦੇ ਦਸ ਵਜੇ ਤੱਕ ਲਾਈਨਾਂ 'ਚ ਰਹੇ ਖੜ੍ਹੇ !



**ਦਿੜ੍ਹਬਾ (ਜਸਵੀਰ ਲਾਡੀ)**-ਵਿਧਾਨ ਸਭਾ ਹਲਕਾ ਦਿੜ੍ਹਬਾ ਦਾ ਸਭ ਤੋਂ ਵੱਡਾ ਪਿੰਡ ਛਾਜਲੀ, ਜਿਸ ਦੀ ਵੋਟ 10,000 ਦੇ ਲੱਗਭੱਗ ਹੈ।ਪੰਚੀ-ਸਰਪੰਚੀ ਦੀ ਚੋਣ ਲਈ ਚੋਣ ਪ੍ਰਕਿਰਿਆ ਸ਼ਾਂਤਮਈ ਢੰਗ ਨਾਲ ਨੇਪਰੇ ਚੜ੍ਹ ਗਈ ਹੈ, ਪਰ ਇਸ ਵਾਰ ਜਿੰਨੀ ਖੱਜਲ-ਖੁਆਰੀ ਵੋਟਰਾਂ ਨੇ ਝੱਲੀ ਹੈ ਪਹਿਲਾਂ ਕਦੇ ਦੇਖੀ ਨਹੀਂ ਚੋਣ ਕਮਿਸ਼ਨਰ ਦੇ ਮਾੜੇ ਪ੍ਰਬੰਧਾਂ ਕਰਕੇ ਵੋਟਰ ਰਾਤ ਦੇ ਦਸ ਵਜੇ ਤੱਕ ਲਾਈਨਾਂ ਵਿੱਚ ਖੜ੍ਹ ਕੇ ਵੋਟ ਪਾਉਣ ਦੀ ਉਡੀਕ ਕਰਦੇ ਰਹੇ।

ਪਿੰਡ 13 ਵਾਰਡਾਂ ਵਿੱਚ ਵੰਡਿਆ ਹੋਇਆ ਹੈ, ਹਰੇਕ ਪੋਲਿੰਗ ਸਟੇਸ਼ਨ 'ਤੇ ਇੱਕ ਬੂਥ ਇੱਕਲਾ ਤੇ ਦੋ ਗਲਜੋਟ ਕੀਤੇ ਗਏ, ਗਲਜੋਟ ਕੀਤੇ ਬੂਥਾਂ 'ਤੇ ਸਟਾਫ਼ ਇੱਕ ਬੂਥ ਜਿੰਨਾ ਹੀ ਤੇ ਸੰਦੂਕੜੀ ਵੀ ਇੱਕ, ਜਿਸ ਕਰਕੇ ਵੋਟ ਪਾਉਣ ਤੇ ਸਮਾਂ ਜ਼ਿਆਦਾ ਲੱਗਦਾ ਸੀ।ਮੀਡੀਆ ਕਰਮੀਆਂ ਤੇ ਵੱਖ ਵੱਖ ਪਾਰਟੀਆਂ ਦੇ ਲੋਕਲ ਲੀਡਰਾਂ ਵੱਲੋਂ ਵਾਰ ਵਾਰ ਪ੍ਰਸ਼ਾਸਨ ਦੇ ਧਿਆਨ ਵਿੱਚ ਲਿਆਂਦਾ ਗਿਆ। ਐੱਸ.ਡੀ.ਐੱਮ. ਤੇ ਤਹਿਸੀਲਦਾਰ ਸੁਨਾਮ ਪੋਲਿੰਗ ਬੂਥਾਂ 'ਤੇ ਗੇੜਾ ਮਾਰ ਇਹ ਕਹਿ ਕੇ ਚਲੇ ਗਏ ਕਿ ਅਸੀਂ ਪੋਲਿੰਗ ਬੂਥ ਤਾਂ ਨਹੀਂ ਵੱਖਰੇ ਕਰ ਸਕਦੇ, ਅਸੀਂ ਸਟਾਫ਼ ਵਧਾ ਦਿੰਦੇ ਹਾਂ, ਪਰ ਉਹ ਵੀ ਜ਼ੁਬਾਨੀ ਕਲਾਮੀ ਹੀ ਰਿਹਾ ਤੇ ਵੋਟਰ ਪ੍ਰਸ਼ਾਸਨ ਦੀਆਂ ਨਿਕਾਮੀਆਂ ਨੂੰ ਕੋਸਦੇ ਰਹੇ ਤੇ ਵੋਟਾਂ ਪਾਉਂਦੇ ਰਹੇ।ਪਿੰਡ ਦੀ 13 ਮੈਂਬਰੀ ਪੰਚਾਇਤ ਲਈ ਲੱਗਭੱਗ 26 ਉਮੀਦਵਾਰ ਚੋਣ ਮੈਦਾਨ ਵਿੱਚ ਸਨ ਤੇ ਸਰਪੰਚੀ ਦੀ ਚੋਣ ਜਨਰਲ ਕੈਟਾਗਿਰੀ ਵਿੱਚੋਂ ਹੋਈ ਹੈ।ਸਰਪੰਚੀ ਦੇ ਤਿੰਨ ਉਮੀਦਵਾਰ ਚੋਣ ਮੈਦਾਨ ਵਿੱਚ ਸਨ, ਪਰ ਦੱਸ ਦੇਈਏ ਕਿ ਇਸ ਵਿੱਚ ਇੱਕ ਨੌਜਵਾਨ ਸਤਗੁਰ ਸਿੰਘ ਐੱਸ. ਸੀ. ਭਾਈਚਾਰੇ ਵਿੱਚੋਂ ਜਨਰਲ ਦਾ ਮੁਕਬਲਾ ਕਰਨ ਲਈ ਨਿੱਤਰਿਆ ਸੀ।ਸਰਪੰਚੀ ਦੀ ਝੰਡੀ ਆਮ ਆਦਮੀ ਪਾਰਟੀ ਦੇ ਸਰਗਰਮ ਵਰਕਰ ਗੁਰਬਿਆਸ ਸਿੰਘ ਬਿਆਸੀ ਨੇ 4927 ਵੋਟਾਂ ਲੈ ਕੇ ਚਾਰੇ ਪਾਸੇ ਝਾੜੂ ਮਾਰ ਕੇ ਆਪਣੇ ਹੱਥ ਲੈ ਲਈ ਹੈ।ਪੰਚੀ ਜਿਨ੍ਹਾਂ ਦੇ ਹੱਥ ਆਈ ਵਾਰਡ ਨੰ: 1 ਕਿਰਨਪਾਲ ਕੌਰ, 2 'ਚ ਸਰਬਜੀਤ ਕੌਰ, 3 'ਚ ਦਲਜੀਤ ਸਿੰਘ, 4 'ਚ ਸਤਗੁਰ ਸਿੰਘ, 5 'ਚ ਸੰਸਾਰ ਸਿੰਘ (ਠੰਡੂ ਬੋਲਾ), 6 'ਚ ਗੁਰਸੇਵਕ ਸਿੰਘ ਧਾਲੀਵਾਲ, 7 'ਚ ਅਜੀਤ ਸਿੰਘ ਵਾਲੀਆ, 8 'ਚ ਗਗਨਜੀਤ ਸਿੰਘ, 9 'ਚ ਹੁਸਨਪ੍ਰੀਤ ਸਿੰਘ ਚਾਹਲ, 10 'ਚ ਗੁਰਮੀਤ ਕੌਰ ਮਾਤਾ ਦੀਪ ਸਿੰਘ ਕੰਬੋਜ, ਵਾਰਡ ਨੰਬਰ 11 'ਚ ਗੁਰਵਿੰਦਰ ਕੌਰ ਮਾਤਾ ਲੱਕੀ ਭਾਓ, 12 'ਚ ਸਿਮਰਨ ਜਿੰਦਲ, 13 'ਚ ਬਲਜੀਤ ਸਿੰਘ ਨੂੰ ਲੋਕਾਂ ਨੇ ਵੋਟਾਂ ਪਾ ਕੇ ਮਾਣ ਸਤਿਕਾਰ ਦਿੱਤਾ ਹੈ।ਪੱਤਰਕਾਰਾਂ ਨਾਲ ਅੱਜ ਸਮੁੱਚੀ ਪੰਚਾਇਤ ਨੇ ਧੰਨਵਾਦੀ ਦੌਰੇ ਦੌਰਾਨ ਗੱਲਬਾਤ ਕਰਦਿਆਂ ਕਿਹਾ ਹੈ ਕਿ ਜਿਸ ਵਿਸ਼ਵਾਸ ਨਾਲ ਲੋਕਾਂ ਨੇ ਸਾਨੂੰ ਜਿਤਾਇਆ ਹੈ, ਅਸੀਂ ਉਸ ਵਿਸ਼ਵਾਸ ਨੂੰ ਟੁੱਟਣ ਨਹੀਂ ਦੇਵਾਂਗੇ।

## ਰੇਲ ਗੱਡੀਆਂ ਨੂੰ ਕੀਤਾ ਬਹਾਲ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** : ਰੇਲਵੇ ਯਾਤਰੀਆਂ ਦੀ ਸਹੂਲਤ ਲਈ ਜੋਗਿੰਦਰ ਨਗਰ ਤੇ ਬੈਜਨਾਥ ਪਪਰੋਲਾ ਵਿਚਕਾਰ 18 ਅਕਤੂਬਰ 2024 ਤੋਂ ਰੇਲ ਗੱਡੀਆਂ ਨੂੰ ਬਹਾਲ ਕੀਤਾ ਜਾਵੇਗਾ। ਟਰੇਨ ਨੰਬਰ 04601 ਬੈਜਨਾਥ ਪਪਰੋਲਾ ਤੋਂ ਸਵੇਰੇ 8 ਵਜੇ ਚੱਲੇਗੀ ਤੇ ਜੋਗਿੰਦਰ ਨਗਰ ਸਵੇਰੇ 9.35 ਵਜੇ ਪਹੁੰਚੇਗੀ ਤੇ ਵਾਪਸੀ ਵਿੱਚ ਟਰੇਨ ਨੰਬਰ 04602 ਜੋਗਿੰਦਰ ਨਗਰ ਤੋਂ ਸਵੇਰੇ 10.30 ਵਜੇ ਚੱਲੇਗੀ ਤੇ ਦੁਪਹਿਰ 12 ਵਜੇ ਬੈਜਨਾਥ ਪਪਰੋਲਾ ਪਹੁੰਚੇਗੀ।ਟਰੇਨ ਨੰਬਰ 01609 ਬੈਜਨਾਥ ਪਪਰੋਲਾ ਤੋਂ ਦੁਪਹਿਰ 13 ਵਜੇ ਚੱਲੇਗੀ ਤੇ ਜੋਗਿੰਦਰ ਨਗਰ ਦੁਪਹਿਰ 14.35 'ਤੇ ਪਹੁੰਚੇਗੀ ਅਤੇ ਵਾਪਸੀ 'ਚ ਟਰੇਨ ਨੰਬਰ 01610 ਜੋਗਿੰਦਰ ਨਗਰ ਤੋਂ 15.30 'ਤੇ ਰਵਾਨਾ ਹੋਵੇਗੀ ਅਤੇ ਬੈਜਨਾਥ ਪਪਰੋਲਾ ਤੋਂ ਸ਼ਾਮ 17 ਵਜੇ ਪਹੁੰਚੇਗੀ।ਇਹ ਟਰੇਨਾਂ ਦੋਵੇਂ ਦਿਸ਼ਾਵਾਂ ਵਿਚਾਲੇ ਆਹਜੂ ਸਟੇਸ਼ਨ 'ਤੇ ਰੁਕਣਗੀਆਂ।

ਜ਼ਿਕਰਯੋਗ ਹੈ ਕਿ 26 ਸਤੰਬਰ 2024 ਤੋਂ ਬੈਜਨਾਥ ਪਪਰੋਲਾ-ਕਾਂਗੜਾ ਵਿਚਕਾਰ ਰੇਲ ਸੇਵਾ (ਟਰੇਨਾਂ ਦੇ ਦੋ ਜੋੜੇ) ਨੂੰ ਬਹਾਲ ਕਰ ਦਿੱਤਾ ਗਿਆ ਸੀ।

# ਆਸਰਾ ਫਾਊਂਡੇਸ਼ਨ ਬਰੇਟਾ ਤੇ ਸ਼ਹਿਰ ਵਾਸੀਆਂ ਦੇ ਸਹਿਯੋਗ ਨਾਲ ਲਿਆਂਦੀ ਐਂਬੂਲੈਂਸ



**ਬਰੇਟਾ (ਗੋਬਿੰਦ ਸ਼ਰਮਾ)**

ਆਸਰਾ ਫਾਊਂਡੇਸ਼ਨ ਵੱਲੋਂ ਇੱਕ ਨਵੀਂ ਐਂਬੂਲੈਂਸ ਜਿਸ ਦਾ ਨਾਂਅ ਜਨਸ਼ਕਤੀ ਐਂਬੂਲੈਂਸ ਰੱਖਿਆ ਗਿਆ, ਸਾਰੇ ਸ਼ਹਿਰ ਦੀ ਹਾਜ਼ਰੀ ਵਿੱਚ ਕ੍ਰਿਸ਼ਨਾ ਮੰਦਰ ਕੋਲ ਜਨਸ਼ਕਤੀ ਐਂਬੂਲੈਂਸ ਇਲਾਕੇ ਨੂੰ ਸਮਰਪਤ ਕਰਦਿਆਂ ਛੋਟੀਆਂ ਬੱਚੀਆਂ ਤੋਂ ਉਦਘਾਟਨ ਕਰਾ ਕੇ ਲੋਕ-ਅਰਪਣ ਕੀਤੀ ਗਈ। ਇਸ ਐਂਬੂਲੈਂਸ ਨੂੰ ਲਿਆਉਣ ਦੀ ਅਗਵਾਈ ਮਾਸਟਰ ਵਿਨੋਦ ਕੁਮਾਰ, ਉਨ੍ਹਾਂ ਦੀ ਪੂਰੀ ਟੀਮ ਤੇ ਆਸਰਾ ਫਾਊਂਡੇਸ਼ਨ ਦੇ ਸਹਿਯੋਗ ਨਾਲ ਕੀਤੀ ਗਈ, ਜਿਸ 'ਚ ਸਾਰੇ ਸ਼ਹਿਰ ਤੇ ਇਲਾਕਾ ਨਿਵਾਸੀਆਂ ਵੱਲੋਂ ਪੂਰੇ ਤਨ, ਮਨ, ਧਨ ਨਾਲ ਯੋਗਦਾਨ ਪਾਇਆ ਗਿਆ, ਜਿਸ ਦੇ ਚੱਲਦਿਆਂ ਇਕ ਲੱਖ ਰੁਪਿਆ ਨਰੇਸ਼ ਸਿੰਗਲਾ ਖੁਡਾਲ ਵਾਲੇ (ਪੰਚਕੂਲਾ), ਇੱਕ ਲੱਖ ਰੁਪਿਆ ਅਨਮੋਲ ਗੁਪਤਾ (ਮੰਗਲ ਮੱਲ ਸੋਹਣ ਮੱਲ) ਵੱਲੋਂ ਆਪਣੀ ਨੇਕ ਕਮਾਈ ਵਿੱਚੋਂ ਐਂਬੂਲੈਂਸ ਲਈ ਦਿੱਤੇ ਗਏ।

ਆਸਰਾ ਫਾਊਂਡੇਸ਼ਨ ਬਰੇਟਾ ਦੇ ਪ੍ਰਧਾਨ ਡਾਕਟਰ ਗਿਆਨ ਚੰਦ ਅਜ਼ਾਦ ਤੇ ਸੁਖਪਾਲ ਸਿੰਘ ਪੰਜਾਬ ਪੁਲਸ ਮੁੱਖ ਸਲਾਹਕਾਰ ਵੱਲੋਂ ਸਾਰੇ ਹੀ ਦਾਨੀਆ ਸੇਵਾਦਾਰਾਂ ਸਹਿਯੋਗੀਆਂ ਦਾ ਐਂਬੂਲੈਂਸ ਦੇ ਕਾਰਜ ਨੂੰ ਨੇਪਰੇ ਚਾੜ੍ਹਨ ਲਈ ਧੰਨਵਾਦ ਕਰਦਿਆਂ ਕਿਹਾ ਕਿ ਜੋ ਜ਼ਿੰਮੇਵਾਰੀ ਤੁਸੀਂ ਟੀਮ ਆਸਰਾ ਨੂੰ ਦਿੱਤੀ ਹੈ, ਉਸ ਨੂੰ ਅਸੀਂ ਪੂਰੀ ਤਨਦੇਹੀ ਨਾਲ ਨਿਭਾਵਾਂਗੇ। ਇਹ ਐਂਬੂਲੈਂਸ ਦੀਆਂ ਸੇਵਾਵਾਂ 24 ਘੰਟੇ ਹਾਜ਼ਰ ਰਹਿਣਗੀਆਂ। ਐਂਬੂਲੈਂਸ ਫੋਨ ਨੰਬਰ 9464603961 ਜਾਰੀ ਕੀਤਾ ਗਿਆ।

## ਕੁੜੀਆਂ ਦੀ ਜੂਨੀਅਰ ਖੋ-ਖੋ ਟੀਮ ਚੈਂਪੀਅਨਸ਼ਿਪ ਲਈ ਰਵਾਨਾ



**ਲਹਿਰਾਗਾਗਾ (ਪੱਤਰ ਪ੍ਰੇਰਕ)**-ਹੋਲੀ ਮਿਸ਼ਨ ਇੰਟਰਨੈਸ਼ਨਲ ਸਕੂਲ ਦੀ ਕੁੜੀਆਂ ਦੀ ਜੂਨੀਅਰ ਖੋ-ਖੋ ਟੀਮ ਕੋਚ ਚੰਦਨ ਮੰਗਲ ਦੀ ਅਗਵਾਈ ਹੇਠ ਕਰਨਾਲ (ਹਰਿਆਣਾ) ਵਿਖੇ ਹੋਣ ਵਾਲੀ ਸੀਬੀਐਸਈ ਨੈਸ਼ਨਲ ਖੋ-ਖੋ ਚੈਂਪੀਅਨਸ਼ਿਪ ਲਈ ਪ੍ਰਬੰਧਕ ਕੰਵਲਜੀਤ ਸਿੰਘ ਢੀਂਡਸਾ ਤੇ ਮੈਡਮ ਅਮਨ ਢੀਂਡਸਾ ਨੇ ਰਵਾਨਾ ਕੀਤੀ।ਟੀਮ ਨੇ ਕਲੱਸਟਰ-17 ਦੇ ਮੁਕਾਬਲਿਆਂ ਵਿੱਚ ਵਿਰੋਧੀ ਟੀਮਾਂ ਨੂੰ ਵੱਡੇ ਫਰਕ ਨਾਲ ਹਰਾ ਕੇ ਪਹਿਲਾ ਸਥਾਨ ਹਾਸਲ ਕੀਤਾ ਸੀ।ਖਿਡਾਰਨਾਂ ਨੂੰ ਸ਼ੁਭਕਾਮਨਾਵਾਂ ਦਿੰਦੇ ਹੋਏ ਕੰਵਲਜੀਤ ਸਿੰਘ ਢੀਂਡਸਾ ਨੇ ਕਿਹਾ ਕਿ ਖੇਡਾਂ ਹਰੇਕ ਵਿਦਿਆਰਥੀ ਦੇ ਵਿਅਕਤੀਗਤ ਵਿਕਾਸ ਲਈ ਜ਼ਰੂਰੀ ਹਨ।ਇਕੱਲੇ ਸਰੀਰਕ ਵਿਕਾਸ ਲਈ ਹੀ ਨਹੀਂ, ਸਗੋਂ ਮਾਨਸਿਕ ਤੇ ਸਮਾਜਿਕ ਵਿਕਾਸ ਲਈ ਵੀ ਖੇਡਾਂ ਜ਼ਰੂਰੀ ਹਨ।ਟੀਮ ਵਿੱਚ ਸ਼ਾਮਲ ਖਿਡਾਰਨਾਂ ਗੁਰਨੂਰ ਵੜੈਚ, ਸਵਰੀਨ ਸਰਾਓ, ਲਵਨੀਤ ਧਦਰਾਓ, ਮਹਿਕਪ੍ਰੀਤ ਕੌਰ, ਮਨਸੀਰਤ ਸਰਾਓ, ਮਾਨਵੀ ਵੜੈਚ, ਯੁਵਲੀਨ ਵੜੈਚ, ਹਰਕੀਰਤ ਗਿੱਲ, ਸਹਿਜਪ੍ਰੀਤ ਸਰਾਓ ਤੇ ਖੁਸ਼ਦੀਪ ਸਰਾਓ ਨੇ ਖੇਡ ਭਾਵਨਾ ਨਾਲ ਖੇਡਣ ਦਾ ਪ੍ਰਣ ਲਿਆ।ਇਸ ਮੌਕੇ ਮੈਡਮ ਹਰਪ੍ਰੀਤ ਕੌਰ ਵੀ ਹਾਜ਼ਰ ਸਨ।

# ਕੋਹਲੀ ਦੇ ਯਤਨਾਂ ਸਦਕਾ ਗ੍ਰਾਮ ਪੰਚਾਇਤ ਨਿਊ ਖੇੜੀ 'ਚ ਸਰਬਸੰਮਤੀ ਨਾਲ ਚੋਣ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਪਟਿਆਲਾ ਸ਼ਹਿਰੀ ਹਲਕੇ ਦੀ ਇਕਲੌਤੀ ਗ੍ਰਾਮ ਪੰਚਾਇਤ ਪਿੰਡ ਨਿਊ ਖੇੜੀ ਵਿਖੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਦੇ ਯਤਨਾਂ ਸਦਕਾ ਸਰਬਸੰਮਤੀ ਨਾਲ ਸਰਪੰਚ ਤੇ ਬਾਕੀ ਦੇ ਪੰਚਾਂ ਦੀ ਚੋਣ ਕੀਤੀ ਗਈ।ਇਸ ਚੋਣ ਵਿੱਚ ਬਲਵਿੰਦਰਜੀਤ ਸਿੰਘ ਸੰਧੂ ਨੂੰ ਸਰਪੰਚ ਵਜੋਂ ਤੇ 9 ਵਾਰਡਾਂ ਦੇ ਪੰਚਾਂ ਦੀ ਚੋਣ ਸਰਬਸੰਮਤੀ ਨਾਲ ਕੀਤੀ ਗਈ, ਜਿਨ੍ਹਾਂ ਵਿੱਚ ਪਰਮਜੀਤ ਸਿੰਘ, ਸ਼ੀਨੂ ਗਰਗ, ਇੰਦਰਜੀਤ ਸਿੰਘ, ਜਸਵੰਤ ਸਿੰਘ, ਬਲਜੀਤ ਸਿੰਘ, ਨਿੱਧੀ ਖੋਸਲਾ, ਜਸਲੀਨ ਕੌਰ, ਦਮਨਪ੍ਰੀਤ ਕੌਰ ਤੇ ਚਿਮਨਾ ਰਾਣੀ ਸ਼ਾਮਲ ਹਨ।ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਕੀਤੇ ਗਏ ਐਲਾਨ ਅਨੁਸਾਰ ਪੰਜਾਬ ਸਰਕਾਰ ਸਰਬਸੰਮਤੀ ਨਾਲ ਚੁਣੀ ਗਈ ਪੰਚਾਇਤ ਨੂੰ ਵਿਕਾਸ ਕਾਰਜਾਂ ਲਈ ਵਿਸ਼ੇਸ਼ ਸਹਾਇਤਾ ਦੇਵੇਗੀ, ਜਿਸ ਲਈ ਪਿੰਡ ਵਾਸੀਆਂ ਨੇ ਫੈਸਲਾ ਕੀਤਾ ਕਿ ਉਹ ਆਪਣੇ ਪਿੰਡ ਦੀ ਪੰਚਾਇਤ ਨੂੰ ਸਰਬਸੰਮਤੀ ਨਾਲ ਚੁਣਨਗੇ।ਵਿਧਾਇਕ ਕੋਹਲੀ ਨੇ ਸਰਪੰਚ ਤੇ ਸਮੁੱਚੀ ਪੰਚਾਇਤ ਨੂੰ ਇਸ ਨੇਕ ਕਾਰਜ ਲਈ ਵਧਾਈ ਦਿੰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹੁਕਮਾਂ ਅਨੁਸਾਰ ਪਿੰਡ 'ਚ ਸਰਬਸੰਮਤੀ ਕਰਵਾਈ ਗਈ ਹੈ।ਉਨ੍ਹਾਂ ਕਿਹਾ ਕਿ ਉਹ ਖੁਦ ਇਸ ਪਿੰਡ ਦੇ ਵਿਕਾਸ ਲਈ ਵਚਨਬੱਧ ਰਹਿਣਗੇ।ਉਨ੍ਹਾਂ ਕਿਹਾ ਕਿ ਪਿੰਡ ਵਾਸੀਆਂ ਨੇ ਆਪਸੀ ਧੜੇਬੰਦੀ ਤੋਂ ਉੱਪਰ ਉਠ ਕੇ ਜੋ ਫ਼ੈਸਲਾ ਕੀਤਾ ਹੈ, ਉਹ ਸ਼ਲਾਘਾਯੋਗ ਹੈ।ਇਸ ਮੌਕੇ ਰਵਿੰਦਰਪਾਲ ਸਿੰਘ ਜੋਨੀ ਕੋਹਲੀ ਤੇ ਹੋਰ ਆਗੂ ਹਾਜ਼ਰ ਸਨ।

ਇਸ ਮੌਕੇ ਸਰਪੰਚ ਬਲਵਿੰਦਰਜੀਤ ਸਿੰਘ ਸੰਧੂ ਤੇ ਹੋਰ ਪੰਚਾਂ ਨੇ ਵਿਧਾਇਕ ਕੋਹਲੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਆਪਣੇ ਵਿਧਾਇਕ ਦੀ ਅਗਵਾਈ ਹੇਠ ਪਿੰਡ ਦੇ ਵਿਕਾਸ ਲਈ ਰਲ਼ ਕੇ ਹੰਭਲਾ ਮਾਰਨਗੇ।ਵਿਧਾਇਕ ਕੋਹਲੀ ਨੇ ਸਮੁੱਚੀ ਪੰਚਾਇਤ ਦਾ ਸਨਮਾਨ ਕੀਤਾ।

## ਗੋਲੇਵਾਲਾ ਦਾ ਸਰਬਪੱਖੀ ਵਿਕਾਸ ਸਾਡਾ ਉਦੇਸ਼ : ਸਰਪੰਚ ਵੀਰਪਾਲ ਕੌਰ



**ਸਿਰਸਾ (ਸੁਰਿੰਦਰ ਪਾਲ ਸਿੰਘ)**-ਪਿੰਡ ਗੋਲੇਵਾਲਾ ਵਿਖੇ ਸਰਪੰਚ ਦੀ ਚੋਣ ਜਿੱਤ ਚੁੱਕੀ ਬੀਬਾ ਵੀਰਪਾਲ ਕੌਰ ਪਤਨੀ ਮਰਹੂਮ ਗੁਰਸੇਵਕ ਸਿੰਘ ਦਾ ਕਹਿਣਾ ਹੈ ਕਿ ਪਿੰਡ ਦੀ ਖੁਸ਼ਹਾਲੀ ਤੇ ਵਿਕਾਸ ਲਈ ਉਨ੍ਹਾਂ ਦੀ ਸਰਪੰਚ ਵਜੋਂ ਚੋਣ ਕਰਨ ਹਿਤ ਉਹ ਸਾਰੇ ਨਗਰ ਦਾ ਧੰਨਵਾਦ ਕਰਦੇ ਹਨ। ਉਨ੍ਹਾਂ ਕਿਹਾ ਕਿ ਉਹ ਰਾਜਨੀਤੀ ਤੋਂ ਉਪਰ ਉੱਠ ਕੇ ਭਾਈਚਾਰਕ ਸਾਂਝ ਕਾਇਮ ਕਰਨ ਤੇ ਪਿੰਡ ਦੇ ਸਰਬਪੱਖੀ ਵਿਕਾਸ ਲਈ ਯਤਨਸ਼ੀਲ ਰਹਿਣਗੇ। ਉਨ੍ਹਾਂ ਕਿਹਾ ਕਿ ਆਟਾ ਦਾਲ ਸਕੀਮ, ਬੁਢਾਪਾ ਪੈਨਸ਼ਨ, ਮਨਰੇਗਾ ਸਕੀਮ ਅਧੀਨ ਰੁਜ਼ਗਾਰ, ਪਿੰਡ ਦੀਆਂ ਖਾਲੀ ਜਗ੍ਹਾ 'ਤੇ ਪਾਰਕ, ਨਿਗਰਾਨੀ ਲਈ ਸੀ ਸੀਟੀਵੀ ਕੈਮਰੇ, ਪਿੰਡ ਦੀਆਂ ਗਲੀਆਂ-ਨਾਲੀਆਂ ਤੇ ਸੀਵਰੇਜ ਸਿਸਟਮ 'ਚ ਸੁਧਾਰ, ਕੰਪਿਊਟਰ ਲੈਬ, ਲਾਇਬ੍ਰੇਰੀ, ਵਾਟਰ ਵਰਕਸ ਦਾ ਸਾਫ ਸੁਥਰਾ ਪਾਣੀ, ਹਰ ਤਰ੍ਹਾਂ ਦੇ ਖੇਡ ਮੁਕਾਬਲੇ, ਵਾਤਾਵਰਣ ਨੂੰ ਸਾਫ ਰੱਖਣ ਲਈ ਪੇੜ ਪੌਦੇ, ਸਿਹਤ ਸੰਭਾਲ ਲਈ ਡਾਕਟਰਾਂ ਦੇ ਕੈਂਪ ਤੇ ਬਸ ਸਟੈਂਡ ਦੀ ਉਸਾਰੀ ਸਮੇਤ ਪੰਚਾਇਤ ਖਰਚਿਆਂ ਦੇ ਹਿਸਾਬ ਨਾਲ ਨੋਟਸ ਬੋਰਡਾਂ 'ਤੇ ਲਾਏ ਜਾਣਗੇ। ਬੀਬਾ ਵੀਰਪਾਲ ਕੌਰ ਦੇ ਸਹੁਰਾ ਗਮਦੂਰ ਸਿੰਘ ਚੈਅਰਮੈਨ ਲੈਂਡ ਮਾਰਗੇਜ਼ ਬੈਂਕ ਵਲੋਂ ਵੀ ਪਿੰਡ ਦੇ ਚੌਮੁਖੀ ਵਿਕਾਸ ਦਾ ਵੋਟਰਾਂ ਨੂੰ ਵਿਸ਼ਵਾਸ ਦੁਆਇਆ ਗਿਆ ਤੇ ਸਮੂਹ ਨਗਰ ਗੋਲੇਵਾਲਾ ਨਿਵਸੀਆਂ ਸਮੇਤ ਸਰਕਾਰ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ।

# ਭਗਵਾਨ ਵਾਲਮੀਕੀ ਜੀ ਦੀਆਂ ਸਿੱਖਿਆਵਾਂ ਸਭਨਾਂ ਲਈ ਸੂਤਰਧਾਰ : ਢੋਸੀਵਾਲ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਸਾਰੇ ਸੰਸਾਰ ਅੰਦਰ ਅੱਜ ਭਗਵਾਨ ਵਾਲਮੀਕੀ ਜੀ ਦਾ ਪਵਿੱਤਰ ਪ੍ਰਗਟ ਦਿਵਸ ਖੁਸ਼ੀਆਂ, ਚਾਵਾਂ ਤੇ ਧਾਰਮਿਕ ਆਸਥਾ ਨਾਲ ਮਨਾਇਆ ਜਾ ਰਿਹਾ ਹੈ।ਸਬੰਧਤ ਮੰਦਰਾਂ ਨੂੰ ਸ਼ਾਨਦਾਰ ਢੰਗ ਨਾਲ ਸਜਾਇਆ ਗਿਆ ਤੇ ਧਾਰਮਿਕ ਸਮਾਗਮ ਕੀਤੇ ਜਾ ਰਹੇ ਹਨ, ਲੰਗਰ ਲਗਾਏ ਗਏ ਹਨ ਅਤੇ ਲੋਕ ਇੱਕ-ਦੂਜੇ ਨੂੰ ਵਧਾਈ ਦੇ ਰਹੇ ਹਨ।ਇਸੇ ਤਰ੍ਹਾਂ ਸਮਾਜ ਦੇ ਭਲੇ ਤੇ ਵਿਕਾਸ ਨੂੰ ਸਮਰਪਤ ਪ੍ਰਮੁੱਖ ਗੈਰ-ਸਰਕਾਰੀ ਸਮਾਜ ਸੇਵੀ ਸੰਸਥਾ ਮੁਕਤਸਰ ਵਿਕਾਸ ਮਿਸ਼ਨ ਨੇ ਵੀ ਭਗਵਾਨ ਵਾਲਮੀਕੀ ਪ੍ਰਗਟ ਦਿਵਸ ਮਨਾਇਆ।ਇਸ ਸਬੰਧੀ ਮਿਸ਼ਨ ਮੁਖੀ ਪ੍ਰਸਿੱਧ ਸਮਾਜ ਸੇਵਕ ਜਗਦੀਸ਼ ਰਾਏ ਢੋਸੀਵਾਲ ਦੀ ਪ੍ਰਧਾਨਗੀ ਹੇਠ ਵਿਸ਼ੇਸ਼ ਮੀਟਿੰਗ ਕੀਤੀ ਗਈ।ਮੀਟਿੰਗ ਦੌਰਾਨ ਮਿਸ਼ਨ ਦੇ ਪੈਟਰਨ ਏ ਕਲਾਸ ਸਰਕਾਰੀ ਠੇਕੇਦਾਰ ਪ੍ਰਦੀਪ ਧੂੜੀਆ ਤੇ ਡਾ. ਸੁਰਿੰਦਰ ਗਿਰਧਰ ਸਮੇਤ ਚੌ. ਬਲਬੀਰ ਸਿੰਘ, ਰਾਜੇਸ਼ ਗਿਰਧਰ, ਬਲਜੀਤ ਸਿੰਘ ਕੋਆਪ੍ਰੇਟਿਵ, ਓ. ਪੀ. ਖਿੱਚੀ, ਜਗਦੀਸ਼ ਚੰਦਰ ਧਵਾਲ ਤੇ ਨਰਿੰਦਰ ਕਾਕਾ ਆਦਿ ਸਮੇਤ ਕਈ ਹੋਰ ਮੈਂਬਰ ਮੌਜੂਦ ਸਨ।ਮੀਟਿੰਗ ਦੌਰਾਨ ਮੌਜੂਦ ਸਾਰਿਆਂ ਨੇ ਭਗਵਾਨ ਵਾਲਮੀਕੀ ਜੀ ਦੇ ਫੁੱਲਾਂ ਨਾਲ ਸਜਾਏ ਪਵਿੱਤਰ ਸਰੂਪ 'ਤੇ ਸਤਿਕਾਰ ਵਜੋਂ ਪੁਸ਼ਪਾਂਜਲੀ ਭੇਂਟ ਕਰਕੇ ਸੀਸ ਝੁਕਾਇਆ।ਇਸ ਮੌਕੇ ਪ੍ਰਧਾਨ ਢੋਸੀਵਾਲ ਨੇ ਸਾਰਿਆਂ ਨੂੰ ਪ੍ਰਗਟ ਉਤਸਵ ਦੀ ਵਧਾਈ ਦਿੱਤੀ।ਉਨ੍ਹਾਂ ਕਿਹਾ ਹੈ ਕਿ ਭਗਵਾਨ ਵਾਲਮੀਕੀ ਜੀ ਕਿਸੇ ਇਕ ਧਰਮ ਜਾਂ ਫਿਰਕੇ ਦੇ ਮਾਰਗ ਦਰਸ਼ਕ ਨਹੀਂ ਸਨ, ਸਗੋਂ ਉਹ ਸਮੁੱਚੇ ਭਾਈਚਾਰੇ ਤੇ ਮਾਨਵਤਾ ਲਈ ਬੇਮਿਸਾਲ ਸੂਤਰਧਾਰ ਹਨ।ਸਾਨੂੰ ਸਾਰਿਆਂ ਨੂੰ ਉਨ੍ਹਾਂ ਦੀਆਂ ਸਿੱਖਿਆਵਾਂ 'ਤੇ ਅਮਲ ਕਰਨਾ ਚਾਹੀਦਾ ਹੈ।ਪ੍ਰਧਾਨ ਢੋਸੀਵਾਲ ਨੇ ਸਭਨਾਂ ਨੂੰ ਭਗਵਾਨ ਵਾਲਮੀਕੀ ਜੀ ਦੁਆਰਾ ਦੱਸੇ ਰਸਤੇ ਉੱਪਰ ਚੱਲਣ ਦੀ ਅਪੀਲ ਕਰਦੇ ਹੋਏ ਕਿਹਾ ਕਿ ਅਜਿਹਾ ਕਰਕੇ ਹੀ ਸਮਾਜਿਕ ਬਰਾਬਰੀ ਵਾਲੇ ਭਾਈਚਾਰੇ ਤੇ ਸਮਾਜ ਦੀ ਸਥਾਪਨਾ ਕੀਤੀ ਜਾ ਸਕਦੀ ਹੈ।

# ਦੇਸ਼ ਭਗਤ ਗਲੋਬਲ ਸਕੂਲ ਵਿਖੇ ਇੰਟਰ ਹਾਊਸ ਭਾਸ਼ਣ ਮੁਕਾਬਲਾ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਕੁਲਭੂਸ਼ਨ ਚਾਵਲਾ)**-ਦੇਸ਼ ਭਗਤ ਗਲੋਬਲ ਸਕੂਲ ਸ੍ਰੀ ਮੁਕਤਸਰ ਸਾਹਿਬ ਵੱਲੋਂ ਦੇਸ਼ ਭਗਤ ਯੂਨਾਈਟਡ ਗਰੁੱਪ ਦੇ ਚਾਂਸਲਰ ਡਾਕਟਰ ਜ਼ੋਰਾ ਸਿੰਘ ਤੇ ਪ੍ਰੋ ਚਾਂਸਲਰ ਡਾਕਟਰ ਤੇਜਿੰਦਰ ਕੌਰ ਦੀ ਸਰਪ੍ਰਸਤੀ ਹੇਠ ਦੇਸ਼ ਭਗਤ ਗਲੋਬਲ ਸਕੂਲ ਦੇ ਪ੍ਰਿੰਸੀਪਲ ਡਾਕਟਰ ਸੰਜੀਵ ਜਿੰਦਲ ਤੇ ਵਾਈਸ ਪ੍ਰਿੰਸੀਪਲ ਪਰਮਪ੍ਰੀਤ ਕੌਰ ਦੀ ਯੋਗ ਅਗਵਾਈ ਹੇਠ ਦੇਸ਼ ਭਗਤ ਗਲੋਬਲ ਸਕੂਲ ਵਿਖੇ ਵੀਰ ਗਾਥਾ ਪ੍ਰੋਜੈਕਟ ਦੇ ਤਹਿਤ ਇੰਟਰ ਹਾਊਸ ਭਾਸ਼ਣ ਮੁਕਾਬਲਾ ਕਰਵਾਇਆ ਗਿਆ।ਇਸ ਵਿੱਚ ਬੱਚਿਆਂ ਨੇ ਦੇਸ਼ ਭਗਤਾਂ ਭਗਤ ਸਿੰਘ, ਰਾਣੀ ਲਕਸ਼ਮੀ ਬਾਈ, ਰਾਜਗੁਰੂ, ਸੁਖਦੇਵ, ਸੁਭਾਸ਼ ਚੰਦਰ ਬੋਸ, ਲਾਲਾ ਲਾਜਪਤ ਰਾਏ ਆਦਿ ਦੀਆਂ ਜੀਵਨੀਆਂ ਬਾਰੇ ਚਾਨਣਾ ਪਾਇਆ।ਬੱਚਿਆਂ ਨੇ ਪੰਜਾਬੀ, ਹਿੰਦੀ ਤੇ ਅੰਗਰੇਜ਼ੀ ਵਿੱਚ ਭਾਸ਼ਣ ਮੁਕਾਬਲੇ ਵਿੱਚ ਭਾਗ ਲਿਆ।ਇਸ ਮੁਕਾਬਲੇ ਲਈ ਬੱਚਿਆਂ ਦੀ ਦੋ ਸ਼੍ਰੇਣੀਆਂ ਵਿੱਚ ਵੰਡ ਕੀਤੀ ਗਈ।ਭਾਗੀਦਾਰਾਂ ਵਿੱਚੋਂ ਕ੍ਰਮਵਾਰ ਸੁਖਪ੍ਰੀਤ ਕੌਰ ਤੇ ਵਾਮਿਕਾ ਨੇ ਪਹਿਲਾ ਅਤੇ ਮਹਿਨਾਜ਼ਪ੍ਰੀਤ ਕੌਰ ਤੇ ਹਰਨੂਰ ਕੌਰ ਨੇ ਦੂਜਾ ਸਥਾਨ ਹਾਸਲ ਕੀਤਾ।ਇਸ ਮੌਕੇ ਪ੍ਰਿੰਸੀਪਲ ਡਾਕਟਰ ਸੰਜੀਵ

**■ ਬੱਚਿਆਂ ਅੰਦਰ ਦੇਸ਼ ਭਗਤੀ ਦੀ ਭਾਵਨਾ ਪੈਦਾ ਕਰਨੀ ਅਤਿਅੰਤ ਜ਼ਰੂਰੀ : ਪ੍ਰਿੰ. ਜਿੰਦਲ**



ਜਿੰਦਲ ਨੇ ਕਿਹਾ ਕਿ ਇਸ ਤਰ੍ਹਾਂ ਦੇ ਮੁਕਾਬਲੇ ਕਰਵਾ ਕੇ ਬੱਚਿਆਂ ਅੰਦਰ ਮੁਕਾਬਲੇ ਦੀ ਭਾਵਨਾ ਪੈਦਾ ਕਰ ਸਕਦੇ ਹਾਂ।ਅਜਿਹੀਆਂ ਗਤੀਵਿਧੀਆਂ ਵਿੱਚ ਭਾਗ ਲੈ ਕੇ ਬੱਚਿਆਂ ਅੰਦਰ ਆਤਮ ਵਿਸ਼ਵਾਸ ਪੈਦਾ ਹੁੰਦਾ ਹੈ।ਮੁਕਾਬਲੇ ਵਿੱਚੋਂ ਜੇਤੂ ਰਹੇ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ।ਇਸ ਮੌਕੇ ਸਮੂਹ ਸਟਾਫ਼ ਮੌਜੂਦ ਸੀ ਅਤੇ ਸਭ ਨੇ ਬੱਚਿਆਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।

# ਜੇਤੂ ਪੰਚਾਇਤਾਂ ਦਾ ਸਨਮਾਨ, 53 'ਚੋਂ 46 ਸਰਪੰਚ 'ਆਪ' ਦੇ ਬਣੇ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**

ਵਿਧਾਇਕ ਬਲਕਾਰ ਸਿੰਘ ਸਿੱਧੂ ਵੱਲੋਂ ਹਲਕਾ ਰਾਮਪੁਰਾ ਫੂਲ ਦੇ ਵੱਖ-ਵੱਖ ਪਿੰਡਾਂ ਦੀਆਂ ਜੇਤੂ ਪੰਚਾਇਤਾਂ ਦਾ ਸਨਮਾਨ ਸਮਾਰੋਹ ਕਰਾਇਆ ਗਿਆ।ਵਿਧਾਇਕ ਸਿੱਧੂ ਨੇ ਸਮੂਹ ਜੇਤੂ ਪੰਚਾਇਤਾਂ ਨੂੰ ਵਧਾਈ ਦਿੰਦੇ ਹੋਏ ਇਸ ਨੂੰ ਭਾਈਚਾਰਕ ਸਾਂਝ ਦੀ ਜਿੱਤ ਦੱਸਿਆ।ਇੱਕ ਸਵਾਲ ਦੇ ਜਵਾਬ 'ਚ ਸਿੱਧੂ ਨੇ ਕਿਹਾ ਕਿ ਭਾਵੇਂ ਹਲਕਾ ਰਾਮਪੁਰਾ ਫੂਲ ਤੋਂ ਵੱਖ-ਵੱਖ ਪਿੰਡਾਂ ਤੋਂ ਚੋਣ ਲੜ ਰਹੇ ਸਾਰੇ ਉਮੀਦਵਾਰ ਉਨ੍ਹਾਂ ਦੇ ਆਪਣੇ ਹਨ, ਪਰ ਫਿਰ ਵੀ ਹਲਕਾ ਰਾਮਪੁਰਾ ਫੂਲ ਦੀਆਂ ਕੁੱਲ 53 ਪੰਚਾਇਤਾਂ ਵਿਚੋਂ 46 ਸਰਪੰਚ ਆਮ ਆਦਮੀ ਪਾਰਟੀ ਦੇ ਸਮਰਥਕ ਉਮੀਦਵਾਰ ਜੇਤੂ ਰਹੇ ਹਨ। ਵਿਧਾਇਕ ਸਿੱਧੂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਕਾਰਜਕਾਲ ਦੌਰਾਨ ਵਿਕਾਸ ਕਾਰਜ ਤੇਜ਼ੀ ਨਾਲ ਹੋ ਰਹੇ ਹਨ।ਉਨ੍ਹਾਂ ਕਿਹਾ ਕਿ ਸ਼ਹਿਰ 'ਚੋਂ ਲੰਘਦੇ ਹਾਈਵੇਅ ਨੂੰ 10 ਕਰੋੜ ਰੁਪਏ ਦੀ ਲਾਗਤ ਨਾਲ ਪੱਕਾ ਕੀਤਾ ਜਾਵੇਗਾ ਤੇ ਇਸ ਦੇ ਨਾਲ ਇੱਕ ਸੁੰਦਰ ਸੈਰਗਾਹ ਬਣਾਇਆ ਜਾਵੇਗਾ।

ਇਸ ਮੌਕੇ ਗਾਇਕ ਬੌਬੀ ਸਿੱਧੂ ਨੇ ਆਪਣੇ ਗੀਤਾਂ ਨਾਲ ਪ੍ਰੋਗਰਾਮ ਵਿੱਚ ਹਾਜ਼ਰ ਮਹਿਮਾਨਾਂ ਦਾ ਮਨੋਰੰਜਨ ਕੀਤਾ।ਸਮਾਗਮ ਵਿੱਚ ਦਵਿੰਦਰ ਭੋਲਾ ਟਾਹਲੀ, ਰਵੀ ਸਿੰਗਲਾ ਕਾਲਾ ਭੁੱਚੋ, ਦਰਸ਼ਨ ਸੋਹੀ, ਸਰਪੰਚ ਲੱਖਾ ਪਿਪਲੀ, ਗੁਰਭਜਨ ਢਿੱਲੋਂ, ਪ੍ਰਿੰਸ ਨੰਦਾ, ਮਨੋਜ ਸ਼ਾਕਿਆ ਤੇ ਵੱਖ-ਵੱਖ ਪਿੰਡਾਂ ਤੋਂ ਚੁਣੇ ਗਏ ਪੰਚ-ਸਰਪੰਚ ਤੇ ਲੋਕ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

## ਡੋਡ ਪਰਵਾਰ ਵੱਲੋਂ ਗੁਰਦੁਆਰਾ ਇਮਾਰਤ ਲਈ ਸਹਾਇਤਾ ਰਾਸ਼ੀ ਭੇਟ

**ਬਠਿੰਡਾ (ਰਾਜੀਵ ਗੋਇਲ)**-ਕਸਬਾ ਭਗਤਾ ਭਾਈ ਕਾ ਦੇ ਨੇੜਲੇ ਪਿੰਡ ਡੋਡ ਵਿਖੇ ਸ੍ਰੀ ਗੁਰਦੁਆਰਾ ਹਰਸਰ ਸਾਹਿਬ ਵਿਖੇ ਇਮਾਰਤ ਦੀ ਚੱਲ ਰਹੀ ਉਸਾਰੀ 'ਤੇ ਲੈਂਟਰ ਨੂੰ ਲੈ ਕੇ ਸਥਾਨਕ ਸ਼ਹਿਰ ਦੇ ਮਸ਼ਹੂਰ ਵਪਾਰੀ ਮਰਹੂਮ ਸੇਠ ਇੱਜ਼ਤ ਰਾਏ ਡੋਡਾਂ ਵਾਲਿਆਂ ਦੇ ਪਰਵਾਰ ਵੱਲੋਂ ਗੁਰੂਘਰ ਦੀ ਹੋ ਰਹੀ ਉਸਾਰੀ ਨੂੰ ਲੈ ਕੇ ਸਹਾਇਤਾ ਰਾਸ਼ੀ ਭੇਟ ਕੀਤੀ ਗਈ। ਗੱਲਬਾਤ ਕਰਦਿਆਂ ਰਾਕੇਸ਼ ਕੁਮਾਰ ਸਿੰਗਲਾ ਨੇ ਦੱਸਿਆ ਕਿ ਉਨ੍ਹਾਂ ਸਾਰੇ ਹੀ ਭਰਾਵਾਂ ਵੱਲੋਂ ਇਕੱਤਰ ਹੋ ਕੇ ਗੁਰੂਘਰ ਦੀ ਉਸਾਰੀ ਲਈ ਮਾਇਆ ਭੇਟ ਕੀਤੀ ਗਈ ਹੈ। ਉਧਰ ਦੂਜੇ ਪਾਸੇ ਗੁਰਦੁਆਰਾ ਹਰਸਰ ਸਾਹਿਬ ਦੀ ਸਮੂਹ ਕਮੇਟੀ ਵੱਲੋਂ ਡੋਡ ਪਰਵਾਰ ਦਾ ਲੈਂਟਰ 'ਤੇ ਪਹੁੰਚਣ ਤੇ ਮਾਇਆ ਭੇਟ ਕਰਨ ਸੰਬੰਧੀ ਧੰਨਵਾਦ ਕੀਤਾ ਗਿਆ ਹੈ।



# ਅਕਾਲੀ ਆਗੂ ਡਾ. ਜਗਰਾਜ ਸਿੰਘ ਮੂੰਮ ਸੜਕ ਹਾਦਸੇ 'ਚ ਜ਼ਖ਼ਮੀ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਆਗੂ ਡਾਕਟਰ ਜਗਰਾਜ ਸਿੰਘ ਮੂੰਮ ਸੜਕ ਹਾਦਸੇ 'ਚ ਗੰਭੀਰ ਜ਼ਖ਼ਮੀ ਹੋ ਗਏ ਹਨ।ਜਾਣਕਾਰੀ ਅਨੁਸਾਰ ਮੰਗਲਵਾਰ ਸ਼ਾਮ ਪੰਜ ਵਜੇ ਦੇ ਕਰੀਬ ਉਹ ਆਪਣੇ ਮੋਟਰਸਾਈਕਲ ਉੱਪਰ ਸਵਾਰ ਹੋ ਕੇ ਮਹਿਲ ਕਲਾਂ ਤੋਂ ਘਰ ਪਿੰਡ ਮੂੰਮ ਜਾ ਰਹੇ ਸਨ ਕਿ ਮਹਿਲ ਕਲਾਂ-ਮੂੰਮ ਲਿੰਕ ਰੋਡ ਉੱਪਰ ਅੱਗਿਓਂ ਆ ਰਹੀ ਤੇਜ਼ ਰਫਤਾਰ ਸਵਿਫਟ ਡਿਜ਼ਾਇਰ ਨੰਬਰ ਪੀ ਬੀ 19 ਐੱਚ 84 47 ਕਾਰ ਨੇ ਉਨ੍ਹਾਂ ਨੂੰ ਆਪਣੀ ਲਪੇਟ 'ਚ ਲੈ ਲਿਆ। ਉਨ੍ਹਾਂ ਨੂੰ ਇਲਾਜ ਲਈ ਮਹਿਲ ਕਲਾਂ ਦੇ ਕਮਿਊਨਿਟੀ ਹੈਲਥ ਸੈਂਟਰ 'ਚ ਭਰਤੀ ਕਰਵਾਇਆ ਗਿਆ, ਡਾਕਟਰਾਂ ਨੇ ਮੁਢਲੀ ਸਹਾਇਤਾ ਦੇਣ ਉਪਰੰਤ ਸਿਵਲ ਹਸਪਤਾਲ ਬਰਨਾਲਾ ਭੇਜ ਦਿੱਤਾ, ਜਿੱਥੇ ਡਾਕਟਰਾਂ ਨੇ ਗੰਭੀਰ ਹਾਲਤ ਦੇਖਦਿਆਂ ਅੱਗੇ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਤੇ ਹਸਪਤਾਲ ਫ਼ਰੀਦਕੋਟ ਲਈ ਰੈਫ਼ਰ ਕਰ ਦਿੱਤਾ।ਡਾਕਟਰਾਂ ਅਨੁਸਾਰ ਜਗਰਾਜ ਸਿੰਘ ਮੂੰਮ ਦੇ ਸਿਰ 'ਤੇ ਗੰਭੀਰ ਸੱਟਾਂ ਹਨ ਤੇ ਚੂਲ਼ੇ ਦੀ ਹੱਡੀ ਟੁੱਟ ਗਈ ਹੈ।ਮਾਹਰ ਡਾਕਟਰਾਂ ਦੀ ਟੀਮ ਵੱਲੋਂ ਜਗਰਾਜ ਸਿੰਘ ਮੂੰਮ ਦਾ ਇਲਾਜ ਜਾਰੀ ਹੈ।ਇਸ ਸਬੰਧੀ ਪੁਲਸ ਥਾਣਾ ਮਹਿਲ ਕਲਾਂ ਨੂੰ ਸੂਚਿਤ ਕਰ ਦਿੱਤਾ ਗਿਆ ਹੈ।ਮਹਿਲ ਕਲਾਂ ਪੁਲਸ ਦੇ ਅਧਿਕਾਰੀਆਂ ਨੇ ਯਕੀਨ ਦੁਆਇਆ ਕਿ ਡਾ: ਜਗਰਾਜ ਸਿੰਘ ਦੇ ਬਿਆਨ ਦਰਜ ਕਰ ਕੇ ਅਗਲੇਰੀ ਕਾਰਵਾਈ ਅਮਲ 'ਚ ਲਿਆਂਦੀ ਜਾਵੇਗੀ।ਘਟਨਾ ਦੇ ਦੋਸ਼ੀਆਂ ਨੂੰ ਬਖਸ਼ਿਆ ਨਹੀਂ ਜਾਵੇਗਾ।


ਡਾ.ਜਗਰਾਜ ਸਿੰਘ ਮੂੰਮ

# 5994 ਈ ਟੀ ਟੀ ਭਰਤੀ 'ਚ ਚੁਣੇ ਅਧਿਆਪਕਾਂ ਨੂੰ ਨਿਯੁਕਤੀ ਪੱਤਰ ਜਾਰੀ ਕੀਤੇ ਜਾਣ : ਡੀ ਟੀ ਐੱਫ

## ਸਿੱਖਿਆ ਮੰਤਰੀ ਦੇ ਪਿੰਡ ਨੇੜੇ ਚੱਲ ਰਹੇ ਮੋਰਚੇ 'ਚ ਪਹੁੰਚ ਕੇ ਦਿੱਤਾ ਸਮਰਥਨ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

29 ਸਤੰਬਰ 2024 ਤੋਂ ਸਿੱਖਿਆ ਮੰਤਰੀ ਦੇ ਪਿੰਡ ਗੰਭੀਰਪੁਰ ਤੇ 5 ਅਕਤੂਬਰ ਤੋਂ ਪਿੰਡ ਢੇਰ ਨੇੜੇ ਗੰਭੀਰਪੁਰ ਵਿਖੇ ਪੱਕਾ ਮੋਰਚਾ ਲਗਾ ਕੇ ਬੈਠੇ ਈਟੀਟੀ 5994 ਭਰਤੀ ਲਈ ਚੁਣੇ ਗਏ ਅਧਿਆਪਕਾਂ ਦੇ ਮੋਰਚੇ ਵਿੱਚ ਡੈਮੋਕ੍ਰੈਟਿਕ ਟੀਚਰਜ਼ ਫ਼ਰੰਟ ਪੰਜਾਬ ਦੇ ਸੂਬਾ ਪ੍ਰਧਾਨ ਵਿਕਰਮਦੇਵ ਸਿੰਘ ਤੇ ਜਨਰਲ ਸਕੱਤਰ ਮਹਿੰਦਰ ਕੌੜਿਆਂਵਾਲੀ ਦੀ ਅਗਵਾਈ ਹੇਠ ਆਗੂਆਂ ਨੇ ਵੱਡੀ ਗਿਣਤੀ ਵਿੱਚ ਪਹੁੰਚ ਕੇ ਮੋਰਚੇ ਦੀ ਡੱਟਵੀਂ ਹਮਾਇਤ ਕੀਤੀ।ਮੋਰਚੇ ਵਿੱਚ ਸ਼ਮੂਲੀਅਤ ਕਰਨ ਤੋਂ ਪਹਿਲਾਂ ਡੈਮੋਕ੍ਰੇਟਿਕ ਟੀਚਰਜ਼ ਫਰੰਟ ਵੱਲੋਂ ਰੋਸ ਪ੍ਰਦਰਸ਼ਨ ਕਰਦੇ ਹੋਏ ਗੰਭੀਰਪੁਰ ਵਿਖੇ ਜ਼ਿਲ੍ਹਾ ਪ੍ਰਸ਼ਾਸਨ ਦੇ ਰਾਹੀਂ ਸਿੱਖਿਆ ਮੰਤਰੀ ਨੂੰ 5994 ਈ ਟੀ ਟੀ ਭਰਤੀ ਵਿੱਚ ਚੁਣੇ ਜਾ ਚੁੱਕੇ ਅਧਿਆਪਕਾਂ ਨੂੰ ਨਿਯੁਕਤੀ ਪੱਤਰ ਜਾਰੀ ਕਰਕੇ ਸਕੂਲਾਂ ਵਿੱਚ ਭੇਜੇ ਜਾਣ ਲਈ ਮੰਗ ਪੱਤਰ ਭੇਜਿਆ ਗਿਆ।ਮੋਰਚੇ ਵਿੱਚ ਸ਼ਾਮਲ ਹੋਣ ਮੌਕੇ ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਜਰਮਨਜੀਤ ਸਿੰਘ, ਡੀਟੀਐੱਫ ਦੇ ਸੂਬਾ ਪ੍ਰਧਾਨ ਵਿਕਰਮਦੇਵ ਸਿੰਘ ਤੇ ਜਨਰਲ ਸਕੱਤਰ ਮਹਿੰਦਰ ਕੌੜਿਆਂਵਾਲੀ ਨੇ ਮੋਰਚੇ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਆਮ ਲੋਕਾਂ ਦੇ ਬੱਚਿਆਂ ਦੀ ਸਿੱਖਿਆ ਵਰਤਮਾਨ ਸਰਕਾਰਾਂ ਦੇ ਏਜੰਡੇ ਤੇ ਨਹੀਂ ਹੈ ਤਾਂ ਹੀ ਭਰਤੀਆਂ ਕਰਨ ਵਿੱਚ ਨਜਾਇਜ਼ ਦੇਰੀ ਕੀਤੀ ਜਾਂਦੀ ਹੈ।ਦੂਸਰੇ ਪਾਸੇ ਪੰਜਾਬ ਅੰਦਰ ਕਰੋੜਾਂ ਰੁਪਏ ਦੇ ਫਲੈਕਸ ਲਗਵਾ ਕੇ ਲੋਕਾਂ ਨੂੰ ਗੁੰਮਰਾਹ ਕੀਤਾ ਜਾ ਰਿਹਾ ਹੈ।ਬੁਲਾਰਿਆਂ ਨੇ ਕਿਹਾ ਕਿ 5994 ਈਟੀਟੀ ਦੀ ਭਰਤੀ ਪਿਛਲੀ ਸਰਕਾਰ ਸਮੇਂ ਦੀ ਲਟਕ ਰਹੀ ਹੈ, ਪਰ ਸਰਕਾਰ ਦੀ ਬਦਨਿਅਤੀ ਦਾ ਖਮਿਆਜ਼ਾ ਨੌਜਵਾਨ ਭੁਗਤ ਰਹੇ ਹਨ।


ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਦੇ ਮੁਲਾਜ਼ਮ ਰੋਸ ਪ੍ਰਦਰਸ਼ਨ ਕਰਦੇ ਹੋਏ।

ਪਹਿਲਾਂ ਭਰਤੀਆਂ ਕਢਾਉਣ ਲਈ ਤੇ ਫਿਰ ਭਰਤੀ ਲਈ ਚੁਣੇ ਜਾਣ ਤੋਂ ਬਾਅਦ ਨਿਯੁਕਤੀ ਪੱਤਰ ਜਾਰੀ ਕਰਾਉਣ ਲਈ ਵੀ ਪੰਜਾਬ ਦੀ ਅਖੌਤੀ ਇਨਕਲਾਬੀ ਸਰਕਾਰ ਖਿਲਾਫ ਵੱਡੇ ਸੰਘਰਸ਼ ਤੇ ਲੰਬੇ ਮੋਰਚੇ ਕਾਇਮ ਕਰਨਾ ਸਮੇਂ ਦੀ ਅਣਸਰਦੀ ਲੋੜ ਬਣ ਗਿਆ ਹੈ।ਉਨ੍ਹਾਂ ਕਿਹਾ ਕਿ ਡੈਮੋਕ੍ਰੇਟਿਕ ਟੀਚਰਜ਼ ਫਰੰਟ ਉਨ੍ਹਾਂ ਦੇ ਸੰਘਰਸ਼ ਦੀ ਡੱਟਵੀਂ ਕੇ ਹਮਾਇਤ ਕਰਦੀ ਹੈ ਤੇ ਸੂਬਾ ਕਮੇਟੀ ਵੱਲੋਂ ਮੋਰਚੇ ਦੀ ਜ਼ਰੂਰਤਾਂ ਦਾ ਧਿਆਨ ਰੱਖਦੇ ਹੋਏ 21000 ਰੁਪਏ ਦੀ ਸਹਾਇਤਾ ਰਾਸ਼ੀ ਦਾ ਵੀ ਐਲਾਨ ਕੀਤਾ।ਇਸ ਮੌਕੇ ਡੀ ਐੱਮ ਐੱਫ ਦੇ ਸੂਬਾ ਜਨਰਲ ਸਕੱਤਰ ਹਰਦੀਪ ਟੋਡਰਪੁਰ, ਡੀਟੀਐੱਫ ਦੇ ਸੂਬਾ ਮੀਤ ਪ੍ਰਧਾਨ ਗੁਰਪਿਆਰ ਕੋਟਲੀ, ਸੰਯੁਕਤ ਸਕੱਤਰ ਮੁਕੇਸ਼ ਕੁਮਾਰ, ਜਸਵਿੰਦਰ ਔਜਲਾ, ਪਵਨ ਮੁਕਤਸਰ, ਗਿਆਨ ਰੋਪੜ, ਹਰਵਿੰਦਰ ਰੱਖੜਾ, ਕੁਲਵਿੰਦਰ ਜੋਸ਼ਨ, ਬਲਜਿੰਦਰ ਗਰੇਵਾਲ, ਮਲਕੀਤ ਸਿੰਘ ਹਰਾਜ, ਅਮਿਤ ਕੁਮਾਰ, ਗੁਰਵਿੰਦਰ ਸਿੰਘ ਖੋਸਾ, ਸਰਬਜੀਤ ਸਿੰਘ ਭਾਵੜਾ, ਸਵਰਨ ਸਿੰਘ, ਇੰਦਰ ਸਿੰਘ ਸੰਧੂ, ਹਰਬੰਸ ਗਰਗ, ਰੌਕੀ ਬਰੇਟਾ ਤੇ ਹੋਰ ਅਧਿਆਪਕ ਸਾਥੀ ਹਾਜ਼ਰ ਸਨ।

# ਪੁੱਤਰਾਂ ਦੀ ਮਿਹਨਤ ਨਾਲ ਮਾਂ ਦੀ ਝੋਲੀ ਪਈ ਪਿੰਡ ਦੀ ਸਰਪੰਚੀ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਹਲਕਾ ਸ਼ੁਤਰਾਣਾ ਦੇ ਪਿੰਡ ਰਸੌਲੀ ਵਿਖੇ ਹੋਈਆਂ ਪੰਚਾਇਤੀ ਚੋਣਾਂ ਵਿੱਚ ਚੋਣ ਲੜ ਰਹੀ ਮਾਂ ਵਾਸਤੇ ਪੁਤਰਾਂ ਵੱਲੋਂ ਦਿਨ-ਰਾਤ ਲੋਕਾਂ ਕੋਲ ਵੋਟਾਂ ਮੰਗਣ ਦੀ ਕੀਤੀ ਮਿਹਨਤ ਰੰਗ ਲਿਆਈ ਤੇ ਮਾਂ ਭਾਰੀ ਗਿਣਤੀ ਵੋਟਾਂ ਨਾਲ ਜਿੱਤ ਪ੍ਰਾਪਤ ਕੀਤੀ। ਵਧਾਈ ਦੇਣ ਪਹੁੰਚੇ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਵੱਡੀ ਗਿਣਤੀ ਵੋਟਾਂ ਨਾਲ ਜਿੱਤ ਪ੍ਰਾਪਤ ਕਰਨ ਵਾਲੀ ਸਰਪੰਚ ਬੀਬੀ ਰਾਜ ਕੌਰ ਧਾਲੀਵਾਲ ਨੇ ਕਿਹਾ ਕਿ ਜਿੱਥੇ ਉਸ ਨੂੰ ਆਪਣੇ ਪਿੰਡ ਵਾਸੀਆਂ 'ਤੇ ਮਾਣ ਹੈ, ਉਥੇ ਆਪਣੇ ਪੁੱਤਰਾਂ ਜਗਸੀਰ ਸਿੰਘ ਤੇ ਕੁਲਵੀਰ ਸਿੰਘ 'ਤੇ ਵੀ ਮਾਣ ਹੈ, ਜਿਨ੍ਹਾਂ ਨੇ ਲੋਕਾਂ ਨੂੰ ਪਿੰਡ ਦੇ ਹੋਣ ਵਾਲੇ ਵਿਕਾਸ ਬਾਰੇ ਜਾਗਰੂਕ ਕਰਦਿਆਂ ਦੱਸਿਆ ਕਿ ਜੇਕਰ ਪਿੰਡ ਵਾਸੀ ਉਨ੍ਹਾਂ ਦੀ ਮਾਤਾ ਨੂੰ ਜ਼ਿੰਮੇਵਾਰੀ ਸੌਂਪਣਗੇ ਤਾਂ ਪਿੰਡ ਨੂੰ ਹਰ ਪੱਖੋਂ ਵਿਕਸਤ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਉਹ ਸਰਪੰਚੀ ਦੀ ਮਿਲੀ ਜ਼ਿੰਮੇਵਾਰੀ ਨੂੰ ਸੇਵਾ ਸਮਝ ਕੇ ਪੰਜ ਸਾਲ ਲੋਕਾਂ ਦੀ ਸੇਵਾ ਕਰਨਗੇ ਤੇ ਪਿੰਡ ਦੇ ਵਿਕਾਸ ਲਈ ਦਿਨ-ਰਾਤ ਮਿਹਨਤ ਕਰਨਗੇ, ਕਿਉਂਕਿ ਪਿੰਡ ਵਾਸੀਆਂ ਨੇ ਉਨ੍ਹਾਂ 'ਤੇ ਵਿਸ਼ਵਾਸ ਕਰਕੇ ਪਿੰਡ ਦੀ ਸਰਪੰਚੀ ਉਨ੍ਹਾਂ ਦੀ ਝੋਲੀ ਪਾਈ ਹੈ।ਉਨ੍ਹਾਂ ਨੂੰ ਵਧਾਈ ਦੇਣ ਵਾਲਿਆਂ ਵਿੱਚ ਰਜਨੀ, ਸੁਨੀਤਾ ਦੇਵੀ, ਯਮੁਨਾ ਦੇਵੀ, ਪੰਕਜ ਰਾਣਾ, ਮਹੀਪਾਲ ਰਾਣਾ ਤੋਂ ਇਲਾਵਾ, ਇਸ਼ਵਰ ਸਿੰਘ ਰਾਣਾ, ਅਮਰਜੀਤ ਸਿੰਘ ਸੰਧੂ, ਗੁਰਚਰਨ ਸਿੰਘ, ਸੰਤੋਖ ਸਿੰਘ, ਸਤਪਾਲ ਸਿੰਘ, ਗੁਰਪ੍ਰੀਤ ਸਿੰਘ, ਜਸਵੰਤ ਸਿੰਘ, ਯੁਵਰਾਜ ਬਾਠ, ਸਾਬਕਾ ਸੂਬੇਦਾਰ ਨਵੇ ਸਿੰਘ, ਨਰਿੰਦਰ ਸਿੰਘ ਤੋਂ ਇਲਾਵਾ ਭਾਰੀ ਗਿਣਤੀ ਪਿੰਡ ਵਾਸੀ ਮੌਜੂਦ ਸਨ।

18-Oct-PAGE-8.qxd 10/17/2024 9:54 PM Page 1



# ਮੰਡੀਆਂ 'ਚ ਝੋਨੇ ਦੀ ਸਰਕਾਰੀ ਖ੍ਰੀਦ ਤੇ ਲਿਫਟਿੰਗ ਨਾ ਹੋਣ ਕਾਰਨ ਅੱਕੇ ਹੋਏ ਕਿਸਾਨਾਂ ਨੇ ਕੀਤਾ ਹਾਈਵੇ ਜਾਮ



**ਫਿਲੌਰ (ਨਿਰਮਲ)**- ਫਿਲੌਰ ਇਲਾਕੇ ਦੇ ਕਿਸਾਨਾਂ ਵੱਲੋਂ ਮੰਡੀਆਂ ਵਿੱਚ ਝੋਨੇ ਦੀ ਸਰਕਾਰੀ ਖ੍ਰੀਦ ਨਾ ਹੋਣ ਅਤੇ ਲਿਫਟਿੰਗ ਦੀ ਸਮੱਸਿਆ ਨੂੰ ਲੈ ਕੇ ਫਿਲੌਰ ਵਿਖੇ ਹਾਈਵੇਅ 'ਤੇ ਜਾਮ ਲਗਾ ਦਿੱਤਾ।ਜਿਸ ਕਾਰਨ ਬੱਸਾਂ ਟਰੱਕਾਂ ਕਾਰਾਂ ਦੀਆਂ ਲੰਬੀਆਂ ਲਾਈਨਾਂ ਲੱਗ ਗਈਆਂ। ਜਾਣਕਾਰੀ ਦਿੰਦੇ ਹੋਏ ਕਿਸਾਨ ਆਗੂਆਂ ਜਰਨੈਲ ਸਿੰਘ ਮੋਤੀਪੁਰ, ਕਮਲਜੀਤ ਸਿੰਘ ਨੇ ਕਿਹਾ ਕਿ ਸਰਕਾਰ ਜਾਣਬੁਝ ਕੇ ਕਿਸਾਨਾਂ ਨੂੰ ਪ੍ਰੇਸ਼ਾਨ ਕਰ ਰਹੀ ਹੈ। ਕਿਸਾਨ ਮੰਡੀਆਂ ਵਿੱਚ ਝੋਨੇ ਲੈਕੇ ਬੈਠੇ ਹਨ, ਉਕਤ ਆਗੂਆਂ ਨੇ ਕਿਹਾ ਕਿ ਜੇਕਰ ਕਿਸਾਨਾਂ ਦਾ ਮਸਲਾ ਜਲਦੀ ਹਲ ਨਾ ਕੀਤਾ ਗਿਆ ਤਾਂ ਕਿਸਾਨ ਅਣਮਿੱਥੇ ਸਮੇਂ ਲਈ ਹਾਈਵੇ ਜਾਮ ਕਰਨਗੇ। ਇਹ ਵੀ ਦੱਸਿਆ ਕਿ ਇਸ ਮਸਲੇ ਸਬੰਧੀ ਡੀਸੀ ਜਲੰਧਰ ਅਤੇ ਹੋਰ ਉੱਚ ਅਧਿਕਾਰੀਆਂ ਨਾਲ ਮੀਟਿੰਗ ਕਰ ਚੁੱਕੇ ਹਾਂ ਪਰ ਸਾਡੀ ਕੋਈ ਵੀ ਗੱਲ ਨਹੀਂ ਮੰਨੀ ਗਈ। ਟ੍ਰੈਫਿਕ ਜਾਮ ਲੱਗਣ ਕਾਰਨ ਲੋਕਾਂ ਨੂੰ ਭਾਰੀ ਪ੍ਰੇਸ਼ਾਨੀ ਹੋਈ।

## ਅਮਰਿੰਦਰ ਸਿੰਘ ਦੀ ਚੋਣ ਡਿਊਟੀ ਦੌਰਾਨ ਹੋਈ ਮੌਤ 'ਤੇ ਕੀਤਾ ਦੁੱਖ ਦਾ ਪ੍ਰਗਟਾਵਾ




**ਜਲੰਧਰ, ਫਿਲੌਰ (ਰਾਜੇਸ਼ ਥਾਪਾ, ਨਿਰਮਲ)** ਪੰਚਾਇਤ ਚੋਣਾਂ-2024 ਦੌਰਾਨ ਸਰਕਾਰੀ ਪ੍ਰਾਇਮਰੀ ਸਕੂਲ ਧੁਦਿਆਲ ਬਲਾਕ ਆਦਮਪੁਰ ਦੇ ਨਵਨਿਯੁਕਤ ਈ ਟੀ ਟੀ ਅਧਿਆਪਕ ਅਮਰਿੰਦਰ ਸਿੰਘ (ਫਾਜ਼ਿਲਕਾ) ਦੀ ਚੋਣ ਡਿਊਟੀ ਨਿਭਾਉਂਦੇ ਹੋਏ ਦਿਲ ਦਾ ਦੌਰਾ ਪੈਣ ਕਾਰਨ ਹੋਈ ਮੌਤ 'ਤੇ ਉਹਨਾਂ ਦੇ ਪਰਵਾਰਕ ਮੈਂਬਰਾਂ ਅਤੇ ਸਕੇ ਸੰਬੰਧੀਆਂ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਗੌਰਮਿੰਟ ਟੀਚਰਜ਼ ਯੂਨੀਅਨ ਜ਼ਿਲ੍ਹਾ ਜਲੰਧਰ ਦੇ ਪ੍ਰਧਾਨ ਕਰਨੈਲ ਫਿਲੌਰ, ਸੀਨੀਅਰ ਮੀਤ ਪ੍ਰਧਾਨ ਬਲਜੀਤ ਸਿੰਘ ਕੁਲਾਰ, ਗੁਰਿੰਦਰ ਸਿੰਘ ਆਦਮਪੁਰ, ਜਨਰਲ ਸਕੱਤਰ ਸੁਖਵਿੰਦਰ ਸਿੰਘ ਮੱਕੜ, ਵਿੱਤ ਸਕੱਤਰ ਹਰਮਨਜੋਤ ਸਿੰਘ ਆਹਲੂਵਾਲੀਆ, ਪ੍ਰੈੱਸ ਸਕੱਤਰ ਵੇਦ ਰਾਜ, ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੇ ਸੂਬਾ ਕਮੇਟੀ ਮੈਂਬਰ ਗੁਰਮੇਲ ਸਿੰਘ ਅਤੇ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਦੇ ਸੂਬਾ ਜਨਰਲ ਸਕੱਤਰ ਤੀਰਥ ਸਿੰਘ ਬਾਸੀ, ਸੂਬਾ ਕਮੇਟੀ ਮੈਂਬਰ ਤਰਸੇਮ ਮਾਧੋਪੁਰੀ, ਕੁਲਦੀਪ ਵਾਲੀਆ ਬਿਲਗਾ, ਪ ਸ ਸ ਫ ਦੇ ਜ਼ਿਲ੍ਹਾ ਪ੍ਰਧਾਨ ਪੁਸ਼ਪਿੰਦਰ ਕੁਮਾਰ ਵਿਰਦੀ, ਕਾਰਜ਼ਕਾਰੀ ਜਨਰਲ ਸਕੱਤਰ ਪ੍ਰੇਮ ਖਲਵਾੜਾ, ਵਿੱਤ ਸਕੱਤਰ ਅਕਲ ਚੰਦ ਸਿੰਘ, ਪ੍ਰੈੱਸ ਸਕੱਤਰ ਪਰਨਾਮ ਸਿੰਘ ਸੈਣੀ ਆਦਿ ਨੇ ਕਿਹਾ ਕਿ ਪਰਿਵਾਰ ਅਤੇ ਸਕੇ ਸੰਬੰਧੀਆਂ ਨੂੰ ਕਦੇ ਵੀ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਦੋਵਾਂ ਜਥੇਬੰਦੀਆਂ ਦੇ ਆਗੂਆਂ ਨੇ ਪਰਿਵਾਰ ਨੂੰ ਪਏ ਘਾਟੇ ਦੀ ਅੰਸ਼ਕ ਪੂਰਤੀ ਲਈ ਡਿਪਟੀ ਕਮਿਸ਼ਨਰ ਕਮ ਜ਼ਿਲ੍ਹਾ ਚੋਣ ਅਫ਼ਸਰ ਅਤੇ ਮੁੱਖ ਚੋਣ ਅਫਸਰ ਪੰਜਾਬ ਅਤੇ ਪੰਜਾਬ ਸਰਕਾਰ ਤੋਂ ਜ਼ੋਰਦਾਰ ਢੰਗ ਨਾਲ ਮੰਗ ਕਰਦੇ ਹਨ ਕਿ ਪਰਿਵਾਰ ਦੇ ਗੁਜ਼ਾਰੇ ਲਈ ਅਤੇ ਬੱਚਿਆਂ ਦੇ ਪਾਲਣ ਪੋਸ਼ਣ ਨੂੰ ਅਤਿ ਗੰਭੀਰਤਾ ਨਾਲ ਧਿਆਨ ਵਿੱਚ ਰੱਖਦੇ ਹੋਏ ਪਰਿਵਾਰ ਦੇ ਇੱਕ ਮੈਂਬਰ ਨੂੰ ਤੁਰੰਤ ਸਰਕਾਰੀ ਨੌਕਰੀ ਅਤੇ ਚੋਣ ਡਿਊਟੀ ਦੌਰਾਨ ਦਿਲ ਦਾ ਦੌਰਾ ਪੈਣ ਕਾਰਨ ਹੋਈ ਮੌਤ ਕਰਕੇ ਪਰਿਵਾਰ ਨੂੰ ਤੁਰੰਤ ਇੱਕ ਕਰੋੜ ਰੁਪਏ ਦਾ ਮੁਆਵਜ਼ਾ ਦਿੱਤਾ ਜਾਵੇ।

## ਸੰਤੋਸ਼ ਕਟਾਰੀਆ ਨੇ ਸਰਬਸੰਮਤੀ ਨਾਲ ਬਣੀਆਂ ਪੰਚਾਇਤਾਂ ਨੂੰ ਦਿੱਤੀ ਵਧਾਈ

**ਬਲਾਚੌਰ (ਜਸਵਿੰਦਰ ਬੈਂਸ)** ਸਰਬਸੰਮਤੀ ਨਾਲ ਪੰਚਾਇਤਾਂ ਬਣਨ ਨਾਲ ਪਿੰਡਾਂ ਵਿੱਚ ਗੁੱਟਬੰਦੀ ਖਤਮ ਹੋਈ ਹੈ ਤੇ ਬਜ਼ੁਰਗਾਂ ਦਾ ਆਦਰ ਸਤਿਕਾਰ ਵਧਿਆ ਹੈ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਬੀਬੀ ਸੰਤੋਸ਼ ਕਟਾਰੀਆ ਵਿਧਾਇਕ ਹਲਕਾ ਬਲਾਚੌਰ ਨੇ ਪਿੰਡ ਮਾਲੇਵਾਲ ਕੰਢੀ ਦੇ ਨਵਨਿਯੁਕਤ ਰਾਮਸਰੂਪ ਭੂੰਬਲਾ ਸਰਪੰਚ, ਧਰਮਪਾਲ, ਜਸਪਾਲ, ਬਲਰਾਮ, ਹਰਦੀਪ ਕੁਮਾਰ,ਗੀਤਾ ਦੇਵੀ, ਪੁਸ਼ਪਾ, ਮਨਜੀਤ ਕੌਰ, ਬਲਵੀਰ, ਦੇਵਰਾਜ, ਓਮੀ, ਟੈਂਕੂ, ਗੁਰਮੇਲ, ਚਰਨਦਾਸ, ਸਤਪਾਲ, ਜਸਪਾਲ, ਵਿਜੇ ਕੁਮਾਰ, ਕਾਲਾ ਬਲਵੀਰ, ਸੇਠੀ ਪਿੰਡ ਮੱਕੋਵਾਲ ਦੇ ਨਵਨਿਯੁਕਤ ਸਰਪੰਚ ਊਧਮ ਰਾਮ ਸਿੰਘ, ਰਘਬੀਰ ਸਿੰਘ, ਗੁਰਪ੍ਰੀਤ ਸਿੰਘ ਮਨਜੀਤ ਕੌਰ, ਨੀਰਜ ਕੁਮਾਰ, ਕੁਲਦੀਪ ਕੌਰ ਸਾਰੇ ਪੰਚ, ਪਿੰਡ ਮੁੱਤੋਂ ਮੰਡ ਦੇ ਨਵਨਿਯੁਕਤ ਸਰਪੰਚ ਅਮਨਦੀਪ ਕੌਰ, ਨੇਮ ਸਿੰਘ, ਸੌਦਾਗਰ, ਕੁਲਦੀਪ ਕੌਰ, ਮਨਜੀਤ ਕੌਰ, ਪਰਸ਼ੋਤਮ ਲਾਲ ਸਾਰੇ ਪੰਚ ਪਿੰਡ ਕਿਸ਼ਨਪੁਰ ਦੇ ਨਵਨਿਯੁਕਤ ਸਰਪੰਚ ਸੁਰੇਸ਼ ਕੁਮਾਰ, ਦੀਦਾਰ ਸਿੰਘ, ਮੋਹਣ ਕੌਰ, ਊਸ਼ਾ ਦੇਵੀ, ਸੁਰਿੰਦਰ ਕੌਰ ਪਿੰਡ ਕਮਾਲਪੁਰ ਦੇ ਨਵਨਿਯੁਕਤ ਸਰਪੰਚ ਗੁਰਮੇਲ ਸਿੰਘ, ਸੁਖਪ੍ਰੀਤ ਸਿੰਘ, ਰਾਜਵੀਰ ਸਿੰਘ, ਮਨਜੀਤ ਕੌਰ , ਹਰਪ੍ਰੀਤ ਕੌਰ, ਗਗਨਦੀਪ ਕੌਰ ਸਾਰੇ ਪੰਚ ਆਦਿ ਨੂੰ ਹਾਰ ਪਹਿਨਾ ਕੇ ਵਧਾਈ ਦਿੰਦਿਆਂ ਹੋਇਆਂ ਕੀਤਾ। ਬੀਬੀ ਸੰਤੋਸ਼ ਕਟਾਰੀਆ ਨੇ ਕਿਹਾ ਕਿ ਹਲਕਾ ਬਲਾਚੌਰ ਦੀਆਂ 83 ਪੰਚਾਇਤਾਂ ਸਰਬਸੰਮਤੀ ਨਾਲ ਬਣੀਆਂ ਹਨ ਮੈ ਸਾਰੀਆਂ ਨਵੀਆਂ ਪੰਚਾਇਤਾਂ ਨੂੰ ਮੁਬਾਰਕਬਾਦ ਦਿੰਦੀ ਹਾਂ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਨੇ ਜੋ ਵਾਅਦਾ ਕੀਤਾ ਹੈ ਕਿ ਉਹ ਸਰਬਸੰਮਤੀ ਨਾਲ ਬਣੀ ਪੰਚਾਇਤ ਨੂੰ ਪੰਜ ਲੱਖ ਰੁਪਏ ਜ਼ਰੂਰ ਮਿਲੇਗਾ।ਇਸ ਦੀ ਜਾਣਕਾਰੀ ਮੀਡੀਆ ਨੂੰ ਦਿੰਦੇ ਹੋਏ ਚੰਦਰ ਮੋਹਨ ਜੇਡੀ ਮੀਡੀਆ ਇੰਚਾਰਜ ਨੇ ਕਿਹਾ ਕਿ ਇਹ ਪਹਿਲੀ ਵਾਰ ਹੋਇਆ ਹੈ ਕਿ ਹਲਕਾ ਬਲਾਚੌਰ ਵਿਖੇ ਸਰਬਸੰਮਤੀ ਨਾਲ ਇੰਨੀਆਂ ਜ਼ਿਆਦਾ ਪੰਚਾਇਤਾਂ ਬਣੀਆਂ ਹੋਣ।ਇਸ ਮੌਕੇ ਪਿੰਡਾਂ ਦੇ ਮੋਹਤਬਰ ਸੱਜਣ ਮੌਜੂਦ ਸਨ।



## ਆੜ੍ਹਤੀਆਂ ਵੱਲੋਂ ਤਿੰਨ ਦਿਨ ਹੜਤਾਲ ਦਾ ਐਲਾਨ



**ਭੋਗਪੁਰ (ਕੁਲਵੀਰ ਸਿੰਘ ਕਾਹਲੋਂ)** ਦਾਣਾ ਮੰਡੀ ਭੋਗਪੁਰ ਵਿਖੇ ਰਾਜ ਕੁਮਾਰ ਰਾਜਾ ਪ੍ਰਧਾਨ ਆੜ੍ਹਤੀਆ ਐਸੋਸੀਏਸ਼ਨ ਦੀ ਅਗਵਾਈ ਵਿੱਚ ਮੀਟਿੰਗ ਹੋਈ ਜਿਸ ਵਿੱਚ ਫੈਸਲਾ ਕੀਤਾ ਗਿਆ ਕਿ ਅੱਜ ਰਾਤ 12 ਵਜੇ ਤੋਂ ਮੰਡੀਆਂ ਨੂੰ ਤਿੰਨ ਦਿਨ ਲਈ ਬੰਦ ਕੀਤਾ ਜਾਵੇਗਾ।ਜੋ ਟਰਾਲੀ ਰਾਤ 12 ਵਜੇ ਤੱਕ ਆ ਜਾਏਗੀ ਉਸ ਨੂੰ ਉਸ ਨੂੰ ਉਤਾਰਿਆ ਜਾਵੇਗਾ 12 ਵਜੇ ਤੋਂ ਬਹੁਤ ਕੋਈ ਟਰਾਲੀ ਮੰਡੀ ਵਿੱਚ ਨਹੀਂ ਆਉਣ ਦਿੱਤੀ ਜਾਵੇਗੀ। ਇਸ ਸਮੇਂ ਜਸਪਾਲ ਬਿੱਲਾ ਅਸ਼ਵਨ ਭੱਲਾ ਅਤੇ ਹੋਰ ਬਹੁਤ ਸਾਰੇ ਆੜ੍ਹਤੀ ਵੀ ਮੌਜੂਦ ਸਨ।

## ਸੁਖਵਿੰਦਰ ਕੌਰ ਗੜ੍ਹੀ ਦੀ ਬਣੀ ਸਰਪੰਚ

**ਰਾਹੋਂ (ਕੁਲਵਿੰਦਰ ਸਿੰਘ ਰਾਹੋਂ)** ਪੰਚਾਇਤ ਚੋਣਾਂ ਦੌਰਾਨ ਪਿੰਡ ਗੜ੍ਹੀ ਪਾਰਟੀ ਵਿਖੇ ਵੋਟਾਂ ਦੌਰਾਨ ਸੁਖਵਿੰਦਰ ਕੌਰ ਪਤਨੀ ਸਤਨਾਮ ਸਿੰਘ ਭੌਰੀਆ ਨੂੰ ਪਿੰਡ ਵਾਸੀਆਂ ਨੇ ਬਹੁਤ ਵਧੀਆ ਲੀਡ ਨਾਲ ਸਰਪੰਚੀ ਦੇ ਚੋਣ 'ਤੇ ਜਤਾਇਆ ਹੈ ਅਤੇ ਉਨ੍ਹਾਂ ਦੇ ਪਰਿਵਾਰ ਨੂੰ ਇੱਕ ਵਾਰ ਫਿਰ ਸਰਪੰਚ ਦੇ ਅਹੁਦੇ 'ਤੇ ਨਿਵਾਜਿਆ ਹੈ। ਪਿਛਲੇ ਪੰਜ ਸਾਲ ਮਿੰਦਰ ਸਿੰਘ ਭੌਰੀਆ ਦੇ ਕਾਲ ਦੌਰਾਨ ਪਿੰਡ ਵਿੱਚ ਇਕ ਕਰੋੜ ਤੋਂ ਵੱਧ ਦੀ ਰਾਸ਼ੀ ਨਾਲ ਵਿਕਾਸ ਕਾਰਜ ਹੋਏ। ਇਸ ਦੌਰਾਨ ਉਹਨਾਂ ਨੇ ਗੁਰੂ ਘਰ ਜਾ ਕੇ ਗੁਰੂ ਜੀ ਦਾ ਸ਼ੁਕਰਾਨਾ ਕੀਤਾ ਅਤੇ ਨਾਲ ਹੀ ਸਮੂਹ ਪਿੰਡ ਵਾਸੀਆਂ ਦਾ ਧੰਨਵਾਦ ਵੀ ਕੀਤਾ ਉਹਨੇ ਕਿਹਾ ਕਿ ਪਿੰਡ ਦੇ ਪਹਿਲਾ ਵਾਂਗ ਸੁਧਾਰ ਦੇ ਅਧੂਰੇ ਕੰਮ ਕਾਰਜਾਂ ਨੂੰ ਵੀ ਨੇਪਰੇ ਚਾੜਿਆ ਜਾਵੇਗਾ ਇਸ ਮੌਕੇ 'ਤੇ ਸ਼ੇਰੇ ਪੰਜਾਬ ਐਂਡ ਵੈਲਫੇਅਰ ਕਲੱਬ ਪਾਰਟੀ ਨੇ ਹਮੇਸ਼ਾ ਪਿੰਡ ਦੇ ਵਿਕਾਸ ਤੇ ਭਲਾਈ ਕਾਰਜਾਂ ਲਈ ਸਹਿਯੋਗ ਕਰਦੇ ਰਹਾਂਗੇ।

## ਭਾਰਤੀ ਕਿਸਾਨ ਯੂਨੀਅਨ ਦੁਆਬਾ ਬਲਾਕ ਨੂਰਮਹਿਲ ਦੀ ਮੀਟਿੰਗ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)** ਭਾਰਤੀ ਕਿਸਾਨ ਯੂਨੀਅਨ ਦੁਆਬਾ ਬਲਾਕ ਨੂਰਮਹਿਲ ਦੀ ਟੀਮ ਵੱਲੋਂ ਤਲਵਣ ਦਾਣਾ ਮੰਡੀ ਵਿੱਚ ਝੋਨੇ ਦੀ ਖਰੀਦ ਸੰਬੰਧੀ ਮਾਰਕੀਟ ਕਮੇਟੀ ਸਕਤਰ ਵਰਿੰਦਰ ਕੁਮਾਰ ਦੇ ਸਟਾਫ ਨਾਲ ਮੀਟਿੰਗ ਕੀਤੀ ਗਈ ਜਿਸ ਵਿੱਚ ਝੋਨੇ ਦੀ ਖਰੀਦ ਸੰਬੰਧੀ ਮੌਚਰ ਮਸ਼ੀਨ ਮਾਰਕੀਟ ਕਮੇਟੀ ਦੀ ਹੋਣੀ ਜਰੂਰੀ ਹੈ।ਮੰਡੀ ਵਿਚ ਪਾਣੀ, ਲਾਈਟਾ ਤੇ ਇਕ ਕਰਮਚਾਰੀ ਹਮੇਸ਼ਾ ਹਾਜ਼ਰ ਰਹੇ ਤੇ ਤੁਲਾਈ ਵੀ ਸਹੀ ਢੰਗ ਨਾਲ ਕੀਤੀ ਜਾਵੇ ਆਉਣ ਵਾਲੇ ਸਮੇਂ ਵਿਚ ਯੂਨੀਅਨ ਵੱਲੋਂ ਕੰਡੇ ਵੀ ਚੈਕ ਕੀਤੇ ਜਾਣਗੇ ਤੇ ਜੇਕਰ ਕਿਸੇ ਵੀ ਆੜ੍ਹਤੀਏ ਦਾ ਕੰਡਾ ਗਲਤ ਹੋਇਆ ਤੇ ਮੌਕੇ ਜੁਰਮਾਨਾ 'ਤੇ ਕਨੂੰਨੀ ਕਾਰਵਾਈ ਕੀਤੀ ਜਾਵੇਗੀ।ਇਸ ਤੋਂ ਬਾਅਦ ਗਰੇਨ ਇੰਸਪੈਕਟਰ ਨੂਰਮਹਿਲ, ਤਲਵਣ ਮੌ ਸਾਹਿਬ, ਕੋਟ ਬਾਦਲ ਖਾਂ ਮੰਡੀਆ ਵਿੱਚ ਬਾਰਦਾਨੇ ਦੀ ਸਮੱਸਿਆ, ਲਿਫਟਿੰਗ ਜਲਦੀ ਕੀਤੀ ਜਾਵੇ। ਇਸ ਮੌਕੇ ਗੁਰਚੇਤਨ ਸਿੰਘ ਤੱਖਰ ਸੂਬਾ ਆਗੂ ਵੱਲੋਂ ਸਰਕਾਰ ਨੂੰ ਸਖ਼ਤ ਚਿਤਾਵਨੀ ਦਿੰਦਿਆਂ ਹੋਇਆਂ ਕਿਹਾ ਕਿ ਸ਼ੈਲਰਾਂ ਵਾਲਿਆਂ ਦਾ ਮੁੱਦਾ ਹੱਲ ਕੀਤਾ ਜਾਵੇ ਤਾਂ ਜੋ ਮੰਡੀਆਂ ਵਿੱਚੋਂ ਝੋਨੇ ਨੂੰ ਜਲਦੀ ਤੋਂ ਜਲਦੀ ਚੁੱਕਿਆ ਜਾ ਸਕੇ। ਇਸ ਮੌਕੇ ਕੇਵਲ ਸਿੰਘ ਤਲਵਣ ਜ਼ਿਲ੍ਹਾ ਮੀਤ ਪ੍ਰਧਾਨ ਜਸਵੰਤ ਸਿੰਘ ਕਾਹਲੋਂ, ਬਲਾਕ ਪ੍ਰਧਾਨ ਰਛਪਾਲ ਸਿੰਘ, ਸ਼ਾਦੀਪੁਰ ਸੀਨੀਅਰ ਮੀਤ ਪ੍ਰਧਾਨ, ਗੁਰਦਿਆਲ ਸਿੰਘ ਪ੍ਰੈਸ ਸਕੱਤਰ, ਮਨਜਿੰਦਰ ਸਿੰਘ, ਰਣਵੀਰ ਸਿੰਘ, ਦਇਆ ਸਿੰਘ, ਸਰਜੀਤ ਸਿੰਘ, ਜੋਗਾ ਸਿੰਘ ਮੌ ਸਾਹਿਬ, ਬਲਾਕ ਨੂਰਮਹਿਲ ਦੀ ਟੀਮ ਆੜ੍ਹਤੀਆਂ ਸਹਿਬਾਨ ਤੇ ਮਾਰਕੀਟ ਕਮੇਟੀ ਸਟਾਫ ਹਾਜ਼ਰ ਸਨ।

## ਮਨਦੀਪ ਕੌਰ ਦਰੀਆਪੁਰ ਦੀ ਬਣੀ ਸਰਪੰਚ



**ਰਾਹੋਂ (ਕੁਲਵਿੰਦਰ ਸਿੰਘ ਰਾਹੋਂ)** ਪਿੰਡ ਦਰੀਆਪੁਰ ਬਹੁਤ ਹੀ ਰੌਚਕ ਮੁਕਾਬਲਾ ਦੇਖਣ ਨੂੰ ਮਿਲਿਆ ਸਰਪੰਚ ਦੇ ਨਾਂ ਤੇ ਪੰਜ ਮਹਿਲਾ ਉਮੀਦਵਾਰਾਂ ਨੂੰ ਮੈਦਾਨ ਵਿੱਚ ਹਨ। ਮਨਦੀਪ ਕੌਰ ਨੇ ਜਸਵੀਰ ਕੌਰ ਨੂੰ ਸਾਬਕਾ ਸਰਪੰਚ ਨੂੰ ਹਰਾ ਕੇ ਸਰਪੰਚੀ ਦਾ ਤਾਜ ਪਹਿਨਿਆ ਮਨਦੀਪ ਕੌਰ ਨੇ ਕਿਹਾ ਕਿ ਉਹ ਪਿੰਡ ਦਾ ਵਿਕਾਸ ਨਿਰਪੱਖ ਹੋ ਕੇ ਕਰਨਗੇ ਅਤੇ ਵੱਡੇ ਪੱਧਰ 'ਤੇ ਕਰਨਗੇ ਵਿਕਾਸ ਨਿਰਪੱਖ ਹੋ ਕੇ ਕਰਨਗੇ ਇਸ ਤਰ੍ਹਾਂ ਪਾਲਟਾ ਖੁਰਦ ਵਿੱਚ ਪ੍ਰਿਤਪਾਲ ਮੌਜੂਦਾ ਸਰਪੰਚ ਵਿਰੋਧੀ ਸਾਬਕਾ ਸਰਪੰਚ ਰਾਜਵਿੰਦਰ ਕੌਰ ਨੂੰ 102 ਵੋਟਾਂ ਨਾਲ ਹਰਾ ਕੇ ਚੌਥੀ ਵਾਰ ਪਿੰਡ ਦੇ ਸਰਪੰਚ ਬਣੇ ਅਤੇ ਇਸ ਤਰ੍ਹਾਂ ਪਿੰਡ ਕਾਹਲੋ ਵਿੱਚ ਬਲਕਰਨ ਸਿੰਘ ਵਿਰੋਧੀ ਧਿਰ ਸਰਪੰਚੀ ਦੇ ਉਮੀਦਵਾਰ ਕੇਵਲ ਸਿੰਘ ਮਾਲ ਸਾਬਕਾ ਸਰਪੰਚ ਨੂੰ ਹਰਾ ਕੇ ਦੂਸਰੀ ਵਾਰ ਸਰਪੰਚ ਬਣੇ ਹਨ ਅਤੇ ਉਨੀ ਸੋਚਿਆ ਹੈ ਕਿ ਪਿੰਡ ਦਾ ਵਿਕਾਸ ਨਿਰਪੱਖ ਹੋ ਕੇ ਪਹਿਲ ਦੇ ਅਧਾਰ 'ਤੇ ਵੱਡੇ ਪੱਧਰ 'ਤੇ ਕਰਨਗੇ ਤੇ ਪਿੰਡਾਂ ਵਾਸੀਆਂ ਨੇ ਨਵ ਨਿਯੁਕਤ ਪੰਚਾਇਤ ਨੂੰ ਵਧਾਈਆਂ ਦਿੱਤੀਆਂ ਅਤੇ ਸਾਰਾ ਕੰਮ ਸ਼ਾਂਤੀ ਨਾਲ ਨੇਪਰੇ ਚੜਨ ਵਾਸਤੇ ਧੰਨਵਾਦ ਕੀਤਾ।

## ਢਾਹਾਂ ਕਲੇਰਾਂ ਵਿਖੇ ਵਿਸ਼ਵ ਐਨਸਥੀਸੀਆ ਦਿਵਸ ਮਨਾਇਆ



**ਬੰਗਾ (ਅਵਤਾਰ ਕਲੇਰ)** ਗੁਰੂ ਨਾਨਕ ਪੈਰਾ-ਮੈਡੀਕਲ ਕਾਲਜ ਢਾਹਾਂ-ਕਲੇਰਾਂ ਵਿਖੇ ਵਿਸ਼ਵ ਐਨਸਥੀਸੀਆ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਮੌਕੇ ਡਾ. ਕੁਲਵਿੰਦਰ ਸਿੰਘ ਢਾਹਾਂ ਪ੍ਰਧਾਨ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਨੇ ਸਮਾਗਮ ਦੇ ਮੁੱਖ ਮਹਿਮਾਨ ਵਜੋਂ ਪ੍ਰੋਗਰਾਮ ਸ਼ਿਰਕਤ ਕੀਤੀ।ਉਹਨਾਂ ਨੇ ਸੰਬੋਧਨ ਦੌਰਾਨ ਕਿਹਾ ਕਿ ਮੈਡੀਕਲ ਖੇਤਰ ਵਿਚ ਐਨਸਥੀਸੀਆ ਵਿਭਾਗ ਦਾ ਕੀਮਤੀ ਇਨਸਾਨੀ ਜਾਨਾਂ ਨੂੰ ਬਚਾਉਣ ਵਿਚ ਅਹਿਮ ਰੋਲ ਹੈ, ਇਹਨਾਂ ਦੇ ਕਰਕੇ ਹੀ ਦਰਦ ਰਹਿਤ ਅਪਰੇਸ਼ਨ ਹੋਣੇ ਸੰਭਵ ਹੋਏ ਹਨ।ਡਾ. ਰਵਿੰਦਰ ਖਜੂਰੀਆ ਮੈਡੀਕਲ ਸੁਪਰਡੈਂਟ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਦੱਸਿਆ ਕਿ ਐਨਸਥੀਸੀਆ ਇਕ ਕਿਸਮ ਦੀ ਡਾਕਟਰੀ ਵਿਗਿਆਨ ਹੈ, ਜਿਸ ਦੀ ਵਰਤੋਂ ਡਾਕਟਰ ਆਮ ਤੌਰ 'ਤੇ ਅਪਰੇਸ਼ਨਾਂ ਅਤੇ ਹੋਰ ਜੀਵਨ ਰੱਖਿਅਕ ਇਲਾਜ ਦੌਰਾਨ ਮਰੀਜ਼ਾਂ ਨੂੰ ਬੇਹੋਸ਼ ਕਰਨ ਲਈ ਵਰਤੀ ਜਾਂਦੀ ਹੈ।ਐਨਸਥੀਸੀਆ ਕਰਕੇ ਹੁਣ ਆਧੁਨਿਕ ਮੈਡੀਕਲ ਇਲਾਜ ਪ੍ਰਣਾਲੀ ਵਿਚ ਹਰ ਤਰ੍ਹਾਂ ਦੇ ਛੋਟੇ ਅਤੇ ਵੱਡੇ ਸਰੀਰਕ ਅਪਰੇਸ਼ਨਾਂ ਦੌਰਾਨ ਮਰੀਜ਼ਾਂ ਦਾ ਜੀਵਨ ਬਚਾਕੇ ਉਹਨਾਂ ਨੂੰ ਤੰਦਰੁਸਤੀ ਕਰਨ ਜ਼ਿਆਦਾ ਸਫਲਤਾ ਮਿਲਦੀ ਹੈ।ਇਸ ਸਮਾਗਮ ਵਿੱਚ ਮਹਿੰਦਰ ਪਾਲ ਸਿੰਘ ਦਫਤਰ ਸੁਪਰਡੈਂਟ ਟਰੱਸਟ ਅਤੇ ਰਾਜਦੀਪ ਥਿਥਵਾੜ ਵਾਈਸ ਪ੍ਰਿੰਸੀਪਲ ਗੁਰੂ ਨਾਨਕ ਪੈਰਾ ਮੈਡੀਕਲ ਕਾਲਜ ਨੇ ਵਿਦਿਆਰਥੀਆਂ ਨੂੰ ਐਨਸਥੀਸੀਆ ਦੇ ਖੇਤਰ ਵਿੱਚ ਮੁਹਾਰਤ ਹਾਸਲ ਕਰਨ ਲਈ ਪ੍ਰੇਰਿਤ ਕੀਤਾ।ਇਸ ਮੌਕੇ ਪ੍ਰੋਗਰਾਮ ਵਿਚ ਸ਼ਾਮਲ ਮਹਿਮਾਨਾਂ ਅਤੇ ਯੋਗ ਵਿਦਿਆਰਥੀਆਂ ਦਾ ਸਨਮਾਨ ਵੀ ਕੀਤਾ ਗਿਆ।ਸਮਾਗਮ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਮੈਡਮ ਪਿਯੂਸ਼ੀ ਯਾਦਵ, ਰਵੀ ਯਾਦਵ ਅਤੇ ਮੈਡਮ ਅੰਜਲੀ ਸਿੰਘ ਅਤੇ ਮੀਡੀਆ ਕੋਆਰਡੀਨੇਟਰ ਵਿਕਾਸ ਕੁਮਾਰ ਦੇ ਯਤਨ ਸ਼ਲਾਘਾਯੋਗ ਸਨ।

## ਹੁਸ਼ਿਆਰ ਤੇ ਲੋੜਵੰਦ ਵਿਦਿਆਰਥੀਆਂ ਲਈ ਵਜ਼ੀਫਾ ਵੰਡ ਸਮਾਗਮ ਕਰਵਾਇਆ

**ਬੰਗਾ (ਅਵਤਾਰ ਕਲੇਰ)** ਇੰਡੀਅਨ ਸ਼ਡਿਊਲ ਕਾਸਟ ਵੈਲਫੇਅਰ ਐਸੋਸੀਏਸ਼ਨ ਇੰਗਲੈਂਡ ਦੇ ਸ਼ਹਿਰ ਡਰਬੀ ਦੀ ਪੰਜਾਬ ਇਕਾਈ ਵੱਲੋਂ ਬੰਗਾ ਵਿਖੇ ਹੁਸ਼ਿਆਰ ਤੇ ਲੋੜਵੰਦ ਵਿਦਿਆਰਥੀਆਂ ਨੂੰ ਵਜ਼ੀਫਾ ਵੰਡ ਸਮਾਗਮ ਕਰਵਾਇਆ। ਮੁੱਖ ਮਹਿਮਾਨ ਸੁਰਿੰਦਰ ਕੁਮਾਰ ਸੋਢੀ ਸੰਸਥਾ ਦੇ ਵਾਈਸ ਪ੍ਰਧਾਨ ਨੇ 24 ਵਿਦਿਆਰਥੀਆਂ ਨੂੰ ਇਕ ਲੱਖ 12 ਹਜਾਰ ਦੀ ਰਾਸ਼ੀ ਵੰਡੀ ਗਈ। ਸੁਰਿੰਦਰ ਕੁਮਾਰ ਨੇ ਕਿਹਾ ਜਿੰਨਾਂ ਚਿਰ ਤੁਸੀਂ ਪੜ੍ਹਾਈ ਕਰੋਗੇ ਸਾਡੀ ਸੰਸਥਾ ਵੱਲੋਂ ਤੁਹਾਡੀ ਲਗਾਤਾਰ ਮੱਦਦ ਕਰਦੀ ਰਹੇਗੀ।ਜਿਹੜੇ ਵਿਦਿਆਰਥੀ ਆਪਣੀ ਕਲਾਸ ਵਿੱਚੋਂ ਚੰਗੇ ਨੰਬਰ ਲੈ ਕੇ ਪਾਸ ਹੋਣਗੇ ਅਸੀਂ ਉਹਨਾਂ ਵਿਦਿਆਰਥੀਆਂ ਦੀ ਹੋਰ ਵੀ ਮੱਦਦ ਤੇ ਸਨਮਾਨ ਕਰਾਂਗੇ।ਸੰਸਥਾ ਦੇ ਚੇਅਰਮੈਨ ਪਰਮਜੀਤ ਸਿੰਘ ਸਾਬਕਾ ਸਰਪੰਚ ਗੁਣਾਚੌਰ, ਸੈਕਟਰੀ ਲੇਖ ਰਾਜ ਪਾਲ, ਪ੍ਰਕਾਸ਼ ਗਿੱਦਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਜੋ ਵਿਦਿਆਰਥੀ ਅੱਜ ਦੇ ਸਮੇਂ ਵਿੱਚ ਦਿਨ ਰਾਤ ਮਿਹਨਤ ਕਰਨਗੇ ਉਹ ਵਿਦਿਆਰਥੀ ਹੀ ਆਉਣ ਵਾਲੇ ਸਮੇਂ ਵਿੱਚ ਤਰੱਕੀ ਕਰਨਗੇ।ਉਹਨਾਂ ਕਿਹਾ ਕਿ ਜਿਹੜੇ ਵਿਦਿਆਰਥੀ ਡਿਗਰੀਆਂ ਕਰ ਰਹੇ ਹਨ ਸਾਨੂੰ ਇਹਨਾਂ ਵਿਦਿਆਰਥੀਆਂ ਤੇ ਮਾਣ ਹੈ।ਗਿਆਨ ਸਿੰਘ ਤੇ ਸੁਰਿੰਦਰ ਕੁਮਾਰ ਰਿਟਾਇਰ ਡਿਪਟੀ ਡਾਇਰੈਕਟਰ ਹੈਲਥ ਡਿਪਾਰਟਮੈਂਟ ਚੰਡੀਗੜ੍ਹ ਤੇ ਅਮਰਜੀਤ ਤੇ ਜਸਪਾਲ ਜੱਸਾ ਹੀਓ, ਸਤਪਾਲ ਯੂਕੇ, ਬਲਦੇਵ ਸਿੰਘ, ਚਰਨਜੀਤ ਨੰਬਰਦਾਰ ਸੱਲ੍ਹਾ ਹਾਜ਼ਰ ਸਨ।ਸੰਸਥਾ ਦੇ ਮੁੱਖ ਮਹਿਮਾਨ ਤੇ ਮੈਂਬਰ ਸਾਹਿਬਾਨ ਦਾ ਚੇਅਰਮੈਨ ਪਰਮਜੀਤ ਸਿੰਘ ਤੇ ਕਮਾਂਡੋ ਗਿਆਨ ਸਿੰਘ ਵੱਲੋਂ ਸਨਮਾਨ ਕੀਤੇ ਗਏ।ਸਮਾਗਮ ਵਿੱਚ ਸਾਡੀ ਵਿਦਿਆਰਥਣ ਜੋ ਪੀ ਐਚ ਡੀ ਕਰ ਰਹੀ ਹੈ ਨੂੰ ਸਰਕਾਰੀ ਕਾਲਜ ਮੋਹਾਲੀ ਵਿਖੇ ਪ੍ਰੋਫੈਸਰ ਦੀ ਨੌਕਰੀ ਮਿਲਣ ਤੇ ਨੀਲਮ ਕੁਮਾਰੀ ਦਾ ਸੰਸਥਾ ਵੱਲੋਂ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ ਤੇ ਵਧਾਇਆ ਦਿੱਤੀਆਂ ਗਈਆਂ ।



## ਬੀ ਬੀ ਐੱਮ ਬੀ ਦੇ ਰਿਟਾਇਰੀਜ਼ ਮੁਹਾਲੀ ਰੈਲੀ 'ਚ ਹੋਣਗੇ ਸ਼ਾਮਲ



**ਭਲਾਣ (ਹਰਭਜਨ ਢਿੱਲੋਂ)** ਆਲ ਬੀ ਬੀ ਐਮ ਬੀ ਰਿਟਾਇਰੀਜ਼ ਯੂਨੀਅਨ ਨੰਗਲ ਯੂਨਿਟ ਦੀ ਮਹੀਨਾਵਾਰ ਮੀਟਿੰਗ ਗੰਗੂਵਾਲ ਵਿਖੇ ਦੀਪ ਸਿੰਘ ਸਾਬਕਾ ਐਸ ਡੀ ਓ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਬੀ ਬੀ ਐਮ ਬੀ ਤੋਂ ਰਿਟਾਇਰਡ ਕਰਮਚਾਰੀਆਂ ਨੂੰ ਦਰਪੇਸ਼ ਸਮੱਸਿਆਂਵਾਂ ਤੇ ਵਿਚਾਰ ਵਟਾਂਦਰਾ ਕੀਤਾ ਗਿਆ। ਮੀਟਿੰਗ ਵਿੱਚ ਗੁਰਨਾਮ ਸਿੰਘ ਔਲਖ ਜਨਰਲ ਸਕੱਤਰ, ਮੋਹਨ ਲਾਲ ਸੈਣੀ ਖਜਾਨਚੀ, ਸੁੱਚਾ ਸਿੰਘ ਘਰੋਟੀਆਂ, ਮੇਜਰ ਸਿੰਘ ਗੰਗੂਵਾਲ, ਅਵਤਾਰ ਸਿੰਘ, ਅਮਰੀਕ ਸਿੰਘ, ਰਾਮ ਲਾਲ ਠਾਕੁਰ, ਪੰਡਤ ਰਾਜ ਕੁਮਾਰ, ਨੱਥਾ ਸਿੰਘ ਵਾਰਡ, ਦੀਪ ਸਿੰਘ ਐਸ ਡੀ ਓ, ਸੁਸ਼ੀਲ ਕੁਮਾਰ ਆਦਿ ਨੇ ਆਪਣੇ ਵਿਚਾਰ ਪੇਸ਼ ਕੀਤੇ।ਬੁਲਾਰਿਆਂ ਨੇ ਵੱਖ ਵੱਖ ਮਾਨਯੋਗ ਕੋਰਟਾਂ ਵੱਲੋਂ ਪੈਨਸ਼ਨਰਾਂ ਦੇ ਹੱਕ ਵਿੱਚ ਆ ਰਹੇ ਫੈਸਲਿਆਂ ਤੇ ਤਸੱਲੀ ਦਾ ਪ੍ਰਗਟਾਵਾ ਕੀਤਾ ਅਤੇ ਬੀ ਬੀ ਐਮ ਬੀ ਮੇਨੇਜਮੈਂਟ ਤੋਂ ਮੰਗ ਕੀਤੀ ਕਿ ਕੋਰਟਾਂ ਦੇ ਫੈਸਲੇ ਜਿਵੇਂ ਬੀ ਸੀ ਬੀ ਦੀ ਸਰਵਿਸ ਪੈਨਸ਼ਨ ਲਈ ਗਿਣਨ ਦਾ ਫੈਸਲਾ ਆਇਆ ਹੈ ਅਤੇ ਕਈ ਹੋਰ ਫੈਸਲੇ ਜਨੇਰੇਲਾਈਜ ਕੀਤੇ ਜਾਣ ਅਤੇ ਸਮੂਹ ਪੈਨਸ਼ਨਰਾਂ ਅਤੇ ਕਰਮਚਾਰੀਆਂ ਤੇ ਲਾਗੂ ਕੀਤੇ ਜਾਣ ਤਾਂ ਕਿ ਵੱਡੀ ਗਿਣਤੀ ਵਿੱਚ ਪੈਨਸ਼ਨਰਜ ਕੋਰਟਾਂ ਵਿੱਚ ਧੱਕੇ ਖਾਣ ਲਈ ਮਜਬੂਰ ਨਾ ਹੋਣ। ਚੈਅਰਮੈਨ ਬੀ ਬੀ ਐਮ ਬੀ ਤੋਂ ਇਹ ਵੀ ਮੰਗ ਕੀਤੀ ਗਈ ਕਿ 2.59 ਦਾ ਫੈਕਟਰ ਲਾ ਕੇ ਪੈਨਸ਼ਨਾ ਸੋਧੀਆਂ ਜਾਣ, 1-1-2016 ਤੋਂ ਬਕਾਏ ਦੀ ਅਦਾਇਗੀ, ਲੀਵ ਇਨਕੈਸ਼ਮੈਂਟ ਸੋਧੇ ਸਕੇਲ ਤੇ, ਕੈਸ਼ ਲੈਸ ਮੈਡੀਕਲ ਸਕੀਮ, 23 ਸਾਲਾਂ ਸਕੇਲ, ਸਲੇਸ਼ੀਅਮ, ਹਾਊਸ ਰੈਂਟ ਦੇ ਏਰੀਅਰ, ਸੋਧੇ ਸਕੇਲਾਂ ਵਿੱਚ ਤਰੁੱਟੀਆਂ ਦੂਰ ਕਰਨਾ, ਇਨਸੈਂਟਿਵ, ਆਈਡੈਂਟਟੀ ਕਾਰਡ, ਜੀ ਆਈ ਐਸ ਦੀ ਪੇਮੈਂਟ ਆਦਿ ਸੰਬੰਧੀ ਪੈਂਡਿੰਗ ਮਸਲੇ ਫੌਰੀ ਤੌਰ 'ਤੇ ਹੱਲ ਕੀਤੇ ਜਾਣ ਅਤੇ ਉਪਰੋਕਤ ਮਸਲਿਆਂ ਸੰਬੰਧੀ ਵਿਚਾਰ ਵਟਾਂਦਰੇ ਲਈ ਜਥੇਬੰਦੀ ਨੂੰ ਸਮਾਂ ਦਿੱਤਾ ਜਾਵੇ।

ਮੀਟਿੰਗ ਵਿੱਚ ਪੰਜਾਬ ਸਰਕਾਰ ਦੀ ਪੈਨਸ਼ਨਰਾਂ ਦੀਆਂ ਸਮੱਸਿਆਂਵਾਂ ਸੰਬੰਧੀ ਮੀਟਿੰਗਾਂ ਦੇ ਕੇ ਮੁੱਕਰ ਜਾਣ ਦੀ ਢੰਗ ਟਪਾਊ ਨੀਤੀ ਦੀ ਸਖ਼ਤ ਅਲੋਚਨਾ ਕੀਤੀ ਗਈ ਅਤੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ 2.59 ਦਾ ਫੈਕਟਰ, 1-1-2016 ਤੋਂ ਬਕਾਇਆ, 12 ਫੀਸਦੀ ਡੀ ਏ, ਕੈਸ਼ ਲੈਸ ਮੈਡੀਕਲ ਸਕੀਮ ਆਦਿ ਮੰਗਾਂ ਫੌਰੀ ਤੌਰ 'ਤੇ ਮੰਨ ਕੇ ਲਾਗੂ ਕੀਤੀਆਂ ਜਾਣ।ਸਰਬਸੰਮਤੀ ਨਾਲ ਫੈਸਲਾ ਕੀਤਾ ਗਿਆ ਕਿ ਪੰਜਾਬ ਪੈਨਸ਼ਨਰਜ਼ ਜਾਇੰਟ ਫਰੰਟ ਵੱਲੋਂ ਆਪਣੀਆਂ ਮੰਗਾਂ ਲਈ ਪੰਜਾਬ ਸਰਕਾਰ ਖਿਲਾਫ 22 ਅਕਤੂਬਰ 2024 ਨੂੰ ਕੀਤੀ ਜਾ ਰਹੀ ਮੁਹਾਲੀ ਰੈਲੀ ਵਿੱਚ ਬੀ ਬੀ ਐਮ ਬੀ ਦੇ ਰੀਟਾਇਰੀਜ ਵੱਧ ਚੜ੍ਹ ਕੇ ਹਿੱਸਾ ਲੈਣਗੇ।

## ਭਗਵਤੀ ਜਾਗਰਣ 2 ਨਵੰਬਰ ਨੂੰ

**ਟਾਂਡਾ ਉੜਮੁੜ (ਜਸਵਿੰਦਰ ਸੰਧੂ ਉਂਕਾਰ ਸਿੰਘ )** ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਭਗਵਤੀ ਸਮਿਤੀ ਦਲ, ਵਾਰਡ ਨੰਬਰ 14, ਅਹਿਆਪੁਰ ਵੱਲੋਂ 2 ਨਵੰਬਰ ਨੂੰ 23ਵਾਂ ਵਿਸ਼ਾਲ ਭਗਵਤੀ ਜਾਗਰਣ ਕਰਵਾਇਆ ਜਾਅ ਰਿਹਾ ਹੈ। ਤਿਆਰੀਆਂ ਸਬੰਧੀ ਵਿਚਾਰ ਵਟਾਂਦਰਾ ਕਰਨ ਲਈ ਅਹਿਆਪੁਰ ਵਿਖੇ ਕਮੇਟੀ ਮੈਂਬਰ ਵਿੱਕੀ ਮਹਿੰਦਰੂ ਦੀ ਅਗਵਾਈ ਵਿੱਚ ਇੱਕ ਮੀਟਿੰਗ ਕੀਤੀ ਗਈ।ਇਸ ਮੌਕੇ ਸਮੂਹ ਕਲੱਬ ਮੈਂਬਰਾਂ ਅਤੇ ਮੁਹੱਲਾ ਨਿਵਾਸੀਆਂ ਨੇ ਮਾਤਾ ਰਾਣੀ ਦਾ ਝੰਡਾ ਚੜ੍ਹਾਉਣ ਦੀ ਰਸਮ ਅਦਾ ਕੀਤੀ, ਜਿਸ ਵਿੱਚ ਮਨੀਸ਼ ਸੋਂਧੀ, ਗੌਰਵ ਮੰਗਲ, ਅਨੁਰੁਧ ਮਹਿੰਦਰੂ, ਅੰਕੁਰ ਮਹਿੰਦਰੂ, ਚੇਤਨ ਸੋਂਧੀ, ਵੰਸ਼ ਸੋਂਧੀ, ਵੰਸ਼ ਮੰਗਲ, ਸੁਰਿੰਦਰ ਮੰਗਲ, ਰੌਣਵ ਮਹਿੰਦਰੂ, ਅਭੀ, ਸਨੀ ਅਤੇ ਮੁਹੱਲਾ ਨਿਵਾਸੀਆਂ ਤੋਂ ਇਲਾਵਾ ਵੱਖ-ਵੱਖ ਧਾਰਮਿਕ ਸੰਸਥਾਵਾਂ ਦੇ ਆਗੂਆਂ ਨੇ ਭਾਗ ਲਿਆ।ਮੀਟਿੰਗ 'ਚ ਇਕੱਠ ਨੂੰ ਸੰਬੋਧਨ ਕਰਦੇ ਹੋਏ ਵਿੱਕੀ ਮਹਿੰਦਰੂ ਨੇ ਕਿਹਾ ਕਿ ਭਗਵਤੀ ਸਮਿਤੀ ਦਲ ਅਤੇ ਮੁਹੱਲਾ ਨਿਵਾਸੀਆਂ ਦੇ ਸਹਿਯੋਗ ਨਾਲ 2 ਨਵੰਬਰ ਨੂੰ ਵਾਰਡ ਨੰਬਰ 14 ਅਹਿਆਪੁਰ ਵਿਖੇ ਸਰਬੱਤ ਦੇ ਭਲੇ ਦੀ ਕਾਮਨਾ ਲਈ ਕਰਵਾਏ ਜਾ ਰਹੇ ਮਹਾਂਮਾਈ ਦੇ ਵਿਸ਼ਾਲ ਜਾਗਰਣ ਦੀਆਂ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ।ਇਸ ਵਿਸ਼ਾਲ ਜਾਗਰਣ ਵਿੱਚ ਕਿਸ਼ੋਰ ਸ਼ਰਮਾ ਐਂਡ ਪਾਰਟੀ ਹੁਸ਼ਿਆਰਪੁਰ ਤੋਂ ਇਲਾਵਾ ਹੋਰ ਕਈ ਭਜਨ ਮੰਡਲੀਆਂ ਆਪਣੇ ਭਜਨਾਂ ਰਾਹੀਂ ਮਹਾਂਮਾਈ ਦਾ ਗੁਣਗਾਨ ਕਰਨਗੀਆਂ।ਉਨ੍ਹਾਂ ਕਿਹਾ ਕਿ 2 ਨਵੰਬਰ ਨੂੰ ਸ਼ਾਮ 8 ਵਜੇ ਮਹਾਂਮਾਈ ਦੀ ਜੋਤ ਪ੍ਰਚੰਡ ਕੀਤੀ ਜਾਵੇਗੀ ਅਤੇ ਰਾਤ 9 ਵਜੇ ਮਹਾਂਮਾਈ ਦਾ ਜਾਗਰਣ ਸ਼ੁਰੂ ਹੋਵੇਗਾ।ਉਨ੍ਹਾਂ ਕਿਹਾ ਕਿ ਸ਼ਰਧਾਲੂਆਂ ਦੇ ਲਈ ਮਹਾਂਮਾਈ ਦਾ ਲੰਗਰ ਸਾਰੀ ਰਾਤ ਚੱਲਦਾ ਰਹੇਗਾ।



## 300 ਕਾਨੂੰਨੀ ਸਹਾਇਤਾ ਮੰਗਣ ਵਾਲਿਆਂ ਨੂੰ ਕਾਨੂੰਨੀ ਸੇਵਾਵਾਂ ਕੀਤੀਆਂ ਪ੍ਰਦਾਨ : ਅਤੁਲ ਕਸਾਨਾ



**ਮੋਹਾਲੀ (ਗੁਰਜੀਤ ਬਿੱਲਾ)** ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਅਤੁਲ ਕਸਾਨਾ ਨੇ ਤਿਮਾਹੀ ਸਮੀਖਿਆ ਮੀਟਿੰਗ ਦੌਰਾਨ ਦੱਸਿਆ ਕਿ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਏ.ਐਸ.ਨਗਰ ਨੇ ਪਿਛਲੀ ਤਿਮਾਹੀ ਦੌਰਾਨ 300 ਕਾਨੂੰਨੀ ਸਹਾਇਤਾ ਪ੍ਰਾਪਤ ਕਰਨ ਵਾਲਿਆਂ ਨੂੰ ਕਾਨੂੰਨੀ ਸੇਵਾਵਾਂ ਪ੍ਰਦਾਨ ਕੀਤੀਆਂ ਹਨ।ਉਨ੍ਹਾਂ ਅੱਗੇ ਦੱਸਿਆ ਕਿ ਵਿਚੋਲਗੀ ਰਾਹੀਂ ਕੇਸਾਂ ਦੇ ਨਿਪਟਾਰੇ ਨੂੰ ਉਤਸ਼ਾਹਿਤ ਕਰਨ ਲਈ 315 ਕੇਸ ਮੀਡੀਏਸ਼ਨ ਕੇਂਦਰ ਨੂੰ ਭੇਜੇ ਗਏ ਹਨ।

ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਐਸ ਏ ਐਸ ਨਗਰ ਦੀ 30 ਸਤੰਬਰ, 2024 ਨੂੰ ਸਮਾਪਤ ਹੋਣ ਵਾਲੀ ਤਿਮਾਹੀ ਦੀ ਤਿਮਾਹੀ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਜ਼ਿਲ੍ਹਾ ਅਤੇ ਸੈਸ਼ਨ ਜੱਜ ਅਤੁਲ ਕਸਾਨਾ ਨੇ ਦੱਸਿਆ ਕਿ ਇਸ ਤੋਂ ਇਲਾਵਾ ਇਸ ਤੋਂ ਇਲਾਵਾ ਸਪੈਸ਼ਲ ਜੁਵੇਨਾਈਲ ਪੁਲਿਸ ਅਧਿਕਾਰੀਆਂ ਨੂੰ ਜੁਵੇਨਾਈਲ ਜਸਟਿਸ (ਕੇਅਰ ਐਂਡ ਪ੍ਰੋਟੈਕਸ਼ਨ ਆਫ਼ ਚਿਲਡਰਨ) ਐਕਟ, 2015 ਸੰਬੰਧੀ ਜਾਗਰੂਕ ਕਰਨ ਲਈ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ।ਮੀਟਿੰਗ ਦੌਰਾਨ ਇਹ ਵੀ ਦੱਸਿਆ ਗਿਆ ਕਿ ਵੱਖ-ਵੱਖ ਕਿਸਮ ਦੇ ਕੇਸਾਂ ਨੂੰ ਆਪਸੀ ਸਮਝੌਤੇ ਰਾਹੀਂ ਨਿਪਟਾਉਣ ਲਈ 14.12.2024 ਨੂੰ ਰਾਸ਼ਟਰੀ ਲੋਕ ਅਦਾਲਤ ਲਗਾਈ ਜਾ ਰਹੀ ਹੈ ਜਿਸ ਵਿਚ ਰਾਜੀਨਾਮਾ ਯੋਗ ਫੌਜਦਾਰੀ ਕੇਸ, ਚੈਕ ਬਾਊਂਸ ਕੇਸ, ਬੈਂਕ ਰਿਕਵਰੀ ਕੇਸ, ਵਿਵਾਹਿਕ ਝਗੜੇ, ਐਮ ਏ ਸੀ ਟੀ ਕੇਸ, ਕਿਰਤ ਸਬੰਧੀ ਝਗੜੇ, ਲੈਂਡ ਐਕਿਉਜੀਸ਼ਨ ਕੇਸ, ਬਿਜਲੀ ਅਤੇ ਪਾਣੀ ਦੇ ਬਿਲਾਂ ਸੰਬੰਧੀ, ਮਾਲ ਵਿਭਾਗ ਨਾਲ ਸਬੰਧਤ ਅਤੇ ਹਰ ਤਰ੍ਹਾਂ ਦੇ ਦੀਵਾਨੀ ਕੇਸ ਵਿਚਾਰੇ ਜਾਣਗੇ।

## ਰੱਕੜਾਂ ਬੇਟ ਤੋਂ ਮਹਿੰਦਰ ਸਿੰਘ ਬਣੇ ਸਰਪੰਚ



**ਬਲਾਚੌਰ (ਜਸਵਿੰਦਰ ਬੈਂਸ)** ਪੰਚਾਇਤੀ ਚੋਣਾਂ ਦੌਰਾਨ ਬਲਾਕ ਬਲਾਚੌਰ ਦੇ ਪਿੰਡ ਰੱਕੜਾਂ ਬੇਟ ਵਿਖੇ ਸਰਪੰਚੀ ਦੀ ਚੋਣ ਲੜ ਰਹੇ ਮਹਿੰਦਰ ਸਿੰਘ ਵੱਡੀ ਲੀਡ ਨਾਲ ਜਿੱਤ ਪ੍ਰਾਪਤ ਕਰਕੇ ਪਿੰਡ ਰੱਕੜਾਂ ਬੇਟ ਦੇ ਸਰਪੰਚ ਬਣੇ।ਇਸ ਮੌਕੇ ਮਹਿੰਦਰ ਸਿੰਘ ਅਤੇ ਉਸਦੇ ਸਮਰਥਕਾਂ ਵੱਲੋਂ ਪਿੰਡ ਦੇ ਵੋਟਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਕਿ ਪਾਰਟੀ ਬਾਜੀ ਤੋਂ ਉਪਰ ਉੱਠ ਕੇ ਪਿੰਡ ਦੇ ਵਿਕਾਸ ਕਾਰਜਾਂ ਵਿੱਚ ਤੇਜੀ ਲਿਆਂਦੀ ਜਾਵੇਗੀ ਇਸ ਮੌਕੇ 'ਤੇ ਪੰਚ ਗੁਰਨਾਮ ਸਿੰਘ, ਬਲਵੰਤ ਸਿੰਘ, ਕੁਲਦੀਪ ਕੌਰ, ਸਰਬਜੀਤ ਕੌਰ, ਸੁਨੀਤਾ, ਪੰਚ ਮੌਜੂਦ ਸਨ।ਇਸ ਮੌਕੇ ਪਿੰਡ ਵਾਸੀ ਜਸਵੀਰ ਸਿੰਘ ਰੱਕੜ ਤਰਲੋਚਨ ਸਿੰਘ ਰੱਕੜ ਪਰਮਜੀਤ ਸਿੰਘ ਰਾਏ, ਕੁਲਵੀਰ ਸਿੰਘ ਰੱਕੜ, ਮਾਸਟਰ ਸੁਰਿੰਦਰ ਸਿੰਘ ਰਾਏ, ਮਾਸਟਰ ਹਰੀ ਸਿੰਘ, ਸੁਰਿੰਦਰ ਸਿੰਘ ਰੱਕੜ, ਉਮ ਪ੍ਰਕਾਸ਼, ਸੁੱਚਾ ਸਿੰਘ ਰੱਕੜ, ਅਮਰਜੀਤ ਸਿੰਘ ਰਾਏ, ਮੋਹਨ ਸਿੰਘ, ਜੋਗਾ ਸਿੰਘ, ਤਰਸੇਮ ਸਿੰਘ, ਜੋਗਿੰਦਰ ਰਾਮ, ਤਰਲੋਚਨ ਸਿੰਘ ਰੱਕੜ, ਗੁਰਵਿੰਦਰ ਸਿੰਘ, ਰੱਕੜ ਅੰਮ੍ਰਿਤ, ਰੱਕੜ ਗੁਰਜੀਤ ਥਿਆੜਾ, ਪਰਮਵੀਰ ਰੱਕੜ, ਜਸਵਿੰਦਰ ਸਿੰਘ, ਬੂਟਾ ਰਾਮ, ਮਲਕੀਤ, ਸੋਹਣ ਸਿੰਘ, ਮਾਸਟਰ ਗਿਆਨ ਸਿੰਘ ਮੱਖਣ ਸਿੰਘ ਮੌਜੂਦ ਸਨ।

## ਭਗਵਾਨ ਵਾਲਮੀਕਿ ਜੀ ਨੇ ਸਮੁੱਚੀ ਲੋਕਾਈ ਨੂੰ ਮਾਨਵਤਾ ਦੇ ਕਲਿਆਣ ਦਾ ਮਾਰਗ ਦਿਖਾਇਆ : ਹਰਜੋਤ ਬੈਂਸ




**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਅਸੀਂ ਆਦਿ ਕਵੀ ਮਹਾਰਿਸ਼ੀ ਵਾਲਮੀਕਿ ਜੀ ਦੀ ਜੈਯੰਤੀ ਦੇ ਸਮਾਰੋਹ ਮਨਾ ਰਹੇ ਹਾਂ।ਧਾਰਮਿਕ ਨਗਰਾਂ ਦੇ ਸਰਵਪੱਖੀ ਵਿਕਾਸ ਉਤੇ ਕਰੋੜਾਂ ਰੁਪਏ ਖਰਚ ਕੀਤੇ ਜਾ ਰਹੇ ਹਨ, ਜਿਸ ਨਾਲ ਉਨ੍ਹਾਂ ਦੀ ਇਤਿਹਾਸਕ ਮਹਾਨਤਾ ਬਾਰੇ ਸਮੁੱਚੀ ਲੋਕਾਈ ਨੂੰ ਜਾਣੂ ਕਰਵਾਇਆ ਜਾ ਸਕੇ।ਇਹ ਪ੍ਰਗਟਾਵਾ ਸ.ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਸੂਚਨਾ ਤੇ ਲੋਕ ਸੰਪਰਕ ਵਿਭਾਗ, ਸਕੂਲ ਸਿੱਖਿਆ, ਉਚੇਰੀ ਸਿੱਖਿਆ ਅਤੇ ਤਕਨੀਕੀ ਸਿੱਖਿਆ ਤੇ ਉਦਯੋਗਿਕ ਸਿਖਲਾਈ ਪੰਜਾਬ ਨੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਭਗਵਾਨ ਮਹਾਰਿਸ਼ੀ ਵਾਲਮੀਕਿ ਜੈਯੰਤੀ ਮੌਕੇ ਆਯੋਜਿਤ ਧਾਰਮਿਕ ਸਮਾਗਮ ਵਿੱਚ ਸੰਗਤਾਂ ਨੂੰ ਸੰਬੋਧਨ ਕਰਦੇ ਹੋਏ ਕੀਤਾ ।ਮਹਾਰਿਸ਼ੀ ਵਾਲਮੀਕਿ ਜੈਯੰਤੀ ਮੌਕੇ ਧਾਰਮਿਕ ਸੰਸਥਾਵਾਂ ਵੱਲੋਂ ਸ਼ੋਭਾ ਯਾਤਰਾ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਇਲਾਕਾ ਵਾਸੀਆਂ ਨੇ ਹੁੰਮ-ਹੁਮਾ ਕੇ ਸ਼ਮੂਲੀਅਤ ਕੀਤੀ।ਸ.ਬੈਂਸ ਨੇ ਕਿਹਾ ਕਿ ਜੇਕਰ ਭਗਵਾਨ ਵਾਲਮੀਕਿ ਜੀ ਦੇ ਜੀਵਨ ਤੇ ਨਜ਼ਰ ਮਾਰੀਏ ਤਾਂ ਭਗਵਾਨ ਵਾਲਮੀਕਿ ਜੀ ਦੁਆਰਾ ਰਮਾਇਣ ਲਿਖੀ ਸੀ।ਵਾਲਮੀਕਿ ਜੈਯੰਤੀ ਨੂੰ ਪ੍ਰਗਟ ਦਿਵਸ ਦੇ ਰੂਪ ਮਨਾਇਆ ਜਾਦਾ ਹੈ।ਸ.ਬੈਂਸ ਨੇ ਦੱਸਿਆ ਭਗਵਾਨ ਵਾਲਮੀਕਿ ਜੀ ਨੇ ਸੀਤਾ ਮਾਤਾ ਨੂੰ ਆਪਣਾ ਆਸ਼ਰਮ ਰਹਿਣ ਲਈ ਦਿੱਤਾ ਸੀ, ਜਿੱਥੇ ਉਨ੍ਹਾਂ ਨੇ ਆਪਣੇ ਦੋ ਪੁੱਤਰਾਂ ਲਵ, ਕੁਸ਼ ਨੂੰ ਜਨਮ ਦਿੱਤਾ ਸੀ।ਲਵ ਤੇ ਕੁਸ਼ ਦੇ ਜਨਮ ਤੋ ਬਾਅਦ ਭਗਵਾਨ ਵਾਲਮੀਕਿ ਜੀ ਉਨ੍ਹਾਂ ਦੇ ਗੁਰੂ ਬਣ ਗਏ ਸਨ ਤੇ ਉਨ੍ਹਾਂ ਨੂੰ ਰਮਾਇਣ ਬਾਰੇ ਸਿੱਖਿਆ ਦਿੱਤੀ, ਜਿਸ ਵਿੱਚ 24000 ਸਲੋਕ ਤੇ 7 ਕਾਂਡ ਹਨ। ਕੈਬਨਿਟ ਮੰਤਰੀ ਨੇ ਦੱਸਿਆ ਕਿ ਭਗਵਾਨ ਵਾਲਮੀਕਿ ਜੀ ਦੁਆਰਾ ਲਿਖਤ ਰਮਾਇਣ ਨੂੰ ਪ੍ਰਸਿੱਧ ਧਾਰਮਿਕ ਗ੍ਰੰਥ ਵੱਜੋ ਮਾਨਤਾ ਪ੍ਰਾਪਤ ਹੈ। ਭਗਵਾਨ ਵਾਲਮੀਕਿ ਜੀ ਨੂੰ ਆਦਿ ਕਵੀ ਜਾਂ ਪਹਿਲੇ ਕਵੀ ਦੇ ਰੂਪ ਵਿੱਚ ਜੀ ਜਾਣਿਆ ਜਾਂਦਾ ਹੈ।ਅੱਜ ਮਹਾਰਿਸ਼ੀ ਵਾਲਮੀਕਿ ਜੀ ਦੀਆਂ ਰਚਨਾਵਾ ਸਮੁੱਚੀ ਲੋਕਾਈ ਤੇ ਕੁੱਲ ਸੰਸਾਰ ਨੂੰ ਸੇਧ ਦੇ ਰਹੀਆਂ ਹਨ।ਇਸ ਮੌਕੇ ਰਵੀ ਹੰਸ ਤੇ ਸਮੂਹ ਕਮੇਟੀ ਮੈਂਬਰਾਂ ਵੱਲੋਂ ਕੈਬਨਿਟ ਮੰਤਰੀ ਹਰਜੋਤ ਬੈਂਸ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।ਇਸ ਮੌਕੇ ਕਮਿੱਕਰ ਸਿੰਘ ਡਾਢੀ ਚੇਅਰਮੈਨ, ਹਰਤੇਗਵੀਰ ਸਿੰਘ ਤੇਗੀ, ਦੀਪਕ ਆਂਗਰਾ ਵਪਾਰ ਮੰਡਲ ਪ੍ਰਧਾਨ, ਦਇਆ ਸਿੰਘ ਸੰਧੂ, ਸ਼ੰਮੀ ਬਰਾਰੀ ਯੂਥ ਆਗੂ, ਰਾਜਦੀਪ ਕਾਕੂ, ਜਸਦੀਪ ਆਲਮ, ਦਲੀਪ ਹੰਸ, ਨਿਤਿਨ ਸ਼ਰਮਾ, ਪਰਵਿੰਦਰ ਸਿੰਘ ਘੱਗਾ ਤੇ ਪਤਵੰਤੇ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

## 5994 ਈ ਟੀ ਟੀ ਭਰਤੀ 'ਚ ਚੁਣੇ ਗਏ ਅਧਿਆਪਕਾਂ ਨੂੰ ਨਿਯੁਕਤੀ ਪੱਤਰ ਜਾਰੀ ਕੀਤੇ ਜਾਣ : ਡੀ ਟੀ ਐੱਫ



**ਆਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)** 29 ਸਤੰਬਰ 2024 ਤੋਂ ਸਿੱਖਿਆ ਮੰਤਰੀ ਦੇ ਪਿੰਡ ਗੰਭੀਰਪੁਰ ਅਤੇ 5 ਅਕਤੂਬਰ ਤੋਂ ਪਿੰਡ ਢੇਰ ਨੇੜੇ ਗੰਭੀਰਪੁਰ ਵਿਖੇ ਪੱਕਾ ਮੋਰਚਾ ਲਗਾ ਕੇ ਬੈਠੇ ਈ ਟੀ ਟੀ 5994 ਭਰਤੀ ਲਈ ਚੁਣੇ ਗਏ ਅਧਿਆਪਕਾਂ ਦੇ ਮੋਰਚੇ ਵਿੱਚ ਡੈਮੋਕ੍ਰੈਟਿਕ ਟੀਚਰਜ਼ ਫ਼ਰੰਟ ਪੰਜਾਬ ਦੇ ਸੂਬਾ ਪ੍ਰਧਾਨ ਵਿਕਰਮਦੇਵ ਸਿੰਘ ਅਤੇ ਜਨਰਲ ਸਕੱਤਰ ਮਹਿੰਦਰ ਕੌੜਿਆਂਵਾਲੀ ਦੀ ਅਗਵਾਈ ਹੇਠ ਆਗੂਆਂ ਨੇ ਵੱਡੀ ਗਿਣਤੀ ਵਿਚ ਪਹੁੰਚ ਕੇ ਮੋਰਚੇ ਦੀ ਡੱਟਵੀਂ ਹਮਾਇਤ ਕੀਤੀ।ਮੋਰਚੇ ਵਿੱਚ ਸ਼ਮੂਲੀਅਤ ਕਰਨ ਤੋਂ ਪਹਿਲਾਂ ਡੈਮੋਕ੍ਰੈਟਿਕ ਟੀਚਰਜ਼ ਫਰੰਟ ਵੱਲੋਂ ਰੋਸ ਪ੍ਰਦਰਸ਼ਨ ਕਰਦੇ ਹੋਏ ਗੰਭੀਰਪੁਰ ਵਿਖੇ ਜ਼ਿਲ੍ਹਾ ਪ੍ਰਸ਼ਾਸਨ ਦੇ ਰਾਹੀਂ ਸਿੱਖਿਆ ਮੰਤਰੀ ਨੂੰ 5994 ਈ ਟੀ ਟੀ ਭਰਤੀ ਵਿੱਚ ਚੁਣੇ ਜਾ ਚੁੱਕੇ ਅਧਿਆਪਕਾਂ ਨੂੰ ਨਿਯੁਕਤੀ ਪੱਤਰ ਜਾਰੀ ਕਰਕੇ ਸਕੂਲਾਂ ਵਿੱਚ ਭੇਜੇ ਜਾਣ ਦੀ ਮੰਗ ਪੱਤਰ ਭੇਜਿਆ ਗਿਆ। ਮੋਰਚੇ ਵਿੱਚ ਸ਼ਾਮਲ ਹੋਣ ਮੌਕੇ ਡੈਮੋਕ੍ਰੈਟਿਕ ਮੁਲਾਜ਼ਮ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਜਰਮਨਜੀਤ ਸਿੰਘ, ਡੀ ਟੀ ਐੱਫ ਦੇ ਸੂਬਾ ਪ੍ਰਧਾਨ ਵਿਕਰਮਦੇਵ ਸਿੰਘ ਅਤੇ ਜਨਰਲ ਸਕੱਤਰ ਮਹਿੰਦਰ ਕੌੜਿਆਂਵਾਲੀ ਨੇ ਮੋਰਚੇ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਆਮ ਲੋਕਾਂ ਦੇ ਬੱਚਿਆਂ ਦੀ ਸਿੱਖਿਆ ਵਰਤਮਾਨ ਸਰਕਾਰਾਂ ਦੇ ਏਜੰਡੇ ਤੇ ਨਹੀਂ ਹੈ ਤਾਂ ਹੀ ਭਰਤੀਆਂ ਕਰਨ ਵਿੱਚ ਨਜਾਇਜ਼ ਦੇਰੀ ਕੀਤੀ ਜਾਂਦੀ ਹੈ।ਦੂਸਰੇ ਪਾਸੇ ਪੰਜਾਬ ਅੰਦਰ ਕਰੋੜਾਂ ਰੁਪਏ ਦੇ ਫਲੈਕਸ ਲਗਵਾ ਕੇ ਲੋਕਾਂ ਨੂੰ ਗੁੰਮਰਾਹ ਕੀਤਾ ਜਾ ਰਿਹਾ ਹੈ। ਬੁਲਾਰਿਆਂ ਨੇ ਬੋਲਦਿਆਂ ਕਿਹਾ ਕਿ 5994 ਈ ਟੀ ਟੀ ਦੀ ਭਰਤੀ ਪਿਛਲੀ ਸਰਕਾਰ ਸਮੇਂ ਦੀ ਲਟਕ ਰਹੀ ਹੈ, ਲੇਕਿਨ ਸਰਕਾਰ ਦੀ ਬਦਨਿਯਤੀ ਦਾ ਖਮਿਆਜਾ ਨੌਜਵਾਨ ਭੁਗਤ ਰਹੇ ਹਨ।ਪਹਿਲਾਂ ਭਰਤੀਆਂ ਕਢਾਉਣ ਲਈ ਅਤੇ ਫਿਰ ਭਰਤੀ ਲਈ ਚੁਣੇ ਜਾਣ ਤੋਂ ਬਾਅਦ ਨਿਯੁਕਤੀ ਪੱਤਰ ਜਾਰੀ ਕਰਾਉਣ ਲਈ ਵੀ ਪੰਜਾਬ ਦੀ ਅਖੌਤੀ ਇਨਕਲਾਬੀ ਸਰਕਾਰ ਦੇ ਖਿਲਾਫ ਵੱਡੇ ਸੰਘਰਸ਼ ਅਤੇ ਲੰਬੇ ਮੋਰਚੇ ਕਾਇਮ ਕਰਨਾ ਦੀ ਸਮੇਂ ਦੀ ਅਣਸਰਦੀ ਲੋੜ ਬਣ ਗਿਆ ਹੈ।

ਉਨ੍ਹਾਂ ਕਿਹਾ ਕਿ ਡੈਮੋਕ੍ਰੈਟਿਕ ਟੀਚਰਜ਼ ਫਰੰਟ ਉਹਨਾਂ ਦੇ ਸੰਘਰਸ਼ ਦੀ ਡੱਟਵੀਂ ਕੇ ਹਿਮਾਇਤ ਕਰਦੀ ਹੈ ਅਤੇ ਸੂਬਾ ਕਮੇਟੀ ਵੱਲੋਂ ਮੋਰਚੇ ਦੀ ਜਰੂਰਤਾਂ ਦਾ ਧਿਆਨ ਰੱਖਦੇ ਹੋਏ 21000 ਰੁਪਏ ਦੀ ਸਹਾਇਤਾ ਰਾਸ਼ੀ ਦਾ ਵੀ ਐਲਾਨ ਕੀਤਾ।

ਇਸ ਮੌਕੇ ਡੀ ਐੱਮ ਐੱਫ ਦੇ ਸੂਬਾ ਜਨਰਲ ਸਕੱਤਰ ਹਰਦੀਪ ਟੋਡਰਪੁਰ, ਡੀ ਟੀ ਐੱਫ ਦੇ ਸੂਬਾ ਮੀਤ ਪ੍ਰਧਾਨ ਗੁਰਪਿਆਰ ਕੋਟਲੀ, ਸੰਯੁਕਤ ਸਕੱਤਰ ਮੁਕੇਸ਼ ਕੁਮਾਰ, ਜਸਵਿੰਦਰ ਔਜਲਾ, ਪਵਨ ਮੁਕਤਸਰ, ਕਿਰਤੀ ਕਿਸਾਨ ਯੂਨੀਅਨ ਦੇ ਸੂਬਾਈ ਆਗੂ ਦਵਿੰਦਰ ਸਿੰਘ ਪੂਨੀਆ,ਗਿਆਨ ਰੋਪੜ, ਹਰਵਿੰਦਰ ਰੱਖੜਾ, ਕੁਲਵਿੰਦਰ ਜੋਸ਼ਨ, ਬਲਜਿੰਦਰ ਗਰੇਵਾਲ, ਹਰਬੰਸ ਗਰਗ, ਰੋਕੀ ਬਰੇਟਾ, ਗੁਰਪ੍ਰੀਤ ਸਿੰਘ ਮਾਨਸਾ, ਰਮੇਸ਼ ਲਾਲ ਭਲਾਣ ,ਬਲਕਾਰ ਮਘਾਣੀਆ ਅਤੇ ਹੋਰ ਅਧਿਆਪਕ ਸਾਥੀ ਵੀ ਹਾਜ਼ਰ ਸਨ।

18-Oct-PAGE-9.qxd 10/17/2024 9:53 PM Page 1



# ਮੈਡੀਕਲ ਬਿੱਲਾਂ ਦੇ ਭੁਗਤਾਨ ਲਈ ਸਮਾਂ-ਸੀਮਾ ਨਿਰਧਾਰਤ ਕੀਤੀ ਜਾਵੇ : ਸੰਜੀਵ ਅਰੋੜਾ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਪੰਜਾਬ ਸਰਕਾਰ ਨੇ ਪੈਨਸ਼ਨਰਾਂ ਅਤੇ ਉਨ੍ਹਾਂ ਦੇ ਆਸ਼ਰਿਤਾਂ ਦੇ ਨਾਲ-ਨਾਲ ਜੋ ਅਧਿਕਾਰੀ ਅਤੇ ਕਰਮਚਾਰੀ ਇਨ ਸਰਵਿਸ ਵੀ ਹਨ ਉਨ੍ਹਾਂ ਦੇ ਮੈਡੀਕਲ ਬਿੱਲਾਂ ਦਾ ਭੁਗਤਾਨ ਪਿਛਲੇ 2-3 ਸਾਲਾਂ ਤੋਂ ਨਹੀਂ ਕੀਤਾ ਹੈ। ਇਸ ਬਾਰੇ ਯੂਨੀਅਨਾਂ ਵੱਲੋਂ ਵਾਰ-ਵਾਰ ਮੰਗ ਕਰਨ ਦੇ ਬਾਵਜੂਦ ਕੋਈ ਠੋਸ ਹੱਲ ਨਹੀਂ ਲੱਭਿਆ ਜਾ ਰਿਹਾ।ਜਿਸ ਕਾਰਨ ਪੈਨਸ਼ਨਰਾਂ ਅਤੇ ਉਨ੍ਹਾਂ ਦੇ ਆਸ਼ਰਿਤਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਗੱਲ ਦਾ ਪ੍ਰਗਟਾਵਾ ਨਗਰ ਨਿਗਮ ਤੋਂ ਸੇਵਾਮੁਕਤ ਸੁਪਰਡੈਂਟ ਅਤੇ ਭਾਰਤ ਵਿਕਾਸ ਪ੍ਰੀਸ਼ਦ ਦੇ ਪ੍ਰਧਾਨ ਅਤੇ ਸਮਾਜ ਸੇਵੀ ਸੰਜੀਵ ਅਰੋੜਾ ਨੇ ਇਥੇ ਜਾਰੀ ਇਕ ਪ੍ਰੈਸ ਬਿਆਨ ਵਿੱਚ ਕੀਤਾ।ਸ੍ਰੀ ਅਰੋੜਾ ਨੇ ਕਿਹਾ ਕਿ ਸਰਕਾਰ ਨੂੰ ਮੈਡੀਕਲ ਬਿੱਲਾਂ ਦੀ ਅਦਾਇਗੀ ਸੰਬੰਧੀ ਨੀਤੀ ਦੀ ਪੂਰੀ ਸਮੀਖਿਆ ਕਰਨੀ ਚਾਹੀਦੀ ਹੈ ਅਤੇ ਇਕ ਨਵੀਂ ਠੋਸ ਨੀਤੀ ਤਿਆਰ ਕਰਨੀ ਚਾਹੀਦੀ ਹੈ।ਇਕ ਪਾਸੇ ਜਿੱਥੇ ਮਹਿੰਗਾਈ ਇੰਨੀ ਵੱਧ ਰਹੀ ਹੈ, ਉਥੇ ਹੀ ਦੂਜੇ ਪਾਸੇ 30-40 ਸਾਲ ਸਰਕਾਰ ਦੀ ਨੌਕਰੀ ਕਰਨ ਤੋਂ ਬਾਅਦ ਵੀ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਮੁਸੀਬਤਾਂ 'ਚੋਂ ਲੰਘਣਾ ਪੈ ਰਿਹਾ ਹੈ।ਸ੍ਰੀ ਅਰੋੜਾ ਨੇ ਕਿਹਾ ਕਿ ਹਲਾਤ ਇੰਨੇ ਖਰਾਬ ਹਨ ਕਿ ਕੁਝ ਕਰਮਚਾਰੀ ਆਪਣਾ ਇਲਾਜ ਕਰਵਾਉਣ ਤੋਂ ਅਸਮਰੱਥ ਹਨ ਅਤੇ ਇਲਾਜ ਨਾ ਹੋਣ ਕਾਰਨ ਉਹ ਬਿਮਾਰੀ ਨਾਲ ਨਜਿੱਠਣ ਲਈ ਮਜਬੂਰ ਹਨ।ਉਪਰੋਂ 2-3 ਸਾਲਾਂ ਤੱਕ ਬਿੱਲਾਂ ਦਾ ਭੁਗਤਾਨ ਨਾ ਹੋਣਾ ਉਨ੍ਹਾਂ ਦੀਆਂ ਪ੍ਰੇਸ਼ਾਨੀਆਂ ਨੂੰ ਹੋਰ ਵਧਾ ਦਿੰਦਾ ਹੈ।ਸ੍ਰੀ ਅਰੋੜਾ ਨੇ ਕਿਹਾ ਕਿ ਜੇਕਰ ਕੋਈ ਕਰਮਚਾਰੀ ਬਿੱਲਾਂ ਦੀ ਅਦਾਇਗੀ ਸੰਬੰਧੀ ਸਿਵਲ ਸਰਜਨ ਦਫ਼ਤਰ ਜਾਂਦਾ ਹੈ ਤਾਂ ਉਹ ਕਹਿੰਦੇ ਹਨ ਕਿ ਬਿੱਲ ਉਪੱਰ ਭੇਜ ਦਿੱਤੇ ਗਏ ਹਨ ਅਤੇ ਜਦੋਂ ਉੱਪਰ ਪੁੱਛਗਿੱਛ ਕਰਦੇ ਹਨ ਤਾਂ ਉਹ ਕਹਿੰਦੇ ਹਨ ਕਿ ਅਜੇ ਦੇਖ ਰਹੇ ਹਾਂ, ਜਲਦੀ ਹੀ ਕਲੀਅਰ ਕਰ ਦਿੱਤੇ ਜਾਣਗੇ।ਇਥੇ ਤੱਕ ਕੀ ਸਿਵਲ ਸਰਜਨ ਦਫ਼ਤਰ ਵੱਲੋਂ ਰਿਮਾਈਂਡਰ ਭੇਜਣ ਤੋਂ ਬਾਅਦ ਵੀ ਕੋਈ ਕਾਰਵਾਈ ਨਹੀਂ ਕੀਤੀ ਜਾਂਦੀ।ਇਸ ਲਈ ਸਰਕਾਰ ਨੂੰ ਦੁਬਾਰਾ ਅਪੀਲ ਕੀਤੀ ਜਾਂਦੀ ਹੈ ਕਿ ਇਨ ਸਰਵਿਸ ਅਧਿਕਾਰੀਆਂ, ਕਰਮਚਾਰੀਆਂ ਦੇ ਨਾਲ-ਨਾਲ ਪੈਨਸ਼ਨਰਾਂ ਅਤੇ ਉਨ੍ਹਾਂ ਦੇ ਆਸ਼ਰਿਤਾਂ ਦੀ ਇਸ ਗੰਭੀਰ ਸਮੱਸਿਆ ਦਾ ਹੱਲ ਕੀਤਾ ਜਾਵੇ ਅਤੇ ਮੈਡੀਕਲ ਬਿੱਲਾਂ ਦੀ ਅਦਾਇਗੀ ਨੂੰ ਸਰਲ ਬਣਾਉਂਦੇ ਹੋਏ ਸਮਾਂ ਸੀਮਾ ਨਿਰਧਾਰਤ ਕੀਤੀ ਜਾਵੇ।ਉਨ੍ਹਾਂ ਕਿਹਾ ਕਿ ਜਿਹੜੇ ਅਧਿਕਾਰੀ ਅਤੇ ਕਰਮਚਾਰੀ ਸਮਰੱਥ ਹਨ, ਉਨ੍ਹਾਂ ਨੂੰ ਮੈਡੀਕਲ ਬਿੱਲਾਂ ਦੀ ਅਦਾਇਗੀ ਨਾ ਹੋਣ ਨਾਲ ਕੋਈ ਫਰਕ ਨਹੀਂ ਪੈਂਦਾ।ਦਰਜਾ 4 ਅਤੇ ਮੱਧ ਵਰਗੀ ਪੈਨਸ਼ਨਰਾਂ ਅਤੇ ਉਨ੍ਹਾਂ ਦੇ ਆਸ਼ਰਿਤਾਂ ਨੂੰ ਬਹੁਤ ਸਾਰੀਆਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ।ਇਸ ਲਈ ਉਨ੍ਹਾਂ ਅਧਿਕਾਰੀਆਂ ਖਿਲਾਫ ਵੀ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ ਜਿਨ੍ਹਾਂ ਨੇ 2-3 ਸਾਲਾਂ ਤੋਂ ਬਿੱਲਾਂ ਦੀ ਅਦਾਇਗੀ ਰੋਕੀ ਹੋਈ ਹੈ।

## ਪਲਾਟ ਦੇ ਇੰਤਕਾਲ ਬਦਲੇ 50 ਹਜ਼ਾਰ ਰੁਪਏ ਰਿਸ਼ਵਤ ਲੈਂਦਾ ਪਟਵਾਰੀ ਕਾਬੂ

**ਚੰਡੀਗੜ੍ਹ, (ਕ੍ਰਿਸ਼ਨ ਗਰਗ)** ਸੂਬੇ ਵਿੱਚ ਭ੍ਰਿਸ਼ਟਾਚਾਰ ਖ਼ਿਲਾਫ਼ ਵਿੱਢੀ ਮੁਹਿੰਮ ਤਹਿਤ ਪੰਜਾਬ ਵਿਜੀਲੈਂਸ ਬਿਊਰੋ ਨੇ ਸੁਲਤਾਨਵਿੰਡ-2, ਤਹਿਸੀਲ ਅੰਮ੍ਰਿਤਸਰ-1 ਵਿਖੇ ਤਾਇਨਾਤ ਪਟਵਾਰੀ ਮਨਦੀਪ ਸਿੰਘ ਅਤੇ ਉਸ ਦੇ ਸਾਥੀ ਜਰਨੈਲ ਸਿੰਘ ਨੂੰ ਇੱਕ ਪਲਾਟ ਦੇ ਇੰਤਕਾਲ ਬਦਲੇ 50,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਮੁਲਜ਼ਮ ਪਟਵਾਰੀ ਨੂੰ ਲਖਵਿੰਦਰ ਸਿੰਘ ਵਾਸੀ ਡਾਕਟਰ ਐਵੀਨਿਊ, ਜੀ ਟੀ ਰੋਡ, ਅੰਮ੍ਰਿਤਸਰ ਵੱਲੋਂ ਦਰਜ ਕਰਵਾਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।ਸ਼ਿਕਾਇਤਕਰਤਾ ਨੇ ਦੋਸ਼ ਲਾਇਆ ਕਿ ਮੁਲਜ਼ਮ ਨੇ ਸ਼ਿਕਾਇਤਕਰਤਾ ਵੱਲੋਂ ਵੇਚੇ ਗਏ ਪਲਾਟ ਦਾ ਇੰਤਕਾਲ ਕਰਵਾਉਣ ਬਦਲੇ 20,00,000 ਰੁਪਏ ਰਿਸ਼ਵਤ ਮੰਗੀ ਸੀ। ਉਕਤ ਪਟਵਾਰੀ ਦੇ ਸਾਥੀ ਜਰਨੈਲ ਸਿੰਘ, ਜੋ ਪ੍ਰਾਪਰਟੀ ਡੀਲਰ ਵਜੋਂ ਕੰਮ ਕਰਦਾ ਹੈ, ਨੇ ਪਟਵਾਰੀ ਨਾਲ ਗੱਲ ਕਰਕੇ 3,00,000 ਰੁਪਏ ਵਿੱਚ ਸੌਦਾ ਤੈਅ ਕਰ ਲਿਆ। ਮੁਲਜ਼ਮ ਪਹਿਲੀ ਕਿਸ਼ਤ ਵਜੋਂ 1,00,000 ਰੁਪਏ ਰਿਸ਼ਵਤ ਲੈ ਚੁੱਕਾ ਸੀ।ਸ਼ਿਕਾਇਤ ਮਿਲਣ ਉਪਰੰਤ ਵਿਜੀਲੈਂਸ ਬਿਊਰੋ ਯੂਨਿਟ ਅੰਮ੍ਰਿਤਸਰ ਨੇ ਟਰੈਪ ਲਗਾ ਕੇ ਮੁਲਜ਼ਮ ਨੂੰ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ 50,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ।

## ਪੁਲਸ ਨੇ 2 ਘੰਟਿਆਂ 'ਚ ਤਿੰਨ ਨਾਬਾਲਗ ਬੱਚਿਆਂ ਨੂੰ ਲੱਭ ਕੇ ਪਰਵਾਰਾਂ ਨਾਲ ਮਿਲਾਇਆ



**ਜਲੰਧਰ ( ਇਕਬਾਲ ਸਿੰਘ ਉੱਭੀ)** ਪੁਲਸ ਥਾਣਾ ਡਿਵੀਜ਼ਨ ਨੰਬਰ 5, ਕਮਿਸ਼ਨਰੇਟ ਜਲੰਧਰ ਨੇ ਜਨਤਕ ਸੁਰੱਖਿਆ ਅਤੇ ਬਾਲ ਭਲਾਈ ਪ੍ਰਤੀ ਆਪਣੀ ਵਚਨਬੱਧਤਾ ਦਾ ਸਬੂਤ ਦਿੰਦੇ ਹੋਏ ਸ਼ਹਿਰ ਵਿੱਚ ਸ਼ੋਭਾ ਯਾਤਰਾ ਦੌਰਾਨ ਲਾਪਤਾ ਹੋਏ ਤਿੰਨ ਨਾਬਾਲਗ ਬੱਚਿਆਂ ਨੂੰ ਸਫਲਤਾਪੂਰਵਕ ਲੱਭ ਲਿਆ।ਤਿੰਨ ਨਾਬਾਲਗ ਬੱਚੇ, (1) ਐਕਸ ਉਮਰ 5 ਸਾਲ ਪੁੱਤਰ ਨਸੀਬ ਕੁਮਾਰ, (2) ਵਾਈ ਉਮਰ 3 ਸਾਲ ਪੁੱਤਰ ਮੁਹੰਮਦ ਆਜ਼ਾਦ ਅਤੇ (3) ਜ਼ੈਡ ਪੁੱਤਰੀ ਅਜ਼ੈਜ਼ ਸਾਰੇ ਵਾਸੀਆਨ ਬਸਤੀ ਸ਼ੇਖ ਨੇੜੇ ਚਿੱਟਾ ਸਕੂਲ ਜਲੰਧਰ ਦੇ, ਜੋ ਸ਼ਹਿਰ ਵਿੱਚ ਕੱਢੀ ਜਾ ਰਹੀ ਸ਼ੋਭਾ ਯਾਤਰਾ ਦੇ ਨਾਲ ਚਲੇ ਗਏ ਅਤੇ ਗੁੰਮ ਹੋ ਗਏ। ਤੁਰੰਤ ਅਤੇ ਕੁਸ਼ਲਤਾ ਨਾਲ ਕਾਰਵਾਈ ਕਰਦੇ ਹੋਏ, ਥਾਣਾ ਡਵੀਜ਼ਨ ਨੰਬਰ 5, ਜਲੰਧਰ ਦੇ ਪੁਲਿਸ ਅਧਿਕਾਰੀਆਂ ਨੇ ਤੁਰੰਤ ਮੌਕੇ 'ਤੇ ਪਹੁੰਚ ਕੇ ਬੱਚਿਆਂ ਨੂੰ ਸੁਰੱਖਿਅਤ ਹਿਰਾਸਤ ਵਿਚ ਲੈ ਲਿਆ ਅਤੇ ਉਨ੍ਹਾਂ ਨੂੰ ਦਿਲਾਸਾ ਦਿੱਤਾ।ਸਥਿਤੀ ਦੀ ਤਤਕਾਲਤਾ ਨੂੰ ਸਮਝਦੇ ਹੋਏ, ਅਧਿਕਾਰੀਆਂ ਨੇ ਤੁਰੰਤ ਹੱਲ ਨੂੰ ਯਕੀਨੀ ਬਣਾਉਂਦੇ ਹੋਏ, ਸਾਰੇ ਥਾਣਿਆਂ ਨੂੰ ਇੱਕ ਵਾਇਰਲੈੱਸ ਸੰਚਾਰ ਅਲਰਟ ਜਾਰੀ ਕੀਤਾ। ਪੁਲਸ ਨੇ ਸਿਰਫ਼ ਦੋ ਘੰਟਿਆਂ ਵਿੱਚ ਬੱਚਿਆਂ ਦੇ ਮਾਪਿਆਂ ਨੂੰ ਟਰੇਸ ਕਰਕੇ ਉਨ੍ਹਾਂ ਨੂੰ ਸੂਚਿਤ ਕੀਤਾ। ਪੁਲਿਸ ਨੇ ਲੋੜੀਂਦੀਆਂ ਰਸਮਾਂ ਪੂਰੀਆਂ ਕਰਨ ਅਤੇ ਤਸਦੀਕ ਕਰਨ ਤੋਂ ਬਾਅਦ ਬੱਚਿਆਂ ਨੂੰ ਸੁਰੱਖਿਅਤ ਉਨ੍ਹਾਂ ਦੇ ਪਰਿਵਾਰਾਂ ਦੇ ਹਵਾਲੇ ਕਰ ਦਿੱਤਾ।ਪੁਲਸ ਕਮਿਸ਼ਨਰ, ਸ੍ਰੀ ਸਵਪਨ ਸ਼ਰਮਾ, ਆਈ.ਪੀ.ਐਸ. ਨੇ ਪੁਲਿਸ ਥਾਣਾ ਡਿਵੀਜ਼ਨ ਨੰਬਰ 5, ਜਲੰਧਰ ਦੇ ਅਧਿਕਾਰੀਆਂ ਦੇ ਯਤਨਾਂ ਦੀ ਸ਼ਲਾਘਾ ਕਰਦੇ ਹੋਏ ਉਹਨਾਂ ਦੀ ਪੇਸ਼ੇਵਰਤਾ ਅਤੇ ਡਿਊਟੀ ਪ੍ਰਤੀ ਸਮਰਪਣ ਨੂੰ ਉਜਾਗਰ ਕੀਤਾ।ਕਮਿਸ਼ਨਰੇਟ ਪੁਲਿਸ ਜਲੰਧਰ ਲੋਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਹੈ।

## ਨਸੇਵਾਲ ਤੋਂ ਸਰਪੰਚ ਸੀਤਾ ਦੇਵੀ ਸਰਪੰਚ ਚੁਣੀ ਗਈ

**ਬਲਾਚੌਰ (ਜਸਵਿੰਦਰ ਬੈਂਸ )** ਸ਼ਹੀਦ ਭਗਤ ਸਿੰਘ ਨਗਰ ਦੀ ਤਹਿਸੀਲ ਬਲਾਚੌਰ ਦੇ ਪਿੰਡ ਮਨਸੇਵਾਲ ਦੀ ਸਰਪੰਚੀ ਚੋਣਾਂ ਵਿੱਚ ਸੀਤਾ ਦੇਵੀ ਪਤਨੀ ਰਾਮ ਕੁਮਾਰ ਜੇਤੂ ਰਹੀ।ਜਿਸ ਨੇ ਰਿੰਪੀ ਪਤਨੀ ਸੇਠੀ ਨੂੰ ਹਰਾਇਆ।ਜੇਤੂ ਪੰਚਾਂ ਵਿੱਚ ਵਾਰਡ ਨੰਬਰ 1 ਤੋਂ ਲਵਨੀਸ਼ ਹਨੀ, 2 ਤੋਂ ਬਿਕਰਮ 3 ਤੋਂ ਪ੍ਰੇਮ ਕੁਮਾਰ, ਵਾਰਡ 4 ਤੋਂ ਆਸ਼ਾ ਰਾਣੀ, ਵਾਰਡ 5 ਤੋਂ ਕਮਲੇਸ਼ ਜੇਤੂ ਰਹੇ।ਜੇਤੂ ਸਰਪੰਚ ਅਤੇ ਪੰਚਾਂ ਨੇ ਪਿੰਡ ਵਾਸੀਆਂ ਦਾ ਧੰਨਵਾਦ ਕੀਤਾ। ਉਹਨਾਂ ਕਿਹਾ ਕਿ ਪਿੰਡ ਵਾਸੀਆਂ ਨਾਲ ਮਿਲ ਕੇ ਵਿਕਾਸ ਵਿੱਚ ਕਿਸੇ ਤਰ੍ਹਾਂ ਦੀ ਕੋਈ ਕਮੀ ਨਹੀਂ ਆਉਣ ਦਿਆਂਗੇ ਤੇ ਪਿੰਡ ਵਿੱਚ ਆਪਸੀ ਭਾਈਚਾਰੇ ਨੂੰ ਹਮੇਸ਼ਾ ਲਈ ਬਰਕਰਾਰ ਰੱਖਾਂਗੇ।

## ਗਿਆਨੀ ਹਰਪ੍ਰੀਤ ਸਿੰਘ ਦਾ ਅਸਤੀਫਾ ਸ਼੍ਰੋਮਣੀ ਕਮੇਟੀ ਪ੍ਰਧਾਨ ਨਾ-ਮਨਜ਼ੂਰ ਕਰਨ : ਕੰਵਰਪਾਲ ਸਿੰਘ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)** ਦਲ ਖਾਲਸਾ ਦੇ ਬੁਲਾਰੇ ਭਾਈ ਕੰਵਰਪਾਲ ਸਿੰਘ ਪ੍ਰੈਸ ਬਿਆਨ ਰਾਹੀਂ ਤਖਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੂੰ ਅਪੀਲ ਕਰਦੇ ਆਂ ਕਿਹਾ ਕਿ ਇਹ ਵਕਤ ਅਸਤੀਫਾ ਦੇਣ ਦਾ ਨਹੀਂ ਸਗੋਂ ਕੂੜ ਅਤੇ ਝੂਠ ਖਿਲਾਫ ਧਰਮ ਯੁੱਧ ਲੜਣ ਦਾ ਹੈ।ਉਨ੍ਹਾਂ ਕਿਹਾ ਕਿ ਸੁਖਬੀਰ ਬਾਦਲ ਤੇ ਉਸ ਦੀ ਟੀਮ ਅਕਾਲੀ ਦਲ ਦੇ ਇਤਿਹਾਸ ਨੂੰ ਕਲੰਕਿਤ ਕਰ ਚੁੱਕੀ ਹੈ।ਅਕਾਲੀਆਂ ਦੀ ਇਸ ਗੰਦੀ ਖੇਡ ਵਿੱਚ ਵਿਰਸਾ ਸਿੰਘ ਵਲਟੋਹਾ ਕੇਵਲ ਇੱਕ ਪਿਆਦਾ ਹੈ, ਉਸ ਦੀ ਹੈਸੀਅਤ ਇਸ ਤੋਂ ਵੱਧ ਕੁਝ ਨਹੀ।ਇਸ ਪੰਥਕ ਸੰਕਟ ਮੌਕੇ ਜਥੇਦਾਰ ਅਕਾਲ ਤਖ਼ਤ ਗਿਆਨੀ ਰਘਬੀਰ ਸਿੰਘ ਅਤੇ ਗਿਆਨੀ ਹਰਪ੍ਰੀਤ ਸਿੰਘ ਦੀਆਂ ਸੇਵਾਵਾਂ ਅਤੇ ਦੋਨਾਂ ਦਾ ਅਹੁਦੇ 'ਤੇ ਬਣੇ ਰਹਿਣਾ ਸਮੇਂ ਦੀ ਲੋੜ ਹੈ।ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸਿਧਾਂਤਹੀਣ ਅਤੇ ਘਟੀਆ ਕਿਸਮ ਦੇ ਇਨ੍ਹਾ ਅਕਾਲੀਆਂ ਵਿਰੁੱਧ ਇਸ ਲੜਾਈ ਵਿੱਚ ਹਰ ਸੱਚਾ ਸਿੱਖ ਜਥੇਦਾਰਾਂ ਦਾ ਪੂਰਨ ਸਾਥ ਦੇਵੇਗਾ।

## ਮਨਪ੍ਰੀਤ ਸਿੰਘ ਗੋਲਡੀ ਬਣੇ ਜੌੜਾ ਦੇ ਸਰਪੰਚ



**ਭੋਗਪੁਰ (ਕੁਲਵੀਰ ਸਿੰਘ ਕਾਹਲੋਂ)** ਪਿੰਡ ਜੌੜਾ ਦੇ ਨਵੇਂ ਬਣੇ ਸਰਪੰਚ ਮਨਪ੍ਰੀਤ ਸਿੰਘ ਗੋਲਡੀ ਨਰਵਾਲ ਨੂੰ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ, ਹਲਕਾ ਟਾਂਡਾ ਦੇ ਵਿਧਾਇਕ ਜਸਵੀਰ ਸਿੰਘ, ਰਾਜਾ ਗਿੱਲ, ਹਲਕਾ ਦਸੂਹਾ ਦੇ ਵਿਧਾਇਕ ਐਡਵੋਕੇਟ ਕਰਮਜੀਤ ਸਿੰਘ ਘੁੰਮਣ ਨੇ ਵਧਾਈ ਦਿੰਦੇ ਹੋਏ ਕਿਹਾ ਕਿ ਅਸੀਂ ਆਸ ਪ੍ਰਗਟਾਉਂਦੇ ਹਾਂ ਕਿ ਗੋਲਡੀ ਨਰਵਾਲ ਤੇ ਪਿੰਡ ਨਿਵਾਸੀਆਂ ਨੇ ਜੋ ਭਰੋਸਾ ਪ੍ਰਗਟਾਉਂਦੇ ਹੋਏ ਉਹਨਾਂ ਦੇ ਹੱਕ ਵਿੱਚ ਫਤਵਾ ਦਿੱਤਾ ਹੈ ਉਹ ਉਹਨਾਂ ਦੀਆਂ ਆਸਾਂ 'ਤੇ ਖਰਾ ਉਤਰਨਗੇ ਉਹਨਾਂ ਕਿਹਾ ਕਿ ਪੰਜਾਬ ਸਰਕਾਰ ਪਿੰਡਾਂ ਦੇ ਵਿਕਾਸ ਕਾਰਜਾਂ ਲਈ ਕੋਈ ਵੀ ਕਸਰ ਨਹੀਂ ਛੱਡਣਗੇ ਆਉਣ ਵਾਲੇ ਸਮੇਂ ਅੰਦਰ ਪਿੰਡਾਂ ਦੀ ਨੁਹਾਰ ਬਦਲੀ ਜਾਵੇਗੀ।ਪੰਜਾਬ ਸਰਕਾਰ ਦੇ ਨੁਮਾਇੰਦਿਆਂ ਨੇ ਕਿਹਾ ਕਿ ਸਰਪੰਚ ਗੋਲਡੀ ਨਰਵਾਲ ਪਿੰਡ ਦੇ ਸਰਬਪੱਖੀ ਵਿਕਾਸ ਲਈ ਸਾਨੂੰ ਜਿਹੜਾ ਵੀ ਡਿਮਾਂਡ ਕਰਨਗੇ ਅਸੀਂ ਪਹਿਲ ਦੇ ਆਧਾਰ ਤੇ ਗਰਾਂਟਾਂ ਦੇ ਖੁੱਲ੍ਹੇ ਗੱਫੇ ਦੇਣ ਚ ਕੋਈ ਕਸਰ ਨਹੀਂ ਰਹਿਣ ਦਿੱਤੀ ਜਾਵੇਗੀ। ਇਸ ਮੌਕੇ ਤੇ ਬਲਵੀਰ ਸਿੰਘ ਯੂ ਐਸ ਏ, ਗੋਗਾ ਧਾਰੀਵਾਲ, ਹਰਪ੍ਰੀਤ ਸਿੰਘ ਬਾਜਵਾ ਖੋਖਰ ਅਮਰੀਕਾ, ਹੈਪੀ ਖੋਖਰ ਇੰਗਲੈਂਡ, ਸਿੰਮੀ ਚੱਕ ਸਕੂਰ, ਹੈਪੀ ਕਿਸਾਨ ਆਗੂ, ਸੰਧੂ ਕਿਸਾਨ ਆਗੂ, ਸਰਪੰਚ ਮਿੰਟਾਂ ਚੀਮਾ, ਮਾ. ਜਰਨੈਲ ਸਿੰਘ, ਕੈਪਟਨ ਜਸਕਰਨ ਸਿੰਘ ਦਸੂਹਾ, ਐਡਵੋਕੇਟ ਸ਼ਮਸ਼ੇਰ ਸਿੰਘ ਭਰਦਵਾਜ ਆਦਿ ਨੇ ਸਰਪੰਚ ਮਨਪ੍ਰੀਤ ਗੋਲਡੀ ਨਿਰਵਾਲ ਨੂੰ ਵਧਾਈਆਂ ਭੇਜੀਆਂ ਅਤੇ ਸ਼ੁਭਕਾਮਨਾਵਾਂ ਕੀਤੀਆਂ।

## ਪੰਜਾਬ ਵਿਧਾਨ ਸਭਾ 2022 ਦੀਆਂ ਚੋਣਾਂ ਲੜਨ ਵਾਲੇ 5 ਉਮੀਦਵਾਰ ਅਯੋਗ ਐਲਾਨੇ : ਸਿਬਿਨ ਸੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)** ਭਾਰਤੀ ਚੋਣ ਕਮਿਸ਼ਨ ਵੱਲੋਂ ਵੱਖ-ਵੱਖ ਹੁਕਮਾਂ ਰਾਹੀਂ ਪੰਜਾਬ ਵਿਧਾਨ ਸਭਾ 2022 ਦੀਆਂ ਚੋਣਾਂ ਲੜਨ ਵਾਲੇ 5 ਉਮੀਦਵਾਰਾਂ ਨੂੰ ਅਯੋਗ ਐਲਾਨਿਆ ਗਿਆ ਹੈ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਦੱਸਿਆ ਕਿ ਇਨ੍ਹਾਂ ਉਮੀਦਵਾਰਾਂ ਨੇ ਲੋਕ ਪ੍ਰਤੀਨਿਧੀ ਐਕਟ, 1951 ਦੇ ਸੈਕਸ਼ਨ 78 ਅਨੁਸਾਰ ਨਿਸ਼ਚਿਤ ਸਮਾਂ ਸੀਮਾ ਅੰਦਰ ਆਪਣੇ ਚੋਣ ਖਰਚੇ ਦਾ ਵੇਰਵਾ ਕਮਿਸ਼ਨ ਕੋਲ ਜਮ੍ਹਾਂ ਨਹੀਂ ਕਰਵਾਇਆ ਜਿਸ ਕਰਕੇ ਅਗਲੇ 3 ਸਾਲ ਤੱਕ ਇਨ੍ਹਾਂ ਉਮੀਦਵਾਰਾਂ ਨੂੰ ਚੋਣ ਲੜਨ ਦੇ ਅਯੋਗ ਕਰਾਰ ਦਿੱਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਇਨ੍ਹਾਂ 5 ਉਮੀਦਵਾਰਾਂ ਵਿੱਚੋਂ ਸੰਗਰੂਰ ਜ਼ਿਲ੍ਹੇ ਦੇ 3 ਉਮੀਦਵਾਰ ਅਤੇ ਮਾਨਸਾ ਤੇ ਫਰੀਦਕੋਟ ਜ਼ਿਲ੍ਹੇ ਦਾ 1-1 ਉਮੀਦਵਾਰ ਸ਼ਾਮਲ ਹੈ।ਭਾਰਤੀ ਚੋਣ ਕਮਿਸ਼ਨ ਵੱਲੋਂ ਜਾਰੀ ਕੀਤੇ ਹੁਕਮਾਂ ਰਾਹੀਂ ਸੰਗਰੂਰ ਜ਼ਿਲ੍ਹੇ ਦੀ ਧੂਰੀ ਵਿਧਾਨ ਸਭਾ ਸੀਟ ਤੋਂ ਚੋਣ ਲੜਨ ਵਾਲੇ ਸ਼ਕਤੀ ਕੁਮਾਰ ਗੁਪਤਾ ਤੇ ਜਸਵਿੰਦਰ ਸਿੰਘ ਅਤੇ ਸੁਨਾਮ ਵਿਧਾਨ ਸੀਟ ਤੋਂ ਚੋਣ ਲੜਨ ਵਾਲੇ ਸਨਮੁਖ ਸਿੰਘ ਮੋਖਾ ਨੂੰ ਅਯੋਗ ਕਰਾਰ ਦਿੱਤਾ ਗਿਆ ਹੈ।ਇਸੇ ਤਰ੍ਹਾਂ ਫਰੀਦਕੋਟ ਵਿਧਾਨ ਸਭਾ ਸੀਟ ਤੋਂ ਚੋਣ ਲੜਨ ਵਾਲੇ ਗੁਰਚਰਨ ਸਿੰਘ ਸੰਘਾ ਨੂੰ ਵੀ ਅਯੋਗ ਐਲਾਨਿਆਂ ਗਿਆ ਹੈ।ਸਿਬਿਨ ਸੀ ਨੇ ਅੱਗੇ ਦੱਸਿਆ ਕਿ ਸੁਨਾਮ ਵਿਧਾਨ ਸੀਟ ਤੋਂ ਚੋਣ ਲੜਨ ਵਾਲੇ ਮਾਨਸਾ ਜ਼ਿਲ੍ਹੇ ਦੇ ਵਾਸੀ ਹਰਭਗਵਾਨ ਸ਼ਰਮਾ ਭਿੱਖੀ ਨੂੰ ਵੀ ਭਾਰਤੀ ਚੋਣ ਕਮਿਸ਼ਨ ਨੇ ਅਗਲੇ 3 ਸਾਲ ਤੱਕ ਚੋਣ ਲੜਨ ਦੇ ਅਯੋਗ ਐਲਾਨਿਆ ਹੈ।

## ਅੱਜ ਬਿਜਲੀ ਬੰਦ ਰਹੇਗੀ

**ਰਾਹੋਂ (ਕੁਲਵਿੰਦਰ ਸਿੰਘ ਰਾਹੋਂ)** 66 ਕੇ.ਵੀ ਸਬਸਟੇਸ਼ਨ ਰਾਹੋਂ ਤੋਂ ਚਲਦੇ 11 ਕੇ.ਵੀ ਬਹਿਲੂਰ ਕਲਾਂ ਯੂ ਪੀ ਐਸ ਫੀਡਰ ਅਧੀਨ ਪੈਂਦੇ ਪਿੰਡ ਹੁਸੈਨਪੁਰ ਰੋਡ, ਨਿਆਮਤਪੁਰ, ਸੈਦਪੁਰ ਖੁਰਦ, ਸੈਦਪੁਰ ਕਲਾ, ਨੀਲੋਵਾਲ, ਦਿਲਾਵਰਪੁਰ, ਸੁਲਤਾਨਪੁਰ, ਬਹਿਲੂਰ ਕਲਾਂ, ਫੂਲਮਕੋੜੀ, ਪੱਟੀ ਚੰਦਗੜ੍ਹ ਅਤੇ ਡੇਰੇ ਢਾਣੀਆਂ ਦੀਆਂ ਲਾਈਨਾਂ ਦੀ ਜਰੂਰੀ ਮੈਨਟੀਨੈਸ ਕਰਨ ਦੇ ਲਈ 18 ਅਕਤੂਬਰ ਦਿਨ ਸ਼ੁੱਕਰਵਾਰ ਨੂੰ ਸਵੇਰੇ 10 ਵਜੇ ਤੋਂ ਲੈ ਕੇ ਸ਼ਾਮ 4 ਵਜੇ ਤੱਕ ਉਪਰੋਕਤ ਇਹਨਾਂ ਪਿੰਡਾਂ ਦੇ ਘਰਾਂ ਤੇ ਮੋਟਰਾਂ ਦੀ ਬਿਜਲੀ ਸਪਲਾਈ ਬੰਦ ਰਹੇਗੀ। ਇਹ ਜਾਣਕਾਰੀ ਸਭ ਡਿਵੀਜ਼ਨ ਰਾਹੋਂ ਦੇ ਉਪ ਮੰਡਲ ਅਫਸਰ ਵੱਲੋਂ ਦਿੱਤੀ ਗਈ।

## ਡਾਕਟਰ ਹਰਬੰਸ ਸਿੰਘ ਪਿੰਡ ਟੁੱਟ ਕਲਾਂ ਦੇ ਸਰਪੰਚ ਬਣੇ



**ਕਾਲਾ ਸੰਘਿਆਂ (ਮਨਜੀਤ ਮਾਨ)** ਵਿਧਾਨ ਸਭਾ ਹਲਕਾ ਨਕੋਦਰ ਵਿੱਚ ਪੰਚਾਇਤੀ ਚੋਣਾ ਅਮਨ ਸ਼ਾਂਤੀਪੂਰਵਕ ਨਾਲ ਨੇਪਰੇ ਚਾੜ੍ਹਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ ਸ਼ਾਮ ਨੂੰ ਪੰਚਾਇਤੀ ਚੋਣਾ ਦੇ ਨਤੀਜੇ ਦਾ ਐਲਾਨ ਵੱਖ ਵੱਖ ਪਿੰਡਾ ਤੋਂ ਕੀਤਾ ਗਿਆ। ਸਦਰ ਥਾਣਾ ਨਕੋਦਰ ਅਧੀਨ ਪੈਂਦੇ ਪਿੰਡ ਟੁੱਟ ਕਲਾਂ ਤੋਂ ਬਲਵੰਤ ਸਿੰਘ ਤੇ ਡਾਕਟਰ ਹਰਬੰਸ ਸਿੰਘ ਸਰਪੰਚੀ ਦੇ ਉਮੀਦਵਾਰਾ ਨੂੰ ਚੋਣ ਮੈਦਾਨ ਵਿੱਚ ਸਰਕਾਰੀ ਚੋਣ ਅਮਲੇ ਵੱਲੋਂ ਦੋ ਚੋਣ ਬੂਥ ਨਿਰਧਾਰਤ ਕੀਤੇ ਗਏ ਜਿੱਥੇ ਦੋ ਪੋਲਿੰਗ ਬੂਥਾਂ 'ਤੇ 813 ਵੋਟਾਂ ਦੀ ਪੋਲਿੰਗ ਹੋਈ। ਸਰਕਾਰੀ ਸੂਚਨਾ ਮੁਤਾਬਿਕ ਡਾਕਟਰ ਹਰਬੰਸ ਸਿੰਘ ਨੂੰ 439 ਵੋਟਾਂ ਤੇ ਬਲਵੰਤ ਸਿੰਘ ਨੂੰ 320 ਵੋਟਾਂ ਮਿਲੀਆਂ ਡਾਕਟਰ ਹਰਬੰਸ ਸਿੰਘ ਨੇ 119 ਵੋਟਾਂ ਦੇ ਫਰਕ ਨਾਲ ਬਲਵੰਤ ਸਿੰਘ ਨੂੰ ਹਾਰ ਦੇ ਕੇ ਪਿੰਡ ਦੀ ਸਰਪੰਚੀ ਦੀ ਚੋਣ ਜਿੱਤੀ ਅਤੇ ਜਸਵਿੰਦਰ ਸਿੰਘ, ਸ੍ਰੀਮਤੀ ਸੁਖਵਿੰਦਰ ਕੌਰ, ਜਗਦੇਵ ਸਿੰਘ, ਗੁਰਪ੍ਰੀਤ ਸਿੰਘ ਡਾਕਟਰ ਹਰਬੰਸ ਪੱਖੀ ਅਤੇ ਨਿਹਾਲ ਸਿੰਘ, ਬਲਵਿੰਦਰ ਕੌਰ, ਸੁਖਵਿੰਦਰ ਕੌਰ ਬਲਵੰਤ ਸਿੰਘ ਪੱਖੀ ਮੈਂਬਰ ਪੰਚਾਇਤ ਬਣੇ। ਚੋਣ ਜਿੱਤਣ ਉਪਰੰਤ ਡਾਕਟਰ ਹਰਬੰਸ ਸਿੰਘ ਨੇ ਸਾਥੀਆਂ ਸਮੇਤ ਪਿੰਡ ਦੇ ਵੱਖ ਵੱਖ ਧਾਰਮਿਕ ਸਥਾਨਾ 'ਤੇ ਮੱਥਾ ਟੇਕਿਆ। ਇਸ ਮੌਕੇ ਭਗਵਾਨ ਵਾਲਮੀਕਿ ਗੁਰਦੁਆਰਾ ਪ੍ਰਬੰਧਕ ਕਮੇਟੀ ਟੁੱਟ ਕਲਾਂ ਵੱਲੋਂ ਸਰਪੰਚ ਡਾਕਟਰ ਹਰਬੰਸ ਸਿੰਘ ਤੇ ਨਵੀਂ ਚੁਣੀ ਗਈ ਪੰਚਾਇਤ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਉਪਰੰਤ ਡਾਕਟਰ ਹਰਬੰਸ ਸਿੰਘ ਨੇ ਵੋਟਰਾਂ ਤੇ ਸਪੋਰਟਾਂ ਦਾ ਧੰਨਵਾਦ ਕਰਦਿਆਂ ਆਖਿਆ ਕਿ ਪਿੰਡ ਦੇ ਅਧੂਰੇ ਪਏ ਵਿਕਾਸ ਕਾਰਜਾ ਨੂੰ ਬਿਨਾ ਕਿਸੇ ਮਤਭੇਦ ਦੇ ਪਹਿਲ ਦੇ ਅਧਾਰ 'ਤੇ ਕੀਤਾ ਜਾਵੇਗਾ। ਪਿੰਡ ਦੇ ਵਿਕਾਸ ਕਾਰਜਾ ਲਈ ਗ੍ਰਾਂਟਾ ਲਿਆਂਦੀਆਂ ਜਾਣਗੀਆ ਤਾਂ ਜੋ ਪਿੰਡ ਦੀ ਹੋਰ ਨੁਹਾਰ ਬਦਲੀ ਜਾ ਸਕੇ।

## ਤਾਜਪੁਰ ਦੀ ਸਰਪੰਚੀ ਪਰਮਜੀਤ ਕੌਰ ਨੇ ਸਰਪੰਚੀ ਜਿੱਤੀ

**ਰਾਹੋਂ (ਕੁਲਵਿੰਦਰ ਸਿੰਘ ਰਾਹੋਂ)** ਰਾਹੋਂ ਤੋਂ ਥੋੜ੍ਹੀ ਦੂਰ ਪਿੰਡ ਤਾਜਪੁਰ ਤੋਂ 117 ਵੋਟਾਂ ਨਾਲ ਜਿੱਤਣ ਉਪਰੰਤ ਪਰਮਜੀਤ ਕੌਰ ਪਤਨੀ ਲਾਲ ਚੰਦ ਪਿੰਡ ਦੀ ਨਵੀਂ ਸਰਪੰਚ ਬਣ ਗਈ ਹੈ।ਇਸ ਮੌਕੇ ਪਰਮਜੀਤ ਕੌਰ ਨੇ ਪਿੰਡ ਵਾਸੀਆਂ ਦਾ ਧੰਨਵਾਦ ਕੀਤਾ। ਪਿੰਡ ਵਾਸੀਆਂ ਵੱਲੋਂ ਵੀ ਖੁਸ਼ੀ ਵਿੱਚ ਲੱਡੂ ਵੰਡੇ ਗਏ ਤੇ ਪਿੰਡ ਦੇ ਗੁਰੂ ਘਰ ਜਾ ਕੇ ਪਰਮਜੀਤ ਕੌਰ ਵੱਲੋਂ ਸਾਰਿਆਂ ਦਾ ਸ਼ੁਕਰਾਨਾ ਕੀਤਾ ਗਿਆ। ਇਸ ਮੌਕੇ ਪਰਮਜੀਤ ਕੌਰ ਨੇ ਕਿਹਾ ਕਿ ਪਿੰਡ ਦੇ ਵਿਕਾਸ ਵਿੱਚ ਕਦੀ ਵੀ ਸਮੱਸਿਆ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਪਿੰਡ ਦਾ ਵਿਕਾਸ ਕਰਵਾਇਆ ਜਾਵੇਗਾ।ਇਸ ਮੌਕੇ ਸਾਬਕਾ ਸਰਪੰਚ ਸੰਤੋਖ ਤਾਜਪੁਰ ਦਾਰਾ ਰਾਮ, ਕੇਵਲ, ਸਤਪਾਲ, ਅਸ਼ੋਕ ਕੁਮਾਰ, ਵਿੱਕੀ, ਹਿੰਦੂ, ਰੇਸ਼ਮ ਲਾਲ, ਰਾਹੁਲ, ਅਵਤਾਰ ਚੰਦ, ਪਰਮਜੀਤ ਕੌਰ, ਹਰਜੀਤ ਕੁਮਾਰ, ਪਰਮਜੀਤ ਕੌਰ, ਆਦਿ ਹਾਜ਼ਰ ਸਨ।

## ਵਰੁਣ ਬੰਗੜ ਬਣੇ ਚੱਕ ਹਕੀਮ ਦੇ ਸਰਪੰਚ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)** ਵਿਧਾਨਸਭਾ ਹਲਕਾ ਫਗਵਾੜਾ ਦੇ ਪਿੰਡ ਚੱਕ ਹਕੀਮ ਵਿਖੇ ਨੌਜਵਾਨ ਆਪ ਆਗੂ ਅਤੇ ਪਾਰਟੀ ਦੇ ਬਲਾਕ ਪ੍ਰਧਾਨ ਵਰੁਣ ਬੰਗੜ ਨੇ ਸਰਪੰਚੀ ਦੀ ਚੋਣ ਵਿਚ ਸ਼ਾਨਦਾਰ ਜਿੱਤ ਪ੍ਰਾਪਤ ਕੀਤੀ ਹੈ। ਉਹਨਾਂ ਨੇ ਆਪਣੇ ਨਜਦੀਕੀ ਉਮੀਦਵਾਰ ਹਰਮੇਲ ਚੰਦ ਨੂੰ 166 ਵੋਟਾਂ ਨਾਲ ਹਰਾਇਆ। ਵਰੁਣ ਬੰਗੜ ਨੂੰ 468 ਜਦਕਿ ਹਰਮਮੇਲ ਚੰਦ ਨੂੰ 302 ਵੋਟਾਂ ਹਾਸਲ ਹੋਈਆਂ ਹਨ। ਜਿੱਤ ਉਪਰੰਤ ਸਮਰਥਕਾਂ ਵਲੋਂ ਵਰੁਣ ਬੰਗੜ ਨੂੰ ਨੋਟਾਂ ਦੇ ਹਾਰ ਪਾ ਕੇ ਸਨਮਾਨਤ ਕੀਤਾ ਗਿਆ। ਜਿਸ ਉਪਰੰਤ ਨਵ ਨਿਯੁਕਤ ਸਰਪੰਚ ਵਰੁਣ ਬੰਗੜ ਚੱਕ ਹਕੀਮ ਨੇ ਓਪਨ ਗੱਡੀ ਵਿਚ ਰੋਡ ਸ਼ੋਅ ਕਰਕੇ ਵੋਟਰਾਂ ਦਾ ਧੰਨਵਾਦ ਕੀਤਾ। ਉਹਨਾਂ ਭਰੋਸਾ ਦਿੱਤਾ ਕਿ ਸੂਬੇ ਦੀ ਭਗਵੰਤ ਮਾਨ ਸਰਕਾਰ ਅਤੇ ਹਲਕਾ ਐਮ.ਪੀ. ਡਾ. ਰਾਜਕੁਮਾਰ ਚੱਬੇਵਾਲ ਦੇ ਸਹਿਯੋਗ ਸਦਕਾ ਪਿੰਡ ਦਾ ਸਮੁੱਚਾ ਵਿਕਾਸ ਕਰਵਾਉਣਗੇ ਅਤੇ ਪਿੰਡ ਨੂੰ ਮਾਡਲ ਗ੍ਰਾਮ ਵਜੋਂ ਸ਼ਹਿਰਾਂ ਵਰਗੀਆਂ ਸਹੂਲਤਾਂ ਮੁਹੱਈਆ ਕਰਵਾਉਣਾ ਉਹਨਾਂ ਦੀ ਪ੍ਰਾਥਮਿਕਤਾ ਰਹੇਗੀ। ਸਰਪੰਚ ਵਰੁਣ ਬੰਗੜ ਨੇ ਕਿਹਾ ਕਿ ਉਹ ਪਾਰਟੀਬਾਜੀ ਤੋਂ ਉੱਪਰ ਉੱਠ ਕੇ ਸਮੂਹ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਅਧੂਰੇ ਵਿਕਾਸ ਕਾਰਜਾਂ ਨੂੰ ਪਹਿਲ ਦੇ ਅਧਾਰ ਤੇ ਪੂਰਾ ਕਰਵਾਉਣਗੇ ਅਤੇ ਚੋਣਾਂ ਸਮੇਂ ਜੋ ਵਾਅਦੇ ਕੀਤੇ ਸੀ, ਉਹਨਾਂ ਸਾਰੇ ਵਾਅਦਿਆਂ ਨੂੰ ਪੂਰਾ ਕੀਤਾ ਜਾਵੇਗਾ। ਪਿੰਡ ਵਾਸੀਆਂ ਦੀ ਸੇਵਾ ਵਿਚ ਹਰ ਸਮੇਂ ਹਾਜਰ ਰਹਿਣ ਦੀ ਗੱਲ ਵੀ ਉਹਨਾਂ ਵਲੋਂ ਕਹੀ ਗਈ ਹੈ। ਸਮੂਹ ਪਿੰਡ ਵਾਸੀਆਂ ਨੇ ਵੀ ਵਰੁਣ ਬੰਗੜ ਸਮੇਤ ਸਮੂਹ ਪੰਚਾਇਤ ਮੈਂਬਰਾਂ ਨੂੰ ਆਪਣੀਆਂ ਸ਼ੁੱਭ ਇੱਛਾਵਾਂ ਦੇ ਨਾਲ ਹਰ ਸੰਭਵ ਸਹਿਯੋਗ ਦਾ ਭਰੋਸਾ ਦਿੱਤਾ। ਇਸ ਮੌਕੇ ਵੱਡੀ ਗਿਣਤੀ ਵਿਚ ਵਰੁਣ ਬੰਗੜ ਸਰਪੰਚ ਦੇ ਵੋਟਰ ਤੇ ਸਪੋਰਟਰ ਹਾਜ਼ਰ ਸਨ।



## ਯੁਵਕ ਸੇਵਾਵਾਂ ਕਲੱਬਾਂ ਨੂੰ ਵਿੱਤੀ ਸਹਾਇਤਾ ਗ੍ਰਾਂਟ ਜਾਰੀ ਕਰਨ ਲਈ ਅਰਜ਼ੀਆਂ ਦੀ ਮੰਗ

**ਮੋਹਾਲੀ (ਗੁਰਜੀਤ ਬਿੱਲਾ)** ਪੰਜਾਬ ਸਰਕਾਰ ਯੁਵਕ ਸੇਵਾਵਾਂ, ਵਿਭਾਗ, ਪੰਜਾਬ ਵੱਲੋਂ ਵਿਭਾਗ ਨਾਲ ਐਫੀਲੀਏਟਿਡ ਯੁਵਕ ਕਲੱਬਾਂ ਨੂੰ ਉਨ੍ਹਾਂ ਵੱਲੋਂ ਪਿਛਲੇ 2 ਸਾਲਾਂ ਤੋਂ ਆਪਣੇ ਪਿੰਡਾਂ/ਵਾਰਡਾਂ ਵਿੱਚ ਪਿੰਡ ਦੀ ਭਲਾਈ, ਯੁਵਕਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਖੇਡਾਂ ਸੰਬੰਧੀ ਕੀਤੀਆ ਗਈਆ ਗਤੀਵਿਧੀਆਂ ਦੇ ਆਧਾਰ 'ਤੇ ਵਿੱਤੀ ਸਹਾਇਤਾਂ ਦੇਣ ਲਈ ਜਿਲ੍ਹੇ ਭਰ 'ਚੋ ਅਰਜੀਆਂ ਦੀ ਮੰਗ 5 ਨਵੰਬਰ ਤੱਕ ਕੀਤੀ ਗਈ ਹੈ।ਇਸ ਸੰਬੰਧੀ ਜਾਣਕਾਰੀ ਸਾਂਝੀ ਕਰਦਿਆ ਕੈਪਟਨ ਮਨਤੇਜ ਸਿੰਘ ਚੀਮਾ, ਸਹਾਇਕ ਡਾਇਰੈਕਟਰ, ਯੁਵਕ ਸੇਵਾਵਾਂ, ਐਸ ਏ ਐਸ ਨਗਰ ਦੱਸਿਆ ਕਿ ਯੁਵਕ ਸੇਵਾਵਾਂ ਕਲੱਬਾਂ, ਆਪਣੀਆਂ ਅਰਜੀਆਂ ਦੇ ਨਾਲ ਕੀਤੀਆ ਗਈਆ ਗਤੀਵਿਧੀਆਂ ਦੀਆਂ ਫੋਟੋਆਂ ਅਤੇ ਅਖਬਾਰਾਂ ਦੀਆਂ ਕਾਤਰਾਂ ਨੱਥੀ ਕੀਤੀਆ ਜਾਣ ਤਾਂ ਜੋ ਵਧੀਆਂ ਕੰਮ ਕਰਨ ਵਾਲੀਆਂ ਜਿਲ੍ਹੇ ਭਰ 'ਚੋਂ ਯੁਵਕ ਸੇਵਾਵਾਂ ਕਲੱਬਾਂ ਦੀ ਚੋਣ ਕਰਕੇ, ਯੁਵਕ ਗਤੀਵਿਧੀਆਂ ਲਈ ਵਿੱਤੀ ਸਹਾਇਤਾਂ ਦੇ ਰੂਪ ਵਿੱਚ ਗ੍ਰਾਂਟ ਜਾਰੀ ਕੀਤੀ ਜਾ ਸਕੇ।ਉਨ੍ਹਾਂ ਇਹ ਵੀ ਦੱਸਿਆ ਕਿ ਜਿਹੜੇ ਯੂਥ ਕਲੱਬਾਂ ਨੇ ਕਦੀ ਵਿੱਤੀ ਸਹਾਇਤਾ ਗ੍ਰਾਂਟ ਦਾ ਲਾਭ ਨਹੀਂ ਲਿਆ ਅਤੇ ਲਗਾਤਾਰ ਪਿਛਲੇ ਦੋ ਸਾਲਾਂ ਤੋਂ ਆਪਣੇ ਪਿੰਡਾਂ ਦੇ ਵਿਕਾਸ ਲਈ ਕੰਮ ਕਰ ਰਹੇ ਹਨ। ਉਨ੍ਹਾਂ ਯੂਥ ਕਲੱਬਾਂ ਨੂੰ ਪਹਿਲ ਦੇ ਆਧਾਰ 'ਤੇ ਗ੍ਰਾਂਟ ਰਿਲੀਜ ਕੀਤੀ ਜਾਵੇਗੀ।

ਯੋਗ ਯੁਵਕ ਸੇਵਾਵਾਂ ਕਲੱਬਾਂ ਦੀ ਚੋਣ ਜਿਲ੍ਹਾ ਪੱਧਰ 'ਤੇ ਬਣਾਈ ਗਈ ਕਮੇਟੀ ਵੱਲੋਂ ਕੀਤੀ ਜਾਵੇਗੀ। ਉਕਤ ਅਰਜੀਆਂ ਸਹਾਇਕ ਡਾਇਰੈਕਟਰ, ਯੁਵਕ ਸੇਵਾਵਾਂ ਦੇ ਦਫਤਰ ਸਹਾਇਕ ਡਾਇਰੈਕਟਰ, ਯੁਵਕ ਸੇਵਾਵਾਂ, ਕਮਰਾ ਨੰਬਰ 511-512, ਚੌਥੀ ਮੰਜ਼ਿਲ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਐਸ.ਏ.ਐਸ.ਨਗਰ ਵਿਖੇ ਜਮ੍ਹਾ ਕਰਵਾਈਆਂ ਜਾਣ।

## ਸਕੂਲ ਆਫ ਐਮੀਨੈਂਸ ਫਿਲੌਰ ਨੇ ਅੰਡਰ-19 ਜ਼ਿਲ੍ਹਾ ਵੇਟ ਲਿਫਟਿੰਗ ਚੈਂਪੀਅਨਸ਼ਿਪ ਜਿੱਤੀ



**ਫਿਲੌਰ (ਨਿਰਮਲ, ਹਰਜਿੰਦਰ ਕੌਰ ਚਾਹਲ)** ਸਕੂਲ ਆਫ ਐਮੀਨੈਂਸ ਫਿਲੌਰ ਜਿਲ੍ਹਾ ਜਲੰਧਰ ਵਿਖੇ ਅੰਡਰ 19 (ਲੜਕੇ) ਸਕੂਲ ਜਿਲ੍ਹਾ ਵੇਟਲਿਫਟਿੰਗ ਚੈਂਪੀਅਨਸ਼ਿਪ ਕਰਵਾਈ ਗਈ।ਜਿਸ ਦਾ ਉਦਘਾਟਨ ਵੈਭਬ ਸ਼ਰਮਾ ਚੈਅਰਮੈਨ ਸਕੂਲ ਮੈਨੇਜਮੈਂਟ ਕਮੇਟੀ ਸਕੂਲ ਆਫ ਐਮੀਨੈਂਸ ਫਿਲੌਰ ਜਿਲ੍ਹਾ ਜਲੰਧਰ ਵੱਲੋਂ ਕੀਤਾ ਗਿਆ।ਅੰਡਰ 19 (ਲੜਕੇ) ਸਕੂਲ ਜਿਲ੍ਹਾ ਵੇਟਲਿਫਟਿੰਗ ਚੈਂਪੀਅਨਸ਼ਿਪ ਵਿੱਚ ਜਿਲ੍ਹਾ ਜਲੰਧਰ ਸਸਸਸ ਬੜਾ ਪਿੰਡ, ਸਕੂਲ ਆਫ ਐਮੀਨੈਂਸ ਭਾਰਗੋ ਕੈਂਪ ਜਲੰਧਰ, ਸਕੂਲ ਆਫ ਐਮੀਨੈਂਸ ਫਿਲੌਰ, ਅਮਰਦੀਪ ਪਬਲਿਕ ਸਕੂਲ ਸਮਰਾਏ, ਸਸਸਸ ਜੂਨੀਅਰ ਮਾਡਲ ਜਲੰਧਰ ਦੀਆ ਟੀਮਾ ਨੇ ਭਾਗ ਲਿਆ।ਇਸ ਚੈਂਪੀਅਨਸ਼ਿਪ ਕਰਵਾਉਣ ਲਈ ਡਾ.ਗੁਰਇੰਦਰ ਕੌਰ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ) ਜਲੰਧਰ ਦੇ ਸਹਿਯੋਗ ਅਤੇ ਦਿਸ਼ਾ ਨਿਰਦੇਸ਼ਾ ਅਨੁਸਾਰ ਕਰਵਾਈ ਗਈ।ਇਸ ਵਿੱਚ ਰਾਜਵੰਤ ਸਿੰਘ ਪ੍ਰਿੰਸੀਪਲ ਸਕੂਲ ਆਫ ਐਮੀਨੈਂਸ ਫਿਲੌਰ ਜਿਲ੍ਹਾ ਜਲੰਧਰ, ਹਰਮੇਸ਼ ਲਾਲ ਘੇੜਾ ਜਨਰਲ ਸਕੱਤਰ ਜਿਲ੍ਹਾ ਟੂਰਨਾਮੈਂਟ ਕਮੇਟੀ ਜਲੰਧਰ, ਨਰਿੰਦਰ ਸਿੰਘ ਡੀ ਪੀ ਈ, ਅਵਤਾਰ ਰਾਮ ਕੋਚ ਸਪਰੋਟਸ ਵਿੰਗ ਸਕੂਲ ਆਫ ਐਮੀਨੈਂਸ ਫਿਲੌਰ ਜਿਲ੍ਹਾ ਜਲੰਧਰ, ਜਸਪਾਲ ਸਿੰਘ ਲੈਕ:ਫਿਜਿਕਲ ਐਜੂਕੇਸ਼ਨ ਸਸ ਜੰਡਿਆਲਾ, ਹਰਮੇਸ਼ ਲਾਲ ਡੀ ਪੀ ਈ, ਸ੍ਰੀਮਤੀ ਸੋਨੀਆ ਸਸਸਸ ਮਸਾਣੀਆ, ਨਵਨੀਤ ਕੌਰ ਡੀ ਪੀ ਈ ਸਸਸਸ ਨੂਰਪੁਰ, ਮੀਨੂ ਡੋਗਰਾ ਪੀ.ਟੀ.ਆਈ, ਸਕੂਲ ਆਫ ਐਮੀਨੈਂਸ ਭਾਰਗੋ ਕੈਂਪ ਜਲੰਧਰ, ਅਸ਼ੋਕ ਕੁਮਾਰ ਵਰਮਾ ਲੈਕ. ਫਿਜੀਕਲ ਐਜੂਕੇਸ਼ਨ ਸਕੂਲ ਆਫ ਐਮੀਨੈਂਸ ਫਿਲੌਰ ਜਿਲ੍ਹਾ ਜਲੰਧਰ, ਪ੍ਰਭਪਾਲ ਸਿੰਘ ਡੀ ਪੀ ਈ ਸਕੂਲ ਆਫ ਐਮੀਨੈਂਸ ਫਿਲੌਰ ਜਿਲ੍ਹਾ ਜਲੰਧਰ ਕਿਰਨ ਕੁਮਾਰ ਸ਼ਰਮਾ ਸਾਇੰਸ ਮਾਸਟਰ, ਸਮਰਜੀਤ ਸਿੰਘ ਜੂਨੀਅਰ ਸਹਾਇਕ ਅਤੇ ਹੋਰ ਸਟਾਫ ਹਾਜ਼ਰ ਸੀ।ਅੰਡਰ 19 (ਲੜਕੇ) ਸਕੂਲ ਜਿਲ੍ਹਾ ਵੇਟਲਿਫਟਿੰਗ ਚੈਂਪੀਅਨਸ਼ਿਪ ਦਾ ਇਨਾਮ ਵੰਡ ਸਮਾਰੋਹ ਪ੍ਰੇਮ ਕੁਮਾਰ ਹਲਕਾ ਇੰਚਰਾਜ ਆਮ ਆਦਮੀ ਪਾਰਟੀ ਕਮ ਵਾਇਸ ਚੈਅਰਮੈਨ ਪੰਜਾਬ ਸਕੂਲ ਸਿੱਖਿਆ ਬੋਰਡ ਮੋਹਾਲੀ ਵੱਲੋਂ ਕੀਤਾ ਗਿਆ।ਓਵਰ ਆਲ ਚੈਂਪੀਅਨਸ਼ਿਪ ਸਕੂਲ ਆਫ ਐਮੀਨੈਂਸ ਫਿਲੌਰ ਨੇ ਪ੍ਰਾਪਤ ਕੀਤੀ।ਸਕੂਲ ਆਫ ਐਮੀਨੈਂਸ ਫਿਲੌਰ ਦੇ ਵਿਦਿਆਰਥੀਆ ਨੇ 4 ਗੋਲਡ, 1 ਸਿਲਵਰ, 3 ਬਰਾਊਜ਼ ਮੈਡਮ ਪ੍ਰਾਪਤ ਕੀਤੇ।ਦੂਸਰਾ ਸਥਾਨ,ਸਕੂਲ ਆਫ ਐਮੀਨੈਂਸ ਭਾਰਗੋ ਕੈਂਪ ਜਲੰਧਰ, ਤੀਸਰਾ ਸਥਾਨ ਸਸਸਸ ਬੜਾਪਿੰਡ ਨੇ ਪ੍ਰਾਪਤ ਕੀਤਾ।

## ਜ਼ਿਲ੍ਹਾ ਪੱਧਰੀ ਕੁਇਜ਼ ਮੁਕਾਬਲੇ ਅੱਜ

**ਹੁਸ਼ਿਆਰਪੁਰ (ਲਬੀਰ ਸਿੰਘ ਸੈਣੀ)** ਡਾਇਰੈਕਟਰ ਭਾਸ਼ਾ ਵਿਭਾਗ ਪੰਜਾਬ ਜਸਵੰਤ ਸਿੰਘ ਜ਼ਫ਼ਰ ਦੇ ਦਿਸ਼ਾ-ਨਿਰਦੇਸ਼ਾਂ 'ਤੇ ਜ਼ਿਲ੍ਹਾ ਭਾਸ਼ਾ ਦਫ਼ਤਰ ਹੁਸ਼ਿਆਰਪੁਰ ਵੱਲੋਂ ਜ਼ਿਲ੍ਹਾ ਪੱਧਰੀ ਕੁਇਜ਼ ਮੁਕਾਬਲੇ 18 ਅਕਤੂਬਰ, 2024 ਨੂੰ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ (ਲੜਕੀਆਂ) ਰੇਲਵੇ ਮੰਡੀ ਹੁਸ਼ਿਆਰਪੁਰ ਵਿਖੇ ਸਵੇਰੇ 9:30 ਵਜੇ ਕਰਵਾਏ ਜਾ ਰਹੇ।ਇਨ੍ਹਾਂ ਕੁਇਜ਼ ਮੁਕਾਬਲਿਆਂ ਸਬੰਧੀ ਗੱਲ ਕਰਦਿਆਂ ਜ਼ਿਲ੍ਹਾ ਭਾਸ਼ਾ ਅਫ਼ਸਰ ਡਾ. ਜਸਵੰਤ ਰਾਏ ਨੇ ਦੱਸਿਆ ਕਿ ਵਿਦਿਆਰਥੀਆਂ ਵਿੱਚ ਪੰਜਾਬੀ ਭਾਸ਼ਾ, ਸਾਹਿਤ ਅਤੇ ਸਭਿਆਚਾਰ ਵਿੱਚ ਰੁਚੀ ਵਿਕਸਤ ਕਰਨ ਲਈ ਭਾਸ਼ਾ ਵਿਭਾਗ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਹਰ ਜ਼ਿਲ੍ਹਾ ਪੱਧਰ 'ਤੇ ਇਹ ਮੁਕਾਬਲੇ ਇੱਕੋ ਦਿਨ ਇੱਕੋ ਸਮੇਂ 'ਤੇ ਕਰਵਾਏ ਜਾ ਰਹੇ ਹਨ ਇਨ੍ਹਾਂ ਮੁਕਾਬਲਿਆਂ ਵਿੱਚ ਓਹੀ ਵਿਦਿਆਰਥੀ ਭਾਗ ਲੈ ਸਕਦੇ ਹਨ, ਜਿਨ੍ਹਾਂ ਦੀ ਪਹਿਲਾਂ ਰਜਿਟ੍ਰੇਸ਼ਨ ਹੋ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਕੁਇਜ਼ ਮੁਕਾਬਲੇ ਤਿੰਨ ਵਰਗਾਂ ਵਿੱਚ ਕਰਵਾਏ ਜਾਣੇ ਹਨ।ਪਹਿਲਾ ਵਰਗ ਛੇਵੀਂ ਜਮਾਤ ਤੋਂ ਅੱਠਵੀਂ ਤੱਕ, ਦੂਜਾ ਵਰਗ ਨੌਵੀਂ ਜਮਾਤ ਤੋਂ ਬਾਰ੍ਹਵੀਂ ਜਮਾਤ ਤੱਕ ਅਤੇ ਤੀਜਾ ਵਰਗ ਗ੍ਰੈਜੂਏਸ਼ਨ ਵਾਲੇ ਵਿਦਿਆਰਥੀਆਂ ਦਾ ਹੋਵੇਗਾ।ਕੁਇਜ਼ ਮੁਕਾਬਲੇ ਲਈ ਲਿਖਤੀ ਪੇਪਰ ਹੋਣਾ ਹੈ। ਸੌ ਨੰਬਰ ਦੇ ਪੇਪਰ ਲਈ ਸੌ ਸਵਾਲ ਹੋਣਗੇ।ਨੈਗੇਟਿਵ ਮਾਰਕਿੰਗ ਤਹਿਤ ਚਾਰ ਸਵਾਲ ਗ਼ਲਤ ਹੋਣ ਦੀ ਸੂਰਤ ਵਿੱਚ ਇੱਕ ਅੰਕ ਕੱਟਿਆ ਜਾਵੇਗਾ।ਹਰ ਵਰਗ ਵਿੱਚੋਂ ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਕ੍ਰਮਵਾਰ 1 ਹਜ਼ਾਰ ਰੁਪਏ, 750 ਰੁਪਏ ਅਤੇ 500 ਰੁਪਏ ਨਕਦ ਜਾਂ ਭਾਸ਼ਾ ਵਿਭਾਗ ਦੀਆਂ ਕਿਤਾਬਾਂ ਦੇ ਸੈੱਟਾਂ ਅਤੇ ਪ੍ਰਮਾਣ ਪੱਤਰਾਂ ਨਾਲ ਸਨਮਾਨਿਤ ਕੀਤਾ ਜਾਵੇਗਾ।ਆਪਣੇ-ਆਪਣੇ ਵਰਗ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀ ਰਾਜ ਪੱਧਰ 'ਤੇ ਹੋਣ ਵਾਲੇ ਮੁਕਾਬਲੇ ਵਿੱਚ ਵੀ ਭਾਗ ਲੈਣਗੇ।ਪਾੜ੍ਹਿਆਂ ਵਿੱਚ ਆਪਣੀ ਮਾਂ ਬੋਲੀ ਪ੍ਰਤੀ ਮੋਹ ਪੈਦਾ ਕਰਨ ਲਈ ਇਸ ਤਰ੍ਹਾਂ ਦੇ ਮੁਕਾਬਲੇ ਬਹੁਤ ਉਪਯੋਗੀ ਸਿੱਧ ਹੁੰਦੇ ਹਨ।ਇਸ ਮੌਕੇ ਭਾਸ਼ਾ ਵਿਭਾਗ ਦੇ ਕ੍ਰਮਚਾਰੀ ਲਵਪ੍ਰੀਤ, ਲਾਲ ਸਿੰਘ ਅਤੇ ਪੁਸ਼ਪਾ ਰਾਣੀ ਵੀ ਹਾਜ਼ਰ ਸਨ।

## ਸ੍ਰੀ ਚਮਕੌਰ ਸਾਹਿਬ ਬਲਾਕ ਦੇ ਪਿੰਡਾਂ ਦੀ ਚੋਣ ਮੁਕੰਮਲ



**ਸ੍ਰੀ ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੰਬੀ):** ਬਲਾਕ ਦੇ 51 ਪਿੰਡਾਂ ਵਿੱਚ ਹੋਈ ਸਰਪੰਚ ਦੀ ਚੋਣ ਦੇ ਐਸ ਡੀ ਐਮ ਦਫਤਰ ਵੱਲੋਂ ਜਾਰੀ ਚੋਣ ਨਤੀਜਿਆਂ ਅਨੁਸਾਰ ਇਨ੍ਹਾਂ ਪਿੰਡਾਂ ਵਿੱਚ ਸਰਪੰਚੀ ਦੇ ਅਹੁਦੇ ਲਈ ਜਨਰਲ ਕੈਟਾਗਰੀ ਦੇ 18, ਅਨੁਸੂਚਿਤ ਜਾਤੀ ਸ਼੍ਰੇਣੀ ਦੇ 9, ਅਨੁਸੂਚਿਤ ਜਾਤੀ ਔਰਤਾਂ 9 ਅਤੇ 15 ਔਰਤਾਂ ਲਈ ਰਾਖਵੀਆਂ ਸੀਟਾਂ 'ਤੇ ਚੋਣ ਲੜੀ ਗਈ।ਇਨ੍ਹਾਂ ਪਿੰਡਾਂ ਦੇ ਜੇਤੂ ਸਰਪੰਚਾਂ ਵਿੱਚ ਪਿੰਡ ਬਲਰਾਮਪੁਰ (ਜਨਰਲ) ਤੋਂ ਸਰਪੰਚ ਜਸਪਾਲ ਸਿੰਘ, ਪਿੰਡ ਬਰਸਾਲਪੁਰ (ਜਨਰਲ) ਤੋਂ ਕੁਲਵਿੰਦਰ ਸਿੰਘ, ਪਿੰਡ ਬਸੀ ਗੁੱਜਰਾਂ (ਜਨਰਲ) ਤੋਂ ਵਿਜੇ ਕੁਮਾਰ, ਪਿੰਡ ਵਜੀਦਪੁਰ (ਜਨਰਲ) ਤੋਂ ਬਲਜੀਤ ਸਿੰਘ, ਪਿੰਡ ਬਹਿਰਾਮਪੁਰ ਬੇਟ (ਔਰਤਾਂ) ਤੋਂ ਰਾਜਵੰਤ ਕੌਰ, ਕਸਬਾ ਬੇਲਾ (ਐਸ ਸੀ) ਤੋਂ ਜਤਿੰਦਰ ਸਿੰਘ, ਪਿੰਡ ਭਲਿਆਣ (ਜਨਰਲ) ਤੋਂ ਸਤਬੀਰ ਸਿੰਘ, ਪਿੰਡ ਭਾਓਵਾਲ (ਔਰਤਾਂ) ਤੋਂ ਬਲਵੀਰ ਕੌਰ, ਪਿੰਡ ਡੱਲਾ (ਅਨੁਸੂਚਿਤ ਜਾਤੀ) ਤੋਂ ਹਰਬੰਸ ਸਿੰਘ, ਪਿੰਡ ਦਾਉਦਪੁਰ ਕਲਾਂ (ਐਸਸੀ ਔਰਤਾਂ) ਤੋਂ ਬਲਜੀਤ ਕੌਰ, ਪਿੰਡ ਡਹਿਰ (ਔਰਤਾਂ) ਤੋਂ ਸਤਵਿੰਦਰ ਕੌਰ, ਪਿੰਡ ਧੌਲਰਾਂ (ਐਸਸੀ ਔਰਤਾਂ) ਤੋਂ ਹਰਦੀਪ ਕੌਰ, ਪਿੰਡ ਧੁੰਮੇਵਾਲ (ਐਸਸੀ ਔਰਤਾਂ) ਤੋਂ ਕਮਲਾ ਦੇਵੀ, ਪਿੰਡ ਦੁਗਰੀ (ਔਰਤਾਂ ) ਤੋਂ ਕਰਮਜੀਤ ਕੌਰ, ਪਿੰਡ ਫਰੀਦ (ਐਸਸੀ ਔਰਤਾਂ) ਤੋਂ ਰਣਜੀਤ ਕੌਰ, ਪਿੰਡ ਫਤਿਹਪੁਰ (ਔਰਤਾਂ) ਤੋਂ ਦਰਸ਼ਨ ਕੌਰ, ਪਿੰਡ ਗਧਰਾਮ ਕਲਾਂ (ਐਸਸੀ ਔਰਤਾਂ)ਤੋਂ ਦਰਸ਼ਨ ਕੌਰ, ਪਿੰਡ ਗੱਗੋ (ਔਰਤਾਂ) ਤੋਂ ਹਰਪ੍ਰੀਤ ਕੌਰ, ਪਿੰਡ ਗੜ੍ਹੀ (ਔਰਤਾਂ ) ਤੋਂ ਮਹਿੰਦਰ ਕੌਰ, ਪਿੰਡ ਗੋਬਿੰਦਪੁਰ ਉਰਫ ਢੇਸਪੁਰ (ਜਨਰਲ) ਤੋਂ ਗੁਰਮੇਲ ਸਿੰਘ, ਪਿੰਡ ਹਾਫਿਜਬਾਦ (ਐਸਸੀ) ਤੋਂ ਸ਼ਿੰਗਾਰਾ ਸਿੰਘ, ਪਿੰਡ ਜਗਤਪੁਰ (ਐਸਸੀ ਔਰਤਾਂ) ਤੋਂ ਲਖਵਿੰਦਰ ਕੌਰ, ਪਿੰਡ ਜੱਸੜਾਂ (ਜਨਰਲ) ਤੋਂ ਜਗਦੇਵ ਸਿੰਘ, ਪਿੰਡ ਜਟਾਣਾ (ਜਨਰਲ) ਤੋਂ ਹਰਿੰਦਰ ਸਿੰਘ ਕਾਕਾ, ਪਿੰਡ ਜਿੰਦਾਪੁਰ (ਔਰਤਾਂ) ਤੋਂ ਜਤਿੰਦਰ ਕੌਰ, ਪਿੰਡ ਕਾਹਨਪੁਰ (ਜਨਰਲ) ਤੋਂ ਕਰਮਜੀਤ ਸਿੰਘ, ਪਿੰਡ ਕੰਧੋਲਾ (ਜਨਰਲ) ਤੋਂ ਹਰਵਿੰਦਰ ਸਿੰਘ, ਪਿੰਡ ਕਤਲੌਰ (ਜਨਰਲ) ਤੋਂ ਬਲਵਿੰਦਰ ਸਿੰਘ, ਪਿੰਡ ਖਾਨਪੁਰ (ਜਨਰਲ) ਕਰਮਜੀਤ ਸਿੰਘ, ਪਿੰਡ ਕੀੜੀ ਅਫਗਾਨਾ (ਜਨਰਲ) ਹਰਬੰਸ ਸਿੰਘ ਅਤੇ ਪਿੰਡ ਕੁਲੀਆ (ਜਨਰਲ) ਤੋਂ ਮੋਹਨ ਲਾਲ ਸਰਪੰਚ ਚੁਣੇ ਗਏ। ਇਨ੍ਹਾਂ ਤੋਂ ਇਲਾਵਾ ਪਿੰਡ ਮੱਕੋਵਾਲ (ਔਰਤਾਂ) ਤੋਂ ਸ਼ੀਲਾ ਦੇਵੀ, ਪਿੰਡ ਮਕੜੌਨਾ ਕਲਾਂ (ਐਸਸੀ) ਤੋਂ ਅਮਨਦੀਪ ਸਿੰਘ, ਪਿੰਡ ਮਕੜੌਨਾ ਖੁਰਦ (ਐਸਸੀ) ਤੋਂ ਬਲਵਿੰਦਰ ਸਿੰਘ, ਪਿੰਡ ਮੌਜਲੀਪੁਰ (ਐਸਸੀ) ਤੋਂ ਹਰਭਾਗ ਸਿੰਘ, ਪਿੰਡ ਮੁੰਡੀਆਂ (ਜਨਰਲ) ਤੋਂ ਪਰਵਿੰਦਰ ਸਿੰਘ, ਪਿੰਡ ਫੱਸੇ (ਔਰਤਾਂ) ਤੋਂ ਮਨਪ੍ਰੀਤ ਕੌਰ, ਪਿੰਡ ਪਿੱਪਲ ਮਾਜਰਾ (ਜਨਰਲ )ਤੋਂ ਸਾਧੂ ਸਿੰਘ, ਪਿੰਡ ਰਸੀਦਪੁਰ (ਐਸਸੀ ਔਰਤਾਂ) ਤੋਂ ਸੁਖਬੀਰ ਕੌਰ, ਪਿੰਡ ਰੌਲੂਮਾਜਰਾ (ਜਨਰਲ) ਤੋਂ ਮਨਪ੍ਰੀਤ ਸਿੰਘ, ਪਿੰਡ ਰੁਕਾਲੀ ਮਾਨਗੜ੍ਹ (ਔਰਤਾਂ) ਤੋਂ ਹਰਪਾਲ ਕੌਰ, ਪਿੰਡ ਰੁੜਕੀ ਹੀਰਾਂ (ਔਰਤਾਂ) ਤੋਂ ਨਵਜੋਤ ਕੌਰ, ਪਿੰਡ ਸੈਦਪੁਰ (ਜਨਰਲ) ਤੋਂ ਮਲਕੀਤ ਸਿੰਘ , ਪਿੰਡ ਸਲਾਹਪੁਰ (ਔਰਤਾਂ) ਤੋਂ ਭੁਪਿੰਦਰ ਕੌਰ, ਪਿੰਡ ਸ਼ੇਖੂਪੁਰ (ਜਨਰਲ) ਤੋਂ ਰੋਹਿਤ ਸੱਭਰਵਾਲ, ਪਿੰਡ ਸਿਲੋਮਾਸਕੋ (ਔਰਤਾਂ) ਤੋਂ ਜਸਵੀਰ ਕੌਰ, ਪਿੰਡ ਸੁਲਤਾਨਪੁਰ (ਐਸਸੀ ਔਰਤਾਂ) ਤੋਂ ਜਸਵੀਰ ਕੌਰ,ਪਿੰਡ ਸੁਰਤਾਪੁਰ ਕਲਾਂ (ਐਸਸੀ) ਤੋਂ ਜੋਗਾ ਸਿੰਘ, ਪਿੰਡ ਟੱਪਰੀਆਂ ਅਮਰ ਸਿੰਘ (ਜਨਰਲ) ਤੋਂ ਸੱਜਣ ਸਿੰਘ ਅਤੇ ਪਿੰਡ ਟੱਪਰੀਆਂ ਘੜੀਸਪੁਰਾ (ਐਸਸੀ )ਤੋਂ ਨਿਰਮਲ ਸਿੰਘ 250 ਵੋਟਾਂ ਲੈ ਕੇ ਜੇਤੂ ਰਹੇ ਹਨ।

## ਮਾਂਝੀ ਤੋਂ ਸਰਪੰਚੀ ਦੀ ਚੋਣ ਜਿੱਤੇ ਡਾ: ਜਤਿੰਦਰ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)** -ਪਿੰਡ ਮਾਂਝੀ ਵਿੱਚ ਸਰਪੰਚ ਚੋਣਾਂ ਵਿੱਚ ਡਾਕਟਰ ਜਤਿੰਦਰ ਨੇ ਸ਼ਾਨਦਾਰ ਜਿੱਤ ਦਰਜ ਕੀਤੀ, ਜਿਸ ਨਾਲ ਪੂਰੇ ਇਲਾਕੇ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਹੁਸ਼ਿਆਰਪੁਰ ਦੇ ਸੰਸਦ ਮੈਂਬਰ ਡਾ: ਰਾਜਕੁਮਾਰ ਚੱਬੇਵਾਲ ਅਤੇ ਡਾ: ਇਸ਼ਾਂਕ ਚੱਬੇਵਾਲ ਨੇ ਡਾ: ਜਤਿੰਦਰ ਨੂੰ ਤਹਿ ਦਿਲੋਂ ਵਧਾਈ ਦਿੱਤੀ। ਜਿੱਤ ਤੋਂ ਬਾਅਦ ਪਿੰਡ ਵਾਸੀਆਂ ਨੇ ਆਤਿਸ਼ਬਾਜ਼ੀ ਚਲਾ ਕੇ ਅਤੇ ਲੱਡੂ ਵੰਡ ਕੇ ਖੁਸ਼ੀ ਦਾ ਇਜ਼ਹਾਰ ਕੀਤਾ।ਡਾ. ਜਤਿੰਦਰ ਦੀ ਜਿੱਤ ਨੂੰ ਪਿੰਡ ਵਿੱਚ ਸਕਾਰਾਤਮਕ ਬਦਲਾਅ ਅਤੇ ਵਿਕਾਸ ਦੇ ਪ੍ਰਤੀਕ ਵਜੋਂ ਦੇਖਿਆ ਜਾ ਰਿਹਾ ਹੈ। ਹੁਸ਼ਿਆਰਪੁਰ ਦੇ ਸੰਸਦ ਮੈਂਬਰ ਡਾ: ਰਾਜ ਕੁਮਾਰ ਚੱਬੇਵਾਲ ਨੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਇਹ ਚੋਣ ਨਤੀਜਾ ਪਿੰਡ ਦੇ ਵਿਕਾਸ ਲਈ ਨਵੀਆਂ ਉਮੀਦਾਂ ਲੈ ਕੇ ਆਵੇਗਾ। ਡਾ: ਇਸ਼ਾਂਕ ਚੱਬੇਵਾਲ ਨੇ ਵੀ ਡਾ: ਜਤਿੰਦਰ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੀ ਅਗਵਾਈ ਹੇਠ ਪਿੰਡ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ। ਚੋਣ ਨਤੀਜਿਆਂ ਦੇ ਐਲਾਨ ਤੋਂ ਬਾਅਦ ਪਿੰਡ ਮਾਂਝੀ ਦੇ ਲੋਕਾਂ ਵੱਲੋਂ ਪੂਰੇ ਪਿੰਡ ਵਿੱਚ ਆਤਿਸ਼ਬਾਜ਼ੀ ਕੀਤੀ ਗਈ ਅਤੇ ਲੱਡੂ ਵੰਡ ਕੇ ਜਿੱਤ ਦੀ ਖੁਸ਼ੀ ਸਾਂਝੀ ਕੀਤੀ ਗਈ।ਪਿੰਡ ਦੇ ਲੋਕ ਹੁਣ ਡਾ: ਜਤਿੰਦਰ ਤੋਂ ਸਿੱਖਿਆ, ਸਿਹਤ ਅਤੇ ਬੁਨਿਆਦੀ ਸਹੂਲਤਾਂ ਦੇ ਖੇਤਰ ਵਿੱਚ ਸੁਧਾਰ ਦੀ ਉਮੀਦ ਕਰ ਰਹੇ ਹਨ। ਲੋਕ ਹੋਰ ਵਿਕਾਸ ਕਾਰਜਾਂ ਨੂੰ ਲੈ ਕੇ ਆਸਵੰਦ ਹਨ।



## 439ਵਾਂ ਦੰਦਾਂ ਤੇ ਜਬਾੜ੍ਹਿਆਂ ਦਾ ਫਰੀ ਕੈਂਪ

**ਫਗਵਾੜਾ (ਡਾ. ਰਮਨ)** ਉਦਯੋਗਪਤੀ ਕੇ.ਕੇ. ਸਰਦਾਨਾ ਦੀ ਸਰਪ੍ਰਸਤੀ ਹੇਠ ਸਥਾਨਕ ਗੁਰੂ ਹਰਗੋਬਿੰਦ ਨਗਰ ਵਿਖੇ ਸੰਚਾਲਿਤ ਬਲੱਡ ਬੈਂਕ ਵਿੱਚ ਮਾਤਾ ਠਾਕੁਰ ਦੇਵੀ ਅਤੇ ਨਾਨਕ ਚੰਦ ਸੇਠੀ ਦੀ ਮਿੱਠੀ ਯਾਦ ਨੂੰ ਸਮਰਪਿਤ 439ਵਾਂ ਦੰਦਾਂ ਅਤੇ ਜਬਾੜ੍ਹਿਆਂ ਦਾ ਫਰੀ ਕੈਂਪ ਬਲਡ ਬੈਂਕ ਦੇ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਦੀ ਦੇਖ-ਰੇਖ ਹੇਠ ਲਗਾਇਆ ਗਿਆ। ਜਿਸ ਦਾ ਉਦਘਾਟਨ ਮੁੱਖ ਮਹਿਮਾਨ ਵਜੋਂ ਪਹੁੰਚੇ ਐਨ ਆਰ ਆਈ ਦਿਲਾਵਰ ਸਿੰਘ ਸਕਾਟਲੈਂਡ ਅਤੇ ਉਹਨਾਂ ਦੇ ਪਰਿਵਾਰਕ ਮੈਂਬਰਾਂ ਵਲੋਂ ਸਾਂਝੇ ਤੌਰ 'ਤੇ ਕਰਵਾਇਆ ਗਿਆ।ਜਦਕਿ ਗੈਸਟ ਆਫ ਆਨਰ ਵਜੋਂ ਸਤਪਾਲ ਸੇਠੀ ਅਤੇ ਉਹਨਾਂ ਦੀ ਧਰਮਪਤਨੀ ਅਨੀਤਾ ਸੇਠੀ ਮੌਜੂਦ ਰਹੇ।ਇਸ ਦੌਰਾਨ 4 ਲੋੜਵੰਦ ਬਜ਼ੁਰਗਾਂ ਨੂੰ ਨਵੇਂ ਤਿਆਰ ਕੀਤੇ ਜਬਾੜੇ ਵੰਡੇ ਗਏ।ਐਨ ਆਰ ਆਈ ਦਿਲਾਵਰ ਸਿੰਘ ਨਾਲ ਜਾਣ ਪਛਾਣ ਕਰਵਾਉਂਦੇ ਹੋਏ ਮਲਕੀਅਤ ਸਿੰਘ ਰਘਬੋਤਰਾ ਨੇ ਦੱਸਿਆ ਕਿ ਪਿੰਡ ਭਾਣੋਕੀ ਦੇ ਜੰਮਪਲ ਦਿਲਾਵਰ ਸਿੰਘ ਨੇ ਇੰਗਲੈਂਡ ਦੀ ਧਰਤੀ ਤੇ ਇਕ ਪੁਲਸ ਅਫਸਰ, ਖਿਡਾਰੀ, ਲਿਖਾਰੀ ਅਤੇ ਖੇਡ ਪਰਮੋਟਰ ਵਜੋਂ ਆਪਣੀ ਪਹਿਚਾਣ ਕਾਇਮ ਕੀਤੀ।ਜਿਹਨਾਂ ਨੂੰ ਇੰਗਲੈਂਡ ਦੀ ਮਹਾਰਾਣੀ ਵੱਲੋਂ ਵੀ ਸਨਮਾਨਤ ਕੀਤਾ ਗਿਆ।ਉਹਨਾਂ ਦਾ ਬੇਟਾ ਰਣਜੀਤ ਸਿੰਘ ਇੰਗਲੈਂਡ ਵਿਚ ਇੰਜੀਨੀਅਰ ਜਦਕਿ ਇੱਕ ਬੇਟੀ ਦਲਜੀਤ ਕੌਰ ਬਿਜਨੇਸ ਵੁਮੈਨ ਜਦਕਿ ਦੂਸਰੀ ਬੇਟੀ ਰਜਿੰਦਰ ਕੌਰ ਨੇਤਰਹੀਣਾਂ ਦੀ ਅਧਿਆਪਕ ਹੈ।ਕੈਂਪ ਦੌਰਾਨ ਸੀ.ਐਮ.ਸੀ ਲੁਧਿਆਣਾ ਤੋਂ ਪਹੁੰਚੀ ਮਾਹਿਰ ਡਾਕਟਰਾਂ ਦੀ 25 ਮੈਂਬਰੀ ਮੋਬਾਈਲ ਟੀਮ ਨੇ 125 ਮਰੀਜ਼ਾਂ ਦੇ ਦੰਦਾਂ ਦੀ ਜਾਂਚ ਕੀਤੀ।ਲੋੜਵੰਦਾਂ ਦੇ ਦੰਦ ਸਾਫ਼ ਕੀਤੇ ਗਏ ਅਤੇ ਲੋੜ ਅਨੁਸਾਰ ਦਵਾਈਆਂ ਦਿੱਤੀਆਂ ਗਈਆਂ। ਇਸ ਤੋਂ ਇਲਾਵਾ ਮਰੀਜਾਂ ਦੇ ਖਰਾਬ ਹੋਏ ਦੰਦਾਂ ਦੀ ਭਰਾਈ ਵੀ ਕੀਤੀ ਗਈ। ਕੈਂਪ ਦੌਰਾਨ 25 ਨਵੇਂ ਜਬਾੜੇ ਬਣਾਉਣ ਦੀ ਅਗਲੀ ਪ੍ਰਕਿਰਿਆ ਵੀ ਪੂਰੀ ਕੀਤੀ ਗਈ। ਰਘਬੋਤਰਾ ਨੇ ਦੱਸਿਆ ਕਿ ਅਗਲਾ ਕੈਂਪ 2 ਨਵੰਬਰ ਨੂੰ ਲਗਾਇਆ ਜਾਵੇਗਾ।



## ਮੋਹਾਲੀ ਦਾ ਪਹਿਲਾ ਆਜੀਵਿਕਾ ਸਰਸ ਮੇਲਾ ਅੱਜ



**ਸਾਹਿਬਜ਼ਾਦਾ ਅਜੀਤ ਸਿੰਘ ਨਗਰ, (ਗੁਰਜੀਤ ਬਿੱਲਾ )**-ਸਾਹਿਬਜ਼ਾਦਾ ਅਜੀਤ ਸਿੰਘ ਨਗਰ ਪ੍ਰਸ਼ਾਸਨ ਦੇਸ਼ ਵਿੱਚ ਬੇਹੱਦ ਪ੍ਰਸਿੱਧੀ ਖੱਟਣ ਵਾਲੇ ਆਜੀਵਿਕਾ ਸਰਸ ਮੇਲੇ ਦੀ ਪਹਿਲੀ ਵਾਰ ਮੋਹਾਲੀ ਵਿਖੇ ਮੇਜ਼ਬਾਨੀ ਕਰੇਗਾ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਹ੍ਹ ਲਾ ਸਥਾਨਕ ਸੈਕਟਰ 88 ਵਿਖੇ ਓਪਨ ਗਰਾਊਂਡ (ਮਾਨਵ ਮੰਗਲ ਸਮਾਰਟ ਸਕੂਲ) ਦੇ ਪਿਛਲੇ ਪਾਸੇ ਵਿਖੇ 18 ਅਕਤੂਬਰ ਤੋਂ 27 ਅਕਤੂਬਰ ਤੱਕ ਲਗਾਇਆ ਜਾਵੇਗਾ, ਜਿਸ ਵਿੱਚ ਕਈ ਸੂਬਿਆਂ ਦੇ 600 ਤੋਂ ਵਧੇਰੇ ਕਲਾਕਾਰ, ਦਸਤਕਾਰ, ਵਪਾਰੀ ਅਤੇ ਹੁਨਰਮੰਦ ਲੋਕ ਹਿੱਸਾ ਲੈਣਗੇ ਤੇ ਕਾਰੀਗਰ 300 ਤੋਂ ਵੱਧ ਸਟਾਲ ਲਗਾਉਣਗੇ। ਡਿਪਟੀ ਕਮਿਸ਼ਨਰ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਆਸ਼ਿਕਾ ਜੈਨ ਨੇ ਦੱਸਿਆ ਕਿ ਦੂਰ-ਦੁਰਾਡਿਉਂ ਆਉਣ ਵਾਲੇ ਕਲਾਕਾਰਾਂ ਦੀਆਂ ਕਲਾਕ੍ਰਿਤੀਆਂ ਵੇਖਣ ਅਤੇ ਖਰੀਦਣ ਵਾਲੇ ਲੋਕਾਂ ਦੀ ਗਿਣਤੀ ਵਿੱਚ ਹੋਰ ਵਾਧਾ ਕਰਨ ਦੇ ਮਕਸਦ ਨਾਲ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਆਜੀਵਿਕਾ ਸਰਸ ਮੇਲੇ ਦੀ ਹਰ ਸ਼ਾਮ ਨੂੰ ਮਸ਼ਹੂਰ ਪੰਜਾਬੀ ਗਾਇਕਾਂ ਦੇ ਪ੍ਰੋਗਰਾਮ ਅਤੇ ਕਾਮੇਡੀ ਸ਼ੋਅ ਕਰਵਾਉਣ ਦਾ ਫ਼ੈਸਲਾ ਲਿਆ ਗਿਆ ਹੈ।ਉਨ੍ਹਾਂ ਕਿਹਾ ਕਿ ਸਾਲ 2006 ਤੋਂ ਜ਼ਿਲ੍ਹਾ ਬਣਨ ਤੋਂ ਬਾਅਦ ਪਹਿਲੀ ਵਾਰੀ ਜ਼ਿਲ੍ਹਾ ਵਾਸੀਆਂ ਲਈ ਇਸ ਮੇਲੇ ਦਾ ਪ੍ਰਬੰਧ ਕੀਤਾ ਜਾ ਰਿਹਾ ਹੈ। ਪਹਿਲੀ ਵਾਰ ਹੀ ਹੋਵੇਗਾ ਜਦੋਂ ਏਨੀ ਵੱਡੀ ਗਿਣਤੀ ਵਿੱਚ ਨਾਮਵਰ ਗਾਇਕ ਸਰਸ ਮੇਲੇ ਦੇ ਮੰਚ ਤੋਂ ਲੋਕਾਂ ਦੇ ਰੂਬਰੂ ਹੋਣਗੇ।ਮੇਲੇ ਦੇ ਉਦਘਾਟਨੀ ਦਿਨ 18 ਅਕਤੂਬਰ ਦੀ ਸ਼ਾਮ ਨੂੰ ਪੰਜਾਬੀ ਗਾਇਕ ਰਣਜੀਤ ਬਾਵਾ, 19 ਅਕਤੂਬਰ ਨੂੰ ਸ਼ਿਵਜੋਤ, 20 ਅਕਤੂਬਰ ਨੂੰ ਫੈਸ਼ਨ ਸ਼ੋਅ ਤੋਂ ਇਲਾਵਾ ਪੰਜਾਬੀ ਸਿੰਗਰ ਪਰੀ ਪੰਧੇਰ, ਬਸੰਤ ਕੁਰ, ਸਵਿਤਾਜ ਬਰਾੜ, 21 ਅਕਤੂਬਰ ਜਸਪ੍ਰੀਤ ਸਿੰਘ ਤੇ ਆਸ਼ੀਸ਼ ਸੋਲੰਕੀ ਵੱਲੋਂ ਕਾਮੇਡੀ ਨਾਈਟ, 22 ਅਕਤੂਬਰ ਨੂੰ ਲਖਵਿੰਦਰ ਵਡਾਲੀ, 23 ਅਕਤੂਬਰ ਨੂੰ ਭੰਗੜਾ ਤੇ ਗਿੱਧਾ (ਯੂਨੀਵਰਸਿਟੀ ਟੀਮਾਂ ਵੱਲੋਂ), 24 ਨੂੰ ਪੰਜਾਬੀ ਗਾਇਕ ਜੋਬਨ ਸੰਧੂ, 25 ਅਕਤੂਬਰ ਨੂੰ ਵੱਖ- ਵੱਖਰੇ ਕਲਾਕਾਰ, 26 ਅਕਤੂਬਰ ਨੂੰ ਕੁਲਵਿੰਦਰ ਬਿੱਲਾ ਅਤੇ ਮੇਲੇ ਦੀ ਆਖਰੀ ਰਾਤ 27 ਅਕਤੂਬਰ ਨੂੰ ਗਿੱਪੀ ਗਰੇਵਾਲ ਆਪਣੇ ਫ਼ਨ ਦਾ ਮੁਜਾਹਰਾ ਕਰਨਗੇ। ਮੇਲੇ 'ਚ ਸਕੂਲ ਦੀ ਵਰਦੀ ਪਾ ਕੇ ਆਉਣ ਵਾਲੇ ਵਿਦਿਆਰਥੀਆਂ ਨੂੰ ਮੁਫ਼ਤ ਦਾਖ਼ਲਾ ਮਿਲੇਗਾ ਜਦਕਿ ਆਮ ਲੋਕਾਂ ਲਈ 20 ਰੁਪਏ ਦੀ ਐਂਟਰੀ ਟਿਕਟ ਰੱਖੀ ਗਈ ਹੈ। ਉਨ੍ਹਾਂ ਕਿਹਾ ਕਿ ਮੇਲੇ ਦੀ ਵਿਲੱਖਣਤਾ ਵਜੋਂ ਨਾਰਥ ਜ਼ੋਨ ਦੇ ਕਲਾਕਾਰ, ਵੱਖ-ਵੱਖ ਰਾਜਾਂ ਦੇ ਲੋਕ ਨਾਚਾਂ ਨਾਲ ਮੇਲੀਆਂ ਦਾ ਮਨੋਰੰਜਨ ਕਰਨਗੇ, ਜਿਸ ਵਿੱਚ ਆਸਾਮ ਦਾ ਪੀਹੂ, ਰਾਜਸਥਾਨ ਦਾ ਕਾਲਬੇਲੀਆ, ਯੂਪੀ ਦੀ ਬਰਸਾਨਾ ਦੀ ਹੋਲੀ ਅਤੇ ਮਾਯੂਰ ਡਾਂਸ, ਹਰਿਆਣਾ ਅਤੇ ਪੰਜਾਬ ਦੇ ਵੱਖ-ਵੱਖ ਲੋਕ ਨਾਚਾਂ ਦਾ ਪ੍ਰਦਰਸ਼ਨ ਕੀਤਾ ਜਾਵੇਗਾ। ਇਸ ਤੋਂ ਇਲਾਵਾ ਹਰ ਰੋਜ਼ ਲੋਕ ਕਲਾਕਾਰ ਮੇਲੇ ਵਿੱਚ ਘੁੰਮ-ਫਿਰ ਕੇ ਮਨੋਰੰਜਨ ਕਰਨਗੇ। ਮੇਲੇ ਦੌਰਾਨ ਸਮਾਜਿਕ ਮੁੱਦਿਆਂ ਅਤੇ ਕੁਰੀਤੀਆਂ ਬਾਰੇ ਲੋਕ ਜਾਗਰੂਕਤਾ ਤਹਿਤ ਹਰ ਰੋਜ਼ ਥੀਮ ਅਧਾਰਿਤ ਪ੍ਰੋਗਰਾਮ ਅਤੇ ਸਕੂਲਾਂ ਤੇ ਕਾਲਜਾਂ ਦੇ ਉੱਭਰਦੇ ਕਲਾਕਾਰਾਂ ਨੂੰ ਵੀ ਮੌਕਾ ਦਿੱਤਾ ਜਾਵੇਗਾ।ਇਸ ਤੋਂ ਪਹਿਲਾਂ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਸਮੀਖਿਆ ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਹਦਾਇਤ ਕੀਤੀ ਕਿ ਸਮਾਂ ਰਹਿੰਦੇ ਸਰਸ ਮੇਲੇ ਦੀਆਂ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਜਾਣ।ਉਨ੍ਹਾਂ ਕਿਹਾ ਕਿ ਤਿਆਰੀਆਂ ਮੌਕੇ ਸੁਰੱਖਿਆ ਅਤੇ ਸਾਫ਼-ਸਫ਼ਾਈ ਦਾ ਖ਼ਾਸ ਖ਼ਿਆਲ ਰੱਖਿਆ ਜਾਵੇ ਅਤੇ ਪੰਡਾਲ ਦੀ ਤਿਆਰੀ ਦੌਰਾਨ ਸਮੁੱਚੇ ਲੋੜੀਂਦੇ ਪਹਿਲੂਆਂ 'ਤੇ ਤਿੱਖੀ ਨਜ਼ਰ ਰੱਖੀ ਜਾਵੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਵਧੀਕ ਡਿਪਟੀ ਕਮਿਸ਼ਨਰ (ਜ) ਵਿਰਾਜ ਐੱਸ ਤਿੜਕੇ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸੋਨਮ ਚੌਧਰੀ, ਐੱਸਡੀਐੱਮ ਮੋਹਾਲੀ ਦਮਦਨੀਪ ਕੌਰ, ਐੱਸਡੀਐੱਮ ਖਰੜ ਗੁਰਮੰਦਰ ਸਿੰਘ, ਚੀਫ਼ ਇੰਜੀਨੀਅਰ ਨਗਰ ਨਿਗਮ ਮੋਹਾਲੀ ਨਰੇਸ਼ ਬੱਤਾ ਸਮੇਤ ਵੱਖ-ਵੱਖ ਵਿਭਾਗਾਂ ਦੇ ਮੁਖੀ ਹਾਜ਼ਰ ਸਨ।

## ਤੰਦਰੁਸਤ ਤੇ ਨਸ਼ਾ ਮੁਕਤ ਪੰਜਾਬ ਸੰਬੰਧੀ ਸੈਮੀਨਾਰ



**ਫਰੀਦਕੋਟ (ਐਲਿਗਜੈਂਡਰ ਡਿਸੂਜਾ)**-ਸਿਹਤ ਵਿਭਾਗ ਸਿਵਲ ਸਰਜਨ ਫਰੀਦਕੋਟ ਵੱਲੋਂ ਤੰਦਰੁਸਤ ਪੰਜਾਬ ਤੇ ਨਸ਼ਾ ਮੁਕਤ ਪੰਜਾਬ ਬਾਰੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰੱਤੀ ਰੋੜੀ ਡੱਗੋ ਰੁਮਾਣਾ ਵਿਖੇ ਜਾਗਰੂਕਤਾ ਸੈਮੀਨਾਰ ਲਗਾਇਆ ਗਿਆ। ਇਸ ਸੈਮੀਨਾਰ ਵਿੱਚ ਸਾਈਕੈਟਰਿਕ ਸੋਸ਼ਲ ਸਰਵਿਸ ਕੌਂਸਲਰ ਗੁਰਨਾਮ, ਸਿਵਿਲ ਹਸਪਤਾਲ ਫਰੀਦਕੋਟ ਵੱਲੋਂ ਵਿਸ਼ੇਸ਼ ਤੌਰ 'ਤੇ ਪਹੁੰਚੇ। ਇਸ ਮੌਕੇ ਪ੍ਰਿੰਸੀਪਲ ਮੈਡਮ ਸ਼੍ਰੀਮਤੀ ਮਨਿੰਦਰ ਕੌਰ ਵੱਲੋਂ ਉਨ੍ਹਾਂ ਦਾ ਜ਼ੋਰਦਾਰ ਸਵਾਗਤ ਕੀਤਾ ਗਿਆ। ਮਨੋਵਿਗਿਆਨਕ ਕੌਂਸਲਰ ਗੁਰਨਾਮ ਸਿੰਘ ਨੇ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਤੇ ਆਪਣੀ ਮਾਨਸਿਕ ਸਿਹਤ ਨੂੰ ਤੰਦਰੁਸਤ ਰੱਖਣ ਲਈ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਵਿਦਿਆਰਥੀਆਂ ਨੂੰ ਸਮਝਾਇਆ ਕਿ ਨਸ਼ਿਆਂ ਦੇ ਮਾੜੇ ਪ੍ਰਭਾਵ ਕਾਰਨ ਕਿਸ ਤਰ੍ਹਾਂ ਸਾਡੀਆਂ ਆਉਣ ਵਾਲੀਆਂ ਨਸਲਾਂ ਖਤਮ ਹੋ ਰਹੀਆਂ ਹਨ ਅਤੇ ਪਰਿਵਾਰਕ ਸਮੱਸਿਆਵਾਂ ਵਧ ਰਹੀਆਂ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਚੰਗੀਆਂ ਆਦਤਾਂ ਅਪਣਾ ਕੇ ਪੜ੍ਹਾਈ ਅਤੇ ਜ਼ਿੰਦਗੀ ਵਿੱਚ ਉੱਚਾ ਮੁਕਾਮ ਹਾਸਲ ਕਰਨ ਦੀ ਅਪੀਲ ਕੀਤੀ ਤਾਂ ਜੋ ਵਿਦਿਆਰਥੀ ਆਪਣੇ ਸੂਬੇ ਤੇ ਦੇਸ਼ ਲਈ ਚਾਨਣ ਮੁਨਾਰੇ ਦਾ ਕੰਮ ਕਰ ਸਕਣ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਮੈਡਮ ਸ਼੍ਰੀਮਤੀ ਮਨਿੰਦਰ ਕੌਰ ਨੇ ਵਿਦਿਆਰਥੀਆਂ ਨੂੰ ਇਸ ਸੈਮੀਨਾਰ ਵਿੱਚ ਦਿੱਤੀ ਗਈ ਜਾਣਕਾਰੀ ਵਿੱਚੋਂ ਪ੍ਰਸ਼ਨ ਪੁੱਛ ਕੇ ਜਵਾਬ ਦੇਣ ਵਾਲੇ ਵਿਦਿਆਰਥੀਆਂ ਨੂੰ ਇਨਾਮਾਂ ਨਾਲ ਨਿਵਾਜਿਆ। ਇਸ ਤੋਂ ਇਲਾਵਾ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਚੰਗੀਆਂ ਆਦਤਾਂ ਅਪਣਾਉਣ ਦੇ ਗੁਰ ਵੀ ਦੱਸੇ। ਸ੍ਰ. ਧਰਮਿੰਦਰ ਸਿੰਘ, ਡਾ. ਰਜਿੰਦਰ ਕੌਰ, ਪਰਮਿੰਦਰ ਕੌਰ, ਸ੍ਰੀਮਤੀ ਆਂਚਲ, ਸ੍ਰ. ਬਲਜੀਤ ਸਿੰਘ ਨੇ ਇਸ ਸੈਮੀਨਾਰ ਨੂੰ ਸਫਲ ਬਣਾਉਣ ਵਿੱਚ ਯੋਗਦਾਨ ਪਾਇਆ।

## ਆਈ ਐੱਸ ਐੱਫ ਕਾਲਜ 'ਚ ਮੈਗਾ ਸੰਮੇਲਨ ਅੱਜ

**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਰਤ ਸਰਕਾਰ ਦੇ ਸੂਖਮ, ਲਘੂ ਤੇ ਦਰਮਿਆਨੇ ਉੱਦਮ (ਐਮ.ਐਸ.ਐਮ.ਈ.) ਮੰਤਰਾਲਾ 18 ਅਕਤੂਬਰ 2024 ਨੂੰ ਮੋਗਾ ਵਿਖੇ ਇੱਕ ਮੈਗਾ ਸੰਮੇਲਨ ਦਾ ਆਯੋਜਨ ਕਰਨ ਜਾ ਰਿਹਾ ਹੈ, ਜਿਸ ਵਿੱਚ ਉੱਦਮਤਾ ਨੂੰ ਉਤਸ਼ਾਹਤ ਕਰਨ ਤੇ ਨੈਸ਼ਨਲ ਐੱਸ.ਸੀ.ਐੱਸ.ਟੀ. (ਐੱਨ.ਐੱਸ.ਐਸ.ਐੱਚ.) ਸਕੀਮ ਅਤੇ ਐੱਮ.ਐੱਸ.ਐੱਮ.ਈ. ਨਾਲ ਸੰਬੰਧਤ ਹੋਰ ਸਕੀਮਾਂ ਬਾਰੇ ਜਾਗਰੂਕਤਾ ਫੈਲਾਈ ਜਾਵੇਗੀ। ਐੱਮ.ਐੱਸ.ਐੱਮ.ਈ. ਮੰਤਰਾਲੇ ਦੇ ਸੰਯੁਕਤ ਸਕੱਤਰ ਸ਼੍ਰੀਮਤੀ ਮਰਸੀ ਈਪਾਓ, ਐੱਨ.ਐੱਸ.ਆਈ.ਸੀ. ਦੇ ਸੀ.ਐੱਮ.ਡੀ. ਡਾ. ਸੁਭਰਾਸ਼ੂ ਸੇਖਰ ਅਚਾਰੀਆ ਇਸ ਸਮਾਗਮ ਦੀ ਅਗਵਾਈ ਕਰਨਗੇ। ਇਸ ਸਮਾਗਮ ਵਿੱਚ ਸੂਬਾ ਸਰਕਾਰ, ਕੇਂਦਰ ਸਰਕਾਰ, ਬੈਂਕਾਂ, ਸੀ.ਪੀ.ਐਸ.ਈਜ਼ ਤੇ ਵਿੱਤੀ ਸੰਸਥਾਵਾਂ ਦੇ ਵੱਖ-ਵੱਖ ਵਿਭਾਗਾਂ ਦੇ ਸੀਨੀਅਰ ਅਧਿਕਾਰੀ ਵੀ ਸ਼ਿਰਕਤ ਕਰਨਗੇ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਮੋਗਾ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਐੱਨ.ਐੱਸ.ਆਈ.ਸੀ. ਦੇ ਨਾਰਥ 2 ਦੇ ਜ਼ੋਨਲ ਜਨਰਲ ਮੈਨੇਜਰ ਦੇ ਮੁਖੀ ਗੁਰਪਾਲ ਸਿੰਘ ਨੇ ਕੀਤਾ। ਉਮੇਸ਼ ਦਿਕਸ਼ਿਤ ਜਨਰਲ ਮੈਨੇਜਰ ਐੱਨ.ਐੱਸ.ਐੱਸ.ਐੱਸ.ਐੱਚ. ਨਵੀਂ ਦਿੱਲੀ, ਸੂਰਯ ਭੂਸ਼ਨ ਨੈਸ਼ਨਲ ਐੱਸ.ਸੀ.ਐੱਸ.ਟੀ. ਹੱਬ ਲੁਧਿਆਣਾ ਦੇ ਬਰਾਂਚ ਹੈੱਡ, ਜੀ.ਐੱਮ. ਡੀ.ਆਈ.ਸੀ. ਸੁਖਮਿੰਦਰ ਸਿੰਘ ਰੇਖੀ, ਆਈ.ਐੱਸ.ਐੱਫ. ਕਾਲਜ ਦੇ ਚੇਅਰਮੈਨ ਵੀ ਉਨ੍ਹਾਂ ਨਾਲ ਮੌਜੂਦ ਸਨ।

## ਬਾਦਸ਼ਾਹਪੁਰ ਕਾਲੇਕੀ ਦੇ ਬਲਕਾਰ ਸਿੰਘ ਸਰਪੰਚੀ ਦੀ ਚੋਣ ਜਿੱਤੇ



**ਸਮਾਣਾ (ਇਕਬਾਲ ਸਿੰਘ ਬੱਲ)**-ਪੰਜਾਬ ਵਿੱਚ ਹੋਈਆਂ ਪੰਚਾਇਤੀ ਚੋਣਾਂ ਦੌਰਾਨ ਬਲਾਕ ਸਮਾਣਾ ਦੀਆਂ ਪੰਚਾਇਤੀ ਚੋਣਾਂ ਸ਼ਾਂਤੀਪੂਰਵਕ ਨੇਪਰੇ ਚੜ੍ਹੀਆਂ।ਸਮਾਣਾ ਬਲਾਕ ਦੇ ਪਿੰਡ ਬਾਦਸ਼ਾਹਪੁਰ ਕਾਲੇਕੀ ਦੀ ਬਲਕਾਰ ਸਿੰਘ ਸਰਪੰਚ ਦੀ ਚੋਣ ਜਿੱਤ ਗਏ, ਜਿਨ੍ਹਾਂ ਨੇ ਆਪਣੇ ਵਿਰੋਧੀ ਉਮੀਦਵਾਰ ਕੇਵਲ ਸਿੰਘ ਨੂੰ ਕਰੀਬ 130 ਵੋਟਾਂ ਦੇ ਫਰਕ ਨਾਲ ਹਰਾਇਆ ਹੈ।ਬਲਕਾਰ ਸਿੰਘ ਦੇ ਸਰਪੰਚ ਬਣਨ ਨਾਲ ਪਿੰਡ ਵਾਸੀਆਂ ਵਿੱਚ ਖੁਸ਼ੀ ਦੀ ਲਹਿਰ ਹੈ, ਨਵੇਂ ਬਣੇ ਸਰਪੰਚ ਬਲਕਾਰ ਸਿੰਘ ਨੇ ਕਿਹਾ ਕਿ ਉਹ ਪਿੰਡ ਦੇ ਵਿਕਾਸ ਲਈ ਸਿਰ ਤੋੜ ਯਤਨ ਕਰਨਗੇ ਤੇ ਬਿਨਾਂ ਕਿਸੇ ਭਿੰਨ ਭੇਦ ਦੇ ਪਿੰਡ ਤੇ ਹਰੇਕ ਵਰਗ ਦੇ ਲੋਕਾਂ ਦੇ ਕੰਮ ਕਰਨਗੇ।ਸਰਪੰਚੀ ਦੀ ਚੋਣ ਜਿੱਤਣ ਉਪਰੰਤ ਬਲਕਾਰ ਸਿੰਘ ਨੇ ਸਾਬਕਾ ਕੈਬਨਿਟ ਮੰਤਰੀ ਚੇਤਨ ਸਿੰਘ ਚੌੜਾ ਮਾਤਰਾ ਪਾਸੋਂ ਆਸ਼ੀਰਵਾਦ ਲਿਆ।

## ਸਰਕਾਰ ਮਹਿੰਗਾਈ ਭੱਤੇ ਦੀਆਂ ਬਕਾਇਆ ਕਿਸ਼ਤਾਂ ਜਾਰੀ ਕਰੇ : ਅਮਨਦੀਪ ਸ਼ਰਮਾ

**ਮਾਨਸਾ (ਆਤਮਾ ਸਿੰਘ ਪਮਾਰ)**-ਮਹਿੰਗਾਈ ਭੱਤੇ ਦੀਆਂ ਪੈਂਡਿੰਗ 16% ਕਿਸ਼ਤਾਂ ਜਾਰੀ ਕਰਨ ਦੀ ਮੰਗ ਨੂੰ ਲੈ ਕੇ ਮੁੱਖ ਅਧਿਆਪਕ ਜਥੇਬੰਦੀ ਪੰਜਾਬ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਦਿਵਾਲੀ ਤੋਂ ਪਹਿਲਾਂ-ਪਹਿਲਾਂ ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਜਾਰੀ ਕੀਤੀਆਂ ਜਾਣ।ਜਥੇਬੰਦੀ ਦੇ ਸੂਬਾਈ ਪ੍ਰਧਾਨ ਅਮਨਦੀਪ ਸ਼ਰਮਾ ਸੂਬਾ ਜਨਰਲ ਸਕੱਤਰ ਗੁਰਜੰਟ ਸਿੰਘ ਬੱਛੋਆਣਾ ਨੇ ਕਿਹਾ ਕਿ ਮਹਿੰਗਾਈ ਦਿਨ ਪ੍ਰਤੀ ਦਿਨ ਵੱਧ ਰਹੀ ਹੈ, ਪ੍ਰੰਤੂ ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਜਾਰੀ ਕਰਨ 'ਤੇ ਪੰਜਾਬ ਸਰਕਾਰ ਨੇ ਚੁੱਪੀ ਧਾਰੀ ਹੋਈ ਹੈ।ਉਨ੍ਹਾਂ ਮੰਗ ਕੀਤੀ ਕਿ ਦਿਵਾਲੀ ਤੋਂ ਪਹਿਲਾਂ-ਪਹਿਲਾਂ ਡੀ ਏ ਦੀਆਂ ਕਿਸ਼ਤਾਂ ਜਾਰੀ ਕੀਤੀਆਂ ਜਾਣ।ਜਥੇਬੰਦੀ ਦੇ ਸੂਬਾਈ ਜੁਆਇੰਟ ਸਕੱਤਰ ਰਕੇਸ਼ ਗੋਇਲ ਬਰੇਟਾ, ਮੀਤ ਪ੍ਰਧਾਨ ਜਸ਼ਨਦੀਪ ਕੁਲਾਣਾ, ਉਪ ਪ੍ਰਧਾਨ ਰਘਵਿੰਦਰ ਸਿੰਘ ਧੂਲਕਾ ਅੰਮ੍ਰਿਤਸਰ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਤੇ ਵੱਖ-ਵੱਖ ਸੂਬਿਆਂ ਦੀਆਂ ਸਰਕਾਰਾਂ ਵੱਲੋਂ ਮੁਲਾਜ਼ਮਾਂ ਨੂੰ ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਪਹਿਲਾਂ ਹੀ ਜਾਰੀ ਕਰ ਦਿੱਤੀਆਂ ਹਨ।ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਵੀ ਮੁਲਾਜ਼ਮਾਂ ਨੂੰ ਤੁਰੰਤ ਮਹਿੰਗਾਈ ਭੱਤੇ ਦੀ ਕਿਸ਼ਤ ਜਾਰੀ ਕਰੇ।ਜਥੇਬੰਦੀ ਪੰਜਾਬ ਦੇ ਆਗੂ ਭਗਵੰਤ ਭਟੇਜਾ, ਪਰਮਜੀਤ ਸਿੰਘ ਤੂਰ ਪਟਿਆਲਾ, ਕਮਲ ਗੋਇਲ ਸੁਨਾਮ, ਓਮ ਪ੍ਰਕਾਸ਼, ਮਾਲਵਿੰਦਰ ਬਰਨਾਲਾ, ਬਲਜੀਤ ਸਿੰਘ ਗੁਰਦਾਸਪੁਰ, ਜਸਬੀਰ ਸਿੰਘ ਹੁਸ਼ਿਆਰਪੁਰ, ਸਤਿੰਦਰ ਸਿੰਘ ਦੁਆਬੀਆ ਫਿਰੋਜ਼ਪੁਰ, ਲਵਨੀਸ਼ ਗੋਇਲ ਨਾਭਾ, ਦਿਲਜੀਤ ਮਾਨਸਾ, ਦੀਪਕ ਗੋਇਲ ਮੁਹਾਲੀ ਨੇ ਕਿਹਾ ਕਿ ਜਲਦੀ ਹੀ ਸੂਬਾ ਪੱਧਰੀ ਮੀਟਿੰਗ ਇਸ ਮਸਲੇ ਨੂੰ ਲੈ ਕੇ ਕੀਤੀ ਜਾਵੇਗੀ ਤੇ ਪੰਜਾਬ ਦੇ ਕੈਬਨਿਟ ਮੰਤਰੀਆਂ ਨੂੰ ਵੀ ਮੰਗ ਪੱਤਰ ਦਿੱਤੇ ਜਾਣਗੇ।

## ਭਗਵਾਨ ਵਾਲਮੀਕਿ ਜੀ ਦੇ ਪ੍ਰਗਟ ਦਿਵਸ ਮੌਕੇ ਸ਼ੋਭਾ ਯਾਤਰਾ



**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**-ਭਗਵਾਨ ਵਾਲਮੀਕਿ ਜੀ ਦੇ ਪ੍ਰਗਟ ਦਿਵਸ ਦੇ ਸਬੰਧ ਵਿੱਚ ਵਾਲਮੀਕਿ ਸਭਾ ਧੂਰੀ ਵੱਲੋਂ ਸ਼ਹਿਰ ਅੰਦਰ ਵਿਸ਼ਾਲ ਸ਼ੋਭਾ ਯਾਤਰਾ ਸਜਾਈ ਗਈ, ਜੋ ਸ਼ਹਿਰ ਦੇ ਅੰਬੇਡਕਰ ਚੌਕ ਤੋਂ ਸ਼ੁਰੂ ਹੋ ਕੇ ਸ਼ਹਿਰ ਦੇ ਪਾਠਸ਼ਾਲਾ ਰੋਡ, ਪੁਰਾਣੀ ਦਾਣਾ ਮੰਡੀ, ਰੇਲਵੇ ਰੋਡ, ਸਦਰ ਬਜ਼ਾਰ, ਲੋਹਾ ਬਜ਼ਾਰ, ਬੈਂਕ ਰੋਡ ਸਮੇਤ ਹੋਰਨਾਂ ਇਲਾਕਿਆਂ ਵਿੱਚੋਂ ਹੁੰਦੀ ਹੋਈ ਵਾਪਸ ਸ਼ਿਵ ਮੰਦਰ ਵਿਖੇ ਜਾ ਕੇ ਸਮਾਪਤ ਹੋਈ।ਰਸਤੇ ਵਿੱਚ ਵਿੱਚ ਜਿੱਥੇ ਸ਼ੋਭਾ ਯੋਤਰਾ ਦਾ ਥਾਂ-ਥਾਂ ਲੋਕਾਂ ਨੇ ਨਿੱਘਾ ਸਵਾਗਤ ਕੀਤਾ, ਉਥੇ ਵੱਖ ਵੱਖ ਜਥੇਬੰਦੀਆਂ ਨੇ ਲੰਗਰ ਵੀ ਲਗਾਏ।ਇਸ ਸ਼ੋਭਾ ਯਾਤਰਾ ਵਿੱਚ ਪੰਜਾਬ ਕਨਵੇਅਰ ਦੇ ਚੇਅਰਮੈਨ ਸਤਿੰਦਰ ਸਿੰਘ ਚੱਠਾ, ਪੰਜਾਬ ਕਾਂਗਰਸ ਕਮੇਟੀ ਦੇ ਮੈਂਬਰ ਹਰਦੀਪ ਸਿੰਘ ਦੌਲਤਪੁਰ ਨੇ ਸਮੂਹ ਸੰਗਤਾਂ ਨੂੰ ਮੁਬਾਰਕਬਾਦ ਦਿੰਦਿਆਂ ਲੋਕਾਂ ਨੂੰ ਬਰਾਬਰੀ ਤੇ ਸਮਾਨਤਾ ਦਾ ਸੰਦੇਸ਼ ਦੇਣ ਵਾਲੇ ਭਗਵਾਨ ਵਾਲਮੀਕਿ ਜੀ ਵੱਲੋਂ ਦਰਸਾਏ ਮਾਰਗ ਤੇ ਆਦਰਸ਼ਾਂ 'ਤੇ ਚੱਲਣ ਦਾ ਸੱਦਾ ਦਿੱਤਾ।ਇਸ ਮੌਕੇ ਬਾਬਾ ਦਰਸ਼ਨ ਦਾਸ, ਮੁਨੀਸ਼ ਵੈਦ, ਗੋਬਿੰਦ ਕੁਮਾਰ, ਰਿੰਕੂ ਪੇਂਟਰ, ਸੱਤਪਾਲ, ਸੁਰਿੰਦਰ ਬਿਡਲਾਨ, ਰਾਜਿੰਦਰ ਵੈਦ ਆਦਿ ਹਾਜ਼ਰ ਸਨ।

## ਡੀ ਏ ਵੀ ਸਕੂਲ ਵਿਖੇ ਮਹਾਂਰਿਸ਼ੀ ਵਾਲਮੀਕਿ ਜੈਅੰਤੀ ਮਨਾਈ



**ਮਲੋਟ (ਗੁਰਮੀਤ ਸਿੰਘ ਮੱਕੜ)**-ਸਥਾਨਕ ਡੀ ਏ ਵੀ ਪਬਲਿਕ ਸਕੂਲ ਵੱਲੋਂ ਮਹਾਂਰਿਸ਼ੀ ਵਾਲਮੀਕਿ ਜੈਅੰਤੀ ਬੜੀ ਧੂਮਧਾਮ ਨਾਲ ਮਨਾਈ ਗਈ। ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਸ਼੍ਰੀਮਤੀ ਸੰਧਿਆ ਬਠਲਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਭਾਰਤ ਸਾਧਾਂ, ਸੰਤਾਂ ਤੇ ਮਹਾਂਪੁਰਖਾਂ ਦਾ ਦੇਸ਼ ਹੈ ਅਤੇ ਮਹਾਰਿਸ਼ੀ ਵਾਲਮੀਕਿ ਇਨ੍ਹਾਂ ਮਹਾਪੁਰਖਾਂ ਵਿੱਚੋਂ ਇੱਕ ਸਨ ਅਤੇ ਮਹਾਂਰਿਸ਼ੀ ਵਾਲਮੀਕਿ ਜੀ ਸੰਸਕ੍ਰਿਤ ਰਾਮਾਇਣ ਦੇ ਲੇਖਕ ਸਨ, ਜੋ ਆਦਿਕਵੀ ਦੇ ਨਾਂਅ ਨਾਲ ਮਸ਼ਹੂਰ ਹੈ। ਉਨ੍ਹਾ ਕਿਹਾ ਕਿ ਰਾਮਾਇਣ ਇੱਕ ਮਹਾਂਕਾਵਿ ਹੈ, ਜੋ ਸਾਨੂੰ ਮਰਿਆਦਾ ਪੁਰਸ਼ੋਤਮ ਸ੍ਰੀ ਰਾਮ ਦੇ ਜੀਵਨ ਦੁਆਰਾ ਜੀਵਨ ਦੀ ਸੱਚਾਈ ਤੇ ਕਰਤੱਵ ਤੋਂ ਜਾਣੂੰ ਕਰਵਾਉਂਦਾ ਹੈ। ਉਨ੍ਹਾ ਕਿਹਾ ਕਿ ਰਾਮਾਇਣ ਨੇ ਹਰ ਮਨੁੱਖ ਨੂੰ ਮਾਣ, ਸੱਚ, ਪਿਆਰ, ਭਾਈਚਾਰਾ, ਦੋਸਤੀ ਤੇ ਸੇਵਕ ਦੇ ਧਰਮ ਦੀ ਪਰਿਭਾਸ਼ਾ ਸਿਖਾਈ ਹੈ, ਇਹੀ ਕਾਰਨ ਹੈ ਕਿ ਭਾਰਤ ਦੀ ਸਿੱਖਿਆ ਤੇ ਗਿਆਨ ਦੀ ਦੇਸ਼-ਵਿਦੇਸ਼ ਵਿੱਚ ਨਕਲ ਹੋਈ ਹੈ। ਇਸ ਮੌਕੇ ਸਕੂਲ ਸਟਾਫ਼, ਬੱਚੇ ਤੇ ਸਹਿਯੋਗੀ ਸਟਾਫ਼ ਹਾਜ਼ਰ ਸੀ।

## ਖਾਨਪੁਰ 'ਚ ਕੁਲਦੀਪ ਕੌਰ ਤੀਜੀ ਵਾਰ ਸਰਪੰਚ ਬਣੀ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਬੇਟ ਇਲਾਕੇ ਦੇ ਪਿੰਡ ਖਾਨਪੁਰ ਦੀ ਪੰਚਾਇਤ ਚੋਣ ਦੌਰਾਨ ਕੁਲਦੀਪ ਕੌਰ ਲਗਾਤਾਰ ਤੀਜੀ ਵਾਰ ਪਿੰਡ ਦੀ ਸਰਪੰਚ ਚੁਣੀ ਗਈ। ਸਮਾਜ ਸੇਵੀ ਸ਼ਕਤੀ ਆਨੰਦ ਵੱਲੋਂ ਹਮੇਸ਼ਾ ਪਿੰਡ ਵਾਸੀਆਂ ਨੂੰ ਇੱਕਜੁਟ ਕਰ ਸਰਬਸੰਮਤੀ ਨਾਲ ਚੋਣ ਕਰਵਾਈ ਜਾਂਦੀ ਰਹੀ ਹੈ। 2008 ਵਿੱਚ ਪਹਿਲੀ ਵਾਰ ਕੁਲਦੀਪ ਕੌਰ ਦਾ ਪਤੀ ਬਿੱਟੂ ਸਰਪੰਚ ਬਣਿਆ, 2013 ਦੀਆਂ ਚੋਣਾਂ 'ਚ ਕੁਲਦੀਪ ਕੌਰ ਸਰਪੰਚ ਬਣੀ, 2018 ਦੀਆਂ ਚੋਣਾਂ ਵਿੱਚ ਫਿਰ ਸਰਬਸੰਮਤੀ ਨਾਲ ਕੁਲਦੀਪ ਕੌਰ ਸਰਪੰਚ ਚੁਣੀ ਗਈ। ਹੁਣ ਵੀ ਪਿੰਡ ਵਿੱਚ ਸਰਬਸੰਮਤੀ ਕਰਵਾਉਣ ਦੀ ਕੋਸ਼ਿਸ਼ ਕੀਤੀ ਗਈ, ਪਰ ਸਫ਼ਲਤਾ ਨਾ ਮਿਲੀ, ਜਿਸ 'ਤੇ ਚੋਣ ਮੁਕਾਬਲਾ ਹੋ ਗਿਆ। ਪਿੰਡ ਵਾਸੀਆਂ ਨੇ ਇੱਕ ਤਰਫ਼ਾ ਫਤਵਾ ਦਿੰਦਿਆਂ ਕੁਲਦੀਪ ਕੌਰ ਨੂੰ 223 ਵੋਟਾਂ ਦਿੱਤੀਆਂ, ਜਦਕਿ ਉਸ ਦੀ ਵਿਰੋਧੀ ਕੁਲਵਿੰਦਰ ਕੌਰ ਨੂੰ ਕੇਵਲ 86 ਵੋਟਾਂ ਪਈਆਂ। ਇਸ ਤੋਂ ਇਲਾਵਾ ਜਸਵੀਰ ਰਾਮ, ਧਰਮਪਾਲ, ਮੇਜਰ ਸਿੰਘ, ਸਰਬਜੀਤ ਕੌਰ ਤੇ ਬਲਬੀਰ ਕੌਰ ਪੰਚਾਇਤ ਮੈਂਬਰ ਚੁਣੇ ਗਏ। ਸਮਾਜ ਸੇਵੀ ਸ਼ਕਤੀ ਆਨੰਦ ਨੇ ਨਵੀਂ ਚੁਣੀ ਸਰਪੰਚ ਤੇ ਪੰਚਾਇਤ ਦਾ ਸਨਮਾਨ ਕਰਦਿਆਂ ਕਿਹਾ ਕਿ ਪਿੰਡ ਵਾਸੀਆਂ ਨੇ ਵਿਕਾਸ ਕਾਰਜਾਂ ਨੂੰ ਦੇਖਦਿਆਂ ਲਗਾਤਾਰ ਚੌਥੀ ਵਾਰ ਇਸ ਪਰਵਾਰ ਨੂੰ ਵੱਡਾ ਮਾਣ ਬਖ਼ਸ਼ਿਆ ਹੈ।

# ਰਿਸ਼ਵਤਖੋਰੀ ਫੂਡ ਕਾਰਪੋਰੇਸ਼ਨ ਆਫ਼ ਇੰਡੀਆ ਦੇ ਭ੍ਰਿਸ਼ਟਾਚਾਰ 'ਤੇ ਪਈ ਭਾਰੀ !

## ਅਧਿਕਾਰੀਆਂ ਵਿਰੁੱਧ ਜਨਹਿੱਤ ਪਟੀਸ਼ਨ ਪਾਉਣ ਦੀ ਤਿਆਰੀ




**ਜੈਤੋ (ਸਤੀਸ਼ ਕੁਮਾਰ ਭੀਰੀ)**-ਤਮਾਮ ਛੋਟੇ ਵੱਡੇ ਕਸਬਿਆਂ ਵਿੱਚ ਫੈਲੇ ਫੂਡ ਕਾਰਪੋਰੇਸ਼ਨ ਆਫ਼ ਇੰਡੀਆ ਦੇ ਗੁਦਾਮਾਂ ਵਿੱਚ ਬੇਨਿਯਮੀਆਂ, ਭ੍ਰਿਸ਼ਟਾਚਾਰ ਤੇ ਘਪਲਿਆਂ ਦੇ ਬੁਰੀ ਤਰ੍ਹਾਂ ਨਾਲ ਫੈਲ ਚੁੱਕੇ ਜਾਲ਼ ਨੂੰ ਤੋੜਨ ਲਈ ਸੀ ਬੀ ਆਈ, ਕੇਂਦਰੀ ਵਿਜੀਲੈਂਸ ਬਿਊਰੋ ਸਮੇਤ ਜਾਂਚ ਏਜੰਸੀਆਂ ਵੱਲੋਂ ਅਨੇਕਾਂ ਛੋਟੇ ਵੱਡੇ ਕਰਮਚਾਰੀਆਂ ਤੇ ਅਧਿਕਾਰੀਆਂ ਨੂੰ ਦੋਸ਼ੀ ਕਰਾਰ ਦਿੱਤੇ ਜਾਣ ਤੋਂ ਬਾਅਦ ਵੀ ਭ੍ਰਿਸ਼ਟਾਚਾਰ ਦੀ ਨਦੀ ਫੂਡ ਕਾਰਪੋਰੇਸ਼ਨ ਆਫ਼ ਇੰਡੀਆ ਦੇ ਗੁਦਾਮਾਂ ਤੇ ਦਫਤਰਾਂ ਵਿੱਚ ਪੂਰੇ ਵੇਗ ਨਾਲ ਵਗ ਰਹੀ ਹੈ।ਜੇਕਰ ਗੱਲ ਕਰੀਏ ਫੂਡ ਕਾਰਪੋਰੇਸ਼ਨ ਆਫ਼ ਇੰਡੀਆ ਦੇ ਜੈਤੋ ਦੇ ਗੁਦਾਮਾਂ ਵਿੱਚ ਫੈਲੇ ਭ੍ਰਿਸ਼ਟਾਚਾਰ ਦੀ ਤਾਂ ਇਹ ਹੈ ਕਿ ਇਸ ਸਬੰਧੀ ਪਿਛਲੇ ਕੁਝ ਮਹੀਨਿਆਂ ਤੋਂ ਅਖ਼ਬਾਰਾਂ ਦੀਆਂ ਸੁਰਖੀਆਂ ਬਣਨ ਤੋਂ ਬਾਅਦ ਵੀ ਉੱਚ ਅਧਿਕਾਰੀਆਂ ਵੱਲੋਂ ਇਸ ਮਾਮਲੇ ਨੂੰ ਗੰਭੀਰਤਾ ਨਾਲ ਨਹੀਂ ਲਿਆ ਗਿਆ, ਬਲਕਿ ਅਖ਼ਬਾਰ ਵਿੱਚ ਖਬਰਾਂ ਲਾਉਣ ਵਾਲੇ ਪੱਤਰਕਾਰ ਨੂੰ ਹੀ ਨੋਟਿਸ ਜਾਰੀ ਕਰਕੇ ਸਬੂਤਾਂ ਦੀ ਮੰਗ ਕੀਤੀ ਜਾ ਰਹੀ ਹੈ।ਇਹ ਗੱਲ ਜੱਗ ਜ਼ਾਹਰ ਹੈ ਕਿ ਗੁਦਾਮਾਂ ਵਿੱਚ ਲੱਗਣ ਵਾਲੇ ਚਾਵਲਾਂ ਦੀ ਗੱਡੀ ਵਿੱਚ ਅਨੇਕਾਂ ਊਣਤਾਈਆਂ ਹੋਣ 'ਤੇ ਪ੍ਰਤੀ ਗੱਡੀ ਹਜ਼ਾਰਾਂ ਰੁਪਏ ਦੀ ਰਿਸ਼ਵਤ ਲੈ ਕੇ ਗੁਦਾਮ ਵਿੱਚ ਲਾਉਣ ਲਈ ਹਰੀ ਝੰਡੀ ਦੇ ਦਿੱਤੀ ਜਾਂਦੀ ਹੈ।ਇਸ ਪੂਰੇ ਮਾਮਲੇ ਦਾ ਖੁਲਾਸਾ ਉੱਚ ਅਧਿਕਾਰੀਆਂ ਨੂੰ ਵਾਰ ਵਾਰ ਕਰਨ ਦੇ ਬਾਵਜੂਦ ਉਨ੍ਹਾਂ ਵੱਲੋਂ ਕਾਰਵਾਈ ਕੀਤੇ ਜਾਣਾ ਤਾਂ ਬਹੁਤ ਦੂਰ ਦੀ ਗੱਲ ਹੈ, ਬਲਕਿ ਇਸ ਸਬੰਧੀ ਜੇਕਰ ਪੱਖ ਲੈਣ ਲਈ ਉਨ੍ਹਾਂ ਨੂੰ ਫੋਨ ਕੀਤਾ ਗਿਆ ਤਾਂ ਪਤਾ ਲੱਗਿਆ ਕਿ ਉਨ੍ਹਾਂ ਨੇ ਫਰਜ਼ੀ ਨੰਬਰ ਨੈੱਟ 'ਤੇ ਦਰਸਾਏ ਗਏ ਹਨ, ਜਿਸ ਤੋਂ ਫੂਡ ਕਾਰਪੋਰੇਸ਼ਨ ਆਫ਼ ਇੰਡੀਆ ਦੇ ਇਨ੍ਹਾਂ ਭ੍ਰਿਸ਼ਟ ਅਧਿਕਾਰੀਆਂ ਦੀ ਰਿਸ਼ਵਤਖੋਰਾਂ ਨਾਲ ਮਿਲੀਭੁਗਤ ਸਾਫ਼ ਨਜ਼ਰ ਆਉਂਦੀ ਹੈ।ਇੱਥੇ ਇਹ ਗੱਲ ਵਿਸ਼ੇਸ਼ ਤੌਰ 'ਤੇ ਵਰਨਣਯੋਗ ਹੈ ਕਿ ਐੱਫ਼ ਸੀ ਆਈ ਵਿੱਚ ਫੈਲੇ ਭ੍ਰਿਸ਼ਟਾਚਾਰ, ਘਪਲਿਆਂ ਤੇ ਹਲਕੀ ਕਵਾਲਿਟੀ ਦੇ ਚਾਵਲਾਂ ਨੂੰ ਲਵਾਉਣ ਲਈ ਰਿਸ਼ਵਤ ਦੀ ਰਾਸ਼ੀ ਪ੍ਰਤੀ ਸਮਝੌਤਾ ਨਹੀਂ ਹੋਣ ਤੇ ਇੱਕ ਰਾਈਸ ਮਿੱਲਰ ਤੇ ਜੈਤੋ ਵਿਖੇ ਤਾਇਨਾਤ ਫੂਡ ਕਾਰਪੋਰੇਸ਼ਨ ਆਫ਼ ਇੰਡੀਆ ਦੇ ਤਮਾਮ ਛੋਟੇ-ਵੱਡੇ ਕਰਮਚਾਰੀਆਂ ਤੇ ਅਧਿਕਾਰੀਆਂ ਨਾਲ ਵੱਡੀ ਪੱਧਰ 'ਤੇ ਤੂੰ ਤੂੰ, ਮੈਂ ਮੈਂ ਤੋਂ ਬਾਅਦ ਲੜਾਈ ਗਾਲੀ ਗਲੋਚ ਤੱਕ ਪਹੁੰਚ ਗਈ, ਜਿਸ ਨੂੰ ਕਿ ਫੂਡ ਕਾਰਪੋਰੇਸ਼ਨ ਆਫ਼ ਇੰਡੀਆ ਦੇ ਅਧਿਕਾਰੀਆਂ ਵੱਲੋਂ ਹੋਰ ਹੀ ਰੰਗਤ ਦਿੰਦੇ ਹੋਏ ਆਪਣੇ ਉੱਚ ਅਧਿਕਾਰੀਆਂ ਨੂੰ ਲਿਖਿਆ ਗਿਆ ਕਿ ਇੱਕ ਰਾਈਸ ਮਿੱਲਰ ਸਾਨੂੰ ਗੰਦੀਆਂ ਗਾਲ੍ਹਾਂ ਕੱਢਦਾ ਹੈ ਤੇ ਸਾਨੂੰ ਉਸ ਪਾਸੋਂ ਜਾਨ-ਮਾਲ ਦਾ ਖ਼ਤਰਾ ਹੈ, ਜਦਕਿ ਇਨ੍ਹਾਂ ਦੇ ਲਿਖੇ ਗਏ ਸ਼ਿਕਾਇਤ ਪੱਤਰ ਕਰਕੇ ਗੱਲ ਜ਼ਿਆਦਾ ਫੈਲਣ ਤੇ ਬਦਨਾਮੀ ਹੋਣ ਦੇ ਡਰ ਕਰਕੇ ਉਸ ਪੱਤਰ 'ਤੇ ਕਾਰਵਾਈ ਠੰਢੇ ਬਸਤੇ ਵਿੱਚ ਪਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।ਇਸ ਪੂਰੇ ਵਰਤਾਰੇ ਭ੍ਰਿਸ਼ਟਾਚਾਰ 'ਤੇ ਕਾਰਵਾਈ ਕਰਨ ਨੂੰ ਲੈ ਕੇ ਪੱਖ ਪੁੱਛਣ ਲਈ ਕੋਈ ਵੀ ਅਸਲੀ ਸੰਪਰਕ ਨੰਬਰ ਦਾ ਪਤਾ ਨਹੀਂ ਲੱਗ ਸਕਿਆ।

## ਡੀ ਆਈ ਜੀ ਭੁੱਲਰ, ਐੱਸ ਐੱਸ ਪੀ ਕੌਂਡਲ ਤੇ ਮੀਨਾ ਨੂੰ ਮਿਲੇਗੀ ਡੀ ਜੀ ਪੀ ਕੁਮੈਂਡਸ਼ਨ ਡਿਸਕ



**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**-ਪੰਜਾਬ ਪੁਲਸ ਦੇ ਬਠਿੰਡਾ ਰੇਂਜ ਵਿੱਚ ਬਤੌਰ ਡੀ.ਆਈ.ਜੀ. ਸੇਵਾਵਾਂ ਨਿਭਾ ਰਹੇ ਸੀਨੀਅਰ ਆਈ.ਪੀ.ਐੱਸ. ਅਧਿਕਾਰੀ ਹਰਚਰਨ ਸਿੰਘ ਭੁੱਲਰ, ਐੱਸ.ਐੱਸ.ਪੀ. ਬਠਿੰਡਾ ਮੈਡਮ ਅਮਨੀਤ ਕੌਂਡਲ ਅਤੇ ਐੱਸ.ਐੱਸ.ਪੀ. ਮਾਨਸਾ ਭਗੀਰਥ ਸਿੰਘ ਮੀਨਾ ਨੂੰ ਪੰਜਾਬ ਪੁਲਸ ਵੱਲੋਂ ਡੀ.ਜੀ.ਪੀ. ਕੁਮੈਂਡਸ਼ਨ ਡਿਸਕ ਨਾਲ ਸਨਮਾਨਤ ਕੀਤਾ ਜਾਵੇਗਾ।ਪੰਜਾਬ ਪੁਲਸ ਦੇ ਮੁਖੀ ਸ੍ਰੀ ਗੌਰਵ ਯਾਦਵ ਦੇ ਹੁਕਮਾਂ ਨਾਲ ਜਾਰੀ ਹੋਏ ਵਿਭਾਗੀ ਪੱਤਰ ਅਨੁਸਾਰ ਇਨ੍ਹਾਂ ਤਿੰਨਾਂ ਪੁਲਸ ਅਧਿਕਾਰੀਆਂ ਨੂੰ ਪੰਚਾਇਤੀ ਚੋਣਾਂ 2024 ਨੂੰ ਸ਼ਾਂਤੀਪੂਰਵਕ ਤੇ ਅਮਨ ਅਮਾਨ ਨਾਲ ਕਰਵਾਉਣ ਵਿੱਚ ਪਾਏ ਵੱਡਮੁੱਲੇ ਯੋਗਦਾਨ ਬਦਲੇ ਸਨਮਾਨਤ ਕੀਤਾ ਜਾਵੇਗਾ।ਇਸ ਪ੍ਰਤੀਨਿੱਧ ਨਾਲ ਗੱਲਬਾਤ ਕਰਦਿਆਂ ਡੀ.ਆਈ.ਜੀ. ਬਠਿੰਡਾ ਰੇਂਜ ਹਰਚਰਨ ਸਿੰਘ ਭੁੱਲਰ ਨੇ ਦੱਸਿਆ ਕਿ ਉਹ ਤੇ ਉਨ੍ਹਾਂ ਦੀ ਟੀਮ ਹਮੇਸ਼ਾ ਅਮਨ ਸ਼ਾਂਤੀ ਦੀ ਬਹਾਲੀ ਲਈ ਤੱਤਪਰ ਹੈ ਅਤੇ ਕਿਸੇ ਵੀ ਗੈਰ-ਸਮਾਜਿਕ ਅਨਸਰ ਨੂੰ ਸਿਰ ਨਹੀਂ ਚੁੱਕਣ ਦਿੱਤਾ ਜਾਵੇਗਾ।ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਤੇ ਡੀਜੀਪੀ ਪੰਜਾਬ ਗੌਰਵ ਯਾਦਵ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਪੰਜਾਬ ਪੁਲਸ ਹਮੇਸ਼ਾ ਨਸ਼ੇ ਦੀ ਖ਼ਾਤਮੇ ਲਈ ਤੱਤਪਰ ਹੈ ਅਤੇ ਪੁਲਸ ਵੱਲੋਂ ਨਸ਼ਾ ਤਸਕਰਾਂ ਖਿਲਾਫ਼ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ ਅਤੇ ਕਿਸੇ ਵੀ ਗੈਰ-ਕਾਨੂੰਨੀ ਕਾਰੋਬਾਰ ਕਰਨ ਵਾਲਿਆਂ ਨੂੰ ਬਖ਼ਸ਼ਿਆ ਨਹੀਂ ਜਾਵੇਗਾ।ਉਨ੍ਹਾਂ ਲੋਕਾਂ ਤੋਂ ਸਹਿਯੋਗ ਦੀ ਮੰਗ ਕਰਦਿਆਂ ਕਿਹਾ ਕਿ ਉਹ ਗੈਰ-ਕਾਨੂੰਨੀ ਕੰਮ ਕਰਨ ਵਾਲਿਆਂ ਦੀ ਸੂਚਨਾ ਪੁਲਸ ਨੂੰ ਦੇਣ, ਪੁਲਸ ਉਨ੍ਹਾਂ ਦਾ ਨਾਮ ਤੇ ਪਤਾ ਗੁਪਤ ਰੱਖੇਗੀ।

## ਬੇਟ ਇਲਾਕੇ 'ਚ ਸੋਹਣ ਸ਼ੇਰਪੁਰੀ ਨੇ ਗੱਡਿਆ 'ਆਪ' ਦੀ ਜਿੱਤ ਦਾ ਝੰਡਾ

### ਸ਼ੇਰਪੁਰ ਤੇ ਫਤਹਿਗੜ੍ਹ ਬੇਟ ਦੀ ਪੰਚਾਇਤੀ ਚੋਣ 'ਚ ਸਰਪੰਚ ਤੇ ਪੰਚ ਜਿਤਾਏ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਾਬਕਾ ਸਰਪੰਚ ਤੇ 'ਆਪ' ਆਗੂ ਸੋਹਣ ਲਾਲ ਸ਼ੇਰਪੁਰੀ ਨੇ ਬੇਟ ਖੇਤਰ ਦੇ 2 ਪਿੰਡਾਂ ਵਿੱਚ ਪੰਚਾਇਤ ਚੋਣਾਂ 'ਚ ਆਮ ਆਦਮੀ ਪਾਰਟੀ ਦੀ ਜਿੱਤ ਦਾ ਝੰਡਾ ਗੱਡ ਕਾਂਗਰਸ ਦਾ ਗੜ੍ਹ ਤੋੜ ਦਿੱਤਾ। ਇਕੱਤਰ ਕੀਤੀ ਜਾਣਕਾਰੀ ਮੁਤਾਬਿਕ ਬੇਟ ਖੇਤਰ ਵਿੱਚ ਅਸਰ ਰਸੂਖ਼ ਰੱਖਣ ਵਾਲੇ ਸਿਆਸੀ ਆਗੂ ਸੋਹਣ ਲਾਲ ਸ਼ੇਰਪੁਰੀ ਨੇ ਆਪਣੇ ਗਰੁੱਪ ਦੇ ਪਿੰਡ ਸ਼ੇਰਪੁਰ ਤੇ ਫਤਹਿਗੜ੍ਹ ਬੇਟ ਵਿੱਚ ਸਰਪੰਚ ਤੇ ਪੰਚ ਚੋਣ ਮੈਦਾਨ ਵਿੱਚ ਉਤਾਰੇ। ਇਨ੍ਹਾਂ ਦੋਵਾਂ ਪਿੰਡਾਂ ਵਿਚ ਬੜਾ ਹੀ ਗਹਿਗੱਚ ਮੁਕਾਬਲਾ ਹੋਇਆ ਤੇ ਸੋਹਣ ਸ਼ੇਰਪੁਰੀ ਇੱਥੇ ਆਮ ਆਦਮੀ ਪਾਰਟੀ ਦਾ ਝੰਡਾ ਬੁਲੰਦ ਕਰਨ ਵਿੱਚ ਕਾਮਯਾਬ ਰਹੇ, ਜਿਨ੍ਹਾਂ ਦੀ ਸਾਰੀ ਪੰਚਾਇਤ ਬਹੁਮਤ ਨਾਲ ਜਿੱਤੀ। ਸੋਹਣ ਲਾਲ ਸ਼ੇਰਪੁਰੀ ਨੇ ਸ਼ੇਰਪੁਰ ਬੇਟ ਤੇ ਫਤਹਿਗੜ੍ਹ ਬੇਟ ਤੋਂ ਜਿੱਤੇ ਦੋਵੇਂ ਸਰਪੰਚਾਂ ਤੇ ਪੰਚਾਇਤ ਮੈਂਬਰਾਂ ਦਾ ਸਨਮਾਨ ਕੀਤਾ। ਉਨ੍ਹਾਂ ਦੱਸਿਆ ਕਿ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਦੀ ਅਗਵਾਈ ਹੇਠ ਇਨ੍ਹਾਂ ਦੋਵਾਂ ਪਿੰਡਾਂ 'ਚੋਂ ਜੋ ਚੋਣ ਨਤੀਜੇ ਸਾਹਮਣੇ ਆਏ, ਉਸ ਵਿੱਚ



ਸ਼ੇਰਪੁਰ 'ਚ 'ਆਪ' ਸਮਰਥਕ ਪਵਨ ਕੁਮਾਰ ਸਰਪੰਚ, ਗੁਰਵਿੰਦਰ ਕੌਰ, ਸੰਜੀਵ ਮੜਕਨ, ਜਰਨੈਲ ਸਿੰਘ, ਪਿੰਕੀ ਪੰਚਾਇਤ ਮੈਂਬਰ ਚੁਣੇ ਗਏ। ਇਸ ਤੋਂ ਇਲਾਵਾ ਫਤਹਿਗੜ੍ਹ ਬੇਟ ਵਿੱਚ ਵੀ 'ਆਪ' ਦੀ ਪੰਚਾਇਤ ਚੁਣੀ ਗਏ, ਜਿਸ ਵਿੱਚ ਅਨੀਤਾ ਦੇਵੀ ਪਤਨੀ ਕੁਲਦੀਪ ਸਿੰਘ ਸਰਪੰਚ, ਬਲਜੀਤ ਕੌਰ, ਗੁਰਦੇਵ ਸਿੰਘ ਤੇ ਗੁਰਿੰਦਰ ਸਿੰਘ ਪੰਚ ਚੁਣੇ ਗਏ। ਸੋਹਣ ਲਾਲ ਸ਼ੇਰਪੁਰੀ ਨੇ ਕਿਹਾ ਕਿ ਇਨ੍ਹਾਂ ਪਿੰਡਾਂ ਵਿਚ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਵਿਕਾਸ ਲਈ ਗ੍ਰਾਂਟਾਂ ਦੀ ਕਮੀ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਜੋ ਪਿੰਡ ਵਾਸੀਆਂ ਦੀਆਂ ਸਮੱਸਿਆਵਾਂ ਹਨ, ਉਹ ਪਹਿਲ ਦੇ ਅਧਾਰ 'ਤੇ ਹੱਲ ਕੀਤੀਆਂ ਜਾਣਗੀਆਂ। ਇਸ ਮੌਕੇ ਜਸਵੀਰ ਸਿੰਘ, ਅਸ਼ੋਕ ਕੁਮਾਰ, ਅਮਰੀਕ ਸਿੰਘ ਖੁਰਾਣਾ, ਦਲਵੀਰ ਸਿੰਘ ਖੁਰਾਣਾ (ਦੋਵੇਂ ਸਾਬਕਾ ਸਰਪੰਚ), ਰਾਜਵੀਰ ਸਿੰਘ ਖੁਰਾਣਾ, ਸਤਪਾਲ, ਤਰਸੇਮ ਲਾਲ ਬਿੱਲਾ, ਗੁਲਜ਼ਾਰੀ ਲਾਲ, ਚਮਨ ਲਾਲ, ਫਕੀਰ ਸਿੰਘ ਫੌਜੀ, ਸਾਬਕਾ ਸਰਪੰਚ ਜਸਪਾਲ ਸਿੰਘ, ਸੋਹਣ ਸਿੰਘ ਫੌਜੀ, ਨਸੀਬ ਸਿੰਘ, ਮੱਖਣ ਸਿੰਘ, ਨਛੱਤਰ ਸਿੰਘ, ਗੁਰਮੀਤ ਸਿੰਘ, ਤਾਰਾ ਸਿੰਘ, ਪ੍ਰਤੀਮ ਸਿੰਘ ਮੌਜੂਦ ਸਨ।

## ਭਾਜਪਾ ਆਗੂ ਪ੍ਰਨੀਤ ਤੇ ਜੈ ਇੰਦਰ ਕੌਰ ਵੱਲੋਂ ਕਾਨੂੰਨ ਵਿਵਸਥਾ ਨੂੰ ਲੈ ਕੇ ਐੱਸ ਐੱਸ ਪੀ ਨਾਲ ਮੀਟਿੰਗ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਭਾਜਪਾ ਦੀ ਸੀਨੀਅਰ ਆਗੂ ਪ੍ਰਨੀਤ ਕੌਰ ਤੇ ਭਾਜਪਾ ਮਹਿਲਾ ਮੋਰਚਾ ਦੀ ਪ੍ਰਧਾਨ ਜੈ ਇੰਦਰ ਕੌਰ ਨੇ ਪਟਿਆਲਾ ਜ਼ਿਲ੍ਹੇ ਵਿੱਚ ਬਦਤਰ ਹੋ ਰਹੀ ਕਾਨੂੰਨ ਵਿਵਸਥਾ ਦੀ ਨਿਖੇਧੀ ਕਰਦਿਆਂ ਪਟਿਆਲਾ ਦੇ ਐੱਸ ਐੱਸ ਪੀ ਨਾਨਕ ਸਿੰਘ ਨਾਲ ਮੀਟਿੰਗ ਕਰਕੇ ਸਖ਼ਤ ਕਾਰਵਾਈ ਦੀ ਮੰਗ ਕੀਤੀ ਹੈ।ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪ੍ਰਨੀਤ ਕੌਰ ਨੇ ਕਿਹਾ ਕਿ ਪਟਿਆਲਾ 'ਚ ਅਪਰਾਧ ਵਿੱਚ ਚਿੰਤਾਜਨਕ ਵਾਧਾ ਦੇਖਣ ਨੂੰ ਮਿਲਿਆ ਹੈ ਤੇ ਅਮਨ ਕਾਨੂੰਨ ਦੀ ਸਥਿਤੀ ਲਗਾਤਾਰ ਵਿਗੜਦੀ ਜਾ ਰਹੀ ਹੈ।ਅੱਜ ਅਸੀਂ ਇਸ ਮੁੱਦੇ 'ਤੇ ਆਪਣੀ ਡੂੰਘੀ ਚਿੰਤਾ ਦਾ ਪ੍ਰਗਟਾਵਾ ਕਰਨ ਲਈ ਐੱਸ ਐੱਸ ਪੀ ਪਟਿਆਲਾ ਨਾਨਕ ਸਿੰਘ ਨਾਲ ਮੁਲਾਕਾਤ ਕੀਤੀ। ਸਨੌਰ ਵਿੱਚ ਪੰਚਾਇਤੀ ਚੋਣਾਂ ਦੌਰਾਨ ਹੋਈ ਗੋਲੀਬਾਰੀ ਦੀ ਘਟਨਾ ਸਮੇਤ ਹਿੰਸਾ ਦੀਆਂ ਹਾਲੀਆ ਘਟਨਾਵਾਂ, ਰਾਜ ਸਰਕਾਰ ਦੀ ਸ਼ਾਂਤੀ ਤੇ ਸੁਰੱਖਿਆ ਨੂੰ ਬਣਾਈ ਰੱਖਣ ਵਿੱਚ ਅਸਫਲ ਰਹਿਣ ਦਾ ਸਪੱਸ਼ਟ ਸੰਕੇਤ ਹਨ।ਅਸੀਂ ਦੋਸ਼ੀਆਂ ਵਿਰੁੱਧ ਤੁਰੰਤ ਕਾਰਵਾਈ ਦੀ ਮੰਗ ਕਰਦੇ ਹਾਂ ਤੇ ਅਧਿਕਾਰੀਆਂ ਨੂੰ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ ਸਖ਼ਤ ਕਦਮ ਚੁੱਕਣ ਦੀ ਮੰਗ ਕਰਦੇ ਹਾਂ।ਪ੍ਰਨੀਤ ਕੌਰ ਨੇ ਕਿਹਾ ਕਿ ਪੰਜਾਬ ਦੇ ਹਾਲਾਤ ਹੋਰ ਵੀ ਗੰਭੀਰ ਹਨ, ਕਿਉਂਕਿ ਮੁੱਖ ਮੰਤਰੀ ਭਗਵੰਤ ਮਾਨ ਕੋਲ ਗ੍ਰਹਿ ਵਿਭਾਗ ਹੈ, ਫਿਰ ਵੀ ਉਹ ਸੂਬੇ ਵਿੱਚ ਕਾਨੂੰਨ ਵਿਵਸਥਾ ਬਣਾਈ ਰੱਖਣ ਵਿੱਚ ਪੂਰੀ ਤਰ੍ਹਾਂ ਅਸਫਲ ਰਹੇ ਹਨ। ਜੈ ਇੰਦਰ ਕੌਰ ਨੇ ਕਿਹਾ ਕਿ ਪੰਜਾਬ ਦੇ ਲੋਕ ਇੱਕ ਸੁਰੱਖਿਅਤ ਮਾਹੌਲ ਦੇ ਹੱਕਦਾਰ ਹਨ ਅਤੇ ਇਹ ਯਕੀਨੀ ਬਣਾਉਣਾ ਸਰਕਾਰ ਦੀ ਜ਼ਿੰਮੇਵਾਰੀ ਹੈ।ਅਸੀਂ ਪਟਿਆਲਾ ਵਿੱਚ ਵਧਦੀ ਹਿੰਸਾ ਤੇ ਕਾਨੂੰਨ-ਵਿਵਸਥਾ ਤੋਂ ਹੈਰਾਨ ਅਤੇ ਨਿਰਾਸ਼ ਹਾਂ।ਐੱਮ ਐੱਸ ਪੀ 'ਚ ਵਾਧੇ ਬਾਰੇ ਇੱਕ ਸਵਾਲ ਦਾ ਜਵਾਬ ਦਿੰਦੇ ਹੋਏ ਜੈ ਇੰਦਰ ਕੌਰ ਨੇ ਕਿਹਾ ਕਿ ਅਸੀਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਹਾੜ੍ਹੀ ਦੀਆਂ ਫਸਲਾਂ ਲਈ ਇਤਿਹਾਸਕ ਐੱਮ ਐੱਸ ਪੀ ਵਾਧੇ ਦੀ ਤਾਰੀਫ਼ ਕਰਦੇ ਹਾਂ, ਜਿਸ ਨਾਲ ਭਾਰਤ ਭਰ ਦੇ ਕਿਸਾਨਾਂ ਨੂੰ ਬਹੁਤ ਫਾਇਦਾ ਹੋਵੇਗਾ।ਇਹ ਕਦਮ ਕਿਸਾਨਾਂ ਦੇ ਸਸ਼ਕਤੀਕਰਨ ਤੇ ਪੇਂਡੂ ਵਿਕਾਸ ਨੂੰ ਹੁਲਾਰਾ ਦੇਣ ਲਈ ਕੇਂਦਰ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ।



## ਗੁਰਭੇਜ ਸਿੰਘ ਵਿਰਕ ਸਰਬਸੰਮਤੀ ਨਾਲ ਬਣੇ ਸਰਪੰਚ

### ਜੌੜਾਮਾਜਰਾ ਤੋਂ ਲਿਆ ਅਸ਼ੀਰਵਾਦ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਪੰਜਾਬ ਵਿੱਚ ਹੋ ਰਹੀਆਂ ਪੰਚਾਇਤੀ ਚੋਣਾਂ ਵਿੱਚ ਜ਼ਿਆਦਾਤਰ ਪਿੰਡਾਂ ਵਿੱਚ ਸਰਬਸੰਮਤੀਆਂ ਕਰਵਾਉਣ ਲਈ ਪਿੰਡ ਦੇ ਪੰਤਵੰਤੇ ਸੱਜਣਾਂ ਵੱਲੋਂ ਉਪਰਾਲੇ ਕੀਤੇ ਗਏ ਹਨ ਤੇ ਇਨ੍ਹਾਂ ਉਪਰਾਲਿਆਂ ਨੂੰ ਬਹੁਤ ਪਿੰਡਾਂ ਵਿੱਚ ਕਾਮਯਾਬੀ ਵੀ ਮਿਲੀ ਹੈ।ਇਸੇ ਤਰ੍ਹਾਂ ਪਿੰਡ ਦਾਨੀਪੁਰ ਦੀ ਪੰਚਾਇਤ ਦੀ ਚੋਣ ਸਰਬਸੰਮਤੀ ਨਾਲ ਹੋਈ, ਜਿਸ ਵਿੱਚ ਗੁਰਭੇਜ ਸਿੰਘ ਵਿਰਕ ਸਰਪੰਚ, ਸਰਬਜੀਤ ਕੌਰ ਮੈਂਬਰ, ਯਾਦਵਿੰਦਰ ਸਿੰਘ ਮੈਂਬਰ, ਡਾਕਟਰ ਹਰਬੰਸ ਸਿੰਘ ਮੈਂਬਰ, ਬਿੰਦਰ ਸਿੰਘ ਮੈਂਬਰ, ਕੁਲਵਿੰਦਰ ਕੌਰ ਮੈਂਬਰ ਸਰਬਸੰਮਤੀ ਨਾਲ ਚੁਣੇ ਗਏ।ਨਵੇਂ ਚੁਣੇ ਗਏ ਸਰਪੰਚ ਗੁਰਭੇਜ ਸਿੰਘ ਵਿਰਕ ਨੇ ਪਿੰਡ ਵਾਸੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਸ ਨੂੰ ਸਰਬ ਸੰਮਤੀ ਨਾਲ ਪਿੰਡ ਦਾ ਸਰਪੰਚ ਬਣਾਏ ਜਾਣ ਲਈ ਪਿੰਡ ਵਾਸੀਆਂ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਉਹ ਪਿੰਡ ਵਿਕਾਸ ਲਈ ਵਿੱਚ ਬਿਨਾਂ ਵਿਤਕਰੇ ਤੇ ਭਿੰਨ ਭੇਦ ਤੋਂ ਕੰਮ ਕਰੇਗਾ ਤੇ ਪਿੰਡ ਦੇ ਵਿਕਾਸ ਨੂੰ ਪਹਿਲ ਦੇ ਆਧਾਰ 'ਤੇ ਕਰਵਾਉਣ ਦੀ ਕੋਸ਼ਿਸ਼ ਕਰਨਗੇ।ਸਰਪੰਚ ਬਣੇ ਗੁਰਭੇਜ ਸਿੰਘ ਵਿਰਕ ਆਪਣੀ ਨਵੀਂ ਚੁਣੀ ਗਈ ਟੀਮ ਨਾਲ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਪਾਸੋਂ ਆਸ਼ੀਰਵਾਦ ਪ੍ਰਾਪਤ ਕੀਤਾ।

## ਗੁਰਦੁਆਰਾ ਭਾਈ ਜਗਤਾ ਜੀ ਵੱਲੋਂ ਨਗਰ ਕੀਰਤਨ ਭਲਕੇ

**ਮਲੋਟ (ਗੁਰਮੀਤ ਸਿੰਘ ਮੱਕੜ)**-ਧੰਨ ਧੰਨ ਸ੍ਰੀ ਗੁਰੂ ਰਾਮਦਾਸ ਜੀ ਦਾ ਅਵਤਾਰ ਗੁਰਪੁਰਬ ਗੁਰਦੁਆਰਾ ਭਾਈ ਜਗਤਾ ਜੀ ਸਾਹਿਬ ਪ੍ਰਬੰਧਕ ਕਮੇਟੀ ਤੇ ਇਲਾਕੇ ਦੀਆਂ ਸੰਗਤਾਂ ਵੱਲੋਂ ਬੜੇ ਉਤਸ਼ਾਹ ਤੇ ਸ਼ਰਧਾ ਨਾਲ ਮਨਾਇਆ ਜਾ ਰਿਹਾ ਹੈ। ਇਸੇ ਸਬੰਧ ਵਿੱਚ ਮਲੋਟ ਸ਼ਹਿਰ ਦੀਆਂ ਸੰਗਤਾਂ ਵੱਲੋਂ 19 ਅਕਤੂਬਰ ਨੂੰ ਦੁਪਹਿਰ 12 ਵਜੇ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛੱਤਰ ਛਾਇਆ ਹੇਠ ਪੰਜ ਪਿਆਰੇ ਸਾਹਿਬਾਨ ਦੀ ਅਗਵਾਈ ਹੇਠ ਮਹਾਨ ਨਗਰ ਕੀਰਤਨ ਸਜਾਇਆ ਜਾ ਰਿਹਾ ਹੈ। ਇਹ ਨਗਰ ਕੀਰਤਨ ਗੁਰਦੁਆਰਾ ਸਾਹਿਬ ਤੋਂ ਆਰੰਭ ਹੋ ਕੇ ਪੱਲ ਰਾਹੀਂ ਕੈਰੋ ਰੋਡ, ਗੁਰਦੁਆਰਾ ਗੁਰੂ ਨਾਨਕ ਦੇਵ ਜੀ ਮੰਡੀ ਹਰਜੀ ਰਾਮ, ਇੰਦਰਾ ਰੋਡ, ਮੇਨ ਰੋਡ, ਗੁਰਦੁਆਰਾ ਰੋਡ, ਸੁਪਰ ਬਾਜ਼ਾਰ, ਦਵਿੰਦਰਾ ਚੌਕ ਤੋਂ ਵਾਪਸ ਹੁੰਦਾ ਹੋਇਆ ਗੁਰਦੁਆਰਾ ਭਾਈ ਜਗਤਾ ਜੀ ਸਾਹਿਬ ਵਿਖੇ ਪਹੁੰਚਣ ਉਪਰੰਤ ਸਮਾਪਤੀ ਹੋਵੇਗੀ। ਇਸ ਮਹਾਨ ਨਗਰ ਕੀਰਤਨ ਵਿੱਚ ਰਾਗੀ, ਢਾਡੀ, ਪ੍ਰਚਾਰਕ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋ ਰਹੇ ਹਨ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਹੋਇਆ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਖ ਸੇਵਾਦਾਰ ਭਾਈ ਹਰਦੀਪ ਸਿੰਘ, ਕੁਲਵੰਤ ਸਿੰਘ ਮੱਕੜ, ਬਲਦੇਵ ਸਿੰਘ ਸਾਹੀਵਾਲ ਨੇ ਦੱਸਿਆ ਕਿ ਨਗਰ ਕੀਰਤਨ ਤੋਂ ਅਗਲੇ ਦਿਨ 20 ਅਕਤੂਬਰ ਨੂੰ ਨੂੰ ਅੰਮ੍ਰਿਤ ਸੰਚਾਰ ਤੇ ਗੁਰਮਤਿ ਸਮਾਗਮ ਕਰਵਾਇਆ ਜਾ ਰਿਹਾ ਹੈ। ਇਨ੍ਹਾਂ ਸਮਾਗਮਾਂ ਦੌਰਾਨ ਗੁਰੂ ਕਾ ਲੰਗਰ ਅਤੁੱਟ ਵਰਤੇਗਾ। ਇਸ ਮੌਕੇ ਹਰਦੀਪ ਸਿੰਘ, ਕੁਲਵੰਤ ਸਿੰਘ ਮੱਕੜ, ਬਲਦੇਵ ਸਿੰਘ ਸਾਹੀਵਾਲ, ਮਾਸਟਰ ਜਗਜੀਤ ਸਿੰਘ, ਏਕਮ ਪ੍ਰੀਤ ਸਿੰਘ, ਬਿੰਦਰਪਾਲ ਸਿੰਘ, ਸੁਖਪ੍ਰੀਤ ਸਿੰਘ, ਪਰਵਿੰਦਰ ਸਿੰਘ ਰਾਮਗੜ੍ਹੀਆ, ਸਿਮਰਨਜੀਤ ਸਿੰਘ, ਛਿੰਦਰਪਾਲ ਕੌਰ, ਜਸਪ੍ਰੀਤ ਸਿੰਘ, ਜੋਗਿੰਦਰਪਾਲ ਸਿੰਘ ਹਾਜ਼ਰ ਸਨ।

## ਡੀ ਸੀ ਵੱਲੋਂ ਵਾਤਾਵਰਣ ਸੰਬੰਧੀ ਜਾਗਰੂਕਤਾ ਪੋਸਟਰ ਜਾਰੀ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪ੍ਰੂਜਾ)**-ਮਾਨਯੋਗ ਸੁਪਰੀਮ ਕੋਰਟ ਦੀਆਂ ਹਦਾਇਤਾਂ ਅਨੁਸਾਰ ਵਾਤਾਵਰਨ ਨੂੰ ਪ੍ਰਦੂਸ਼ਤ ਹੋਣ ਤੋਂ ਬਚਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਖ਼ਤ ਕਦਮ ਚੁੱਕੇ ਜਾ ਰਹੇ ਹਨ। ਇਹ ਜਾਣਕਾਰੀ ਰਾਜੇਸ਼ ਤ੍ਰਿਪਾਠੀ ਡਿਪਟੀ ਕਮਿਸ਼ਨਰ ਸ੍ਰੀ ਮੁਕਤਸਰ ਸਾਹਿਬ ਨੇ ਜਾਗਰੂਕਤਾ ਪੋਸਟਰ ਜਾਰੀ ਕਰਦਿਆਂ ਦਿੱਤੀ।ਉਨ੍ਹਾ ਦੱਸਿਆ ਕਿ ਜਿੱਥੇ ਖੇਤੀਬਾੜੀ ਵਿਭਾਗ ਵੱਲੋਂ ਪਰਾਲੀ ਨੂੰ ਅੱਗ ਤੋਂ ਬਚਾਉਣ ਲਈ ਯਤਨ ਕੀਤੇ ਜਾ ਰਹੇ ਹਨ, ਉਥੇ ਸਮਾਜ ਸੇਵੀ ਸੰਸਥਾਵਾਂ, ਵੱਖ-ਵੱਖ ਵਿਭਾਗਾਂ ਤੇ ਸਕੂਲੀ ਬੱਚਿਆਂ ਵੱਲੋਂ ਅਹਿਮ ਯੋਗਦਾਨ ਪਾਇਆ ਜਾ ਰਿਹਾ ਹੈ।ਉਨ੍ਹਾ ਦੱਸਿਆ ਕਿ ਸਕੂਲਾਂ ਦੇ ਬੱਚਿਆਂ ਰਾਹੀਂ ਪਰਾਲੀ ਨੂੰ ਅੱਗ ਨਾ ਲਗਾਉਣ ਲਈ ਸਪੈਸ਼ਲ ਦਸਤਖ਼ਤ ਮੁਹਿੰਮ ਸ਼ੁਰੂ ਕੀਤੀ ਗਈ ਹੈ ਤਾਂ ਜੋ ਪਾਣੀ, ਹਵਾ, ਧਰਤੀ ਨੂੰ ਗੰਦਲਾ ਹੋਣ ਤੋਂ ਬਚਾਇਆ ਜਾ ਸਕੇ ਅਤੇ ਇਹ ਸਕੂਲੀ ਬੱਚੇ ਵਾਤਾਵਰਣ ਨੂੰ ਬਚਾਉਣ ਲਈ ਆਪਣੇ ਮਾਪਿਆਂ ਨੂੰ ਜਾਗਰੂਕ ਕਰਨਗੇ ਅਤੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਪੂਰਾ ਸਹਿਯੋਗ ਦੇਣਗੇ।ਇਸ ਮੌਕੇ ਤੁਸ਼ਾਰ ਗੁਪਤਾ ਐੱਸ.ਐੱਸ.ਪੀ., ਸੁਰਿੰਦਰ ਸਿੰਘ ਢਿੱਲੋਂ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਜਸਪਾਲ ਸਿੰਘ ਰਿਟਰਨਿੰਗ ਅਫਸਰ ਗਿੱਦੜਬਾਹਾ, ਸ੍ਰੀਮਤੀ ਸ਼ਾਇਰੀ ਸਹਾਇਕ ਕਮਿਸ਼ਨਰ (ਜਨਰਲ), ਡਾ. ਨਰੇਸ਼ ਪਰੂਥੀ ਕੋਆਰਡੀਨੇਟਰ ਸਮਾਜ ਸੇਵੀ ਸੰਸਥਾਵਾਂ, ਜਸਪਾਲ ਮੋਂਗਾ ਜ਼ਿਲ੍ਹਾ ਸਿੱਖਿਆ ਅਫਸਰ ਮੌਜੂਦ ਸਨ।

## ਹਰਪਾਲ ਖੁਰਮੀ ਨੇ ਹੋਣਹਾਰ ਵਿਦਿਆਰਥਣਾਂ ਨੂੰ ਸਨਮਾਨਤ ਕਰਕੇ ਮਨਾਇਆ ਜਨਮ ਦਿਨ

### ਸਮਾਜਿਕ ਕੁਰੀਤੀਆਂ ਤੋਂ ਬਚਾਅ ਕੇ ਨੈਤਿਕਤਾ ਦਾ ਪਾਠ ਪੜ੍ਹਾਉਣਾ ਪ੍ਰਸ਼ੰਸਾਯੋਗ : ਜੌੜਾ



**ਕੋਟਕਪੂਰਾ (ਰਛਪਾਲ ਭੁੱਲਰ)**

ਅਨੁਸ਼ਾਸਨ ਦੀ ਪਾਲਣਾ, ਸਮੇਂ ਦੀ ਕਦਰ, ਵੱਡਿਆਂ ਦਾ ਸਤਿਕਾਰ, ਉਸਾਰੂ ਸੋਚ ਤੇ ਹਾਂ-ਪੱਖੀ ਨਜ਼ਰੀਆ ਵਰਗੇ ਨੁਕਤੇ ਵਿਦਿਆਰਥੀਆਂ ਲਈ ਕਾਰਗਰ ਸਿੱਧ ਹੋ ਸਕਦੇ ਹਨ। ਰਾਮ ਮੁਹੰਮਦ ਸਿੰਘ ਆਜ਼ਾਦ ਵੈੱਲਫੇਅਰ ਸੁਸਾਇਟੀ ਵੱਲੋਂ ਸ਼ਹੀਦ ਮੇਜਰ ਰਵੀਇੰਦਰ ਸਿੰਘ ਸੰਧੂ ਸੀਨੀਅਰ ਸੈਕੰਡਰੀ ਸਕੂਲ ਵਿਖੇ ਹੁਸ਼ਿਆਰ ਬੱਚਿਆਂ ਦੇ ਕਰਵਾਏ ਗਏ ਸਨਮਾਨ ਸਮਾਰੋਹ ਮੌਕੇ ਬਤੌਰ ਮੁੱਖ ਮਹਿਮਾਨ ਪੁੱਜੇ ਹਰਪਾਲ ਸਿੰਘ ਖੁਰਮੀ ਪ੍ਰਧਾਨ ਸੀਨੀਅਰ ਸਿਟੀਜ਼ਨ ਐਸੋਸੀਏਸ਼ਨ ਬਠਿੰਡਾ ਨੇ ਉਕਤ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਆਖਿਆ ਕਿ ਅੱਜ ਬੱਚਿਆਂ ਨੂੰ ਸਮਾਜਿਕ ਕੁਰੀਤੀਆਂ ਤੋਂ ਬਚਾਅ ਕੇ ਨੈਤਿਕਤਾ ਦਾ ਪਾਠ ਪੜ੍ਹਾਉਣਾ ਸਮੇਂ ਦੀ ਲੋੜ ਹੈ।ਵਿਸ਼ੇਸ਼ ਮਹਿਮਾਨ ਡਾ. ਕਰਤਾਰ ਸਿੰਘ ਜੌੜਾ ਪ੍ਰਧਾਨ ਆਲ ਇੰਡੀਆ ਸਵਰਨਕਾਰ ਸੰਘ ਨੇ ਹਰਪਾਲ ਸਿੰਘ ਖੁਰਮੀ ਦੇ ਜਨਮ ਦਿਨ ਦੀ ਖੁਸ਼ੀ ਵਿੱਚ ਸੁਸਾਇਟੀ ਵੱਲੋਂ ਹੁਸ਼ਿਆਰ ਬੱਚਿਆਂ ਦਾ ਸਨਮਾਨ ਕਰਵਾਉਣ ਲਈ ਕਰਵਾਏ ਸਮਾਗਮ ਦੀ ਭਰਪੂਰ ਪ੍ਰਸ਼ੰਸਾ ਕੀਤੀ।ਕੁਲਵੰਤ ਸਿੰਘ ਚਾਨੀ, ਪ੍ਰੋ. ਐੱਚ. ਐੱਸ. ਪਦਮ, ਮੁਖਤਿਆਰ ਸਿੰਘ ਮੱਤਾ, ਗੁਰਿੰਦਰ ਸਿੰਘ ਮਹਿੰਦੀਰੱਤਾ, ਸੋਮਨਾਥ ਸੁਨਾਮੀ ਨੇ ਦੱਸਿਆ ਕਿ ਸੁਸਾਇਟੀ ਵੱਲੋਂ ਹੁਣ ਤੱਕ 527 ਸਰਕਾਰੀ ਸਕੂਲਾਂ ਵਿੱਚ ਇਸ ਤਰ੍ਹਾਂ ਦੇ ਸਨਮਾਨ ਸਮਾਰੋਹ ਸਫਲਤਾਪੂਰਵਕ ਕਰਵਾਏ ਜਾ ਚੁੱਕੇ ਹਨ। ਹਰਪਾਲ ਸਿੰਘ ਖੁਰਮੀ ਤੇ ਡਾ. ਕਰਤਾਰ ਸਿੰਘ ਜੌੜਾ ਸਮੇਤ ਸ੍ਰੀਮਤੀ ਅਮਰਜੀਤ ਕੌਰ, ਸ੍ਰੀਮਤੀ ਪ੍ਰਵੀਨ ਕੌਰ, ਮੱਖਣ ਸਿੰਘ ਜਨਰਲ ਸਕੱਤਰ ਆਦਿ ਦੀ ਹਾਜ਼ਰੀ ਵਿੱਚ ਬੁਲਾਰਿਆਂ ਨੇ ਸਕੂਲ ਦੀ ਸਾਂਭ-ਸੰਭਾਲ ਲਈ ਬੱਚਿਆਂ, ਅਧਿਆਪਕਾਂ ਤੇ ਸਕੂਲ ਮੁਖੀ ਨੂੰ ਮੁਬਾਰਕਬਾਦ ਦਿੰਦਿਆਂ ਉਨ੍ਹਾਂ ਦਾ ਧੰਨਵਾਦ ਕੀਤਾ।

ਸਕੂਲ ਮੁਖੀ ਪ੍ਰਿੰਸੀਪਲ ਕੁਲਵਿੰਦਰ ਸਿੰਘ ਢਿੱਲੋਂ ਵੱਲੋਂ ਲੈਕ. ਅਮਨਦੀਪ ਸਿੰਘ ਬਰਾੜ ਨੇ ਸੁਸਾਇਟੀ ਦੇ ਉਕਤ ਉਪਰਾਲਿਆਂ ਦੀ ਪ੍ਰਸ਼ੰਸਾ ਕਰਦਿਆਂ ਆਖਿਆ ਕਿ ਬਹੁਤ ਘੱਟ ਸੰਸਥਾਵਾਂ, ਜਥੇਬੰਦੀਆਂ, ਕਲੱਬਾਂ ਤੇ ਸੁਸਾਇਟੀਆਂ ਅਜਿਹੀਆਂ ਹਨ, ਜੋ ਨਿਸ਼ਕਾਮ ਸੇਵਾਵਾਂ ਲਈ ਯਤਨਸ਼ੀਲ ਰਹਿੰਦੀਆਂ ਹਨ।ਇਸ ਮੌਕੇ ਸਕੂਲ ਵਿਦਿਆਰਥਣਾਂ ਨੇ ਵੀ ਵਰਤਮਾਨ ਚੁਣੌਤੀਆਂ ਤੇ ਸ਼ਹੀਦਾਂ ਦੀ ਜੀਵਨੀ ਨਾਲ ਸਬੰਧਤ ਕਵਿਤਾਵਾਂ ਤੇ ਗੀਤ ਗਾ ਕੇ ਹਾਜ਼ਰੀ ਲਵਾਈ।ਅੰਤ ਵਿੱਚ ਸਕੂਲ ਮੁਖੀ ਸਮੇਤ ਸਮੁੱਚੇ ਸਟਾਫ, ਮੁੱਖ ਮਹਿਮਾਨ ਸਮੇਤ ਹੁਸ਼ਿਆਰ ਵਿਦਿਆਰਥਣਾਂ ਨੂੰ ਵੀ ਸਨਮਾਨਤ ਕੀਤਾ ਗਿਆ।

## ਗੁਰਜੰਟ ਦੁਲੱਦੀ ਨੇ 295 ਵੋਟਾਂ ਦੇ ਫਰਕ ਨਾਲ ਜਿੱਤੀ ਸਰਪੰਚੀ



**ਨਾਭਾ (ਵਰਿੰਦਰ ਵਰਮਾ)**-ਹਲਕਾ ਨਾਭਾ ਦੇ ਪਿੰਡ ਦੁਲੱਦੀ ਦੇ ਵੋਟਰਾਂ ਨੇ ਸਰਪੰਚੀ ਦੀ ਚੋਣ ਲਈ ਭਾਰੀ ਉਤਸ਼ਾਹ ਨਾਲ ਵੋਟਾਂ ਪਾ ਕੇ ਗੁਰਜੰਟ ਸਿੰਘ ਦੁਲੱਦੀ ਦੇ ਹੱਕ 'ਚ ਫਤਵਾ ਦਿੱਤਾ। ਗੁਰਜੰਟ ਸਿੰਘ ਦੁਲੱਦੀ ਨੇ ਆਪਣੇ ਵਿਰੋਧੀ ਅਵਤਾਰ ਸਿੰਘ ਨੀਟਾ ਨੂੰ 295 ਵੋਟਾਂ ਦੇ ਫਰਕ ਨਾਲ ਹਰਾ ਕੇ ਜਿੱਤ ਪ੍ਰਾਪਤ ਕੀਤੀ।ਚੋਣ ਜਿੱਤਣ ਉਪਰੰਤ ਨਵ-ਨਿਯੁਕਤ ਸਰਪੰਚ ਗੁਰਜੰਟ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਉਹ ਪਿੰਡ ਵਾਸੀਆਂ ਦਾ ਤਹਿ ਦਿਲੋਂ ਧੰਨਵਾਦ ਕਰਦੇ ਹਨ, ਜਿਨ੍ਹਾਂ ਨੇ ਦਿਨ-ਰਾਤ ਇੱਕ ਕਰਕੇ ਮੇਰੀ ਚੋਣ ਮੁਹਿੰਮ ਵਿੱਚ ਮੇਰਾ ਸਾਥ ਦਿੱਤਾ ਹੈ।

ਇਨ੍ਹਾਂ ਦੀ ਬਦੌਲਤ ਹੀ ਮੈਂ ਸਰਪੰਚ ਬਣਿਆ ਹਾਂ।ਉਨ੍ਹਾਂ ਕਿਹਾ ਕਿ ਮੇਰਾ ਇੱਕੋ ਹੀ ਮਕਸਦ ਹੈ ਕਿ ਪਿੰਡ ਦੁਲੱਦੀ ਨੂੰ ਨਸ਼ਾ ਮੁਕਤ ਕਰਵਾਇਆ ਜਾਵੇਗਾ, ਜਿਸ ਤਰ੍ਹਾਂ ਸਾਫ ਸੁਥਰੀ ਸਰਪੰਚ ਦੀ ਚੋਣ ਹੋਈ ਹੈ, ਉਸੀ ਤਰ੍ਹਾਂ ਸਰਬਪੱਖੀ ਪਿੰਡ ਦਾ ਵਿਕਾਸ ਕਰਵਾਇਆ ਜਾਵੇਗਾ।ਇਸ ਮੌਕੇ ਨਵ-ਨਿਯੁਕਤ ਸਰਪੰਚ ਦੇ ਸਪੁੱਤਰ ਸਿਕੰਦਰ ਸਿੰਘ ਨੇ ਕਿਹਾ ਕਿ ਵਾਰਡ ਨੰਬਰ 1 ਤੋਂ ਰਾਜਵਿੰਦਰ ਕੌਰ, ਵਾਰਡ ਨੰਬਰ 2 ਤੋਂ ਦੇਵੀ, ਵਾਰਡ ਨੰਬਰ 3 ਤੋਂ ਰਾਜ ਕੁਮਾਰ, ਵਾਰਡ ਨੰਬਰ 4 ਤੋਂ ਕਰਮਜੀਤ ਕੌਰ, ਵਾਰਡ ਨੰਬਰ 5 ਤੋਂ ਵਿਕਾਸ ਗਰਗ, ਵਾਰਡ ਨੰਬਰ 6 ਤੋਂ ਲਵਦੀਪ ਸਿੰਘ, ਵਾਰਡ ਨੰਬਰ 7 ਤੋਂ ਨਿਰਮਲਾ ਦੇਵੀ, ਵਾਰਡ ਨੰਬਰ 8 ਤੋਂ ਗੁਰਪ੍ਰੀਤ ਕੌਰ, ਵਾਰਡ ਨੰਬਰ 9 ਤੋਂ ਬਲਜੀਤ ਸਿੰਘ ਨੂੰ ਪੰਚਾਇਤ ਮੈਂਬਰਾਂ ਦੀ ਚੋਣ ਵਿੱਚ ਪਿੰਡ ਵਾਸੀਆਂ ਨੇ ਫਤਵਾ ਦਿੱਤਾ ਹੈ।ਇਸ ਮੌਕੇ ਸਾਬਕਾ ਸਰਪੰਚ ਗੁਰਚਰਨ ਸਿੰਘ ਸਾਬਕਾ ਪੰਚਾਇਤ ਮੈਂਬਰ ਰਵਿੰਦਰ ਸਿੰਘ ਤੇ ਪ੍ਰਤਾਪ ਸਿੰਘ, ਸੁਰਜੀਤ ਸਿੰਘ, ਭੀਮ ਸਿੰਘ, ਸ਼ਮਸ਼ੇਰ ਸਿੰਘ, ਹਰਪ੍ਰੀਤ ਸਿੰਘ, ਰਣਜੀਤ ਸਿੰਘ, ਜਸਪਾਲ ਸਿੰਘ, ਬਾਬਾ ਲਾਡੀ ਸਿੰਘ, ਮੇਜਰ ਸਿੰਘ, ਮਨਦੀਪ ਸਿੰਘ ਘੋੜਾ, ਜਰਨੈਲ ਸਿੰਘ, ਕੁਲਵਿੰਦਰ ਸਿੰਘ ਬੱਬੀ, ਵਿਜੇ ਕੁਮਾਰ, ਸੰਦੀਪ ਸਿੰਘ ਸੋਨੀ, ਹਰਦੀਪ ਸਿੰਘ ਦੀਪੀ ਨੇ ਨਵ-ਨਿਯੁਕਤ ਸਰਪੰਚ ਗੁਰਜੰਟ ਸਿੰਘ ਤੇ ਪੰਚਾਇਤ ਮੈਂਬਰਾਂ ਨਾਲ ਘਰ ਘਰ ਜਾ ਕੇ ਵੋਟਰਾਂ ਤੇ ਸਪੋਰਟਰਾਂ ਦਾ ਧੰਨਵਾਦ ਕੀਤਾ।

## ਭਾਰਤ-ਕੈਨੇਡਾ ਕੂਟਨੀਤਕ ਵਿਵਾਦਾਂ 'ਚ ਪਿਸ ਰਹੇ ਪ੍ਰਵਾਸੀ ਤੇ ਕੌਮਾਂਤਰੀ ਵਿਦਿਆਰਥੀਆਂ ਦੀ ਹਮਾਇਤ ਦਾ ਐਲਾਨ : ਮਾਇਸੋ

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**

'ਮੌਂਟਰੀਅਲ ਯੂਥ-ਸਟੂਡੈਂਟ ਆਰਗੇਨਾਈਜ਼ੇਸ਼ਨ' ਨੇ ਭਾਰਤ ਤੇ ਕੈਨੇਡਾ ਵਿਚਕਾਰ ਚੱਲ ਰਹੇ ਕੂਟਨੀਤਕ ਵਿਵਾਦ ਬਾਰੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਭਾਰਤ ਤੇ ਕੈਨੇਡਾ ਸਰਕਾਰਾਂ ਪਿਛਲੇ ਇੱਕ ਸਾਲ ਤੋਂ ਇੱਕ-ਦੂਜੇ ਉੱਪਰ ਤਿੱਖੀਆਂ ਕੂਟਨੀਤਕ ਬਿਆਨਬਾਜ਼ੀਆਂ ਕਰਦਿਆਂ ਕੈਨੇਡਾ ਵਸਦੇ ਪ੍ਰਵਾਸੀਆਂ ਤੇ ਕੌਮਾਂਤਰੀ ਵਿਦਿਆਰਥੀਆਂ ਵਿਚਕਾਰ ਬੇਲੋੜਾ ਸਹਿਮ ਪੈਦਾ ਕਰਦਿਆਂ, ਉਨ੍ਹਾਂ ਦੀਆਂ ਬੁਨਿਆਦੀ ਲੋੜਾਂ ਤੋਂ ਟਾਲਾ ਵੱਟ ਰਹੀ ਹੈ। ਉਨ੍ਹਾਂ ਕਿਹਾ ਕਿ ਭਾਰਤੀ ਰਾਜਸੱਤਾ 'ਤੇ ਕਾਬਜ਼ ਭਾਜਪਾ ਸਰਕਾਰ ਭਾਰਤੀ ਨੌਜਵਾਨਾਂ-ਵਿਦਿਆਰਥੀਆਂ ਨੂੰ ਚੰਗੀ ਸਿੱਖਿਆ, ਸਥਾਈ ਰੁਜ਼ਗਾਰ ਤੇ ਸੁਰੱਖਿਅਤ ਭਵਿੱਖ ਦੇਣ ਤੋਂ ਨਾਕਾਮ ਰਹੀ ਹੈ। ਉਲਟਾ ਭਾਰਤੀ ਸਰਕਾਰ ਧਾਰਮਿਕ-ਫਿਰਕੂ ਨਫ਼ਰਤ, ਘੱਟ ਗਿਣਤੀਆਂ ਉੱਤੇ ਅੱਤਿਆਚਾਰ, ਕਿਸਾਨਾਂ-ਮਜ਼ਦੂਰਾਂ-ਮੁਲਾਜ਼ਮਾਂ ਵਿਰੋਧੀ ਨੀਤੀਆਂ ਲਿਆਉਣ ਵਿੱਚ ਮਸ਼ਰੂਫ ਰਹੀ ਹੈ। ਜਿੱਥੇ ਭਾਰਤੀ ਹਾਕਮਾਂ ਦੀਆਂ ਗਲਤ ਨੀਤੀਆਂ ਤੋਂ ਤੰਗ ਨੌਜਵਾਨ-ਵਿਦਿਆਰਥੀ ਆਪਣਾ ਵਤਨ ਛੱਡਣ ਲਈ ਮਜਬੂਰ ਹੋਏ ਹਨ, ਉੱਥੇ ਵਿਦੇਸ਼ੀ ਸਰਕਾਰਾਂ ਨੇ ਵੀ ਪ੍ਰਵਾਸੀਆਂ ਤੇ ਕੌਮਾਂਤਰੀ ਵਿਦਿਆਰਥੀਆਂ ਦੀਆਂ ਮਜਬੂਰੀਆਂ ਦਾ ਲਾਹਾ ਲੈਂਦਿਆਂ ਉਹਨਾਂ ਨੂੰ ਆਪਣੀ ਆਰਥਿਕਤਾ ਨੂੰ ਮਜ਼ਬੂਤ ਕਰਨ ਲਈ ਸਸਤੀ ਲੇਬਰ ਦਾ ਸਾਧਨ ਬਣਾ ਕੇ ਉਨ੍ਹਾਂ ਦੀ ਲੁੱਟ ਕੀਤੀ ਹੈ। ਵਿਦੇਸ਼ਾਂ ਅੰਦਰ ਉਨ੍ਹਾਂ ਨੂੰ ਪੱਕੀ ਨਾਗਰਿਕਤਾ ਨਾ ਦੇ ਕੇ ਉਨ੍ਹਾਂ ਨੂੰ ਬਰਾਬਰ ਦੇ ਮਨੁੱਖੀ ਅਧਿਕਾਰਾਂ ਤੋਂ ਵਾਂਝੇ ਰੱਖਿਆ ਹੈ। ਮਾਇਸੋ ਦੇ ਆਗੂ ਖੁਸ਼ਪਾਲ ਗਰੇਵਾਲ, ਵਰੁਣ ਖੰਨਾ ਤੇ ਮਨਦੀਪ ਨੇ ਕਿਹਾ ਕਿ ਕੈਨੇਡਾ ਵਿੱਚ ਪਿਛਲੇ ਕਈ ਦਿਨਾਂ ਤੋਂ ਨੌਜਵਾਨ-ਵਿਦਿਆਰਥੀ ਪੱਕੇ ਹੋਣ ਲਈ ਸੰਘਰਸ਼ ਕਰ ਰਹੇ ਹਨ। ਇਨ੍ਹਾਂ ਸੰਘਰਸ਼ਸ਼ੀਲ ਨੌਜਵਾਨਾਂ ਦੀਆਂ ਹੱਕੀ ਮੰਗਾਂ ਵੱਲ ਨਾ ਤਾਂ ਭਾਰਤ ਸਰਕਾਰ ਦੇ ਕਿਸੇ ਅਧਿਕਾਰੀ ਨੇ ਕੋਈ ਸਰੋਕਾਰ ਦਿਖਾਇਆ ਤੇ ਨਾ ਹੀ ਕੈਨੇਡਾ ਸਰਕਾਰ ਦੇ ਕਿਸੇ ਅਧਿਕਾਰਤ ਨੁਮਾਇੰਦੇ ਨੇ ਇਹਨਾਂ ਦੀ ਸਾਰ ਲਈ। ਉਲਟਾ ਦੋਵਾਂ ਦੇਸ਼ਾਂ ਦੇ ਹਾਕਮ ਹਰਦੀਪ ਸਿੰਘ ਨਿੱਝਰ ਦੇ ਕਤਲ ਉੱਤੇ ਸਿਆਸਤ ਕਰਕੇ ਸਿਆਸੀ ਲਾਹਾ ਲੈਣ ਵਿੱਚ ਰੁਝੇ ਹੋਏ ਹਨ। ਉਨ੍ਹਾਂ ਕਿਹਾ ਕਿ ਇਸ ਸਮੇਂ ਕੈਨੇਡਾ ਵਿੱਚ ਹੋਏ ਕਤਲ ਤੇ ਹਿੰਸਕ ਘਟਨਾਵਾਂ ਨੂੰ ਨਿਆਂਇਕ ਢੰਗ ਨਾਲ ਨਜਿੱਠਣ ਦੀ ਜ਼ਰੂਰਤ ਹੈ, ਨਾ ਕਿ ਫੋਕੀਆਂ ਬਿਆਨਬਾਜ਼ੀ ਨਾਲ ਮਾਹੌਲ ਨੂੰ ਦਹਿਸ਼ਤਯਦਾ ਕਰਨ ਦੀ। ਦੋਵਾਂ ਦੇਸ਼ਾਂ ਦੀਆਂ ਸਰਕਾਰਾਂ ਵੱਲੋਂ ਭੜਕਾਊ ਬਿਆਨਬਾਜ਼ੀ ਕਰਕੇ ਸਮਾਜਿਕ ਵੰਡੀਆਂ, ਸਹਿਮ ਤੇ ਨਫ਼ਰਤ ਪੈਦਾ ਨਹੀਂ ਕਰਨੀ ਚਾਹੀਦੀ। ਸਰਕਾਰੀ-ਦਫ਼ਤਰੀ ਕੰਮ-ਕਾਜ, ਜੋ ਪਹਿਲਾਂ ਹੀ ਕੱਛੂ ਦੀ ਚਾਲ ਚੱਲ ਰਹੇ ਸਨ ਤੇ ਲੋਕਾਂ ਨੂੰ ਮਹੀਨਿਆਂ ਬੱਧੀ ਕਤਾਰਾਂ 'ਚ ਉਡੀਕ ਕਰਨੀ ਪੈਂਦੀ ਸੀ, ਹੁਣ ਦੋਵਾਂ ਦੇਸ਼ਾਂ ਵੱਲੋਂ ਵਾਪਸ ਬੁਲਾਏ ਗਏ ਕੂਟਨੀਤਕਾਂ ਕਾਰਨ ਲੋਕਾਂ ਨੂੰ ਮੁੜ ਲੰਬੀਆਂ ਲਾਈਨਾਂ ਵਿੱਚ ਲੱਗ ਕੇ ਆਪਣੇ ਦਫ਼ਤਰੀ ਕੰਮ, ਵੀਜ਼ੇ ਤੇ ਵਤਨਾਂ ਨੂੰ ਫੇਰੀ ਦੇ ਪ੍ਰੋਗਰਾਮ ਬਦਲਣੇ ਪੈਣਗੇ।

ਉਨ੍ਹਾਂ ਕਿਹਾ ਕਿ ਇਸ ਸਮੇਂ ਮਹਿੰਗਾਈ, ਬੇਰੁਜ਼ਗਾਰੀ, ਟੈਕਸ ਬੋਝ, ਰਿਹਾਇਸ਼ੀ ਘਰਾਂ ਦੀ ਘਾਟ, ਨਸ਼ਾ, ਰਿਹਾਇਸ਼ੀ ਮਕਾਨਾਂ ਦੇ ਵਧਦੇ ਕਿਰਾਏ, ਕੱਚਿਆਂ ਨੂੰ ਪੱਕਾ ਦਰਜਾ ਦੇਣਾ, ਜੰਗਾਂ ਵਿੱਚ ਸਹਾਇਤਾ ਦੇਣੀ ਬੰਦ ਕਰਨਾ ਆਦਿ ਕੈਨੇਡਾ ਦੇ ਸਥਾਨਕ ਲੋਕਾਂ, ਪ੍ਰਵਾਸੀਆਂ ਤੇ ਕੌਮਾਂਤਰੀ ਵਿਦਿਆਰਥੀਆਂ ਦੇ ਸਾਂਝੇ ਤੇ ਹਕੀਕੀ ਮੁੱਦੇ ਹਨ, ਪ੍ਰੰਤੂ ਚੋਣਾਂ ਨੇੜੇ ਹੋਣ ਕਾਰਨ ਕੈਨੇਡਾ ਸਰਕਾਰ ਲੋਕਾਂ ਦਾ ਧਿਆਨ ਬੁਨਿਆਦੀ ਮੁੱਦਿਆਂ ਤੋਂ ਲਾਂਭੇ ਕਰਨ ਵਿੱਚ ਰੁਝੀ ਹੋਈ ਹੈ। ਇਸ ਸਮੇਂ ਮਾਇਸੋ ਵੱਲੋਂ ਬਰੈਂਪਟਨ ਵਿਖੇ ਨੌਜਵਾਨ ਵਿਦਿਆਰਥੀਆਂ ਦੇ ਸੰਘਰਸ਼ ਵਿੱਚ ਸ਼ਾਮਲ ਹੋ ਕੇ ਉਨ੍ਹਾਂ ਦੀਆਂ ਹੱਕੀ ਮੰਗਾਂ ਨਾਲ ਇੱਕਜੁੱਟਤਾ ਦਾ ਇਜ਼ਹਾਰ ਕੀਤਾ ਗਿਆ। ਉਨ੍ਹਾਂ ਕਿਹਾ ਕਿ ਕੈਨੇਡਾ ਸਮੇਤ 'ਪੰਜ ਅੱਖਾਂ' (ਕੈਨੇਡਾ, ਅਮਰੀਕਾ, ਯੂਕੇ, ਆਸਟ੍ਰੇਲੀਆ, ਨਿਊਜ਼ੀਲੈਂਡ) ਵਾਲੇ ਦੇਸ਼ਾਂ ਵਿੱਚ ਪੈਦਾ ਹੋਏ ਆਰਥਿਕ ਸੰਕਟ ਦਾ ਬੋਝ ਪ੍ਰਵਾਸੀਆਂ ਖਾਸਕਰ ਕੱਚੇ ਕਾਮਿਆਂ ਉੱਤੇ ਲੱਦ ਕੇ ਸਥਾਨਕ ਵੋਟ ਬੈਂਕ ਨੂੰ ਭਰਮਾਇਆ ਜਾ ਰਿਹਾ ਹੈ। ਦੂਸਰਾ, ਵਿਤਕਰੇਬਾਜ਼ੀ ਵਾਲੀ ਇਮੀਗ੍ਰੇਸ਼ਨ ਨੀਤੀ ਤਹਿਤ ਪੱਛਮੀ ਸਹਿਯੋਗੀ ਮੁਲਕਾਂ ਦੇ ਪ੍ਰਵਾਸੀ ਤੇ ਸ਼ਰਨਾਰਥੀਆਂ ਨੂੰ ਖੁੱਲ੍ਹ ਦੇ ਕੇ ਫ਼ਲਸਤੀਨੀ ਤੇ ਕੱਚੇ ਏਸ਼ਿਆਈ ਲੋਕਾਂ ਨੂੰ ਕੈਨੇਡਾ ਛੱਡਣ ਲਈ ਮਜਬੂਰ ਕੀਤਾ ਜਾ ਰਿਹਾ ਹੈ। ਇਸ ਲਈ ਕੈਨੇਡਾ ਵਿੱਚ ਪ੍ਰਵਾਸੀ ਕੱਚੇ ਕਾਮਿਆਂ ਨੂੰ 'ਸਭ ਲਈ ਦਰਜੇ' ਦੀ ਮੰਗ ਨੂੰ ਲੈ ਕੇ ਸੰਘਰਸ਼ ਲੜਨਾ ਚਾਹੀਦਾ ਹੈ। ਕੈਨੇਡਾ ਸਰਕਾਰ ਦੀਆਂ ਗੈਰ ਯੋਜਨਾਬੱਧ ਆਰਥਿਕ ਤੇ ਇਮੀਗ੍ਰੇਸ਼ਨ ਨੀਤੀਆਂ ਕਰਕੇ ਦੇਸ਼ ਵਿੱਚ ਵਧਦੀ ਮਹਿੰਗਾਈ, ਵਧਦੇ ਰਿਹਾਇਸ਼ੀ ਕਿਰਾਏ, ਟੈਕਸਾਂ ਵਿੱਚ ਹੁੰਦਾ ਵਾਧਾ, ਨੌਕਰੀਆਂ ਦੇ ਘੱਟ ਰਹੇ ਮੌਕੇ ਆਦਿ ਵੱਡੀਆਂ ਸਮਾਜਿਕ ਸਮੱਸਿਆਵਾਂ ਖੜ੍ਹੀਆਂ ਹੋ ਰਹੀਆਂ ਹਨ। ਇਨ੍ਹਾਂ ਸਮੱਸਿਆਵਾਂ ਦੇ ਹੱਲ ਲਈ ਵੱਡੀ ਸਮਾਜਿਕ ਚੇਤਨਾ, ਏਕਤਾ ਤੇ ਸੰਘਰਸ਼ ਦੀ ਜ਼ਰੂਰਤ ਹੈ। ਮਾਈਸੋ ਕੈਨੇਡਾ ਅੰਦਰ ਵਿਦੇਸ਼ਾਂ ਵਿੱਚੋਂ ਪੜ੍ਹਨ ਤੇ ਰੁਜ਼ਗਾਰ ਪ੍ਰਾਪਤੀ ਦੀ ਆਸ ਉਮੀਦ ਲੈ ਕੇ ਆਏ ਵਿਦਿਆਰਥੀਆਂ ਤੇ ਹੋਰ ਲੋਕਾਂ ਦੀ ਮਦਦ ਦਾ ਯਤਨ ਕਰਦੀ ਰਹੇਗੀ।

## ਹਲਕੇ ਦੇ ਪਿੰਡਾਂ ਦੇ ਬਹੁਗਿਣਤੀ ਲੋਕਾਂ ਦਾ ਆਪ ਉਮੀਦਵਾਰਾਂ ਦਾ ਸਹਿਯੋਗ ਕਰਨ ਨਾਲ ਹੋਵੇਗਾ ਵਿਕਾਸ : ਡਾ. ਅਰੋੜਾ

### ਮੋਗਾ ਹਲਕੇ ਦੇ ਜੇਤੂ ਸਰਪੰਚਾਂ ਨੂੰ ਦਿੱਤੀਆਂ ਸ਼ੁੱਭ-ਕਾਮਨਾਵਾਂ

**ਮੋਗਾ (ਇਕਬਾਲ ਸਿੰਘ ਖਹਿਰਾ)**-ਮੋਗਾ ਵਿਧਾਨ ਸਭਾ ਹਲਕੇ ਦੇ ਪਿੰਡਾਂ ਵਿੱਚ ਹੋਈਆਂ ਪੰਚਾਇਤੀ ਚੋਣਾਂ ਦੇ ਰੁਝਾਨਾਂ ਵਿੱਚ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਦੀ ਜਿੱਤ 'ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਹਲਕਾ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਨੇ ਜੇਤੂ ਸਰਪੰਚਾਂ ਤੇ ਪੰਚਾਂ ਨੂੰ ਸ਼ੁੱਭ-ਕਾਮਨਾਵਾਂ ਦਿੰਦਿਆਂ ਉਨ੍ਹਾਂ ਕਿਹਾ ਕਿ ਸ਼ਾਂਤਮਈ ਢੰਗ ਨਾਲ ਵੋਟਾਂ ਪਾ ਕੇ ਪਿੰਡਾਂ ਦੇ ਵੋਟਰਾਂ ਨੇ ਆਪੋ-ਆਪਣੇ ਪਿੰਡਾਂ ਦੇ ਵਿਕਾਸ ਲਈ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਦੇ ਹੱਕ ਵਿੱਚ ਫਤਵਾ ਦੇ ਦਿੱਤਾ ਹੈ।

ਉਨ੍ਹਾਂ ਦੱਸਿਆ ਕਿ ਹਲਕੇ ਦੇ ਪਿੰਡਾਂ ਧੱਲੇਕੇ, ਸੋਸਣ, ਥੰਮਣਵਾਲਾ, ਝੰਡੇਆਣਾ ਗਰਬੀ, ਕਾਹਨ ਸਿੰਘਵਾਲਾ, ਨਿਧਾਨਵਾਲਾ, ਜੋਗੇਵਾਲਾ, ਕੋਰੇਵਾਲਾ ਖੁਰਦ, ਸੱਦਾ ਸਿੰਘ ਵਾਲਾ, ਕੋਟ ਭਾਊ, ਚੜਿੱਕ, ਮੋਠਾਂਵਾਲੀ, ਘੱਲਕਲਾਂ ਪੱਤੀ ਮਹਿਰ, ਚੋਟੀਆਂ ਖੁਰਦ, ਕੋਠੇ ਤੋਂ ਉਮੀਦਵਾਰ ਆਦਿ ਨੇ ਸ਼ਾਨਦਾਰ ਜਿੱਤ ਪ੍ਰਾਪਤ ਕੀਤੀ ਹੈ। ਉਨ੍ਹਾਂ ਕਿਹਾ ਕਿ ਭਾਵੇਂ ਚੋਣਾਂ ਦੌਰਾਨ ਵਿਰੋਧੀਆਂ ਨੇ ਹਰ ਹੱਥਕੰਡੇ ਵਰਤੇ, ਪਰ ਉਨ੍ਹਾਂ ਦਾ ਕੋਈ ਕੰਮ ਨਹੀਂ ਆਇਆ ਤੇ ਲੋਕਾਂ ਨੇ ਵਿਕਾਸ ਦੇ ਮੁੱਦੇ 'ਤੇ 'ਆਪ' ਦੇ ਉਮੀਦਵਾਰਾਂ ਨੂੰ ਵੱਡੀ ਲੀਡ ਨਾਲ ਜਿਤਾਇਆ। ਉਨ੍ਹਾਂ ਕਿਹਾ ਕਿ ਪਿੰਡਾਂ ਦੇ ਵਿਕਾਸ ਲਈ ਵਿਸ਼ੇਸ਼ ਮਾਸਟਰ ਪਲਾਨ ਤਿਆਰ ਕੀਤਾ ਗਿਆ ਹੈ, ਜਿਸ ਤਹਿਤ ਪਿੰਡਾਂ ਦਾ ਸਰਬਪੱਖੀ ਵਿਕਾਸ ਕੀਤਾ ਜਾਵੇਗਾ। ਇਸ ਮੌਕੇ ਮਾਰਕੀਟ ਕਮੇਟੀ ਮੋਗਾ ਦੇ ਚੇਅਰਮੈਨ ਹਰਜਿੰਦਰ ਸਿੰਘ ਰੋਡੇ, ਮੇਅਰ ਬਲਜੀਤ ਸਿੰਘ ਚਾਨੀ, ਚੇਅਰਮੈਨ ਸੁਖਚੈਨ ਸਿੰਘ ਸੱਦਾ ਸਿੰਘ ਵਾਲਾ, ਰਿੱਕੀ ਅਰੋੜਾ, ਸੰਨੀ ਧਾਲੀਵਾਲ ਪੀ.ਏ., ਚੇਅਰਮੈਨ ਗੁਰਲਾਲ ਸਿੰਘ ਸੰਧੂ, ਚੇਅਰਮੈਨ ਅਗਿਆਪਾਲ ਸਿੰਘ ਬੁੱਕਣਵਾਲਾ, ਗੁਰਮਿੰਦਰਜੀਤ ਸਿੰਘ ਬਬਲੂ, ਸੁਖਦੀਪ ਸਿੰਘ ਸੀਪਾ, ਪ੍ਰਧਾਨ ਪਿਆਰਾ ਸਿੰਘ ਬੱਧਨੀ ਕਲਾਂ, ਜਸਵਿੰਦਰ ਸਿੰਘ ਕਾਕਾ ਲੰਡੇ, ਕੌਂਸਲਰ ਮੋਗਾ ਦਵਿੰਦਰ ਤਿਵਾੜੀ ਤੋਂ ਇਲਾਵਾ ਆਗੂ ਤੇ ਵਰਕਰ ਹਾਜ਼ਰ ਸਨ।

# 470 ਵੋਟਾਂ ਦੀ ਲੀਡ ਨਾਲ ਜਤਿੰਦਰ ਕੌਰ ਨੇ ਜਿੱਤ ਕੀਤੀ ਹਾਸਲ



**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ )**- ਹਲਕਾ ਜੰਡਿਆਲਾ ਗੁਰੂ ਦੇ ਅਧੀਨ ਆਉਂਦੇ ਪਿੰਡ ਤਾਰਾਗੜ੍ਹ ਵਿਖੇ ਹੋਈ ਪੰਚਾਇਤੀ ਚੋਣ ਵਿੱਚ ਸਰਪੰਚ ਦੇ ਤਿੰਨ ਉਮੀਦਵਾਰ ਅਤੇ 20 ਪੰਚਾਂ ਨੇ ਹਿੱਸਾ ਲਿਆ ਜਿਸ ਵਿੱਚ 2027 ਵੋਟਾਂ ਪੋਲਿੰਗ ਹੋਈਆਂ, 98 ਵੋਟਾਂ ਕੈਂਸਲ ਪਾਈਆਂ ਗਈਆਂ ਅਤੇ 1929 ਵੋਟਾਂ ਵਿੱਚੋਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਜਗਮੋਹਨ ਸਿੰਘ ਦੀ ਪਤਨੀ ਸਰਪੰਚ ਦੀ ਉਮੀਦਵਾਰ ਬੀਬੀ ਜਤਿੰਦਰ ਕੌਰ ਨੇ 1031 ਵੋਟਾਂ ਹਾਸਲ ਕੀਤੀਆਂ ਅਤੇ ਵਿਰੋਧੀ ਉਮੀਦਵਾਰ ਹਰਜੋਤ ਕੌਰ ਪਤਨੀ ਦਲਜੀਤ ਸਿੰਘ ਗੋਲਡੀ ਨੇ 561 ਵੋਟਾਂ ਹਾਸਲ ਕੀਤੀਆਂ ਅਤੇ ਕੁਲਦੀਪ ਕੌਰ ਪਤਨੀ ਹਰਦੀਪ ਸਿੰਘ ਫਰਮ ਨੇ 337 ਵੋਟਾਂ ਹਾਸਲ ਕੀਤੀਆਂ। ਜਿਨ੍ਹਾਂ ਵਿੱਚ ਜੇਤੂ ਉਮੀਦਵਾਰ ਬੀਬੀ ਜਤਿੰਦਰ ਕੌਰ ਨੇ 470 ਵੋਟਾਂ ਦੀ ਵੱਡੀ ਲੀਡ ਨਾਲ ਜਿੱਤ ਹਾਸਲ ਕੀਤੀ ਅਤੇ ਨੌਂ ਵਾਰਡਾਂ ਵਿੱਚੋਂ ਅੱਠ ਵਾਰਡਾਂ 'ਤੇ ਪੰਚਾਂ ਨੇ ਕਬਜ਼ਾ ਕਰਕੇ ਭਾਰੀ ਬਹੁਮਤ ਹਾਸਲ ਕੀਤਾ ਅਤੇ ਕਾਂਗਰਸ ਪਾਰਟੀ ਦੇ ਇਕ ਮੈਂਬਰ ਦਲਜੀਤ ਸਿੰਘ ਨੇ ਜਿੱਤ ਹਾਸਲ ਕੀਤੀ। ਬਾਕੀ ਵੱਖ ਵੱਖ ਵਾਰਡਾਂ ਵਿਚੋਂ ਚੋਣਾਂ ਲੜ ਰਹੇ ਉਮੀਦਵਾਰਾਂ ਨੂੰ ਹਾਰ ਦਾ ਸਾਹਮਣਾ ਕਰਨਾ ਪਿਆ। ਇਸ ਸਬੰਧੀ ਗੱਲਬਾਤ ਕਰਦਿਆਂ ਜਗਮੋਹਨ ਸਿੰਘ ਨੇ ਕਿਹਾ ਕਿ ਇਸ ਜਿੱਤ ਦਾ ਸਿਹਰਾ ਪਹਿਲਾਂ ਪਿੰਡ ਵਾਸੀਆਂ ਨੂੰ ਜਾਂਦਾ ਹੈ ਅਤੇ ਦੂਜਾ ਹਲਕੇ ਦੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਓ ਨੂੰ ਜਾਂਦਾ ਹੈ ਜਿਨ੍ਹਾਂ ਵੱਲੋਂ ਹਲਕੇ ਦੇ ਵਿਕਾਸ ਦੇ ਕੰਮਾਂ ਨੂੰ ਤਰਜੀਹ ਦਿੱਤੀ ਜਾ ਰਹੀ ਹੈ, ਜਿਸ ਵਿੱਚੋਂ ਬਲਾਕ ਜੰਡਿਆਲਾ ਗੁਰੂ ਦੇ ਅਧੀਨ ਆਉਂਦੇ ਪਿੰਡ ਤਾਰਾਗੜ੍ਹ ਦਾ ਸਰਵਪੱਖੀ ਵਿਕਾਸ ਕੀਤਾ ਗਿਆ ਅਤੇ ਪਿੰਡ ਵਾਸੀਆਂ ਨੂੰ ਬਿਜਲੀ ਦੀ ਆਉਂਦੀ ਸਮੱਸਿਆ ਨੂੰ ਹੱਲ ਕਰਨ ਲਈ ਵੱਖ ਵੱਖ ਮੁਹੱਲਿਆਂ ਵਿੱਚ ਟਰਾਂਸਫਾਰਮਰ ਲਗਵਾਏ ਗਏ, ਜਿਸ ਨਾਲ ਪਿੰਡ ਦੀ ਨਿਰਵਿਘਨ ਬਿਜਲੀ ਸਪਲਾਈ ਦਿੱਤੀ ਜਾ ਰਹੀ ਹੈ ਅਤੇ ਦਸ ਫੁੱਟ ਦੀ ਲਿੰਕ ਸੜਕ ਨੂੰ ਅਠਾਰਾਂ ਫੁੱਟ ਬਣਾਇਆ ਗਿਆ। ਉਨ੍ਹਾ ਕਿਹਾ ਕਿ ਮੈਂ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਓ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਸਮੂਹ ਪਿੰਡ ਤਾਰਾਗੜ੍ਹ ਵਾਸੀਆਂ ਨੂੰ ਵਧਾਈ ਦਿੰਦਾ ਹਾਂ ਅਤੇ ਤਹਿ ਦਿਲੋਂ ਧੰਨਵਾਦ ਕਰਦਾ ਹਾਂ ਜਿਨ੍ਹਾਂ ਨੇ ਮੇਰੇ ਉਪਰ ਵਿਸ਼ਵਾਸ ਕਰਕੇ ਸਾਨੂੰ ਪਿੰਡ ਦੀ ਸੇਵਾ ਕਰਨ ਦਾ ਮੌਕਾ ਬਖ਼ਸ਼ਿਆ ਹੈ। ਅਸੀਂ ਪਿੰਡ ਤਾਰਾਗੜ੍ਹ ਵਾਸੀਆਂ ਨਾਲ ਵਾਅਦਾ ਕਰਦੇ ਹਾਂ ਕਿ ਪਿੰਡ ਦਾ ਵਿਕਾਸ ਪਾਰਟੀਬਾਜ਼ੀ ਤੋਂ ਉਪਰ ਉੱਠ ਕੇ ਕੀਤਾ ਜਾਵੇਗਾ। ਇਸ ਮੌਕੇ ਜਗਮੋਹਨ ਸਿੰਘ ਤੋਂ ਇਲਾਵਾ ਪੰਚ ਦਲਜੀਤ ਕੌਰ ਪਤਨੀ ਦਵਿੰਦਰ ਸਿੰਘ ਗਿੱਲ, ਪੰਚ ਜਸਵਿੰਦਰ ਕੌਰ ਪਤਨੀ ਦਿਲਬਾਗ ਸਿੰਘ ਮੋਨੂੰ, ਪੰਚ ਹਰਪਾਲ ਸਿੰਘ ਬਿਟੂ ਥਿੰਦ, ਪੰਚ ਹਰਪ੍ਰੀਤ ਕੌਰ ਪਤਨੀ ਤੇਜਿੰਦਰ ਸਿੰਘ, ਪੰਚ ਗੁਲਜ਼ਾਰ ਸਿੰਘ, ਪੰਚ ਰਮਨਦੀਪ ਕੌਲ ਪਤਨੀ ਗੁਰਬੀਰ ਸਿੰਘ ਹਾਂਡਾ, ਪੰਚ ਜਗਦੀਪ ਸਿੰਘ ਹੈਪੀ, ਪੰਚ ਰੁਪਿੰਦਰ ਸਿੰਘ ਨੂੰ ਜਿੱਤ ਹਾਸਲ ਹੋਈ।

## ਸਰਪੰਚ ਬਲਦੇਵ ਸਿੰਘ ਛਾਪਾ ਬਾਬਾ ਬੁੱਢਾ ਜੀ ਬੀੜ ਸਾਹਿਬ ਹੋਏ ਨਤਮਸਤਕ



**ਝਬਾਲ (ਹਰਜਿੰਦਰ ਸਿੰਘ ਸੋਨੀ)**-ਪਿੰਡ ਛਾਪਾ ਤੋਂ ਆਮ ਪਾਰਟੀ ਦੇ ਆਗੂ ਬਲਦੇਵ ਸਿੰਘ ਛਾਪਾ ਨੇ ਵੱਡੀ ਲੀਡ ਨਾਲ ਜਿੱਤ ਪ੍ਰਾਪਤ ਕਰਦਿਆਂ ਸਰਪੰਚੀ ਦੀ ਚੋਣ ਜਿੱਤ ਕੇ ਸਰਪੰਚ ਬਣਨ ਉਪਰੰਤ ਅੱਜ ਸਵੇਰੇ ਸਭ ਤੋਂ ਪਹਿਲਾਂ ਉਨ੍ਹਾਂ ਆਪਣੇ ਪੰਚਾਇਤ ਮੈਂਬਰਾਂ ਨਾਲ ਗੁਰਦੁਆਰਾ ਬੀੜ ਬਾਬਾ ਬੁੱਢਾ ਜੀ ਬੀੜ ਸਾਹਿਬ ਵਿਖੇ ਨਤਮਸਤਕ ਹੋ ਕੇ ਵਹਿਗੁਰੂ ਦਾ ਸ਼ੁਕਰਾਨਾ ਕੀਤਾ ।ਉਨ੍ਹਾਂ ਨੂੰ ਫੁੱਲਾਂ ਦੇ ਹਾਰ ਅਤੇ ਸਿਰੋਪਾਉ ਦੇ ਕੇ ਸਨਮਾਨਤ ਕੀਤਾ ਗਿਆ।ਇਸ ਸਮੇਂ ਸਰਪੰਚ ਬਲਦੇਵ ਸਿੰਘ ਛਾਪਾ ਨੇ ਆਪਣੇ ਗ੍ਰਹਿ ਵਿਖੇ ਇਕੱਤਰ ਪਿੰਡ ਵਾਸੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਹਲਕਾ ਵਿਧਾਇਕ ਡਾ. ਕਸ਼ਮੀਰ ਸਿੰਘ ਸੋਹਲ ਦੀ ਅਗਵਾਈ ਵਿੱਚ ਪਿੰਡ ਦਾ ਸਰਵਪੱਖੀ ਵਿਕਾਸ ਕਰਵਾਉਣ ਵਿੱਚ ਕੋਈ ਵੀ ਕਸਰ ਨਹੀਂ ਰਹਿਣ ਦੇਵਾਂਗੇ।ਇਸ ਮੌਕੇ ਮੈਂਬਰ ਪੰਚਾਇਤ ਡਾ. ਬਲਜੀਤ ਸਿੰਘ ਗਿੱਲ, ਇਕਬਾਲ ਸਿੰਘ, ਮਨਜਿੰਦਰ ਸਿੰਘ, ਬਲਦੇਵ ਸਿੰਘ, ਤਰਸੇਮ ਸਿੰਘ, ਦਿਲਬਾਗ ਸਿੰਘ, ਬੀਬੀ ਰਾਜ ਕੌਰ ਤੋਂ ਇਲਾਵਾ ਸਾਬਕਾ ਵਾਇਸ ਚੇਅਰਮੈਨ ਨਰਿੰਦਰ ਸਿੰਘ ਛਾਪਾ, ਪ੍ਰੀਤਮ ਸਿੰਘ ਛਾਪਾ, ਕੁਲਵਿੰਦਰ ਸਿੰਘ ਛਾਪਾ, ਸਾਬਕਾ ਸਰਪੰਚ ਜਗਬੀਰ ਸਿੰਘ, ਹਰਜਿੰਦਰ ਸਿੰਘ ਫੌਜੀ, ਬਲਕਾਰ ਸਿੰਘ ਛਾਪਾ, ਸੁਖਵੰਤ ਸਿੰਘ ਬਾਬਾ, ਰੇਸ਼ਮ ਸਿੰਘ, ਸਾਜਨ ਸਿੰਘ, ਸੁਖਚਰਨਜੀਤ ਸਿੰਘ, ਨਰਿੰਦਰ ਕੌਰ, ਮਨਜਿੰਦਰ ਸਿੰਘ ਬਿੱਟੂ, ਗੁਰਲਾਲ ਸਿੰਘ, ਬਲਜਿੰਦਰ ਸਿੰਘ, ਕਰਮਜੀਤ ਸਿੰਘ, ਸੁਖਜਿੰਦਰ ਸਿੰਘ, ਗੁਰਵਿੰਦਰ ਸਿੰਘ ਆਦਿ ਵੱਡੀ ਗਿਣਤੀ ਵਿਚ ਨੌਜਵਾਨਾਂ ਸਮੇਤ ਪਿੰਡ ਵਾਸੀ ਵੀ ਹਾਜ਼ਰ ਸਨ।

# ਪੰਚਾਇਤੀ ਚੋਣਾਂ 'ਚ ਲੋਕਾਂ ਨੇ ਆਮ ਆਦਮੀ ਪਾਰਟੀ ਦੇ ਹੱਕ 'ਚ ਦਿੱਤਾ ਫਤਵਾ : ਸ਼ੈਰੀ ਕਲਸੀ

### ਵਿਧਾਇਕ ਸ਼ੈਰੀ ਕਲਸੀ ਨੇ ਨਵੀਆਂ ਚੁਣੀਆਂ ਪੰਚਾਇਤਾਂ ਨੂੰ ਦਿੱਤੀ ਵਧਾਈ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)** - ਵਿਧਾਨ ਸਭਾ ਹਲਕਾ ਬਟਾਲਾ ਦੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਕਿਹਾ ਕਿ ਪੰਚਾਇਤੀ ਚੋਣਾਂ ਵਿਚ ਆਪਣੀ ਵੋਟ ਦਾ ਇਸਤੇਮਾਲ ਕਰਕੇ ਲੋਕਾਂ ਨੇ ਜੋ ਪੰਚਾਇਤਾਂ ਚੁਣੀਆਂ ਹਨ, ਉਹ ਹਰ ਵੋਟਰ ਨੂੰ ਵਧਾਈ ਦਿੰਦੇ ਹਨ। ਉਹਨਾਂ ਕਿਹਾ ਕਿ ਬਟਾਲਾ ਹਲਕੇ ਅਧੀਨ ਆਉਂਦੀਆਂ 82 ਪੰਚਾਇਤਾਂ ਵਿੱਚੋਂ 75 ਦੇ ਕਰੀਬ ਪੰਚਾਇਤਾਂ ਜਿੱਤ ਕੇ ਆਮ ਆਦਮੀ ਪਾਰਟੀ ਨੇ ਨਵਾਂ ਇਤਿਹਾਸ ਸਿਰਜਿਆ ਹੈ।ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਦਾ ਆਧਾਰ ਲਗਾਤਾਰ ਵਧ ਰਿਹਾ ਹੈ ਅਤੇ ਪੰਚਾਇਤੀ ਚੋਣਾਂ ਵਿੱਚ ਸਪੱਸ਼ਟ ਨਜ਼ਰ ਵੀ ਆਇਆ ਹੈ।ਉਹਨਾਂ ਅੱਗੇ ਕਿਹਾ ਕਿ ਪੰਚਾਇਤੀ ਚੋਣਾਂ ਬੜੇ ਹੀ ਅਮਨ-ਅਮਾਨ ਅਤੇ ਸ਼ਾਂਤੀਪੂਰਨ ਢੰਗ ਨਾਲ ਨੇਪਰੇ ਚੜ੍ਹੀਆਂ ਅਤੇ ਮੈਨੂੰ ਇਸ ਗੱਲ ਦਾ ਪੂਰਾ ਮਾਣ ਹੈ ਕਿ ਬਟਾਲਾ ਹਲਕੇ ਅੰਦਰ ਆਉਂਦੀਆਂ ਪੰਚਾਇਤਾਂ ਵਿਚ ਕਿਤੇ ਵੀ ਕੋਈ ਝਗੜਾ ਨਹੀਂ ਹੋਇਆ ਅਤੇ ਲੋਕਾਂ ਨੇ ਅਮਨ ਅਮਾਨ ਨਾਲ ਆਪਣੀ ਵੋਟ ਦਾ ਇਸਤੇਮਾਲ ਕੀਤਾ।ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਤਾਕਤ ਅਤੇ ਜਨ ਆਧਾਰ ਪਹਿਲਾ ਨਾਲੋਂ ਕਿਤੇ ਵੱਧ ਗਿਆ ਹੈ। ਜਿਸ ਦੇ ਚੱਲਦਿਆਂ ਹੀ ਵੱਡੀ ਗਿਣਤੀ ਵਿਚ ਪਿੰਡ ਅੰਦਰ ਪੰਚਾਇਤਾਂ ਆਮ ਆਦਮੀ ਪਾਰਟੀ ਦੀਆਂ ਬਣੀਆਂ ਹਨ।ਸ਼ੈਰੀ ਕਲਸੀ ਨੇ ਕਿਹਾ ਕਿ ਨਵੀਆਂ ਚੁਣੀਆਂ ਪੰਚਾਇਤਾਂ ਨੂੰ ਵੱਡੇ ਪੱਧਰ 'ਤੇ ਗ੍ਰਾਂਟਾਂ ਦਿੱਤੀਆਂ ਜਾਂਣਗੀਆਂ ਅਤੇ ਪਿੰਡਾਂ ਦਾ ਸਰਬਪੱਖੀ ਵਿਕਾਸ ਕਰਵਾਇਆ ਜਾਵੇਗਾ।

# ਡਾ. ਹਰਜੋਤ ਨਿਊਰੋਸਾਈਕਾਇਟਰੀ ਸੈਂਟਰ ਵੱਲੋਂ ਮੁਫ਼ਤ ਮੈਡੀਕਲ ਕੈਂਪ

ਅੰਮ੍ਰਿਤਸਰ (ਪੱਤਰ ਪ੍ਰੇਰਕ): ਗੁਰਦਾਸਪੁਰ ਦੇ ਪਿੰਡ ਘੁਮਾਣ ਵਿੱਚ ਸਥਿਤ ਗੁਰਦੁਆਰਾ ਸ੍ਰੀ ਅੰਗੀਠਾ ਸਾਹਿਬ ਵਿਖੇ ਮੁਫ਼ਤ ਚੈਕਅੱਪ ਕੈਂਪ ਲਗਾਇਆ ਗਿਆ। 13 ਅਕਤੂਬਰ ਤੋਂ 15 ਅਕਤੂਬਰ ਤੱਕ ਲਗਾਏ ਜਾ ਰਹੇ ਇਸ ਕੈਂਪ ਵਿੱਚ ਵਿਸ਼ਵ ਪ੍ਰਸਿੱਧ ਮਨੋਵਿਗਿਆਨੀ ਡਾ. ਹਰਜੋਤ ਸਿੰਘ ਮੱਕੜ ਦੀ ਟੀਮ ਨੇ ਮਰੀਜ਼ਾਂ ਦੀ ਜਾਂਚ ਕੀਤੀ। ਇਸ ਦੌਰਾਨ ਨਸ਼ਾਖੋਰੀ, ਆਤਮ ਹੱਤਿਆ ਦੇ ਵਾਰ-ਵਾਰ ਵਿਚਾਰ ਆਉਣਾ, ਉਦਾਸੀ ਮਹਿਸੂਸ ਕਰਨਾ, ਨੀਂਦ ਨਾ ਆਉਣਾ, ਮਿਰਗੀ ਜਾਂ ਬੇਹੋਸ਼ੀ ਦਾ ਦੌਰਾ ਪੈਣਾ, ਕਿਸੇ ਕੰਮ ਵਿਚ ਰੁਚੀ ਘਟਣਾ, ਸਿਰਦਰਦ, ਬਹੁਤ ਜ਼ਿਆਦਾ ਗੁੱਸਾ, ਬੱਚਿਆਂ ਵਿਚ ਚਿੜਚਿੜਾਪਨ ਆਦਿ ਸਮੱਸਿਆਵਾਂ ਵਧਣ ਜਾਂ ਘਟਣ ਸਬੰਧੀ ਮਰੀਜ਼ਾਂ ਦੀ ਜਾਂਚ ਕੀਤੀ ਗਈ । ਦਿਲ ਦੀ ਧੜਕਣ, ਜਿਨਸੀ ਸਮੱਸਿਆਵਾਂ, ਦਿਮਾਗੀ ਤੰਤੂਆਂ ਦਾ ਕਮਜ਼ੋਰ ਹੋਣਾ, ਬੱਚਿਆਂ ਦੀ ਪੜ੍ਹਾਈ ਵਿੱਚ ਰੁਚੀ ਨਾ ਹੋਣਾ, ਮਾਨਸਿਕ ਦੌਰੇ, ਯਾਦਦਾਸ਼ਤ ਵਿੱਚ ਕਮਜ਼ੋਰੀ ਆਦਿ। ਡਾ. ਮੱਕੜ ਨੇ ਕਿਹਾ ਕਿ ਮੌਜੂਦਾ ਸਮੇਂ ਵਿਚ ਭੱਜ-ਦੌੜ ਭਰੀ ਜੀਵਨ ਸ਼ੈਲੀ ਕਾਰਨ ਲੋਕ ਸਮੱਸਿਆਵਾਂ ਵਿਚ ਘਿਰੇ ਹੋਏ ਹਨ । ਥੋੜ੍ਹੇ ਸਮੇਂ ਵਿੱਚ ਜ਼ਿਆਦਾ ਹਾਸਲ ਕਰਨ ਦੀ ਲਾਲਸਾ ਲੋਕਾਂ ਨੂੰ ਤਣਾਅ ਦਾ ਸ਼ਿਕਾਰ ਬਣਾ ਰਹੀ ਹੈ। ਤਣਾਅ ਘੱਟ ਕਰਨ ਲਈ ਲੋਕ ਨਸ਼ਿਆਂ ਦਾ ਸਹਾਰਾ ਲੈ ਰਹੇ ਹਨ। ਇਸ ਨਾਲ ਤਣਾਅ ਘੱਟ ਹੋਣ ਦੀ ਬਜਾਏ ਵਧਦਾ ਹੈ। ਡਾ. ਮੱਕੜ ਨੇ ਦੱਸਿਆ ਕਿ ਉਪਰੋਕਤ ਸਾਰੀਆਂ ਬਿਮਾਰੀਆਂ ਦਾ ਇਲਾਜ ਅੰਮ੍ਰਿਤਸਰ ਸਥਿਤ ਡਾ. ਹਰਜੋਤ ਸਿੰਘ ਨਿਊਰੋਸਾਈਕਾਇਟਰੀ ਸੈਂਟਰ ਅਤੇ ਹਸਪਤਾਲ ਵਿਖੇ ਸੰਭਵ ਹੈ । ਉਨ੍ਹਾਂ ਦੱਸਿਆ ਕਿ ਧੰਨ ਧੰਨ ਬ੍ਰਹਮ ਗਿਆਨੀ ਸੰਤ ਬਾਬਾ ਹਜ਼ਾਰਾ ਸਿੰਘ ਜੀ ਨਿੱਕੇ ਘੁੰਮਣ ਵਾਲੇ ਦੀ ਯਾਦ ਵਿੱਚ 13 ਤੋਂ 15 ਅਕਤੂਬਰ ਤੱਕ ਗੁਰਦੁਆਰਾ ਸ੍ਰੀ ਅੰਗੀਠਾ ਸਾਹਿਬ ਵਿਖੇ ਤਿੰਨ ਰੋਜ਼ਾ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਮੌਕੇ ਧਾਰਮਿਕ ਸਮਾਗਮਾਂ ਤੋਂ ਇਲਾਵਾ ਮੁਫ਼ਤ ਮੈਡੀਕਲ ਕੈਂਪ ਵੀ ਲਗਾਇਆ ਗਿਆ।

## ਵੀ ਨੇ ਬਿਹਤਰ ਨੈੱਟਵਰਕ ਕਵਰੇਜ ਤੇ ਡਾਟਾ ਸਪੀਡ ਲਈ ਪੰਜਾਬ 'ਚ ਕੀਤਾ ਨਿਵੇਸ਼

**ਪਟਿਆਲਾ** : ਭਾਰਤ ਦੇ ਪ੍ਰਮੁੱਖ ਦੂਰਸੰਚਾਰ ਸੇਵਾ ਪ੍ਰਦਾਤਾ ਵੀ ਨੇ ਇਨਡੋਰ ਕਵਰੇਜ ਅਤੇ ਕਾਲ ਦੀ ਗੁਣਵੱਤਾ ਨੂੰ ਬਿਹਤਰ ਬਣਾਉਣ ਲਈ ਪੰਜਾਬ ਦੇ 320 ਤੋਂ ਵੱਧ ਕਸਬਿਆਂ ਵਿੱਚ 570 ਤੋਂ ਵੱਧ ਸਾਈਟਾਂ 'ਤੇ ਸਭ ਤੋਂ ਪ੍ਰਭਾਵਸ਼ਾਲੀ 900 ਮੈਗਾਹਰਟਜ਼ ਸਪੈਕਟ੍ਰਮ ਤਾਇਨਾਤ ਕੀਤਾ ਹੈ। ਦੀਪਕ ਰਾਓ, ਕਲੱਸਟਰ ਬਿਜ਼ਨਸ ਹੈੱਡ, ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼ ਅਤੇ ਜੰਮੂ-ਕਸ਼ਮੀਰ, ਵੋਡਾਫੋਨ ਆਈਡੀਆ ਨੇ ਕਿਹਾ, ' ਸਾਡੇ ਨੈੱਟਵਰਕ ਨੂੰ ਐਲ 900, ਐਲ 2100, ਐਲ 2500 ਅਤੇ ਐਲ 1800 ਨਾਲ ਅਪਗ੍ਰੇਡ ਕਰਨਾ ਗਾਹਕ ਅਨੁਭਵ ਨੂੰ ਬਿਹਤਰ ਬਣਾਉਣ ਦੀ ਦਿਸ਼ਾ ਵਿਚ ਇੱਕ ਮਹੱਤਵਪੂਰਨ ਕਦਮ ਹਨ। ਇਹ ਸੁਨਿਸਚਿਤ ਕਰੇਗਾ ਕਿ ਸਾਡੇ ਗਾਹਕ ਆਪਣੇ ਘਰਾਂ ਦੇ ਨਾਲ-ਨਾਲ ਦਫਤਰਾਂ ਜਾਂ ਜਨਤਕ ਥਾਵਾਂ ਦੇ ਅੰਦਰ ਨਿਰਵਿਘਨ ਕਨੈਕਟੀਵਿਟੀ ਅਤੇ ਤੇਜ਼ ਡਾਟਾ ਸਪੀਡ ਦਾ ਅਨੰਦ ਲੈ ਸਕਦੇ ਹਨ। ਸਾਡਾ ਟੀਚਾ ਸਭ ਤੋਂ ਵਧੀਆ ਗਾਹਕ ਅਨੁਭਵ ਪ੍ਰਦਾਨ ਕਰਨਾ ਹੈ ਅਤੇ ਇਹ ਅਪਗ੍ਰੇਡ ਪੰਜਾਬ ਵਿੱਚ ਆਪਣੇ ਗਾਹਕਾਂ ਨੂੰ ਉੱਤਮ ਸੇਵਾਵਾਂ ਪ੍ਰਦਾਨ ਕਰਨ ਦੀ ਸਾਡੀ ਵਚਨਬੱਧਤਾ ਦਾ ਪ੍ਰਮਾਣ ਹੈ।

# ਪਰਮਜੀਤ ਸਿੰਘ ਪਿੰਡ ਭੁੰਬਲੀ ਦੇ ਲਗਾਤਾਰ ਦੂਜੀ ਵਾਰ ਸਰਪੰਚ ਬਣੇ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਪਿੰਡ ਭੁੰਬਲੀ ਵਿੱਚ ਪਰਮਜੀਤ ਸਿੰਘ ਆਪਣੇ ਵਿਰੋਧ ਭਗਵੰਤ ਸਿੰਘ ਨੂੰ 482 ਵੋਟਾਂ ਦੇ ਫਰਕ ਨਾਲ ਹਰਾ ਕੇ ਪਿੰਡ ਦੇ ਲਗਾਤਾਰ ਦੂਜੀ ਵਾਰੀ ਸਰਪੰਚ ਬਣੇ ਹਨ। ਪਿੰਡ ਦੀ ਸਾਬਕਾ ਪੰਚ ਅਰਚਨਾ ਨੰਦਾ ਪਤਨੀ ਮਾਸਟਰ ਰਛਪਾਲ ਸਿੰਘ ਭੁੰਬਲੀ ਜ਼ਿਲ੍ਹਾ ਪ੍ਰਧਾਨ ਐਸ ਸੀ ਬੀ ਸੀ ਅਧਿਆਪਕ ਯੂਨੀਅਨ ਗੁਰਦਾਸਪੁਰ ਨੇ ਦੱਸਿਆ ਕਿ ਪਿੰਡ ਦੇ ਲੋਕਾਂ ਨੇ ਇਸ ਪੰਚਾਇਤੀ ਚੋਣ ਵਿੱਚ ਬੜੇ ਉਤਸ਼ਾਹ ਨਾਲ ਹਿੱਸਾ ਲਿਆ। ਅਰਚਨਾ ਨੰਦਾ ਨੇ ਪਿੰਡ ਵਾਸੀਆਂ ਵਲੋਂ ਪੂਰੀ ਇਮਾਨਦਾਰੀ ਅਤੇ ਲਗਨ ਨਾਲ ਪਿੰਡ ਦੀ ਸੇਵਾ ਨੂੰ ਸਮਰਪਤ, ਗਰੀਬਾਂ ਦੇ ਹਮਦਰਦ ਤੇ ਮਿਲਾਪੜੇ ਸੁਭਾਅ ਦੇ ਮਾਲਕ ਪਰਮਜੀਤ ਸਿੰਘ ਨੂੰ ਲਗਾਤਾਰ ਦੂਜੀ ਵਾਰ ਪਿੰਡ ਦਾ ਸਰਪੰਚ ਬਣਾਉਣਾ ਸਚਾਈ ਦੀ ਜਿੱਤ ਦੱਸਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਨਵਨੀਤ ਸਿੰਘ ਨੋਬਲ, ਮਨਜਿੰਦਰ ਸਿੰਘ ਮੈਂਬਰ, ਸੁਖਵਿੰਦਰ ਸਿੰਘ ਬਾਵਾ, ਸੁਖਵਿੰਦਰ ਪਾਲ ਮੋਨੂੰ, ਰਿਪੀ ਦੇਵੀ, ਮਨਦੀਪ ਬੱਬਲੀ, ਜਸਪਾਲ ਸਿੰਘ ਵਸੀਕਾ ਨਵੀਸ, ਗੋਪੀ, ਗੋਲਡੀ ਭੁੰਬਲੀ, ਰਤਨ ਲਾਲ, ਜਗਨ ਸਿੰਘ, ਡੇਨੀਅਲ ਮੈਂਬਰ, ਦੀਵਾਨ ਚੰਦ ਆਦਿ ਹਾਜ਼ਰ ਸਨ।

# ਬਾਬਾ ਬੰਦਾ ਸਿੰਘ ਬਹਾਦਰ ਦਾ ਆਗਮਨ ਦਿਵਸ ਸ਼ਰਧਾ ਨਾਲ ਮਨਾਇਆ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਧਾਰੀਵਾਲ ਵਿਖੇ ਡਾਇਰੈਕਟਰ ਅਮਰਜੀਤ ਸਿੰਘ ਚਾਹਲ ਅਤੇ ਪ੍ਰਿੰਸੀਪਲ ਸ੍ਰੀਮਤੀ ਕਿਰਨ ਕੇਸਰ ਦੀ ਅਗਵਾਈ ਹੇਠ ਸਿੱਖ ਰਾਜ ਦੇ ਉਸਰੱਈਏ ਸੂਰਬੀਰ ਜਰਨੈਲ ਬਾਬਾ ਬੰਦਾ ਸਿੰਘ ਬਹਾਦਰ ਦਾ ਆਗਮਨ ਦਿਵਸ ਬਹੁਤ ਹੀ ਸ਼ਰਧਾ ਪੂਰਵਕ ਮਨਾਇਆ ਗਿਆ। ਇਸ ਸਬੰਧੀ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਉਪਰੰਤ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਬੀ.ਐੱਡ ਦੇ ਵਿਦਿਆਰਥੀ ਮਨਬੀਰ ਸਿੰਘ ਅਤੇ ਅੱਠਵੀਂ ਜਮਾਤ ਦੇ ਵਿਦਿਆਰਥੀ ਅਭੀਜੋਤ ਸਿੰਘ ਦੇ ਜਥੇ ਵਲੋਂ ਗੁਰਬਾਣੀ ਦਾ ਰਸਭਿੰਨਾ ਕੀਰਤਨ ਕੀਤਾ ਗਿਆ। ਅੱਠਵੀਂ ਜਮਾਤ ਦੀ ਵਿਦਿਆਰਥਣ ਮਹਿਕਪ੍ਰੀਤ ਕੌਰ ਨੇ ਆਪਣੇ ਭਾਸ਼ਣ ਰਾਹੀਂ ਖਾਲਸਾ ਰਾਜ ਦੇ ਬਾਨੀ ਬਾਬਾ ਬੰਦਾ ਸਿੰਘ ਬਹਾਦਰ ਦੇ ਜੀਵਨ ਬਾਰੇ ਚਾਨਣਾ ਪਾਇਆ। ਵਿਦਿਆਰਥਣ ਸਹਿਜਪ੍ਰੀਤ ਕੌਰ ਨੇ ਜ਼ੁਲਮ ਤੋਂ ਆਜ਼ਾਦੀ ਦੀ ਜੰਗ ਸ਼ੁਰੂ ਕਰਨ ਵਾਲੇ ਸਿੱਖ ਯੋਧੇ ਬਾਬਾ ਬੰਦਾ ਸਿੰਘ ਬਹਾਦਰ ਦੀਆਂ ਜੰਗਾਂ ਨੂੰ ਬਿਆਨ ਕਰਦੀ ਕਵਿਤਾ ਪੇਸ਼ ਕੀਤੀ। ਅੱਠਵੀਂ ਜਮਾਤ ਦੀ ਵਿਦਿਆਰਥਣ ਗੁਰਲੀਨ ਕੌਰ ਅਤੇ ਸਾਥਣਾਂ ਵੱਲੋਂ ਕਵੀਸ਼ਰੀ ਰਾਹੀਂ ਬਾਬਾ ਬੰਦਾ ਸਿੰਘ ਬਹਾਦਰ ਦੀਆਂ ਪ੍ਰਾਪਤੀਆਂ ਨੂੰ ਬਿਆਨ ਕੀਤਾ ਗਿਆ।

ਸਕੂਲ ਦੇ ਡਾਇਰੈਕਟਰ ਅਮਰਜੀਤ ਸਿੰਘ ਅਤੇ ਪ੍ਰਿੰਸੀਪਲ ਸ੍ਰੀਮਤੀ ਕਿਰਨ ਕੇਸਰ ਨੇ ਸਮੂਹ ਸਟਾਫ ਅਤੇ ਵਿਦਿਆਰਥੀਆਂ ਨੂੰ ਮਹਾਨ ਯੋਧਾ ਬਾਬਾ ਬੰਦਾ ਸਿੰਘ ਬਹਾਦਰ ਦੇ ਆਗਮਨ ਦਿਵਸ ਦੀ ਵਧਾਈ ਦਿੱਤੀ ਅਤੇ ਵਿਦਿਆਰਥੀਆਂ ਨੂੰ ਉਹਨਾਂ ਦੇ ਜੀਵਨ ਤੋਂ ਸਿੱਖਿਆ ਲੈਣ ਲਈ ਪ੍ਰੇਰਿਤ ਕੀਤਾ। ਪ੍ਰੋਗਰਾਮ ਦੇ ਅੰਤ ਵਿੱਚ ਗੁਰੂ ਕਾ ਲੰਗਰ ਵਰਤਾਇਆ ਗਿਆ।

# ਮਜੀਠਾ ਹਲਕੇ ਦੇ ਪਿੰਡ ਸਾਧਪੁਰ ਤੋਂ ਥਾਣੇਦਾਰ ਸਰਬਜੀਤ ਸਿੰਘ ਸਰਪੰਚ ਬਣੇ



ਤਰਸਿੱਕਾ (ਤਰਸੇਮ ਸਿੰਘ ਸਾਧਪੁਰ)-ਵਿਧਾਨ ਸਭਾ ਹਲਕਾ ਮਜੀਠਾ ਅਤੇ ਬਲਾਕ ਤਰਸਿੱਕਾ ਦੇ ਪਿੰਡ ਸਾਧਪੁਰ ਵਿੱਚ ਸ਼੍ਰੋਮਣੀ ਅਕਾਲੀ ਦਲ ਨਾਲ ਸੰਬੰਧਤ ਪੰਚਾਇਤ ਬਣਨ ਵਿੱਚ ਕਾਮਯਾਬ ਹੋ ਗਈ ਹੈ। ਸਰਪੰਚ ਦੇ ਅਹੁਦੇਦਾਰ ਲਈ ਚਾਰ ਉਮੀਦਵਾਰ ਜਿਨ੍ਹਾਂ ਵਿੱਚ ਥਾਣੇਦਾਰ ਸਰਬਜੀਤ ਸਿੰਘ ਅਕਾਲੀ ਦਲ ਵੱਲੋਂ, ਝਿਲਮਿਲ ਸਿੰਘ ਬਾਠ ਕਾਂਗਰਸ ਵੱਲੋਂ, ਤਰਵਿੰਦਰ ਸਿੰਘ ਆਮ ਆਦਮੀ ਪਾਰਟੀ ਵੱਲੋਂ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਇੱਕ ਹੋਰ ਧੜੇ ਵੱਲੋਂ ਬਲਜੀਤ ਸਿੰਘ ਦੁਕਾਨਦਾਰ ਚੋਣ ਮੈਦਾਨ ਵਿੱਚ ਖੜ੍ਹੇ ਸਨ ਜਿਨ੍ਹਾਂ ਨੂੰ ਮਾਤ ਦਿੰਦਿਆਂ ਸ਼੍ਰੋਮਣੀ ਅਕਾਲੀ ਦਲ ਨਾਲ ਸੰਬੰਧਤ ਇੱਕ ਧੜੇ ਵੱਲੋਂ ਥਾਣੇਦਾਰ ਸਰਬਜੀਤ ਸਿੰਘ ਵੱਡੀ ਲੀਡ ਨਾਲ ਜੇਤੂ ਰਹੇ ਜੋ ਆਪਣੇ ਨਾਲ ਚਾਰ ਮੈਂਬਰ ਪੰਚਾਇਤ ਜਿਨ੍ਹਾਂ ਵਿੱਚ ਪ੍ਰਦੂਮਣ ਸਿੰਘ, ਨਿਰਮਲਜੀਤ ਕੌਰ, ਜਸਵਿੰਦਰ ਕੌਰ, ਦਲਬੀਰ ਸਿੰਘ ਨੂੰ ਬਣਾਉਣ ਵਿੱਚ ਵੀ ਕਾਮਯਾਬ ਹੋਏ । ਇਸ ਚੋਣ ਵਿੱਚ ਭਾਈ ਦਲੇਰ ਸਿੰਘ ਖਾਲਸਾ, ਸਰਮੁਖ ਸਿੰਘ, ਧਰਮਿੰਦਰ ਸਿੰਘ, ਸੁਖਦੇਵ ਸਿੰਘ, ਰਾਜਵਿੰਦਰ ਸਿੰਘ, ਕਰਮਜੀਤ ਸਿੰਘ, ਬਲਜੀਤ ਸਿੰਘ ਵਸੀਕਾ, ਸੱਜਣ ਸਿੰਘ ਅਕਾਲੀਆ, ਡਾਕਟਰ ਪਰਮਜੀਤ ਸਿੰਘ, ਪ੍ਰਭਜੋਤ ਸਿੰਘ, ਸਾਜਨਪ੍ਰੀਤ ਸਿੰਘ, ਚਮਕੌਰ ਸਿੰਘ, ਮਲਕੀਤ ਸਿੰਘ, ਰਣਜੀਤ ਸਿੰਘ, ਗੁਰਭੇਜ ਸਿੰਘ (ਸਾਬਾ ), ਸ਼ਬੇਗ ਸਿੰਘ ਸ਼ਾਹ, ਤਲਵਿੰਦਰ ਸਿੰਘ ਪ੍ਰਧਾਨ, ਡਾਕਟਰ ਕੁਲਬੀਰ ਸਿੰਘ, ਦਵਿੰਦਰ ਸਿੰਘ ਗਾਂਧੀ, ਯੋਗਰਾਜ ਸਿੰਘ, ਸਰਵਣ ਸਿੰਘ ਮਿੰਟਾ, ਬਾਬਾ ਮਨਜੀਤ ਸਿੰਘ, ਜਰਮਨ ਸਿੰਘ, ਬਲਜੀਤ ਸਿੰਘ ਟੋਨੀ, ਹਰਪ੍ਰੀਤ ਸਿੰਘ ਹੈਪੀ, ਮੰਗਲ ਸਿੰਘ ਵਪਾਰੀ, ਮੁਖਤਾਰ ਸਿੰਘ, ਜਸਬੀਰ ਸਿੰਘ ਅਕਾਲੀ, ਦਿਲਬਾਗ ਸਿੰਘ, ਸੁਖਬੀਰ ਸਿੰਘ, ਡਾਕਟਰ ਪਰਮਜੀਤ ਸਿੰਘ, ਸੁਖਬੀਰ ਸਿੰਘ, ਜੋਗਰਾਜ ਸਿੰਘ , ਜਰਮਨਜੀਤ ਸਿੰਘ, ਗੁਰਜੀਤ ਸਿੰਘ, ਰਾਜਵਿੰਦਰ ਸਿੰਘ, ਸਮੇਤ ਵੱਡੀ ਗਿਣਤੀ ਵਿੱਚ ਯੂਥ ਵਰਗ ਵੱਲੋਂ ਅਹਿਮ ਭੂਮਿਕਾ ਨਿਭਾਈ ਗਈ। ਸ਼੍ਰੋਮਣੀ ਅਕਾਲੀ ਦਲ ਨਾਲ ਦੂਜੇ ਧੜੇ ਵੱਲੋਂ ਦੋ ਮੈਂਬਰ ਅਤੇ ਕਾਂਗਰਸ ਵੱਲੋਂ ਇੱਕ ਮੈਂਬਰ ਪੰਚਾਇਤ ਦੀ ਚੋਣ ਹੋਈ ਹੈ ਜਦਕਿ ਆਮ ਆਦਮੀ ਪਾਰਟੀ ਦਾ ਕੋਈ ਵੀ ਮੈਂਬਰ ਜਾਂ ਸਰਪੰਚ ਨਹੀਂ ਬਣ ਸਕਿਆ।

# ਸੜਕ ਕੰਢੇ ਬਰਮਾਂ 'ਤੇ ਮਿੱਟੀ ਨਾ ਹੋਣ ਕਰਕੇ ਨਿੱਤ ਵਾਪਰ ਰਹੇ ਹਾਦਸੇ



**ਗੁਰਦਾਸਪੁਰ (ਜਨਕ ਮਹਾਜਨ)**- ਗੁਰਦਾਸਪੁਰ-ਮੁਕੇਰੀਆਂ ਸੜਕ ਦੀ ਨਵੀਂ ਉਸਾਰੀ ਹੋ ਰਹੀ ਹੈ ਪਰ ਠੇਕੇਦਾਰਾਂ ਵਲੋਂ ਸੜਕ ਦੇ ਬਰਮਾਂ 'ਤੇ ਬਿਲਕੁਲ ਮਿੱਟੀ ਨਹੀਂ ਪਾਈ ਗਈ, ਜਿਸ ਕਰਕੇ ਨਿੱਤ ਹਾਦਸੇ ਵਾਪਰਨ ਕਾਰਨ ਲੋਕਾਂ ਦਾ ਜਾਨੀ ਮਾਲੀ ਨੁਕਸਾਨ ਹੋ ਸਕਦਾ ਹੈ ਅਤੇ ਇਸ ਨਾਲ ਇਲਾਕੇ ਦੇ ਲੋਕਾਂ ਦਾ ਲੋਕ ਨਿਰਮਾਣ ਵਿਭਾਗ ਗੁਰਦਾਸਪੁਰ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਇਲਾਕੇ ਦੇ ਲੋਕਾਂ ਨੇ ਦੱਸਿਆ ਕਿ ਭਾਵੇਂ ਮਹਿਕਮੇ ਨੇ ਸੜਕ ਨੂੰ ਬਣਾਉਣ ਵਾਸਤੇ ਪਹਿਲ ਕਦਮੀ ਕੀਤੀ ਹੈ ਪਰ ਬਰਮ ਅੱਧਾ-ਅੱਧਾ ਫੁੱਟ ਸੜਕ ਤੋਂ ਨੀਵੇਂ ਹਨ ਅਤੇ ਜਦੋਂ ਕੋਈ ਵਾਹਨ ਹੇਠਾਂ ਉਤਰ ਜਾਂਦਾ ਹੈ ਤਾਂ ਸੜਕ 'ਤੇ ਚੜ੍ਹਨ ਦੀ ਬਜਾਏ ਲੋਕਾਂ 'ਚ ਵੱਜ ਜਾਂਦੇ ਹਨ। ਇਸ ਨਾਲ ਲੋਕਾਂ ਦਾ ਜਾਨੀ ਮਾਲੀ ਨੁਕਸਾਨ ਹੋਣ ਦਾ ਖਦਸ਼ਾ ਰਹਿੰਦਾ ਹੈ। ਖਾਸ ਕਰ ਦੋ ਪਹੀਆ ਵਾਹਨ ਚਾਲਕ ਦਾ ਤਾਂ ਸੜਕ ਤੋਂ ਉਤਰ ਕੇ ਦੁਬਾਰਾ ਸੜਕ 'ਤੇ ਚੜ੍ਹਨਾ ਖਤਰੇ ਤੋਂ ਖਾਲੀ ਨਹੀਂ। ਉਨ੍ਹਾਂ ਦੱਸਿਆ ਕਿ ਗੁਰਦਾਸਪੁਰ ਤੋਂ ਪਿੰਡ ਦਊਵਾਲ ਤੱਕ ਲਗਭਗ 16 ਕਿਲੋਮੀਟਰ ਸੜਕ 'ਤੇ ਕਰੋੜਾਂ ਰੁਪਏ ਖਰਚ ਕੀਤੇ ਗਏ ਹਨ ਪਰ ਠੇਕੇਦਾਰ ਦੀ ਲਾਪ੍ਰਵਾਹੀ ਨਾਲ ਸੜਕ ਅਜੇ ਵੀ ਨੀਵੀਂ ਉੱਚੀ ਹੋਣ ਕਰਕੇ ਮਹਿਕਮੇ 'ਤੇ ਕਈ ਤਰ੍ਹਾਂ ਦੇ ਪ੍ਰਸ਼ਨ ਚਿੰਨ੍ਹ ਲੱਗ ਰਹੇ ਹਨ। ਉਨ੍ਹਾਂ ਦੱਸਿਆ ਕਿ ਸੜਕ ਦੀ ਉੱਚ ਪੱਧਰੀ ਜਾਂਚ ਕਿਸੇ ਏਜੰਸੀ ਤੋਂ ਕਰਵਾਈ ਜਾਵੇ ਤਾਂ ਜੋ ਲੋਕਾਂ ਸਾਹਮਣੇ ਦੁੱਧ ਦਾ ਦੁੱਧ ਅਤੇ ਪਾਣੀ ਦਾ ਪਾਣੀ ਆ ਸਕੇ।

# ਦੀਨਾਨਗਰ ਹਲਕੇ 'ਚ ਕਾਂਗਰਸ ਪੱਖੀ 70 ਫ਼ੀਸਦੀ ਪੰਚਾਇਤਾਂ ਜੇਤੂ ਰਹੀਆਂ : ਅਰੁਣਾ ਚੌਧਰੀ



**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**- ਪੰਚਾਇਤੀ ਚੋਣਾਂ ਦੌਰਾਨ ਦੀਨਾਨਗਰ ਹਲਕੇ 'ਚ ਕਾਂਗਰਸ ਪੱਖੀ 70 ਫ਼ੀਸਦੀ ਪੰਚਾਇਤਾਂ ਜੇਤੂ ਰਹੀਆਂ ਅਤੇ ਲੋਕ ਸਭਾ ਚੋਣਾਂ ਤੋਂ ਬਾਅਦ ਹੁਣ ਪੰਚਾਇਤੀ ਚੋਣਾਂ 'ਚ ਕਾਂਗਰਸ ਦੀ ਜਿੱਤ ਨੇ ਇਹ ਸਾਬਿਤ ਕਰ ਦਿੱਤਾ ਹੈ ਕਿ ਲੋਕ ਪੰਜਾਬ ਦੀ ਆਪ ਸਰਕਾਰ ਤੋਂ ਬਿਲਕੁਲ ਖੁਸ਼ ਨਹੀਂ। ਇਹ ਦਾਅਵਾ ਦੀਨਾਨਗਰ ਦੀ ਵਿਧਾਇਕਾ ਤੇ ਸਾਬਕਾ ਕੈਬਨਿਟ ਮੰਤਰੀ ਅਰੁਣਾ ਚੌਧਰੀ ਨੇ ਅੱਜ ਆਪਣੇ ਗ੍ਰਹਿ ਵਿਖੇ ਰੱਖੀ ਪ੍ਰੈਸ ਕਾਨਫਰੰਸ ਦੌਰਾਨ ਕੀਤਾ।ਉਨ੍ਹਾਂ ਕਿਹਾ ਕਿ ਭਾਵੇਂ ਚੋਣਾਂ ਅਮਨ ਅਮਾਨ ਨਾਲ ਹੋਈਆਂ ਹਨ ਪਰ ਕਈ ਥਾਵਾਂ 'ਤੇ ਬਦਇੰਤਜ਼ਾਮੀ ਕਾਰਨ ਲੋਕਾਂ ਨੂੰ ਪਰੇਸ਼ਾਨੀਆਂ ਦਾ ਸਾਹਮਣਾ ਕਰਨਾ ਪਿਆ ਹੈ। ਇਸ ਦੇ ਲਈ ਪ੍ਰਸ਼ਾਸਨ ਜ਼ਿੰਮੇਵਾਰ ਹੈ। ਉਨ੍ਹਾਂ ਪਿੰਡ ਵੱਡਾ ਮੱਟਮ ਸਮੇਤ ਕਈ ਹੋਰ ਪਿੰਡਾਂ ਦੀ ਉਦਾਰਨ ਦਿੰਦਿਆਂ ਕਿਹਾ ਕਿ ਚੋਣਾਂ ਦੌਰਾਨ ਇਹ ਪਹਿਲੀ ਵਾਰ ਦੇਖਣ ਵਿੱਚ ਆਇਆ ਹੈ ਕਿ ਸੱਤਾਧਾਰੀ ਪਾਰਟੀ ਨਾਲ ਜੁੜੇ ਲੋਕ ਹਾਕਮ ਸਰਕਾਰ ਨੂੰ ਛੱਡ ਕੇ ਕਾਂਗਰਸ ਵੱਲੋਂ ਚੋਣ ਲੜੇ ਅਤੇ ਜੇਤੂ ਬਣੇ। ਉਨ੍ਹਾਂ ਜੇਤੂ ਰਹੀਆਂ ਪੰਚਾਇਤਾਂ ਨੂੰ ਵਧਾਈ ਵੀ ਦਿੱਤੀ। ਇਸ ਦੌਰਾਨ ਕਾਂਗਰਸ ਕਮੇਟੀ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਅਸ਼ੋਕ ਚੌਧਰੀ ਨੇ ਕਿਹਾ ਕਿ ਸਰਕਾਰ ਨੇ ਹਾਈਕੋਰਟ ਦੇ ਰੁਖ ਨੂੰ ਭਾਂਪਦਿਆਂ ਚੋਣਾਂ ਜਲਦਬਾਜ਼ੀ 'ਚ ਕਰਵਾਉਣ ਦਾ ਫੈਸਲਾ ਲਿਆ ਜਿਸ ਕਾਰਨ ਲੋਕਾਂ ਨੂੰ ਚੋਣਾਂ ਦੀਆਂ ਤਿਆਰੀਆਂ ਜੋਗਾ ਸਮਾਂ ਨਹੀਂ ਮਿਲਿਆ ਪ੍ਰੰਤੂ ਫਿਰ ਵੀ ਪੰਚਾਇਤੀ ਚੋਣਾਂ ਪੂਰੇ ਉਤਸ਼ਾਹ ਨਾਲ ਲੜੀਆਂ ਗਈਆਂ ਹਨ ਅਤੇ ਜਨਤਾ ਨੇ ਸੱਤਾਧਾਰੀਆ ਦੀ ਬਜਾਏ ਕਾਂਗਰਸ ਪੱਖੀ ਉਮੀਦਵਾਰਾਂ 'ਚ ਵਿਸ਼ਵਾਸ ਜਤਾਉਂਦਿਆਂ ਉਨ੍ਹਾਂ ਨੂੰ ਜੇਤੂ ਬਣਾਇਆ ਹੈ, ਜੋ ਕਾਂਗਰਸ ਪਾਰਟੀ ਦੀ ਵੱਡੀ ਜਿੱਤ ਹੈ। ਉਨ੍ਹਾਂ ਕਿਹਾ ਕਿ ਅਸਲੀਅਤ ਵਿੱਚ ਆਪ ਦੀ ਸਰਕਾਰ ਲੋਕਾਂ ਵਿੱਚ ਆਪਣਾ ਵਿਸ਼ਵਾਸ ਗਵਾ ਚੁੱਕੀ ਹੈ ਅਤੇ ਇਸੇ ਕਰਕੇ ਲੋਕ ਸਭਾ ਦੀਆਂ ਚੋਣਾਂ ਤੋਂ ਬਾਅਦ ਹੁਣ ਪੰਚਾਇਤੀ ਚੋਣਾਂ ਵਿੱਚ ਵੀ ਆਮ ਆਦਮੀ ਪਾਰਟੀ ਨੂੰ ਮੂੰਹ ਦੀ ਖਾਣੀ ਪਈ ਹੈ।ਅਸ਼ੋਕ ਚੌਧਰੀ ਨੇ ਕਿਹਾ ਕਿ ਇਸ ਆਗੂ ਵੱਲੋਂ ਕਈਆਂ ਪਿੰਡਾਂ 'ਚ ਮਨਮਰਜ਼ੀ ਦੀਆਂ ਪੰਚਾਇਤਾਂ ਬਣਾਉਣ ਦੀ ਕੋਸ਼ਿਸ਼ ਕੀਤੀ ਗਈ ਪਰ ਹਲਕੇ ਦੀ ਜਨਤਾ ਨੇ ਇਸ ਦੇ ਮਨਸੂਬਿਆਂ ਉੱਤੇ ਪਾਣੀ ਫੇਰ ਦਿੱਤਾ ਹੈ।

# ਪ੍ਰੇਮ ਸਿੰਘ ਬਾਠ ਚੌਥੀ ਵਾਰ ਪਿੰਡ ਤਰਫਾਨ ਦੀ ਪੰਚਾਇਤ ਬਣਾਉਣ 'ਚ ਕਾਮਯਾਬ ਹੋਏ



ਤਰਸਿੱਕਾ (ਤਰਸੇਮ ਸਿੰਘ ਸਾਧਪੁਰ)-ਵਿਧਾਨ ਸਭਾ ਹਲਕਾ ਮਜੀਠਾ ਅਤੇ ਬਲਾਕ ਤਰਸਿੱਕਾ ਅਧੀਨ ਪੈਂਦੇ ਪਿੰਡ ਤਰਫਾਨ ਤੋਂ ਪ੍ਰੇਮ ਸਿੰਘ ਬਾਠ ਲਗਾਤਾਰ ਚੌਥੀ ਵਾਰ ਪਿੰਡ ਦੇ ਬਿਨਾਂ ਮੁਕਾਬਲਾ ਸਰਪੰਚ ਚੁਣੇ ਗਏ ਹਨ ਅਤੇ ਨਾਲ ਹੀ 5 ਪੰਚਾਇਤ ਮੈਂਬਰ ਵੀ ਬਣਾਉਣ ਵਿੱਚ ਕਾਮਯਾਬ ਹੋਏ ਹਨ ਜਿਨ੍ਹਾਂ ਵਿੱਚ ਮੈਂਬਰ ਪੰਚਾਇਤ ਗੁਰਮੀਤ ਸਿੰਘ, ਸੁਖਜਿੰਦਰ ਸਿੰਘ, ਬਲਦੇਵ ਸਿੰਘ, ਸ੍ਰੀਮਤੀ ਰਾਜਬੀਰ ਕੌਰ ਬਿਨਾਂ ਮੁਕਾਬਲਾ ਮੈਂਬਰ ਪੰਚਾਇਤ ਚੁਣੇ ਗਏ ਹਨ ਜਦ ਕਿ ਸਿਰਫ ਇੱਕ ਸੀਟ ਤੋਂ ਪਿੰਡ ਤਰਫਾਨ ਵਿੱਚ ਮੈਂਬਰ ਪੰਚਾਇਤ ਦੀ ਚੋਣ ਹੋਈ ਹੈ ਜਿੱਥੋਂ ਪ੍ਰੇਮ ਸਿੰਘ ਬਾਠ ਦੇ ਉਮੀਦਵਾਰ ਹਰਦੀਪ ਸਿੰਘ ਜੰਡ ਦੀ ਪਤਨੀ ਮਨਿੰਦਰ ਪਾਲ ਕੌਰ ਆਪਣੇ ਵਿਰੋਧੀਆਂ ਨੂੰ ਪਛਾੜਦੇ ਹੋਏ ਭਾਰੀ ਬਹੁਮਤ ਦੇ ਨਾਲ ਮੈਂਬਰ ਪੰਚਾਇਤ ਚੁਣੇ ਗਏ ਹਨ। ਚੋਣ ਜਿੱਤਣ ਤੋਂ ਬਾਅਦ ਪਿੰਡ ਤਰਫਾਨ ਦੀ ਸਮੁੱਚੀ ਪੰਚਾਇਤ ਨੇ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਵਿਖੇ ਮੱਥਾ ਟੇਕਿਆ ਅਤੇ ਸੰਤ ਬਾਬਾ ਸੱਜਣ ਸਿੰਘ ਵੱਲੋਂ ਸਾਰੀ ਹੀ ਪੰਚਾਇਤ ਤੇ ਮੋਹਤਬਰਾਂ ਨੂੰ ਸਿਰੋਪੇ ਦੇ ਕੇ ਸਨਮਾਨਤ ਕਰਦਿਆਂ ਆਸ਼ੀਰਵਾਦ ਦਿੱਤਾ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਰਪੰਚ ਪ੍ਰੇਮ ਸਿੰਘ ਬਾਠ ਨੇ ਕਿਹਾ ਕਿ ਉਹ ਬਹੁਤ ਹੀ ਰਿਣੀ ਹਨ ਪਿੰਡ ਦੇ ਲੋਕਾਂ ਦੇ ਜਿਨ੍ਹਾਂ ਨੇ ਲਗਾਤਾਰ ਚੌਥੀ ਵਾਰ ਉਹਨਾਂ ਨੂੰ ਮਾਣ ਬਖਸ਼ਿਆ ਤੇ ਉਹ ਹੋਰ ਵੀ ਤਨਦੇਹੀ ਨਾਲ ਪਿੰਡ ਵਾਸੀਆਂ ਦੀ ਸੇਵਾ ਕਰਨਗੇ ।

## ਜ਼ਿਮਨੀ ਚੋਣ ਡੇਰਾ ਬਾਬਾ ਨਾਨਕ : ਜ਼ਿਲ੍ਹਾ ਚੋਣ ਅਫਸਰ ਵੱਲੋਂ ਨੋਡਲ ਅਫਸਰਾਂ ਨਾਲ ਮੀਟਿੰਗ



**ਡੇਰਾ ਬਾਬਾ ਨਾਨਕ, ਗੁਰਦਾਸਪੁਰ (ਰਮੇਸ਼ ਸ਼ਰਮਾ, ਜਨਕ ਮਹਾਜਨ)**- ਉਮਾ ਸ਼ੰਕਰ ਗੁਪਤਾ ਜ਼ਿਲ੍ਹਾ ਚੋਣ ਅਫਸਰ-ਕਮ-ਡਿਪਟੀ ਕਮਿਸ਼ਨਰ ਗੁਰਦਾਸਪੁਰ ਵੱਲੋਂ ਜ਼ਿਮਨੀ ਚੋਣ ਡੇਰਾ ਬਾਬਾ ਨਾਨਕ ਸਬੰਧੀ ਗਠਿਤ ਕੀਤੀਆਂ ਵੱਖ-ਵੱਖ ਟੀਮਾਂ ਦੇ ਨੋਡਲ ਅਫਸਰਾਂ ਨਾਲ ਮੀਟਿੰਗ ਕੀਤੀ ਗਈ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਸੁਰਿੰਦਰ ਸਿੰਘ, ਰਾਜਪਾਲ ਸਿੰਘ ਸੇਖੋਂ ਐੱਸ.ਡੀ.ਐੱਮ. ਡੇਰਾ ਬਾਬਾ ਨਾਨਕ, ਸ੍ਰੀਮਤੀ ਜਯੋਤਸਨਾ ਸਿੰਘ, ਐੱਸ.ਡੀ.ਐੱਮ. ਕਲਾਨੌਰ, ਮਨਜਿੰਦਰ ਸਿੰਘ, ਚੋਣ ਤਹਿਸੀਲਦਾਰ ਆਦਿ ਮੌਜੂਦ ਸਨ।ਮੀਟਿੰਗ ਦੌਰਾਨ ਜ਼ਿਲ੍ਹਾ ਚੋਣ ਅਫਸਰ ਗੁਰਦਾਸਪੁਰ ਨੇ ਕਿਹਾ ਕਿ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਦੀ ਸਖ਼ਤੀ ਨਾਲ ਪਾਲਣਾ ਕੀਤੀ ਜਾਵੇ ਅਤੇ ਆਦਰਸ਼ ਚੋਣ ਜ਼ਾਬਤਾ ਨੂੰ ਲਾਗੂ ਕਰਨ ਵਿੱਚ ਕੋਈ ਢਿੱਲਮੱਠ ਨਾ ਵਰਤੀ ਜਾਵੇ।ਉਨ੍ਹਾਂ ਅੱਗੇ ਦੱਸਿਆ ਕਿ ਜ਼ਿਮਨੀ ਚੋਣ ਦੀ ਪ੍ਰਕਿਰਿਆ ਦੀ ਨਿਗਰਾਨੀ ਲਈ ਐਕਸਪੈਂਡੀਚਰ ਮੋਨੀਟਰਿੰਗ ਟੀਮਾਂ ਸਥਾਪਤ ਕੀਤੀਆਂ ਗਈਆਂ ਹਨ। ਇਹ ਟੀਮਾਂ ਨਗਦੀ, ਸ਼ਰਾਬ ਅਤੇ ਨਸ਼ੀਲੇ ਪਦਾਰਥ ਵਾਲੀਆਂ ਗੱਡੀਆਂ ਦੀ ਖੋਜ ਕਰਨਗੀਆਂ। ਇਸ ਤੋਂ ਫਲਾਈਇੰਗ ਸੁਕੈਅਡ ਟੀਮਾਂ, ਫਲਾਇੰਗ ਸੁਕੈਅਡ ਸੀ-ਵਿਜ਼ਲ, ਸਟੇਟਿਕ ਸਰਵੇਲੈਂਸ ਟੀਮਾਂ, ਅਕਾਊਂਟਿੰਗ ਟੀਮਾਂ, ਵੀਡੀਓ ਸਰਵੀਲੈਂਸ ਟੀਮਾਂ, ਵੀਡੀਓ ਵੀਊਂਗ ਟੀਮਾਂ, ਲਿੱਕਰ ਮੋਨੀਟਰਿੰਗ ਟੀਮਾਂ ਤੇ ਸਹਾਇਕ ਖਰਚਾ ਆਬਜ਼ਰਵਰ ਤਾਇਨਾਤ ਕੀਤੇ ਗਏ ਹਨ।ਜ਼ਿਲ੍ਹਾ ਚੋਣ ਅਫਸਰ ਗੁਰਦਾਸਪੁਰ ਨੇ ਕਿਹਾ ਕਿ ਚੋਣ ਡਿਊਟੀ ਵਿੱਚ ਕਿਸੇ ਕਿਸਮ ਦੀ ਕੋਈ ਕੁਤਾਹੀ ਨਾ ਵਰਤੀ ਜਾਵੇ ਅਤੇ ਮਾਣਯੋਗ ਚੋਣ ਕਮਿਸ਼ਨ ਦੀਆਂ ਹਦਾਇਤਾਂ ਦੀ ਪਾਲਣਾ ਯਕੀਨੀ ਬਣਾਈ ਜਾਵੇ।

## ਨੌਜਵਾਨ ਦੀ ਮੋਟਰਸਾਈਕਲ ਦੀ ਲਪੇਟ 'ਚ ਆਉਣ ਨਾਲ ਮੌਤ

**ਗੁਰਦਾਸਪੁਰ (ਜਨਕ ਮਹਾਜਨ)**- ਥਾਣਾ ਘੁੰਮਣ ਕਲਾਂ ਅਧੀਨ ਆਉਂਦੇ ਪਿੰਡ ਮੀਰਚਚਾਨਾ ਦੇ ਰਹਿਣ ਵਾਲੇ ਇਕ ਨੌਜਵਾਨ ਦੀ ਤੇਜ਼ ਰਫ਼ਤਾਰ ਮੋਟਰਸਾਈਕਲ ਦੀ ਲਪੇਟ ਵਿਚ ਆਉਣ ਕਾਰਨ ਗੰਭੀਰ ਰੂਪ ਵਿਚ ਜ਼ਖਮੀ ਹੋਣ ਤੋਂ ਬਾਅਦ ਮੌਤ ਹੋ ਜਾਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ ਬਲਜੀਤ ਕੌਰ ਪਤਨੀ ਨਿਹਾਲ ਸਿੰਘ ਵਾਸੀ ਮੀਰਕਚਾਨਾ ਨੇ ਦੱਸਿਆ ਕਿ ਮੇਰਾ ਲੜਕਾ ਕੰਵਲਜੀਤ ਸਿੰਘ ਉਮਰ 25 ਸਾਲ 14 ਅਕਤੂਬਰ ਨੂੰ ਰਾਤ 9.30 ਵਜੇ ਦੇ ਕਰੀਬ ਸੰਤ ਬਾਬਾ ਹਜਾਰਾ ਸਿੰਘ ਦੀ ਬਰਸੀ 'ਤੇ ਗੁਰਦੁਆਰਾ ਅੰਗੀਠਾ ਸਾਹਿਬ ਮੱਥਾ ਟੇਕ ਕੇ ਆਪਣੇ ਮੋਟਰਸਾਈਕਲ ਸਪਲੈਂਡਰ 'ਤੇ ਘੁੰਮਣ ਖੁਰਦ ਤੋਂ ਵਾਪਸ ਸਤਸੰਗ ਭਵਨ ਘੁੰਮਣ ਕਲਾਂ ਨਜ਼ਦੀਕ ਪੁੱਜਾ ਤਾਂ ਕਿਸੇ ਨਾ-ਮਾਲੂਮ ਤੇਜ਼ ਰਫਤਾਰ ਮੋਟਰਸਾਈਕਲ ਆਇਆ ਜਿਸ ਦੇ ਚਾਲਕ ਨੇ ਗਲਤ ਦਿਸ਼ਾ ਵਿੱਚ ਲਿਆ ਕੇ ਮੇਰੇ ਲੜਕੇ ਦੇ ਮੋਟਰਸਾਈਕਲ ਵਿੱਚ ਮਾਰਿਆ, ਜਿਸ ਕਾਰਨ ਮੇਰੇ ਬੇਟੇ ਦੇ ਸੱਟਾਂ ਜ਼ਿਆਦਾ ਲੱਗਣ ਕਰਕੇ ਮੌਕੇ 'ਤੇ ਮੌਤ ਹੋ ਗਈ। ਥਾਣਾ ਘੁੰਮਣ ਕਲਾਂ ਪੁਲਸ ਨੇ ਨਾ-ਮਾਲੂਮ ਮੋਟਰਸਾਈਕਲ ਚਾਲਕ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

# ਰਿਆੜਕੀ ਕਾਲਜ 'ਚ 7 ਰੋਜ਼ਾ ਗੁਰਮਤਿ ਕੈਂਪ ਅਮਿੱਟ ਛਾਪ ਛੱਡ ਗਿਆ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਨਾਨਕ ਪੜ੍ਹੋ-ਨਾਨਕ ਵਿਚਾਰੋ-ਨਾਨਕ ਵਿਚਰੋ ਦੀ ਸੋਚ ਨੂੰ ਪ੍ਰਫੁਲਤ ਕਰਦਾ ਪੰਜਾਬ ਦਾ ਸ਼ਾਂਤੀ ਨਿਕੇਤਨ ਬਾਬਾ ਆਇਆ ਸਿੰਘ ਰਿਆੜਕੀ ਕਾਲਜ ਤੁਗਲਵਾਲਾ ਵਿਖੇ 34 ਵਾਂ ਸਲਾਨਾ 7 ਰੋਜ਼ਾ ਗੁਰਮਤਿ ਕੈਂਪ 53 ਵਿਦਿਆਰਥੀਆਂ ਦੁਆਰਾ ਖੰਡੇ ਬਾਟੇ ਦੀ ਪਾਹੁਲ ਛਕ ਕੇ ਸਮਾਪਤ ਹੋਇਆ। ਇਸ ਮੌਕੇ ਪ੍ਰਿੰਸੀਪਲ ਸਵਰਨ ਸਿੰਘ ਵਿਰਕ ਨੇ ਕਿਹਾ ਕਿ ਵਿਦਿਆਰਥੀਆਂ ਦੇ ਉੱਚੇ-ਸੁੱਚੇ ਕਿਰਦਾਰ, ਕੈਲੀਬਰ ਤੇ ਕਰੈਕਟਰ ਦੀ ਘਾੜਤ ਲਈ ਸੰਸਾਰੀ ਵਿੱਦਿਆ ਦੇ ਨਾਲ ਨਾਲ ਅਧਿਆਤਮਕ ਵਿੱਦਿਆ ਵੀ ਜ਼ਰੂਰੀ ਹੈ। ਇਸ ਮਕਸਦ ਲਈ ਸੰਸਥਾ ਵਿਖੇ ਹਰ ਗੁਰੂ ਸਾਹਿਬਾਨ, ਵੱਖ ਵੱਖ ਧਰਮਾਂ ਦੇ ਦਿਨ ਤਿਉਹਾਰ ਅਤੇ ਧਾਰਮਿਕ ਸਮਾਗਮ ਬੜੀ ਸ਼ਰਧਾ ਤੇ ਸਤਿਕਾਰ ਨਾਲ ਮਨਾਏ ਜਾਂਦੇ ਹਨ। ਇਨ੍ਹਾਂ ਸਮਾਗਮਾਂ ਵਿੱਚ ਗਿਆਨੀ ਮੇਵਾ ਸਿੰਘ ਯਾਦਗਾਰੀ ਕੈਂਪ ਸਭ ਤੋਂ ਮੋਹਰਲੀ ਕਤਾਰ ਵਿੱਚ ਹੁੰਦਾ ਹੈ ਅਤੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਧਰਮ ਪ੍ਰਚਾਰ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਸਹਿਯੋਗ ਨਾਲ 1991 ਵਿੱਚ ਗਿਆਨੀ ਮੇਵਾ ਸਿੰਘ ਵੱਲੋਂ ਸ਼ੁਰੂ ਕੀਤੀ ਗਈ ਅਤੇ ਉਨ੍ਹਾਂ ਦੇ ਅਕਾਲ ਚਲਾਣੇ ਉਪਰੰਤ ਗਿਆਨੀ ਦੀ ਯਾਦ ਵਿੱਚ ਉਨ੍ਹਾਂ ਵੱਲੋਂ ਚਲਾਈ ਲੜੀ ਤਹਿਤ 34ਵਾਂ ਕੈਂਪ ਲਗਾਇਆ ਗਿਆ। ਜਿਸ ਵਿੱਚ ਪੰਥ ਦੀਆਂ ਸਿਰਮੌਰ ਸ਼ਖ਼ਸੀਅਤਾਂ, ਮਹਾਨ, ਵਿਵੇਕਸ਼ੀਲ ਤੇ ਸੰਵੇਦਨਸ਼ੀਲ ਵਿਦਵਾਨ ਅਤੇ ਪ੍ਰਚਾਰਕਾਂ ਨੇ ਸ਼ਿਰਕਤ ਕੀਤੀ। ਕੀਰਤਨੀ ਜਥਿਆਂ ਦੁਆਰਾ ਰਸਭਿੰਨਾ ਕੀਰਤਨ ਕੀਤਾ ਗਿਆ। ਤਿੰਨ ਪੜਾਵਾਂ ਚ ਦੀਵਾਨ ਸੱਜਦਾ ਪਹਿਲੇ ਪੜਾਅ 'ਚ ਵਿਦਿਆਰਥੀ ਚਾਰ ਦਰਜਿਆਂ ਵਿੱਚ ਗੁਰਬਾਣੀ, ਸਿੱਖ ਇਤਿਹਾਸ ਅਤੇ ਸਿੱਖ ਰਹਿਤ ਮਰਿਆਦਾ ਸਬੰਧੀ ਅਲੱਗ ਅਲੱਗ ਲੈਕਚਰ, ਕਥਾ ਤੇ ਕੀਰਤਨ ਕਰਦਿਆਂ ਦੈਵੀ ਤੇ ਇਲਾਹੀ ਮਾਹੌਲ ਸਿਰਜਦੇ। ਦੂਸਰੇ ਪੜਾਅ 'ਚ ਕੌਮ ਦੇ ਪ੍ਰਸਿੱਧ ਢਾਡੀ, ਕਵੀਸ਼ਰ, ਕੀਰਤਨੀ ਜਥੇ ਪ੍ਰਚਾਰਕ ਤੇ ਵਿਦਵਾਨ ਇਤਿਹਾਸ ਤੇ ਗੁਰ ਇਤਿਹਾਸ ਦੀਆਂ ਲੜੀਵਾਰ ਕਥਾ ਕਹਾਣੀਆਂ ਸੁਣਾ ਕੇ, ਗਾ ਕੇ ਵਿਦਿਆਰਥੀਆਂ ਨੂੰ ਰੂਹਾਨੀਅਤ ਦੇ ਰੰਗ ਵਿੱਚ ਰੰਗਦੇ ਹਨ। ਤੀਸਰੇ ਪੜਾਅ 'ਚ ਹੋਸਟਲ ਵਿਦਿਆਰਥਣਾਂ ਨੇ ਧਾਰਮਿਕ ਫਿਲਮਾਂ ਪ੍ਰੋਜੈਕਟਰ ਦੇ ਪਰਦੇ 'ਤੇ ਦੇਖ ਕੇ ਗਿਆਨ ਵਿੱਚ ਵਾਧਾ ਕੀਤਾ। ਕੈਂਪ ਦੇ ਆਖਰੀ ਦਿਨ 53 ਵਿਦਿਆਰਥਣਾਂ ਨੇ ਪੰਜ ਪਿਆਰੇ ਤਖਤ ਸ੍ਰੀ ਅਕਾਲ ਤਖਤ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ ਰਾਹੀਂ ਖੰਡੇ ਬਾਟੇ ਦੀ ਪਾਹੁਲ ਛਕ ਕੇ ਗੁਰੂ ਵਾਲੀਆਂ ਬਣੀਆਂ। ਕੈਂਪ ਦੌਰਾਨ ਵਿਦਿਆਰਥੀਆਂ ਨੇ ਚਿੱਤਰ ਪ੍ਰਦਰਸ਼ਨੀ, ਪੁਸਤਕ ਪ੍ਰਦਰਸ਼ਨੀ ਦਾ ਭਰਪੂਰ ਆਨੰਦ ਮਾਣਿਆ। ਵਿਦਿਆਰਥੀਆਂ ਦੁਆਰਾ ਹੱਥੀਂ ਤਿਆਰ ਕੀਤੇ ਕਾਰਡ, ਮੈਗਜ਼ੀਨ ਤੇ ਵਾਲ ਮੈਗਜ਼ੀਨ ਖਿੱਚ ਦਾ ਕੇਂਦਰ ਰਹੇ। ਵਿਦਿਆਰਥਣਾਂ ਵੱਲੋਂ ਆਪਣੇ ਜਨਮ ਦਿਨ 'ਤੇ ਲਗਵਾਏ ਗੁਰਮਤਿ ਪ੍ਰਕਾਸ਼ ਰਸਾਲਿਆਂ ਵਿੱਚੋਂ ਸੀਨੀਅਰ ਸੈਕੰਡਰੀ ਵਿੰਗ ਨੇ ਵੱਧ ਤੋਂ ਵੱਧ ਰਸਾਲੇ ਲਗਵਾਉਣ ਵਿੱਚ ਪਹਿਲਾ ਸਥਾਨ ਹਾਸਿਲ ਕੀਤਾ ਅਤੇ ਅੰਮ੍ਰਿਤਪਾਨ ਕਰਨ ਵਾਲਿਆਂ ਵਿੱਚ ਮਿਡਲ ਵਿੰਗ ਤੇ ਸੀਨੀਅਰ ਵਿਭਾਗ ਨੇ ਪਹਿਲਾ ਸਥਾਨ ਹਾਸਲ ਕੀਤਾ ਜਿਨ੍ਹਾਂ ਨੂੰ ਵਿਸ਼ੇਸ਼ ਸਨਮਾਨ ਨਾਲ ਸਨਮਾਨਿਆ ਗਿਆ। ਇਸ ਮੌਕੇ ਸੰਸਥਾ ਦੇ ਪ੍ਰਕਾਸ਼ਨ ਵਿਭਾਗ ਵੱਲੋਂ ਗਿਆਨੀ ਮੇਵਾ ਸਿੰਘ ਦੀ ਜੀਵਨੀ, ਉਨ੍ਹਾਂ ਦੇ ਪ੍ਰਚਾਰ ਦੀ ਵਹੀਰ ਬਾਰੇ ਜਾਣਕਾਰੀ ਤੇ ਸੰਸਥਾ 'ਚ ਲਗਾਏ 7 ਰੋਜ਼ਾ 9 ਕੈਂਪਾਂ ਦਾ ਵੇਰਵਾ ਆਦਿ ਬਾਰੇ ਕਿਤਾਬਚਾ ਛਾਪ ਕੇ ਵੰਡਿਆ ਗਿਆ। ਲੰਗਰ ਅਟੁੱਟ ਵਰਤਾਇਆ ਗਿਆ ਤੇ ਬਾਹਰੋਂ ਆਏ ਮਹਿਮਾਨਾਂ ਨੂੰ ਸਿਰੋਪਾਓ ਤੇ ਸਨਮਾਨ ਚਿੰਨ੍ਹ ਨਾਲ ਸਨਮਾਨਤ ਵੀ ਕੀਤਾ ਗਿਆ।

**ਜ਼ਿਮਨੀ ਚੋਣ, ਡੇਰਾ ਬਾਬਾ ਨਾਨਕ-2024**

# ਜ਼ਿਲ੍ਹਾ ਚੋਣ ਅਧਿਕਾਰੀ-ਕਮ-ਡਿਪਟੀ ਕਮਿਸ਼ਨਰ ਵੱਲੋਂ ਰਾਜਸੀ ਪਾਰਟੀਆਂ ਨਾਲ ਮੀਟਿੰਗ



ਗੁਰਦਾਸਪੁਰ, (ਦਿਨੇਸ਼ ਕੁਮਾਰ ) - ਜ਼ਿਲ੍ਹਾ ਚੋਣ ਅਧਿਕਾਰੀ-ਕਮ-ਡਿਪਟੀ ਕਮਿਸ਼ਨਰ ਗੁਰਦਾਸਪੁਰ ਉਮਾ ਸ਼ੰਕਰ ਗੁਪਤਾ ਨੇ ਸਮੂਹ ਰਾਜਨੀਤਕ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਅਪੀਲ ਕੀਤੀ ਹੈ ਕਿ ਉਹ ਜ਼ਿਮਨੀ ਚੋਣ ਡੇਰਾ ਬਾਬਾ ਨਾਨਕ ਦੇ ਮੱਦੇਨਜ਼ਰ ਲੱਗੇ ਆਦਰਸ਼ ਚੋਣ ਜ਼ਾਬਤੇ ਦੀ ਇੰਨ-ਬਿੰਨ ਪਾਲਣਾ ਕਰਨ ਅਤੇ ਸਮੁੱਚੇ ਚੋਣ ਅਮਲ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਨ ਲਈ ਆਪਣਾ ਪੂਰਾ ਸਹਿਯੋਗ ਦੇਣ।ਜ਼ਿਲ੍ਹਾ ਚੋਣ ਅਧਿਕਾਰੀ ਵਲੋਂ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਕਾਨਫਰੰਸ ਹਾਲ ਵਿਖੇ ਸਮੂਹ ਰਾਜਨੀਤਕ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਤੋਂ ਜਾਣੂ ਕਰਵਾਉਣ ਲਈ ਵਿਸ਼ੇਸ਼ ਮੀਟਿੰਗ ਕੀਤੀ ਗਈ। ਇਸ ਮੌਕੇ ਸੁਰਿੰਦਰ ਸਿੰਘ, ਵਧੀਕ ਡਿਪਟੀ ਕਮਿਸ਼ਨਰ (ਜ), ਗੁਰਦਾਸਪੁਰ, ਮਨਜਿੰਦਰ ਸਿੰਘ, ਚੋਣ ਤਹਿਸੀਲਦਾਰ, ਆਮ ਆਦਮੀ ਪਾਰਟੀ ਤੋਂ ਸ਼ਮਸ਼ੇਰ ਸਿੰਘ ਅਤੇ ਹੀਤੇਸ਼ ਮਹਾਜਨ, ਕਾਂਗਰਸ ਪਾਰਟੀ ਤੋਂ ਗੁਰਵਿੰਦਰ ਪਾਲ ਅਤੇ ਦਵਿੰਦਰ ਸਿੰਘ, ਮੇਘ ਦਰਸ਼ਨ ਪਾਰਟੀ ਤੋਂ ਸੰਤੋਸ਼ ਕੁਮਾਰੀ ਅਤੇ ਐਮ ਈ ਡੀ ਪੀ ਤੋਂ ਸੁਭਾਸ਼ ਚੰਦਰ ਮੌਜੂਦ ਸਨ।ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਉਮਾ ਸ਼ੰਕਰ ਗੁਪਤਾ ਨੇ ਕਿਹਾ ਕਿ ਮਾਣਯੋਗ ਭਾਰਤ ਚੋਣ ਕਮਿਸ਼ਨ ਵਲੋਂ ਬੀਤੇ ਕੱਲ੍ਹ ਜ਼ਿਮਨੀ ਚੋਣ ਡੇਰਾ ਬਾਬਾ ਨਾਨਕ ਦਾ ਐਲਾਨ ਕਰ ਦਿੱਤਾ ਗਿਆ ਹੈ ਅਤੇ ਚੋਣਾਂ ਦੇ ਐਲਾਨ ਤੋਂ ਬਾਅਦ ਹੀ ਆਦਰਸ਼ ਚੋਣ ਜ਼ਾਬਤਾ ਲਾਗੂ ਹੋ ਗਿਆ ਹੈ, ਜੋ ਚੋਣ ਪ੍ਰੀਕਿਰਿਆ ਮੁਕੰਮਲ ਹੋਣ ਤੱਕ ਲਾਗੂ ਰਹੇਗਾ। ਉਨ੍ਹਾਂ ਆਮ ਜਨਤਾ, ਸਮੂਹ ਰਾਜਸੀ ਪਾਰਟੀਆਂ ਨੂੰ ਅਪੀਲ ਕੀਤੀ ਕਿ ਚੋਣਾਂ ਨੂੰ ਅਮਨ-ਸ਼ਾਂਤੀ ਅਤੇ ਪਾਰਦਰਸ਼ੀ ਬਣਾਉਣ ਲਈ ਸਮੁੱਚੇ ਜ਼ਿਲ੍ਹੇ ਵਿਚ ਚੋਣ ਜ਼ਾਬਤੇ ਦੀ ਇੰਨ-ਬਿੰਨ ਪਾਲਣਾ ਕੀਤੀ ਜਾਵੇ ।ਜ਼ਿਲ੍ਹਾ ਚੋਣ ਅਧਿਕਾਰੀ ਨੇ ਦੱਸਿਆ ਕਿ ਜ਼ਿਮਨੀ ਚੋਣ ਪ੍ਰਕਿਰਿਆ ਦੀ ਨਿਗਰਾਨੀ ਲਈ ਫਲਾਈਂਗ ਸੁਕੈਡ, ਸਟੈਟਿਕ ਸਰਵੀਲੈਂਸ ਟੀਮਾਂ, ਵੀਡੀਓ ਸਰਵੀਲੈਂਸ ਟੀਮਾਂ, ਅਕਾਊਂਟਿੰਗ ਟੀਮਾਂ, ਵੀਡੀਓ ਵਿਊਵਿੰਗ ਟੀਮਾਂ, ਲੀਕਰ ਮੋਨੀਟਰਿੰਗ ਟੀਮਾਂ, ਡਰੱਗ ਕੰਟਰੋਲ ਟੀਮਾਂ, ਅਸਿਸਟੈਂਟ ਐਕਸਪੈਂਡੀਚਰ ਅਬਜ਼ਰਵਰ ਅਤੇ ਜ਼ਿਲ੍ਹਾ ਪੱਧਰ 'ਤੇ ਮੀਡੀਆ ਮੋਨੀਟਰਿੰਗ ਅਤੇ ਸਰਟੀਫਿਕੇਸ਼ਨ ਕਮੇਟੀ (ਐੱਮ.ਸੀ.ਐੱਮ.ਸੀ.) ਦਾ ਗਠਨ ਕਰ ਦਿੱਤਾ ਗਿਆ ਹੈ। ਇਹ ਟੀਮਾਂ ਜ਼ਿਮਨੀ ਚੋਣ ਨਾਲ ਸਬੰਧਤ ਦਿਨ-ਰਾਤ 24 ਘੰਟੇ ਕੰਮ ਕਰਨਗੀਆਂ।ਜ਼ਿਲ੍ਹਾ ਚੋਣ ਅਧਿਕਾਰੀ ਨੇ ਦੱਸਿਆ ਕਿ ਚੋਣ ਕਮਿਸ਼ਨ ਨੇ ਚੋਣ ਲੜਨ ਵਾਲੇ ਉਮੀਦਵਾਰਾਂ ਦੇ ਖ਼ਰਚੇ ਦੀ ਹੱਦ 28 ਲੱਖ ਤੋਂ ਵਧਾ ਕੇ 40 ਲੱਖ ਰੁਪਏ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਉਮੀਦਵਾਰ ਵੱਲੋਂ ਆਪਣੇ ਸਾਰੇ ਚੋਣ ਖ਼ਰਚੇ ਨੂੰ ਖ਼ਰਚਾ ਰਜਿਸਟਰ ਵਿੱਚ ਦਰਜ ਕੀਤਾ ਜਾਵੇਗਾ ਅਤੇ ਇਸ ਦੇ ਨਾਲ ਹੀ ਚੋਣ ਦਫ਼ਤਰ ਵੱਲੋਂ ਵੀ ਉਮੀਦਵਾਰ ਦੇ ਖਰਚੇ ਦਾ ਹਿਸਾਬ ਰੱਖਣ ਲਈ ਸ਼ੈਡੋ ਖ਼ਰਚਾ ਰਜਿਸਟਰ ਲਗਾਇਆ ਜਾਵੇਗਾ। ਜ਼ਿਲ੍ਹਾ ਚੋਣ ਅਧਿਕਾਰੀ ਨੇ ਸਮੂਹ ਮਾਨਤਾ ਪ੍ਰਾਪਤ ਰਾਜਸੀ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਦੱਸਿਆ ਕਿ ਚੋਣ ਪ੍ਰਚਾਰ ਲਈ ਵਰਤੀ ਗਈ ਸਰਕਾਰੀ ਪ੍ਰਾਪਰਟੀ ਉੱਪਰ ਇਸ਼ਤਿਹਾਰ/ਪੇਂਟਿੰਗ ਨੂੰ ਤੁਰੰਤ ਹਟਾਇਆ ਜਾਵੇ। ਉਨ੍ਹਾਂ ਕਿਹਾ ਕਿ ਕੋਈ ਵੀ ਰਾਜਨੀਤਕ ਪਾਰਟੀ ਜਾਂ ਉਮੀਦਵਾਰ ਜਾਂ ਉਸ ਦੇ ਵਰਕਰਾਂ ਨੂੰ ਕਿਸੇ ਵਿਅਕਤੀ ਦੀ ਆਗਿਆ ਬਿਨਾਂ ਉਸ ਦੀ ਜ਼ਮੀਨ, ਇਮਾਰਤ ਜਾਂ ਕੰਧ ਉੱਤੇ ਝੰਡੇ, ਬੈਨਰ, ਨੋਟਿਸ ਚਿਪਕਾਉਣਾ, ਨਾਅਰੇ ਆਦਿ ਲਿਖਣ ਦੀ ਆਗਿਆ ਨਹੀਂ ਹੋਵੇਗੀ। ਕੋਈ ਵੀ ਮੰਤਰੀ/ਰਾਜਸੀ ਲੀਡਰ ਚੋਣਾਂ ਦੇ ਕੰਮਾਂ/ਪ੍ਰਚਾਰ ਲਈ ਸਰਕਾਰੀ ਗੱਡੀਆਂ/ਮਸ਼ੀਨਰੀ ਦੀ ਵਰਤੋਂ ਨਹੀਂ ਕਰੇਗਾ ਅਤੇ ਨਾ ਹੀ ਸਰਕਾਰੀ ਕਰਮਚਾਰੀਆਂ ਨੂੰ ਚੋਣਾਂ ਦੌਰਾਨ ਰੈਲੀ ਆਦਿ ਲਈ ਵਰਤਿਆ ਜਾਵੇਗਾ।ਉਨ੍ਹਾਂ ਕਿਹਾ ਕਿ ਕਿਸੇ ਵੀ ਪਾਰਟੀ/ਨੇਤਾ ਨੂੰ ਸਰਕਾਰੀ ਰੈਸਟ ਹਾਊਸਾਂ ਅਤੇ ਹੋਰ ਸਰਕਾਰੀ ਰਿਹਾਇਸ਼ਾਂ ਨੂੰ ਵਰਤਣ ਜਾਂ ਮੀਟਿੰਗ ਆਦਿ ਕਰਨ ਦੀ ਆਗਿਆ ਨਹੀਂ ਹੋਵੇਗੀ। ਜ਼ਿਲ੍ਹਾ ਚੋਣ ਅਧਿਕਾਰੀ-ਕਮ-ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਰਾਜਸੀ ਪਾਰਟੀਆਂ/ਉਮੀਦਵਾਰਾਂ ਵੱਲੋਂ ਜ਼ਿਮਨੀ ਚੋਣ ਦੌਰਾਨ ਅਖ਼ਬਾਰਾਂ, ਟੀ.ਵੀ.ਚੈਨਲਾਂ, ਸੋਸ਼ਲ ਮੀਡੀਆ 'ਤੇ ਲੱਗਣ ਵਾਲੇ ਇਸ਼ਤਿਹਾਰ ਤੇ ਪੇਡ ਨਿਊਜ਼ ਨੂੰ ਬਾਰੀਕੀ ਨਾਲ ਵਾਚਣ ਲਈ ਜ਼ਿਲ੍ਹਾ ਪੱਧਰ 'ਤੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਗੁਰਦਾਸਪੁਰ, ਬਲਾਕ-ਏ, ਕਮਰਾ ਨੰਬਰ 314 ਵਿਖੇ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਗੁਰਦਾਸਪੁਰ ਦੀ ਨਿਗਰਾਨੀ ਹੇਠ ਮੀਡੀਆ ਸਰਟੀਫਿਕੇਸ਼ਨ ਐਂਡ ਮੋਨੀਟਰਿੰਗ ਕਮੇਟੀ ਦਾ ਗਠਨ ਕੀਤਾ ਗਿਆ ਹੈ, ਜਿਸ ਵਿਚ ਲਗਾਤਾਰ ਪਾਰਟੀ/ਉਮੀਦਵਾਰਾਂ ਵੱਲੋਂ ਛਪਵਾਏ ਜਾਣ ਵਾਲੇ ਪ੍ਰਿੰਟ, ਇਲੈੱਕਟ੍ਰਾਨਿਕ ਤੇ ਸੋਸ਼ਲ ਮੀਡੀਆ ਵਿਚ ਦਿੱਤੇ ਜਾਂਦੇ ਇਸ਼ਤਿਹਾਰਾਂ ਤੇ ਸ਼ੱਕੀ ਪੇਡ ਨਿਊਜ਼ ਦਾ ਨਿਰੀਖਣ ਕੀਤਾ ਜਾਵੇਗਾ। ਐੱਮ.ਸੀ.ਐੱਮ.ਸੀ ਵੱਲੋਂ ਰੋਜ਼ਾਨਾ ਛਪਣ ਵਾਲੇ ਇਸ਼ਤਿਹਾਰਾਂ ਦਾ ਉਮੀਦਵਾਰ ਵਾਈਜ਼ ਰਿਕਾਰਡ ਮੈਨਟੇਨ ਕੀਤਾ ਜਾਵੇਗਾ ਅਤੇ ਇਸ਼ਤਿਹਾਰ ਦਾ ਖਰਚਾ ਸਬੰਧਤ ਸਹਾਇਕ ਰਿਟਰਨਿੰਗ ਅਫ਼ਸਰ ਨੂੰ ਭੇਜਿਆ ਜਾ ਰਿਹਾ ਹੈ, ਤਾਂ ਜੋ ਖਰਚਾ ਕਮੇਟੀ ਜ਼ਰੀਏ ਸਬੰਧਤ ਉਮੀਦਵਾਰ ਦੇ ਚੋਣ ਖ਼ਰਚੇ ਵਿੱਚ ਇਸ਼ਤਿਹਾਰਬਾਜ਼ੀ ਦਾ ਖਰਚਾ ਜੋੜਿਆ ਜਾ ਸਕੇ। ਇਸ ਸਬੰਧੀ ਭਾਰਤ ਚੋਣ ਕਮਿਸ਼ਨ ਵੱਲੋਂ ਜਾਰੀ ਹਦਾਇਤਾਂ ਨੂੰ ਇੰਨ-ਬਿੰਨ ਲਾਗੂ ਕੀਤਾ ਜਾਵੇਗਾ ਅਤੇ ਉਲੰਘਣਾ ਕਰਨ ਵਾਲੇ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ । ਉਨ੍ਹਾਂ ਦੱਸਿਆ ਕਿ ਜ਼ਿਮਨੀ ਚੋਣ ਦੇ ਮੱਦੇਨਜ਼ਰ ਜ਼ਿਲ੍ਹੇ ਵਿੱਚ ਅਮਨ-ਕਾਨੂੰਨ ਨੂੰ ਬਰਕਰਾਰ ਰੱਖਣ ਅਤੇ ਲੋਕਾਂ ਵਿੱਚ ਸੁਰੱਖਿਆ ਦੀ ਭਾਵਨਾ ਪੈਦਾ ਕਰਨ ਲਈ ਪੁਲਸ ਵਿਭਾਗ ਵਲੋਂ ਵੀ ਲੋੜੀਂਦੇ ਪ੍ਰਬੰਧ ਕੀਤੇ ਗਏ ਹਨ।ਜ਼ਿਲ੍ਹਾ ਚੋਣ ਅਧਿਕਾਰੀ-ਕਮ-ਡਿਪਟੀ ਕਮਿਸ਼ਨਰ ਗੁਰਦਾਸਪੁਰ ਉਮਾ ਸ਼ੰਕਰ ਗੁਪਤਾ ਨੇ ਜ਼ਿਮਨੀ ਚੋਣ ਡੇਰਾ ਬਾਬਾ ਨਾਨਕ ਦੇ ਸਬੰਧ ਵਿੱਚ ਮੀਡੀਆ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ 18 ਅਕਤੂਬਰ ਨੂੰ ਨੋਟੀਫਿਕੇਸ਼ਨ ਜਾਰੀ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਨਾਮਜ਼ਦਗੀਆਂ ਭਰਨ ਦੀ ਆਖਰੀ ਮਿਤੀ 25 ਅਕਤੂਬਰ ਹੋਵੇਗੀ ਅਤੇ ਨਾਮਜ਼ਦਗੀ ਪੱਤਰਾਂ ਦੀ ਪੜਤਾਲ 28 ਅਕਤੂਬਰ ਨੂੰ ਕੀਤੀ ਜਾਵੇਗੀ ਜਦਕਿ ਨਾਮਜ਼ਦਗੀ ਪੱਤਰ ਵਾਪਸ ਲੈਣ ਦੀ ਅੰਤਿਮ ਮਿਤੀ 30 ਅਕਤੂਬਰ ਹੈ। ਉਨ੍ਹਾਂ ਦੱਸਿਆ ਕਿ 13 ਨਵੰਬਰ ਨੂੰ ਵੋਟਾਂ ਪੈਣਗੀਆਂ ਅਤੇ 23 ਨਵੰਬਰ ਨੂੰ ਵੋਟਾਂ ਦੀ ਗਿਣਤੀ ਤੋਂ ਬਾਅਦ ਨਤੀਜਾ ਐਲਾਨਿਆ ਜਾਵੇਗਾ।

ਚੋਣ ਜ਼ਾਬਤਾ ਚੋਣ ਪ੍ਰਕਿਰਿਆ ਮੁਕੰਮਲ ਹੋਣ ਤੱਕ 25 ਨਵੰਬਰ, 2024 ਤੱਕ ਲਾਗੂ ਰਹੇਗਾ। ਉਨ੍ਹਾਂ ਦੱਸਿਆ ਕਿ 10-ਡੇਰਾ ਬਾਬਾ ਨਾਨਕ ਵਿੱਚ ਕੁੱਲ ਵੋਟਰ 1 ਲੱਖ 93 ਹਜ਼ਾਰ 268 ਹਨ। ਜਿਨ੍ਹਾਂ ਵਿੱਚ 101780 ਮਰਦ, 91481 ਔਰਤਾਂ, 7 ਕਿੰਨਰ, 6974 ਨੌਜਵਾਨ (18-19), 1354 ਦਿਵਿਆਂਗ ਵੋਟਰ, 26 ਪਰਵਾਸੀ ਭਾਰਤੀ ਅਤੇ 1864 ਸੀਨੀਅਰ ਸਿਟੀਜ਼ਨ/85 ਪਲੱਸ ਵੋਟਰ ਹਨ। ਸਰਵਿਸ ਵੋਟਰਾਂ ਦੀ ਗਿਣਤੀ 2330 ਹੈ। ਹਲਕੇ ਵਿੱਚ 193 ਪੋਲਿੰਗ ਲੋਕੇਸ਼ਨਾਂ ਤੇ ਕੁਲ 241 ਪੋਲਿੰਗ ਸਟੇਸ਼ਨ ਬਣਾਏ ਗਏ ਹਨ। ਪੋਲਿੰਗ ਸਟੇਸ਼ਨਾਂ ਵਿੱਚ ਵੀਲ ਚੇਅਰ, ਪੀਣ ਵਾਲਾ ਪਾਣੀ, ਬਿਜਲੀ, ਹੈਲਪ ਡੈਸਕ ਆਦਿ ਦੇ ਪ੍ਰਬੰਧ ਕੀਤੇ ਗਏ ਹਨ।

18-Oct-PAGE-12.qxd 10/17/2024 9:58 PM Page 1



# 'ਆਪ' ਨੇ ਵਲਟੋਹਾ ਵੱਲੋਂ ਗਿਆਨੀ ਹਰਪ੍ਰੀਤ ਸਿੰਘ ਖਿਲਾਫ ਅਪਮਾਨਜਨਕ ਟਿੱਪਣੀ ਦੀ ਕੀਤੀ ਨਿਖੇਧੀ



**ਚੰਡੀਗੜ੍ਹ, (ਗੁਰਜੀਤ ਬਿੱਲਾ)** ਆਮ ਆਦਮੀ ਪਾਰਟੀ (ਆਪ) ਨੇ ਸ਼੍ਰੋਮਣੀ ਅਕਾਲੀ ਦਲ (ਬਾਦਲ) ਦੇ ਆਗੂ ਵਿਰਸਾ ਸਿੰਘ ਵਲਟੋਹਾ ਵਲੋਂ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਵਿਰੁੱਧ ਕੀਤੀ ਗਈ ਅਪਮਾਨਜਨਕ ਟਿੱਪਣੀ ਦੀ ਸਖਤ ਸ਼ਬਦਾਂ 'ਚ ਨਿਖੇਧੀ ਕੀਤੀ ਹੈ। ਮੀਡੀਆ ਨੂੰ ਜਾਰੀ ਇੱਕ ਬਿਆਨ ਵਿੱਚ 'ਆਪ' ਦੇ ਸੰਸਦ ਮੈਂਬਰ ਮਲਵਿੰਦਰ ਸਿੰਘ ਕੰਗ ਨੇ ਕਿਹਾ ਕਿ ਅਕਾਲੀ ਦਲ ਬਾਦਲ ਦੇ ਆਗੂਆਂ ਦਾ ਇਹ ਵਤੀਰਾ ਜਿੱਥੇ ਉਹ ਗਿਆਨੀ ਰਘੁਬੀਰ ਸਿੰਘ ਨੂੰ ਉਨ੍ਹਾਂ ਦੇ ਘਰ ਜਾ ਕੇ ਧਮਕੀਆਂ ਦੇਣਾ ਅਤੇ ਗਿਆਨੀ ਹਰਪ੍ਰੀਤ ਸਿੰਘ ਪ੍ਰਤੀ ਅਜਿਹੀ ਅਪਮਾਨਜਨਕ ਭਾਸ਼ਾ ਦੀ ਵਰਤੋਂ ਕਰਦੇ ਹਨ, ਪਾਰਟੀ ਦੀ ਗਿਰਦੀ ਰਜਨੀਤਿਕ ਸਾਖ ਨੂੰ ਦਰਸਾਉਂਦਾ ਹੈ। ਬਾਦਲ ਪਰਵਾਰ ਨੇ ਨਿੱਜੀ ਲਾਭ ਲਈ ਸਿੱਖ ਸੰਸਥਾਵਾਂ ਦੀ ਦੁਰਵਰਤੋਂ ਕਰਨ ਦਾ ਲਗਾਤਾਰ ਨਮੂਨਾ ਦਿਖਾਇਆ ਹੈ, ਜੋ ਕਿ ਬਰਦਾਸਤਯੋਗ ਨਹੀਂ ਹੈ। ਕੰਗ ਨੇ ਗਿਆਨੀ ਹਰਪ੍ਰੀਤ ਸਿੰਘ ਨੂੰ ਆਪਣੇ ਅਸਤੀਫੇ 'ਤੇ ਮੁੜ ਵਿਚਾਰ ਕਰਨ ਦੀ ਬੇਨਤੀ ਕੀਤੀ, ਕਿਉਂਕਿ ਉਨ੍ਹਾਂ ਦੀ ਅਗਵਾਈ ਸਿੱਖ ਭਾਈਚਾਰੇ ਅਤੇ ਪੰਜਾਬ ਲਈ ਬਹੁਤ ਜਰੂਰੀ ਹੈ। ਆਪ ਲੋਕ ਸੇਵਾ ਲਈ ਵਿਸੇਸ ਸਿਧਾਂਤਵਾਦੀ ਨੇਤਾਵਾਂ ਦਾ ਸਮਰਥਨ ਕਰਦੀ ਹੈ। ਕੰਗ ਨੇ ਕਿਹਾ ਕਿ ਗਿਆਨੀ ਹਰਪ੍ਰੀਤ ਸਿੰਘ ਇੱਕ ਈਮਾਨਦਾਰ ਨੇਤਾ ਅਤੇ ਕਈ ਸਾਲਾਂ ਤੋਂ ਸਿੱਖ ਭਾਈਚਾਰੇ ਦੀ ਸੇਵਾ ਕਰ ਰਹੇ ਹਨ। ਸਾਡੀ ਕੌਮ ਨੂੰ ਉਨ੍ਹਾਂ ਦੇ ਮਾਰਗਦਰਸ਼ਨ ਦੀ ਲੋੜ ਹੈ ।

# ਜਲੰਧਰ ਮੰਡੀਆਂ 'ਚ 103230 ਮੀਟਰਕ ਟਨ ਝੋਨੇ ਦੀ ਖਰੀਦ

**ਜਲੰਧਰ (ਸੁਰਿੰਦਰ ਕੁਮਾਰ)** ਸਥਾਨਕ ਜਲੰਧਰ ਦੀਆ ਮੰਡੀਆਂ ਵਿੱਚ ਸੁਚਾਰੂ ਢੰਗ ਨਾਲ ਲਿਫਟਿੰਗ ਯਕੀਨੀ ਬਣਾਉਣ ਦੀ ਹਦਾਇਤ ਕਰਦਿਆਂ ਕਿਹਾ ਕਿ ਕਿਸੇ ਵੀ ਤਰ੍ਹਾਂ ਦੀ ਢਿਲਮੱਠ ਦੀ ਨੀਤੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਉਨ੍ਹਾਂ ਕਿਹਾ ਕਿ ਐਸ ਡੀ ਐਮਜ਼ ਆਪਣੀ ਸਬ-ਡਵੀਜ਼ਨ ਅਧੀਨ ਪੈਂਦੇ ਖਰੀਦ ਕੇਂਦਰਾਂ ਦਾ ਲਗਾਤਾਰ ਜਾਇਜ਼ਾ ਲੈਣ, ਤਾਂ ਜੋ ਕਿਸੇ ਵੀ ਮੰਡੀ ਵਿੱਚ ਕੋਈ ਦਿੱਕਤ ਨਾ ਆ ਸਕੇ।ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਹੁਣ ਤੱਕ 109903 ਮੀਟਰਕ ਟਨ ਝੋਨੇ ਦੀ ਆਮਦ ਹੋਈ ਹੈ, ਜਿਸ ਵਿਚੋਂ 103230 ਮੀਟਰਕ ਟਨ ਝੋਨੇ ਦੀ ਖਰੀਦ ਕੀਤੀ ਜਾ ਚੁੱਕੀ ਹੈ।ਉਨ੍ਹਾਂ ਕਿਹਾ ਖਰੀਦ ਕੀਤੇ ਝੋਨੇ ਦੀ 181 ਕਰੋੜ ਰੁਪਏ ਦੀ ਅਦਾਇਗੀ ਵੀ ਯਕੀਨੀ ਬਣਾਈ ਗਈ ਹੈ।ਡਿਪਟੀ ਕਮਿਸ਼ਨਰ ਨੇ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲੈਂਦਿਆਂ ਅਧਿਕਾਰੀਆਂ ਨੂੰ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਝੋਨੇ ਦੀ ਨਿਰਵਿਘਨ ਖਰੀਦ, ਲਿਫਟਿੰਗ ਅਤੇ ਸਮੇਂ-ਸਿਰ ਅਦਾਇਗੀ ਯਕੀਨੀ ਬਣਾਉਣ ਦੀ ਹਦਾਇਤ ਕਰਦਿਆਂ ਕਿਹਾ ਕਿ ਕਿਸਾਨਾਂ ਨੂੰ ਕਿਸੇ ਵੀ ਪ੍ਰਕਾਰ ਦੀ ਸਮੱਸਿਆ ਨਾ ਆਉਣ ਦਿੱਤੀ ਜਾਵੇ।ਉਨ੍ਹਾਂ ਲਿਫਟਿੰਗ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਸਬੰਧਿਤ ਅਧਿਕਾਰੀ ਖੁਦ ਲਗਾਤਾਰ ਮੰਡੀਆਂ ਵਿੱਚ ਜਾ ਕੇ ਸੁਚਾਰੂ ਢੰਗ ਨਾਲ ਲਿਫਟਿੰਗ ਯਕੀਨੀ ਬਣਾਉਣ।

# ਭੁੱਲਰ ਵੱਲੋਂ ਜੇਲ੍ਹਾਂ ਨੂੰ ਹੋਰ ਸੁਰੱਖਿਅਤ ਬਣਾਉਣ ਲਈ ਤਕਨਾਲੋਜੀ ਅਪਨਾਉਣ 'ਤੇ ਜ਼ੋਰ




**ਚੰਡੀਗੜ੍ਹ, (ਕ੍ਰਿਸ਼ਨ ਗਰਗ)** ਪੰਜਾਬ ਦੇ ਜੇਲ੍ਹਾਂ ਬਾਰੇ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਸੂਬੇ ਦੀਆਂ ਜੇਲ੍ਹਾਂ ਨੂੰ ਹੋਰ ਸੁਰੱਖਿਅਤ ਬਣਾਉਣ ਲਈ ਆਰਟੀਫਿਸ਼ਲ ਇੰਟੈਲੀਜੈਂਸ (ਏ.ਆਈ) ਆਧਾਰਤ ਅਤੇ ਅਤਿ-ਆਧੁਨਿਕ ਤਕਨਾਲੌਜੀ ਅਪਨਾਉਣ 'ਤੇ ਜ਼ੋਰ ਦਿੱਤਾ ਹੈ।ਇਥੇ ਜੇਲ੍ਹ ਵਿਭਾਗ ਦੇ ਉੱਚ ਅਧਿਕਾਰੀਆਂ ਅਤੇ ਸੂਬੇ ਦੀਆਂ ਸਮੂਹ ਜੇਲ੍ਹਾਂ ਦੇ ਅਧਿਕਾਰੀਆਂ ਨਾਲ ਪਲੇਠੀ ਮੀਟਿੰਗ ਦੌਰਾਨ ਉਨ੍ਹਾਂ ਕਿਹਾ ਕਿ ਜੇਲਾਂ ਨੂੰ ਪੂਰੀ ਤਰ੍ਹਾਂ ਅਪਰਾਧ-ਮੁਕਤ ਕਰਨ ਅਤੇ ਮੋਬਾਈਲ ਆਦਿ ਉਪਕਰਣਾਂ ਦੀ ਮੁਕੰਮਲ ਰੋਕਥਾਮ ਲਈ ਨਵੀਨਤਮ ਤਕਨਾਲੌਜੀ ਸਮੇਂ ਦੀ ਮੁੱਖ ਲੋੜ ਹੈ।ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਜੇਲ੍ਹਾਂ ਵਿੱਚ ਐਡਵਾਂਸਡ ਸਰਵੀਲੈਂਸ ਉਪਕਰਣ ਲਗਾਉਣ ਲਈ ਕਾਰਵਾਈ ਤੁਰੰਤ ਅਮਲ ਵਿੱਚ ਲਿਆਂਦੀ ਜਾਵੇ। ਲਾਲਜੀਤ ਸਿੰਘ ਭੁੱਲਰ ਨੇ ਕਿਹਾ ਕਿ ਉਹ ਜੇਲ ਵਿਭਾਗ ਲਈ ਲੋੜੀਂਦੇ ਫ਼ੰਡਾਂ ਵਾਸਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ ਛੇਤੀ ਮੁਲਾਕਾਤ ਕਰਨਗੇ ਅਤੇ ਜੇਲ੍ਹਾਂ ਦੇ ਆਧੁਨਿਕੀਕਰਨ ਅਤੇ ਉਥੇ ਮੁਢਲੀਆਂ ਸਹੂਲਤਾਂ ਮੁਹੱਈਆ ਕਰਵਾਉਣ ਲਈ ਫ਼ੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ।ਜੇਲ੍ਹਾਂ ਵਿੱਚ ਕੈਦੀਆਂ ਦੀ ਵੱਧ ਤਾਦਾਦ ਦੇ ਮੱਦੇਨਜ਼ਰ ਉਨ੍ਹਾਂ ਕਿਹਾ ਕਿ ਸੂਬੇ ਵਿੱਚ ਨਵੀਆਂ ਜੇਲ੍ਹਾਂ ਦੀ ਉਸਾਰੀ ਦੇ ਨਾਲ-ਨਾਲ ਨਵੀਆਂ ਬੈਰਕਾਂ ਉਸਾਰੀਆਂ ਜਾਣਗੀਆਂ।ਜੇਲ੍ਹ ਸੁਪਰਡੈਂਟਾਂ ਨੇ ਆਪੋ-ਆਪਣੀਆਂ ਜੇਲ੍ਹਾਂ ਨਾਲ ਸਬੰਧਤ ਚੁਣੌਤੀਆਂ ਜਿਵੇਂ ਕੈਦੀਆਂ ਤੇ ਹਵਾਲਾਤੀਆਂ ਦੀ ਵੱਧ ਤਾਦਾਦ, ਸਟਾਫ਼ ਅਤੇ ਸਰੋਤਾਂ ਦੀ ਕਮੀ ਆਦਿ ਸਾਂਝੀਆਂ ਕੀਤੀਆਂ।ਲਾਲਜੀਤ ਸਿੰਘ ਭੁੱਲਰ ਨੇ ਜੇਲਾਂ ਵਿੱਚ ਸੁਧਾਰ ਦੇ ਏਜੰਡੇ ਨੂੰ ਅੱਗੇ ਤੋਰਨ ਲਈ ਸੁਪਰਡੈਂਟਾਂ ਅਤੇ ਵਿਭਾਗ ਦੇ ਸਮੂਹਿਕ ਯਤਨਾਂ 'ਤੇ ਤਸੱਲੀ ਦਾ ਪ੍ਰਗਟਾਵਾ ਕੀਤਾ। ਉਨ੍ਹਾਂ ਕਿਹਾ ਕਿ ਇਨ੍ਹਾਂ ਯਤਨਾਂ ਨਾਲ ਇਹ ਯਕੀਨੀ ਬਣਨਾ ਤੈਅ ਹੈ ਕਿ ਪੰਜਾਬ ਦੀਆਂ ਜੇਲਾਂ ਆਧੁਨਿਕ ਮਾਪਦੰਡਾਂ ਦੇ ਅਨੁਕੂਲ ਅਤੇ ਵਿਆਪਕ ਸਮਾਜਿਕ ਤਾਣੇ-ਬਾਣੇ ਵਿੱਚ ਸਕਾਰਾਤਮਕ ਯੋਗਦਾਨ ਪਾਉਣਯੋਗ ਹਨ।

# ਵਲਟੋਹਾ ਦੇ ਗੈਰ-ਇਖਲਾਕੀ ਵਤੀਰੇ ਦਾ ਰਾਮਦਾਸੀਆ ਸਿੱਖ ਕਮਿਊਨਿਟੀ ਕੇਅਰ ਸੁਸਾਇਟੀ ਨੇ ਲਿਆ ਸਖ਼ਤ ਨੋਟਿਸ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਸਿੱਖਾਂ ਦੀ ਸਰਬ ਉੱਚ ਧਾਰਮਿਕ ਅਦਾਲਤ ਸ੍ਰੀ ਅਕਾਲ ਤਖਤ ਸ਼੍ਰੀ ਅੰਮ੍ਰਿਤਸਰ ਸਾਹਿਬ ਵਲੋਂ ਵਿਰਸਾ ਸਿੰਘ ਵਲਟੋਹਾ 'ਤੇ ਕਾਰਵਾਈ ਕਰਦੇ ਹੋਏ ਦਿੱਤੇ ਫੈਸਲੇ ਦੇ ਪ੍ਰਤੀਕਰਮ ਵੱਜੋਂ ਵਿਰਸਾ ਸਿੰਘ ਵਲਟੋਹਾ ਵੱਲੋਂ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜਥੇਦਾਰ ਦਮਦਮਾ ਸਾਹਿਬ ਲਈ ਵਰਤੀ ਜਾਤੀਵਾਦੀ ਤੇ ਭੱਦੀ ਸ਼ਬਦਾਵਲੀ ਅਤੇ ਉਨ੍ਹਾਂ ਦੀਆਂ ਬੱਚੀਆਂ ਪ੍ਰਤੀ ਦਿੱਤੀ ਧਮਕੀ 'ਤੇ ਸਖ਼ਤ ਰੋਸ ਪ੍ਰਗਟਾਉਂਦੇ ਹੋਏ ਗੁਰਚਰਨ ਸਿੰਘ ਜਿੰਦ ਪ੍ਰਧਾਨ ਰਾਮਦਾਸੀਆ ਸਿੱਖ ਕਮਿਊਨਿਟੀ ਕੇਅਰ ਸੁਸਾਇਟੀ ਪੰਜਾਬ ਨੇ ਕਿਹਾ ਕਿ ਇਹ ਸਿੱਖ ਕੌਮ ਲਈ ਬਹੁਤ ਨਮੋਸ਼ੀ ਵਾਲੀ ਗੱਲ ਹੈ ਜਿਸ ਤਰ੍ਹਾਂ ਪੰਥ ਦੇ ਸਰਬ ਉੱਚ ਜਥੇਦਾਰ ਸਾਹਿਬ ਦੀ ਕਿਰਦਾਰਕੁਸ਼ੀ ਕੀਤੀ ਗਈ ਹੈ, ਇਹ ਸਿੱਖ ਸਮਾਜ ਲਈ ਸਹਿਨਯੋਗ ਨਹੀ ਹੈ।ਇਸ ਨਾਲ ਸਿੱਖ ਸਮਾਜ ਵਿੱਚ ਭਾਰੀ ਰੋਸ ਫੈਲ ਗਿਆ ਹੈ। ਜਿਸ ਨੂੰ ਮੁੱਖ ਰੱਖਦੇ ਹੋਏ ਮਾਨਯੋਗ ਮੁੱਖ ਮੰਤਰੀ, ਪੰਜਾਬ ਸਰਕਾਰ ਨੂੰ ਵਿਰਸਾ ਸਿੰਘ ਵਲਟੋਹਾ ਖਿਲਾਫ਼ ਤੁਰੰਤ ਮਿਸਾਲੀ ਕਾਰਵਾਈ ਕਰਨੀ ਬਣਦੀ ਹੈ ਕਿਉਂਕਿ ਵਿਰਸਾ ਸਿੰਘ ਵਲਟੋਹਾ ਵਲੋਂ ਨਿੰਦਣਯੋਗ ਕੀਤੇ ਪ੍ਰਤੀਕਰਮ ਕਾਰਨ ਪੰਜਾਬ ਦਾ ਮਹੌਲ ਖ਼ਰਾਬ ਹੋ ਸਕਦਾ ਹੈ। ਉਨ੍ਹਾਂ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਪ੍ਰਧਾਨ ਸ਼੍ਰੋਮਣੀ ਕਮੇਟੀ ਅੰਮ੍ਰਿਤਸਰ ਨੂੰ ਅਪੀਲ ਕੀਤੀ ਹੈ ਕਿ ਪੰਥ ਵਿੱਚ ਪਾਏ ਜਾ ਰਹੇ ਰੋਸ ਨੂੰ ਦੇਖਦਿਆਂ ਸ੍ਰੀ ਅਕਾਲ ਤਖਤ ਸਾਹਿਬ ਦੀ ਮਾਣ-ਮਰਿਯਾਦਾ ਨੂੰ ਕਾਇਮ ਰੱਖਣ ਲਈ ਵਿਰਸਾ ਸਿੰਘ ਵਲਟੋਹਾ ਰਾਹੀਂ ਪੰਥ ਵਿੱਚ ਦੁਫੇੜ ਪਾਉਣ ਵਾਲਿਆਂ ਸ਼ਕਤੀਆਂ ਨੂੰ ਸਖ਼ਤ ਸੰਦੇਸ਼ ਦਿੰਦੇ ਹੋਏ ਵਿਰਸਾ ਸਿੰਘ ਵਲਟੋਹਾ ਖਿਲਾਫ਼ ਸਖ਼ਤ ਐਕਸ਼ਨ ਲਿਆ ਜਾਵੇ ਅਤੇ ਸ਼੍ਰੀ ਅਕਾਲ ਤਖਤ ਸਾਹਿਬ ਤੋਂ ਜਾਰੀ ਹੁਕਮਨਾਮੇ ਅਨੁਸਾਰ ਵਿਰਸਾ ਸਿੰਘ ਵਲਟੋਹਾ ਨੂੰ ਪੰਥ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਿੱਚੋਂ ਸਮੇਤ ਸਾਰੇ ਅਹੁਦਿਆਂ ਤੋਂ 10 ਸਾਲ ਲਈ ਕੱਢਣ ਦੇ ਦਿੱਤੇ ਆਦੇਸ਼ਾਂ ਅਨੁਸਾਰ ਉਸ ਨੂੰ ਪੰਥ ਵਿੱਚੋਂ ਤੁਰੰਤ ਖ਼ਾਰਜ਼ ਕਰਨ ਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇ।

## ਘਰ ਅੰਦਰ ਵੜ ਕੇ ਹਮਲਾ ਕਰਨ ਵਾਲਿਆਂ ਖਿਲਾਫ ਮਾਮਲਾ ਦਰਜ

**ਗੁਰਦਾਸਪੁਰ (ਜਨਕ ਮਹਾਜਨ)**- ਥਾਣਾ ਦੋਰਾਂਗਲਾ ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਦਲਵੀਰ ਸਿੰਘ ਪੁੱਤਰ ਸਰਦਾਰ ਸਿੰਘ ਵਾਸੀ ਵਜ਼ੀਰਪੁਰ ਅਫਗਾਨਾਂ ਨੇ ਦੱਸਿਆ ਕਿ ਮੱਖਣ ਸਿੰਘ ਪੁੱਤਰ ਅਮਰੀਕ ਸਿੰਘ, ਕਰਨ ਸਿੰਘ ਪੁੱਤਰ ਹੀਰਾ ਸਿੰਘ ਵਾਸੀ ਜੈਨਪੁਰ, ਹਰਮਨਜੀਤ ਸਿੰਘ ਪੁੱਤਰ ਬਿੱਟੂ ਵਾਸੀ ਮੱਲੀਆਂ ਅਤੇ ਸੱਤ-ਅੱਠ ਹੋਰ ਅਣਪਛਾਤੇ ਵਿਅਕਤੀਆਂ ਨੇ ਮੇਰੇ ਘਰ ਅੰਦਰ ਵੜ ਕੇ ਭੰਨਤੋੜ ਕੀਤੀ। ਥਾਣਾ ਦੋਰਾਂਗਲਾ ਪੁਲਸ ਨੇ ਕਾਰਵਾਈ ਕਰਦਿਆਂ ਉਕਤ ਵਿਅਕਤੀਆਂ ਖਿਲਾਫ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

## ਕਾਰ 'ਚੋਂ ਚਾਰ ਰੌਂਦ ਖੋਲ ਮਾਰਕਾ 7.65 ਕੇ ਐੱਫ ਲਿਖਿਆ ਬਰਾਮਦ

**ਗੁਰਦਾਸਪੁਰ (ਜਨਕ ਮਹਾਜਨ)**- ਥਾਣਾ ਕਲਾਨੌਰ ਦੇ ਐਸ.ਐਚ.ਓ. ਮੇਜਰ ਸਿੰਘ ਨੇ ਦੱਸਿਆ ਕਿ ਉਹ ਆਪਣੇ ਸਾਥੀ ਕਰਮਚਾਰੀਆਂ ਨਾਲ ਕਲਾਨੌਰ ਵਿਖੇ ਵਹੀਕਲਾਂ ਦੀ ਚੈਕਿੰਗ ਕਰ ਰਹੇ ਸਨ ਤਾਂ ਇੱਕ ਇਤਲਾਹ 'ਤੇ ਕਾਰ ਨੰਬਰ ਪੀ.ਬੀ. 10 ਬੀ ਆਰ 9877 ਮਾਰਕਾ ਅਸਟੀਮ ਨੂੰ ਰੋਕ ਕੇ ਚੈਕਿੰਗ ਕੀਤੀ ਤਾਂ ਚੈਕਿੰਗ ਦੌਰਾਨ ਕਾਰ ਦੇ ਡੈਸ਼ਬੋਰਡ ਵਿੱਚੋਂ ਚਾਰ ਰੌਂਦ ਖੋਲ ਮਾਰਕਾ 7.65 ਕੇ.ਐਫ ਲਿਖਿਆ ਬਰਾਮਦ ਹੋਏ। ਕਾਰ ਵਿੱਚ ਮੌਜੂਦ ਸੈਮਦੀਪ ਪੁੱਤਰ ਕਾਲਾ ਸਿੰਘ, ਸਿਮਰਜੀਤ ਸਿੰਘ ਪੁੱਤਰ ਅਮਰਜੀਤ ਸਿੰਘ ਵਾਸੀ ਅਗਵਾਨ, ਜਗਦੀਸ਼ ਰਾਜ ਪੁੱਤਰ ਵਿਜੇ ਕੁਮਾਰ ਵਾਸੀ ਡਾਕਟਰ ਕਲੋਨੀ ਧਾਰੀਵਾਲ, ਰਣਜੋਤ ਸਿੰਘ ਪੁੱਤਰ ਨਿਰਮਲ ਸਿੰਘ ਵਾਸੀ ਭਿਖਾਰੀਵਾਲ ਨੂੰ ਕਾਬੂ ਕਰਕੇ ਉਨ੍ਹਾਂ ਖਿਲਾਫ ਅਸਲਾ ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ

## ਵਾਲਮੀਕਿ ਸਮਾਜ ਵੱਲੋਂ ਝੰਡਾ ਦਿਵਸ ਧੂਮਧਾਮ ਨਾਲ ਮਨਾਇਆ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਵਾਲਮੀਕਿ ਸਮਾਜ ਵੱਲੋਂ ਗੁਰੂ ਗੱਦੀ ਵਾਲਮੀਕਿ ਮੰਦਰ ਵਿਖੇ ਝੰਡਾ ਦਿਵਸ ਧੂਮਧਾਮ ਨਾਲ ਮਨਾਇਆ ਗਿਆ।ਵਾਲਮੀਕਿ ਬਸਤੀ ਵਿੱਚ ਪ੍ਰਭਾਤ ਫੇਰੀ ਕੱਢ ਕੇ ਭਗਵਾਨ ਵਾਲਮੀਕਿ ਨੂੰ ਗੁਰੂ ਦੀ ਗੱਦੀ 'ਤੇ ਬਿਠਾਇਆ ਗਿਆ। ਭਾਰਤੀ ਵਾਲਮੀਕਿ ਧਰਮ ਸਮਾਜ ਵੱਲੋਂ ਮੁਹੱਲਾ ਰਾਏ ਜਾਂ ਖਾਨਪੁਰੀ ਗੇਟ, ਹੁਸ਼ਿਆਰਪੁਰ ਗੁਰੂ ਗੱਦੀ ਵਾਲਮੀਕਿ ਮੰਦਿਰ ਵਿਖੇ ਝੰਡਾ ਦਿਵਸ ਪ੍ਰੋਗਰਾਮ ਕਰਵਾਇਆ ਗਿਆ। ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਵਜੋਂ ਰਾਜੀਵ ਸਾਈਂ ਨੇ ਭਗਵਾਨ ਵਾਲਮੀਕਿ ਦੀ ਪੂਜਾ ਕੀਤੀ ਅਤੇ ਮੂਰਤੀ ਨੂੰ ਮਾਲਾ ਅਰਪਿਤ ਕੀਤੀ।ਉਨ੍ਹਾਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਉਨ੍ਹਾਂ ਦੇ ਦਰਸਾਏ ਮਾਰਗ 'ਤੇ ਚੱਲਣਾ ਚਾਹੀਦਾ ਹੈ।ਭਗਵਾਨ ਵਾਲਮੀਕਿ ਨੇ ਰਮਾਇਣ ਦੀ ਰਚਨਾ ਕੀਤੀ ਇਸ ਮੌਕੇ ਰਾਜੀਵ ਸਾਈਂ, ਕਮਲਾ ਅਧੀਆ, ਸੋਮਾ, ਕੰਨੜ, ਅਸ਼ੋਕ ਕੁਮਾਰ, ਕਿਰਨ ਪੀਤੀਆ, ਨੀਮਾ, ਰਾਜਕੁਮਾਰ ਆਦਿ ਹਾਜ਼ਰ ਸਨ।

## ਪੰਚਾਇਤੀ ਚੋਣ 'ਚ ਅੜਿੱਕਾ ਪਾਉਣ ਵਾਲਿਆਂ ਖ਼ਿਲਾਫ਼ ਮਾਮਲਾ ਦਰਜ

**ਗੁਰਦਾਸਪੁਰ (ਜਨਕ ਮਹਾਜਨ)**- ਥਾਣਾ ਕਾਹਨੂੰਵਾਨ ਪੁਲਸ ਨੇ ਪੰਚਾਇਤੀ ਚੋਣਾਂ ਵਿੱਚ ਨਾਮਜ਼ਦਗੀ ਫਾਰਮ ਭਰਨ ਤੋਂ ਰੋਕਣ, ਫਾਈਲ ਖੋਹ ਕੇ ਪਾੜਨ ਅਤੇ ਕੁੱਟਮਾਰ ਕਰਨ ਵਾਲੇ ਵਿਅਕਤੀ ਖਿਲਾਫ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਸੁੱਚਾ ਸਿੰਘ ਪੁੱਤਰ ਦੀਵਾਨ ਸਿੰਘ ਵਾਸੀ ਸੇਖਵਾਂ ਨੇ ਦੱਸਿਆ ਕਿ ਮੈਂ ਚਾਰ ਅਕਤੂਬਰ ਨੂੰ ਸਰਪੰਚੀ ਦੀ ਚੋਣ ਦੇ ਕਾਗਜ਼ ਭਰਨ ਲਈ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੀਆਂ ਕਾਹਨੂੰਵਾਨ ਲਾਈਨ ਵਿੱਚ ਖੜ੍ਹਾ ਸੀ ਕਿ ਜੋਗਿੰਦਰ ਸਿੰਘ ਪੁੱਤਰ ਦਲੀਪ ਸਿੰਘ, ਲਖਵਿੰਦਰ ਸਿੰਘ ਪੁੱਤਰ ਦਲੀਪ ਸਿੰਘ, ਗੁਰਵਿੰਦਰ ਸਿੰਘ ਪੁੱਤਰ ਅਜੀਤ ਸਿੰਘ ਅਤੇ ਦਿਆਲ ਸਿੰਘ ਵਾਸੀ ਸੇਖਵਾਂ ਨੇ ਮੈਨੂੰ ਇਲੈਕਸ਼ਨ ਵਿੱਚ ਨਾਮਜ਼ਦਗੀ ਭਰਨ ਤੋਂ ਰੋਕਣ ਲਈ ਫਾਈਲ ਖੋਹ ਕੇ ਪਾੜ ਦਿੱਤੀ ਅਤੇ ਕੁੱਟਮਾਰ ਕੀਤੀ। ਥਾਣਾ ਕਾਹਨੂੰਵਾਨ ਪੁਲਸ ਨੇ ਉਕਤ ਵਿਅਕਤੀਆਂ ਖਿਲਾਫ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ।

## ਜਾਜਾ ਵਿਖੇ ਭਗਵਾਨ ਵਾਲਮੀਕਿ ਦਾ ਪ੍ਰਗਟ ਦਿਵਸ ਮਨਾਇਆ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਉਂਕਾਰ ਸਿੰਘ)**- ਭਗਵਾਨ ਵਾਲਮੀਕਿ ਮੰਦਰ ਜਾਜਾ ਵਿਖੇ ਸੁਰਿੰਦਰ ਜਾਜਾ, ਸਾਬੀ, ਸੋਨੀ, ਵਿੱਕੀ ਜਾਜਾ ਅਤੇ ਸਤਨਾਮ ਸਿੰਘ ਦੀ ਅਗਵਾਈ ਵਿੱਚ ਭਗਵਾਨ ਵਾਲਮੀਕਿ ਦੇ ਪ੍ਰਗਟ ਦਿਹਾੜਾ ਮਨਾਉਂਦੇ ਹੋਏ ਨਿਸ਼ਾਨ ਸਾਬ ਚੜ੍ਹਾਇਆ ਗਿਆ। ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ ਵਾਲਮੀਕਿ ਮੰਦਰ ਜਾਜਾ ਵਿਖੇ ਨਿਸ਼ਾਨ ਸਾਬ ਚੜ੍ਹਾਉਣ ਤੋਂ ਬਾਅਦ ਲੰਗਰ ਲਗਾਇਆ ਗਿਆ ਅਤੇ ਉਹਨਾਂ ਦੱਸਿਆ ਕਿ 19 ਅਕਤੂਬਰ ਨੂੰ ਭਗਵਾਨ ਵਾਲਮੀਕਿ ਦੇ ਦਿਹਾੜੇ ਨੂੰ ਸਮਰਪਿਤ ਸ਼ੋਭਾ ਯਾਤਰਾ ਬੜੀ ਹੀ ਧੂਮਧਾਮ ਨਾਲ ਸਜਾਈ ਜਾਵੇਗੀ। ਇਸ ਮੌਕੇ ਬਾਬਾ ਮਲਕੀਅਤ, ਪ੍ਰਸ਼ੋਤਮ ਲਾਲ, ਕੁਲਦੀਪ, ਬਾਬੂ, ਕਸਤੂਰੀ ਲਾਲ, ਸੁਨੀਲ ਜਾਜਾ, ਕੇਵਲ ਕੁਮਾਰ, ਅਸ਼ੋਕ ਫੌਜੀ, ਥਾਣੇਦਾਰ ਮਲਕੀਤ, ਲੱਕੀ ਜਾਜਾ, ਗੋਲਡੀ ਆਦਿ ਮੌਜੂਦ ਸਨ।

## ਸਮਾਜ ਸੇਵੀ ਦੇ ਵਿਹੜੇ 'ਸਾਹਿਤਕ ਸ਼ਾਮ' ਭਲਕੇ

**ਰਾਹੋਂ (ਕੁਲਵਿੰਦਰ ਸਿੰਘ ਰਾਹੋਂ)** ਸਮਾਜ ਸੇਵੀ ਬਰਜਿੰਦਰ ਸਿੰਘ ਹੁਸੈਨਪੁਰ ਦੇ ਵਿਹੜੇ 19 ਅਕਤੂਬਰ ਦਿਨ ਸ਼ਨੀਵਾਰ ਨੂੰ ਸ਼ਾਮ 3 ਵਜੇ 'ਸਾਹਿਤਕ ਸ਼ਾਮ' ਸਜਾਈ ਜਾ ਰਹੀ ਹੈ। ਇਹ ਸਮਾਗਮ ਉਹਨਾਂ ਦੇ ਜੱਦੀ ਪਿੰਡ ਹੁਸੈਨਪੁਰ (ਨੇੜੇ ਰਾਹੋਂ) ਵਿਖੇ ਕਰਵਾਇਆ ਜਾ ਰਿਹਾ ਹੈ ਜੋ ਕਿ ਨਵਜੋਤ ਸਾਹਿਤ ਸੰਸਥਾ ਔੜ ਵਲੋਂ ਉਲੀਕਿਆ ਗਿਆ ਹੈ। ਇਹ ਜਾਣਕਾਰੀ ਦਿੰਦਿਆਂ ਸੰਸਥਾ ਦੇ ਪ੍ਰਧਾਨ ਗੁਰਨੇਕ 'ਸ਼ੇਰ' ਅਤੇ ਸਕੱਤਰ ਸੁਰਜੀਤ ਮਜਾਰੀ ਵਲੋਂ ਸਾਂਝੀ ਕੀਤੀ ਗਈ। ਉਹਨਾਂ ਦੱਸਿਆ ਕਿ ਨੇ ਸਮਾਗਮ ਦੌਰਾਨ ਸੰਸਥਾ ਨਾਲ ਸਬੰਧਤ ਨਾਮਵਰ ਸ਼ਾਇਰ ਆਪਣੀਆਂ ਕਾਵਿ ਰਚਨਾਵਾਂ ਦੀ ਛਹਿਬਰ ਲਾਉਣਗੇ। ਇਸ ਮੌਕੇ ਸ਼ਾਇਰਾਂ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਜਾਵੇਗਾ। ਪ੍ਰਬੰਧਕਾਂ ਨੇ ਇਹ ਵੀ ਜਾਣਕਾਰੀ ਦਿੱਤੀ ਕਿ ਸਮੂਹ ਹਾਜ਼ਰੀਨ ਲਈ ਖਾਣੇ ਦਾ ਵੀ ਪ੍ਰਬੰਧ ਹੋਵੇਗਾ।

# ਮੈਡੀਕਲ ਜਾਂਚ ਕੈਂਪ ਲਗਾਇਆ




**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਸੰਗਰਾਂਦ ਮਹੀਨੇ ਨੂੰ ਮੁੱਖ ਰੱਖਦਿਆ ਲਾਇਨ ਕਲੱਬ ਐਕਟਿਵ ਡੀ ਵੱਲੋਂ 47 ਮੈਡੀਕਲ ਜਾਂਚ ਕੈਂਪ ਲਗਾਇਆ ਗਿਆ। ਕਲੱਬ ਦੇ ਡਿਪਟੀ ਗਵਰਨਰ ਤਰਲੋਚਨ ਸਿੰਘ ਬਿਰਦੀ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਸ ਮੌਕੇ ਲਿਵਾਸਾ ਹਸਪਤਾਲ ਦੇ ਮਾਹਿਰ ਡਾਕਟਰ ਦੀ ਟੀਮ ਜਿਸ ਵਿਚ ਹੱਡੀਆਂ ਦੇ ਡਾਕਟਰ , ਅੱਖਾਂ ਦੇ ਡਾਕਟਰ ਨੇ ਮਰੀਜ਼ਾਂ ਦੀ ਜਾਂਚ ਕੀਤੀ ਅਤੇ ਮੁਫ਼ਤ ਦਵਾਈਆਂ ਦਿੱਤੀਆਂ ਗਈਆਂ।ਇਸ ਮੌਕੇ ਮਰੀਜ਼ਾਂ ਦੀ ਖੂਨ ਜਾਂਚ ਜਿਸ ਵਿੱਚ ਸ਼ੂਗਰ ਕਲੈਸਟਰੋਲ ਆਦਿ ਤੋਂ ਇਲਾਵਾ ਹੋਰ ਟੈਸਟ ਮੁਫਤ ਵਿੱਚ ਕੀਤੇ ਗਏ।ਇਸ ਮੌਕੇ ਆਸਾ ਸਿੰਘ ਆਜ਼ਾਦ ਕੌਮੀ ਪ੍ਰਧਾਨ ਆਲ ਇੰਡੀਆ ਹਿਊਮਨ ਰਾਇਟਸ, ਮੈਡਮ ਪਵਨਦੀਪ ਕੌਰ ਪ੍ਰਧਾਨ ਕੌਮੀ ਮਹਿਲਾ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ। ਕਲੱਬ ਵਲੋਂ ਆਏ ਹੋਏ ਮੁੱਖ ਮਹਿਮਾਨ ਦਾ ਸਨਮਾਨ ਕੀਤਾ ਗਿਆ।ਇਸ ਮੌਕੇ ਲਾਇਨ ਸੰਜੀਵ ਕੁਮਾਰ,ਲਾਇਨ ਭੁਪਿੰਦਰ ਸਿੰਘ ਸਾਬਕਾ ਪ੍ਰਧਾਨ,ਲਾਇਨ ਸੰਜੀਵ ਕੁਮਾਰ ਸੂਰੀ,ਲਾਇਨ ਰਾਜਵਿੰਦਰ ਕੌਰ, ਲਾਇਨ ਜਸਵਿੰਦਰ ਕੌਰ, ਲਾਇਨ ਗੁਰਚਰਨ ਸਿੰਘ,ਲਾਇਨ ਕੁਲਦੀਪ ਭੂਸਣ ਜੋਨ ਚੇਅਰਮੈਨ, ਪ੍ਰਧਾਨ ਗੁਰਦੀਪ ਸਿੰਘ ਯੂ ਐਸ ਏ, ਸਹਿਜ ਹਲਕਾ ਇੰਚਾਰਜ ਐਡਵੋਕੇਟ ਵਿਸ਼ਾਲ ਸ਼ਰਮਾ ਜ਼ਿਲ੍ਹਾ ਜਨਰਲ ਸਕੱਤਰ ਬੀ ਜੇ ਪੀ ਐਡਵੋਕੇਟ, ਵਿਕਰਮ ਸ਼ਰਮਾ, ਕੌਂਸਲਰ ਚੇਤ ਰਾਮ ਰਤਨ, ਲਾਇਨ ਰਜਿੰਦਰ ਕੁਮਾਰ, ਲਾਇਨ ਵਿਸ਼ਾਲ ਆਦਿ ਹਾਜ਼ਰ ਸਨ।

# ਪੰਚਾਇਤੀ ਚੋਣਾਂ ਦੌਰਾਨ ਚੋਣ ਅਮਲੇ ਦੀ ਕੁੱਟਮਾਰ ਸਰਕਾਰ ਦੇ ਅਮਨ-ਕਾਨੂੰਨ ਦਾ ਦੀਵਾਲਾ: ਡੈਮੋਕ੍ਰੇਟਿਕ ਟੀਚਰਜ਼ ਫਰੰਟ



**ਫਿਲੌਰ (ਨਿਰਮਲ)**- ਸਾਂਝੇ ਅਧਿਆਪਕ ਮੋਰਚੇ ਵੱਲੋਂ ਮੁੱਖ ਚੋਣ ਅਧਿਕਾਰੀ ਪੰਜਾਬ ਕੋਲ ਚੋਣ ਅਮਲੇ ਦੀ ਸੁਰੱਖਿਆ ਦੀ ਕੀਤੀ ਮੰਗ ਅਤੇ ਡੈਮੋਕ੍ਰੇਟਿਕ ਟੀਚਰਜ ਫਰੰਟ ਵੱਲੋਂ ਇਸੇ ਸੰਦਰਭ 'ਚ ਵੱਖ ਵੱਖ ਜਿਲ੍ਹਿਆਂ 'ਚੋਂ ਡਿਪਟੀ ਕਮਿਸ਼ਨਰਾਂ ਰਾਹੀਂ ਭੇਜੇ ਗਏ ਮੰਗ ਪੱਤਰਾਂ ਦੇ ਕੋਈ ਸਾਰਥਿਕ ਨਤੀਜੇ ਨਹੀਂ ਨਿਕਲੇ, ਸਗੋਂ ਇਸ ਦੇ ਉਲਟ ਪੰਜਾਬ ਦੇ ਕਈ ਪਿੰਡਾਂ ਵਿੱਚ ਪੋਲਿੰਗ ਬੂਥਾਂ 'ਤੇ ਚੋਣ ਅਮਲੇ ਨੂੰ ਕੁੱਟ-ਮਾਰ ਅਤੇ ਹਿੰਸਾ ਦਾ ਸ਼ਿਕਾਰ ਹੋਣਾ ਪਿਆ, ਜਥੇਬੰਦੀ ਦੇ ਸੂਬਾ ਪ੍ਰਧਾਨ ਦਿੱਗਵਿਜੇ ਪਾਲ ਸ਼ਰਮਾ, ਸੂਬਾ ਸਕੱਤਰ ਬਲਬੀਰ ਲੌਂਗੋਵਾਲ ਨੇ ਵੱਖ ਵੱਖ ਥਾਵਾਂ 'ਤੇ ਹੋਈ ਹਿੰਸਾ ਨੂੰ ਪੰਜਾਬ ਸਰਕਾਰ ਦੀ ਘੋਰ ਨਲਾਇਕੀ ਕਰਾਰ ਦਿੰਦਿਆਂ ਇਸ ਵਰਤਾਰੇ ਦੀ ਸਖਤ ਸਬਦਾਂ ਵਿੱਚ ਨਿਖੇਧੀ ਕੀਤੀ। ਉਨ੍ਹਾਂ ਕਿਹਾ ਕਿ ਅਜਿਹਾ ਜਾਪਦਾ ਹੈ ਜਿਵੇਂ ਹਾਕਮ ਧਿਰ ਵੱਲੋਂ ਚੋਣਾਂ ਨੂੰ ਲੁੱਟਣ ਲਈ ਹਰ ਹੀਲਾ ਵਰਤਿਆ ਗਿਆ ਹੋਵੇ। ਸੀਨੀਅਰ ਮੀਤ ਪ੍ਰਧਾਨ ਸਰਵਣ ਸਿੰਘ ਔਜਲਾ ਮੀਤ ਪ੍ਰਧਾਨ ਸੁਖਵਿੰਦਰ ਸੁੱਖੀ ਅਤੇ ਸੂਬਾ ਪ੍ਰੈੱਸ ਸਕੱਤਰ ਲਖਵੀਰ ਸਿੰਘ ਹਰੀਕੇ ਨੇ ਸਮੁੱਚੇ ਬਿਰਤਾਂਤ ਨੂੰ ਪੰਜਾਬ ਸਰਕਾਰ ਦੀ ਗੈਰ ਜਿੰਮੇਵਾਰਾਨਾ ਪਹੁੰਚ ਕਰਾਰ ਦਿੰਦਿਆਂ ਕਿਹਾ ਕਿ ਜੱਥੇਬੰਦੀ ਵੱਲੋਂ ਵਾਰ ਵਾਰ ਸੁਰੱਖਿਆ ਦੀ ਮੰਗ ਅਤੇ ਵੋਟਾਂ ਦੀ ਗਿਣਤੀ ਚੋਣਾਂ ਤੋਂ ਅਗਲੇ ਦਿਨ ਤਹਿਸੀਲ ਪੱਧਰ 'ਤੇ ਕਰਨ ਨੂੰ ਦਰ-ਕਿਨਾਰ ਕੀਤਾ ਗਿਆ। ਚੋਣ ਅਮਲੇ ਲਈ ਪ੍ਰਸਾਸਨ ਵੱਲੋਂ ਨਾ ਤਾਂ ਖਾਣੇ ਦਾ ਕੋਈ ਚੰਗਾ ਇੰਤਜਾਮ ਕੀਤਾ ਗਿਆ ਅਤੇ ਨਾ ਹੀ ਰਾਤ ਸਮੇਂ ਬਿਸਤਰਿਆਂ ਦਾ ਕੋਈ ਪ੍ਰਬੰਧ ਕੀਤਾ ਗਿਆ। ਅਧਿਆਪਕ ਆਗੂਆਂ ਨੇ ਦੱਸਿਆ ਕਿ ਪੰਜਾਬ ਭਰ ਵਿੱਚੋਂ ਪ੍ਰਾਪਤ ਹੋਈਆਂ ਸੂਚਨਾਵਾਂ ਅਨੁਸਾਰ ਲੁਧਿਆਨਾ ਜਿਲ੍ਹੇ ਦੇ ਪਿੰਡ ਦਾਖਾ ਵਿਚ ਇੱਟਾਂ-ਰੋੜੇ ਚੱਲੇ ਇਸੇ ਤਰ੍ਹਾਂ ਮੁਕਤਸਰ ਜਿਲ੍ਹੇ ਦੇ ਪਿੰਡ ਨਵਾਂ ਰੁਪਾਣਾ ਅਤੇ ਫਿਲੌਰ ਦੇ ਪਿੰਡ ਤੇਹਿੰਗ ਵਿੱਚ ਵੀ ਚੋਣ ਅਮਲੇ ਨੂੰ ਬੜੀ ਮੁਸਕੱਤ ਤੋਂ ਬਾਅਦ ਬਾਹਰ ਲਿਆਂਦਾ ਗਿਆ। ਮਾਝੇ ਵਿੱਚ ਵੱਡੇ ਪੱਧਰ 'ਤੇ ਹਿੰਸਾ ਹੋਈ। ਉਨ੍ਹਾਂ ਸਾਰੇ ਵਰਤਾਰੇ ਨੂੰ ਪੰਜਾਬ ਸਰਕਾਰ ਦੀ ਨਲਾਇਕੀ ਕਰਾਰ ਦਿੱਤਾ। ਅਧਿਆਪਕ ਆਗੂਆਂ ਨੇ ਪੰਜਾਬ ਸਰਕਾਰ ਤੋ ਮੰਗ ਕੀਤੀ ਕਿ ਹਰ ਹਾਲਤ ਵਿੱਚ ਪੰਚਾਇਤੀ ਚੋਣਾਂ ਦੇ ਨਤੀਜੇ ਸਖਤ ਸੁਰੱਖਿਆ ਪ੍ਰਬੰਧਾਂ ਹੇਠ ਅਗਲੇ ਦਿਨ ਤਹਿਸੀਲ ਪੱਧਰ 'ਤੇ ਐਲਾਨੇ ਜਾਣ। ਜ਼ਿਮਨੀ ਚੋਣਾਂ ਦੌਰਾਨ ਚੋਣ ਅਮਲੇ ਦੀ ਸੁਰੱਖਿਆ ਦੇ ਪੁਖਤਾ ਇੰਤਜਾਮ ਕੀਤੇ ਜਾਣ। ਔਰਤਾਂ ਅਤੇ ਲੋੜਵੰਦ ਅਧਿਆਪਕਾਂ ਨੂੰ ਡਿਊਟੀ ਤੋਂ ਛੋਟ ਦਿੱਤੀ ਜਾਵੇ।

# ਗੁਰਦੁਆਰਾ ਸ਼ਹੀਦ ਬਾਬਾ ਮਤੀ ਵਿਖੇ ਸੁੰਦਰ ਦਸਤਾਰ ਮੁਕਾਬਲੇ ਕਰਵਾਏ



**ਆਦਮਪੁਰ (ਪਰਮਜੀਤ ਸਿੰਘ)**- ਗੁਰਦੁਆਰਾ ਸ਼ਹੀਦ ਬਾਬਾ ਮੱਤੀਂ ਸਾਹਿਬ ਡਰੋਲੀ ਕਲਾਂ ਵਿਖੇ ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਬੱਚਿਆਂ ਨੂੰ ਦਸਤਾਰ ਸਜਾਉਣ ਸਬੰਧੀ ਉਤਸ਼ਾਹਿਤ ਕਰਨ ਦੇ ਮਕਸਦ ਨਾਲ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਗੱਤਕਾ ਅਖਾੜਾ ਅਤੇ ਗੁਰੂ ਨਾਨਕ ਸਭਾ ਆਦਮਪੁਰ ਅਤੇ ਕਿੰਗਜ਼ ਦਸਤਾਰ ਅਕੈਡਮੀ ਤੋਂ ਕੁਲਜੀਤ ਸਿੰਘ ਕਿੰਗ ਦੇ ਸਹਿਯੋਗ ਨਾਲ ਸੰਪੂਰਨ ਹੋਇਆ ਇਹਨਾਂ ਮੁਕਾਬਲਿਆਂ ਵਿੱਚ ਉਚੇਚੇ ਤੌਰ 'ਤੇ ਬੱਚਿਆਂ ਨੂੰ ਅਸ਼ੀਰਵਾਦ ਦੇਣ ਲਈ ਪੰਜਾਬ ਸਰਕਾਰ ਤੋਂ ਬਤੌਰ ਡਾਇਰੈਕਟਰ ਮੈਨੇਜਰ ਐਸ ਸੀ ਕਮਿਸ਼ਨ ਜਲੰਧਰ ਮੁੱਖ ਮਹਿਮਾਨ ਵਜੋਂ ਪੁੱਜੇ ਅਤੇ ਬੱਚਿਆਂ ਦੀ ਦਸਤਾਰ ਸਜਾਉਣ ਸੰਬੰਧੀ ਹੌਂਸਲਾ ਹਫਜਾਈ ਵੀ ਕੀਤੀ। ਇਸ ਮੌਕੇ ਪਹਿਲਾਂ ਇਨਾਮ ਹਰਸਿਮਰਨ ਸਿੰਘ 5100 ਰੁਪਏ, ਦੂਜਾ ਇਨਾਮ ਗਗਨਜੋਤ ਸਿੰਘ 2100 ਰੁਪਏ, ਤੀਜਾ ਇਨਾਮ ਜਸ਼ਨਦੀਪ ਸਿੰਘ ਨੇ 1100 ਰੁਪਏ ਦਾ ਨਗਦ ਇਨਾਮ ਅਤੇ ਭਾਗ ਲੈਣ ਵਾਲੇ ਹਰੇਕ ਸਿਖਿਆਰਥੀਆਂ ਨੂੰ 500 ਰੁਪਏ ਅਤੇ ਸਿਰਪਾਓ ਪਾ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਉਚੇਚੇ ਤੌਰ 'ਤੇ ਬੱਚਿਆਂ ਦਾ ਹੌਸਲਾ ਵਧਾਉਣ ਲਈ ਬਤੌਰ ਮੁੱਖ ਮਹਿਮਾਨ ਕੁਲਵਿੰਦਰ ਸਿੰਘ ਡੀ ਐਸ ਸੀ ਕਾਰਪੋਰੇਸ਼ਨ ਜਲੰਧਰ ਪੰਜਾਬ ਸਰਕਾਰ ਅਤੇ ਕਿੰਗਜ਼ ਦਸਤਾਰ ਅਕੈਡਮੀ ਦੇ ਸਰਪ੍ਰਸਤ ਕੁਲਜੀਤ ਸਿੰਘ ਕਿੰਗ ਹੁਰਾਂ ਦਾ ਪ੍ਰਧਾਨ ਜੱਥੇਦਾਰ ਮਨੋਹਰ ਸਿੰਘ ਵੱਲੋਂ ਉਚੇਚੇ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸੈਕਟਰੀ ਰਣਵੀਰਪਾਲ ਸਿੰਘ, ਸਰਪੰਚ ਰਛਪਾਲ ਸਿੰਘ, ਮੈਂਬਰ ਪੰਚਾਇਤ, ਸਤਿੰਦਰ ਸਿੰਘ ਪਰਹਾਰ ਇਟਲੀ, ਵੀਡੀਓ ਡਾਇਰੈਕਟਰ ਅਤੇ ਸਰਪੰਚ ਸੁੱਖੀ ਦਾਊਦਪੁਰੀਆ, ਦਲਜੀਤ ਸਿੰਘ ਮਜੀਠੀਆ, ਲੱਕੀ, ਜਰਨੈਲ ਸਿੰਘ, ਦਸਤਾਰ ਸਿਖਲਾਈ ਕੈਂਪ ਵਿੱਚ ਭਾਗ ਲੈਣ ਵਾਲੇ ਬੱਚਿਆਂ ਅਤੇ ਸਮੁੱਚੇ ਮੀਡੀਆ ਪੱਤਰਕਾਰ ਭਾਈਚਾਰੇ ਦੇ ਨਾਲ ਨਾਲ ਸੇਵਾਦਾਰ ਭਾਈ ਸੁਖਜੀਤ ਸਿੰਘ ਮਿਨਹਾਸ ਡਰੋਲੀ ਕਲਾਂ ਵੀ ਹਾਜ਼ਰ ਸਨ। ਅੰਤ ਵਿੱਚ ਪ੍ਰਧਾਨ ਨੇ ਬੱਚਿਆਂ ਦੇ ਮਾਪਿਆਂ ਸਮੁੱਚੀ ਸਾਧ ਸੰਗਤ ਅਤੇ ਵਿਸ਼ੇਸ਼ ਕਰਕੇ ਹਮੇਸ਼ਾ ਹੀ ਸਾਥ ਨਿਭਾਉਣ ਵਾਲੇ ਸਮੁੱਚੇ ਮੀਡੀਆ ਪੱਤਰਕਾਰ ਭਾਈਚਾਰੇ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ।

# ਭਗਵਾਨ ਵਾਲਮੀਕ ਮਹਾਰਾਜ ਦੇ ਪ੍ਰਕਾਸ਼ ਉਤਸਵ ਮੌਕੇ ਸ਼ੋਭਾ ਯਾਤਰਾ ਕੱਢੀ



**ਰਾਹੋਂ (ਕੁਲਵਿੰਦਰ ਸਿੰਘ ਰਾਹੋਂ)** ਭਗਵਾਨ ਵਾਲਮੀਕਿ ਮਹਾਰਾਜ ਦੇ ਪ੍ਰਕਾਸ਼ ਉਤਸਵ ਦੇ ਮੌਕੇ 'ਤੇ ਮੁਹੱਲਾ ਆਰਨਹਾਲੀ ਸਥਿਤ ਭਗਵਾਨ ਸ਼੍ਰੀ ਵਾਲਮੀਕਿ ਮਹਾਰਾਜ ਦੇ ਪਵਿੱਤਰ ਮੰਦਰ ਤੋਂ ਇੱਕ ਵਿਸ਼ਾਲ ਨਗਰ ਕੀਰਤਨ ਕੱਢਿਆ ਗਿਆ। ਇਸ ਸ਼ੋਭਾ ਯਾਤਰਾ ਦਾ ਉਦਘਾਟਨ ਇਸ ਨਗਰ ਕੀਰਤਨ ਦਾ ਉਦਘਾਟਨ ਬਰਜਿੰਦਰ ਸਿੰਘ ਹਸੈਨਪੁਰ ਅਤੇ ਦਿਨੇਸ਼ ਚੋਪੜਾ ਅਤੇ ਦੁਕਾਨਦਾਰ ਯੂਨੀਅਨ ਦੇ ਪ੍ਰਧਾਨ ਗੌਰਵ ਗਾਬਾ, ਓਕਾਰ ਸਿੰਘ ਬੈਂਡ ਬਾਜਾ ਨਾਲ ਕੀਤਾ ਗਿਆ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਲਲਿਤ ਮੋਹਨ ਪਾਠਕ, ਸਮਾਜ ਸੇਵੀ ਬਲਜਿੰਦਰ ਸਿੰਘ ਹੁਸੈਨਪੁਰ, ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਸ਼ਹਿਰੀ ਪ੍ਰਧਾਨ ਅਤੇ ਸਾਬਕਾ ਨਗਰ ਕੌਂਸਲ ਪ੍ਰਧਾਨ ਹੇਮੰਤ ਬੌਬੀ ਐਮ.ਐਲ.ਏ ਨੱਫ਼ਤਰਪਾਲ ਦੁਕਾਨਦਾਰ ਯੂਨੀਅਨ ਦੇ ਪ੍ਰਧਾਨ ਗੌਰਵ ਗਾਬਾ ਨੇ ਸਾਂਝੇ ਤੌਰ 'ਤੇ ਇਹ ਵਿਸ਼ਾਲ ਨਗਰ ਕੀਰਤਨ ਭਗਵਾਨ ਵਾਲਮੀਕ ਮਹਾਰਾਜ ਦੇ ਮੰਦਰ ਤੋਂ ਸ਼ੁਰੂ ਹੋ ਕੇ ਵੱਖ-ਵੱਖ ਝਾਕੀਆਂ ਨਾਲ ਕੱਢਿਆ ਗਿਆ। ਸ਼ਹਿਰ ਦੇ ਅੱਡਾ ਰਾਹੋਂ, ਫਿਲੌਰ ਰੋਡ, ਰੋਤਾਂ ਮੁਹੱਲਾ ਦਿੱਲੀ ਗੇਟ ਤਾਜਪੁਰ ਮੁਹੱਲਾ ਦਿੱਲੀ ਗੇਟ ਮੱਕਬਰਾ ਮੁਹੱਲਾ ਕੁਰਾਲਾ ਮੁਹੱਲਾ ਅਤੇ ਦਿੱਲੀ ਗੇਟ ਤੋਂ ਹੁੰਦਾ ਹੋਇਆ ਭਗਵਾਨ ਸ਼੍ਰੀ ਰਾਮ ਜੀ ਮਾਤਾ ਸੀਤਾ ਲਕਸ਼ਮਣ ਹਨੂੰਮਾਨ ਦੇ ਮੰਦਰ ਜਾ ਕੇ ਸਮਾਪਤ ਹੋਇਆ ਸ਼ੋਭਾ ਯਾਤਰਾ ਵਿੱਚ ਰਾਵਣ ਲਵ ਕੁਸ਼ ਦੀਆਂ ਸੁੰਦਰ-ਸੁੰਦਰ ਜੈਕਾਰੀਆਂ ਖਿੱਚ ਦਾ ਕੇਂਦਰ ਰਹੀਆਂ। ਇਸ ਮੌਕੇ ਮਾਰਕੀਟ ਕਮੇਟੀ ਦੇ ਚੇਅਰਮੈਨ ਗਗਨ ਅਗਨੀਹੋਤਰੀ, ਕੌਂਸਲਰ ਡਾ.ਕਮਲ, ਡੀ.ਪੀ.ਪਾਰਟੀ ਦੇ ਕੌਮੀ ਪ੍ਰਧਾਨ ਰੋਹਨ ਚੱਢਾ, ਚੱਢਾ ਨਗਰ ਕੌਂਸਲ ਰਾਹੁਲ ਅਮਰਜੀਤ ਸਿੰਘ ਜੌਹਲ, ਨਗਰ ਕੌਂਸਲ ਪੂਰਬੀ ਦੇ ਪ੍ਰਧਾਨ ਹੇਮੰਤ ਸ. ਬੌਬੀ, ਨਗਰ ਕੌਂਸਲ ਦੇ ਮੀਤ ਪ੍ਰਧਾਨ ਮਹਿੰਦਰ ਪਾਲ, ਆਮ ਆਦਮੀ ਪਾਰਟੀ ਦੇ ਸ਼ਹਿਰੀ ਪ੍ਰਧਾਨ ਯੋਗੇਸ਼ ਕੁਮਾਰ, ਟੀਟੂ ਆਹੂਜਾ ਸਵਰੂਪ ਸਿੰਘ, ਓਮਕਾਰ ਸਿੰਘ ਰਾਠੌਰ, ਭਾਜਪਾ ਆਗੂ ਅਰਵਿੰਦਰ ਜੋਸ਼ੀ ਲਾਲੀ, ਭਾਜਪਾ ਸ਼ਹਿਰੀ ਪ੍ਰਧਾਨ ਵਿਸ਼ਾਲ ਚੋਪੜਾ, ਕੌਂਸਲਰ ਕਰਨੈਲ ਸਿੰਘ, ਡਾ. ਇਸ ਮੌਕੇ ਕਾਰਪੋਰੇਟ ਸੁਸਾਇਟੀ ਦੇ ਸਾਬਕਾ ਪ੍ਰਧਾਨ ਮਹਿੰਦਰ ਸਿੰਘ ਸੰਧੂ, ਸ਼੍ਰੋਮਣੀ ਅਕਾਲੀ ਦਲ ਦੇ ਸ਼ਹਿਰੀ ਪ੍ਰਧਾਨ ਕੁਲਵਿੰਦਰ ਸਿੰਘ, ਬਹੁਜਨ ਸਮਾਜ ਪਾਰਟੀ ਦੇ ਸ਼ਹਿਰੀ ਪ੍ਰਧਾਨ ਮੁਖਤਿਆਰ ਸਿੰਘ, ਕੌਂਸਲਰ ਵਿਮਲ ਕੁਮਾਰ ਸ਼ਿੰਗਾਰਾ, ਰਾਮ ਲਵ ਕੁਮਾਰ ਰਿੰਕੂ ਸਹੋਤਾ, ਹਨੀ ਸਹੋਤਾ ਸੰਜੀਵ ਘਈ, ਰਾਹੁਲ ਸੱਭਰਵਾਲ, ਕਰਨ, ਬਲਵਿੰਦਰ ਹੰਸ ਆਦਿ ਹਾਜ਼ਰ ਸਨ।

# ਲਾਇਲਪੁਰ ਖ਼ਾਲਸਾ ਕਾਲਜ ਵਿਖੇ 75ਵੀਂ ਸੀਨੀਅਰ ਸਟੇਟ ਫੁੱਟਬਾਲ ਚੈਂਪੀਅਨਸ਼ਿਪ ਸ਼ੁਰੂ



**ਜਲੰਧਰ (ਸ਼ੈਲੀ ਐਲਬਰਟ)**- ਲਾਇਲਪੁਰ ਖ਼ਾਲਸਾ ਕਾਲਜ ਜਲੰਧਰ ਵਿਖੇ ਜ਼ਿਲ੍ਹਾ ਫੁੱਟਬਾਲ ਐਸੋਸੀਏਸ਼ਨ ਜਲੰਧਰ ਵੱਲੋਂ ਸੀਨੀਅਰ ਸਟੇਟ ਫੁੱਟਬਾਲ ਚੈਨਪੀਅਨਸ਼ਿਪ ਦਾ ਆਰੰਭ ਹੋਇਆ।ਇਹ ਚੈਪੀਅਨਸ਼ਿਪ 19 ਅਕਤੂਬਰ ਤੱਕ ਕਾਲਜ ਦੇ ਖੇਡ ਮੈਦਾਨ ਵਿੱਚ ਖੇਡੀ ਜਾਵੇਗੀ। ਇਸ ਚੈਂਪੀਨਅਸ਼ਿਪ ਦਾ ਉਦਘਾਟਨੀ ਸਮਰੋਹ ਵਿੱਚ ਪਦਮ ਪ੍ਰਗਟ ਸਿੰਘ, ਸਾਬਕਾ ਕਪਤਾਨ ਰਾਸ਼ਟਰੀ ਹਾਕੀ ਟੀਮ ਅਤੇ ਐਮ.ਐਲ.ਏ. ਜਲੰਧਰ ਛਾਉਣੀ ਬਤੌਰ ਮੁੱਖ ਮਹਿਮਾਨ ਸ਼ਾਮਲ ਹੋਏ ਅਤੇ ਇਸ ਸਮਾਗਮ ਦੀ ਪ੍ਰਧਾਨਗੀ ਜਸਪਾਲ ਸਿੰਘ ਵੜੈਚ, ਸੰਯੁਕਤ ਸਕੱਤਰ, ਗਵਰਨਿੰਗ ਕੌਂਸਲ, ਲਾਇਲਪੁਰ ਖ਼ਾਲਸਾ ਕਾਲਜ ਵਲੋਂ ਕੀਤੀ ਗਈ। ਪਹਿਲਾ ਮੈਚ ਸ਼ਹੀਦ ਭਗਤ ਸਿੰਘ ਨਗਰ ਨਵਾਂਸ਼ਹਿਰ ਅਤੇ ਡੀ.ਐਫ.ਏ. ਰੋਪੜ ਦੀਆਂ ਟੀਮਾਂ ਦਰਮਿਆਨ ਖੇਡਿਆ ਗਿਆ।ਇਹ ਮੈਚ ਸ਼ਹੀਦ ਭਗਤ ਸਿੰਘ ਨਗਰ ਦੀ ਟੀਮ ਨੇ 1 ਦੇ ਮੁਕਾਬਲੇ 3 ਗੋਲਾਂ ਨਾਲ ਜਿੱਤਿਆ। ਜੇਤੂ ਟੀਮ ਵੱਲੋਂ ਕਰਨਦੀਪ ਨੇ ਹੈਟਰਿਕ ਕੀਤੀ ਅਤੇ ਮੈਚ ਦਾ ਬੈਸਟ ਪਲੇਅਰ ਵੀ ਐਲਾਨਿਆ ਗਿਆ।ਦੂਜਾ ਮੈਚ ਜਲੰਧਰ ਅਤੇ ਬਰਨਾਲੇ ਦੀਆਂ ਟੀਮਾਂ ਦਰਮਿਆਨ ਖੇਡਿਆ ਗਿਆ।ਇਸ ਮੈਚ ਵਿੱਚ ਬਤੌਰ ਮੁੱਖ ਮਹਿਮਨ ਸਾਬਕਾ ਅੰਤਰ-ਰਾਸ਼ਟਰੀ ਫੁੱਟਬਾਲ ਖਿਡਾਰੀ ਸੁਰਜੀਤ ਸਿੰਘ, ਰਿਟਾ. ਐਸ.ਪੀ. ਪੰਜਾਬ ਪੁਲਸ ਸ਼ਾਮਲ ਹੋਏ।

ਇਹ ਮੈਚ ਜਲੰਧਰ ਦੀ ਟੀਮ ਨੇ 3-0 ਨਾਲ ਜਿੱਤਿਆ ਅਤੇ ਸੈਮੀਫਾਈਨਲ ਵਿਚ ਪ੍ਰਵੇਸ਼ ਕੀਤਾ। ਪਹਿਲਾ ਗੋਲ ਗੌਰਵ ਮਹੇ ਨੇ 56ਵੇਂ ਮਿੰਟ ਵਿਚ, ਦੂਜਾ ਯਸ਼ਪਾਲ ਨੇ 82ਵੇਂ ਮਿੰਟ ਅਤੇ ਤੀਜਾ ਗੋਲ ਮਧੁਰ ਨੇ 90ਵੇਂ ਮਿੰਟ ਵਿਚ ਕੀਤਾ। ਇਸ ਮੌਕੇ ਤਰਲੋਚਨ ਸਿੰਘ ਸੰਘਾ, ਇੰਦਰਜੀਤ ਸਿੰਘ, ਸੁੱਖੀ ਮਾਨ, ਮਨਮੋਹਨ ਸਿੰਘ, ਵਿਜੈ ਵੈਸ਼, ਚਰਨਜੀਤ ਸਿੰਘ, ਬਲਵਿੰਦਰ ਰਾਣਾ, ਅਜਵੰਤ ਸਿੰਘ ਬੱਲ, ਸੰਤੋਖ ਸਿੰਘ ਨਾਰਵੇ, ਧਨਵੰਤ ਕੁਮਾਰ, ਤਜਿੰਦਰ ਸਿੰਘ, ਇਕਬਾਲ ਸਿੰਘ ਢਿੱਲੋਂ ਅਤੇ ਹੋਰ ਪਤਵੰਤੇ ਅਤੇ ਫੁੱਟਬਾਲ ਪ੍ਰੇਮੀ ਵੀ ਹਾਜ਼ਰ ਸਨ। ਸਟੇਜ ਸਕੱਤਰ ਦੀ ਭੂਮਿਕਾ ਪ੍ਰੋ. ਗੋਪਾਲ ਸਿੰਘ ਬੁੱਟਰ ਨੇ ਬਾਖੂਬੀ ਨਿਭਾਈ।

# ਸਰਕਾਰਾਂ ਵੱਲੋਂ ਝੋਨੇ ਦੀ .ਫਸਲ ਖਰੀਦਣ ਤੇ ਚੁੱਕਣ ਦੀ ਜ਼ਿੰਮੇਵਾਰੀ ਨਾ ਪੂਰੀ ਕਰਨ ਦੀ ਸਖਤ ਨਿਖੇਧੀ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ )** ਇਕ ਪਾਸੇ ਕੇਂਦਰ ਤੇ ਪੰਜਾਬ ਦੀਆਂ ਸਰਕਾਰਾਂ ਕਿਸਾਨਾਂ ਨੂੰ ਆਪਣੀ ਪਾਲਸੀ ਮੁਤਾਬਿਕ ਫਸਲਾਂ ਬੀਜਣ, ਉਨ੍ਹਾਂ ਦਾ ਸਹੀ ਮੁੱਲ ਦੇਣ, ਉਨ੍ਹਾਂ ਦੀ ਖਰੀਦੋ ਫਰੋਖਤ ਲਈ ਸਹੀ ਪ੍ਰਬੰਧ ਕਰਨ ਦੇ ਦਾਅਵੇ ਕਰਦੀਆ ਹਨ ਦੂਸਰੇ ਪਾਸੇ ਹੁਣ ਜਦੋ ਜਿੰਮੀਦਾਰਾਂ ਦੀ ਝੋਨੇ ਦੀ ਫਸਲ ਪੱਕ ਕੇ ਮੰਡੀਆ ਵਿਚ ਆ ਰਹੀ ਹੈ, ਤਾਂ ਦੋਵੇ ਸਰਕਾਰਾਂ ਵੱਲੋ ਇਸ ਫਸਲ ਦੀ ਸਹੀ ਸਮੇ ਤੇ ਸਹੀ ਕੀਮਤ ਤੇ ਖਰੀਦ ਨਾ ਕਰਕੇ ਅਤੇ ਉਨ੍ਹਾਂ ਨੂੰ ਚੁੱਕ ਕੇ ਆਪਣੇ ਸਟੋਰਾਂ ਵਿਚ ਨਾ ਪਹੁੰਚਾਉਣ ਦੀ ਜਿੰਮੇਵਾਰੀ ਨਾ ਨਿਭਾਕੇ ਜਿੰਮੀਦਾਰ, ਖੇਤ-ਮਜਦੂਰ ਨਾਲ ਵੱਡੀ ਬੇਇਨਸਾਫ਼ੀ ਕਰ ਰਹੀ ਹੈ।ਜਿਸ ਨਾਲ ਕਿਸਾਨ ਵਰਗ ਵਿਚ ਉੱਠਦਾ ਜਾ ਰਿਹਾ ਰੋਹ ਕਿਸੇ ਸਮੇ ਵੀ ਵਿਸਫੋਟਕ ਸਥਿਤੀ ਧਾਰਨ ਕਰ ਸਕਦਾ ਹੈ।ਜਿਸ ਲਈ ਉਪਰੋਕਤ ਦੋਵੇ ਕੇਂਦਰ ਤੇ ਪੰਜਾਬ ਦੀਆਂ ਸਰਕਾਰਾਂ ਦੀਆਂ ਕਿਸਾਨੀ ਵਰਗ ਦੀਆਂ ਫਸਲਾਂ ਪ੍ਰਤੀ ਅਪਣਾਈ ਗਈ ਦਿਸ਼ਾਹੀਣ ਨੀਤੀ ਸਿੱਧੇ ਤੌਰ 'ਤੇ ਜਿੰਮੇਵਾਰ ਹੋਵੇਗੀ ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਗੁਰਨਾਮ ਸਿੰਘ ਸਿੰਗੜੀਵਾਲਾ ਜਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਪ੍ਰੈਸ ਨੋਟ ਰਾਹੀਂ ਝੋਨੇ ਦੀ ਆਈ ਫਸਲ ਦੀ ਸਹੀ ਸਮੇ ਤੇ ਖਰੀਦ ਨਾ ਹੋਣ ਅਤੇ ਉਨ੍ਹਾਂ ਦੀ ਚੁੱਕਵਾਈ ਨਾ ਹੋਣ ਉਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦੇ ਹੋਏ ਅਤੇ ਕਿਸਾਨਾਂ ਪ੍ਰਤੀ ਕੇਂਦਰ ਤੇ ਪੰਜਾਬ ਦੀਆਂ ਸਰਕਾਰਾਂ ਵੱਲੋ ਅਪਣਾਈ ਗਈ ਬੇਰੁੱਖੀ ਤੇ ਬੇਇਨਸਾਫ਼ੀ ਵਾਲੀ ਨੀਤੀ ਦੀ ਸਖਤ ਸ਼ਬਦਾਂ ਵਿਚ ਨਿੰਦਾ ਕਰਦੇ ਹੋਏ ਪ੍ਰਗਟ ਕੀਤੇ।ਸਿੰਗੜੀਵਾਲਾ ਨੇ ਕਿਹਾ ਕਿ ਜੋ ਅਮਲ ਸਰਕਾਰਾਂ ਵੱਲੋ ਅਪਣਾਇਆ ਜਾ ਰਿਹਾ ਹੈ, ਉਸਦੇ ਵਿਰੋਧ ਵਿਚ ਕਿਸਾਨਾਂ ਨੂੰ ਮਜਬੂਰ ਹੋ ਕੇ ਕੋਈ ਅਜਿਹਾ ਕਦਮ ਨਾ ਉਠਾਉਣਾ ਪਵੇ ਜਿਸ ਨਾਲ ਬਾਅਦ ਵਿਚ ਕੇਂਦਰ ਸਰਕਾਰ ਜਾਂ ਪੰਜਾਬ ਸਰਕਾਰ ਨੂੰ ਸ਼ਰਮਸਾਰ ਹੋਣਾ ਪਵੇ।

ਇਸ ਲਈ ਬਿਹਤਰ ਹੋਵੇਗਾ ਕਿ ਕਿਸਾਨਾਂ ਦੀ ਲੰਮੀ ਮਿਹਨਤ ਉਪਰੰਤ ਮੰਡੀਆ ਵਿਚ ਆਈ ਝੋਨੇ ਦੀ ਫਸਲ ਨੂੰ ਸਹੀ ਸਮੇਂ 'ਤੇ ਖਰੀਦ ਕਰਕੇ ਅਤੇ ਉਸਦੀ ਚੁੱਕਵਾਈ ਕਰਵਾ ਕੇ ਸਰਕਾਰੀ ਗੋਦਾਮਾਂ ਵਿਚ ਪਹੁੰਚਾਉਂਦੇ ਹੋਏ ਸੁਰੱਖਿਅਤ ਕੀਤੀ ਜਾਵੇ ਅਤੇ ਇਸ ਨਾਲ ਸੰਬੰਧਤ ਸਰਕਾਰੀ ਪਾਲਸੀ ਅਨੁਸਾਰ ਕਿਸਾਨਾਂ ਨੂੰ ਉਨ੍ਹਾਂ ਦੀ ਫਸਲ ਦੀ ਸਹੀ ਕੀਮਤ ਸਹੀ ਸਮੇਂ 'ਤੇ ਅਦਾ ਕਰਨ ਦਾ ਪ੍ਰਬੰਧ ਕਰੇ।

# ਭਗਵਾਨ ਵਾਲਮੀਕ ਦੇ ਪ੍ਰਗਟ ਦਿਵਸ ਮੌਕੇ ਸ਼ੋਭਾ ਯਾਤਰਾ ਸਜਾਈ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਪਿੰਡ ਬੱਡਲਾ ਵਿਖੇ ਮੰਦਰ ਭਗਵਾਨ ਵਾਲਮੀਕ ਜੀ ਦੇ ਅਸਥਾਨ ਤੋਂ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ ਅਤੇ ਇਲਾਕੇ ਦੇ ਸਹਿਯੋਗ ਨਾਲ, ਸ਼੍ਰੀ ਗੁਰੂ ਭਗਵਾਨ ਵਾਲਮੀਕ ਨੌਜਵਾਨ ਸਭਾ ਬੱਡਲਾ ਵੱਲੋਂ ਮਹਾਂਰਿਸ਼ੀ ਭਗਵਾਨ ਬਾਲਮੀਕ ਦੇ ਪ੍ਰਗਟ ਦਿਵਸ ਮੌਕੇ ਵਿਸ਼ਾਲ ਸ਼ੋਭਾ ਯਾਤਰਾ ਸਜਾਈ ਗਈ।ਇਸ ਮੌਕੇ ਮੰਦਰ ਪ੍ਰਧਾਨ ਦਲੀਪ ਕੁਮਾਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਇਹ ਵਿਸ਼ਾਲ ਸ਼ੋਭਾ ਯਾਤਰਾ ਪਿੰਡ ਬੱਡਲਾ ਅਤੇ ਬੱਡਲਾ ਖੁਰਦ ਤੋਂ ਹੁੰਦੀ ਹੋਈ ਸ਼ਾਮ ਨੂੰ ਸਮਾਪਤੀ ਹੋਈ।ਇਸ ਮੌਕੇ ਵਿਸ਼ਾਲ ਸ਼ੋਭਾ ਯਾਤਰਾ ਦੌਰਾਨ ਸੰਗਤਾਂ ਵੱਲੋਂ ਵੱਖ-ਵੱਖ ਮਹੱਲਿਆਂ ਵਿੱਚ ਲੰਗਰ ਲਗਾਏ ਗਏ।ਇਸ ਮੌਕੇ ਪ੍ਰਬੰਧਕਾਂ ਦੱਸਿਆ ਕਿ ਵਿਸ਼ਾਲ ਸ਼ੋਭਾ ਯਾਤਰਾ ਦੌਰਾਨ ਵੱਖ ਵੱਖ ਮਹੱਲਿਆਂ ਵਿੱਚ ਸਵਾਗਤ ਦੀ ਗੇਟ ਲਗਾ ਕੇ ਅਤੇ ਫੁੱਲਾਂ ਦੀ ਵਰਖਾ ਕਰਕੇ ਸੰਗਤਾਂ ਦਾ ਸ਼ਾਨਦਾਰ ਸਵਾਗਤ ਕੀਤਾ ਗਿਆ।ਪ੍ਰਬੰਧਕ ਦੱਸਿਆ ਕਿ ਵਿਸ਼ਾਲ ਸ਼ੋਭਾ ਯਾਤਰਾ ਦੌਰਾਨ ਪਿੰਡ ਬੱਡਲਾ, ਬੱਡਲਾ ਖੁਰਦ ਵਿਖੇ ਸਮੂਹ ਸੰਗਤਾਂ ਵੱਲੋਂ ਵੱਖ-ਵੱਖ ਪ੍ਰਕਾਰ ਦੇ ਲੰਗਰ ਲਗਾਏ ਗਏ।ਇਸ ਮੌਕੇ ਵਿਸ਼ਾਲ ਸ਼ੋਭਾ ਯਾਤਰਾ ਦੌਰਾਨ ਪ੍ਰਬੰਧਕ ਕਮੇਟੀ ਵੱਲੋਂ ਸਹਿਯੋਗੀਆਂ ਨੂੰ ਸਿਰਪਾਓ ਦੇ ਕੇ ਸਨਮਾਨਿਤ ਕੀਤਾ ਗਿਆ।ਵਿਸ਼ਾਲ ਸ਼ੋਭਾ ਯਾਤਰਾ ਦੌਰਾਨ ਰਵਿੰਦਰ ਕੁਮਾਰ ਭੀਖੋਵਾਲ ਇੰਟਰਨੈਸ਼ਨਲ ਕਲਾਕਾਰ ਹੁਸ਼ਿਆਰਪੁਰ, ਪ੍ਰਭਾਤ ਦੀ ਜਥਾ ਆਦਿ ਨੇ ਭਗਵਾਨ ਬਾਲਮੀਕ ਜੀ ਦੇ ਗੁਣ ਗਾਇਨ ਕੀਤੇ।ਇਸ ਮੌਕੇ ਪ੍ਰਬੰਧਕਾਂ ਵੱਲੋਂ ਨਵਨਿਯੁਕਤ ਗ੍ਰਾਮ ਪੰਚਾਇਤ ਨੇ ਪ੍ਰਬੰਧਕਾਂ ਵੱਲੋਂ ਸਿਰਪਾਓ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਡਾਕਟਰ ਰੋਸ਼ਨ ਲਾਲ, ਲੰਬੜਦਾਰ ਜਤਿੰਦਰ ਸਿੰਘ ਘੁੰਮਣ, ਪੰਡਤ ਕੁਲਦੀਪ ਕੁਮਾਰ ਲਵਲੀ, ਰਲਦੂ ਰਾਮ ਪ੍ਰਧਾਨ, ਗੁਲਸ਼ਨ ਕੁਮਾਰ, ਪਵਨ ਕੁਮਾਰ, ਦਲੀਪ ਕੁਮਾਰ ਪ੍ਰਧਾਨ ਭਾਵਾਧਸ ਹੁਸ਼ਿਆਰਪੁਰ, ਸੁਖਦੀਪ ਪਾਲ, ਰੋਲਦੂ ਰਾਮ, ਰਵੀ ਕੁਮਾਰ, ਆਕਾਸ਼, ਕਰਨ, ਅਕੀਤ ਸਿੱਧੂ, ਹਰਪ੍ਰੀਤ ਸਿੰਘ, ਤਰਨ ਕੁਮਾਰ, ਵਿਜੇ ਕੁਮਾਰ, ਰਣਜੀਤ, ਸੁਖਵਿੰਦਰ ਪਾਲ, ਗੁਰਪ੍ਰੀਤ, ਕਮਲ ਕੁਮਾਰ, ਰਾਹੁਲ ਕੁਮਾਰ, ਗੁਰਪ੍ਰੀਤ, ਜੋਗਾ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਸੰਗਤਾਂ ਹਾਜਰ ਸਨ।

# ਗੁ: ਸਿੰਘ ਸ਼ਹੀਦਾਂ ਸੋਹਾਣਾ ਵਿਖੇ ਗੁਰਮਤਿ ਸਮਾਗਮ




**ਮੋਹਾਲੀ (ਗੁਰਜੀਤ ਬਿੱਲਾ)** ਇੱਥੋਂ ਨੇੜਲੇ ਪਿੰਡ ਸੋਹਾਣਾ ਦੇ ਇਤਿਹਾਸਕ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਛੋਟੇ ਅਤੇ ਵੱਡੇ ਘਲੂਘਾਰੇ ਤੇ ਸਮੂਹ ਸ਼ਹੀਦਾਂ ਨੂੰ ਸਮਰਪਿਤ ਗੁਰਮਤਿ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਦਿਨ ਸ਼ਹੀਦਾਂ ਦੀ ਯਾਦ ਵਿੱਚ ਸਵੇਰੇ 9:00 ਵਜੇ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ।ਇਸ ਉਪਰੰਤ ਸਾਰਾ ਦਿਨ ਗੁਰਮਤਿ ਸਮਾਗਮ ਦਾ ਆਯੋਜਨ ਕੀਤਾ ਗਿਆ।ਇਸ ਗੁਰਮਤਿ ਸਮਾਗਮ ਵਿੱਚ ਭਾਈ ਮੰਗਲ ਸਿੰਘ ਅਤੇ ਨਵਾਸ਼ਹਿਰ ਵਾਲੀਆਂ ਬੀਬੀਆਂ ਦੇ ਇੰਟਰਨੈਸ਼ਨਲ ਪੰਥਕ ਢਾਡੀ ਜੱਥੇ ਨੇ ਵੱਡੇ ਘੱਲੂਘਾਰੇ 1762ਈ ਵਿੱਚ ਅਹਿਮਦ ਸ਼ਾਹ ਅਬਦਾਲੀ ਦੁਆਰਾ ਮਲੇਕੋਟਲਾ ਦੇ ਨੇੜੇ ਪਿੰਡ ਕੁੱਪ ਰੋਹੀੜਾ ਵਿਖੇ 35 ਤੋਂ 40 ਹਜ਼ਾਰ ਸਿੰਘਾਂ ਸਿੰਘਣੀਆਂ ਨੂੰ ਸ਼ਹੀਦ ਕੀਤੇ ਜਾਣ ਬਾਰੇ ਸੰਗਤਾਂ ਨੂੰ ਢਾਡੀ ਵਾਰਾਂ ਵਿੱਚ ਵਿਸਥਾਰ ਸਹਿਤ ਦੱਸਿਆ।ਭਾਈ ਜਗਤਾਰ ਸਿੰਘ ਅੰਮ੍ਰਿਤਸਰ ਵਾਲਿਆਂ ਦੇ ਰਾਗੀ ਜੱਥੇ ਨੇ ਆਪਣੇ ਰਸ ਭਿੰਨੇ ਕੀਰਤਨ ਰਾਹੀਂ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਗਵਾ ਕੇ ਗੁਰੂ ਨਾਲ ਜੋੜਨ ਦਾ ਉਪਰਾਲਾ ਕੀਤਾ।ਸ਼੍ਰੋਮਣੀ ਪ੍ਰਚਾਰਕ ਭਾਈ ਸੁੱਚਾ ਸਿੰਘ ਦਮਦਮੀ ਟਕਸਾਲ ਵਾਲਿਆਂ ਨੇ ਆਪਣੇ ਪ੍ਰਵਚਨਾਂ ਰਾਹੀਂ ਛੋਟੇ ਘੱਲੂਘਾਰੇ 1746ਈ ਵਿੱਚ ਯਹੀਆ ਖਾਨ ਦੇ ਫੌਜਦਾਰ ਜਸਪਤ ਰਾਏ ਦੁਆਰਾ ਗੁਰਦਾਸਪੁਰ ਜਿਲ੍ਹੇ ਦੇ ਕਾਹਨੂੰਵਾਲ ਛੰਭ ਵਿੱਚ 10 ਹਜ਼ਾਰ ਤੋਂ ਵੱਧ ਸਿੰਘਾਂ ਸਿੰਘਣੀਆਂ ਨੂੰ ਸ਼ਹੀਦ ਕਰਨ ਬਾਰੇ ਸੰਗਤਾਂ ਨੂੰ ਵਿਸਥਾਰ ਸਹਿਤ ਜਾਣੂੰ ਕਰਵਾਇਆ।ਇਸ ਮੌਕੇ ਪ੍ਰਬੰਧਕ ਕਮੇਟੀ ਦੇ ਬੁਲਾਰੇ ਨੇ ਦੱਸਿਆ ਕਿ ਆਉਣ ਵਾਲੀ ਮਿਤੀ 19 ਅਕਤੂਬਰ ਨੂੰ ਧੰਨ ਧੰਨ ਸ੍ਰੀ ਗੁਰੂ ਰਾਮਦਾਸ ਮਹਾਰਾਜ ਦਾ ਪ੍ਰਕਾਸ਼ ਪੁਰਬ ਬੜੀ ਸ਼ਰਧਾ ਭਾਵਨਾ ਨਾਲ ਉਤਸ਼ਾਹ ਪੂਰਵਕ ਮਨਾਇਆ ਜਾਵੇਗਾ।

# ਪ੍ਰਭ ਆਸਰਾ ਹਸਪਤਾਲ ਵਿਖੇ ਮੁਫ਼ਤ ਮੈਡੀਕਲ ਕੈਂਪ ਦੀ ਸ਼ੁਰੂਆਤ



**ਕੁਰਾਲੀ (ਮੋਹਨ ਅੱਗਰਵਾਲ)**- ਲੋਕ ਸੇਵਾ ਖੇਤਰ ਵਿੱਚ ਆਪਣਾ 20 ਸਾਲ ਦਾ ਮਿਸਾਲੀ ਮਾਨਵਤਾਵਾਦੀ ਕਾਰਜਕਾਲ ਪੂਰਾ ਹੋਣ 'ਤੇ ਪ੍ਰਭ ਆਸਰਾ ਪਡਿਆਲਾ (ਕੁਰਾਲ਼ੀ) ਸੰਸਥਾ ਵੱਲੋਂ ਆਪਣੇ ਚਨਾਲ਼ੋਂ ਵਿਖੇ ਸਥਿਤ ਹਸਪਤਾਲ ਵਿਖੇ ਲਗਾਏ ਮੁਫ਼ਤ ਮੈਡੀਕਲ ਚੈੱਕਅਪ ਕੈਂਪ ਦੀ ਸ਼ੁਰੂਆਤ ਸ਼ਾਨਦਾਰ ਰਹੀ।ਜਿਸ ਵਿੱਚ ਅੱਜ ਪਹਿਲੇ ਦਿਨ ਦੁਪਿਹਰ ਤੱਕ ਹੀ 500+ ਲੋੜਵੰਦਾਂ ਨੇ ਮੈਡੀਕਲ ਸੇਵਾਵਾਂ ਦਾ ਲਾਭ ਲਿਆ।ਸੰਸਥਾ ਮੁਖੀ ਭਾਈ ਸ਼ਮਸ਼ੇਰ ਸਿੰਘ, ਬੀਬੀ ਰਜਿੰਦਰ ਕੌਰ ਅਤੇ ਮਹਿਮਾਨ ਡਾਕਟਰਾਂ ਨੇ ਪ੍ਰੈਸ ਕਾਨਫਰੰਸ ਦੌਰਾਨ ਇਸ ਉਪਰਾਲੇ ਬਾਰੇ ਵਿਸਥਾਰ ਨਾਲ ਜਾਣਕਾਰੀਆਂ ਸਾਂਝੀਆਂ ਕੀਤੀਆਂ।ਸ਼ੁਰੂ ਹੋਇਆ ਇਹ ਕੈਂਪ 19 ਅਕਤੂਬਰ ਸ਼ਨੀਵੰਾਰ ਸ਼ਾਮ ਤੱਕ ਜਾਰੀ ਰਹੇਗਾ।ਜਿਸ ਦੌਰਾਨ ਮਨੋਰੋਗ, ਮੈਡੀਸਨ, ਉਪਰੇਸ਼ਨ, ਅੱਖਾਂ, ਨੱਕ-ਕੰਨ-ਗਲਾ, ਚਮੜੀ, ਜੱਚਾ-ਬੱਚਾ, ਪਿਸ਼ਾਬ ਰੋਗਾਂ, ਸਾਹ ਰੋਗਾਂ, ਫਿਜ਼ੀਓਥੇਰੈਪੀ ਆਦਿ ਦੇ ਅਮਰੀਕਨ ਤੇ ਬ੍ਰਿਟਿਸ਼ ਮਾਹਿਰ ਪ੍ਰਭ ਆਸਰਾ ਹਸਪਤਾਲ ਦੇ ਡਾਕਟਰਾਂ ਨਾਲ਼ ਮਿਲ ਕੇ ਸੇਵਾਵਾਂ ਨਿਭਾ ਰਹੇ ਹਨ। ਹਸਪਤਾਲ ਤੋਂ ਇਲਾਵਾ ਉਪਰੋਕਤ ਟੀਮਾਂ 18 ਅਕਤੂਬਰ ਨੂੰ ਇਲਾਕੇ ਦੇ ਪਿੰਡਾਂ ਫਤਿਹਗੜ੍ਹ, ਬੜੌਦੀ, ਬੂਥਗੜ੍ਹ, ਮਾਨਕਪੁਰ ਸ਼ਰੀਫ, ਮੁੰਧੋਂ, ਹੁਸ਼ਿਆਰਪੁਰ, ਖਿਜ਼ਰਾਬਾਦ ਅਤੇ ਸਰਕਾਰੀ ਹਾਈ ਸਕੂਲ (ਕੁੜੀਆਂ) ਤੇ ਸਰਕਾਰੀ ਪ੍ਰਾਇਮਰੀ ਸਕੂਲ ਕੁਰਾਲ਼ੀ ਵਿਖੇ ਕੈਂਪ ਲਗਾਉਣੀਆਂ।ਇਸੇ ਤਰ੍ਹਾਂ ਅੰਤਲੇ ਦਿਨ 19 ਅਕਤੂਬਰ ਨੂੰ ਸਿੰਘਪੁਰਾ, ਚਨਾਲ਼ੋਂ, ਕਾਲੇਵਾਲ, ਸਹੌੜਾਂ ਪਿੰਡਾਂ ਅਤੇ ਖਾਲਸਾ ਸਕੂਲ ਕੁਰਾਲ਼ੀ ਤੇ ਡੀ.ਏ.ਵੀ. ਸਕੂਲ ਕੁਰਾਲ਼ੀ ਵਿਖੇ ਸੇਵਾਵਾਂ ਪ੍ਰਦਾਨ ਕੀਤੀਆਂ ਜਾਣਗੀਆਂ।ਸੰਸਥਾ ਵੱਲੋਂ ਸਮੂਹ ਜਰੂਰਤਮੰਦ ਮਰੀਜਾਂ ਅਪੀਲ ਹੈ ਕਿ ਇਸ ਉਪਰਾਲੇ ਦਾ ਭਰਭੂਰ ਲਾਭ ਉਠਾਉਣ।